ਰਜਿਸਟਰਡ ਪੋਸਟਲ ਰਜਿ: ਨੰ.
Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 31
ਫ਼ੋਨ: +91- 92168-07500
E-mail: news@charhdikala.com
www.charhdikala.com

ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ

DAILY CHARHDIKALA, PATIALA

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਅਦਾਰਾ
**ਚੜ੍ਹਦੀਕਲਾ**
ਵੱਲੋਂ
ਭਗਤ ਰਵਿਦਾਸ ਜੀ ਦੇ
ਜਨਮ ਦਿਹਾੜੇ ਦੀਆਂ
ਲੱਖ-ਲੱਖ ਵਧਾਈਆਂ

ਕੁੱਲ ਪੰਨੇ: 12 (Sunday, 1 February, 2026) ਐਤਵਾਰ, 1 ਫਰਵਰੀ, 2026, 19 ਮਾਘ (ਪੂਰਨਮਾਸ਼ੀ), ਨਾਨਕਸ਼ਾਹੀ ਸੰਮਤ 557, ਬਿਕ੍ਰਮੀ 2082/ PRGI (RNI) Regd. No. 22972/1972/ ਮੁੱਲ: 2 ਰੁਪਏ



# ਮੋਦੀ ਦਾ ਇੱਕ ਰੋਜ਼ਾ ਪੰਜਾਬ ਦੌਰਾ ਅੱਜ

## ਪੰਜਾਬ ਛੋਟੇ ਕਿਸਾਨਾਂ ਨੂੰ ਤਕਨਾਲੌਜੀ ਆਧਾਰਿਤ ਹੱਲ ਦੇਣ ਲਈ ਦੱਖਣੀ ਕੋਰੀਆ ਦੀ ਮਾਹਿਰ ਮਦਦ ਲੈਣ ਲਈ ਤਿਆਰ: ਮਾਨ

ਅੰਮ੍ਰਿਤਪਾਲ ਸਿੰਘ



ਚੰਡੀਗੜ੍ਹ, 31 ਜਨਵਰੀ: ਪੰਜਾਬ ਦੇ ਛੋਟੇ ਅਤੇ ਹਾਸ਼ੀਏ ਉੱਤੇ ਧੱਕੇ ਕਿਸਾਨਾਂ ਲਈ ਖੇਤੀਬਾੜੀ ਨੂੰ ਵਿਹਾਰਕ ਅਤੇ ਲਾਭਦਾਇਕ ਧੰਦੇ ਵਜੋਂ ਮੁੜ ਸਥਾਪਿਤ ਕਰਨ ਦੇ ਯਤਨਾਂ ਤਹਿਤ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਚੰਡੀਗੜ੍ਹ ਵਿੱਚ ਦੱਖਣੀ ਕੋਰੀਆ ਦੇ ਵਫ਼ਦ ਨਾਲ ਵਿਆਪਕ ਵਿਚਾਰ-ਵਟਾਂਦਰਾ ਕੀਤਾ, ਜਿਸ ਵਿੱਚ ਸਮਾਰਟ ਖੇਤੀ, ਉੱਨਤ ਖੇਤੀ ਮਸ਼ੀਨਰੀ ਅਤੇ ਬਾਇਓਟੈਕਨਾਲੋਜੀ ਸੈਕਟਰ ਵਿੱਚ ਸਹਿਯੋਗ 'ਤੇ ਧਿਆਨ ਕੇਂਦਰਿਤ ਕੀਤਾ ਗਿਆ।

ਇਸ ਮੁਲਾਕਾਤ ਦੌਰਾਨ ਪੰਜਾਬ ਸਰਕਾਰ ਵੱਲੋਂ ਘਟ ਰਹੇ ਖੇਤੀ ਰਕਬੇ ਅਤੇ ਵਿਹਾਰਕਤਾ ਦੇ ਹੱਲ ਲਈ ਦੱਖਣੀ ਕੋਰੀਆ ਦੀ ਤਕਨੀਕੀ ਮੁਹਾਰਤ ਨੂੰ ਅਪਨਾਉਣ ਬਾਰੇ ਗੱਲਬਾਤ ਦੇ ਨਾਲ-ਨਾਲ 13 ਤੋਂ 15 ਮਾਰਚ ਤੱਕ ਮੋਹਾਲੀ ਵਿਖੇ ਹੋਣ ਵਾਲੇ ਪ੍ਰੋਗ੍ਰੈਸਿਵ ਪੰਜਾਬ ਨਿਵੇਸ਼ਕ ਸੰਮੇਲਨ 2026 ਤੋਂ ਪਹਿਲਾਂ ਡੂੰਘੀ ਉਦਯੋਗਿਕ ਅਤੇ ਨਿਵੇਸ਼ ਭਾਈਵਾਲੀ ਨੂੰ ਵਧਾਉਣ 'ਤੇ ਵਿਚਾਰ-ਚਰਚਾ ਕੀਤੀ ਗਈ।

ਆਪਣੇ ਐਕਸ ਅਕਾਊਂਟ 'ਤੇ ਮੀਟਿੰਗ ਦੇ ਕੁਝ ਨੁਕਤੇ ਸਾਂਝੇ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅੱਜ ਚੰਡੀਗੜ੍ਹ ਵਿੱਚ ਕੋਰੀਆ ਗਣਰਾਜ ਦੇ ਇੱਕ ਵਫ਼ਦ ਨਾਲ ਮੀਟਿੰਗ ਹੋਈ, ਜਿਸ ਦੌਰਾਨ ਸਮਾਰਟ ਖੇਤੀਬਾੜੀ, ਉੱਨਤ ਖੇਤੀ ਮਸ਼ੀਨਰੀ ਅਤੇ ਬਾਇਓਟੈਕਨਾਲੋਜੀ 'ਤੇ ਵਿਆਪਕ ਵਿਚਾਰ-ਵਟਾਂਦਰਾ ਕੀਤਾ ਗਿਆ। ਉਨ੍ਹਾਂ ਕਿਹਾ ਕਿ ਇਸ ਮੀਟਿੰਗ ਦਾ ਮੁੱਖ ਉਦੇਸ਼ ਖੇਤੀਬਾੜੀ ਨੂੰ ਲਾਭਦਾਇਕ ਉੱਦਮ ਬਣਾਉਣ ਲਈ ਪੰਜਾਬ ਅਤੇ ਦੱਖਣੀ ਕੋਰੀਆ ਵਿਚਕਾਰ ਆਪਸੀ ਸਹਿਯੋਗ ਨੂੰ ਵਧਾਉਣਾ ਹੈ। ਇਸ ਦੌਰਾਨ ਕੋਰੀਆ ਦੇ ਵਫ਼ਦ ਨੇ ਪੰਜਾਬ ਦੀ ਅਮੀਰ ਵਿਰਾਸਤ ਅਤੇ ਕੰਮਕਾਜ ਲਈ ਸਾਜ਼ਗਾਰ ਮਾਹੌਲ ਦੀ ਵੀ ਸ਼ਲਾਘਾ ਕੀਤੀ। ਇਸ ਤੋਂ ਇਲਾਵਾ ਕੋਰੀਆਈ ਵਫ਼ਦ ਨੂੰ 13 ਤੋਂ 15 ਮਾਰਚ 2026 ਤੱਕ ਮੋਹਾਲੀ ਵਿਖੇ ਹੋਣ ਵਾਲੇ ਪ੍ਰੋਗ੍ਰੈਸਿਵ ਪੰਜਾਬ ਨਿਵੇਸ਼ਕ ਸੰਮੇਲਨ 2026 ਵਿੱਚ ਹਿੱਸਾ ਲੈਣ ਲਈ ਨਿੱਘਾ ਸੱਦਾ ਦਿੱਤਾ ਗਿਆ। ਦੱਖਣੀ ਕੋਰੀਆ ਤੋਂ ਆਏ ਵਫ਼ਦ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਮੁੱਖ ਤੌਰ 'ਤੇ ਖੇਤੀਬਾੜੀ ਪ੍ਰਧਾਨ ਸੂਬਾ ਹੈ ਅਤੇ ਇਸ ਨੇ ਦੇਸ਼ ਨੂੰ ਅੰਨ ਉਤਪਾਦਨ ਵਿੱਚ ਸਵੈ-ਨਿਰਭਰ ਬਣਾਉਣ ਵਿੱਚ ਇਤਿਹਾਸਕ ਭੂਮਿਕਾ ਨਿਭਾਈ ਹੈ। ਉਨ੍ਹਾਂ ਕਿਹਾ ਕਿ ਹਾਲਾਂਕਿ ਖੇਤੀਬਾੜੀ ਅਧੀਨ ਘਟ ਰਹੇ ਰਕਬੇ ਕਰਕੇ ਛੋਟੇ ਅਤੇ ਹਾਸ਼ੀਏ ਉੱਤੇ ਧੱਕੇ ਕਿਸਾਨਾਂ ਲਈ ਖੇਤੀਬਾੜੀ ਹੁਣ ਗੈਰ-ਵਿਹਾਰਕ ਉੱਦਮ ਬਣ ਕੇ ਰਹਿ ਗਈ ਹੈ। ਉਨ੍ਹਾਂ ਅੱਗੇ ਕਿਹਾ ਕਿ ਜ਼ਮੀਨ ਦੇ ਟੁਕੜੇ ਹੋਣ ਕਾਰਨ ਖੇਤੀਬਾੜੀ ਹੁਣ ਸਾਡੇ ਵੱਡੀ ਗਿਣਤੀ ਕਿਸਾਨਾਂ ਲਈ ਲਾਭਦਾਇਕ ਧੰਦਾ ਨਹੀਂ ਰਹੀ। ਤਕਨੀਕੀ ਦਖਲਅੰਦਾਜ਼ੀ ਦੀ ਲੋੜ 'ਤੇ ਜ਼ੋਰ ਦਿੰਦਿਆਂ ਮੁੱਖ ਮੰਤਰੀ ਨੇ (ਬਾਕੀ ਸਫ਼ਾ 11 'ਤੇ)

ਚੜ੍ਹਦੀਕਲਾ ਬਿਊਰੋ

ਨਵੀਂ ਦਿੱਲੀ, 31 ਜਨਵਰੀ : ਪ੍ਰਧਾਨ ਮੰਤਰੀ ਨਰਿੰਦਰ ਮੋਦੀ 1 ਫ਼ਰਵਰੀ, 2026 ਨੂੰ ਪੰਜਾਬ ਦਾ ਦੌਰਾ ਕਰਨਗੇ। ਉਹ ਦੁਪਹਿਰ ਲਗਭਗ 3:45 ਵਜੇ ਆਦਮਪੁਰ ਹਵਾਈ ਅੱਡੇ ਦਾ ਦੌਰਾ ਕਰਨਗੇ, ਜਿੱਥੇ ਉਹ ਹਵਾਈ ਅੱਡੇ ਦਾ ਨਵਾਂ ਨਾਮ 'ਸ੍ਰੀ ਗੁਰੂ ਰਵਿਦਾਸ ਜੀ ਹਵਾਈ ਅੱਡਾ, ਆਦਮਪੁਰ' ਰੱਖਣ ਦੀ ਰਸਮ ਅਦਾ ਕਰਨਗੇ। ਉਹ ਪੰਜਾਬ ਦੇ ਲੁਧਿਆਣਾ ਦੇ ਹਲਵਾਰਾ ਹਵਾਈ ਅੱਡੇ 'ਤੇ ਟਰਮੀਨਲ ਇਮਾਰਤ ਦਾ ਵੀ ਉਦਘਾਟਨ ਕਰਨਗੇ।ਭਗਤ ਰਵਿਦਾਸ ਜੀ ਦੇ 649ਵੇਂ ਜਨਮ ਦਿਹਾੜੇ ਦੇ ਸ਼ੁਭ ਮੌਕੇ 'ਤੇ ਆਦਮਪੁਰ ਹਵਾਈ ਅੱਡੇ ਦਾ ਨਾਮ ਬਦਲਣਾ ਸਤਿਕਾਰਯੋਗ ਸੰਤ ਅਤੇ ਸਮਾਜ ਸੁਧਾਰਕ ਦਾ ਸਨਮਾਨ ਹੈ, ਜਿਨ੍ਹਾਂ ਦੀਆਂ ਬਰਾਬਰੀ, ਦਇਆ ਅਤੇ ਮਨੁੱਖੀ ਮਾਣ-ਸਨਮਾਨ ਦੀਆਂ ਸਿੱਖਿਆਵਾਂ ਭਾਰਤ ਦੀਆਂ ਸਮਾਜਿਕ ਕਦਰਾਂ-ਕੀਮਤਾਂ ਨੂੰ ਪ੍ਰੇਰਿਤ ਕਰਦੀਆਂ ਹਨ।

ਇਸੇ ਦੌਰਾਨ ਪ੍ਰਧਾਨ ਮੰਤਰੀ ਜਲੰਧਰ ਵਿੱਚ ਰਵਿਦਾਸੀਆ ਸਮਾਜ ਦੇ ਸਭ ਤੋਂ ਵੱਡੇ ਡੇਰੇ ਸੱਚਖੰਡ ਬੱਲਾਂ ਵੀ ਜਾਣਗੇ।



## ਪ੍ਰਧਾਨ ਮੰਤਰੀ ਦੇ ਦੌਰੇ ਤੋਂ ਪਹਿਲਾਂ ਬੰਬ ਦੀ ਧਮਕੀ

ਚੜ੍ਹਦੀਕਲਾ ਬਿਊਰੋ

ਜਲੰਧਰ, 31 ਜਨਵਰੀ: ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਪੰਜਾਬ ਦੌਰੇ ਤੋਂ ਇੱਕ ਦਿਨ ਪਹਿਲਾਂ ਜਲੰਧਰ ਦੇ ਸਕੂਲਾਂ ਨੂੰ ਬੰਬ ਨਾਲ ਉਡਾਉਣ ਦਾ ਧਮਕੀ ਭਰਿਆ ਈਮੇਲ ਮਿਲਿਆ ਹੈ। ਈਮੇਲ ਵਿੱਚ ਲਿਖਿਆ ਗਿਆ ਹੈ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਦੌਰੇ ਨੂੰ ਲੈ ਕੇ ਬੰਬ ਬਲਾਸਟ ਕੀਤਾ ਜਾਵੇਗਾ। ਇਹ ਮੇਲ ਬਿੱਲੀ ਹਾਲ ਦੇ ਨਾਮ ਤੋਂ ਭੇਜਿਆ ਗਿਆ ਹੈ। ਉਸ ਵਿੱਚ ਲਿਖਿਆ ਹੈ ਕਿ ਅਸੀਂ ਗੁਰੂ ਰਵਿਦਾਸ ਜੀ ਨੂੰ ਪੂਰਾ ਸਮਰਥਨ ਦਿੰਦੇ ਹਾਂ ਪਰ ਦੇਸ਼ ਦੇ ਪ੍ਰਧਾਨ ਮੰਤਰੀ ਖਾਲਿਸਤਾਨ ਪੱਖੀ (ਬਾਕੀ ਸਫ਼ਾ 11 'ਤੇ)

## ਪ੍ਰਧਾਨ ਮੰਤਰੀ ਅੱਜ ਕਰਨਗੇ ਹਲਵਾਰਾ ਹਵਾਈ ਅੱਡੇ ਦਾ ਉਦਘਾਟਨ

ਰਵਿੰਦਰ ਸਿੰਘ ਨਿੱਝਰ

ਲੁਧਿਆਣਾ, 31 ਜਨਵਰੀ: ਲੁਧਿਆਣਾ ਦੇ ਉਦਯੋਗਿਕ ਖੇਤਰ ਦਾ ਸਾਲਾਂ ਪੁਰਾਣਾ ਸੁਪਨਾ ਹੁਣ ਸਾਕਾਰ ਹੋਣ ਜਾ ਰਿਹਾ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ 1 ਫਰਵਰੀ ਨੂੰ ਹਲਵਾਰਾ ਸਥਿਤ ਸ਼ਹੀਦ-ਏ-ਆਜ਼ਮ ਸਰਦਾਰ ਕਰਤਾਰ ਸਿੰਘ ਸਰਾਭਾ ਏਅਰਪੋਰਟ ਦਾ ਉਦਘਾਟਨ ਕਰਨਗੇ।

ਇਸ ਉਦਘਾਟਨ ਨੂੰ ਪੰਜਾਬ ਦੇ ਬੁਨਿਆਦੀ ਢਾਂਚੇ ਦੇ ਵਿਕਾਸ ਵਿੱਚ ਇੱਕ ਇਤਿਹਾਸਕ ਕਦਮ ਵਜੋਂ ਦੇਖਿਆ ਜਾ ਰਿਹਾ ਹੈ, ਜਿਸ ਨਾਲ ਲੁਧਿਆਣਾ ਸਮੇਤ ਪੂਰੇ ਮਾਲਵਾ ਖੇਤਰ ਨੂੰ ਵੱਡੀ ਹਵਾਈ ਕਨੈਕਟੀਵਿਟੀ ਦੀ ਸੌਗਾਤ ਮਿਲੇਗੀ।ਹਲਵਾਰਾ ਏਅਰਪੋਰਟ ਦੀ ਸ਼ੁਰੂਆਤ ਪਿੱਛੇ ਰਾਜ ਸਭਾ ਮੈਂਬਰ ਅਤੇ ਪ੍ਰਸਿੱਧ ਉਦਯੋਗਪਤੀ ਰਾਜਿੰਦਰ ਗੁਪਤਾ ਦੇ ਲਗਾਤਾਰ ਯਤਨ ਮਹੱਤਵਪੂਰਨ ਰਹੇ ਹਨ। ਏਅਰਪੋਰਟਸ ਅਥਾਰਟੀ ਆਫ ਇੰਡੀਆ ਅਤੇ ਪੰਜਾਬ ਸਰਕਾਰ ਦੇ ਸਾਂਝੇ ਉਪਰਾਲੇ ਨਾਲ ਤਿਆਰ ਕੀਤੇ ਗਏ ਇਸ ਨਵੇਂ ਟਰਮੀਨਲ ਭਵਨ 'ਤੇ 54.67 ਕਰੋੜ ਰੁਪਏ ਦੀ ਲਾਗਤ ਆਈ ਹੈ। ਕਰੀਬ 2,000 ਵਰਗ ਮੀਟਰ ਵਿੱਚ ਫੈਲੇ ਇਸ ਟਰਮੀਨਲ ਵਿੱਚ ਏਪਰਨ ਅਤੇ ਹੋਰ ਸਹਾਇਕ ਸੁਵਿਧਾਵਾਂ ਸ਼ਾਮਲ ਹਨ। ਇਸ ਦੀ ਪੀਕ ਆਵਰ ਸਮਰੱਥਾ ਲਗਭਗ 300 ਯਾਤਰੀਆਂ ਦੀ ਹੈ। ਗੁਪਤਾ ਨੇ ਕਿਹਾ ਕਿ ਮਾਲਵਾ ਖੇਤਰ, ਖ਼ਾਸ ਕਰਕੇ ਲੁਧਿਆਣਾ, ਪੰਜਾਬ ਦੀ ਉਦਯੋਗਿਕ ਰੀੜ੍ਹ ਹੈ, ਜਿੱਥੇ ਹਜ਼ਾਰਾਂ ਮੈਨੂਫੈਕਚਰਿੰਗ ਯੂਨਿਟਾਂ ਅਤੇ ਐੱਮਐੱਸਐੱਮਈ ਕੰਮ ਕਰ ਰਹੀਆਂ ਹਨ। ਸਥਾਨਕ ਏਅਰਪੋਰਟ ਨਾ ਹੋਣ ਕਾਰਨ ਵਪਾਰੀਆਂ ਅਤੇ ਉਦਯੋਗਪਤੀਆਂ ਨੂੰ ਚੰਡੀਗੜ੍ਹ ਜਾਂ ਅੰਮ੍ਰਿਤਸਰ ਜਾਣਾ ਪੈਂਦਾ ਸੀ। ਹਲਵਾਰਾ ਤੋਂ ਉਡਾਣਾਂ ਸ਼ੁਰੂ ਹੋਣ ਨਾਲ ਕਾਰੋਬਾਰ ਸੁਗਮ ਹੋਵੇਗਾ।ਇਸ ਮੁੱਦੇ ਨੂੰ ਸੰਸਦ ਵਿੱਚ ਉਠਾਉਂਦੇ ਹੋਏ, ਉਨ੍ਹਾਂ ਕਿਹਾ ਸੀ ਕਿ ਲੁਧਿਆਣਾ ਇਕੱਲਾ ਹੀ ਦੇਸ਼ ਦੇ ਉਦਯੋਗਿਕ ਉਤਪਾਦਨ (ਬਾਕੀ ਸਫ਼ਾ 11 'ਤੇ)

## ਮਾਣਹਾਨੀ ਮਾਮਲੇ 'ਚ ਅਦਾਲਤ ਵੱਲੋਂ ਖੜਗੇ ਨੂੰ ਨੋਟਿਸ ਜਾਰੀ

ਨਵੀਂ ਦਿੱਲੀ, 31 ਜਨਵਰੀ (ਚ.ਨ.ਸ.): ਰਾਊਜ਼ ਐਵੇਨਿਊ ਸਥਿਤ ਵਿਸ਼ੇਸ਼ ਅਦਾਲਤ ਨੇ ਮਾਣਹਾਨੀ ਮਾਮਲੇ ਵਿਚ ਨਜ਼ਰਸਾਨੀ ਪਟੀਸ਼ਨ 'ਤੇ ਕਾਂਗਰਸ ਪ੍ਰਧਾਨ ਮੱਲਿਕਾਰਜੁਨ ਖੜਗੇ ਨੂੰ ਨੋਟਿਸ ਜਾਰੀ ਕੀਤਾ ਹੈ। ਅਗਲੀ ਸੁਣਵਾਈ 27 ਫਰਵਰੀ ਨੂੰ ਹੋਵੇਗੀ।ਆਰਐੱਸਐੱਸ ਨਾਲ ਜੁੜੇ ਵਕੀਲ ਰਵਿੰਦਰ ਗੁਪਤਾ ਵੱਲੋਂ ਦਾਇਰ ਕੀਤੀ ਗਈ ਪਟੀਸ਼ਨ ਵਿਚ ਦਾਅਵਾ ਕੀਤਾ ਗਿਆ ਸੀ ਕਿ ਖੜਗੇ ਨੇ ਅਪ੍ਰੈਲ 2023 ਵਿਚ ਕਰਨਾਟਕ ਦੇ ਨਰੇਗਲ ਵਿਚ ਇਕ ਚੋਣ ਰੈਲੀ ਦੌਰਾਨ ਹੇਟ ਸਪੀਚ (ਨਫਰਤੀ ਭਾਸ਼ਾ) ਦਿੱਤੀ ਸੀ। ਖੜਗੇ ਦੇ ਬਿਆਨ ਨਾਲ ਉਨ੍ਹਾਂ ਅਤੇ ਉਨ੍ਹਾਂ ਦੇ ਸੰਗਠਨ ਨੂੰ ਠੇਸ ਪੁੱਜੀ ਹੈ। 11 ਨਵੰਬਰ 2025 ਨੂੰ ਨਿਆਇਕ ਮੈਜਿਸਟ੍ਰੇਟ (ਬਾਕੀ ਸਫ਼ਾ 11 'ਤੇ)

## ਸੁਨੇਤਰਾ ਪਵਾਰ ਨੇ ਮਹਾਰਾਸ਼ਟਰ ਦੀ ਪਹਿਲੀ ਮਹਿਲਾ ਡਿਪਟੀ ਮੁੱਖ ਮੰਤਰੀ ਵਜੋਂ ਚੁੱਕੀ ਸਹੁੰ

ਚੜ੍ਹਦੀਕਲਾ ਬਿਊਰੋ



ਮੁੰਬਈ, 31 ਜਨਵਰੀ : ਮਹਾਰਾਸ਼ਟਰ ਦੀ ਰਾਜਨੀਤੀ ਵਿੱਚ ਅੱਜ ਇੱਕ ਇਤਿਹਾਸਕ ਪਲ ਦਰਜ ਕੀਤਾ ਗਿਆ ਹੈ। ਰਾਸ਼ਟਰਵਾਦੀ ਕਾਂਗਰਸ ਪਾਰਟੀ (ਐਨ.ਸੀ.ਪੀ.) ਦੇ ਮਰਹੂਮ ਆਗੂ ਅਜੀਤ ਪਵਾਰ ਦੀ ਪਤਨੀ ਸੁਨੇਤਰਾ ਪਵਾਰ ਨੇ ਮੁੰਬਈ ਦੇ ਲੋਕ ਭਵਨ ਵਿਖੇ ਸੂਬੇ ਦੇ ਨਵੇਂ ਉਪ ਮੁੱਖ ਮੰਤਰੀ ਵਜੋਂ ਸਹੁੰ ਚੁੱਕ ਲਈ ਹੈ। ਉਹ ਮਹਾਰਾਸ਼ਟਰ ਦੀ ਪਹਿਲੀ ਮਹਿਲਾ ਉਪ ਮੁੱਖ ਮੰਤਰੀ ਬਣ ਗਏ ਹਨ। ਰਾਜਪਾਲ ਆਚਾਰੀਆ ਦੇਵਵਰਤ ਨੇ ਉਨ੍ਹਾਂ ਨੂੰ ਸਹੁੰ ਚੁਕਾਈ। ਸਹੁੰ ਚੁੱਕ ਸਮਾਗਮ ਤੋਂ ਪਹਿਲਾਂ ਸ਼ਨੀਵਾਰ ਦੁਪਹਿਰ ਨੂੰ ਹੋਈ ਐਨ.ਸੀ.ਪੀ. ਵਿਧਾਇਕ ਦਲ ਦੀ ਬੈਠਕ ਵਿੱਚ ਸੁਨੇਤਰਾ ਪਵਾਰ ਨੂੰ ਸਰਵਸੰਮਤੀ ਨਾਲ ਵਿਧਾਇਕ ਦਲ ਦੀ ਨੇਤਾ ਚੁਣਿਆ ਗਿਆ। ਉਨ੍ਹਾਂ ਦੇ ਨਾਮ ਦਾ ਪ੍ਰਸਤਾਵ ਸੀਨੀਅਰ ਆਗੂ ਦਿਲੀਪ ਵਲਸੇ ਪਾਟਿਲ ਨੇ ਰੱਖਿਆ ਅਤੇ ਛਗਨ ਭੁਜਬਲ ਸਮੇਤ ਹੋਰਨਾਂ ਆਗੂਆਂ ਨੇ ਇਸ ਦਾ ਸਮਰਥਨ ਕੀਤਾ। ਇਸ ਨਵੀਂ ਜ਼ਿੰਮੇਵਾਰੀ ਨੂੰ ਸੰਭਾਲਣ ਲਈ ਉਨ੍ਹਾਂ ਨੇ ਆਪਣੀ ਰਾਜ ਸਭਾ ਮੈਂਬਰੀ ਤੋਂ ਅਸਤੀਫਾ ਵੀ ਦੇ ਦਿੱਤਾ ਹੈ। ਸੁਨੇਤਰਾ ਪਵਾਰ ਦੀ (ਬਾਕੀ ਸਫ਼ਾ 11 'ਤੇ)

## ਸੰਧਵਾਂ ਨੇ ਬੰਦੀ ਸਿੰਘਾਂ ਦੀ ਰਿਹਾਈ ਤੇ ਪੰਜਾਬ ਦੇ ਹੱਕਾਂ ਲਈ ਪ੍ਰਧਾਨ ਮੰਤਰੀ ਨੂੰ ਲਿਖੀ ਚਿੱਠੀ

ਚੜ੍ਹਦੀਕਲਾ ਬਿਊਰੋ



ਚੰਡੀਗੜ੍ਹ, 31 ਜਨਵਰੀ: ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਜਲੰਧਰ ਦੌਰੇ ਤੋਂ ਠੀਕ ਇੱਕ ਦਿਨ ਪਹਿਲਾਂ, ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਉਨ੍ਹਾਂ ਨੂੰ ਇੱਕ ਵਿਸਥਾਰਤ ਪੱਤਰ ਲਿਖ ਕੇ ਪੰਜਾਬ ਦੇ ਲੰਬਿਤ ਪਏ ਅਹਿਮ ਮਸਲਿਆਂ 'ਤੇ ਤੁਰੰਤ ਦਖ਼ਲ ਦੇਣ ਦੀ ਮੰਗ ਕੀਤੀ ਹੈ। ਸੰਧਵਾਂ ਨੇ ਸਭ ਤੋਂ ਪ੍ਰਮੁੱਖ ਤੌਰ 'ਤੇ 'ਬੰਦੀ ਸਿੰਘਾਂ' ਦਾ ਮੁੱਦਾ ਚੁੱਕਦਿਆਂ ਕਿਹਾ ਕਿ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਸਿੱਖ ਕੈਦੀਆਂ ਨੂੰ ਅਜੇ ਵੀ ਜੇਲ੍ਹਾਂ ਵਿੱਚ ਰੱਖਣਾ ਕੁਦਰਤੀ ਨਿਆਂ ਦੇ ਸਿਧਾਂਤਾਂ ਦੀ ਉਲੰਘਣਾ ਹੈ। ਉਨ੍ਹਾਂ ਪ੍ਰਧਾਨ ਮੰਤਰੀ ਨੂੰ ਅਪੀਲ ਕੀਤੀ ਕਿ ਇਨ੍ਹਾਂ ਕੈਦੀਆਂ ਨੂੰ ਤੁਰੰਤ ਰਿਹਾਅ ਕੀਤਾ ਜਾਵੇ। ਇਸ ਦੇ ਨਾਲ ਹੀ ਉਨ੍ਹਾਂ ਨੇ ਕੇਂਦਰ ਵੱਲੋਂ ਰੋਕੇ ਗਏ ਪੇਂਡੂ ਵਿਕਾਸ ਫੰਡ ਨੂੰ ਜਾਰੀ ਕਰਨ ਦੀ ਮੰਗ ਕੀਤੀ, ਤਾਂ ਜੋ ਸੂਬੇ ਦੇ ਪੇਂਡੂ ਬੁਨਿਆਦੀ ਢਾਂਚੇ ਨੂੰ ਮੁੜ ਸੁਰਜੀਤ ਕੀਤਾ ਜਾ ਸਕੇ। ਸਪੀਕਰ ਸੰਧਵਾਂ ਨੇ ਚਿੱਠੀ ਵਿੱਚ ਪੰਜਾਬ ਦੀ ਆਰਥਿਕ ਸਥਿਤੀ ਅਤੇ ਸੰਘੀ ਢਾਂਚੇ ਨੂੰ ਦਰਪੇਸ਼ ਚੁਣੌਤੀਆਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਕੇਂਦਰੀ ਟੈਕਸਾਂ ਵਿੱਚ ਹਿੱਸਾ ਘਟਣ ਕਾਰਨ ਸੂਬੇ ਦੀ ਵਿੱਤੀ ਖ਼ੁਦਮੁਖ਼ਤਿਆਰੀ ਖ਼ਤਰੇ ਵਿੱਚ ਹੈ। ਉਨ੍ਹਾਂ ਨੇ ਚੰਡੀਗੜ੍ਹ ਨੂੰ ਪੂਰਨ ਤੌਰ 'ਤੇ ਪੰਜਾਬ ਹਵਾਲੇ ਕਰਨ, (ਬਾਕੀ ਸਫ਼ਾ 11 'ਤੇ)

## ਚਾਂਦੀ 1.28 ਲੱਖ ਅਤੇ ਸੋਨਾ 42 ਹਜ਼ਾਰ ਰੁ. ਹੋਇਆ ਸਸਤਾ, ਨਿਵੇਸ਼ਕਾਂ 'ਚ ਹਾਹਾਕਾਰ

ਚੜ੍ਹਦੀਕਲਾ ਬਿਊਰੋ



ਨਵੀਂ ਦਿੱਲੀ, 31 ਜਨਵਰੀ : ਪਿਛਲੇ ਕੁੱਝ ਹਫ਼ਤਿਆਂ ਤੋਂ ਲਗਾਤਾਰ ਨਵੇਂ ਰਿਕਾਰਡ ਬਣਾ ਰਹੀਆਂ ਸੋਨੇ ਅਤੇ ਚਾਂਦੀ ਦੀਆਂ ਕੀਮਤਾਂ ਵਿੱਚ ਅਚਾਨਕ ਇੱਕ ਇਤਿਹਾਸਕ ਗਿਰਾਵਟ ਦਰਜ ਕੀਤੀ ਗਈ ਹੈ। ਬਾਜ਼ਾਰ ਵਿੱਚ ਜਿਸ ਤੇਜ਼ੀ ਨਾਲ ਕੀਮਤਾਂ ਵਧੀਆਂ ਸਨ, ਉਸੇ ਰਫ਼ਤਾਰ ਨਾਲ ਇਕ ਹੀ ਦਿਨ ਵਿੱਚ ਭਾਅ ਹੇਠਾਂ ਡਿੱਗਣ ਕਾਰਨ ਕਮੋਡਿਟੀ ਬਾਜ਼ਾਰ ਵਿੱਚ ਹੜਕੰਪ ਮਚ ਗਿਆ ਹੈ। ਤਾਜ਼ਾ ਅੰਕੜਿਆਂ ਮੁਤਾਬਕ, ਚਾਂਦੀ ਆਪਣੇ ਆਲ-ਟਾਈਮ ਹਾਈ ਤੋਂ 1,28,126 ਰੁਪਏ ਪ੍ਰਤੀ ਕਿਲੋ ਸਸਤੀ ਹੋ ਗਈ ਹੈ, ਜਦੋਂ ਕਿ ਸੋਨਾ ਵੀ ਆਪਣੇ ਉੱਚਤਮ ਪੱਧਰ ਤੋਂ 42,247 ਰੁਪਏ ਪ੍ਰਤੀ 10 ਗ੍ਰਾਮ ਤੱਕ ਟੁੱਟ ਚੁੱਕਾ ਹੈ।

ਵੇਰਵਿਆਂ ਅਨੁਸਾਰ, ਵੀਰਵਾਰ ਨੂੰ ਚਾਂਦੀ ਨੇ ਇਤਿਹਾਸ ਰਚਦੇ ਹੋਏ ਪਹਿਲੀ ਵਾਰ 4 ਲੱਖ ਰੁਪਏ ਪ੍ਰਤੀ ਕਿਲੋ ਦਾ ਅੰਕੜਾ ਪਾਰ ਕੀਤਾ ਸੀ ਅਤੇ ਇਹ 4,20,048 ਰੁਪਏ ਦੇ ਪੱਧਰ 'ਤੇ ਪਹੁੰਚ ਗਈ ਸੀ। ਹਾਲਾਂਕਿ, ਸ਼ੁੱਕਰਵਾਰ ਨੂੰ ਇਸ ਦੀ ਕੀਮਤ (ਬਾਕੀ ਸਫ਼ਾ 11 'ਤੇ)

## ਕੇਂਦਰ ਨੇ ਆਈ.ਪੀ.ਐਸ. ਅ਼ਫ਼ਸਰਾਂ ਲਈ ਨਿਯਮ ਕੀਤੇ ਸ਼ਖ਼ਤ

ਚੜ੍ਹਦੀਕਲਾ ਬਿਊਰੋ

ਨਵੀਂ ਦਿੱਲੀ, 31 ਜਨਵਰੀ :ਕੇਂਦਰ ਸਰਕਾਰ ਨੇ ਇੰਡੀਅਨ ਪੁਲਿਸ ਸਰਵਿਸ (ਆਈ.ਪੀ.ਐਸ.) ਦੇ ਅਧਿਕਾਰੀਆਂ ਨੂੰ ਕੇਂਦਰ ਵਿੱਚ ਇੰਸਪੈਕਟਰ ਜਨਰਲ (ਆਈ.ਜੀ.) ਜਾਂ ਇਸ ਦੇ ਬਰਾਬਰ ਦੇ ਅਹੁਦਿਆਂ 'ਤੇ ਤਾਇਨਾਤ ਕਰਨ ਦੇ ਨਿਯਮਾਂ ਵਿੱਚ ਵੱਡੀ ਤਬਦੀਲੀ ਕੀਤੀ ਹੈ। ਗ੍ਰਹਿ ਮੰਤਰਾਲੇ (ਐਮ.ਐਚ.ਏ.) ਵੱਲੋਂ 28 ਜਨਵਰੀ ਨੂੰ ਜਾਰੀ ਕੀਤੇ ਗਏ ਹੁਕਮਾਂ ਅਨੁਸਾਰ, ਹੁਣ 2011 ਬੈਚ ਅਤੇ ਉਸ ਤੋਂ ਬਾਅਦ ਦੇ ਆਈ.ਪੀ.ਐਸ. ਅਫ਼ਸਰਾਂ ਲਈ ਆਈ.ਜੀ. ਪੱਧਰ 'ਤੇ ਨਿਯੁਕਤੀ ਪਾਉਣ ਵਾਸਤੇ ਐਸ.ਪੀ. ਜਾਂ ਡੀ.ਆਈ.ਜੀ. ਦੇ ਅਹੁਦੇ 'ਤੇ ਘੱਟੋ-ਘੱਟ ਦੋ ਸਾਲ ਦੀ ਕੇਂਦਰੀ ਡੈਪੂਟੇਸ਼ਨ ਕੱਟਣੀ ਲਾਜ਼ਮੀ ਹੋਵੇਗੀ। ਇਹ ਫੈਸਲਾ ਉਨ੍ਹਾਂ ਅਫ਼ਸਰਾਂ 'ਤੇ ਲਾਗੂ ਹੋਵੇਗਾ ਜੋ ਆਉਣ ਵਾਲੇ ਸਮੇਂ ਵਿੱਚ ਆਈ.ਜੀ. ਵਜੋਂ ਤਰੱਕੀ ਜਾਂ ਕੇਂਦਰੀ ਸੇਵਾਵਾਂ ਲਈ ਵਿਚਾਰੇ ਜਾਣੇ ਹਨ। ਇਸ ਬਦਲਾਅ ਦਾ ਮੁੱਖ ਮਕਸਦ ਕੇਂਦਰੀ ਪੁਲਿਸ ਸੰਗਠਨਾਂ ਵਿੱਚ ਐਸ.ਪੀ. ਅਤੇ 497 ਪੱਧਰ 'ਤੇ ਖਾਲੀ ਪਈਆਂ ਅਸਾਮੀਆਂ ਨੂੰ ਭਰਨਾ ਹੈ। ਮੌਜੂਦਾ ਸਮੇਂ ਵਿੱਚ ਕੇਂਦਰੀ ਏਜੰਸੀਆਂ ਵਿੱਚ ਹੇਠਲੇ ਪੱਧਰ ਦੇ ਅਧਿਕਾਰੀਆਂ ਦੀ ਭਾਰੀ ਕਮੀ ਪਾਈ ਜਾ ਰਹੀ ਹੈ। ਨਵੇਂ ਨਿਯਮਾਂ ਨਾਲ ਜਿੱਥੇ ਅਫ਼ਸਰਾਂ ਨੂੰ ਕੇਂਦਰੀ ਸੇਵਾਵਾਂ ਦਾ ਤਜ਼ਰਬਾ ਮਿਲੇਗਾ, ਉੱਥੇ ਹੀ ਕੇਂਦਰੀ ਸੰਸਥਾਵਾਂ ਵਿੱਚ ਅਹੁਦੇ ਖਾਲੀ ਰਹਿਣ ਦੀ ਸਮੱਸਿਆ ਵੀ ਹੱਲ ਹੋਵੇਗੀ। ਇਹ ਫੈਸਲਾ ਉਨ੍ਹਾਂ ਅਫ਼ਸਰਾਂ ਲਈ ਇੱਕ ਚੁਣੌਤੀ ਹੋਵੇਗਾ ਜੋ ਆਪਣੇ ਕੇਡਰ ਰਾਜਾਂ ਤੋਂ ਬਾਹਰ ਜਾਣ ਵਿੱਚ ਝਿਜਕਦੇ ਹਨ।

## ਵਕੀਲ ਪ੍ਰਦੀਪ ਵਿਰਕ ਵੱਲੋਂ ਵੱਡਾ ਦਾਅਵਾ, '328 ਨਹੀਂ 800 ਤੋਂ ਵੱਧ ਸਰੂਪ ਲਾਪਤਾ'

ਚੜ੍ਹਦੀਕਲਾ ਬਿਊਰੋ

ਚੰਡੀਗੜ੍ਹ, 31 ਜਨਵਰੀ: ਸ੍ਰੀ ਗੁਰੂ ਗ੍ਰੰਥ ਸਾਹਿਬ ਦੇ 328 ਪਾਵਨ ਸਰੂਪਾਂ ਦੇ ਗਾਇਬ ਹੋਣ ਨਾਲ ਸੰਬੰਧਿਤ ਮਾਮਲੇ ਵਿੱਚ ਨਵਾਂ ਮੋੜ ਆ ਗਿਆ ਹੈ। ਇਸ ਮਾਮਲੇ 'ਤੇ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਨੇ ਸੁਣਵਾਈ ਦੌਰਾਨ ਆਪਣਾ ਫੈਸਲਾ ਸੁਰੱਖਿਅਤ ਰੱਖ ਲਿਆ ਸੀ। ਇਸ ਦਰਮਿਆਨ ਸ਼ਿਕਾਇਤਕਰਤਾ ਬਲਦੇਵ ਸਿੰਘ ਵਡਾਲਾ ਦੇ ਵਕੀਲ ਪ੍ਰਦੀਪ ਵਿਰਕ ਵੱਲੋਂ ਵੱਡਾ ਦਾਅਵਾ ਕੀਤਾ ਗਿਆ ਹੈ ਕਿ ਗਾਇਬ ਸਰੂਪਾਂ ਦੀ ਗਿਣਤੀ 328 ਨਹੀਂ, ਸਗੋਂ 800 ਤੋਂ ਵੀ ਵੱਧ ਹੋ ਸਕਦੀ ਹੈ।ਜਾਣਕਾਰੀ ਮੁਤਾਬਕ ਹੈ ਕਿ ਸਰਕਾਰ ਵੱਲੋਂ ਹਾਈਕੋਰਟ ਵਿੱਚ ਦਿੱਤੀ ਗਈ ਸਟੇਟਸ ਰਿਪੋਰਟ ਵਿੱਚ ਦਰਜ ਕੀਤਾ ਗਿਆ ਹੈ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਕੁੱਲ 12 ਲੱਖ 67 ਹਜ਼ਾਰ 478 ਪੰਨੇ ਪ੍ਰਿੰਟਿੰਗ ਲਈ ਦਿੱਤੇ ਗਏ ਸਨ। ਵਕੀਲ ਦਾ ਦਾਅਵਾ ਹੈ ਕਿ ਇਹ ਪੰਨੇ ਬਿਨਾਂ ਕਿਸੇ ਲਿਖਤੀ ਮਨਜ਼ੂਰੀ ਦੇ ਪ੍ਰਿੰਟਿੰਗ ਲਈ ਭੇਜੇ ਗਏ ਸਨ, ਜੋ ਕਿ ਗੰਭੀਰ ਗੜਬੜ ਵੱਲ ਇਸ਼ਾਰਾ ਕਰਦਾ ਹੈ। ਸਟੇਟਸ ਰਿਪੋਰਟ ਵਿੱਚ ਇਹ ਵੀ ਦਰਜ ਹੈ ਕਿ ਇਨ੍ਹਾਂ ਵੱਡੀ ਗਿਣਤੀ ਵਿੱਚ ਦਿੱਤੇ ਗਏ ਪੰਨਿਆਂ ਬਾਰੇ ਪ੍ਰਿੰਟਿੰਗ ਵਿਭਾਗ ਕੋਲ ਕੋਈ ਰਿਕਾਰਡ ਮੌਜੂਦ ਨਹੀਂ ਹੈ ਅਤੇ ਨਾ ਹੀ ਇਸ ਸਬੰਧੀ ਕੋਈ ਰਿਕਾਰਡ ਦਰਜ ਹੈ। ਇਸ ਖੁਲਾਸੇ ਤੋਂ ਬਾਅਦ ਪੂਰੇ ਮਾਮਲੇ 'ਚ ਨਵੀਆਂ ਚਰਚਾਵਾਂ ਸ਼ੁਰੂ ਹੋ ਗਈਆਂ ਹਨ ਅਤੇ ਜਾਂਚ ਪ੍ਰਕਿਰਿਆ 'ਤੇ ਵੀ ਸਵਾਲ ਖੜ੍ਹੇ ਹੋ ਰਹੇ ਹਨ। ਹੁਣ ਸਭ ਦੀਆਂ ਨਿਗਾਹਾਂ ਹਾਈਕੋਰਟ ਦੇ ਆਉਣ ਵਾਲੇ ਫੈਸਲੇ 'ਤੇ ਟਿਕੀਆਂ ਹੋਈਆਂ ਹਨ, ਜਿਸ ਨਾਲ ਮਾਮਲੇ ਦੀ ਅਗਲੀ ਦਿਸ਼ਾ ਤੈਅ ਹੋਵੇਗੀ।

## ਪਤੰਜਲੀ ਅਤੇ ਸਿੱਕਮ ਸਰਕਾਰ ਦੇ ਸਾਂਝੇ ਯਤਨਾਂ ਵਿੱਚ ਵੱਡੀ ਸੰਭਾਵਨਾ: ਰਾਮਦੇਵ




ਹਰਿਦੁਆਰ, 31 ਜਨਵਰੀ (ਚ.ਨ.ਸ.) : ਪਤੰਜਲੀ ਰਿਸਰਚ ਇੰਸਟੀਚਿਊਟ ਐਂਡ ਵੈਲਨੈੱਸ, ਹਰਿਦੁਆਰ ਵਿਖੇ ਯੋਗਾ ਓਲੰਪੀਆਡ ਓਰੀਐਂਟੇਸ਼ਨ ਐਂਡ ਟ੍ਰੇਨਿੰਗ ਪ੍ਰੋਗਰਾਮ ਦਾ ਨੌਂ ਦਿਨਾਂ ਸਿਖਲਾਈ ਪ੍ਰੋਗਰਾਮ ਸਮਾਪਤ ਹੋਇਆ। 22 ਤੋਂ 30 ਜਨਵਰੀ ਤੱਕ ਚੱਲਣ ਵਾਲਾ ਸਿਖਲਾਈ ਪ੍ਰੋਗਰਾਮ ਪੂਰੀ ਤਰ੍ਹਾਂ ਸਫਲ ਰਿਹਾ। ਇਹ ਪ੍ਰੋਗਰਾਮ ਯੋਗ ਦਰਸ਼ਨ, ਮਨੋਵਿਗਿਆਨ ਅਤੇ ਅਧਿਆਤਮਿਕਤਾ 'ਤੇ ਅਧਾਰਤ ਸੀ, ਜੋ ਅੰਦਰੂਨੀ ਸ਼ਾਂਤੀ ਅਤੇ ਅਧਿਆਤਮਿਕ ਚਿੰਤਨ ਲਈ ਦਿਸ਼ਾ ਪ੍ਰਦਾਨ ਕਰਦਾ ਸੀ। ਸਿੱਕਮ ਸਰਕਾਰ ਦੇ ਸਿੱਖਿਆ ਵਿਭਾਗ ਦੇ ਪ੍ਰਤੀਨਿਧੀਆਂ ਨੇ ਇਸ ਪ੍ਰੋਗਰਾਮ ਵਿੱਚ ਹਿੱਸਾ ਲਿਆ। ਸਿਖਲਾਈ ਦਾ ਮੁੱਖ ਉਦੇਸ਼ ਪੇਂਡੂ ਖੇਤਰਾਂ ਵਿੱਚ ਯੋਗ ਦੇ ਵਿਕਾਸ, ਸਮਾਨਤਾ ਅਤੇ ਵਿਆਪਕ ਪ੍ਰਸਾਰ ਨੂੰ ਉਤਸ਼ਾਹਿਤ ਕਰਨਾ ਸੀ। ਪ੍ਰੋਗਰਾਮ ਦੀ ਸ਼ੁਰੂਆਤ ਧਿਆਨ, ਸ਼ੰਖ ਵਜਾਉਣ ਅਤੇ ਹਵਨ ਪੂਜਨ ਨਾਲ ਹੋਈ। ਇਸ ਸਮਾਗਮ ਦੀ ਪ੍ਰਧਾਨਗੀ ਕਰਦੇ ਹੋਏ, ਸਤਿਕਾਰਯੋਗ ਆਯੁਰਵੇਦ ਸ਼ਿਰੋਮਣੀ ਆਚਾਰੀਆ ਬਾਲਕ੍ਰਿਸ਼ਨ ਨੇ ਕਿਹਾ ਕਿ ਯੋਗ ਪ੍ਰਾਚੀਨ ਭਾਰਤ ਤੋਂ ਇੱਕ ਸੰਪੂਰਨ ਸਰੀਰਕ, ਮਾਨਸਿਕ ਅਤੇ ਅਧਿਆਤਮਿਕ ਅਭਿਆਸ ਹੈ। ਯੋਗ ਦਾ ਟੀਚਾ ਮਨ, ਸਰੀਰ ਅਤੇ ਆਤਮਾ ਵਿਚਕਾਰ ਸੰਤੁਲਨ ਸਥਾਪਤ ਕਰਨਾ ਹੈ, ਜਿਸ ਨਾਲ ਆਤਮ-ਅਨੁਭਵ, ਮਾਨਸਿਕ ਸ਼ਾਂਤੀ ਅਤੇ ਮੁਕਤੀ ਮਿਲਦੀ ਹੈ। ਯੋਗ ਸਮੁੱਚੀ ਸਿਹਤ ਵਿੱਚ ਸੁਧਾਰ ਕਰਦਾ ਹੈ, ਤਣਾਅ ਘਟਾਉਂਦਾ ਹੈ, ਅਤੇ ਇੱਕ ਅਨੁਸ਼ਾਸਿਤ ਜੀਵਨ ਸ਼ੈਲੀ ਨੂੰ ਉਤਸ਼ਾਹਿਤ ਕਰਦਾ ਹੈ। ਇਸ ਮੌਕੇ 'ਤੇ, ਯੋਗ ਰਿਸ਼ੀ ਸਵਾਮੀ ਰਾਮਦੇਵ ਨੇ ਕਿਹਾ ਕਿ ਕੁਦਰਤੀ ਇਲਾਜ, ਜਾਂ ਕੁਦਰਤੀ ਦਵਾਈ, ਇੱਕ ਦਵਾਈ-ਮੁਕਤ ਇਲਾਜ ਵਿਧੀ ਹੈ ਜੋ ਸਰੀਰ ਦੀ ਕੁਦਰਤੀ ਇਲਾਜ ਸਮਰੱਥਾ ਨੂੰ ਸਰਗਰਮ ਕਰਦੀ ਹੈ। ਇਹ ਸੰਤੁਲਿਤ ਖੁਰਾਕ, ਜੜ੍ਹੀ-ਬੂਟੀਆਂ, ਪਾਣੀ ਅਤੇ ਮਿੱਟੀ ਥੈਰੇਪੀ, ਯੋਗਾ, ਪ੍ਰਾਣਾਯਾਮ, ਵਰਤ, ਸੂਰਜ ਥੈਰੇਪੀ ਅਤੇ ਐਕਿਊਪੰਕਚਰ ਰਾਹੀਂ ਬਿਮਾਰੀਆਂ ਦੇ ਮੂਲ ਕਾਰਨਾਂ ਦਾ ਇਲਾਜ ਕਰਦੀ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਕੁਦਰਤੀ ਇਲਾਜ ਇੱਕ ਪ੍ਰਭਾਵਸ਼ਾਲੀ ਪੂਰਕ ਇਲਾਜ ਵਿਧੀ ਹੈ, ਪਰ ਗੰਭੀਰ ਬਿਮਾਰੀਆਂ ਲਈ, ਇੱਕ ਤਜਰਬੇਕਾਰ ਡਾਕਟਰ ਦੀ ਸਲਾਹ ਜ਼ਰੂਰੀ ਹੈ। ਉਨ੍ਹਾਂ ਨੇ ਪਤੰਜਲੀ ਅਤੇ ਸਿੱਕਮ ਸਰਕਾਰ ਵਿਚਕਾਰ ਸਾਂਝੇ ਯਤਨਾਂ ਦੀ ਸੰਭਾਵਨਾ ਨੂੰ ਵੀ ਉਜਾਗਰ ਕੀਤਾ। ਪਤੰਜਲੀ ਤੰਦਰੁਸਤੀ ਦਾ ਹਵਾਲਾ ਦਿੰਦੇ ਹੋਏ, ਡਾ. ਵਿਨੀਤਾ ਨੇ ਦੱਸਿਆ ਕਿ ਆਯੁਰਵੇਦ ਅਤੇ ਕੁਦਰਤੀ ਜੀਵਨ ਸ਼ੈਲੀ ਨੂੰ ਅਪਣਾਉਣ ਨਾਲ ਇੱਕ ਸਿਹਤਮੰਦ ਸਰੀਰ ਅਤੇ ਮਨ ਬਣਾਈ ਰੱਖਿਆ ਜਾ ਸਕਦਾ ਹੈ। ਇਲਾਜ ਦੇ ਤਰੀਕੇ ਬਿਮਾਰੀ ਦੀ ਪ੍ਰਕਿਰਤੀ, ਮਰੀਜ਼ ਦੀ ਸਥਿਤੀ ਅਤੇ ਮਾਹਿਰਾਂ ਦੀ ਸਲਾਹ ਦੇ ਆਧਾਰ 'ਤੇ ਨਿਰਧਾਰਤ ਕੀਤੇ ਜਾਂਦੇ ਹਨ।

## ਜੇਲ੍ਹ ਮੰਤਰੀ ਭੁੱਲਰ ਵੱਲੋਂ ਪਟਿਆਲਾ ਅਤੇ ਨਾਭਾ ਜੇਲ੍ਹਾਂ ਦਾ ਅਚਨਚੇਤ ਨਿਰੀਖਣ

ਅੰਮ੍ਰਿਤਪਾਲ ਸਿੰਘ



ਚੰਡੀਗੜ੍ਹ, 31 ਜਨਵਰੀ: ਪੰਜਾਬ ਦੇ ਟਰਾਂਸਪੋਰਟ ਅਤੇ ਜੇਲ੍ਹ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਅੱਜ ਕੇਂਦਰੀ ਜੇਲ੍ਹ ਪਟਿਆਲਾ ਅਤੇ ਨਾਭਾ ਜੇਲ੍ਹ ਦਾ ਅਚਨਚੇਤ ਨਿਰੀਖਣ ਕੀਤਾ। ਇਸ ਦੌਰਾਨ ਉਨ੍ਹਾਂ ਨੇ ਜੇਲ੍ਹਾਂ ਵਿੱਚ ਚੱਲ ਰਹੇ ਕਾਰਜਾਂ ਅਤੇ ਕੈਦੀਆਂ ਦੀ ਭਲਾਈ ਦਾ ਜਾਇਜ਼ਾ ਲਿਆ।

ਕੇਂਦਰੀ ਜੇਲ੍ਹ ਪਟਿਆਲਾ ਵਿਖੇ, ਜੇਲ੍ਹ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਜੇਲ੍ਹ ਫੈਕਟਰੀ ਦਾ ਦੌਰਾ ਕਰਦਿਆਂ ਬੰਦੀਆਂ ਲਈ ਚਲਾਏ ਜਾ ਰਹੇ ਲੰਬੇ ਸਮੇਂ ਦੇ ਆਈ.ਟੀ.ਆਈ. ਕੋਰਸਾਂ ਦੀ ਵਿਸਤ੍ਰਿਤ ਸਮੀਖਿਆ ਕੀਤੀ। ਉਨ੍ਹਾਂ ਨੇ ਵਰਕਸ਼ਾਪ ਦਾ ਨਿਰੀਖਣ ਕੀਤਾ ਅਤੇ ਕੈਦੀਆਂ ਤੇ (ਬਾਕੀ ਸਫ਼ਾ 11 'ਤੇ)

### 328 ਪਾਵਨ ਸਰੂਪ ਲਾਪਤਾ ਮਾਮਲਾ

## ਅਦਾਲਤ ਵੱਲੋਂ ਸਤਿੰਦਰ ਸਿੰਘ ਕੋਹਲੀ ਦੀ ਜ਼ਮਾਨਤ ਅਰਜ਼ੀ ਖਾਰਜ

ਬਬਲੂ ਮਹਾਜਨ



ਅੰਮ੍ਰਿਤਸਰ, 31 ਜਨਵਰੀ: ਅੰਮ੍ਰਿਤਸਰ ਦੀ ਅਦਾਲਤ ਨੇ 328 ਪਾਵਨ ਸਰੂਪਾਂ ਦੇ ਲਾਪਤਾ ਹੋਣ ਦੇ ਮਾਮਲੇ ਵਿੱਚ ਗ੍ਰਿਫ਼ਤਾਰ ਸਤਿੰਦਰ ਸਿੰਘ ਕੋਹਲੀ ਨੂੰ ਵੱਡਾ ਝਟਕਾ ਦਿੰਦਿਆਂ ਉਸ ਦੀ ਜ਼ਮਾਨਤ ਅਰਜ਼ੀ ਖਾਰਜ ਕਰ ਦਿੱਤੀ ਹੈ। ਇਹ ਮਾਮਲਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨਾਲ ਜੁੜਿਆ ਹੋਇਆ ਹੈ।ਦੱਸਿਆ ਜਾਂਦਾ ਹੈ ਕਿ ਸਤਿੰਦਰ ਸਿੰਘ ਕੋਹਲੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਅੰਦਰੂਨੀ ਆਡੀਟਰ ਅਤੇ ਚਾਰਟਰਡ ਅਕਾਊਂਟੈਂਟ ਰਹਿ ਚੁੱਕੇ ਹਨ। 328 ਪਾਵਨ ਸਰੂਪਾਂ ਦੇ ਲਾਪਤਾ ਹੋਣ ਦੀ ਜਾਂਚ ਦੌਰਾਨ ਉਨ੍ਹਾਂ ਦੀ ਗ੍ਰਿਫ਼ਤਾਰੀ ਕੀਤੀ ਗਈ ਸੀ। ਅਦਾਲਤ ਨੇ ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ ਜ਼ਮਾਨਤ ਦੇਣ ਤੋਂ ਇਨਕਾਰ ਕਰ ਦਿੱਤਾ।ਸਿਆਸੀ ਹਲਕਿਆਂ ਵਿੱਚ ਵੀ ਇਹ ਮਾਮਲਾ ਚਰਚਾ ਵਿੱਚ ਹੈ ਕਿਉਂਕਿ ਕੋਹਲੀ ਨੂੰ ਸੁਖਬੀਰ ਸਿੰਘ ਬਾਦਲ ਦਾ ਕਾਫ਼ੀ ਕਰੀਬੀ ਮੰਨਿਆ ਜਾਂਦਾ ਹੈ। ਫਿਲਹਾਲ ਪੁਲਿਸ ਵੱਲੋਂ ਮਾਮਲੇ ਦੀ ਜਾਂਚ ਜਾਰੀ ਹੈ ਅਤੇ ਅਗਲੀ ਕਾਨੂੰਨੀ ਕਾਰਵਾਈ ਅਦਾਲਤ ਦੇ ਹੁਕਮਾਂ ਅਨੁਸਾਰ ਕੀਤੀ ਜਾਵੇਗੀ।

## ਪ੍ਰੀਕਰਮਾ 'ਚ ਪੁਲਿਸ ਦੀ ਕਾਰਵਾਈ ਨਿੰਦਣਯੋਗ : ਗਿ. ਰਘਬੀਰ ਸਿੰਘ

ਅੰਮ੍ਰਿਤਸਰ, 31 ਜਨਵਰੀ(ਬਬਲੂ ਮਹਾਜਨ) : ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀਆਂ ਪਰਿਕਰਮਾ ਵਿੱਚੋਂ ਪੁਲਿਸ ਵੱਲੋਂ ਨੌਜਵਾਨਾਂ ਨੂੰ ਚੁੱਕਣ 'ਤੇ ਮੁੱਖ ਗ੍ਰੰਥੀ ਗਿਆਨੀ ਰਘਬੀਰ ਸਿੰਘ ਨੇ ਕਿਹਾ ਕਿ ਇਸ ਕਾਰਵਾਈ ਦੀ ਜਿੰਨੀ ਵੀ ਨਿੰਦਾ ਕੀਤੀ ਜਾਵੇ ਥੋੜੀ ਹੈ। ਉਨ੍ਹਾਂ ਕਿਹਾ ਕਿ ਪੁਲਿਸ ਦੀ ਇਸ ਕਾਰਵਾਈ ਦੇ ਨਾਲ (ਬਾਕੀ ਸਫ਼ਾ 11 'ਤੇ)

## ਭਾਰਤ 'ਚ ਨਿਪਾਹ ਦੇ ਮਾਮਲੇ ਮਿਲਣ ਮਗਰੋਂ ਵਿਦੇਸ਼ਾਂ 'ਚ ਵੀ ਅਲਰਟ

ਜੋਹਾਨਸਬਰਗ, 31 ਜਨਵਰੀ (ਚ.ਨ.ਸ.):ਕੋਰੋਨਾ ਮਹਾਂਮਾਰੀ ਦੇ ਕਹਿਰ ਤੋਂ ਬਾਅਦ ਹੁਣ ਦੁਨੀਆ 'ਤੇ ਇਕ ਹੋਰ ਖ਼ਤਰਨਾਕ ਵਾਇਰਸ ਦਾ ਸਾਇਆ ਮੰਡਰਾ ਰਿਹਾ ਹੈ। ਭਾਰਤ ਦੇ ਪੱਛਮੀ ਬੰਗਾਲ ਵਿੱਚ 'ਨਿਪਾਹ ਵਾਇਰਸ' ਦੇ 2 ਪੁਸ਼ਟੀ ਕੀਤੇ ਮਾਮਲੇ ਸਾਹਮਣੇ ਆਉਣ ਤੋਂ ਬਾਅਦ ਵਿਸ਼ਵ ਪੱਧਰ 'ਤੇ ਹੜਕੰਪ ਮਚ ਗਿਆ ਹੈ। ਇਸ ਦੇ ਮੱਦੇਨਜ਼ਰ ਦੱਖਣੀ ਅਫਰੀਕਾ ਸਮੇਤ ਕਈ ਦੇਸ਼ਾਂ ਨੇ ਹਾਈ ਅਲਰਟ ਜਾਰੀ ਕਰ ਦਿੱਤਾ ਹੈ। ਨਿਪਾਹ ਇੱਕ 'ਜ਼ੂਨੋਟਿਕ' ਵਾਇਰਸ ਹੈ, ਜਿਸਦਾ ਮਤਲਬ ਹੈ ਕਿ ਇਹ ਜਾਨਵਰਾਂ ਤੋਂ ਇਨਸਾਨਾਂ ਵਿੱਚ ਫੈਲਦਾ ਹੈ। ਵਿਸ਼ਵ ਸਿਹਤ ਸੰਗਠਨ ਮੁਤਾਬਕ ਇਹ (ਬਾਕੀ ਸਫ਼ਾ 11 'ਤੇ)

## ਪੰਜਾਬ 'ਚ ਬਦਲ ਜਾਵੇਗਾ ਮੌਸਮ, ਚਾਰ ਦਿਨ ਪਵੇਗਾ ਮੀਂਹ

ਚੜ੍ਹਦੀਕਲਾ ਬਿਊਰੋ



ਚੰਡੀਗੜ੍ਹ, 31 ਜਨਵਰੀ: ਪੰਜਾਬ ਦੇ ਮੌਸਮ ਨੂੰ ਤਾਜ਼ਾ ਅਤੇ ਅਹਿਮ ਜਾਣਕਾਰੀ ਸਾਹਮਣੇ ਆਈ ਹੈ। ਮੌਸਮ ਵਿਭਾਗ ਦੇ ਸੂਤਰਾਂ ਮੁਤਾਬਕ ਪੰਜਾਬ ਅਤੇ ਚੰਡੀਗੜ੍ਹ ਵਿਚ 31 ਜਨਵਰੀ (ਅੱਜ) ਤੋਂ ਮੰਗਲਵਾਰ ਮਤਲਬ 4 ਦਿਨ ਕੁਝ ਥਾਵਾਂ 'ਤੇ ਹਲਕੀ ਤੋਂ ਮੱਧਮ ਬਾਰਿਸ਼ ਹੋ ਸਕਦੀ ਹੈ। ਵਿਭਾਗ ਮੁਤਾਬਕ ਅੱਜ 4 ਜ਼ਿਲ੍ਹਿਆਂ ਵਿਚ ਕੁਝ ਥਾਵਾਂ 'ਤੇ ਬੂੰਦਾਬਾਂਦੀ ਹੋ ਸਕਦੀ ਹੈ। ਇਨ੍ਹਾਂ ਚਾਰ ਜ਼ਿਲ੍ਹਿਆਂ ਵਿਚ ਪਠਾਨਕੋਟ ,ਹੁਸ਼ਿਆਰਪੁਰ, ਨਵਾਂਸ਼ਹਿਰ ਅਤੇ ਰੂਪਨਗਰ ਸ਼ਾਮਲ ਹਨ। ਇਥੇ ਖਾਸ ਤੌਰ 'ਤੇ ਦੱਸਣਯੋਗ ਹੈ ਕਿ ਸ਼ੁੱਕਰਵਾਰ ਨੂੰ ਪੰਜਾਬ ਦੇ ਕਈ ਹਿੱਸਿਆਂ ਵਿਚ ਘੱਟੋ-ਘੱਟ ਤਾਪਮਾਨ ਆਮ ਨਾਲੋਂ ਵੱਧ ਸੀ, ਜਦਕਿ ਹਰਿਆਣਾ ਵਿਚ ਇਹ ਔਸਤ ਦੇ ਨੇੜੇ ਰਿਹਾ। ਮੌਸਮ ਵਿਭਾਗ ਮੁਤਾਬਕ ਪੰਜਾਬ ਅਤੇ ਹਰਿਆਣਾ ਵਿਚ ਤਾਪਮਾਨ ਔਸਤ ਦੇ ਨੇੜੇ ਰਹਿਣ ਦੀ ਉਮੀਦ ਹੈ। ਹਾਲਾਂਕਿ, 1 ਫਰਵਰੀ ਤੋਂ ਮੌਸਮ ਫਿਰ ਬਦਲ ਸਕਦਾ ਹੈ, ਕਈ ਇਲਾਕਿਆਂ ਵਿਚ ਮੀਂਹ ਪੈਣ ਦੀ ਸੰਭਾਵਨਾ ਹੈ। ਮੌਸਮ ਵਿਭਾਗ ਦਾ ਆਖਣਾ ਹੈ ਕਿ ਪੱਛਮੀ ਗੜਬੜੀ ਕਾਰਨ ਪੰਜਾਬ ਦੇ ਕੁਝ ਇਲਾਕੇ ਪ੍ਰਭਾਵਤ ਹੋ ਸਕਦੇ ਹਨ। ਇਹ ਪੱਛਮੀ ਗੜਬੜੀ ਪਹਾੜਾਂ ਤੱਕ ਪਹੁੰਚ ਗਈ ਹੈ। ਇਸ ਦੌਰਾਨ ਪਾਕਿਸਤਾਨ ਉੱਤੇ ਇਕ ਚੱਕਰਵਾਤੀ ਸਰਕੂਲੇਸ਼ਨ ਬਣਨਾ ਸ਼ੁਰੂ ਹੋ ਗਿਆ ਹੈ। ਅਰਬ ਸਾਗਰ ਅਤੇ ਬੰਗਾਲ ਦੀ ਖਾੜੀ ਤੋਂ ਹਵਾਵਾਂ ਚੱਲ ਰਹੀਆਂ ਹਨ। ਨਤੀਜੇ ਵਜੋਂ ਪੰਜਾਬ ਅਤੇ ਹਰਿਆਣਾ ਦੇ ਕੁਝ ਸਥਾਨਾਂ 'ਤੇ ਮੀਂਹ ਪੈਣ ਦੀ ਪੇਸ਼ੀਨਗੋਈ ਕੀਤੀ ਗਈ ਹੈ। ਮੌਸਮ ਵਿਭਾਗ ਦੇ ਸੂਤਰਾਂ ਮੁਤਾਬਕ ਅੰਮ੍ਰਿਤਸਰ, (ਬਾਕੀ ਸਫ਼ਾ 11 'ਤੇ)

## ਪੰਜਾਬ 'ਚ ਸੀਤ ਲਹਿਰ ਦਾ ਕਹਿਰ, ਫ਼ਰੀਦਕੋਟ ਰਿਹਾ ਸਭ ਤੋਂ ਠੰਢਾ

ਚੰਡੀਗੜ੍ਹ, 31 ਜਨਵਰੀ (ਚ.ਨ.ਸ.):ਪੰਜਾਬ ਅਤੇ ਹਰਿਆਣਾ ਵਿੱਚ ਕੜਾਕੇ ਦੀ ਠੰਢ ਅਤੇ ਸੀਤ ਲਹਿਰ ਦਾ ਕਹਿਰ ਲਗਾਤਾਰ ਜਾਰੀ ਹੈ। ਸ਼ਨੀਵਾਰ ਨੂੰ ਫ਼ਰੀਦਕੋਟ ਪੰਜਾਬ ਦਾ ਸਭ ਤੋਂ ਠੰਢਾ ਸ਼ਹਿਰ ਰਿਹਾ, ਜਿੱਥੇ ਤਾਪਮਾਨ 3.8 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ। ਦੋਵਾਂ ਸੂਬਿਆਂ ਦੀ ਸਾਂਝੀ ਰਾਜਧਾਨੀ ਚੰਡੀਗੜ੍ਹ ਵਿੱਚ ਲੋਕਾਂ ਦੀ ਸਵੇਰ ਸੰਘਣੀ ਧੁੰਦ (ਬਾਕੀ ਸਫ਼ਾ 11 'ਤੇ)

## ਰਾਜਿੰਦਰ ਗੁਪਤਾ ਦੇ ਯਤਨ ਲਿਆਏ ਰੰਗ, ਅੱਜ ਪ੍ਰਧਾਨ ਮੰਤਰੀ ਕਰਨਗੇ ਹਲਵਾਰਾ ਏਅਰਪੋਰਟ ਦਾ ਉਦਘਾਟਨ

ਬਰਨਾਲਾ/ਚੰਡੀਗੜ੍ਹ, 31 ਜਨਵਰੀ (ਬਘੇਲ ਸਿੰਘ ਧਾਲੀਵਾਲ) : ਲੁਧਿਆਣਾ ਦੇ ਉਦਯੋਗਿਕ ਖੇਤਰ ਦਾ ਸਾਲਾਂ ਪੁਰਾਣਾ ਸੁਪਨਾ ਹੁਣ ਸਾਕਾਰ ਹੋਣ ਜਾ ਰਿਹਾ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ 1 ਫਰਵਰੀ ਨੂੰ ਹਲਵਾਰਾ ਸਥਿਤ ਸ਼ਹੀਦ-ਏ-ਆਜ਼ਮ ਸਰਦਾਰ ਕਰਤਾਰ ਸਿੰਘ ਸਰਾਭਾ ਏਅਰਪੋਰਟ ਦਾ ਉਦਘਾਟਨ ਕਰਨਗੇ। ਇਸ ਉਦਘਾਟਨ ਨੂੰ ਪੰਜਾਬ ਦੇ ਬੁਨਿਆਦੀ ਢਾਂਚੇ ਦੇ ਵਿਕਾਸ ਵਿੱਚ ਇੱਕ ਇਤਿਹਾਸਕ ਕਦਮ ਵਜੋਂ ਦੇਖਿਆ ਜਾ ਰਿਹਾ ਹੈ, ਜਿਸ ਨਾਲ ਲੁਧਿਆਣਾ ਸਮੇਤ ਪੂਰੇ ਮਾਲਵਾ ਖੇਤਰ ਨੂੰ ਵੱਡੀ ਹਵਾਈ ਕਨੈਕਟੀਵਿਟੀ ਦੀ ਸੌਗਾਤ ਮਿਲੇਗੀ। ਹਲਵਾਰਾ ਏਅਰਪੋਰਟ ਦੀ ਸ਼ੁਰੂਆਤ ਪਿੱਛੇ ਰਾਜ ਸਭਾ ਮੈਂਬਰ ਅਤੇ ਪ੍ਰਸਿੱਧ ਉਦਯੋਗਪਤੀ ਪਦਮਸ਼੍ਰੀ ਰਾਜਿੰਦਰ ਗੁਪਤਾ ਦੇ ਲਗਾਤਾਰ ਯਤਨ ਮਹੱਤਵਪੂਰਨ ਰਹੇ ਹਨ। ਉਨ੍ਹਾਂ ਨੇ ਰਾਜ ਸਭਾ ਵਿੱਚ ਆਪਣੇ ਕਾਰਜਕਾਲ ਦੇ ਪਹਿਲੇ ਹੀ ਦਿਨ ਇਸ ਮੁੱਦੇ ਨੂੰ ਉਠਾਉਂਦਿਆਂ ਵਪਾਰ, ਉਦਯੋਗ ਅਤੇ ਖੇਤਰੀ ਵਿਕਾਸ ਲਈ ਏਅਰਪੋਰਟ ਦੀ ਲੋੜ 'ਤੇ ਜ਼ੋਰ ਦਿੱਤਾ ਸੀ। ਉਨ੍ਹਾਂ ਦੇ ਹਸਤਕਸ਼ੇਪ ਤੋਂ ਬਾਅਦ ਕੇਂਦਰ ਸਰਕਾਰ ਵੱਲੋਂ ਇਸ ਪ੍ਰੋਜੈਕਟ ਨੂੰ ਤਰਜੀਹ ਦੇਣ ਦਾ ਭਰੋਸਾ ਦਿੱਤਾ ਗਿਆ ਸੀ, ਜੋ ਹੁਣ ਪ੍ਰਧਾਨ ਮੰਤਰੀ ਵੱਲੋਂ ਏਅਰਪੋਰਟ ਨੂੰ ਦੇਸ਼ ਨੂੰ ਸਮਰਪਿਤ ਕਰਨ ਨਾਲ ਪੂਰਾ ਹੋ ਰਿਹਾ ਹੈ। ਏਅਰਪੋਰਟਸ ਅਥਾਰਟੀ ਆਫ ਇੰਡੀਆ ਅਤੇ ਪੰਜਾਬ ਸਰਕਾਰ ਦੇ ਸਾਂਝੇ ਉਪਰਾਲੇ ਨਾਲ ਤਿਆਰ ਕੀਤੇ ਗਏ ਇਸ ਨਵੇਂ ਟਰਮੀਨਲ ਭਵਨ 'ਤੇ 54.67 ਕਰੋੜ ਰੁਪਏ ਦੀ ਲਾਗਤ ਆਈ ਹੈ। ਕਰੀਬ 2,000 ਵਰਗ ਮੀਟਰ ਵਿੱਚ ਫੈਲੇ ਇਸ ਟਰਮੀਨਲ ਵਿੱਚ ਏਪਰਨ ਅਤੇ ਹੋਰ ਸਹਾਇਕ ਸੁਵਿਧਾਵਾਂ ਸ਼ਾਮਲ ਹਨ। ਇਸ ਦੀ ਪੀਕ ਆਵਰ ਸਮਰੱਥਾ ਲਗਭਗ 300 ਯਾਤਰੀਆਂ ਦੀ ਹੈ, ਜਦਕਿ ਸਾਲਾਨਾ ਕਰੀਬ ਦੋ ਲੱਖ ਯਾਤਰੀਆਂ ਨੂੰ ਸੰਭਾਲਣ ਦੀ ਸਮਰੱਥਾ ਹੋਵੇਗੀ। ਸਥਾਨਕ ਏਅਰਪੋਰਟ ਨਾ ਹੋਣ ਕਾਰਨ ਵਪਾਰੀਆਂ ਅਤੇ ਉਦਯੋਗਪਤੀਆਂ ਨੂੰ ਚੰਡੀਗੜ੍ਹ ਜਾਂ ਅੰਮ੍ਰਿਤਸਰ ਜਾਣਾ ਪੈਂਦਾ ਸੀ, ਜਿਸ ਨਾਲ ਸਮਾਂ ਅਤੇ ਸਰੋਤਾਂ ਦੀ ਵੱਡੀ ਬਰਬਾਦੀ ਹੁੰਦੀ ਸੀ। ਹਲਵਾਰਾ ਤੋਂ ਉਡਾਣਾਂ ਸ਼ੁਰੂ ਹੋਣ ਨਾਲ ਕਾਰੋਬਾਰ ਸੁਗਮ ਹੋਵੇਗਾ, ਨਵੇਂ ਨਿਵੇਸ਼ ਆਕਰਸ਼ਿਤ ਹੋਣਗੇ ਅਤੇ ਨਿਰਯਾਤ-ਆਯਾਤ ਗਤੀਵਿਧੀਆਂ ਨੂੰ ਮਜ਼ਬੂਤੀ ਮਿਲੇਗੀ।

## ਸਾਬਕਾ ਮੰਤਰੀ ਅਰੋੜਾ ਦੇ ਘਰ ਪਿਛਲੇ ਤਿੰਨ ਦਿਨਾਂ ਤੋਂ ਜਾਰੀ ਛਾਪੇਮਾਰੀ ਖ਼ਤਮ

ਹੁਸ਼ਿਆਰਪੁਰ, 31 ਜਨਵਰੀ (ਚ.ਨ.ਸ.): ਸੀਨੀਅਰ ਕਾਂਗਰਸੀ ਨੇਤਾ ਅਤੇ ਸਾਬਕਾ ਮੰਤਰੀ ਸੁੰਦਰ ਸ਼ਾਮ ਅਰੋੜਾ ਦੇ ਹੁਸ਼ਿਆਰਪੁਰ ਦੇ ਜੋਧਮਲ ਰੋਡ ਸਥਿਤ ਘਰ 'ਤੇ ਆਮਦਨ ਕਰ ਵਿਭਾਗ ਦਾ ਛਾਪਾ ਤੀਜੇ ਦਿਨ ਖ਼ਤਮ ਹੋਇਆ। 28 ਜਨਵਰੀ ਨੂੰ ਸਵੇਰੇ 6:30 ਵਜੇ ਸ਼ੁਰੂ ਹੋਈ ਇਹ ਕਾਰਵਾਈ ਤਿੰਨ ਦਿਨ ਤੱਕ ਜਾਰੀ ਰਹੀ। ਇਸ ਦੌਰਾਨ ਆਮਦਨ ਕਰ ਵਿਭਾਗ ਦੀ ਟੀਮ ਦਸਤਾਵੇਜ਼ਾਂ ਦੀ ਜਾਂਚ ਅਤੇ ਪੁੱਛਗਿੱਛ ਵਿਚ ਰੁੱਝੀ ਰਹੀ, ਜਦੋਂ ਕਿ ਕਿਸੇ ਨੂੰ ਵੀ ਰਿਹਾਇਸ਼ ਵਿਚ ਦਾਖਲ ਹੋਣ ਜਾਂ ਬਾਹਰ ਜਾਣ ਦੀ ਇਜਾਜ਼ਤ ਨਹੀਂ ਦਿੱਤੀ ਗਈ। ਸੂਤਰਾਂ ਅਨੁਸਾਰ ਟੀਮ ਨੇ ਅਰੋੜਾ ਤੋਂ (ਬਾਕੀ ਸਫ਼ਾ 11 'ਤੇ)

**ਚੜ੍ਹਦੀਕਲਾ**
ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।
PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala.
Chief Editor : Jagjit Singh Dardi
PRGI (RNI) Regd. No. 22972/1972

ਸਿਵਲ ਹਵਾਬਾਜ਼ੀ ਮੰਤਰਾਲਾ
ਭਾਰਤ ਸਰਕਾਰ

सत्यमेव जयते

ऐसा चाहूं राज मैं, जहां मिले सबन को अन्न।
छोट-बड़ो सब सम बसै, रविदास रहे प्रसन्न।।

## ਸ੍ਰੀ ਗੁਰੂ ਰਵਿਦਾਸ ਜੀ

ਦੇ 649ਵੇਂ ਜਨਮ ਵਰ੍ਹੇਗੰਢ
'ਤੇ ਉਨ੍ਹਾਂ ਦੇ ਬਹੁਮੁੱਲੇ ਸੰਦੇਸ਼ ਨੂੰ ਯਾਦ ਕਰਦਿਆਂ



ਆਦਮਪੁਰ ਏਅਰਪੋਰਟ ਦਾ ਨਾਮ ਬਦਲਦੇ ਹੋਏ

## ਸ੍ਰੀ ਗੁਰੂ ਰਵਿਦਾਸ ਏਅਰਪੋਰਟ, ਆਦਮਪੁਰ, ਪੰਜਾਬ

ਅਤੇ ਉਦਘਾਟਨ

## ਟਰਮੀਨਲ ਬਿਲਡਿੰਗ, ਹਲਵਾਰਾ ਏਅਰਪੋਰਟ, ਪੰਜਾਬ

(ਵਿਡਿਓ ਕਾਰਫਰੇਂਸਿੰਗ ਰਾਹੀਂ)

ਵੱਲੋਂ

# ਸ੍ਰੀ ਨਰੇਂਦਰ ਮੋਦੀ

ਪ੍ਰਧਾਨ ਮੰਤਰੀ

## ਮੁੱਖ ਵਿਸ਼ੇਸ਼ਤਾਵਾਂ : ਹਲਵਾਰਾ ਏਅਰਪੋਰਟ

- ਪੰਜਾਬ ਦੇ ਮਾਲਵਾ ਖੇਤਰ ਦੀਆਂ ਖੇਤਰੀ ਹਵਾਈ ਯਾਤਰਾ ਦੀ ਵੱਧਦੀ ਹੋਈ ਮੰਗ ਨੂੰ ਪੂਰਾ ਕਰਦੇ ਹੋਏ
- ਸਾਲਾਨਾ ਦੋ ਲੱਖ ਯਾਤਰੀਆਂ ਲਈ ਟਿਕਾਊ ਟਰਮੀਨਲ
- ਟ੍ਰੇਡ, ਇੰਡਸਟ੍ਰੀ ਅਤੇ ਸਥਾਨਕ ਅਰਥ ਵਿਵਸਥਾ ਨੂੰ ਉਤਸ਼ਾਹਿਤ ਕਰਨ ਲਈ
- ਕੋਡ ਸੀ ਏਅਰਕਰਾਫਟ ਲਈ ਲੈਸ (ਏ321/ਬੀ737)

ਐਤਵਾਰ, 01 ਫਰਵਰੀ, 2026 | 1545 ਵਜੇ | ਆਦਮਪੁਰ ਏਅਰਪੋਰਟ, ਪੰਜਾਬ

CBC 03111/15/0013/2526



ਆਦਮਪੁਰ ਏਅਰਪੋਰਟ

ਇਸ ਸਮੁੱਚੇ ਪ੍ਰੋਗਰਾਮ ਦਾ ਸਿੱਧਾ ਪ੍ਰਸਾਰਣ ਡੀਡੀ ਨਿਊਜ਼ 'ਤੇ ਦੇਖੋ



ਹਲਵਾਰਾ ਏਅਰਪੋਰਟ

## ਸੰਪਾਦਕੀ

# ਰਾਹ ਸੌਖਾ ਨਹੀਂ

ਹਰ ਸਾਲ ਸੰਸਦ ਵਿੱਚ ਪੇਸ਼ ਕੀਤਾ ਜਾਣ ਵਾਲਾ ਆਰਥਿਕ ਸਰਵੇਖਣ ਆਮ ਤੌਰ 'ਤੇ ਇਹ ਦੱਸਦਾ ਹੈ ਕਿ ਪਿਛਲੇ ਬਜਟ ਵਿੱਚ ਆਰਥਿਕ ਅਤੇ ਹੋਰ ਸੁਧਾਰਾਂ ਲਈ ਕੀਤੇ ਗਏ ਵਾਅਦੇ ਕਿਸ ਹੱਦ ਤੱਕ ਪੂਰੇ ਕੀਤੇ ਗਏ ਹਨ। ਇਹ ਇਹ ਵੀ ਦਰਸਾਉਂਦਾ ਹੈ ਕਿ ਅਗਲੇ ਵਿੱਤੀ ਸਾਲ ਵਿੱਚ ਸਰਕਾਰ ਦੇ ਆਰਥਿਕ ਫੈਸਲਿਆਂ ਵਿੱਚ ਕਿਹੜੇ ਮੁੱਦਿਆਂ ਨੂੰ ਤਰਜੀਹ ਮਿਲ ਸਕਦੀ ਹੈ। ਇਸ ਸੰਦਰਭ ਵਿੱਚ, ਵਿੱਤ ਮੰਤਰੀ ਦੁਆਰਾ ਪੇਸ਼ ਕੀਤਾ ਗਿਆ ਆਰਥਿਕ ਸਰਵੇਖਣ ਮੌਜੂਦਾ ਰਾਸ਼ਟਰੀ ਸਥਿਤੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਉੱਭਰ ਰਹੀਆਂ ਆਰਥਿਕ ਚੁਣੌਤੀਆਂ ਦੇ ਵਿਚਕਾਰ ਉਮੀਦ ਦੀ ਕਿਰਨ ਦਿਖਾਉਂਦਾ ਹੈ, ਪਰ ਇਹ ਭਵਿੱਖ ਦੇ ਜੋਖਮਾਂ ਦੀ ਚੇਤਾਵਨੀ ਵੀ ਦਿੰਦਾ ਹੈ। ਸਰਵੇਖਣ ਵਿੱਤੀ ਸਾਲ 2026-27 ਲਈ GDP ਵਿਕਾਸ ਦਰ 6.8 ਪ੍ਰਤੀਸ਼ਤ ਅਤੇ 7.2 ਪ੍ਰਤੀਸ਼ਤ ਦੇ ਵਿਚਕਾਰ ਪੇਸ਼ ਕਰਦਾ ਹੈ। ਇਹ ਅਨੁਮਾਨ ਪਿਛਲੇ ਸਾਲ ਵਿਦੇਸ਼ੀ ਪੂੰਜੀ ਪ੍ਰਵਾਹ ਵਿੱਚ ਗਿਰਾਵਟ ਅਤੇ ਭਾਰਤੀ ਮੁਦਰਾ ਦੇ ਕਮਜ਼ੋਰ ਹੋਣ ਕਾਰਨ ਰੁਪਏ 'ਤੇ ਮਾੜੇ ਪ੍ਰਭਾਵ ਦੇ ਬਾਵਜੂਦ ਅਰਥਵਿਵਸਥਾ ਵਿੱਚ ਸਥਿਰਤਾ ਨੂੰ ਦਰਸਾਉਂਦਾ ਹੈ। ਹਾਲਾਂਕਿ, ਸਰਵੇਖਣ ਨੇ ਵਿਕਸਤ ਭਾਰਤ ਅਤੇ ਵਿਸ਼ਵਵਿਆਪੀ ਪ੍ਰਭਾਵ ਦੇ ਟੀਚੇ ਨੂੰ ਪ੍ਰਾਪਤ ਕਰਨ ਲਈ ਇੱਕ ਮਜ਼ਬੂਤ ਅਤੇ ਸਥਿਰ ਮੁਦਰਾ ਦੀ ਜ਼ਰੂਰਤ 'ਤੇ ਜ਼ੋਰ ਦਿੰਦੇ ਹੋਏ, ਰੁਪਏ ਦੇ ਘਟਾਓ ਨੂੰ ਨੁਕਸਾਨਦੇਹ ਨਹੀਂ ਮੰਨਿਆ, ਕਿਉਂਕਿ ਇਹ ਭਾਰਤੀ ਵਸਤੂਆਂ 'ਤੇ ਵਧੇ ਹੋਏ ਅਮਰੀਕੀ ਟੈਰਿਫ ਦੇ ਪ੍ਰਭਾਵ ਨੂੰ ਘਟਾਉਂਦਾ ਹੈ। ਦੂਜੇ ਪਾਸੇ, ਯੂਰਪ ਨਾਲ ਮੁਕਤ ਵਪਾਰ ਸਮਝੌਤੇ ਤੋਂ ਭਾਰਤ ਦੀ ਨਿਰਮਾਣ ਮੁਕਾਬਲੇਬਾਜ਼ੀ, ਨਿਰਯਾਤ ਅਤੇ ਰਣਨੀਤਕ ਸਮਰੱਥਾਵਾਂ ਨੂੰ ਮਜ਼ਬੂਤ ਕਰਨ ਦੀ ਉਮੀਦ ਹੈ। ਸਰਵੇਖਣ ਦੇ ਅਨੁਸਾਰ, ਇੱਕ ਅਨਿਸ਼ਚਿਤ ਵਿਸ਼ਵਵਿਆਪੀ ਮਾਹੌਲ ਵਿੱਚ, ਭਾਰਤ ਨੂੰ ਘਰੇਲੂ ਵਿਕਾਸ ਨੂੰ ਤਰਜੀਹ ਦੇਣ ਦੀ ਲੋੜ ਹੈ ਅਤੇ ਇਸ ਨੂੰ ਪ੍ਰਾਪਤ ਕਰਨ ਲਈ, ਵਿੱਤੀ ਸੁਰੱਖਿਆ ਅਤੇ ਤਰਲਤਾ 'ਤੇ ਵਧੇਰੇ ਜ਼ੋਰ ਦਿੱਤਾ ਜਾਣਾ ਚਾਹੀਦਾ ਹੈ। ਸਪੱਸ਼ਟ ਤੌਰ 'ਤੇ ਤੇਜ਼ੀ ਨਾਲ ਬਦਲ ਰਹੇ ਵਿਸ਼ਵਵਿਆਪੀ ਆਰਥਿਕ ਗਤੀਸ਼ੀਲਤਾ ਅਤੇ ਭੂ-ਰਾਜਨੀਤਿਕ ਦ੍ਰਿਸ਼ਟੀਕੋਣ ਨੂੰ ਦੇਖਦੇ ਹੋਏ ਭਾਰਤ ਨੂੰ ਆਪਣੀ ਆਰਥਿਕਤਾ ਨੂੰ ਸੁਰੱਖਿਅਤ ਕਰਨ ਲਈ ਆਪਣੇ ਹਿੱਤ ਵਿੱਚ ਉਪਾਅ ਕਰਨੇ ਚਾਹੀਦੇ ਹਨ। ਸਰਵੇਖਣ ਨਵੀਨਤਾ ਅਤੇ ਵਿਸ਼ਵਵਿਆਪੀ ਪਹਿਲਕਦਮੀਆਂ ਨੂੰ ਕਮਜ਼ੋਰ ਕੀਤੇ ਬਿਨਾਂ ਕੁਸ਼ਲਤਾ ਅਤੇ ਸਵਦੇਸ਼ੀ ਅਭਿਆਸਾਂ ਨੂੰ ਅਪਣਾਉਣ ਦੀ ਮੰਗ ਕਰਦਾ ਹੈ, ਜੋ ਬਿਨਾਂ ਸ਼ੱਕ ਸਵੈ-ਨਿਰਭਰਤਾ ਦੀਆਂ ਸੰਭਾਵਨਾਵਾਂ ਨੂੰ ਮਜ਼ਬੂਤ ਕਰੇਗਾ। ਖੇਤੀਬਾੜੀ ਖੇਤਰ ਦੇਸ਼ ਦੀ ਅਰਥਵਿਵਸਥਾ ਦੀ ਰੀੜ੍ਹ ਦੀ ਹੱਡੀ ਰਿਹਾ ਹੈ। ਇਸ ਨੁਕਤੇ 'ਤੇ ਸਰਵੇਖਣ ਨੋਟ ਕਰਦਾ ਹੈ ਕਿ ਖੇਤੀਬਾੜੀ ਨਿਰਯਾਤ ਵਿੱਚ ਵਪਾਰ ਨੀਤੀ ਦੀ ਵਰਤੋਂ ਕੀਮਤਾਂ ਅਤੇ ਉਤਪਾਦਨ ਵਿੱਚ ਉਤਰਾਅ-ਚੜ੍ਹਾਅ ਦੇ ਵਿਚਕਾਰ ਥੋੜ੍ਹੇ ਸਮੇਂ ਦੇ ਉਦੇਸ਼ਾਂ ਨੂੰ ਪ੍ਰਾਪਤ ਕਰਨ ਲਈ ਕੀਤੀ ਜਾਂਦੀ ਹੈ। ਪਰ ਵਾਰ-ਵਾਰ ਨੀਤੀਗਤ ਤਬਦੀਲੀਆਂ ਸਪਲਾਈ ਲੜੀ ਨੂੰ ਵਿਗਾੜਦੀਆਂ ਹਨ। ਇਹ ਦੇਖਣਾ ਬਾਕੀ ਹੈ ਕਿ ਸਰਵੇਖਣ ਵਿੱਚ ਪ੍ਰਗਟ ਕੀਤੀ ਗਈ ਇਸ ਚਿੰਤਾ ਦੇ ਜਵਾਬ ਵਿੱਚ ਬਜਟ ਕੀ ਦਿਸ਼ਾ ਲੈਂਦਾ ਹੈ। ਹਾਲਾਂਕਿ, ਇਹ ਉਮੀਦ ਕੀਤੀ ਜਾਂਦੀ ਹੈ ਕਿ ਮੁਦਰਾਸਫੀਤੀ ਦਾ ਪ੍ਰਭਾਵ ਹਲਕਾ ਰਹੇਗਾ ਅਤੇ ਅਗਲੇ ਸਾਲ ਚਿੰਤਾ ਦਾ ਇੱਕ ਵੱਡਾ ਕਾਰਨ ਨਹੀਂ ਬਣੇਗਾ। ਸਰਵੇਖਣ ਅਸਥਾਈ ਕਰਮਚਾਰੀਆਂ ਲਈ ਕੰਮ ਕਰਨ ਦੀਆਂ ਸਥਿਤੀਆਂ ਨੂੰ ਮੁੜ ਪਰਿਭਾਸ਼ਿਤ ਕਰਨ ਦੇ ਉਦੇਸ਼ ਨਾਲ ਨੀਤੀ ਦੀ ਜ਼ਰੂਰਤ 'ਤੇ ਜ਼ੋਰ ਦਿੰਦਾ ਹੈ। ਇਸ ਤੋਂ ਇਲਾਵਾ, ਨਾਗਰਿਕਾਂ ਦੀ ਸਿਹਤ ਦੀ ਰੱਖਿਆ ਦੇ ਉਦੇਸ਼ ਨਾਲ, ਚਰਬੀ ਅਤੇ ਖੰਡ ਦੀ ਮਾਤਰਾ ਵਾਲੇ ਬਹੁਤ ਜ਼ਿਆਦਾ ਪ੍ਰੋਸੈਸਡ ਭੋਜਨ ਉਤਪਾਦਾਂ ਦੀ ਵੱਧ ਰਹੀ ਖਪਤ ਬਾਰੇ ਚਿੰਤਾਵਾਂ ਜ਼ਾਹਰ ਕੀਤੀਆਂ ਗਈਆਂ ਹਨ ਅਤੇ ਇਨ੍ਹਾਂ ਉਤਪਾਦਾਂ ਦੇ ਇਸ਼ਤਿਹਾਰਬਾਜ਼ੀ 'ਤੇ ਪਾਬੰਦੀ ਲਗਾਉਣ ਦਾ ਸੁਝਾਅ ਦਿੱਤਾ ਗਿਆ ਹੈ। ਆਰਥਿਕ ਸਰਵੇਖਣ ਵਿੱਚ ਲੋਕਪ੍ਰਿਯ ਐਲਾਨਾਂ ਅਤੇ ਨਕਦੀ ਟਰਾਂਸਫਰ ਕਾਰਨ ਕਈ ਰਾਜਾਂ ਵਿੱਚ ਵਧ ਰਹੇ ਮਾਲੀਆ ਘਾਟੇ ਬਾਰੇ ਵੀ ਚਿੰਤਾ ਪ੍ਰਗਟ ਕੀਤੀ ਗਈ ਹੈ। ਸਵਾਲ ਇਹ ਹੈ: ਇੱਕ ਅਜਿਹੇ ਸਮੇਂ ਵਿੱਚ ਜਦੋਂ ਚੋਣ ਜਿੱਤ ਲਈ ਮੁਫ਼ਤ ਚੀਜ਼ਾਂ ਦੀ ਵਰਤੋਂ ਕਰਨ ਦਾ ਰੁਝਾਨ ਪ੍ਰਚੱਲਿਤ ਹੁੰਦਾ ਜਾ ਰਿਹਾ ਹੈ, ਕੀ ਬਜਟ ਕੋਈ ਅਜਿਹਾ ਐਲਾਨ ਕਰ ਸਕਦਾ ਹੈ ਜੋ ਇਸ ਨੂੰ ਰੋਕ ਸਕੇ?

**-ਜਗਜੀਤ ਸਿੰਘ ਦਰਦੀ**

# ਭਗਤ ਰਵਿਦਾਸ ਜੀ ਭਾਰਤੀ ਰਹੱਸਵਾਦੀ ਕਵੀ ਸੰਤ ਨੂੰ ਯਾਦ ਕਰਦਿਆਂ

**ਗੁਰਮੀਤ ਸਿੰਘ ਵੇਰਕਾ**
**ਮੋ. 9878600221**

**ਪਹਿਚਾਣ:**-ਭਗਤ ਰਵੀਦਾਸ ਜੀ 15ਵੀਂ,16ਵੀਂ ਈਸਵੀ ਸਦੀ ਦੌਰਾਨ ਭਗਤੀ ਲਹਿਰ ਦੇ ਇੱਕ ਭਾਰਤੀ ਰਹੱਸਵਾਦੀ ਕਵੀ ਸੰਤ ਸਨ। ਉਹ ਇੱਕ ਕਵੀ ਸਮਾਜਿਕ ਸੁਧਾਰਕ ਅਤੇ ਅਧਿਆਤਮਕ ਹਸਤੀ ਸੀ।

**ਜਨਮ:**- ਵਿਦਵਾਨਾਂ ਦਾ ਕਹਿਣਾ ਹੈ ਕਿ ਉਹਨਾਂ ਦਾ ਜਨਮ ਬਨਾਰਸ ਵਿਖੇ ਨੇੜੇ ਸੀਰ ਗਵਰਧਨਪੁਰ ਵਿਖੇ 1433 ਈਸਵੀ ਵਿੱਚ ਹੋਇਆ। ਭਗਤ ਰਵੀਦਾਸ ਜੀ ਦੇ ਪਿਤਾ ਸੰਤੋਖ ਦਾਸ, ਮਾਤਾ ਸ੍ਰੀਮਤੀ ਕਲਸਾਂ ਦੇਵੀ ਜੀ ਸਨ। ਉਨ੍ਹਾਂ ਦਾ ਵਿਆਹ 12 ਸਾਲ ਦੀ ਉੱਮਰ ਵਿੱਚ ਮਿਰਜਾਪੁਰ ਦੀ ਲੋਨਾਂ ਦੇਵੀ ਨਾਲ ਹੋਇਆ। ਆਪ ਦੇ ਘਰ ਇੱਕ ਪੁੱਤਰ ਨੇ ਜਨਮ ਲਿਆ , ਜਿਸ ਦਾ ਨਾਂ ਵਿਜੇ ਦਾਸ ਰੱਖਿਆ। ਭਗਤ ਰਵੀਦਾਸ ਜੀ ਚਮਾਰ ਵਜੋਂ ਸ਼ਨਾਖ਼ਤ ਕਰਦੇ ਸਨ। ਉਨ੍ਹਾਂ ਨੇ ਜਾਤ ਅਤੇ ਲਿੰਗ ਦੀਆਂ ਸਮਾਜਿਕ ਵੰਡਾਂ ਨੂੰ ਦੂਰ ਕਰਨ ਦਾ ਉਪਦੇਸ਼ ਦਿੱਤਾ ਅਤੇ ਅਧਿਆਤਮਕ ਅਜ਼ਾਦੀ ਦੀ ਪ੍ਰਾਪਤੀ ਵਿੱਚ ਏਕਤਾ ਨੂੰ ਅੱਗੇ ਵਧਾਇਆ।

**ਗੁਰੂ ਗ੍ਰੰਥ ਸਾਹਿਬ ਵਜੋਂ ਜਾਣੇ ਜਾਂਦੇ ਸਿੱਖ ਗ੍ਰੰਥ ਵਿੱਚ ਉਨ੍ਹਾਂ ਦੀ ਭਗਤੀ ਵਾਲੀ ਬਾਣੀ ਦਰਜ ਕੀਤੀ ਗਈ ਹੈ:-**

ਭਗਤ ਰਵਿਦਾਸ ਜੀ ਦੀ ਗੁਰੂ ਗ੍ਰੰਥ ਸਾਹਿਬ ਵਿੱਚ ਬਾਣੀ 41 ਵਾਕ 16 ਰਾਗਾਂ ਵਿੱਚ ਦਰਜ ਹਨ। ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਦਰਜ 40 ਸ਼ਬਦ ਤੇ ਇੱਕ ਸਲੋਕ ਨੂੰ ਕਾਬਲੇ ਇਤਬਾਰ ਦਾ ਖਿਤਾਬ ਹਾਸਲ ਹੈ। ਭਗਤ ਰਵੀਦਾਸ ਜੀ ਦੇ ਗੁਰੂ ਗ੍ਰੰਥ ਸਾਹਿਬ 'ਚ ਬਾਣੀ ਦੇ ਸਫ਼ੇ ਹਨ:-: ਅੰਗ 93: ਅੰਗ 345 ਤੋਂ 346:ਅੰਗ 486 ਤੋਂ 487:ਅੰਗ 525: 657 ਤੋਂ 659 ਤੱਕ:ਅੰਗ 694:ਅੰਗ 710: 793 ਤੋਂ 794 ਤੱਕ:ਅੰਗ 858:ਅੰਗ 875: ਅੰਗ 973 ਤੋਂ 974 ਤੱਕ: ਅੰਗ 1106:ਅੰਗ 1124:ਅੰਗ 1167:ਅੰਗ 1196:ਅੰਗ 1293

**ਫ਼ਲਸਫ਼ਾ**– ਚਮਾਰ ਬਰਾਦਰੀ ਨਾਲ ਸਬੰਧ ਹੋਣ ਕਰਕੇ ਬਨਾਰਸ ਵਿੱਚ ਮਜ਼ਲੂਮਾਂ ਲਈ ਅਵਾਜ਼ ਬੁਲੰਦ ਕਰ ਕੇ ਭਗਤ ਰਵੀਦਾਸ ਜੀ ਨਾਲ ਬਦਸਲੂਕੀ ਕੀਤੀ ਗਈ। ਸਾਂਝੀਵਾਲਤਾ ਦਾ ਸੁਨੇਹਾ ਦਿੰਦਿਆਂ ਇਹ ਉਸ ਸਮੇਂ ਦੀ ਲੋਕਾਈ ਵਿੱਚ ਮੌਜੂਦ ਉਚ ਨੀਚ, ਛੂਤ ਛਾਤ ਅਤੇ ਪਖੰਡ ਦੇ ਸਖ਼ਤ



ਖਿਲਾਫ ਬੋਲੇ, ਦੱਖਣੀ ਏਸ਼ੀਆ ਦੁਆਲੇ ਦੂਰ ਦੁਰਾਡੇ ਸਫਰ ਕਰਕੇ ਭਗਤ ਰਵੀਦਾਸ ਜੀ ਨੇ ਰੱਬੀ ਸ਼ਖ਼ਸੀਅਤ ਨਾਲ ਮੁਲਾਕਾਤਾਂ ਕਰਨ ਦੇ ਨਾਲ ਰੱਬ ਦੀ ਸਿਫ਼ਤ ਬੰਦਗੀ ਦੇ ਵਾਕ ਰੱਚ ਇਲਾਹੀ ਸੁਨੇਹਾ ਦਿੱਤਾ। ਰਾਜਾ ਪੀਪਾ, ਰਾਣੀ ਮੀਰਾਂ ਬਾਈ, ਰਾਣੀ ਝਾਂਲਾ ਬਾਈ ਅੱਕੇ ਕਈ ਹੋਰ ਇੰਨ੍ਹਾਂ ਦੇ ਮੁਰੀਦ ਸਨ।

ਹਰਿ ਸੋ ਹੀਰਾ ਛਾਡਿ ਕੈ ਕਰਹਿ ਆਨ ਕੀ ਆਸ॥

ਜੋ ਇਨਸਾਨ ਕੀਮਤੀ ਰੱਬ ਨੂੰ ਛੱਡ ਕੇ ਹੋਰ ਉਤੇ ਆਸ ਰੱਖਦਾ ਹੈ।

ਤੇ ਨਰ ਦੋਜਕ ਜਾਹਿਗੇ ਸਤਿ ਭਾਖੈ ਰਵਿਦਾਸ ॥ 242॥

ਉਸ ਦੀ ਜ਼ਿੰਦਗੀ ਨਰਕ ਹੈ ਇਹ ਅਸਲ ਗੱਲ ਰਵਿਦਾਸ ਦੱਸਦਾ ਹੈ॥242॥

**ਰੁਖ਼ਸਤ:**- ਭਗਤ ਰਵੀਦਾਸ ਜੀ 1528 ਈਸਵੀ ਨੂੰ ਬਨਾਰਸ ਵਿਖੇ ਤਕਰੀਬਨ 151 ਸਾਲ ਦੀ ਉਮਰੇ ਫ਼ਾਨੀ ਦੁਨੀਆਂ ਤੋਂ ਰੁਖ਼ਸਤ ਹੋ ਗਏ । ਰੁਖ਼ਸਤ ਹੋਣ ਤੋਂ ਬਾਅਦ, ਇਨ੍ਹਾਂ ਦੇ ਜਿਸਮ ਨੂੰ ਰਾਜਾ ਹਰਦੇਵ ਸਿੰਘ ਨਾਗਰ ਦੇ ਬਾਗ਼ ਵਿਖੇ ਚਿਤਾ ਵਿੱਚ ਜਲਾ ਦਿੱਤਾ ਗਿਆ।

ਸਾਡੀ ਨੌਜਵਾਨ ਪੀੜ੍ਹੀ ਸਾਡੇ ਗੁਰੂਆਂ, ਮਹਾਂਪੁਰਖਾਂ ਤੇ ਇਤਿਹਾਸ ਤੋਂ ਬਿਲਕੁਲ ਅਣਜਾਣ ਹੈ। ਇਸ ਲਈ ਸਰਕਾਰਾ ਦਾ ਇਹ ਫਰਜ਼ ਬਣਦਾ ਹੈ ਕਿ ਬੱਚਿਆਂ ਨੂੰ ਸਕੂਲ ਲੈਵਲ 'ਤੇ ਜਾਣਕਾਰੀ ਦਿੱਤੀ ਜਾਵੇ। ਸਕੂਲ ਵਿੱਚ ਬਾਲ ਸਭਾ ਲਗਾ ਕੇ ਮਹਾਂਪੁਰਖਾਂ ਦੇ ਇਤਿਹਾਸ ਬਾਰੇ ਕਵਿਤਾ ਲਿਖੀਆਂ ਪੜ੍ਹਾਈਆ ਜਾਣ। ਇਸ ਨਾਲ ਬੱਚਿਆਂ ਵਿੱਚ ਇਤਿਹਾਸ ਦੀ ਜਾਣਕਾਰੀ ਦੇ ਨਾਲ ਨਾਲ ਦੇਸ਼ ਭਗਤੀ ਦੀ ਭਾਵਨਾ ਪੈਦਾ ਹੋਵੇਗੀ। ਸ਼੍ਰੋਮਣੀ ਕਮੇਟੀ ਨੂੰ ਆਪਣੇ ਗੁਰੂਆਂ ਦੀਆਂ ਸ਼ਤਾਬਦੀਆਂ ਮਨਾ ਕੇ ਸੰਗਤ ਨੂੰ ਜਾਗਰੂਕ ਕਰਦੇ ਰਹਿਣਾ ਚਾਹੀਦਾ ਹੈ ਉਹ ਕੌਮਾਂ ਸਦਾ ਜ਼ਿੰਦਾ ਰਹਿੰਦੀਆਂ ਹਨ ਜੋ ਆਪਣੇ ਗੁਰੂ ਦੀਆਂ ਸ਼ਤਾਬਦੀਆਂ ਮਨਾਉਂਦੀਆਂ ਹਨ। ਅੱਜ ਭਗਤ ਰਵਿਦਾਸ ਦੇ ਪ੍ਰਕਾਸ਼ ਪੁਰਬ 'ਤੇ ਨੌਜਵਾਨਾਂ ਨੂੰ ਨਸ਼ਿਆਂ ਦਾ ਤਿਆਗ ਕਰ ਕੇ ਉਨ੍ਹਾਂ ਦੇ ਪਾਏ ਪੂਰਨਿਆਂ 'ਤੇ ਚੱਲਣ ਦਾ ਸੰਕਲਪ ਲੈਣਾ ਚਾਹੀਦਾ ਹੈ। ਇਹ ਹੀ ਭਗਤ ਰਵਿਦਾਸ ਜੀ ਨੂੰ ਸੱਚੀ ਸ਼ਰਧਾਂਜਲੀ ਹੈ।

**ਨੋਟ** :- ਭਗਤ ਰਵੀਦਾਸ ਜੀ ਵੱਲੋਂ ਕਰੀਬ 5 ਸਦੀਆਂ ਪਹਿਲਾਂ ਸਮਾਜਿਕ,ਆਰਥਿਕ ਤੇ ਬਰਾਬਰਤਾ ਦੇ ਦਿੱਤੇ ਸੰਦੇਸ਼ ਨੂੰ ਅਗਲੀਆਂ ਪੀੜ੍ਹੀਆਂ ਤੱਕ ਲਿਜਾਣ ਅਤੇ ਗੁਰੂ ਰਵਿਦਾਸ ਦੀਆਂ ਸਿੱਖਿਆਵਾਂ ਦੇ ਪ੍ਰਚਾਰ ਪਰਸਾਰ ਲਈ ਪੰਜਾਬ ਸਰਕਾਰ ਵੱਲੋਂ ਕੀਤੇ ਇਤਿਹਾਸਕ ਫ਼ੈਸਲੇ ਤਹਿਤ ਜਲੰਧਰ ਜ਼ਿਲ੍ਹੇ ਵਿੱਚ ਡੇਰਾ ਸੱਚਖੰਡ ਬਲਾਂ ਦੇ ਨਜ਼ਦੀਕ ਜਲਦ ਭਗਤ ਰਵਿਦਾਸ ਬਾਣੀ ਅਧਿਐਨ ਸੈਂਟਰ ਬਣਾਇਆ ਜਾਵੇਗਾ । ਇੱਥੇ ਪੰਜਾਬ ਸਰਕਾਰ ਵੱਲੋਂ ਸਾਢੇ 10 ਕਰੋੜ ਰੁਪੈ ਦੀ ਲਾਗਤ ਨਾਲ 9 ਏਕੜ ਤੋਂ ਵੱਧ ਜ਼ਮੀਨ ਅਧਿਐਨ ਸੈਂਟਰ ਦੇ ਨਾਂ ਦਰਜ ਕਰਵਾਉਣਾ ਆਪਣੇ ਆਪ ਵਿੱਚ ਚੰਗਾ ਉਪਰਾਲਾ ਹੈ । ਪ੍ਰਧਾਨ ਮੰਤਰੀ ਮੋਦੀ ਵੀ ਇੱਥੇ ਸ਼ਿਰਕਤ ਕਰ ਰਹੇ ਹਨ।

# ਅੱਜ ਬੌਧਿਕ ਕੰਗਾਲੀ, ਦਲਿਤ ਰਾਜਨੀਤੀ ਅਤੇ ਨਵੇਂ ਪੰਜਾਬ ਦੀ ਤਲਾਸ਼ ਵਿੱਚ ਪ੍ਰਧਾਨ ਮੰਤਰੀ ਦਾ ਜਲੰਧਰ ਦੌਰਾ

## ਕੀ ਇਹ ਦੌਰਾ ਨਵੇਂ ਪੰਜਾਬ ਦੀ ਸ਼ੁਰੂਆਤ ਹੋ ਸਕਦਾ ਹੈ ਜਾਂ ਇਕ ਰਾਜਨੀਤਿਕ ਪ੍ਰਯੋਗ ਜਾਂ ਇਤਿਹਾਸਕ ਮੋੜ ਹੈ ?



ਪ੍ਰੋ . ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
**ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ**

ਅੱਜ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਪੰਜਾਬ ਦੇ ਜਲੰਧਰ ਸ਼ਹਿਰ ਵਿੱਚ ਹਨ ਜਿੱਥੇ ਉਹ ਡੇਰਾ ਬੱਲਾਂ ਵਿੱਚ ਸੰਤ ਨਿਰੰਜਨ ਦਾਸ ਜੀ ਨਾਲ ਮੁਲਾਕਾਤ ਕਰਨਗੇ। ਪੰਜਾਬ ਅੱਜ ਸਿਰਫ਼ ਇਕ ਰਾਜ ਨਹੀਂ, ਸਗੋਂ ਇਕ ਸੰਕਟ ਹੈ। ਇਹ ਸੰਕਟ ਆਰਥਿਕ ਵੀ ਹੈ, ਰਾਜਨੀਤਿਕ ਵੀ, ਸਮਾਜਿਕ ਵੀ ਅਤੇ ਸਭ ਤੋਂ ਵੱਡੀ ਗੱਲ ਇਹ ਕਿ ਇਹ ਬੌਧਿਕ ਅਤੇ ਨੈਤਿਕ ਸੰਕਟ ਹੈ।

ਅੱਜ ਪੰਜਾਬ ਵਿੱਚ ਭ੍ਰਿਸ਼ਟਾਚਾਰ, ਪ੍ਰਸ਼ਾਸਨਿਕ ਅਸਮਰਥਤਾ, ਰਾਜਨੀਤਿਕ ਅਸਥਿਰਤਾ ਅਤੇ ਲੋਕਤੰਤਰਕ ਸੰਸਥਾਵਾਂ 'ਤੇ ਡਿੱਗਦਾ ਭਰੋਸਾ—ਇਹ ਸਭ ਕੁਝ ਮਿਲ ਕੇ ਪੰਜਾਬ ਨੂੰ ਇੱਕ ਅਜਿਹੇ ਮੋੜ 'ਤੇ ਲਿਆ ਖੜ੍ਹਾ ਕਰਦੇ ਹਨ, ਜਿੱਥੇ ਭਵਿੱਖ ਸਾਫ਼ ਨਹੀਂ, ਸਗੋਂ ਧੁੰਦਲਾ ਦਿਖਾਈ ਦੇ ਰਿਹਾ ਹੈ।

ਇਸ ਪਿਛੋਕੜ ਵਿੱਚ ਪ੍ਰਧਾਨ ਮੰਤਰੀ ਦਾ ਜਲੰਧਰ ਦੌਰਾ, ਖ਼ਾਸ ਕਰਕੇ ਦਲਿਤ ਧਾਰਮਿਕ ਅਤੇ ਸਮਾਜਿਕ ਪਲੇਟਫਾਰਮ ਨਾਲ ਜੁੜ ਕੇ ਸਿਰਫ਼ ਇੱਕ ਰਸਮੀ ਫੇਰੀ ਨਹੀਂ ਹੈ। ਇਹ ਇਕ ਰਾਜਨੀਤਿਕ ਸੰਕੇਤ, ਇਕ ਨਵੀਂ ਚਾਲ, ਅਤੇ ਇਕ ਵੋਟ ਬੈਂਕ ਦੇ ਨਵੇਂ ਗਣਿਤ ਦੀ ਸ਼ੁਰੂਆਤ ਵਜੋਂ ਵੇਖਿਆ ਜਾ ਰਿਹਾ ਹੈ। ਸਵਾਲ ਇਹ ਨਹੀਂ ਕਿ ਪ੍ਰਧਾਨ ਮੰਤਰੀ ਆਏ ਹਨ। ਸਵਾਲ ਇਹ ਹੈ ਕਿ ਉਹ ਕੀ ਲੈ ਕੇ ਆਏ ਹਨ—ਦ੍ਰਿਸ਼ਟੀ ਜਾਂ ਸਿਰਫ਼ ਦ੍ਰਿਸ਼?

ਅੱਜ ਪੰਜਾਬ ਰਾਜਨੀਤਿਕ ਅਸਥਿਰਤਾ ਤੋਂ ਬੌਧਿਕ ਕੰਗਾਲੀ ਤੱਕ ਆ ਗਿਆ ਹੈ। ਪਿਛਲੇ ਦੋ ਦਹਾਕਿਆਂ ਵਿੱਚ ਪੰਜਾਬ ਦੀ ਰਾਜਨੀਤੀ ਇੱਕ ਅਜਿਹੇ ਦੌਰ ਵਿੱਚ ਦਾਖ਼ਲ ਹੋ ਗਈ ਹੈ, ਜਿੱਥੇ ਵਿਚਾਰਧਾਰਾ ਦੀ ਥਾਂ ਲਾਭਕਾਰੀ ਨਾਅਰੇ, ਲੰਬੀ ਯੋਜਨਾ ਦੀ ਥਾਂ ਤੁਰੰਤ ਲੋਕਪ੍ਰਿਯਤਾ ਅਤੇ ਸਿਧਾਂਤਾਂ ਦੀ ਥਾਂ ਮੈਨੇਜਮੈਂਟ ਰਾਜਨੀਤੀ ਨੇ ਲੈ ਲਈ ਹੈ।

ਅੱਜ ਪੰਜਾਬ ਵਿੱਚ ਚੋਣਾਂ ਵਿਕਾਸ ਦੇ ਮਾਡਲ 'ਤੇ ਨਹੀਂ, ਸਗੋਂ ਕਿੰਨੀ ਮੁਫ਼ਤ ਬਿਜਲੀ, ਕਿੰਨਾ ਮੁਫ਼ਤ ਰਾਸ਼ਨ, ਕਿੰਨੀ ਸਬਸਿਡੀ ਅਤੇ ਕਿੰਨੇ ਨਕਲੀ ਵਾਅਦੇ ਅਤੇ ਇਨ੍ਹਾਂ 'ਤੇ ਲੜੀਆਂ ਜਾ ਰਹੀਆਂ ਹਨ। ਇਹ ਸਭ ਕੁਝ ਲੋਕਾਂ ਨੂੰ ਤੁਰੰਤ ਸਹੂਲਤਾਂ ਤਾਂ ਦੇ ਰਿਹਾ ਹੈ, ਪਰ ਲੰਬੇ ਸਮੇਂ ਵਿੱਚ ਪੰਜਾਬੀ ਸਮਾਜ ਨੂੰ ਆਤਮਨਿਰਭਰ ਨਹੀਂ, ਸਗੋਂ ਆਦਤਾਂ ਦਾ ਗੁਲਾਮ ਬਣਾ ਰਿਹਾ ਹੈ।

ਇਹੀ ਉਹ ਥਾਂ ਹੈ, ਜਿੱਥੇ ਬੌਧਿਕ ਕੰਗਾਲੀ ਜਨਮ ਲੈਂਦੀ ਹੈ। ਜਦੋਂ ਲੋਕ ਆਪਣਾ ਹੱਕ ਨਹੀਂ, ਸਗੋਂ ਰਿਆਇਤ ਮੰਗਣ ਲੱਗ ਪੈਂਦੇ ਹਨ, ਜਦੋਂ ਸਵਾਲ ਪੁੱਛਣ ਦੀ ਥਾਂ ਸਹੂਲਤਾਂ ਲੈਣੀ ਮੁੱਖ ਮਕਸਦ ਬਣ ਜਾਵੇ, ਤਦ ਲੋਕਤੰਤਰ ਖ਼ਤਰੇ ਵਿੱਚ ਪੈ ਜਾਂਦਾ ਹੈ। ਅੱਜ ਪੰਜਾਬ ਵਿੱਚ ਭ੍ਰਿਸ਼ਟਾਚਾਰ ਅਤੇ ਪ੍ਰਸ਼ਾਸਨ ਇਕ ਦੂਜੇ ਦੇ ਸਾਥੀ ਹੋਏ ਹਨ। ਅੱਜ ਵੀ ਪੰਜਾਬ ਵਿੱਚ ਭ੍ਰਿਸ਼ਟਾਚਾਰ ਕੋਈ ਨਵਾਂ ਮੁੱਦਾ ਨਹੀਂ, ਪਰ ਅੱਜ ਇਹ ਸੰਸਥਾਗਤ ਰੂਪ ਧਾਰਨ ਕਰ ਚੁੱਕਾ ਹੈ। ਠੇਕਿਆਂ ਤੋਂ ਲੈ ਕੇ ਟ੍ਰਾਂਸਫ਼ਰਾਂ ਤੱਕ, ਨੌਕਰੀਆਂ ਤੋਂ ਲੈ ਕੇ ਲਾਇਸੈਂਸਾਂ ਤੱਕ—ਹਰ ਥਾਂ ਇਕ ਅਦ੍ਰਿਸ਼ ਜਾਲ ਫੈਲਿਆ ਹੋਇਆ ਹੈ। ਪ੍ਰਸ਼ਾਸਨ, ਜੋ ਰਾਜ ਦੀ ਰੀੜ੍ਹ ਹੁੰਦਾ ਹੈ, ਅੱਜ ਰਾਜਨੀਤਿਕ ਦਬਾਅ ਹੇਠ ਆਪਣੀ ਸਵਤੰਤ੍ਰਤਾ ਗੁਆ ਬੈਠਾ ਹੈ। ਨਤੀਜਾ ਇਹ ਹੈ ਕਿ ਇਮਾਨਦਾਰ ਅਫ਼ਸਰ ਹਾਸ਼ੀਏ 'ਤੇ ਅਤੇ ਚਾਟੂਕਾਰ ਅੱਗੇ ਅਤੇ ਆਮ ਨਾਗਰਿਕ ਨਿਰਾਸ਼ ਹੈ।

ਅੱਜ ਇਸ ਸਾਰੇ ਮਾਹੌਲ ਵਿੱਚ ਜਦੋਂ ਕੇਂਦਰੀ ਸੱਤਾ ਦਾ ਪ੍ਰਤੀਨਿਧੀ—ਪ੍ਰਧਾਨ ਮੰਤਰੀ—ਪੰਜਾਬ ਆਉਂਦਾ ਹੈ, ਤਾਂ ਇਹ ਸਿਰਫ਼ ਇੱਕ ਦੌਰਾ ਨਹੀਂ ਰਹਿੰਦਾ ਇਹ ਪੰਜਾਬ ਦੀ ਰਾਜਨੀਤਿਕ ਨਬਜ਼ ਟਟੋਲਣ ਦੀ ਕੋਸ਼ਿਸ਼ ਬਣ ਜਾਂਦੀ ਹੈ।

ਅੱਜ ਦਲਿਤ ਰਾਜਨੀਤੀ ਵਿੱਚ ਇਤਿਹਾਸ, ਸੰਘਰਸ਼ ਅਤੇ ਮੌਜੂਦਾ ਸਥਿਤੀ ਪੰਜਾਬ ਦੀ ਦਲਿਤ ਆਬਾਦੀ ਸਿਰਫ਼ ਗਿਣਤੀ ਨਹੀਂ, ਸਗੋਂ ਇਤਿਹਾਸਕ ਸੱਚਾਈ ਹੈ। ਗੁਰੂ ਰਵਿਦਾਸ ਜੀ ਦੀ ਵਿਚਾਰਧਾਰਾ, ਸਮਾਨਤਾ, ਮਾਨਵ ਗੌਰਵ ਅਤੇ ਸ਼ੋਸ਼ਣ ਵਿਰੋਧ—ਇਹ ਸਭ ਕੁਝ ਪੰਜਾਬੀ ਸਮਾਜ ਦੀ ਰੂਹ ਵਿੱਚ ਵੱਸਦਾ ਹੈ।

ਪਰ ਦੁੱਖ ਦੀ ਗੱਲ ਇਹ ਹੈ ਕਿ ਦਲਿਤ ਸਮਾਜ ਨੂੰ ਅਕਸਰ ਵੋਟ ਬੈਂਕ, ਧਾਰਮਿਕ ਸਮਾਰੋਹਾਂ ਦੀ ਸਜਾਵਟ,ਜਾਂ ਚੋਣਾਂ ਦੇ ਮੌਸਮ ਦੀ ਯਾਦ ਤੱਕ ਸੀਮਿਤ ਰੱਖਿਆ ਗਿਆ ਹੈ।

ਅੱਜ ਅਸਲ ਸਵਾਲ—ਸਿੱਖਿਆ, ਰੋਜ਼ਗਾਰ, ਜ਼ਮੀਨ, ਸਨਮਾਨ—ਹਮੇਸ਼ਾ ਪਿੱਛੇ ਰਹਿ ਜਾਂਦੇ ਹਨ । ਅੱਜ ਪ੍ਰਧਾਨ ਮੰਤਰੀ ਦਾ ਜਲੰਧਰ ਦੌਰਾ, ਜਿੱਥੇ ਦਲਿਤ ਧਾਰਮਿਕ ਕੇਂਦਰ ਕੇਂਦਰ ਵਿੱਚ ਹੈ, ਇਸ ਗੱਲ ਦਾ ਸੰਕੇਤ ਹੈ ਕਿ ਭਾਜਪਾ ਪੰਜਾਬ ਵਿੱਚ ਇੱਕ ਨਵੀਂ ਸਮਾਜਿਕ ਗਿਣਤੀ ਬਣਾਉਣਾ ਚਾਹੁੰਦੀ ਹੈ। ਪਰ ਕੀ ਇਹ ਸਿਰਫ਼ ਪ੍ਰਤੀਕਾਤਮਕ ਰਾਜਨੀਤੀ ਹੈ ਜਾਂ ਵਾਸਤਵਿਕ ਬਦਲਾਅ ਦੀ ਸ਼ੁਰੂਆਤ?

ਅੱਜ ਭਾਜਪਾ ਅਤੇ ਪੰਜਾਬ ਅਤੀਤ ਦੀ ਦੂਰੀ, ਵਰਤਮਾਨ ਦੀ ਕੋਸ਼ਿਸ਼ਾਂ ਵਿੱਚ ਭਾਜਪਾ ਦਾ ਪੰਜਾਬ ਨਾਲ ਰਿਸ਼ਤਾ ਹਮੇਸ਼ਾ ਜਟਿਲ ਰਿਹਾ ਹੈ। ਅਕਾਲੀ ਦਲ ਨਾਲ ਗਠਜੋੜ, ਫਿਰ ਉਸ ਦਾ ਟੁੱਟਣਾ, ਕਿਸਾਨ ਅੰਦੋਲਨ ਅਤੇ ਕੇਂਦਰ-ਰਾਜ ਟਕਰਾਅ—ਇਹ ਸਭ ਕੁਝ ਭਾਜਪਾ ਲਈ ਪੰਜਾਬ ਨੂੰ ਇੱਕ ਮੁਸ਼ਕਲ ਰਾਜ ਬਣਾਉਂਦਾ ਹੈ।

ਪਰ ਰਾਜਨੀਤੀ ਖਾਲੀਪਣ ਸਹਿੰਦੀ ਨਹੀਂ। ਜਿੱਥੇ ਹੋਰ ਪਾਰਟੀਆਂ ਅੱਜ ਆਪਸੀ ਝਗੜਿਆਂ ਅਹੰਕਾਰ,ਅਤੇ ਨਕਾਰਾਤਮਕ ਰਾਜਨੀਤੀ ਵਿੱਚ ਫਸੀ ਹੋਈਆਂ ਹਨ, ਉੱਥੇ ਭਾਜਪਾ ਨਵੇਂ ਫੇਸ, ਨਵੇਂ ਸਮੀਕਰਨ ਅਤੇ ਨਵੀਂ ਬਿਸਾਤ ਦੀ ਤਲਾਸ਼ ਵਿੱਚ ਹੈ।

ਹੁਣ ਸਵਾਲ ਇਹ ਹੈ ਕਿ ਕੀ ਦਲਿਤ ਰਾਜਨੀਤੀ ਦਾ ਇਹ ਦਾਅ ਭਾਜਪਾ ਨੂੰ ਪੰਜਾਬ ਵਿੱਚ ਕਬੂਲਯੋਗ ਬਣਾ ਸਕੇਗਾ? ਜਾਂ ਪੰਜਾਬੀ ਸਮਾਜ ਇਸ ਨੂੰ ਇੱਕ ਹੋਰ ਰਾਜਨੀਤਿਕ ਚਾਲ ਵਜੋਂ ਹੀ ਵੇਖੇਗਾ?

ਅੱਜ ਮੁਫ਼ਤ ਸਹੂਲਤਾਂ ਅਤੇ ਜ਼ਮੀਰ ਦਾ ਸੰਕਟ ਤੇ ਮੁਫ਼ਤ ਬਿਜਲੀ, ਮੁਫ਼ਤ ਰਾਸ਼ਨ, ਮੁਫ਼ਤ ਸੇਵਾਵਾਂ—ਇਹ ਸਭ ਕੁਝ ਗਰੀਬੀ ਨਾਲ ਲੜਨ ਦੇ ਨਾਂ 'ਤੇ ਸ਼ੁਰੂ ਹੋਇਆ ਸੀ। ਪਰ ਜਦੋਂ ਇਹ ਰਾਜਨੀਤਿਕ ਹਥਿਆਰ ਬਣ ਜਾਣ, ਤਾਂ ਸਮੱਸਿਆ ਪੈਦਾ ਹੁੰਦੀ ਹੈ।

ਅੱਜ ਪੰਜਾਬ ਦਾ ਨੌਜਵਾਨ ਅੱਜ ਨੌਕਰੀ ਨਹੀਂ ਮੰਗਦਾ, ਉਦਯੋਗ ਨਹੀਂ ਚਾਹੁੰਦਾ ਸਗੋਂ ਸਿਸਟਮ ਤੋਂ ਕੁਝ ਲੈ ਕੇ ਬਾਹਰ ਜਾਣਾ ਚਾਹੁੰਦਾ ਹੈ। ਇਹ ਸੋਚ ਪੰਜਾਬ ਨੂੰ ਅੰਦਰੋਂ ਖਾਲੀ ਕਰ ਰਹੀ ਹੈ। ਜ਼ਮੀਰ ਦੀ ਥਾਂ ਜਦੋਂ ਆਦਤ ਲੈ ਲਵੇ, ਤਾਂ ਸਮਾਜ ਭੰਗੂ ਹੋ ਜਾਂਦਾ ਹੈ—ਨਿਰੁਤਸਾਹ, ਗੁੱਸੇ ਵਾਲਾ ਅਤੇ ਦਿਸ਼ਾਹੀਣ ਬਣਾਉਂਦੀ ਹੈ ।

ਕੀ ਇਹ ਦੌਰਾ ਨਵੇਂ ਪੰਜਾਬ ਦੀ ਸ਼ੁਰੂਆਤ ਹੋ ਸਕਦਾ ਹੈ?

ਪ੍ਰਧਾਨ ਮੰਤਰੀ ਦਾ ਇਕ ਘੰਟੇ ਦਾ ਦੌਰਾ ਪੰਜਾਬ ਦੀ ਤਕਦੀਰ ਨਹੀਂ ਬਦਲ ਸਕਦਾ, ਪਰ ਇਹ ਇੱਕ ਰਾਜਨੀਤਿਕ ਸੰਕੇਤ ਜ਼ਰੂਰ ਹੈ। ਜੇ ਇਹ ਦੌਰਾ ਸਿਰਫ਼ ਭਾਸ਼ਣ, ਫੋਟੋਆਂ ਅਤੇ ਨਾਅਰਿਆਂ ਤੱਕ ਸੀਮਿਤ ਰਹਿੰਦਾ ਹੈ, ਤਾਂ ਇਹ ਵੀ ਪਿਛਲੇ ਦੌਰਿਆਂ ਵਾਂਗ ਭੁੱਲ ਜਾਇਆ ਜਾਵੇਗਾ ਪਰ ਜੇ ਇਸ ਤੋਂ ਬਾਅਦ ਸਿੱਖਿਆ ਵਿੱਚ ਨਿਵੇਸ਼, ਉਦਯੋਗਿਕ ਨੀਤੀਆਂ ਨੂੰ ਲਾਗੂ ਕੀਤਾ ਜਾਵੇ ਤਾਂ ਪੰਜਾਬ ਵਿੱਚ ਭਾਜਪਾ ਦੇ ਪੈਰ ਲੱਗ ਵੀ ਸਕਦੇ ਹਨ ਤੇ ਪ੍ਰਧਾਨ ਮੰਤਰੀ ਦਾ ਦੌਰਾ ਸਫਲ ਹੋ ਸਕਦਾ ਹੈ।

# ਸਿਆਸੀ ਪਾਰਟੀਆਂ ਵੋਟਰਾਂ ਨੂੰ ਤਲੀਆਂ 'ਤੇ ਚੋਗ ਚੁਗਾਉਣ ਲੱਗੀਆਂ

**ਕਮਲਜੀਤ ਸਿੰਘ ਬਨਵੈਤ**
98147 34035



ਪੰਜਾਬ ਵਿਧਾਨ ਸਭਾ ਦੀਆਂ ਅਗਲੀਆਂ ਚੋਣਾਂ ਵਿੱਚ ਮਸਾਂ ਇੱਕ ਸਾਲ ਦਾ ਸਮਾਂ ਰਹਿ ਗਿਆ ਹੈ। ਸਿਆਸੀ ਪਾਰਟੀਆਂ ਵੋਟਰਾਂ ਨੂੰ ਭਰਮਾਉਣ ਲਈ ਤਲੀਆਂ 'ਤੇ ਚੋਗ ਚੁਗਾਉਣ ਤੱਕ ਆ ਗਈਆਂ। ਮੁਫ਼ਤ ਦੀਆਂ ਰਿਓੜੀਆਂ ਵੰਡਣ ਦੀ ਸ਼ੁਰੂਆਤ ਸਭ ਤੋਂ ਪਹਿਲਾਂ ਸ਼੍ਰੋਮਣੀ ਅਕਾਲੀ ਦਲ ਨੇ ਕੀਤੀ ਸੀ। ਮੁਕਤਸਰ ਦੀ ਮਾਘੀ ਕਾਨਫਰੰਸ ਵੇਲੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਹੀ ਹੁਣ ਸਰਕਾਰ ਬਣਨ 'ਤੇ ਸਭ ਤੋਂ ਵੱਧ ਗੱਫੇ ਦੇਣ ਦੇ ਵਾਅਦੇ ਕੀਤੇ ਹਨ। ਭਾਰਤੀ ਜਨਤਾ ਪਾਰਟੀ ਹਰਿਆਣਾ ਮਾਡਲ ਲਾਗੂ ਕਰਨ ਦੀ ਤਿਆਰੀ ਵਿੱਚ ਹੈ। ਆਮ ਆਦਮੀ ਪਾਰਟੀ ਮਹਿਲਾਵਾਂ ਨੂੰ ਹਜ਼ਾਰ ਰੁਪਏ ਤਾਂ ਭਾਜਪਾ ਹਰਿਆਣਾ 2100 ਰੁਪਏ ਦੇਣ ਦਾ ਚੋਗਾ ਪਾ ਰਹੀ ਹੈ। ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਨੇ ਚੋਣਾਂ ਦੇ ਸਾਲ ਵਿੱਚ ਬਿਜਲੀ ਦਰਾਂ ਘੱਟ ਕਰਨ ਦੀ ਯੋਜਨਾ ਤਿਆਰ ਕਰ ਲਈ ਹੈ।

ਇਤਿਹਾਸ ਦੱਸਦਾ ਹੈ ਕਿ ਪੰਜਾਬ ਵਿੱਚ ਜਦੋਂ ਚੋਣ ਵਰ੍ਹਾ ਚੜ੍ਹਦਾ ਹੈ ਤਾਂ ਬਿਜਲੀ ਸਸਤੀ ਹੁੰਦੀ ਰਹੀ ਹੈ ਪਰ ਸਰਕਾਰ ਬਣਨ ਤੋਂ ਬਾਅਦ ਮੁੜ ਘਰਾਂ 'ਚ ਲੱਗਦੀਆਂ ਹਨ। ਨਵੀਆਂ ਦਰਾਂ ਪਹਿਲੀ ਅਪ੍ਰੈਲ ਤੋਂ ਲਾਗੂ ਕੀਤੇ ਜਾਣ ਦੀ ਸੰਭਾਵਨਾ ਬਣਨ ਲੱਗੀ ਹੈ। ਬਿਜਲੀ ਸਸਤੀ ਹੁੰਦੀ ਹੈ ਤਾਂ ਇਸ ਨਾਲ ਪੰਜਾਬ ਸਰਕਾਰ ਉੱਤੇ ਬਿਜਲੀ ਸਬਸਿਡੀ ਦਾ ਭਾਰ ਵੀ ਘਟੇਗਾ ਅਤੇ ਚੋਣਾਂ ਤੋਂ ਪਹਿਲਾਂ ਖਪਤਕਾਰ ਵੀ ਪਲੋਸੇ ਜਾਣਗੇ। ਮਿਸਾਲ ਵਜੋਂ 2001- 2002 ਵਿੱਚ ਚੋਣਾਂ ਤੋਂ ਪਹਿਲਾਂ ਦਰਾਂ ਘਟਾਈਆਂ ਗਈਆਂ ਸਨ ਪਰ ਅਗਲੇ ਸਾਲ ਹੀ 10 ਫ਼ੀਸਦੀ ਦੀ ਦਾ ਵਾਧਾ ਕਰ ਦਿੱਤਾ ਗਿਆ ਸੀ। ਸਾਲ 2017 ਦੀਆਂ ਚੋਣਾਂ ਤੋਂ ਪਹਿਲਾਂ ਬਿਜਲੀ ਦੀਆਂ ਦਰਾਂ 0. 65 ਫੀਸਦੀ ਘਟਾ ਦਿੱਤੀਆਂ ਜਦ ਕਿ ਕਾਂਗਰਸ ਨੇ ਚੋਣਾਂ ਜਿੱਤਣ ਤੋਂ ਬਾਅਦ 9.33 ਫੀਸਦੀ ਦਾ ਵਾਧਾ ਕਰ ਦਿੱਤਾ ਸੀ। ਇਹੋ ਹਾਲ 2022 ਦੀਆਂ ਚੋਣਾਂ ਵਿੱਚ ਹੋਇਆ। ਕਾਂਗਰਸ ਨੇ ਬਿਜਲੀ ਸਸਤੀ ਕਰ ਦਿੱਤੀ। ਆਪ ਨੇ ਸਾਲ ਪਹਿਲਾਂ 1.59 ਵਾਧਾ ਕਰ ਦਿੱਤਾ। ਹੁਣ ਮੁੜ ਤੋਂ ਬਿਜਲੀ ਸਸਤੀ ਕੀਤੀ ਜਾ ਰਹੀ ਹੈ। ਪੰਜਾਬ ਸਰਕਾਰ ਸਲਾਨਾ 22000 ਕਰੋੜ ਦੇ ਕਰੀਬ ਬਿਜਲੀ ਸਬਸਿਡੀ ਭਰ ਰਹੀ ਹੈ।

ਪੰਜਾਬ ਇਕੱਲਾ ਸੂਬਾ ਨਹੀਂ ਜਿੱਥੇ ਵੋਟਾਂ ਲੈਣ ਲਈ ਵੋਟਰਾਂ ਨੂੰ ਸਬਸਿਡੀ ਦੇ ਕੇ ਭਰਮਾਇਆ ਜਾ ਰਿਹਾ ਹੈ। ਕਈ ਸੂਬੇ ਇਸ ਤੋਂ ਵੀ ਵੱਧ ਖ਼ਜ਼ਾਨਾ ਲੁਟਾ ਰਹੇ ਹਨ। ਸੱਚ ਤਾਂ ਇਹ ਕਿ ਮੁਲਕ ਦੀਆਂ ਚੋਣਾਂ ਮੁਫਤ ਦੀਆਂ ਰਿਓੜੀਆਂ ਉਤੇ ਆ ਕੇ ਟਿਕ ਗਈਆਂ ਹਨ। ਇੱਕ ਦੂਜੇ ਪ੍ਰਤੀ ਮਾੜੀ ਭਾਸ਼ਾ ਵਰਤਣ, ਚਿੱਕੜ ਸੁੱਟਣਾ ਸਿਆਸਤਦਾਨਾਂ ਦੀ ਆਮ ਦੀ ਭਾਸ਼ਾ ਬਣ ਗਈ ਹੈ। ਮੁਫਤ ਦੀਆਂ ਰਿਓੜੀਆਂ ਦੇ ਸਹਾਰੇ ਚੋਣਾਂ ਜਿੱਤੀਆਂ ਵੀ ਜਾ ਰਹੀਆਂ ਹਨ। ਵੋਟਾਂ ਖ਼ਰੀਦਣ ਲਈ ਲੋਕਾਂ ਨੂੰ ਪਰਚੂਨ ਰਿਸ਼ਵਤ ਦੀ ਚਾਟ 'ਤੇ ਲਾਇਆ ਜਾ ਰਿਹਾ ਹੈ। ਇਹ ਪਿਰਤ ਲਗਾਤਾਰ ਵੱਧ ਰਹੀ ਹੈ। ਖ਼ਜ਼ਾਨੇ ਕਿਵੇਂ ਖਾਲੀ ਹੋ ਰਹੇ ਹਨ ਕਿਸੇ ਨੂੰ ਚਿੰਤਾ ਨਹੀਂ ਹੈ।

ਛੇ ਗਰੰਟੀਆਂ ਦੇਣ ਦਾ ਵਾਅਦਾ ਕਰਕੇ ਸੱਤਾ ਵਿੱਚ ਆਈ ਕਰਨਾਟਕ ਸਰਕਾਰ ਦੀ ਕਮਾਈ ਦਾ 35 ਫ਼ੀਸਦੀ ਹਿੱਸਾ ਚੋਣ ਵਾਅਦੇ ਪੂਰੇ ਕਰਨ ਵਿੱਚ ਜਾ ਰਿਹਾ ਹੈ। ਹੋਰ 40 ਫ਼ੀਸਦੀ ਰਕਮ ਤਨਖ਼ਾਹ ਭੱਤਿਆਂ ਅਤੇ ਕਰਜ਼ੇ ਦੇ ਵਿਆਜ ਵਿੱਚ ਚਲੀ ਜਾਂਦੀ ਹੈ। ਇਸੇ ਤਰ੍ਹਾਂ ਪੰਜਾਬ ਦੀ ਗੱਲ ਕਰੀਏ ਤਾਂ ਕੁੱਲ ਮਾਲੀਏ ਦਾ 21 ਫ਼ੀਸਦੀ ਅਤੇ ਹਰਿਆਣਾ ਦਾ 16 ਫ਼ੀਸਦੀ ਹਿੱਸਾ ਮੁਫ਼ਤ ਦੀਆਂ ਰਿਓੜੀਆਂ ਵੰਡਣ ਉੱਤੇ ਖ਼ਰਚ ਹੋ ਰਿਹਾ ਹੈ। ਪੰਜਾਬ ਵਿੱਚ ਵਿਕਾਸ ਦੇ ਕੰਮ ਰੁਕੇ ਪਏ ਹਨ। ਬਿਹਾਰ ਦੀ ਗੱਲ ਕਰੀਏ ਤਾਂ ਚੋਣ ਵਾਅਦਿਆਂ ਉੱਤੇ ਖ਼ਰਚ ਕੀਤੀ ਜਾਣ ਵਾਲੀ 30,920 ਕਰੋੜ ਰੁਪਏ ਦੀ ਰਕਮ ਕੁੱਲ ਮਾਲੀਏ ਦਾ 62 ਫ਼ੀਸਦੀ ਬਣਦੀ ਹੈ।। ਸਰਕਾਰ ਨੂੰ 2024-25 ਵਿੱਚ ਟੈਕਸ ਤੋਂ ਕਮਾਈ 54300 ਕਰੋੜ ਰੁਪਏ ਸੀ ਅਤੇ ਇਸ ਦਾ 17 ਫ਼ੀਸਦੀ ਹਿੱਸਾ ਵਿਆਜ਼ ਚੁਕਾਉਣ ਵਿੱਚ ਜਾ ਰਿਹਾ ਹੈ। ਅਗਲੀ ਸਰਕਾਰ ਵਾਅਦੇ ਪੂਰੇ ਕਰਦੀ ਹੈ ਤਾਂ ਕੁੱਲ ਕਮਾਈ ਦਾ 133 ਫ਼ੀਸਦੀ ਹਿੱਸਾ ਖ਼ਰਚ ਹੋ ਜਾਵੇਗਾ।।

ਪੰਜਾਬ ਵੱਲੋਂ 300 ਯੂਨਿਟ ਤੱਕ ਬਿਜਲੀ ਮੁਫਤ ਦੇਣ ਲਈ 1500 ਕਰੋੜ ਰੁਪਏ ਦੀ ਰਿਆਇਤ ਦਿੱਤੀ ਜਾ ਰਹੀ ਹੈ। ਇਸੇ ਤਰ੍ਹਾਂ ਹਰਿਆਣਾ ਲਾਡੋ ਯੋਜਨਾ ਉੱਤੇ 10800 ਕਰੋੜ ਰੁਪਏ ਖ਼ਰਚ ਕਰੇਗਾ। ਹਿਮਾਚਲ ਪ੍ਰਦੇਸ਼ ਇੰਦਰਾ ਗਾਂਧੀ ਪਿਆਰੀ ਭੈਣਾਂ ਯੋਜਨਾ ਉੱਤੇ 2100 ਕਰੋੜ ਰੁਪਏ ਖ਼ਰਚ ਕਰ ਰਿਹਾ ਹੈ। ਸਭ ਤੋਂ ਵੱਧ ਤੇਲੰਗਾਨਾ ਦੀ ਸਰਕਾਰ ਉੱਤੇ ਗਰੰਟੀਆਂ ਪੂਰੀਆਂ ਕਰਨ ਲਈ 56,084 ਦਾ ਬੋਝ ਪੈ ਰਿਹਾ ਹੈ ਜਦੋਂ ਕਿ ਕੁੱਲ ਕਮਾਈ 98 191 ਕਰੋੜ ਰੁਪਏ ਦੀ ਹੈ। ਇਹ ਅੰਕੜੇ ਭਾਰਤੀ ਰਿਜ਼ਰਵ ਬੈਂਕ ਅਤੇ ਸਟੇਟ ਬਜਟ ਡਾਕੂਮੈਂਟਸ ਤੋਂ ਸਾਹਮਣੇ ਆਏ ਹਨ।

ਇੱਥੇ ਹੀ ਬਸ ਨਹੀਂ ਚੋਣ ਪ੍ਰਚਾਰ ਉੱਤੇ ਕਰੋੜਾਂ ਰੁਪਏ ਦਾ ਕਾਲਾ ਧਨ ਪਾਣੀ ਦੀ ਤਰ੍ਹਾਂ ਵਹਾਇਆ ਜਾ ਰਿਹਾ ਹੈ। ਭਾਰਤੀ ਚੋਣ ਕਮਿਸ਼ਨ ਵੱਲੋਂ ਖ਼ਰਚੇ ਦੀ ਇੱਕ ਮਿਆਦ ਮੁਕੱਰਰ ਕੀਤੀ ਗਈ ਹੈ। ਪਰ ਚੋਣ ਕਮਿਸ਼ਨ ਸਾਰੀ ਗੱਲ ਦੀ ਜਾਣਕਾਰੀ ਹੋਣ ਦੇ ਬਾਵਜੂਦ ਵੀ ਕਬੂਤਰ ਦੀ ਤਰ੍ਹਾਂ ਅੱਖਾਂ ਮੀਟੀ ਬੈਠਾ ਹੈ। ਰਲਾ ਮਿਲਾ ਕੇ ਇਹ ਪੈਸਾ ਵੋਟਰਾਂ ਦੀ ਜੇਬ ਵਿੱਚੋਂ ਆ ਰਿਹਾ ਹੈ। ਵੋਟਰਾਂ ਨੂੰ ਜਿਸ ਦਿਨ ਖ਼ਰਚ ਦੇ ਅਸਲੀ ਸਰੋਤ ਦਾ ਪਤਾ ਲੱਗ ਗਿਆ ਅਤੇ ਇਸ ਨੂੰ ਅੱਛੀ ਤਰ੍ਹਾਂ ਸਮਝ ਗਏ ਤਾਂ ਫਿਰ ਸਿਆਸੀ ਨੇਤਾਵਾਂ ਲਈ ਮੁਸ਼ਕਲ ਖੜ੍ਹੀ ਹੋ ਜਾਵੇਗੀ। ਮੁਲਕ ਦੀ ਜਨਤਾ ਵਿੱਚ ਜਦੋਂ ਰੋਸ ਖੜ੍ਹਾ ਹੋ ਗਿਆ ਤਦ ਵੀ ਸਿਆਸੀ ਨੇਤਾਵਾਂ ਨੂੰ ਸੰਭਲਣ ਦਾ ਮੌਕਾ ਨਹੀਂ ਮਿਲਣਾ। ਜਦੋਂ ਜੰਗਲ ਵਿੱਚ ਅੱਗ ਲੱਗਦੀ ਹੈ ਤਾਂ ਨਾ ਤਾਂ ਪੰਛੀ ਬਚਦੇ ਹਨ ਅਤੇ ਨਾ ਹੀ ਰੁੱਖ। ਅਕਸਰ ਹੀ ਅੱਗ ਲਾਉਣ ਵਾਲੇ ਵੀ ਲਪੇਟ ਕੇ ਜਾਂਦੇ ਹਨ। ਅਸੀਂ ਇਹ ਬਿਲਕੁਲ ਨਹੀਂ ਕਹਿੰਦੇ ਕਿ ਭਾਰਤ ਵਿੱਚ ਨੇਪਾਲ ਦੀ ਤਰ੍ਹਾਂ ਵਿਦਰੋਹ ਖੜ੍ਹਾ ਹੋ ਸਕਦਾ ਹੈ ਪਰ ਲੋਕਾਂ ਵਿੱਚ ਗੁੱਸਾ ਭੜਕਣ ਲੱਗਿਆਂ ਦੇਰ ਵੀ ਨਹੀਂ ਲੱਗਦੀ ਹੈ। ਚੋਣ ਤਿਕੜਮਬਾਜ਼ੀ ਦੀ ਗੱਲ ਕੀਤੀ ਜਾਵੇ ਤਾਂ ਪ੍ਰਚਾਰ ਤੋਂ ਲੈ ਕੇ ਜਿੱਤ ਤੱਕ ਉਮੀਦਵਾਰ ਆਪਣੀ ਸੋਚ ਦਾ ਹਲਕਾਪਣ ਦਿਖਾਉਣ 'ਤੇ ਉੱਤਰ ਆਏ ਹਨ। ਹੁਣ ਚੋਣ ਪ੍ਰਚਾਰ ਦੌਰਾਨ ਇਲਜ਼ਾਮਬਾਜ਼ੀ ਤੋਂ ਅੱਗੇ ਮੰਦੀ ਭਾਸ਼ਾ ਬੋਲਣ ਤੱਕ ਦੀ ਨੌਬਤ ਆ ਗਈ ਹੈ। ਲੱਗਦਾ ਹੈ ਕਿ ਸਿਆਸਤ ਦਾ ਨੈਤਿਕਤਾ ਨਾਲ ਕੋਈ ਵਾਹ ਵਾਸਤਾ ਨਹੀਂ ਰਿਹਾ ਹੈ। ਮੁਲਕ ਦੇ ਸਾਬਕਾ ਪ੍ਰਧਾਨ ਮੰਤਰੀ ਅਟੱਲ ਬਿਹਾਰੀ ਵਾਜਪਾਈ ਸਿਆਸਤ ਨੂੰ ਸਿਖਰਾਂ ਵੱਲ ਲਿਜਾਣਾ ਚਾਹੁੰਦੇ ਸਨ। ਉਹਨਾਂ ਦਾ ਕਹਿਣਾ ਸੀ ਕਿ ਜਿੱਤਣ ਵਾਸਤੇ ਕਿਸੇ ਵੀ ਉਮੀਦਵਾਰ ਲਈ ਕੁੱਲ ਪਈਆਂ ਵੋਟਾਂ ਦਾ 25 ਫ਼ੀਸਦੀ ਪ੍ਰਾਪਤ ਕਰਨਾ ਲਾਜ਼ਮੀ ਹੋਣਾ ਚਾਹੀਦਾ ਹੈ। ਇਸ ਦਾ ਸਿੱਧਾ ਮਤਲਬ ਇਹ ਹੋਇਆ ਕਿ ਕਿਸੇ ਵੀ ਵਿਧਾਨ ਸਭਾ ਜਾਂ ਲੋਕ ਸਭਾ ਹਲਕੇ ਲਈ ਜੇਕਰ 1 ਲੱਖ ਵੋਟ ਭੁਗਤਦੀ ਹੈ ਤਾਂ ਇਸ ਵਿੱਚੋਂ ਜੇਤੂ ਉਮੀਦਵਾਰ ਲਈ 50 ਹਜ਼ਾਰ ਜਾਂ ਉਸ ਤੋਂ ਜ਼ਿਆਦਾ ਵੋਟ ਲੈਣ ਦੀ ਸ਼ਰਤ ਲਾਗੂ ਹੋਣੀ ਚਾਹੀਦੀ ਹੈ। ਉਹਨਾਂ ਦਾ ਕਹਿਣਾ ਸੀ ਕਿ ਇਸ ਨਾਲ ਚੋਣ ਲੜਨ ਦੇ ਚਾਹਵਾਨਾਂ ਦੀ ਗਿਣਤੀ ਵੀ ਘੱਟ ਹੋ ਜਾਵੇਗੀ । ਪੰਜਾਬ ਦੀ ਗੱਲ ਕਰੀਏ ਤਾਂ ਆਮ ਆਦਮੀ ਪਾਰਟੀ ਦੀ ਸਰਕਾਰ ਸਿਰ ਕਰਜ਼ਾ ਚਾਰ ਲੱਖ ਕਰੋੜ ਤੋਂ ਉੱਪਰ ਟੱਪ ਚੁੱਕਾ ਹੈ। ਆਰਥਿਕ ਮਾਹਿਰ 31 ਮਾਰਚ 2027 ਤੱਕ ਇਸ ਦੇ ਸਵਾ ਪੰਜ ਕਰੋੜ ਤੋਂ ਪਾਰ ਕਰਨ ਦੇ ਅੰਦਾਜ਼ੇ ਦੱਸ ਰਹੇ ਹਨ। ਦੁੱਖ ਦੀ ਗੱਲ ਇਹ ਹੈ ਕਿ ਪੰਜਾਬ ਸਰਕਾਰ ਨੂੰ ਪਹਿਲਾਂ ਲਏ ਕਰਜ਼ੇ ਦਾ ਵਿਆਜ ਉਤਾਰਨ ਲਈ ਨਵਾਂ ਕਰਜ਼ਾ ਲੈਣਾ ਪੈ ਰਿਹਾ ਹੈ। ਪੰਜਾਬ ਵਿੱਚ ਅੱਜ ਹਰ ਬੱਚਾ ਆਪਣੇ ਸਿਰ ਸਵਾ ਲੱਖ ਕਰੋੜ ਦਾ ਕਰਜ਼ਾ ਲੈ ਕੇ ਪੈਦਾ ਹੋ ਰਿਹਾ ਹੈ। ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਹਾਲੇ ਮਹਿਲਾਵਾਂ ਨੂੰ 1000 ਮਹੀਨਾ ਦੇਣ ਦਾ ਚੋਣ ਵਾਅਦਾ ਪੂਰਾ ਕਰਨਾ ਪੈਣਾ ਹੈ। ਜਿਸ ਲਈ ਹੋਰ ਪੈਸੇ ਦੀ ਲੋੜ ਪਵੇਗੀ। ਪੰਜਾਬ ਸਰਕਾਰ ਪੈਸੇ ਇਕੱਠੇ ਕਰਨ ਲਈ ਹੱਥ ਪੈਰ ਤਾਂ ਮਾਰ ਰਹੀ ਹੈ। ਪਰ ਹਰ ਵਾਰ ਬਾਜ਼ੀ ਉਲਟੀ ਪੈਣ ਲੱਗੀ ਹੈ। ਕੌੜਾ ਸੱਚ ਦਾ ਇਹ ਵੀ ਹੈ ਕਿ ਭਾਰਤੀ ਚੋਣ ਕਮਿਸ਼ਨ ਤੋਂ ਚੋਣ ਸੁਧਾਰਾਂ ਦੀ ਉਮੀਦ ਕਰਨਾ ਹੀ ਵਿਅਰਥ ਹੈ। ਇੱਕ ਹੋਰ ਕੌੜਾ ਸੱਚ ਇਹ ਵੀ ਹੈ ਕਿ ਸਿਆਸਤਦਾਨਾਂ ਜਾਂ ਭਾਰਤੀ ਚੋਣ ਕਮਿਸ਼ਨ ਨੂੰ ਜ਼ਿੰਮੇਵਾਰ ਠਹਿਰਾਉਣ ਤੋਂ ਪਹਿਲਾਂ ਵੋਟਰਾਂ ਨੂੰ ਜਾਗਣਾ ਪਵੇਗਾ। ਚੋਣਾਂ ਅਤੇ ਚੋਣ ਰਾਜਨੀਤੀ ਨੂੰ ਲੀਹ ਉੱਤੇ ਲਿਆਉਣ ਲਈ ਇਸ ਤੋਂ ਬਿਨਾਂ ਕੋਈ ਚਾਰਾ ਨਹੀਂ ਰਹਿ ਜਾਂਦਾ ਹੈ ਅਤੇ ਨਾ ਹੀ ਅੱਗੇ ਕੋਈ ਰਸਤਾ ਦਿੱਸਦਾ ਹੈ।



**ਵਿੰਕਲਜੀਤ ਸਿੰਘ ਸਰਾ**
9501477889

# ਕਲਮ ਦਾ ਨਿਸ਼ਕਾਮ ਸਿਪਾਹੀ, ਪੰਜ ਦਹਾਕਿਆਂ ਦੀ ਸਾਹਿਤਕ ਤਪੱਸਿਆ ਅਤੇ ਅਣਗੌਲੇ ਸੰਘਰਸ਼ ਦੀ ਕਹਾਣੀ : ਮਨੋਹਰ ਲਾਲ ਪਵਾਰ

ਇੱਕ ਅਟੱਲ ਸ਼ਖ਼ਸੀਅਤ ਦਾ ਪ੍ਰਤੀਕ ਪੰਜਾਬ ਦੀ ਸਾਹਿਤਕ ਅਤੇ ਪੱਤਰਕਾਰੀ ਦੀ ਫ਼ਿਜ਼ਾ ਵਿੱਚ ਕਈ ਅਜਿਹੇ ਨਾਮ ਗੁੰਮਨਾਮ ਰਹਿ ਕੇ ਚਾਨਣ ਵੰਡਦੇ ਹਨ, ਜਿਨ੍ਹਾਂ ਨੇ ਆਪਣੀ ਪੂਰੀ ਜ਼ਿੰਦਗੀ ਸ਼ਬਦਾਂ ਦੀ ਆਰਤੀ ਉਤਾਰਦਿਆਂ ਗੁਜ਼ਾਰ ਦਿੱਤੀ। ਪਟਿਆਲਾ ਦੀ ਇਤਿਹਾਸਕ ਧਰਤੀ ਦੇ ਜੰਮਪਲ ਮਨੋਹਰ ਲਾਲ ਪਵਾਰ ਇੱਕ ਅਜਿਹਾ ਹੀ ਨਾਮ ਹਨ। ਪਿਛਲੇ ਪੰਜ ਦਹਾਕਿਆਂ ਤੋਂ ਉਹਨਾਂ ਦੀ ਕਲਮ ਨਿਰੰਤਰ ਸਮਾਜਿਕ ਸਰੋਕਾਰਾਂ, ਧਾਰਮਿਕ ਆਸਥਾ ਅਤੇ ਮਨੁੱਖੀ ਸੰਵੇਦਨਾਵਾਂ ਨੂੰ ਕਾਗਜ਼ਾਂ 'ਤੇ ਉਤਾਰ ਰਹੀ ਹੈ। ਪਵਾਰ ਸਿਰਫ਼ ਇੱਕ ਲੇਖਕ ਜਾਂ ਪੱਤਰਕਾਰ ਨਹੀਂ ਹਨ, ਸਗੋਂ ਉਹ ਉਸ ਮਿਹਨਤਕਸ਼ ਜੀਵਨ ਦਾ ਪ੍ਰਤੀਕ ਹਨ, ਜਿੱਥੇ ਆਰਥਿਕ ਤੰਗੀਆਂ ਕਦੇ ਵੀ ਮਾਨਸਿਕ ਅਮੀਰੀ ਦੇ ਰਾਹ ਵਿੱਚ ਰੋੜਾ ਨਹੀਂ ਬਣ ਸਕੀਆਂ।

**ਜਨਮ, ਪਰਿਵਾਰਕ ਪਿਛੋਕੜ ਅਤੇ ਸੰਸਕਾਰਾਂ ਦੀ ਗੁੜ੍ਹਤੀ** : ਮਨੋਹਰ ਲਾਲ ਪਵਾਰ ਦਾ ਜਨਮ 11 ਜੁਲਾਈ 1954 ਨੂੰ ਪਟਿਆਲਾ ਵਿਖੇ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਦੇ ਬਿਲਕੁਲ ਸਾਹਮਣੇ ਸਥਿਤ ਭਾਖੜਾ ਕਲੋਨੀ ਵਿੱਚ ਹੋਇਆ। ਉਹਨਾਂ ਦਾ ਜਨਮ ਇੱਕ ਅਜਿਹੇ ਪਰਿਵਾਰ ਵਿੱਚ ਹੋਇਆ, ਜਿੱਥੇ 'ਕਿਰਤ' ਨੂੰ ਹੀ 'ਕਰਮ' ਮੰਨਿਆ ਜਾਂਦਾ ਸੀ। ਉਹਨਾਂ ਦੇ ਪਿਤਾ ਸ੍ਰੀ ਬੁੱਧ ਰਾਮ ਜੀ ਨੇ ਲਗਭਗ 60 ਸਾਲਾਂ ਤੱਕ ਗੁਰਦੁਆਰਾ ਸ੍ਰੀ ਦੁਖਨਿਵਾਰਨ ਸਾਹਿਬ ਵਿਖੇ ਸ਼ਰਧਾ ਅਤੇ ਨਿਸ਼ਕਾਮ ਭਾਵਨਾ ਨਾਲ ਸੇਵਾ ਕੀਤੀ। ਉਹ ਗੁਰੂ ਘਰ ਦੀਆਂ ਚਾਦਰਾਂ ਅਤੇ ਰੁਮਾਲੇ ਧੋਣ ਦੀ ਸੇਵਾ ਕਰਦੇ ਸਨ। ਪਿਤਾ ਦੀ ਇਸ ਨਿਮਰਤਾ ਅਤੇ ਸੇਵਾ ਭਾਵਨਾ ਨੇ ਪਵਾਰ ਦੇ ਅੰਦਰ ਵੀ ਸਮਾਜ ਸੇਵਾ ਦਾ ਬੀਜ ਬੀਜਿਆ। ਉਹਨਾਂ ਦੀ ਮਾਤਾ ਸ੍ਰੀਮਤੀ ਬਸੰਤੀ ਦੇਵੀ ਉੱਚ ਕੋਟੀ ਦੇ ਧਾਰਮਿਕ ਵਿਚਾਰਾਂ ਵਾਲੀ ਔਰਤ ਸਨ। ਉਹਨਾਂ ਨੇ ਆਪਣੀ ਮੌਤ ਦਾ ਪੂਰਵ-ਅਨੁਮਾਨ ਇੱਕ ਸਾਲ ਪਹਿਲਾਂ ਹੀ ਲਗਾ ਲਿਆ ਸੀ ਜੋ ਕਿ ਉਹਨਾਂ ਦੀ ਅਧਿਆਤਮਿਕ ਸ਼ਕਤੀ ਦਾ ਪ੍ਰਮਾਣ ਸੀ। ਪਵਾਰ ਨੇ ਆਪਣੀ ਮਾਤਾ ਦੇ ਇਸ ਵਿਛੋੜੇ ਅਤੇ ਉਹਨਾਂ ਦੇ ਗੁਣਾਂ ਨੂੰ ਆਪਣੀ ਕਵਿਤਾ ਮੇਰੀ ਮਾਂ ਵਿੱਚ ਬਹੁਤ ਹੀ ਭਾਵੁਕਤਾ ਨਾਲ ਕਲਮਬੱਧ ਕੀਤਾ ਹੈ।

**ਵਿੱਦਿਆ ਲਈ ਸੰਘਰਸ਼: ਇੱਕ-ਇੱਕ ਰੁਪਏ ਦੀ ਕੀਮਤ** : ਪਵਾਰ ਦਾ ਵਿਦਿਅਕ ਸਫ਼ਰ ਕਿਸੇ ਫ਼ਿਲਮੀ ਕਹਾਣੀ ਤੋਂ ਘੱਟ ਨਹੀਂ ਹੈ। ਮੁੱਢਲੀ ਸਿੱਖਿਆ ਮੁਹੱਲਾ ਕੱਟੜਾ ਸਾਹਿਬ ਸਿੰਘ ਤੋਂ ਪ੍ਰਾਪਤ ਕਰਨ ਉਪਰੰਤ ਉਹਨਾਂ ਨੇ 1972 ਵਿੱਚ ਸ੍ਰੀ ਸਨਾਤਨ ਧਰਮ ਸਕੂਲ ਤੋਂ 11ਵੀਂ ਪਾਸ ਕੀਤੀ। ਜਦੋਂ ਉੱਚ ਸਿੱਖਿਆ ਦੀ ਵਾਰੀ ਆਈ ਤਾਂ ਘਰੇਲੂ ਹਾਲਾਤ ਬੇਹੱਦ ਨਾਜ਼ੁਕ ਸਨ। ਉਹਨਾਂ ਦੇ ਪਿਤਾ ਜੀ ਨੇ ਆਰਥਿਕ ਤੰਗੀ ਕਾਰਨ ਕਾਲਜ ਭੇਜਣ ਤੋਂ ਅਸਮਰੱਥਾ ਜਤਾਈ। ਪਰ ਪੜ੍ਹਨ ਦੀ ਲਗਨ ਅਜਿਹੀ ਸੀ ਕਿ ਉਹਨਾਂ ਦੇ ਵੱਡੇ ਭਰਾ ਛੋਟੇ ਲਾਲ ਨੇ ਆਪਣੀ ਜੇਬ ਵਿੱਚੋਂ ਰੋਜ਼ਾਨਾ ਇੱਕ ਰੁਪਿਆ ਜੇਬ ਖ਼ਰਚੀ ਦੇ ਕੇ ਪਵਾਰ ਦੀ ਪੜ੍ਹਾਈ ਜਾਰੀ ਰਖਵਾਈ। ਇਸ ਸੰਘਰਸ਼ਮਈ ਦੌਰ ਨੇ ਹੀ ਉਹਨਾਂ ਨੂੰ ਸਿੱਖਿਆ ਦੀ ਅਸਲ ਕੀਮਤ ਸਮਝਾਈ।

**ਵਿਦਿਅਕ ਪ੍ਰਾਪਤੀਆਂ:** **ਬੀ.ਏ.**: ਪੰਜਾਬੀ ਯੂਨੀਵਰਸਿਟੀ (1976), ਡਿਪਲੋਮਾ (Public Relations & Advertising): (1989), ਐਮ.ਏ. (ਇਤਿਹਾਸ): (1991), ਉਰਦੂ ਸਰਟੀਫਿਕੇਟ ਕੋਰਸ: ਪਹਿਲੀ ਸ਼੍ਰੇਣੀ ਵਿੱਚ (1991), ਡਿਪਲੋਮਾ (Journalism & Mass Communication): (2013)

**ਸਾਹਿਤਕ ਰਚਨਾਵਾਂ ਅਤੇ ਪੁਸਤਕਾਂ** : ਮਨੋਹਰ ਲਾਲ ਪਵਾਰ ਨੇ ਹਮੇਸ਼ਾ ਉਸਾਰੂ ਸਾਹਿਤ ਲਿਖਣ ਨੂੰ ਤਰਜੀਹ ਦਿੱਤੀ ਹੈ। ਉਹਨਾਂ ਦੀ ਲਿਖਤ ਵਿੱਚ ਸਿਰਫ਼ ਸ਼ਬਦਾਂ ਦੀ ਜਾਦੂਗਰੀ ਨਹੀਂ ਸਗੋਂ ਸਮਾਜਿਕ ਸੱਚਾਈਆਂ ਦਾ ਦਰਪਣ ਹੈ। ਉਹਨਾਂ ਦੁਆਰਾ ਲਿਖੀਆਂ ਪ੍ਰਮੁੱਖ ਪੁਸਤਕਾਂ ਦਾ ਵੇਰਵਾ ਹੇਠ ਲਿਖੇ ਅਨੁਸਾਰ ਹੈ: ਅਨੁਭੂਤੀ (ਪੰਜਾਬੀ ਕਾਵਿ ਸੰਗ੍ਰਹਿ 1994): ਇਹ ਉਹਨਾਂ ਦੀ ਪਹਿਲੀ ਪ੍ਰਮੁੱਖ ਸਾਹਿਤਕ ਪ੍ਰਾਪਤੀ ਸੀ, ਜੋ ਭਾਸ਼ਾ ਵਿਭਾਗ ਪੰਜਾਬ ਦੇ ਸਹਿਯੋਗ ਨਾਲ ਛਪੀ। ਇਸ ਵਿੱਚ ਜੀਵਨ ਦੀਆਂ ਤਲਖ਼ ਸੱਚਾਈਆਂ ਨੂੰ ਕਵਿਤਾ ਦੇ ਰੂਪ ਵਿੱਚ ਪੇਸ਼ ਕੀਤਾ ਗਿਆ ਹੈ। ਅਮਰਦੀਪ (ਹਿੰਦੀ ਕਾਵਿ ਸੰਗ੍ਰਹਿ 1996): ਇਹ ਪੁਸਤਕ ਇੰਨੀ ਪ੍ਰਭਾਵਸ਼ਾਲੀ ਰਹੀ ਕਿ ਪੰਜਾਬ ਦੀਆਂ ਸਕੂਲ ਲਾਇਬ੍ਰੇਰੀਆਂ ਲਈ ਇਸ ਨੂੰ ਸਰਕਾਰੀ ਤੌਰ 'ਤੇ ਮਨਜ਼ੂਰ ਕੀਤਾ ਗਿਆ।

**ਵਿਡੰਬਣਾ**: ਇਸ ਰਚਨਾ ਲਈ ਉਹਨਾਂ ਨੂੰ ਬਿਜਲੀ ਬੋਰਡ ਵੱਲੋਂ ਵਿਸ਼ੇਸ਼ ਸਨਮਾਨ ਮਿਲਿਆ। ਇਹ ਸਮਾਜਿਕ ਵਿਰੋਧਾਭਾਸਾਂ 'ਤੇ ਇੱਕ ਕਰਾਰੀ ਚੋਟ ਹੈ।

**ਵਿਕਟਿਕਾ (ਲੇਖ ਸੰਗ੍ਰਹਿ ਹਿੰਦੀ)**: ਇਸ ਵਿੱਚ ਉਹਨਾਂ ਨੇ ਵੱਖ-ਵੱਖ ਸਮਾਜਿਕ ਅਤੇ ਰਾਜਨੀਤਿਕ ਵਿਸ਼ਿਆਂ 'ਤੇ



ਆਪਣੇ ਵਿਚਾਰ ਦਰਜ ਕੀਤੇ ਹਨ।

**ਮਹਾਂਕਾਲੇਸ਼ਵਰ ਅਤੇ ਆਦਿ ਦੇਵ ਮਹਾਦੇਵ**: ਧਾਰਮਿਕ ਸਾਹਿਤ ਵਿੱਚ ਉਹਨਾਂ ਦਾ ਇਹ ਯੋਗਦਾਨ ਸ਼ਰਧਾਲੂਆਂ ਲਈ ਇੱਕ ਕੀਮਤੀ ਤੋਹਫ਼ਾ ਹੈ।

**ਮਾਨਸੀ ਗੰਗਾ (ਹਿੰਦੀ ਕਾਵਿ ਸੰਗ੍ਰਹਿ)**: ਮਨੁੱਖੀ ਭਾਵਨਾਵਾਂ ਦਾ ਇੱਕ ਨਿਰਮਲ ਵੇਗ।

**ਵਿਸ਼ਵਨਾਥ (ਸਮਾਰਿਕਾ)**: ਇਹ ਉਹਨਾਂ ਦੇ ਖੋਜ ਭਰਪੂਰ ਕੰਮ ਨੂੰ ਦਰਸਾਉਂਦੀ ਹੈ।

**ਪੱਤਰਕਾਰੀ, ਇੱਕ ਜਨੂੰਨ, ਇੱਕ ਸੇਵਾ** : ਪੱਤਰਕਾਰੀ ਦੇ ਖੇਤਰ ਵਿੱਚ ਪਵਾਰ ਦਾ ਨਾਮ ਬਹੁਤ ਹੀ ਸਤਿਕਾਰ ਨਾਲ ਲਿਆ ਜਾਂਦਾ ਹੈ। ਉਹਨਾਂ ਨੇ ਪੱਤਰਕਾਰੀ ਨੂੰ ਕਦੇ ਵੀ ਵਪਾਰ ਨਹੀਂ ਬਣਾਇਆ ਸਗੋਂ ਇਸ ਨੂੰ ਲੋਕਾਂ ਦੀਆਂ ਮੁਸ਼ਕਲਾਂ ਹੱਲ ਕਰਨ ਦਾ ਇੱਕ ਜ਼ਰੀਆ ਮੰਨਿਆ।

**ਰੋਜ਼ਾਨਾ ਚੜ੍ਹਦੀਕਲਾ**: ਪਿਛਲੇ 40 ਸਾਲਾਂ ਤੋਂ ਉਹ ਇਸ ਵੱਕਾਰੀ ਅਦਾਰੇ ਨਾਲ ਜੁੜੇ ਹੋਏ ਹਨ ਅਤੇ ਨਿਰੰਤਰ ਲੇਖਣੀ ਰਾਹੀਂ ਸਮਾਜਿਕ ਚੇਤਨਾ ਪੈਦਾ ਕਰ ਰਹੇ ਹਨ। **ਰਾਜਪੂਤ ਮਰਿਯਾਦਾ (ਕਾਨਪੁਰ)**: 1991 ਤੋਂ 2003 ਤੱਕ ਉਹ ਇਸ ਮਾਸਿਕ ਪੱਤਰਿਕਾ ਦੇ ਆਨਰੇਰੀ ਸਹਾਇਕ ਸੰਪਾਦਕ ਰਹੇ, ਜੋ ਉਹਨਾਂ ਦੀ ਅੰਤਰ-ਰਾਜੀ ਸਾਹਿਤਕ ਪਹੁੰਚ ਨੂੰ ਦਰਸਾਉਂਦਾ ਹੈ। ***ਵੇਦ ਸਤੁਤੀ (ਰਾਜਪੁਰਾ)***: ਲਗਭਗ ਚਾਰ ਦਹਾਕਿਆਂ ਤੱਕ ਇਸ ਹਫ਼ਤਾਵਾਰੀ ਅਖ਼ਬਾਰ ਵਿੱਚ ਉਹਨਾਂ ਦੀਆਂ ਲਿਖਤਾਂ ਨੇ ਲੋਕਾਂ ਦਾ ਮਾਰਗਦਰਸ਼ਨ ਕੀਤਾ। **ਹਿੰਦੀ ਪੱਤਰਕਾਰੀ**: 'ਭਾਰਤ ਦੇਸ਼ ਹਮਾਰਾ' ਵਰਗੇ ਅਖ਼ਬਾਰਾਂ ਰਾਹੀਂ ਉਹਨਾਂ ਨੇ ਹਿੰਦੀ ਪਾਠਕਾਂ ਤੱਕ ਆਪਣੀ ਆਵਾਜ਼ ਪਹੁੰਚਾਈ।

**ਸਰਕਾਰੀ ਅਣਗਹਿਲੀ, ਇੱਕ ਚੀਸ, ਇੱਕ ਸਵਾਲ** : ਲੇਖਕ ਮਨੋਹਰ ਲਾਲ ਪਵਾਰ ਨੇ ਆਪਣੀ ਜ਼ਿੰਦਗੀ ਦਾ ਸੁਨਹਿਰੀ ਸਮਾਂ ਪੰਜ ਦਹਾਕੇ ਕਲਮ ਦੇ ਲੇਖੇ ਲਾ ਦਿੱਤਾ। ਪਰ ਇਹ ਬੜੇ ਦੁੱਖ ਦੀ ਗੱਲ ਹੈ ਕਿ ਉਹਨਾਂ ਵਰਗੇ ਨਿਸ਼ਕਾਮ ਕਰਮਯੋਗੀ ਨੂੰ ਉਹ ਸਹੂਲਤਾਂ ਜਾਂ ਸਰਕਾਰੀ ਸਰਪ੍ਰਸਤੀ ਨਹੀਂ ਮਿਲੀ, ਜਿਸ ਦੇ ਉਹ ਅਸਲ ਵਿੱਚ ਹੱਕਦਾਰ ਸਨ।

**ਕੋਈ ਪੈਨਸ਼ਨ ਜਾਂ ਵਿਸ਼ੇਸ਼ ਸਹੂਲਤ ਨਹੀਂ**: ਪੱਤਰਕਾਰੀ ਅਤੇ ਸਾਹਿਤ ਵਿੱਚ ਇੰਨਾ ਵੱਡਾ ਯੋਗਦਾਨ ਪਾਉਣ ਦੇ ਬਾਵਜੂਦ, ਪੰਜਾਬ ਸਰਕਾਰ ਜਾਂ ਕੇਂਦਰ ਸਰਕਾਰ ਵੱਲੋਂ ਉਹਨਾਂ ਨੂੰ ਕੋਈ ਅਜਿਹੀ ਮਾਲੀ ਮਦਦ ਜਾਂ ਮਾਸਿਕ ਪੈਨਸ਼ਨ ਨਹੀਂ ਦਿੱਤੀ ਗਈ ਜੋ ਉਹਨਾਂ ਦੇ ਬੁਢਾਪੇ ਦਾ ਸਹਾਰਾ ਬਣ ਸਕੇ।

**ਅਣਗੌਲੇ ਹੀਰੇ**: ਅਕਸਰ ਦੇਖਿਆ ਜਾਂਦਾ ਹੈ ਕਿ ਰਾਜਨੀਤਿਕ ਪਹੁੰਚ ਰੱਖਣ ਵਾਲੇ ਲੋਕ ਜਲਦੀ ਸਨਮਾਨ ਹਾਸਲ ਕਰ ਲੈਂਦੇ ਹਨ ਪਰ ਪਵਾਰ ਵਰਗੇ ਲੋਕ ਜੋ ਸਿਰਫ਼ ਆਪਣੇ ਅਸੂਲਾਂ ਲਈ ਜਿਉਂਦੇ ਹਨ, ਸਿਸਟਮ ਦੀ ਭੇਟ ਚੜ੍ਹ ਜਾਂਦੇ ਹਨ। 1998 ਵਿੱਚ ਉਹਨਾਂ ਨੇ ਦਲਿਤ ਸਾਹਿਤ ਅਕੈਡਮੀ ਤੋਂ ਸਿਰਫ਼ ਇਸ ਲਈ ਅਸਤੀਫ਼ਾ ਦੇ ਦਿੱਤਾ ਸੀ ਕਿਉਂਕਿ ਉਹ ਉਹਨਾਂ ਦੀ ਵਿਚਾਰਧਾਰਾ ਨਾਲ ਸਹਿਮਤ ਨਹੀਂ ਸਨ। ਅਜਿਹੇ ਅਣਖੀ ਲੇਖਕ ਨੂੰ ਇਗਨੋਰ (ਨਜ਼ਰਅੰਦਾਜ਼) ਕਰਨਾ ਸਮੁੱਚੇ ਸਾਹਿਤਕ ਜਗਤ ਲਈ ਚਿੰਤਾ ਦਾ ਵਿਸ਼ਾ ਹੈ।

**ਸਮਾਜ ਅਤੇ ਸਰਕਾਰ ਨੂੰ ਅਪੀਲ**: ਅਜਿਹੇ ਇਨਸਾਨ, ਜਿਸ ਨੇ ਚਾਰ ਦਹਾਕਿਆਂ ਤੋਂ ਵੱਧ ਸਮਾਂ ਲੋਕਾਂ ਦੀਆਂ ਖ਼ਬਰਾਂ ਲਿਖੀਆਂ ਅੱਜ ਉਹ ਖ਼ੁਦ ਇੱਕ 'ਅਣਸੁਣੀ ਖ਼ਬਰ' ਬਣ ਕੇ ਰਹਿ ਗਏ ਹਨ। ਸਰਕਾਰ ਨੂੰ ਚਾਹੀਦਾ ਹੈ ਕਿ ਉਹਨਾਂ ਦੀਆਂ ਸਾਹਿਤਕ ਸੇਵਾਵਾਂ ਨੂੰ ਦੇਖਦਿਆਂ ਉਹਨਾਂ ਨੂੰ ਰਾਜ ਪੱਧਰੀ ਸਨਮਾਨ ਅਤੇ ਬਣਦੀਆਂ ਸਹੂਲਤਾਂ ਤੁਰੰਤ ਮੁਹੱਈਆ ਕਰਵਾਏ।

**ਸਮਾਜਿਕ ਅਤੇ ਧਾਰਮਿਕ ਸਰਗਰਮੀਆਂ** : ਪਵਾਰ ਦਾ ਜੀਵਨ ਸਿਰਫ਼ ਲਿਖਣ ਤੱਕ ਸੀਮਤ ਨਹੀਂ ਹੈ। ਉਹਨਾਂ ਨੇ ਧਾਰਮਿਕ ਅਤੇ ਸਮਾਜਿਕ ਖੇਤਰਾਂ ਵਿੱਚ ਵੀ ਵੱਡੀਆਂ ਪੈੜਾਂ ਪਾਈਆਂ ਹਨ:

**ਸ੍ਰੀ ਬਿਲਕੇਸ਼ਵਰ ਮਹਾਦੇਵ ਮੰਦਰ**: 2005 ਵਿੱਚ ਸਨੌਰ ਰੋਡ ਵਿਖੇ ਇਸ ਮੰਦਰ ਦਾ ਨਿਰਮਾਣ ਕਰਵਾ ਕੇ ਉਹਨਾਂ ਨੇ ਸਮਾਜ ਨੂੰ ਇੱਕ ਅਧਿਆਤਮਿਕ ਕੇਂਦਰ ਦਿੱਤਾ।

**ਨਿਸ਼ਕਾਮ ਸੇਵਾ**: ਹਰ ਸਾਲ ਭੰਡਾਰੇ ਕਰਵਾਉਣੇ ਅਤੇ ਲੋਕ-ਭਲਾਈ ਦੇ ਕੰਮਾਂ ਵਿੱਚ ਮੋਹਰੀ ਰਹਿਣਾ ਉਹਨਾਂ ਦਾ ਸੁਭਾਅ ਹੈ।

**ਸੰਸਥਾਵਾਂ ਨਾਲ ਜੁੜਾਵ**: ਉਹ 'ਸ੍ਰੀ ਸਤਿਆ ਸਾਈਂ ਸੇਵਾ ਸਮਿਤੀ' ਅਤੇ 'ਸ੍ਰੀ ਗਾਇਤਰੀ ਪਰਿਵਾਰ' ਵਰਗੀਆਂ ਕਈ ਸੰਸਥਾਵਾਂ ਵਿੱਚ ਅਹਿਮ ਭੂਮਿਕਾ ਨਿਭਾ ਰਹੇ ਹਨ।

**ਕਲਮ ਦੀ ਅਣਖ ਦਾ ਸਫ਼ਰ** : ਮਨੋਹਰ ਲਾਲ ਪਵਾਰ ਦੀ ਕਹਾਣੀ ਸਿਰਫ਼ ਇੱਕ ਵਿਅਕਤੀ ਦੀ ਕਹਾਣੀ ਨਹੀਂ ਹੈ ਸਗੋਂ ਇਹ ਉਸ ਕਲਮ ਦੀ ਕਹਾਣੀ ਹੈ, ਜਿਸ ਨੇ ਕਦੇ ਗੋਡੇ ਨਹੀਂ ਟੇਕੇ। ਉਹਨਾਂ ਨੇ ਸਾਬਤ ਕੀਤਾ ਕਿ ਲਿਖਣਾ ਸਿਰਫ਼ ਇੱਕ ਕਿੱਤਾ ਨਹੀਂ ਸਗੋਂ ਇੱਕ 'ਇਬਾਦਤ' ਹੈ। ਭਾਵੇਂ ਸਰਕਾਰਾਂ ਨੇ ਉਹਨਾਂ ਦੇ ਸੰਘਰਸ਼ ਨੂੰ ਪਛਾਨਣ ਵਿੱਚ ਦੇਰੀ ਕੀਤੀ ਹੈ ਪਰ ਲੋਕਾਂ ਦੇ ਦਿਲਾਂ ਵਿੱਚ ਉਹਨਾਂ ਦਾ ਸਥਾਨ ਹਮੇਸ਼ਾ ਉੱਚਾ ਰਹੇਗਾ। ਅੱਜ ਲੋੜ ਹੈ ਕਿ ਅਜਿਹੇ ਸੱਚੇ ਅਤੇ ਸੁੱਚੇ ਲੇਖਕ ਨੂੰ ਬਣਦਾ ਮਾਣ-ਸਤਿਕਾਰ ਦਿੱਤਾ ਜਾਵੇ ਤਾਂ ਜੋ ਆਉਣ ਵਾਲੀ ਪੀੜ੍ਹੀ ਵੀ ਕਲਮ ਦੀ ਪਵਿੱਤਰਤਾ ਨੂੰ ਸਮਝ ਸਕੇ। ਮਨੋਹਰ ਲਾਲ ਪਵਾਰ ਪਟਿਆਲਾ ਦਾ ਉਹ ਫ਼ਖ਼ਰ ਹਨ ਜਿਨ੍ਹਾਂ ਦੀ ਚਮਕ ਸਰਕਾਰੀ ਸਰਪ੍ਰਸਤੀ ਦੀ ਮੁਥਾਜ਼ ਨਹੀਂ ਪਰ ਸਰਕਾਰ ਦਾ ਫ਼ਰਜ਼ ਹੈ ਕਿ ਉਹ ਅਜਿਹੇ ਰਤਨਾਂ ਦੀ ਸੰਭਾਲ ਕਰੇ। ਇਹ ਲੇਖ ਮਨੋਹਰ ਲਾਲ ਪਵਾਰ ਦੇ ਜੀਵਨ ਦੇ ਸਾਰੇ ਅਹਿਮ ਪਹਿਲੂਆਂ ਨੂੰ ਸਮੇਟਣ ਦੀ ਇੱਕ ਕੋਸ਼ਿਸ਼ ਹੈ। ਉਹਨਾਂ ਦਾ ਸੰਘਰਸ਼ ਸਾਨੂੰ ਸਿਖਾਉਂਦਾ ਹੈ ਕਿ ਸਫ਼ਲਤਾ ਦੀ ਪੌੜੀ ਚੜ੍ਹਦਿਆਂ ਆਪਣੇ ਸੰਸਕਾਰਾਂ ਨੂੰ ਕਦੇ ਨਹੀਂ ਭੁੱਲਣਾ ਚਾਹੀਦਾ।

# ਮਹਾਨ ਤਪੱਸਵੀ, ਵਿੱਦਿਆ ਦਾਨੀ ਅਤੇ ਪੰਥ ਪ੍ਰਸਤ ਸੰਤ ਅਤਰ ਸਿੰਘ ਜੀ ਮਸਤੂਆਣਾ ਵਾਲੇ

ਬਘੇਲ ਸਿੰਘ ਧਾਲੀਵਾਲ
99142-58142



ਸ੍ਰੀ ਸੰਤ ਜੀ ਮਹਾਰਾਜ ਸੰਤ ਅਤਰ ਸਿੰਘ ਜੀ ਵੱਲੋਂ ਚਲਾਈ ਧਾਰਮਿਕ ਅਤੇ ਦੁਨਿਆਵੀ ਗਿਆਨ ਦੀ ਲਹਿਰ ਬਾਰੇ ਪੰਥਕ ਵਿਦਵਾਨਾਂ ਦੇ ਹੁਣ ਤੱਕ ਦੇ ਕੀਤੇ ਖੋਜ ਕਾਰਜਾਂ ਦੀ ਰੌਸ਼ਨੀ ਵਿੱਚ ਲਿਖਣ ਦੀ ਸ਼ੁਰੂਆਤ ਕਰਨੀ,ਉਨੀ ਦੇਰ ਮਹੱਤਵਪੂਰਨ ਨਹੀਂ ਸਮਝੀ ਜਾ ਸਕਦੀ, ਜਿੰਨੀ ਦੇਰ ਸੰਤ ਜੀ ਮਹਾਰਾਜ ਦੇ ਜੀਵਨ ਅਤੇ ਕੌਮ ਪ੍ਰਸਤੀ ਵਾਲੇ ਕਾਰਜਾਂ ਨੂੰ ਮੁੜ ਲਿਖਤਾਂ ਵਿੱਚ ਸੁਰਜੀਤ ਨਹੀਂ ਕੀਤਾ ਜਾਂਦਾ। ਸੰਤ ਅਤਰ ਸਿੰਘ ਜੀ ਮਹਾਰਾਜ ਉਹ ਰੂਹਾਨੀ ਅਤੇ ਪੰਥਕ ਪਿਆਰ ਵਿੱਚ ਭਿੱਜੀ ਅਨੁਭਵੀ ਸ਼ਖ਼ਸੀਅਤ ਹੋਏ ਹਨ, ਜਿਨ੍ਹਾਂ ਨੇ ਮਹਾਰਾਜਾ ਰਣਜੀਤ ਸਿੰਘ ਦੇ ਖਾਲਸਾ ਰਾਜ ਦੇ ਪਤਨ ਤੋਂ ਬਾਅਦ ਕੌਮ 'ਚ ਆਏ ਹਰ ਤਰ੍ਹਾਂ ਦੇ ਨਿਘਾਰ ਨੂੰ ਨਾ ਸਿਰਫ ਦੇਖਿਆ, ਵਾਚਿਆ ਅਤੇ ਅਨੁਭਵ ਕੀਤਾ ਬਲਕਿ ਸਿੱਖ ਕੌਮ ਅੰਦਰ ਫੈਲੇ ਅੰਤਾਂ ਦੇ ਪਖੰਡਵਾਦ ਨੂੰ ਚੁਣੌਤੀ ਵਜੋਂ ਸਵੀਕਾਰ ਕੀਤਾ। ਪੰਥ ਦੇ ਮਹਾਨ ਵਿਦਵਾਨ ਗਿਆਨੀ ਬਲਵੰਤ ਸਿੰਘ ਜੀ ਕੋਠਾ ਗੁਰੂ ਦੇ ਸ਼ਬਦਾਂ ਵਿੱਚ "ਸਿੱਖਾਂ ਨੂੰ ਈਸਾਈ, ਮਿਰਜ਼ਈ, ਆਰੀਆ ਸਮਾਜ, ਬ੍ਰਹਮ ਸਮਾਜ, ਦੇਵ ਸਮਾਜ, ਗੁਲਾਬਦਾਸੀਏ ਆਦਿਕ ਮੱਤਾਂ ਦੇ ਲੋਕ ਆਪਣੇ ਮੱਤ ਵੱਲ ਖਿੱਚਣ ਲੱਗ ਪਏ। ਗਿਆਨੀ ਜੀ ਅਨੁਸਾਰ ਉਸ ਮੌਕੇ ਗੁਰਦੁਆਰਿਆਂ ਅੰਦਰ ਵੀ ਪੁਰਾਣਿਕ ਕਥਾ, ਕਹਾਣੀਆਂ ਅਤੇ ਮਨਮੱਤ ਭਰੀ ਮਰਯਾਦਾ ਨੂੰ ਬੜਾਵਾ ਦਿੱਤਾ ਜਾ ਰਿਹਾ ਸੀ। ਭਾਵੇਂ ਅਨਮੱਤੀਆਂ ਦੇ ਹਮਲਿਆਂ ਨੂੰ ਰੋਕਣ ਲਈ ਅਕਤਬੂਰ 1873 ਵਿੱਚ ਸ੍ਰੀ ਅੰਮ੍ਰਿਤਸਰ ਸਾਹਿਬ ਵਿੱਚ ਇਕੱਠ ਕਰਕੇ ਸ੍ਰੀ ਗੁਰੂ ਸਿੰਘ ਸਭਾ ਦੀ ਸਥਾਪਨਾ ਕੀਤੀ ਗਈ। ਬਿਨਾ ਸ਼ੱਕ ਸਿੱਖ ਵਿਦਵਾਨਾਂ ਦੇ ਵਿਦਵਤਾ ਭਰਪੂਰ ਭਾਸ਼ਨਾਂ ਨੇ ਅਨੁਮੱਤੀਆਂ ਦੇ ਹਮਲਿਆਂ ਨੂੰ ਪਛਾੜਨ ਵਿੱਚ ਅਹਿਮ ਭੂਮਿਕਾ ਅਦਾ ਕੀਤੀ, ਪ੍ਰੰਤੂ ਸ੍ਰੀ ਗੁਰੂ ਸਿੰਘ ਸਭਾ ਦੇ ਪੰਥ ਸੇਵਕ ਸੇਵਾ ਸਿਮਰਨ ਤੋਂ ਵਾਂਝੇ ਹੋਣ ਕਰਕੇ ਹਫਤਾਵਾਰੀ ਇਕੱਠਾਂ ਤੋਂ ਵੱਧ ਕੋਈ ਪਰਾਪਤੀ ਨਾ ਕਰ ਸਕੇ ਸੋ ਪਰਮਾਤਮਾ ਵੱਲੋਂ ਨਾਮ ਸਿਮਰਨ ਦੀ ਅਦੁੱਤੀ ਦਾਤ ਪਰਾਪਤ ਕਰਕੇ ਸ੍ਰੀ ਸੰਤ ਜੀ ਮਹਾਰਾਜ ਖਾਲਸਾ ਪੰਥ ਨੂੰ ਢਹਿੰਦੀ ਕਲਾ ਦੇ ਆਲਮ 'ਚੋਂ ਕੱਢਕੇ ਚੜ੍ਹਦੀਕਲਾ ਵੱਲ ਲੈ ਜਾਣ ਲਈ ਪਰਚਾਰ ਦੇ ਮੈਦਾਨ ਵਿੱਚ ਆ ਗਏ। ਇੱਥੇ ਇਹ ਜ਼ਿਕਰ ਕਰਨਾ ਵੀ ਜ਼ਰੂਰੀ ਬਣਦਾ ਹੈ ਕਿ ਪੰਥ ਅੰਦਰ ਸੇਵਾ ਸਿਮਰਨ ਦੀ ਲਹਿਰ ਸੰਤ ਮਹਾਰਾਜ ਬਾਬਾ ਅਤਰ ਸਿੰਘ ਜੀ ਵੱਲੋਂ ਚਲਾਈ ਗਈ, ਜਿਸ ਦਾ ਸਦਕਾ ਸਵੇਰੇ ਤਿੰਨ ਵਜੇ ਉੱਠ ਕੇ ਇਸ਼ਨਾਨ ਕਰਨ ਅਤੇ ਘਰ ਘਰ 'ਚੋਂ ਅੰਮ੍ਰਿਤ ਵੇਲੇ ਨਿੱਤ ਨੇਮ ਦੀਆਂ ਮਧੁਰ ਧੁੰਨਾਂ ਸੁਣਾਈ ਦੇਣ ਲੱਗੀਆਂ। ਸੰਤ ਜੀ ਮਹਾਰਾਜ ਪਿੰਡ ਪਿੰਡ 'ਚ ਦੀਵਾਨ ਸਜਾ ਕੇ ਭੁੱਲੇ ਭਟਕੇ ਲੋਕਾਂ ਨੂੰ ਮੁੜ ਗੁਰੂ ਨਾਲ ਜੋੜਨ ਲੱਗ ਪਏ। ਪਿੰਡ ਪਿੰਡ ਅੰਮ੍ਰਿਤ ਸੰਚਾਰ ਹੋਣ ਲੱਗੇ। ਰੋਜ਼ਾਨਾ ਹਜ਼ਾਰਾਂ ਪ੍ਰਾਣੀ ਗੁਰੂ ਵਾਲੇ ਬਣ ਕੇ ਜੀਵਨ ਦੇ ਸਹੀ ਮਾਰਗ ਦੇ ਅਨੁਯਾਈ ਬਣਨ ਲੱਗੇ। ਇਸ ਸਮੇਂ ਦੌਰਾਨ ਹੀ ਇੱਕ ਵਾਰ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਸੰਤ ਬਿਸ਼ਨ ਸਿੰਘ ਜੀ ਕਾਂਝਲੇ ਵਾਲਿਆਂ ਦਾ ਮਿਲਾਪ ਸੰਤ ਬਾਬਾ ਅਤਰ ਸਿੰਘ ਜੀ ਨਾਲ ਹੋ ਗਿਆ। ਸੰਤ ਬਾਬਾ ਅਤਰ ਸਿੰਘ ਜੀ ਉਸ ਮੌਕੇ ਪੋਠੋਹਾਰ ਦੇ ਇਲਾਕੇ ਵਿੱਚ ਧਰਮ ਪ੍ਰਚਾਰ ਕਰ ਰਹੇ ਸਨ। ਸੰਤ ਬਿਸ਼ਨ ਸਿੰਘ ਕਾਂਝਲਾ ਨੇ ਇਸ ਮਿਲਣੀ ਦੌਰਾਨ ਹੀ ਸੰਤ ਅਤਰ ਸਿੰਘ ਜੀ ਨੂੰ ਮਾਲਵੇ ਇਲਾਕੇ ਵਿੱਚ ਪ੍ਰਚਾਰ ਕਰਨ ਦੀ ਬੇਨਤੀ ਕੀਤੀ ਸੀ, ਜਿਸ ਨੂੰ ਸੰਤਾਂ ਨੇ ਸਵੀਕਾਰ ਕਰਕੇ ਕਾਂਝਲਾ ਵਿਖੇ ਆਉਣ ਦਾ ਬਚਨ ਸੰਤ ਬਾਬਾ ਬਿਸ਼ਨ ਸਿੰਘ ਜੀ ਨੂੰ ਦਿੱਤਾ। ਜ਼ਿਕਰਯੋਗ ਹੈ ਕਿ ਮਹਾਨ ਵਿਦਿਆਦਾਨੀ, ਧਾਰਮਿਕ ਸ਼ਖਸੀਅਤ ਸੰਤ ਅਤਰ ਸਿੰਘ ਜੀ ਦਾ ਜਨਮ 28 ਮਾਰਚ 1866 ਈਸਵੀ ਪਹਿਲੇ ਨਰਾਤੇ ਛੇਤ ਦੇ, ਸੰਮਤ 1923 ਬਿਕਰਮੀ ਨੂੰ ਜ਼ਿਲ੍ਹਾ ਸੰਗਰੂਰ ਦੇ ਪਿੰਡ ਚੀਮਾ ਵਿਖੇ ਸਰਦਾਰ ਕਰਮ ਸਿੰਘ ਜੀ ਤੇ ਮਾਤਾ ਭੋਲੀ ਜੀ ਦੇ ਗ੍ਰਹਿ ਵਿਖੇ ਹੋਇਆ। ਆਪ ਨੇ ਪਿੰਡ ਦੇ ਹੀ ਇੱਕ ਨਿਰਮਲੇ ਡੇਰੇ ਤੋਂ ਧਾਰਮਿਕ ਅਤੇ ਦੁਨਿਆਵੀ ਵਿਦਿਆ ਹਾਸਲ ਕੀਤੀ। 17 ਸਾਲ ਦੀ ਚੜ੍ਹਦੀ ਉਮਰੇ ਭਾਵ ਆਪ 1884 ਈਸਵੀ ਵਿਚ ਫੌਜ ਵਿਚ ਭਰਤੀ ਹੋ ਗਏ। ਫੌਜ ਵਿੱਚ ਹੀ ਆਪ ਜੀ ਨੇ ਪੰਜਾਂ ਪਿਆਰਿਆਂ ਰਾਹੀਂ ਗਿਆਨੀ ਠਾਕੁਰ ਸਿੰਘ ਪਾਸੋਂ ਅੰਮ੍ਰਿਤ ਦੀ ਅਮੁੱਲ ਦਾਤ ਪ੍ਰਾਪਤ ਕੀਤੀ। ਨੌਕਰੀ ਦੇ ਨਾਲ ਨਾਲ ਗੁਰਬਾਣੀ ਪੜ੍ਹਨ ਤੇ ਸੁਣਨ ਦਾ ਅਭਿਆਸ ਵੀ ਆਪ ਜੀ ਦਾ ਨਿਤਨੇਮ ਬਣ ਗਿਆ। ਪਿਤਾ ਜੀ ਦੇ ਸਵਰਗਵਾਸ ਹੋਣ ਤੋਂ ਬਾਅਦ ਆਪ ਫ਼ੌਜ 'ਚੋਂ ਵਾਪਸ ਪਿੰਡ ਚੀਮਾ ਆ ਗਏ। ਇਸ ਸਮੇਂ ਦੌਰਾਨ ਆਪ ਜੀ ਨੇ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਸਮੇਤ ਵੱਖ ਵੱਖ ਇਤਿਹਾਸਿਕ ਧਾਰਮਿਕ ਅਸਥਾਨਾਂ ਦੇ ਦਰਸ਼ਨ ਕੀਤੇ। ਇਹ ਕੌੜਾ ਸੱਚ ਹੈ ਕਿ ਸ਼ੇਰ ਏ ਪੰਜਾਬ ਮਹਾਰਾਜਾ ਰਣਜੀਤ ਸਿੰਘ ਦੇ ਅੱਧੀ ਸਦੀ ਦੇ ਹਲੇਮੀ ਖਾਲਸਾ ਰਾਜ ਦੇ ਸਮਾਪਤ ਹੋਣ ਬਾਅਦ ਸਿੱਖ ਕੌਮ ਅਸਲੋਂ ਹੀ ਰਸਤੇ ਤੋਂ ਥਿੜਕ ਗਈ, ਭਾਵ ਬਹੁ ਗਿਣਤੀ ਸਿੱਖਾਂ ਦੇ ਮਨਾਂ ਅੰਦਰ 1849 ਤੋਂ ਬਾਅਦ ਮੁੜ ਕਦੇ ਵੀ ਆਪਣੇ ਰਾਜ ਭਾਗ ਨੂੰ ਹਾਸਲ ਕਰਨ ਦੀ ਤੜਪ ਪੈਦਾ ਨਹੀਂ ਹੋਈ। ਚਤੁਰ ਚਲਾਕ ਲੋਕਾਂ ਨੇ ਸਿੱਖ ਕੌਮ ਦੇ ਮਨਾਂ ਅੰਦਰ ਬੜੀ ਚਤੁਰਾਈ ਦੇ ਨਾਲ ਆਪਣੇ ਰਾਜ ਭਾਗ ਦੀ ਥਾਂ ਭਾਰਤ ਦੀ ਅਜ਼ਾਦੀ ਪ੍ਰਾਪਤ ਕਰਨ ਦੇ ਅਜਿਹੇ ਭਾਂਬੜ ਬਾਲ ਦਿੱਤੇ, ਜਿਸ ਦੇ ਸੇਕ ਨੇ ਫਿਰੰਗੀ ਨੂੰ ਤਾਂ ਭਾਵੇਂ ਭਾਰਤ ਛੱਡਣ ਲਈ ਮਜਬੂਰ ਕਰ ਦਿੱਤਾ,ਪਰ ਆਪ ਖੁਦ ਅਜਿਹੀ ਦਲਦਲ ਵਿੱਚ ਫਸ ਗਏ, ਜਿਸ ਵਿੱਚੋਂ ਨਿਕਲਣਾ ਮੁਸ਼ਕਲ ਹੋ ਗਿਆ। ਇਸ ਤੋ ਉਪਰੰਤ ਸਿੱਖ ਧਰਮ ਅੰਦਰ ਮੁੜ ਤੋਂ ਵਹਿਮਾਂ ਭਰਮਾਂ, ਅੰਧ-ਵਿਸ਼ਵਾਸ, ਪਾਖੰਡਵਾਦ ਅਤੇ ਵਿਪਰਵਾਦ ਦਾ ਬੋਲਬਾਲਾ ਹੋ ਗਿਆ। ਕਿੰਨੇ ਦੁੱਖ ਦੀ ਗੱਲ ਹੈ ਕਿ ਜਿਸ ਖਾਲਸਾ ਰਾਜ ਅੰਦਰ ਵਿੱਦਿਆ ਦਾ ਪਾਸਾਰ ਦੁਨੀਆਂ ਨੂੰ ਪ੍ਰਭਾਵਤ ਕਰਦਾ ਸੀ, ਉਸ ਦੇਸ਼ ਪੰਜਾਬ ਅੰਦਰ ਹਰ ਪਾਸੇ ਅਨਪੜ੍ਹਤਾ, ਅਗਿਆਨਤਾ,ਅੰਧ ਵਿਸ਼ਵਾਸ ਅਤੇ ਪਾਖੰਡਵਾਦ ਦਾ ਪਸਾਰਾ ਹੋ ਗਿਆ। ਅਜਿਹੇ ਘੋਰ ਅੰਧੇਰ ਸਮੇਂ ਵਿਚ ਇਕ ਅਜਿਹੇ ਮਹਾਂਪੁਰਸ਼, ਮਹਾਨ ਤਪਸਵੀ, ਦੂਰ-ਅੰਦੇਸ਼ ਵਿਦਿਆ ਦਾਨੀ ਤੇ ਗੁਰਬਾਣੀ ਦੇ ਗਿਆਤਾ ਸੰਤ ਅਤਰ ਸਿੰਘ ਜੀ ਪਰਗਟ ਹੁੰਦੇ ਹਨ, ਜਿਨ੍ਹਾਂ ਨੇ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਰੌਸ਼ਨੀ ਵਿੱਚ ਆਪਣੇ ਵਿਚਾਰਾਂ, ਵਿਖਿਆਨਾਂ ਰਾਹੀਂ ਸਿੱਖਾਂ ਨੂੰ ਸਿੱਖੀ ਬਾਣੇ ਤੇ ਬਾਣੀ ਨਾਲ ਜੋੜ ਕੇ ਨਵੀਂ ਦਿਸ਼ਾ, ਦਸ਼ਾ ਤੇ ਗੁਰਸਿੱਖੀ ਜੀਵਨ ਦਿੱਤਾ। ਅਕਾਲ ਪੁਰਖ ਦੀ ਰਹਿਮਤ ਸਦਕਾ ਸੰਤ ਅਤਰ ਸਿੰਘ ਜੀ ਦੇ ਜ਼ਰੀਏ ਸਿੱਖੀ ਪ੍ਰਚਾਰ ਖੂਬ ਵਧਿਆ ਫੁਲਿਆ। ਅੰਮ੍ਰਿਤ ਸੰਚਾਰ ਦੀ ਲਹਿਰ ਪ੍ਰਚੰਡ ਕਰਕੇ ਲੱਖਾਂ ਲੋਕਾਂ ਨੂੰ ਗੁਰੂ ਲੜ ਲਾਇਆ। ਇੱਕ ਵਾਰ ਜਦੋਂ ਸੰਤ ਬਾਬਾ ਬਿਸ਼ਨ ਸਿੰਘ ਜੀ ਸ਼੍ਰੀ ਅੰਮ੍ਰਿਤਸਰ ਸਾਹਿਬ ਗਏ ਤਾਂ ਉਥੇ ਉਹਨਾਂ ਨੇ ਸੰਤ ਬਾਬਾ ਅਤਰ ਸਿੰਘ ਜੀ ਦਾ ਕੀਰਤਨ ਸ੍ਰਵਣ ਕੀਤਾ। ਉਸ ਤੋਂ ਉਪਰੰਤ ਸੰਤ ਬਿਸ਼ਨ ਸਿੰਘ ਜੀ ਉਨ੍ਹਾਂ ਵੱਲੋਂ ਦਿੱਤੇ ਸਮੇਂ 'ਤੇ ਜਾ ਕੇ ਸੰਤ ਬਾਬਾ ਅਤਰ ਸਿੰਘ ਜੀ ਨੂੰ ਰੇਲ ਗੱਡੀ ਰਾਹੀਂ ਸੰਗਰੂਰ ਤੋਂ ਰਥ ਰਾਹੀਂ ਪਿੰਡ ਕਾਂਝਲੇ ਵਿਖੇ ਲੈ ਕੇ ਆਏ। ਕਾਂਝਲਾ ਨਗਰ ਤੋਂ ਹੀ ਜਿਹੜੇ ਨਗਰਾਂ ਵਿੱਚ ਦੀਵਾਨ ਰੱਖੇ ਹੁੰਦੇ ਸਨ, ਸੰਤ ਬਾਬਾ ਅਤਰ ਸਿੰਘ ਜੀ ਨੂੰ ਰਥ 'ਤੇ ਲੈ ਕੇ ਜਾਂਦੇ ਸਨ ਅਤੇ ਨਾਲ ਨਾਲ ਹੀ ਸੰਤ ਬਾਬਾ ਬਾਬਾ ਜਗਤ ਸਿੰਘ ਜੀ ਵਾਲੇ ਅਸਥਾਨ ਮਸਤੂ ਦੇ ਝਿੜੇ ਦੀ ਸੇਵਾ ਸੰਭਾਲ ਵੀ ਕਰ ਰਹੇ ਸਨ। ਅਖੀਰ ਉਹ ਸਮਾਂ ਵੀ ਆਇਆ ਜਦੋਂ ਸੰਤ ਬਾਬਾ ਬਿਸ਼ਨ ਸਿੰਘ ਜੀ ਅਤੇ ਸੰਤ ਬਾਬਾ ਅਤਰ ਸਿੰਘ ਜੀ ਨੇ ਆਪਸੀ ਸਲਾਹ ਮਸ਼ਵਰਾ ਕਰਕੇ ਮਸਤੂ ਦੇ ਝਿੜੇ ਵਾਲੇ ਅਸਥਾਨ 'ਤੇ ਸਿੱਖੀ ਪ੍ਰਚਾਰ ਦਾ ਕੇਂਦਰ ਸਥਾਪਤ ਕਰਕੇ ਗੁਰਦੁਆਰਾ ਸਾਹਿਬ ਬਣਾਉਣ ਦੀ ਤਿਆਰੀ ਵਿੱਢ ਦਿੱਤੀ। ਇਥੇ ਇਹ ਵੀ ਦੱਸਣਾ ਬਣਦਾ ਹੈ ਕਿ ਇਸ ਝਿੜੇ ਦੀ ਨੇੜੇ ਲਗਦੇ ਪਿੰਡਾਂ ਦੀਆਂ ਮੇਰਾਂ ਕੀਤੀਆਂ ਹੋਈਆਂ ਸਨ, ਇਸ ਲਈ ਜਦੋਂ ਸੰਤ ਗੁਰਦੁਆਰਾ ਸਾਹਿਬ ਬਨਾਉਣ ਲੱਗੇ ਤਾਂ ਇੱਥੋਂ ਨਜ਼ਦੀਕੀ ਪਿੰਡ ਬਹਾਦਰਪੁਰ ਦੇ ਪੰਚ ਕਾਲਾ ਸਿੰਘ ਨਾਮ ਦੇ ਵਿਅਕਤੀ ਦੀ ਅਗਵਾਈ ਵਿੱਚ ਲੋਕਾਂ ਵੱਲੋਂ ਇਕੱਠੇ ਹੋ ਕੇ ਸੰਤ ਜੀ ਮਹਾਰਾਜ ਨੂੰ ਗੁਰਦੁਆਰਾ ਬਨਾਉਣ ਤੋਂ ਰੋਕ ਦਿੱਤਾ ਗਿਆ, ਜਿਸ ਤੋਂ ਉਪਰੰਤ ਸੰਤ ਬਾਬਾ ਅਤਰ ਸਿੰਘ ਜੀ ਉਪਰਾਮ ਹੋ ਕੇ ਮੁੜ ਕਾਂਝਲੇ ਵਿਖੇ ਜਾਣ ਲਈ ਤਿਆਰ ਹੋ ਗਏ,ਪ੍ਰੰਤੂ ਉਸ ਸਮੇਂ ਹੀ ਇਸ ਮੰਦਭਾਗੀ ਘਟਨਾ ਦਾ ਪਤਾ ਪਿੰਡ ਬਡਰੁੱਖਾਂ ਦੇ ਧਾਲੀਵਾਲ ਗੋਤ ਦੇ ਨੰਬਰਦਾਰ ਨੱਥਾ ਸਿੰਘ ਨੂੰ ਲੱਗਾ, ਤਾਂ ਉਹਨਾਂ ਤੁਰੰਤ ਝਿੜੇ ਵਿੱਚ ਪੁੱਜ ਕੇ ਸੰਤਾਂ ਨੂੰ ਆਪਣੀ ਮੇਹਰ ਵਾਲੀ ਜਗਾ 'ਤੇ ਗੁਰਦੁਆਰਾ ਸਥਾਪਿਤ ਕਰਨ ਦੀ ਬੇਨਤੀ ਕੀਤੀ, ਜਿਸ ਨੂੰ ਸਵੀਕਾਰ ਕਰਦਿਆਂ ਸੰਤਾਂ ਵੱਲੋਂ ਨੰਬਰਦਾਰ ਨੱਥਾ ਸਿੰਘ ਨੂੰ ਇਹ ਸ਼ਰਤ ਰੱਖੀ ਕਿ ਜੇਕਰ ਤੁਹਾਡਾ ਨਗਰ ਇਹ ਅਸਥਾਨ ਬਨਾਉਣ ਲਈ ਸਹਿਮਤ ਹੈ, ਤਾਂ ਸਵੇਰੇ ਅੰਮ੍ਰਿਤ ਵੇਲੇ ਸਮੂਹ ਨਗਰ ਨਿਵਾਸੀ, ਇਸ ਅਸਥਾਨ 'ਤੇ ਪੁੱਜ ਜਾਓ,ਤਾਂ ਕਿ ਆਪਾਂ ਅਰਦਾਸ ਕਰਕੇ ਪਵਿੱਤਰ ਕਾਰਜ ਦੀ ਸ਼ੁਰੂਆਤ ਕਰ ਸਕੀਏ ਅਤੇ ਨਾਲ ਹੀ ਸੁਤੇ ਸਿੱਧ ਸੰਤ ਜੀ ਮਹਾਰਾਜ ਨੇ ਬਚਨ ਕੀਤਾ ਸੀ ਕਿ ਭਾਈ ਕੋਈ ਗੱਲ ਨਹੀਂ ਗੁਰਦੁਆਰਾ ਸਾਹਿਬ ਉਸ ਅਸਥਾਨ 'ਤੇ ਵੀ ਜ਼ਰੂਰ ਬਣੇਗਾ, ਜਿੱਥੋਂ ਹੁਣ ਬਹਾਦਰਪੁਰ ਦੀ ਸੰਗਤ ਨੇ ਰੋਕ ਦਿੱਤਾ ਹੈ,ਪਰ ਉਹ ਅਸਥਾਨ ਸਾਡੇ ਤੋਂ ਬਾਅਦ ਬਣੇਗਾ, ਸੋ ਸੰਤ ਜੀ ਦੇ ਬਚਨ ਹੂ ਬ ਹੂ ਸੱਚ ਹੋਏ ਹਨ, ਕਿਉਂਕਿ ਜਿਸ ਅਸਥਾਨ 'ਤੇ ਅੱਜਕੱਲ ਗੁਰਦੁਆਰਾ ਸਿੰਘ ਸਭਾ ਮਸਤੂਆਣਾ ਸ਼ੁਸ਼ੋਭਿਤ ਹੈ,ਉਹ ਜ਼ਮੀਨ ਤੋਂ ਹੀ ਪਹਿਲਾਂ ਸੰਤ ਜੀ ਨੂੰ ਗੁਰਦੁਆਰਾ ਬਨਾਉਣ ਤੋਂ ਰੋਕਿਆ ਗਿਆ ਸੀ। ਇਸ ਤੋਂ ਉਪਰੰਤ ਪਿੰਡ ਬਡਰੁੱਖਾਂ ਦੇ ਹਿੱਸੇ ਵਾਲੀ ਝਿੜੇ ਦੀ ਜ਼ਮੀਨ ਨੂੰ ਸਾਫ ਕਰਕੇ 1902 ਈਸਵੀ (ਭਾਦੋਂ ਸੰਮਤ 1959 ਬਿਕਰਮੀ) ਵਿੱਚ ਗੁਰਦੁਆਰਾ ਸਾਹਿਬ ਦੀ ਉਸਾਰੀ ਅਰੰਭ ਕਰਨ ਲਈ ਗੁਰੂ ਸਾਹਿਬ ਤੋਂ ਆਗਿਆ ਲੈਣ ਹਿੱਤ ਸ੍ਰੀ ਅਖੰਡ ਪਾਠ ਸਾਹਿਬ ਪ੍ਰਕਾਸ਼ ਕੀਤੇ ਗਏ। ਅਖੰਡ-ਪਾਠ ਸਾਹਿਬ ਦੇ ਭੋਗ ਉਪਰੰਤ ਹੁਕਮਨਾਮਾ ਆਇਆ :

ਗੁਰ ਸਾਗਰੁ ਰਤਨੀ ਭਰਪੂਰੇ ॥ ਅੰਮ੍ਰਿਤੁ ਸੰਤ ਚੁਗਹਿ ਨਹੀ ਦੂਰੇ ॥
(ਸ਼੍ਰੀ.ਗੁ.ਗ੍ਰੰ. ਸਾਹਿਬ ਅੰਗ ੬੮੫ )

ਗੁਰਦੁਆਰਾ ਸਾਹਿਬ ਦੇ ਨਾਮ ਹੁਕਮਨਾਮੇ ਅਨੁਸਾਰ ਗੁਰਸਾਗਰ ਹੀ ਰੱਖਿਆ ਗਿਆ। ਇਸ ਤੋਂ ਉਪਰੰਤ ਸਰੋਵਰ ਦੀ ਸੇਵਾ ਹੋਈ। ਸੰਤ ਅਤਰ ਸਿੰਘ ਜੀ ਬਾਹਰ ਪ੍ਰਚਾਰ ਕਰਨ ਜਾਂਦੇ ਤੇ ਇੱਥੇ ਰਿਹਾਇਸ਼ ਲਈ ਬਣੇ ਬੁੰਗੇ ਵਿੱਚ ਹੀ ਰਹਿੰਦੇ ਸਨ। ਇਥੇ ਇਹ ਵੀ ਦੱਸਣਯੋਗ ਹੈ ਕਿ ਮਹਾਰਾਜਾ ਨਾਭਾ ਨੇ ਸੰਤਾਂ ਨੂੰ ਰਿਹਾਇਸ਼ ਲਈ ਕੋਠੀ ਵੀ ਬਣਾ ਕੇ ਦਿੱਤੀ ਸੀ ਪ੍ਰੰਤੂ ਸੰਤਾਂ ਨੇ ਉਸ ਕੋਠੀ ਵਿੱਚ ਰਿਹਾਇਸ਼ ਨਹੀਂ ਕੀਤੀ ਸੀ। (ਉਸ ਕੋਠੀ ਵਿੱਚ ਅੱਜ ਕੱਲ ਅਕਾਲ ਅਕੈਡਮੀ ਚੱਲ ਰਹੀ ਹੈ) ਸੰਤਾਂ ਨੇ ਮਾਲਵੇ ਇਲਾਕੇ ਅੰਦਰ ਵਿੱਦਿਆ ਦੀ ਘਾਟ ਨੂੰ ਮਹਿਸੂਸ ਕਰਦਿਆਂ 1906 ਵਿੱਚ ਅਕਾਲ ਕਾਲਜ ਬਣਾਉਣ ਦਾ ਫੈਸਲਾ ਕੀਤਾ,ਕਿਉਂਕਿ ਉਸ ਸਮੇਂ ਇਸ ਇਲਾਕੇ 'ਚ ਕੋਈ ਸਕੂਲ, ਕਾਲਜ ਨਹੀਂ ਸੀ। ਇਸ ਸਮੇਂ ਦੌਰਾਨ ਇਮਾਰਤ ਦੀ ਦੇਖ ਰੇਖ ਅਤੇ ਬਣਾਉਣ ਦਾ ਕੰਮ ਸੰਤ ਬਾਬਾ ਗੁਲਾਬ ਸਿੰਘ ਕਾਂਝਲਾ ਅਤੇ ਸੰਤ ਬਾਬਾ ਬਿਸ਼ਨ ਸਿੰਘ ਜੀ ਕਰਦੇ ਸੀ, ਇਸ ਕਾਲਜ ਦੀ ਅਤੇ ਇਮਾਰਤਾਂ ਦੀ ਸਾਰੀ ਤਿਆਰੀ ਹੋਣ ਉਪਰੰਤ ਸੰਤ ਬਾਬਾ ਅਤਰ ਸਿੰਘ ਜੀ ਨੇ ਇਥੋਂ ਦਾ ਪ੍ਰਬੰਧ ਕੌਂਸਲ ਬਣਾ ਕੇ ਕੌਂਸਲ ਨੂੰ ਸੌਂਪ ਦਿੱਤਾ। ਆਪ ਜੀ 31 ਜਨਵਰੀ 1927 ਦੀ ਰਾਤ ਨੂੰ ਸੰਗਰੂਰ ਵਿਖੇ ਸੰਤ ਅਤਰ ਸਿੰਘ ਜੀ ਸੰਸਾਰਕ ਯਾਤਰਾ ਪੂਰੀ ਕਰਕੇ ਗੁਰੂ ਚਰਨਾਂ ਵਿੱਚ ਜਾ ਬਿਰਾਜੇ। ਸੰਤ ਜੀ ਮਹਾਰਾਜ ਅਤਰ ਸਿੰਘ ਮਸਤੂਆਣੇ ਵਾਲਿਆਂ ਨੂੰ ਸ਼ਰਧਾ, ਸਤਿਕਾਰ ਭੇਂਟ ਕਰਨ ਲਈ ਹਰ ਸਾਲ 30, 31 ਜਨਵਰੀ ਅਤੇ 1 ਫਰਵਰੀ ਨੂੰ ਮਸਤੂਆਣਾ ਸਾਹਿਬ (ਸੰਗਰੂਰ) ਵਿਖੇ ਉਹਨਾਂ ਦੀ ਯਾਦ ਵਿੱਚ ਸਮਾਗਮ ਕਰਵਾਏ ਜਾਂਦੇ ਹਨ।

**ਸੰਤ ਮਹਾਰਾਜ ਬਾਬਾ ਅਤਰ ਸਿੰਘ ਜੀ ਮਸਤੂਆਣੇ ਵਾਲਿਆਂ ਦੀ ਮਹਾਨ ਸੇਵਾ ਨੂੰ ਗੰਧਲਾ ਕਰਨ ਵਾਲੀਆਂ ਸਾਜ਼ਿਸ਼ਾਂ:**

ਸਿੱਖ ਇਤਿਹਾਸ ਦੇ ਪੰਨਿਆਂ 'ਤੇ ਜਦੋਂ ਵੀ ਕਿਸੇ ਐਸੇ ਮਹਾਂਪੁਰਖ ਦਾ ਨਾਮ ਉਭਰਦਾ ਹੈ, ਜਿਸ ਨੇ ਆਪਣੀ ਜ਼ਿੰਦਗੀ ਗੁਰੂ ਦੇ ਆਸ਼ੇ ਅਨੁਸਾਰ ਜੀਅ ਕੇ ਪੰਥ ਨੂੰ ਨਵੀਂ ਚੇਤਨਾ, ਨਵਾਂ ਹੌਂਸਲਾ ਅਤੇ ਨਵੀਂ ਦਿਸ਼ਾ ਦਿੱਤੀ ਹੋਵੇ, ਤਾਂ ਉਸ ਮਹਾਂਪੁਰਖ ਦੀ ਸ਼ਖ਼ਸੀਅਤ ਸਿਰਫ਼ ਪ੍ਰੇਰਣਾ ਦਾ ਸਰੋਤ ਹੀ ਨਹੀਂ ਬਣਦੀ, ਸਗੋਂ ਸਿੱਖ ਵਿਰੋਧੀ ਤਾਕਤਾਂ ਦੀ ਅੱਖ ਵਿੱਚ ਕੰਡੇ ਵਾਂਗ ਚੁੱਭਣ ਲੱਗ ਪੈਂਦੀ ਹੈ। ਸੰਤ ਮਹਾਰਾਜ ਬਾਬਾ ਅਤਰ ਸਿੰਘ ਜੀ ਮਸਤੂਆਣੇ ਵਾਲੇ ਵੀ ਐਸੇ ਹੀ ਇੱਕ ਮਹਾਨ ਗੁਰਸਿੱਖ ਸਨ, ਜਿਨ੍ਹਾਂ ਦੀ ਰੂਹਾਨੀ ਉਚਾਈ, ਸਿੱਖੀ ਪ੍ਰਤੀ ਅਟੱਲ ਨਿਸ਼ਠਾ ਅਤੇ ਪੰਥਕ ਦਰਦ ਨੇ ਉਨ੍ਹਾਂ ਨੂੰ ਸਿਰਫ਼ ਆਪਣੇ ਸਮੇਂ ਦਾ ਹੀ ਨਹੀਂ, ਸਗੋਂ ਆਉਣ ਵਾਲੀਆਂ ਪੀੜ੍ਹੀਆਂ ਦਾ ਵੀ ਰਹਿਨੁਮਾ ਬਣਾਇਆ। ਪਰ ਦੁੱਖ ਦੀ ਗੱਲ ਇਹ ਹੈ ਕਿ ਜਿਹੜੀ ਕੌਮ ਨੂੰ ਆਪਣੇ ਮਹਾਂਪੁਰਖਾਂ ਨੂੰ ਸਿਰ ਮੱਥੇ ਬਿਠਾਉਣਾ ਚਾਹੀਦਾ ਸੀ, ਉਸੇ ਕੌਮ ਦੇ ਅੰਦਰੋਂ ਹੀ ਕੁਝ ਅਜਿਹੀਆਂ ਤਾਕਤਾਂ ਉਭਰੀਆਂ, ਜਿਨ੍ਹਾਂ ਨੇ ਜਾਣਬੁੱਝ ਕੇ ਜਾਂ ਅਣਜਾਣੇ ਵਿੱਚ, ਸੰਤ ਮਹਾਰਾਜ ਬਾਬਾ ਅਤਰ ਸਿੰਘ ਜੀ ਮਸਤੂਆਣੇ ਵਾਲਿਆਂ ਦੀ ਮਹਾਨ ਸੇਵਾ ਨੂੰ ਗੰਧਲਾ ਕਰਨ ਲਈ ਕੂੜ-ਪਰਚਾਰ ਦੀ ਮਸ਼ੀਨਰੀ ਚਲਾਈ। ਇਹ ਕੂੜ-ਪਰਚਾਰ ਸਿਰਫ਼ ਇੱਕ ਵਿਅਕਤੀ ਦੀ ਬਦਨਾਮੀ ਨਹੀਂ ਸੀ, ਸਗੋਂ ਇਹ ਸਿੱਖ ਕੌਮ ਦੇ ਇਤਿਹਾਸਕ ਅਧਾਰ ਅਤੇ ਪੰਥਕ ਆਤਮ-ਵਿਸ਼ਵਾਸ 'ਤੇ ਕੀਤਾ ਗਿਆ ਹਮਲਾ ਸੀ। ਸੰਤ ਮਹਾਰਾਜ ਬਾਬਾ ਅਤਰ ਸਿੰਘ ਜੀ ਦੇ ਖ਼ਿਲਾਫ਼ ਸਭ ਤੋਂ ਵੱਧ ਜੋ ਦੋਸ਼ ਉਛਾਲਿਆ ਗਿਆ, ਉਹ ਇਹ ਸੀ ਕਿ ਉਹ ਅੰਗਰੇਜ਼ ਹਕੂਮਤ ਦੇ "ਥਾਪੜੇ" ਨਾਲ ਸੰਤ ਬਣੇ ਸਨ ਅਤੇ ਅੰਗਰੇਜ਼ਾਂ ਨੇ ਉਨ੍ਹਾਂ ਨੂੰ ਇਸ ਲਈ ਅੱਗੇ ਕੀਤਾ ਸੀ ਤਾਂ ਜੋ ਸਿੱਖ ਕੌਮ ਨੂੰ ਰਾਜਨੀਤਕ ਸੰਘਰਸ਼ ਤੋਂ ਦੂਰ ਰੱਖਿਆ ਜਾ ਸਕੇ। ਇਹ ਦੋਸ਼ ਸੁਣਨ ਵਿੱਚ ਜਿੰਨਾ ਸਾਦਾ ਲੱਗਦਾ ਹੈ, ਅਸਲ ਵਿੱਚ ਉੱਨਾ ਹੀ ਖ਼ਤਰਨਾਕ ਅਤੇ ਵਿਨਾਸ਼ਕਾਰੀ ਹੈ। ਇਤਿਹਾਸ ਗਵਾਹ ਹੈ ਕਿ ਜਦੋਂ ਵੀ ਕਿਸੇ ਕੌਮ ਦੇ ਅਗੇਤਰੀ ਵਿਚਾਰਕ ਜਾਂ ਰੂਹਾਨੀ ਨੇਤਾ ਨੂੰ ਨਿਪਟਾਉਣਾ ਹੋਵੇ, ਤਾਂ ਉਸ 'ਤੇ "ਸਰਕਾਰੀਏ" ਹੋਣ ਦਾ ਠੱਪਾ ਲਗਾ ਦਿੱਤਾ ਜਾਂਦਾ ਹੈ। ਇਹ ਹਥਿਆਰ ਇਸ ਲਈ ਵੀ ਖ਼ਤਰਨਾਕ ਹੈ ਕਿਉਂਕਿ ਇਹ ਸਿੱਧਾ ਲੋਕਾਂ ਦੀਆਂ ਭਾਵਨਾਵਾਂ ਨੂੰ ਨਿਸ਼ਾਨਾ ਬਣਾਉਂਦਾ ਹੈ ਅਤੇ ਬਿਨਾਂ ਕਿਸੇ ਢੁੱਕਵੇਂ ਸਬੂਤ ਦੇ ਵੀ ਮਨਾਂ ਵਿੱਚ ਸ਼ੱਕ ਪੈਦਾ ਕਰਨ ਵਿੱਚ ਸਫਲ ਹੋ ਜਾਂਦਾ ਹੈ। ਪਰ ਸਵਾਲ ਇਹ ਹੈ ,ਕੀ ਸੰਤ ਮਹਾਰਾਜ ਅਤਰ ਸਿੰਘ ਜੀ ਨੇ ਕਦੇ ਆਪਣੇ ਆਪ ਨੂੰ ਸੰਤ ਕਹਾਇਆ, ਕੀ ਅੰਗਰੇਜ਼ ਹਕੂਮਤ ਵੱਲੋਂ ਉਨ੍ਹਾਂ ਨੂੰ ਕੋਈ ਸਰਕਾਰੀ ਖ਼ਿਤਾਬ ਦਿੱਤਾ ਗਿਆ ਅਤੇ ਕੀ ਉਨ੍ਹਾਂ ਦੀ ਜ਼ਿੰਦਗੀ ਅਤੇ ਕਰਮ ਅੰਗਰੇਜ਼ੀ ਹਕੂਮਤ ਦੇ ਹਿੱਤਾਂ ਨਾਲ ਮੇਲ ਖਾਂਦੇ ਸਨ ? ਇਨ੍ਹਾਂ ਸਵਾਲਾਂ ਦੇ ਜਵਾਬ ਸਾਫ਼ ਅਤੇ ਸਪੱਸ਼ਟ ਤੌਰ 'ਤੇ ਨਾਹ ਵਿੱਚ ਮਿਲਦੇ ਹਨ। ਕਿਉਂਕਿ ਇਤਿਹਾਸਕ ਤੱਥਾਂ ਅਨੁਸਾਰ, "ਸੰਤ"ਦੀ ਉਪਾਧੀ ਸੰਤ ਅਤਰ ਸਿੰਘ ਜੀ ਨੇ ਨਾ ਤਾਂ ਆਪਣੇ ਨਾਮ ਨਾਲ ਖੁਦ ਜੋੜੀ ਅਤੇ ਨਾ ਹੀ ਇਹ ਉਨ੍ਹਾਂ ਨੂੰ ਕਿਸੇ ਸਰਕਾਰੀ ਖਿਤਾਬ ਦੇ ਤੌਰ 'ਤੇ ਮਿਲੀ। ਇਹ ਉਪਾਧੀ ਉਨ੍ਹਾਂ ਨੂੰ 1915 ਈਸਵੀ ਵਿੱਚ ਫਿਰੋਜ਼ਪੁਰ ਵਿਖੇ ਹੋਈ ਸਿੱਖ ਐਜੂਕੇਸ਼ਨਲ ਕਾਨਫਰੰਸ ਦੌਰਾਨ, ਖਾਲਸਾ ਪੰਥ ਵੱਲੋਂ ਉਨ੍ਹਾਂ ਦੀ ਸਿੱਖੀ ਪ੍ਰਤੀ ਅਥਾਹ ਸੇਵਾ, ਰੂਹਾਨੀ ਉਚਾਈ ਅਤੇ ਕੌਮੀ ਦਰਦ ਨੂੰ ਵੇਖਦਿਆਂ ਦਿੱਤੀ ਗਈ।। ਇਹ ਉਹ ਸਮਾਂ ਸੀ ਜਦੋਂ ਖਾਲਸਾ ਰਾਜ ਦੇ ਪਤਨ ਤੋਂ ਬਾਅਦ ਪੰਜਾਬ ਦੀ ਸਮਾਜਿਕ, ਧਾਰਮਿਕ ਅਤੇ ਸਿੱਖਿਆਤਮਕ ਹਾਲਤ ਬਦ ਤੋਂ ਬਦਤਰ ਹੋ ਚੁੱਕੀ ਸੀ। ਸਿੱਖ ਕੌਮ, ਜੋ ਕਦੇ ਮਹਾਰਾਜਾ ਰਣਜੀਤ ਸਿੰਘ ਦੇ ਰਾਜ ਦੌਰਾਨ ਸ਼ਤ ਪ੍ਰਤੀਸ਼ਤ ਸਾਖਰ ਸੀ, ਅੰਗਰੇਜ਼ੀ ਹਕੂਮਤ ਦੇ ਸਮੇਂ ਅਨਪੜ੍ਹਤਾ, ਨਸ਼ਿਆਂ ਅਤੇ ਪਤਿਤਪੁਣੇ ਦੀ ਦਲਦਲ ਵਿੱਚ ਧੱਕੀ ਜਾ ਰਹੀ ਸੀ। ਇਸ ਅੰਧਕਾਰ ਵਿੱਚ ਸੰਤ ਅਤਰ ਸਿੰਘ ਜੀ ਇੱਕ ਦੀਵੇ ਵਾਂਗ ਉਭਰੇ,ਜਿਨ੍ਹਾਂ ਨੇ ਸਿੱਖੀ ਨੂੰ ਸਿਰਫ਼ ਰਸਮਾਂ ਤੱਕ ਸੀਮਿਤ ਨਹੀਂ ਰਹਿਣ ਦਿੱਤਾ, ਸਗੋਂ ਉਸਨੂੰ ਜੀਵਨ ਦੀ ਅੰਦਰੂਨੀ ਕ੍ਰਾਂਤੀ ਨਾਲ ਜੋੜਿਆ।

ਸੰਤ ਜੀ ਦੀ ਸੇਵਾ ਦਾ ਸਭ ਤੋਂ ਵੱਡਾ ਸਬੂਤ ਉਹ ਅੰਕੜਾ ਹੈ, ਜਿਸਨੂੰ ਕੂੜ-ਪਰਚਾਰ ਕਰਨ ਵਾਲੇ ਅਕਸਰ ਨਜ਼ਰਅੰਦਾਜ਼ ਕਰ ਜਾਂਦੇ ਹਨ। ਉਸ ਮੌਕੇ 15 ਲੱਖ ਤੋਂ ਵੱਧ ਅੰਮ੍ਰਿਤ ਅਭਿਲਾਖੀਆਂ ਨੂੰ ਅੰਮ੍ਰਿਤ ਛਕਾਉਣਾ,ਜਦੋਂ ਸਰਕਾਰੀ ਜਨਗਣਨਾ ਮੁਤਾਬਿਕ ਸਿੱਖਾਂ ਦੀ ਗਿਣਤੀ ਬੇਹੱਦ ਨੀਵੇਂ ਪੱਧਰ 'ਤੇ ਚਲੀ ਗਈ ਸੀ। ਇਹ ਅੰਕੜਾ ਇੱਕ ਪੰਥਕ ਕ੍ਰਾਂਤੀ ਸੀ। ਇਹ ਉਹ ਸਮਾਂ ਸੀ ਜਦੋਂ ਪਤਿਤਪੁਣੇ ਦੀ ਲਹਿਰ ਸਿੱਖ ਸਮਾਜ ਨੂੰ ਅੰਦਰੋਂ ਖੋਖਲਾ ਕਰ ਰਹੀ ਸੀ। ਕੇਸ ਕੱਟਣ, ਰਹਿਤ ਮਰਯਾਦਾ ਤੋਂ ਦੂਰ ਹੋਣਾ ਅਤੇ ਗੁਰਦੁਆਰਿਆਂ ਨਾਲੋਂ ਦਰਬਾਰਾਂ ਤੇ ਡੇਰਿਆਂ ਵੱਲ ਰੁਝਾਨ ਵਧ ਰਿਹਾ ਸੀ। ਸੰਤ ਅਤਰ ਸਿੰਘ ਜੀ ਨੇ ਨਾ ਸਿਰਫ਼ ਪਤਿਤਾਂ ਨੂੰ ਮੁੜ ਗੁਰੂ ਨਾਲ ਜੋੜਿਆ, ਸਗੋਂ ਗੈਰ-ਸਿੱਖਾਂ ਨੂੰ ਵੀ ਸਿੱਖੀ ਦੇ ਲੜ ਲਾਇਆ। ਜੇ ਉਹ ਅੰਗਰੇਜ਼ਾਂ ਦੇ ਏਜੰਟ ਹੁੰਦੇ, ਤਾਂ ਕੀ ਉਹ ਗੁਰੂ ਦੇ ਖਾਲਸੇ ਨੂੰ ਇੰਨਾ ਵਿਸ਼ਾਲ ਅਤੇ ਸ਼ਕਤੀਸ਼ਾਲੀ ਕਿਉਂ ਬਣਾਉਂਦੇ,ਇਹ ਵੀ ਸੋਚਣ ਦਾ ਵਿਸ਼ਾ ਹੈ। ਸੰਤ ਜੀ ਮਹਾਰਾਜ ਸਮਝਦੇ ਸਨ ਕਿ ਬਿਨਾਂ ਸਿੱਖਿਆ ਦੇ ਕੌਮ ਸਿਰਫ਼ ਭੀੜ ਬਣ ਕੇ ਰਹਿ ਜਾਂਦੀ ਹੈ।ਇਸੇ ਸੋਚ ਦੇ ਤਹਿਤ ਉਨ੍ਹਾਂ ਨੇ ਲਗਭਗ 500 ਗੁਰਦੁਆਰਿਆਂ ਦੀ ਸਥਾਪਨਾ ਅਤੇ 500 ਤੋਂ ਵੱਧ ਸਕੂਲਾਂ ਅਤੇ ਕਾਲਜਾਂ ਦੀ ਨੀਂਹ ਰੱਖੀ। ਇਹ ਕੰਮ ਕਿਸੇ ਇੱਕ ਵਿਅਕਤੀ ਦਾ ਨਹੀਂ, ਸਗੋਂ ਇੱਕ ਸੰਸਥਾਗਤ ਕ੍ਰਾਂਤੀ ਦਾ ਪ੍ਰਤੀਕ ਸੀ। ਸੰਤ ਜੀ ਦਾ ਮਕਸਦ ਸਿਰਫ਼ ਧਾਰਮਿਕ ਉਪਦੇਸ਼ ਦੇਣਾ ਨਹੀਂ ਸੀ, ਸਗੋਂ ਗੁਰਸਿੱਖ ਨੂੰ ਸਮਾਜਿਕ, ਨੈਤਿਕ ਅਤੇ ਬੌਧਿਕ ਤੌਰ 'ਤੇ ਮਜ਼ਬੂਤ ਕਰਨਾ ਸੀ। ਇਹ ਇੱਕ ਕੌੜਾ ਸੱਚ ਹੈ ਕਿ ਕਿਸੇ ਵੀ ਮਹਾਨ ਵਿਅਕਤੀ ਦੀ ਚਰਿੱਤਰ ਹੱਤਿਆ ਕਰਨ ਵਿੱਚ ਸਭ ਤੋਂ ਵੱਡੀ ਭੂਮਿਕਾ ਅਕਸਰ ਆਪਣਿਆਂ ਦੀ ਹੁੰਦੀ ਹੈ। ਸਿੱਖ ਵਿਰੋਧੀ ਤਾਕਤਾਂ ਨੇ ਇਸ ਕਮਜ਼ੋਰੀ ਨੂੰ ਬਖੂਬੀ ਵਰਤਿਆ ਅਤੇ ਕੁਝ ਲਾਲਚੀ, ਅਧੂਰੀ ਜਾਣਕਾਰੀ ਵਾਲੇ ਜਾਂ ਪ੍ਰਸਿੱਧੀ ਦੇ ਭੁੱਖੇ ਵਿਦਵਾਨਾਂ ਰਾਹੀਂ ਸੰਤ ਜੀ ਖ਼ਿਲਾਫ਼ ਸ਼ੱਕ ਦਾ ਬੀਜ ਬੀਜਿਆ। ਅੱਜ ਵੀ, ਦੁੱਖ ਦੀ ਗੱਲ ਹੈ ਕਿ ਕਈ ਪੜ੍ਹੇ-ਲਿਖੇ, ਆਪਣੇ ਆਪ ਨੂੰ ਅਗਾਂਹਵਧੂ ਅਤੇ ਬੁੱਧੀਜੀਵੀ ਕਹਾਉਂਦੇ ਲੋਕ, ਬਿਨਾਂ ਇਤਿਹਾਸਕ ਪੜਤਾਲ ਕੀਤੇ, ਇਸ ਕੂੜ ਨੂੰ ਸੱਚ ਬਣਾ ਕੇ ਪਰਚਾਰ ਰਹੇ ਹਨ।

ਸੰਤ ਮਹਾਰਾਜ ਬਾਬਾ ਅਤਰ ਸਿੰਘ ਜੀ ਦੀ ਸ਼ਖਸੀਅਤ ਨੂੰ ਦਾਗੀ ਕਰਨ ਦੀ ਕੋਸ਼ਿਸ਼ ਸਿਰਫ਼ ਇੱਕ ਇਤਿਹਾਸਕ ਗਲਤੀ ਨਹੀਂ, ਸਗੋਂ ਇੱਕ ਲਗਾਤਾਰ ਚੱਲ ਰਹੀ ਸਾਜ਼ਿਸ਼ ਹੈ,ਜਿਸਦਾ ਮਕਸਦ ਸਿੱਖ ਕੌਮ ਨੂੰ ਆਪਣੇ ਹੀ ਪੁਰਖਿਆਂ ਤੋਂ ਵੱਖ ਕਰਨਾ ਹੈ। ਸਾਨੂੰ ਇਹ ਸਮਝਣਾ ਹੋਵੇਗਾ ਕਿ ਜਦੋਂ ਅਸੀਂ ਆਪਣੇ ਮਹਾਂਪੁਰਖਾਂ 'ਤੇ ਚਿੱਕੜ ਸੁੱਟਦੇ ਹਾਂ, ਤਾਂ ਅਸਲ ਵਿੱਚ ਅਸੀਂ ਆਪਣੇ ਹੀ ਇਤਿਹਾਸਕ ਦਰਪਣ ਨੂੰ ਤੋੜ ਰਹੇ ਹੁੰਦੇ ਹਾਂ। ਜਿਹੜੇ ਲੋਕ ਸੰਤ ਮਹਾਰਾਜ ਬਾਬਾ ਅਤਰ ਸਿੰਘ ਜੀ ਮਸਤੂਆਣੇ ਵਾਲਿਆਂ ਨੂੰ ਅੰਗਰੇਜ਼ ਹਕੂਮਤ ਦਾ ਏਜੰਟ ਸਾਬਤ ਕਰਨ ਦੀ ਕੋਸ਼ਿਸ਼ ਕਰਦੇ ਹਨ, ਉਹ ਜਾਂ ਤਾਂ ਇਤਿਹਾਸ ਤੋਂ ਅਣਜਾਣ ਹਨ ਜਾਂ ਜਾਣਬੁੱਝ ਕੇ ਅੱਧਾ ਸੱਚ ਪੇਸ਼ ਕਰਦੇ ਹਨ। ਜੇ ਇਤਿਹਾਸ ਨੂੰ ਇਮਾਨਦਾਰੀ ਨਾਲ ਪੜ੍ਹਿਆ ਜਾਵੇ, ਤਾਂ ਇਹ ਗੱਲ ਬਿਨਾਂ ਕਿਸੇ ਸੰਦੇਹ ਦੇ ਸਪੱਸ਼ਟ ਹੋ ਜਾਂਦੀ ਹੈ ਕਿ ਸੰਤ ਸਮਾਜ ਅਤੇ ਗਦਰ ਲਹਿਰ ਦਰਮਿਆਨ ਗੂੜ੍ਹੇ, ਭਰੋਸੇਯੋਗ ਅਤੇ ਰਣਨੀਤਕ ਸਬੰਧ ਰਹੇ ਹਨ।

ਇਹ ਇੱਕ ਲੁਕਿਆ ਹੋਇਆ ਪਰ ਇਤਿਹਾਸਕ ਤੌਰ 'ਤੇ ਪ੍ਰਮਾਣਿਤ ਤੱਥ ਹੈ ਕਿ ਬਹੁਤ ਸਾਰੇ ਗਦਰੀ ਜੋਧੇ, ਅੰਗਰੇਜ਼ੀ ਹਕੂਮਤ ਦੀ ਨਿਗਾਹ ਤੋਂ ਬਚਣ ਲਈ, ਬਾਅਦ ਵਿੱਚ ਸੰਤਾਂ ਦੇ ਜਥੇ ਨਾਲ ਜੁੜੇ ਰਹੇ। ਸੰਤ ਅਤਰ ਸਿੰਘ ਜੀ ਮਹਾਰਾਜ ਦੀ ਸੰਸਥਾ ਦੇਸ਼ ਭਗਤਾਂ ਖਾਸ ਕਰਕੇ ਗਦਰੀ ਬਾਬਿਆਂ ਲਈ ਸੁਰੱਖਿਅਤ ਠਿਕਾਣਾ ਸੀ। ਅੰਗਰੇਜ਼ ਸਰਕਾਰ ਲਈ ਕਿਸੇ ਅਜਿਹੇ ਸੰਤਾਂ ਦੇ ਜੱਥੇ 'ਚ ਰਹਿੰਦੇ ਵਿਅਕਤੀ 'ਤੇ ਸਿੱਧਾ ਹੱਥ ਪਾਉਣਾ ਆਸਾਨ ਨਹੀਂ ਸੀ,ਜਿਨ੍ਹਾਂ ਦਾ ਜਨ ਅਧਾਰ ਬੇਹੱਦ ਵਿਸ਼ਾਲ ਹੋਵੇ, ਕਿਉਂਕਿ ਇਹ ਧਾਰਮਿਕ ਭਾਵਨਾਵਾਂ ਨਾਲ ਸਿੱਧੀ ਟੱਕਰ ਲੈਣ ਦੇ ਬਰਾਬਰ ਸੀ। ਇਸ ਕਰਕੇ ਕਈ ਗਦਰੀ ਬਾਬਿਆਂ ਨੇ ਆਪਣੀ ਪਹਿਚਾਣ ਗੁਪਤ ਰੱਖਦਿਆਂ, ਸੰਤਾਂ ਦੇ ਜਥੇ ਵਿੱਚ ਰਹਿ ਕੇ ਆਪਣਾ ਜੀਵਨ ਬਿਤਾਇਆ। ਸੰਤ ਮਹਾਰਾਜ ਬਾਬਾ ਅਤਰ ਸਿੰਘ ਜੀ ਮਸਤੂਆਣੇ ਵਾਲੇ ਕਿਸੇ ਰਾਜਨੀਤਕ ਮੰਚ ਤੋਂ ਭਾਸ਼ਣ ਨਹੀਂ ਦਿੰਦੇ ਸਨ, ਪਰ ਉਹਨਾਂ ਦੀ ਹਰ ਸੇਵਾ, ਹਰ ਉਪਦੇਸ਼ ਅਤੇ ਹਰ ਸੰਸਥਾ ਗੁਲਾਮੀ ਦੇ ਮਨੋਵਿਗਿਆਨ ਨੂੰ ਤੋੜਨ ਵਾਲੀ ਸੀ ਅਜਿਹੇ ਸੰਤ ਕਦੇ ਵੀ ਅੰਗਰੇਜ਼ਾਂ ਲਈ ਸੁਖਦਾਈ ਨਹੀਂ ਹੋ ਸਕਦੇ। ਇਸੇ ਕਰਕੇ ਸੰਤ ਜੀ ਖ਼ਿਲਾਫ਼ ਸਿੱਧੀ ਕਾਰਵਾਈ ਦੀ ਥਾਂ, ਚਰਿੱਤਰ ਘਾਤ ਅਤੇ ਸ਼ੱਕ ਦੀ ਰਾਜਨੀਤੀ ਅਪਣਾਈ ਗਈ। ਸੰਤ ਜੀ ਮਹਾਰਾਜ ਲਈ ਸਰਕਾਰੀਏ ਸੰਤ ਵਾਲਾ ਵਿਰਤਾਂਤ ਇਸ ਕਰਕੇ ਸਿਰਜਿਆ ਗਿਆ, ਕਿਉਂਕਿ ਜਦੋਂ ਅੰਗਰੇਜ਼ ਹਕੂਮਤ ਕਿਸੇ ਵਿਅਕਤੀ ਨੂੰ ਗ੍ਰਿਫ਼ਤਾਰ ਨਹੀਂ ਸੀ ਕਰ ਸਕਦੀ, ਤਾਂ ਉਹ ਉਸਨੂੰ ਸਮਾਜ ਵਿੱਚੋਂ ਅਲੱਗ ਕਰਨ ਦੀ ਕੋਸ਼ਿਸ਼ ਕਰਦੀ। ਸੰਤ ਅਤਰ ਸਿੰਘ ਜੀ ਦੇ ਮਾਮਲੇ ਵਿੱਚ ਵੀ ਇਹੀ ਰਣਨੀਤੀ ਵਰਤੀ ਗਈ, ਜਿਸਨੂੰ ਮੌਜੂਦਾ ਦੌਰ ਵਿੱਚ ਵੀ ਅੱਗੇ ਵਧਾਇਆ ਜਾ ਰਿਹਾ ਹੈ। ਇਹੀ ਕਾਰਨ ਹੈ ਕਿ ਅੱਜ ਵੀ ਕੁਝ ਲੋਕ ਬਿਨਾਂ ਸਰੋਤ, ਬਿਨਾਂ ਦਸਤਾਵੇਜ਼, ਸਿਰਫ਼ ਸੁਣਿਆ ਸੁਣਾਇਆ ਦੋਸ਼ ਦੁਹਰਾਉਂਦੇ ਆ ਰਹੇ ਹਨ। ਇਹ ਸਵਾਲ ਆਪਣੇ ਆਪ ਵਿੱਚ ਹੀ ਉਸ ਝੂਠ ਦਾ ਜਵਾਬ ਹੈ ਕਿ ਜੇਕਰ ਸੰਤ ਜੀ ਮਹਾਰਾਜ ਅੰਗਰੇਜ਼ ਹਕੂਮਤ ਦੇ ਪੱਖੀ ਹੁੰਦੇ,ਤਾਂ ਗਦਰੀ ਉਨ੍ਹਾਂ ਕੋਲ ਕਿਉਂ ਜਾਂਦੇ। ਆਪਣੀ ਜਾਨ ਜੋਖਮ 'ਚ ਪਾ ਕੇ ਸੰਤ ਜੱਥਿਆਂ 'ਚ ਕਿਉਂ ਰਹਿੰਦੇ।ਸੱਚ ਤਾਂ ਇਹ ਹੈ ਕਿ ਸੰਤ ਸਮਾਜ ਗਦਰ ਲਹਿਰ ਦੀ ਮੌਨ ਰੀੜ੍ਹ ਦੀ ਹੱਡੀ ਸੀ। ਸੰਤ ਅਤਰ ਸਿੰਘ ਜੀ ਦੀ ਰਣਨੀਤੀ ਗਦਰੀਆਂ ਵਰਗੀ ਤੁਰੰਤ ਹਿੰਸਕ ਨਹੀਂ ਸੀ, ਸਗੋਂ ਲੰਬੀ ਮਿਆਦ ਦੀ ਕੌਮੀ ਤਿਆਰੀ ਸੀ। ਉਹ ਜਾਣਦੇ ਸਨ ਕਿ ਬਿਨਾਂ ਸਿੱਖਿਆ ਤੋਂ ਅਜ਼ਾਦੀ ਅਧੂਰੀ ਹੈ ਅਤੇ ਬਿਨਾਂ ਗੁਰੂ ਨਾਲ ਜੁੜੇ ਮਨ ਦੇ, ਹਥਿਆਰ ਵੀ ਬੇਅਸਰ ਸਾਬਤ ਹੋਣਗੇ। ਇਸੇ ਲਈ ਉਹਨਾਂ ਨੇ ਗੁਰਦੁਆਰੇ ਬਣਾਏ, ਸਕੂਲ ਖੋਲ੍ਹੇ ਅਤੇ ਵਿਸ਼ਾਲ ਅੰਮ੍ਰਿਤ ਸੰਚਾਰ ਕਰਵਾਏ।ਸੰਤ ਮਹਾਰਾਜ ਬਾਬਾ ਅਤਰ ਸਿੰਘ ਜੀ ਮਸਤੂਆਣੇ ਵਾਲਿਆਂ ਨੂੰ ਅੰਗਰੇਜ਼ਾਂ ਦਾ ਏਜੰਟ ਕਹਿਣਾ,ਸਿਰਫ਼ ਇੱਕ ਵਿਅਕਤੀ ਦੀ ਨਹੀਂ,ਸਗੋਂ ਪੂਰੀ ਗਦਰ ਲਹਿਰ, ਸੰਤ ਸਮਾਜ ਅਤੇ ਸਿੱਖ ਵਿਚਾਰਧਾਰਾ ਦੀ ਤੌਹੀਨ ਹੈ।ਅੰਗਰੇਜ਼ੀ ਹਕੂਮਤ ਜਿੰਨੀ ਬੇਰਹਿਮ ਸੀ, ਉੱਨੀ ਹੀ ਚਤੁਰ ਵੀ ਸੀ। ਉਹ ਜਾਣਦੀ ਸੀ ਕਿ ਹਥਿਆਰਬੰਦ ਬਗਾਵਤ ਨੂੰ ਤਾਂ ਫੌਜ ਨਾਲ ਕੁਚਲਿਆ ਜਾ ਸਕਦਾ ਹੈ, ਪਰ ਗੁਰੂ ਦੀ ਸੋਚ ਵਿੱਚ ਪੈਦਾ ਹੋ ਰਹੀ ਇਨਕਲਾਬੀ ਚੇਤਨਾ ਸਭ ਤੋਂ ਵੱਡਾ ਖ਼ਤਰਾ ਹੈ। ਸੰਤ ਮਹਾਰਾਜ ਬਾਬਾ ਅਤਰ ਸਿੰਘ ਜੀ ਮਸਤੂਆਣੇ ਵਾਲੇ ਅੰਗਰੇਜ਼ੀ ਹਕੂਮਤ ਲਈ ਇੱਕ ਅਜਿਹਾ ਸਵਾਲ ਸਨ, ਜਿਸਦਾ ਸਿੱਧਾ ਜਵਾਬ ਨਹੀਂ ਸੀ। ਉਹ ਕਦੇ ਹਥਿਆਰ ਚੁੱਕਣ ਦੀ ਗੱਲ ਨਹੀਂ ਕਰਦੇ,ਉਹ ਕਦੇ ਸਰਕਾਰ ਵਿਰੁੱਧ ਨਾਅਰਾ ਨਹੀਂ ਲਗਾਉਂਦੇ,ਪਰ ਉਹ ਹਜ਼ਾਰਾਂ ਸਿੱਖਾਂ ਨੂੰ ਅੰਮ੍ਰਿਤਧਾਰੀ, ਨਿਡਰ ਅਤੇ ਸਿੱਖਿਅਤ ਕਰ ਰਹੇ ਸਨ। ਇਤਿਹਾਸਿਕ ਤੌਰ 'ਤੇ ਇਹ ਮੰਨਿਆ ਜਾਂਦਾ ਹੈ ਕਿ ਅਜਿਹੇ ਦੋਸ਼ ਖੁਫ਼ੀਆ ਮਨੋਵਿਗਿਆਨਕ ਜੰਗ ਦਾ ਹਿੱਸਾ ਹੁੰਦੇ ਹਨ। ਜਿਸਦਾ ਮਕਸਦ ਸੀ ਸੰਤਾਂ ਅਤੇ ਸਿੱਖ ਸੰਗਤਾਂ ਵਿਚਕਾਰ ਦੂਰੀ ਪੈਦਾ ਕਰਨੀ ਅਤੇ ਸਿੱਖ ਕੌਮ ਨੂੰ ਆਪਣੇ ਹੀ ਮਹਾਂਪੁਰਖਾਂ ਤੋਂ ਸ਼ੱਕ ਅਤੇ ਦੁਬਿਧਾ ਵਿੱਚ ਪਾਉਣਾ। ਸੱਚ ਤਾਂ ਇਹ ਹੈ ਕਿ ਸੰਤ ਮਹਾਰਾਜ ਬਾਬਾ ਅਤਰ ਸਿੰਘ ਜੀ ਮਸਤੂਆਣੇ ਵਾਲੇ ਹਕੂਮਤ ਦੇ ਸਾਥੀ ਨਹੀਂ, ਸਗੋਂ ਇੱਕ ਲੰਬੀ ਮਿਆਦ ਦਾ ਖ਼ਤਰਾ ਸਨ। ਸੋ ਅਜਿਹੇ ਕੂੜ ਪਰਚਾਰ ਤੋ ਅੱਜ ਵੀ ਸਿੱਖ ਆਵਾਮ ਨੂੰ ਸੁਚੇਤ ਹੋਣ ਦੀ ਜ਼ਰੂਰਤ ਹੈ।


ਇੰਡੀਅਨ ਬੈਂਕ Indian Bank ਇਲਾਹਾਬਾਦ ALLAHABAD

ਜ਼ੋਨਲ ਦਫਤਰ, ਐਸਸੀਓ 49-50, ਬੈਂਕ ਸਕੁਏਅਰ, ਸੈਕਟਰ 17-ਬੀ, ਚੰਡੀਗੜ੍ਹ-160017, ਫੋਨ : 0172-5033791, ਈਮੇਲ ਆਈਡੀ : zochandigarh@indianbank.co.in

**ਈ-ਨਿਲਾਮੀ ਵਿਕਰੀ ਸੂਚਨਾ**

ਚੱਲ/ਅਚੱਲ ਸੰਪੱਤੀ ਦੀ ਵਿਕਰੀ ਲਈ ਵਿਕਰੀ ਸੂਚਨਾ

ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 8 (6) ਦੀ ਵਿਵਸਥਾ ਨਾਲ ਪੜ੍ਹੇ ਜਾਣ ਵਾਲੇ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 ਦੇ ਅਧੀਨ ਅਚੱਲ ਸੰਪੱਤੀਆਂ ਦੀ ਵਿਕਰੀ ਬਾਰੇ ਈ-ਨਿਲਾਮੀ ਵਿਕਰੀ ਸੂਚਨਾ। ਆਮ ਕਰਕੇ ਜਨਤਾ ਅਤੇ ਵਿਸ਼ੇਸ਼ ਕਰਕੇ ਕਰਜ਼ਦਾਰ (ਾਂ) ਅਤੇ ਜ਼ਾਮਨ (ਾਂ) ਨੂੰ ਇਸ ਦੁਆਰਾ ਸੂਚਨਾ ਦਿੱਤੀ ਜਾਂਦੀ ਹੈ ਕਿ ਸੁਰੱਖਿਅਤ ਕਰਜ਼ਦਾਤਾ ਕੋਲ ਗਿਰਵੀ/ਬੰਦੀ ਨਿਮਨ ਦਰਸਾਈ ਅਚੱਲ ਸੰਪੱਤੀਆਂ, ਜਿਸ ਦਾ ਭੌਤਿਕ ਕਬਜ਼ਾ ਇੰਡੀਅਨ ਬੈਂਕ ਦੇ ਅਧਿਕਾਰਤ ਅਧਿਕਾਰੀ ਵੱਲੋਂ ਲਿਆ ਗਿਆ ਹੈ, ਦੀ ਵਿਕਰੀ ਨਿਮਨ ਲਿਖਤ ਕਰਜ਼ਦਾਰ ਤੋਂ ਇੰਡੀਅਨ ਬੈਂਕ, ਸੁਰੱਖਿਅਤ ਕਰਜ਼ਦਾਤਾ ਵੱਲ ਬਕਾਏ ਦੀ ਵਸੂਲੀ ਲਈ "ਜਿਵੇਂ ਹੈ ਜਿਥੇ ਹੈ", "ਜਿਵੇਂ ਹੈ ਜੋ ਹੈ ਆਧਾਰ" ਅਤੇ "ਜੋ ਵੀ ਉਥੇ ਹੈ ਅਧਾਰ" 'ਤੇ ਕੀਤੀ ਜਾਵੇਗੀ।

| ਸ਼ਾਖਾ ਦਾ ਨਾਮ ਅਤੇ ਕਰਜ਼ਦਾਰ (ਾਂ)/ਜ਼ਾਮਨਾ (ਾਂ) | ਅਚੱਲ ਸੰਪੱਤੀ/ਆਂ ਦੇ ਵੇਰਵੇ ਸੰਕੇਤਕ/ਭੌਤਿਕ ਕਬਜ਼ੇ ਦੀ ਕਿਸਮ ਰਾਹੀਂ | ਸੁਰੱਖਿਅਤ ਕਰਜ਼ੇ ਦੀ ਰਕਮ | ਰਾਖਵੀਂ ਕੀਮਤ | ਬਿਆਨਾ ਰਕਮ / ਬੋਲੀ ਵਾਧਾ ਰਕਮ / ਸੰਪੱਤੀ ਆਈਡੀ ਨੰ. |
|---|---|---|---|---|
| ਸ਼ਾਖਾ ਦਫਤਰ : ਪੋਲੋ ਗਰਾਊਂਡ ਪਟਿਆਲਾ ਫੋਨ ਨੰ. : 0175-5014373<br>1. ਮੈਸਰਜ਼ ਪਲੈਟੀਨਮ ਟੌਇਜ਼ ਪ੍ਰਾਈਵੇਟ ਲਿਮਿਟਡ (ਕਰਜ਼ਦਾਰ ਅਤੇ ਗਿਰਵੀਕਾਰ), ਰਜਿਸਟਰਡ ਦਫ਼ਤਰ: ਖੇਵਟ ਖਾਤਾ ਨੰਬਰ 5/5, ਖਸਰਾ ਨੰਬਰ 198/17 ਮਿੰਨ (2-19), ਪਿੰਡ ਮੁਗਲਮਾਜਰਾ, ਸਬ ਤਹਿਸੀਲ ਘਨੌਰ, ਪਟਿਆਲਾ, ਪੰਜਾਬ -140702 2) ਸ੍ਰੀ ਰਤਨਦੀਪ ਗਰਾਂਗ (ਮ੍ਰਿਤਕ) ਪੁੱਤਰ ਸ੍ਰੀ ਕੇਵਲ ਕ੍ਰਿਸ਼ਨ (ਡਾਇਰੈਕਟਰ ਅਤੇ ਜ਼ਾਮਨ), ਮ੍ਰਿਤਕ ਤੋਂ ਬਾਅਦ ਆਪਣੇ ਕਾਨੂੰਨੀ ਵਾਰਸਾਂ ਰਾਹੀਂ (1) ਸ਼੍ਰੀਮਤੀ ਪ੍ਰੀਤੀ ਗਰਾਂਗ ਪਤਨੀ ਸਵਰਗੀ ਸ੍ਰੀ ਰਤਨਦੀਪ ਗਰਾਂਗ, (ii) ਸਵਰਗੀ ਸ੍ਰੀ ਰਤਨਦੀਪ ਗਰਾਂਗ ਦੇ ਨਾਬਾਲਗ ਬੱਚੇ ਉਨ੍ਹਾਂ ਦੀ ਮਾਤਾ ਸ਼੍ਰੀਮਤੀ ਪ੍ਰੀਤੀ ਗਰਾਂਗ ਰਾਹੀਂ ਕੁਦਰਤੀ ਸਰਪ੍ਰਸਤ ਵਜੋਂ। ਪਤਾ: 732/6, ਆਦਰਸ਼ ਕਲੋਨੀ, ਭਾਦਸੋਂ ਰੋਡ, ਪਟਿਆਲਾ, ਪੰਜਾਬ -147001 3) ਸ਼੍ਰੀਮਤੀ ਪ੍ਰੀਤੀ ਗਰਾਂਗ ਪਤਨੀ ਸ੍ਰੀ ਰਤਨਦੀਪ ਗਰਾਂਗ (ਜ਼ਾਮਨ), ਪਤਾ: 732/6, ਆਦਰਸ਼ ਕਲੋਨੀ, ਭਾਦਸੋਂ ਰੋਡ, ਪਟਿਆਲਾ, ਪੰਜਾਬ -147001 4) ਸ੍ਰੀ ਕੇਵਲ ਕ੍ਰਿਸ਼ਨ ਪੁੱਤਰ ਸ੍ਰੀ ਓਮ ਪ੍ਰਕਾਸ਼ (ਡਾਇਰੈਕਟਰ ਅਤੇ ਜ਼ਾਮਨ), ਪਤਾ: 732/6, ਆਦਰਸ਼ ਕਲੋਨੀ, ਭਾਦਸੋਂ ਰੋਡ, ਪਟਿਆਲਾ, ਪੰਜਾਬ 147001 5) ਸ਼੍ਰੀਮਤੀ ਗੁਰਬਖਸ਼ ਕੌਰ ਪਤਨੀ ਸ੍ਰੀ ਕੇਵਲ ਕ੍ਰਿਸ਼ਨ (ਗਿਰਵੀਕਾਰ ਅਤੇ ਜ਼ਾਮਨ), ਪਤਾ: 732/6, ਆਦਰਸ਼ ਕਲੋਨੀ, ਭਾਦਸੋਂ ਰੋਡ, ਪਟਿਆਲਾ, ਪੰਜਾਬ 147001 6) ਮੈਸਰਜ਼ ਵੀਸੀਸੀ ਕੰਸਲਟੈਂਟਸ ਪ੍ਰਾਈਵੇਟ ਲਿਮਿਟਡ (ਕਾਰਪੋਰੇਟ ਜ਼ਾਮਨ) ਪਤਾ: ਰਜਿਸਟਰਡ ਦਫ਼ਤਰ: ਦੁਕਾਨ ਨੰਬਰ 46, ਲੀਲਾ ਭਵਨ, ਪਟਿਆਲਾ, ਪੰਜਾਬ। | ਜਾਇਦਾਦ: 1. ਮੈਸਰਜ਼ ਪਲੈਟੀਨਮ ਟੌਇਸ ਪ੍ਰਾਈਵੇਟ ਲਿਮਿਟਡ, ਮੁਗਲਮਾਜਰਾ, ਸਬ ਤਹਿਸੀਲ ਘਨੌਰ, ਪੰਜਾਬ ਵਿਖੇ ਸਥਿਤ 1.2897 ਏਕੜ (6 ਵਿੱਘਾ 3 ਬਿਸਵਾ 17 ਬਿਸਵਾਸੀ) ਮਾਪ ਦਾ ਉਦਯੋਗਿਕ ਪਲਾਟ ਅਤੇ ਇਮਾਰਤ ਦੇ ਸਾਰੇ ਭਾਗ ਅਤੇ ਹਿੱਸੇ ਜੋ ਕਿ ਮੈਸਰਜ਼ ਪਲੈਟੀਨਮ ਟੌਇਸ ਪ੍ਰਾਈਵੇਟ ਲਿਮਿਟਡ ਦੇ ਨਾਮ 'ਤੇ ਦਰਜ ਹੈ, ਵਿਕਰੀ ਡੀਡ ਨੰਬਰ 260 ਮਿਤੀ 27.07.2020, 788 ਮਿਤੀ 18.12.2020 ਅਤੇ 375 ਮਿਤੀ 04.09.2020 ਅਨੁਸਾਰ ਸਬ ਰਜਿਸਟਰਾਰ ਗੈਨੌਰ ਨਾਲ ਰਜਿਸਟਰਡ ਹੈ, ਜਿਸ ਵਿੱਚ ਮੈਸਰਜ਼ ਪਲੈਟੀਨਮ ਟੌਇਸ ਪ੍ਰਾਈਵੇਟ ਲਿਮਿਟਡ ਦੀ ਯੂਨਿਟ 'ਤੇ ਪਏ ਪਲਾਂਟ ਅਤੇ ਮਸ਼ੀਨਰੀ ਸ਼ਾਮਲ ਹਨ ਜਿਸ ਦਾ ਵੇਰਵਾ ਇਸ ਪ੍ਰਕਾਰ ਹੈ: 1) EDM ਡ੍ਰਿਲ, ਮਾਡਲ ਐਡਵਾਂਸ (ਮੇਕ: ਇਲੈਕਟਰਾਨਿਕਾ ਹਾਈਟੇਕ ਮਸ਼ੀਨਾਂ) 2) ਲੇਜ਼ਰ ਮਾਰਕਿੰਗ ਮਸ਼ੀਨ (ਮੇਕ: SLTL ਗਰੁੱਪ) 3) ਹਿਊਗ ਪ੍ਰੀਸੀਜ਼ਨ ਸੋਲਡਰ ਪੇਸਟ ਪ੍ਰਿੰਟਰ ਮਸ਼ੀਨ (ਮੇਕ: ਸੁਮਿਲੈਕਸ SMTT ਤਕਨਾਲੋਜੀ) 4) ਇੰਜੈਕਸ਼ਨ ਮੋਲਡਿੰਗ ਮਸ਼ੀਨ 100 ਟਨ (ਮੇਕ: JRD ਰਬੜ ਅਤੇ ਪਲਾਸਟਿਕ ਤਕਨਾਲੋਜੀ) 5) ਆਟੋਮੇਸ਼ਨ (ਮੇਕ: ਕੇ ਐਂਡ ਜੀ ਆਟੋਮੇਸ਼ਨ) 6) ਮੋਲਡ ਪਲੇਟਾਂ (ਮੇਕ: ਮੱਕੜ ਸਟੀਲ ਕੰਪਨੀ)। (ਕਬਜ਼ੇ ਦੀ ਕਿਸਮ: ਭੌਤਿਕ ਕਬਜ਼ਾ)। | ਰੁ. 2,27,87,363/- (ਦੋ ਕਰੋੜ ਸਤਾਈ ਲੱਖ ਸਤਾਸੀ ਹਜ਼ਾਰ ਤਿੰਨ ਸੌ ਤ੍ਰੇਹਠ ਰੁਪਏ ਕੇਵਲ) 27.01.2026 ਨੂੰ, 28.01.2026 ਤੋਂ ਅਗਲੇਰੇ ਵਿਆਜ, ਲਾਗਤਾਂ, ਹੋਰ ਫੀਸਾਂ ਅਤੇ ਖਰਚਿਆਂ ਸਮੇਤ। | ਸੰਪੱਤੀ : 1<br>ਜ਼ਮੀਨ ਅਤੇ ਇਮਾਰਤ:<br>2,18,23,000/- ਰੁਪਏ (ਦੋ ਕਰੋੜ ਅਠਾਰਾਂ ਲੱਖ ਤੇਈ ਹਜ਼ਾਰ ਰੁਪਏ ਕੇਵਲ) ਪਲਾਂਟ ਅਤੇ ਮਸ਼ੀਨਰੀ: 20,75,000/- ਰੁਪਏ (ਵੀਹ ਲੱਖ ਪੰਝੱਤਰ ਹਜ਼ਾਰ ਰੁਪਏ ਕੇਵਲ) ਲਾਗੂ ਦਰਾਂ ਅਨੁਸਾਰ ਜੀਐਸਟੀ ਕੁੱਲ ਸੰਯੁਕਤ ਰਿਜ਼ਰਵ ਕੀਮਤ: 2,38,98,000/- ਰੁਪਏ (ਦੋ ਕਰੋੜ ਅਠੱਤੀ ਲੱਖ ਅਠਾਨਵੇਂ ਹਜ਼ਾਰ ਰੁਪਏ ਕੇਵਲ) ਪਲਾਂਟ ਅਤੇ ਮਸ਼ੀਨਰੀ 'ਤੇ ਲਾਗੂ ਦਰਾਂ ਅਨੁਸਾਰ ਜੀਐਸਟੀ। | Rs. 23,89,800/-<br>Rs. 1,00,000/-<br>IDIB333841659501 |
| | ਜਾਇਦਾਦ: 2. ਵਪਾਰਕ ਜਾਇਦਾਦ ਦੇ ਸਾਰੇ ਭਾਗ ਅਤੇ ਹਿੱਸੇ ਜੋ ਕਿ ਦੁਕਾਨ ਨੰਬਰ 66 ਅਤੇ 67, ਧਮੋ ਮਾਜਰਾ, ਪਟਿਆਲਾ, ਪੰਜਾਬ ਵਿਖੇ 72.22 ਵਰਗ ਗਜ਼ ਮਾਪ ਦੀ ਹੈ, ਸ਼੍ਰੀਮਤੀ ਗੁਰਬਖਸ਼ ਕੌਰ ਪਤਨੀ ਸ੍ਰੀ ਕੇਵਲ ਕ੍ਰਿਸ਼ਨ ਦੇ ਨਾਮ 'ਤੇ ਦਰਜ ਹੈ। (ਕਬਜ਼ੇ ਦੀ ਕਿਸਮ: ਭੌਤਿਕ ਕਬਜ਼ਾ)। | | ਸੰਪੱਤੀ : 2<br>Rs. 16,28,000/- | Rs. 1,62,800/-<br>Rs. 10,000/-<br>IDIB333841659502 |
| 2. ਸ਼ਾਖਾ : ਸੈਕਟਰ 11, ਪੰਚਕੂਲਾ ਮੋਬ. ਨੰ. 798800896<br>1. ਸ਼੍ਰੀ ਅਮਿਤ ਕੁਮਾਰ ਦੂਬੇ ਪੁੱਤਰ ਜੈ ਪ੍ਰਕਾਸ਼ ਦੂਬੇ, ਪਤਾ: ਮਾਰਫਤ ਲੱਕੀ ਕਰਿਆਨਾ ਸਟੋਰ, ਖੰਦਰ ਭੰਡਾਰ ਦੇ ਨੇੜੇ, ਪਿੰਡ ਅਤੇ ਡਾਕਖਾਨਾ ਲਾਲੜੂ, ਤਹਿਸੀਲ ਡੇਰਾਬੱਸੀ, ਮੋਹਾਲੀ। 2. ਮੈਸਰਜ਼ ਦੀਪਕ ਸਪਿਨਰ ਲਿਮਿਟੇਡ ਪਤਾ: 1. 21 ਉਦਯੋਗਿਕ ਖੇਤਰ, ਬੱਦੀ, ਤਹਿਸੀਲ ਨਾਲਾਗੜ੍ਹ, ਜ਼ਿਲ੍ਹਾ ਸੋਲਨ। ਪਤਾ: 2. ਮਕਾਨ ਨੰ. 4811/82, EWS ਫਲੈਟ, ਦਾਦੂਮਾਜਰਾ, ਨੇੜੇ ਸੈਕਟਰ 38 (ਵੈਸਟ), ਚੰਡੀਗੜ੍ਹ। ਪਤਾ: 3. ਪਿੰਡ ਅਤੇ ਡਾਕਖਾਨਾ ਦੂਬੇਪੁਰ, ਤਹਿਸੀਲ ਕੇਰਕਾਤ, ਜ਼ਿਲ੍ਹਾ ਜੌਨਪੁਰ (ਯੂ.ਪੀ.) | ਮਕਾਨ ਨੰ: 120, ਜ਼ਮੀਨੀ ਮੰਜ਼ਿਲ, ਡਰੀਮ ਹਾਊਸ, ਪਿੰਡ ਆਲਮਗੀਰ (75 ਵਰਗ ਗਜ਼ ਦਾ 1/4) ਖੇਵਟ/ਖਤੌਨੀ ਨੰਬਰ 86/185, ਖਸਰਾ ਨੰ: 1133/869, ਕਿੱਤੇ 1, ਕੁੱਲ ਜ਼ਮੀਨ 4 ਬਿਘੇ 4 ਬਿਸਵਾ ਦਾ 7-1/2/1680=0 ਬਿੱਗਾ 0 ਬਿਸਵਾ 7-1/2 ਬਿਸਵਾਂਸੀ ਹਿੱਸਾ, ਕਵਰਡ ਏਰੀਆ 399.57 ਵਰਗ ਫੁੱਟ, ਐਮ.ਸੀ. ਲਾਲੜੂ, ਤਹਿਸੀਲ ਡੇਰਾਬੱਸੀ, ਐਸ.ਏ.ਐਸ. ਨਗਰ ਮੋਹਾਲੀ, ਪੰਜਾਬ ਹੱਦਬਸਤ ਨੰਬਰ 225, ਸ੍ਰੀ ਅਮਿਤ ਕੁਮਾਰ ਦੂਬੇ ਪੁੱਤਰ ਸ੍ਰੀ ਜੈ ਪ੍ਰਕਾਸ਼ (ਸਬ ਰਜਿਸਟਰਾਰ ਡੇਰਾਬੱਸੀ ਦੇ ਦਫ਼ਤਰ ਵਿੱਚ ਵਿਕਰੀ ਡੀਡ ਨੰਬਰ 1393 ਮਿਤੀ 17.07.2015 ਅਨੁਸਾਰ)। ਹੇਠ ਲਿਖੇ ਅਨੁਸਾਰ ਹੱਦਬੰਦੀ: ਉੱਤਰ: ਫਲੈਟ ਨੰਬਰ 119 ਗਰਾਊਂਡ ਫਲੋਰ, ਦੱਖਣ: 121 ਗਰਾਊਂਡ ਫਲੋਰ, ਪੂਰਬ: ਖਾਲੀ ਜ਼ਮੀਨ, ਪੱਛਮ: ਖੁੱਲ੍ਹੀ ਪਾਰਕਿੰਗ। (ਕਬਜ਼ੇ ਦੀ ਕਿਸਮ: ਭੌਤਿਕ ਕਬਜ਼ਾ) | (ਅਠਾਰਾਂ ਲੱਖ ਵੀਹ ਹਜ਼ਾਰ ਨੌਂ ਸੌ ਤੀਹ ਰੁਪਏ ਕੇਵਲ) 30.01.2026 ਨੂੰ 31.01.2026 ਤੋਂ ਅਗਲੇਰੇ ਵਿਆਜ, ਲਾਗਤਾਂ, ਹੋਰ ਫੀਸਾਂ ਅਤੇ ਖਰਚਿਆਂ ਸਮੇਤ। | Rs. 7,20,000/- | Rs. 72,000/-<br>Rs. 10,000/-<br>IDIB50287521977 |

| | |
|---|---|
| ਦਸਤਾਵੇਜ਼ਾਂ ਦੀ ਜਾਂਚ :- | ਲੜੀ ਨੰ. 1 ਦੇ ਲਈ 02.02.2026 ਤੋਂ 02.03.2026 ਅਤੇ ਲੜੀ ਨੰ. 02 ਦੇ ਲਈ 02.02.2026 ਅਤੇ 18.02.2026 ਨੂੰ ਸਵੇਰੇ 10.00 ਵਜੇ ਤੋਂ ਸ਼ਾਮ 04.00 ਵਜੇ ਤੱਕ |
| **ਬੋਲੀ ਜਮ੍ਹਾਂ ਕਰਨ ਦੀ ਆਖ਼ਰੀ ਮਿਤੀ ਅਤੇ ਸਮਾਂ | ਲੜੀ ਨੰ. 1 ਦੇ ਲਈ 05.03.2026 ਅਤੇ ਲੜੀ ਨੰ. 02 ਦੇ ਲਈ 18.02.2026 ਯਾਨਿ ਈ ਨਿਲਾਮੀ ਮਿਤੀ ਅਤੇ ਈ ਨਿਲਾਮੀ ਤੋਂ ਪਹਿਲਾਂ ਪੋਰਟਲ ਸਮਾਪਤੀ ਦਾ ਸਮਾਂ |
| ਈ-ਨਿਲਾਮੀ ਦੀ ਮਿਤੀ ਅਤੇ ਸਮਾਂ | ਲੜੀ ਨੰ. 1 ਦੇ ਲਈ 05.03.2026 (ਵੀਰਵਾਰ) ਅਤੇ ਲੜੀ ਨੰ. 02 ਦੇ ਲਈ 18.02.2026 (ਬੁੱਧਵਾਰ) ਸਵੇਰੇ 11.00 ਵਜੇ ਤੋਂ 05.00 ਵਜੇ ਤੱਕ (ਵਿਕਰੀ) ਖ਼ਤਮ ਹੋਣ ਤੱਕ ਹਰੇਕ ਦੇ ਲਈ 10 ਮਿੰਟਾਂ ਦੇ ਅਸੀਮਿਤ ਵਾਧੇ ਸਮੇਤ। |

ਇਹ ਪ੍ਰਕਾਸ਼ਨ ਉਕਤ ਕਰਜ਼ਦਾਰਾਂ ਅਤੇ ਜ਼ਾਮਨਾਂ ਲਈ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ 2002 ਦੇ ਨਿਯਮ 6 (2) ਅਤੇ 8 (6)/9(1) ਅਧੀਨ 30/15 ਰੋਜ਼ਾ ਸੂਚਨਾ ਹੈ

ਬੋਲੀਕਾਰਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਆਨਲਾਈਨ ਬੋਲੀ ਵਿੱਚ ਭਾਗ ਲੈਣ ਲਈ ਸਾਡੇ ਈ-ਨਿਲਾਮੀ ਸਰਵਿਸ ਪ੍ਰੋਵਾਈਡਰ **ਪੀਐਸਬੀ ਅਲਾਇੰਸ ਪ੍ਰਾ. ਲਿਮ.** ਦੀ ਵੈਬਸਾਈਟ (**https://baanknet.com**) ਦੇਖਣ। ਤਕਨੀਕੀ ਸਹਾਇਤਾ ਲਈ **ਕਿਰਪਾ ਕਰਕੇ** 8291220220 'ਤੇ **ਕਾਲ ਕਰੋ**। ਪੰਜੀਕਰਨ ਸਥਿਤੀ ਦੇ ਲਈ ਅਤੇ ਬਿਆਨਾ ਰਕਮ ਦੀ ਸਥਿਤੀ ਲਈ ਕਿਰਪਾ ਕਰਕੇ **support.baanknet@psballiance.com** 'ਤੇ ਈਮੇਲ ਕਰੋ। ਸੰਪੱਤੀ ਦੇ ਵੇਰਵਿਆਂ ਅਤੇ ਸੰਪੱਤੀ ਦੀ ਤਸਵੀਰ ਅਤੇ ਨਿਲਾਮੀ ਦੇ ਨਿਯਮ ਅਤੇ ਸ਼ਰਤਾਂ ਦੇ ਲਈ ਕਿਰਪਾ ਕਰਕੇ ਦੇਖੋ : **support.baanknet@psballiance.com** ਅਤੇ ਇਸ ਪੋਰਟਲ ਸਬੰਧੀ ਸਪਸ਼ਟੀਕਰਨਾਂ ਦੇ ਲਈ ਕਿਰਪਾ ਕਰਕੇ **ਪੀਐਸਬੀ ਅਲਾਇੰਸ ਪ੍ਰਾ. ਲਿਮ.**, ਸੰਪਰਕ ਨੰਬਰ 8291220220 'ਤੇ ਸੰਪਰਕ ਕਰੋ। ਬੋਲੀਕਾਰਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਵੈਬਸਾਈਟ **https://baanknet.com** ਵਿਚ ਸੰਪੱਤੀ ਲਈ ਭਾਲ ਕਰਦੇ ਸਮੇਂ ਉਕਤ ਦਰਸਾਏ ਸੰਪਤੀ ਆਈਡੀ ਨੰਬਰ ਦੀ ਵਰਤੋਂ ਕੀਤੀ ਜਾਵੇ।

ਮਿਤੀ : 31.01.2026 ਸਥਾਨ : ਚੰਡੀਗੜ੍ਹ ਅਧਿਕਾਰਤ ਅਧਿਕਾਰੀ



ਇੰਡੀਅਨ ਬੈਂਕ Indian Bank ਇਲਾਹਾਬਾਦ ALLAHABAD

ਜ਼ੋਨਲ ਦਫਤਰ, ਜਲੰਧਰ ਐਸਸੀਓ 44-ਸੀ, ਦੂਜੀ ਮੰਜ਼ਿਲ, ਅਰਬਨ ਅਸਟੇਟ, ਫੇਜ਼ 2 ਜਲੰਧਰ - 144022 E-mail: zojalandhar@indianbank.bank.in, M- 94176 43621

**ਈ-ਨਿਲਾਮੀ ਵਿਕਰੀ ਸੂਚਨਾ**

ਵਿਕਰੀ ਸੂਚਨਾ ਲਈ ਅਚੱਲ ਸੰਪੱਤੀ/ਆਂ ਦੀ ਵਿਕਰੀ

ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 9 (1) ਦੀ ਵਿਵਸਥਾ ਨਾਲ ਪੜ੍ਹੇ ਜਾਣ ਵਾਲੇ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 ਦੇ ਅਧੀਨ ਚੱਲ/ਅਚੱਲ ਸੰਪੱਤੀਆਂ ਦੀ ਵਿਕਰੀ ਬਾਰੇ ਈ-ਨਿਲਾਮੀ ਵਿਕਰੀ ਸੂਚਨਾ। ਆਮ ਕਰਕੇ ਜਨਤਾ ਅਤੇ ਵਿਸ਼ੇਸ਼ ਕਰਕੇ ਕਰਜ਼ਦਾਰ (ਾਂ)/ਸਹਿ ਕਰਜ਼ਦਾਰ(ਾਂ)/ਜ਼ਾਮਨ (ਾਂ) ਅਤੇ ਗਿਰਵੀਕਾਰ (ਾਂ) ਨੂੰ ਇਸ ਦੁਆਰਾ ਸੂਚਨਾ ਦਿੱਤੀ ਜਾਂਦੀ ਹੈ ਕਿ ਸੁਰੱਖਿਅਤ ਕਰਜ਼ਦਾਤਾ ਕੋਲ ਗਿਰਵੀ/ਬੰਦੀ ਨਿਮਨ ਦਰਸਾਈ ਚੱਲ/ਅਚੱਲ ਸੰਪੱਤੀਆਂ, ਜਿਸ ਦਾ ਸੰਕੇਤਕ/ਭੌਤਿਕ ਕਬਜ਼ਾ ਇੰਡੀਅਨ ਬੈਂਕ ਅਤੇ ਇੰਡੀਅਨ ਬੈਂਕ (ਤਤਕਾਲੀ ਇਲਾਹਾਬਾਦ ਬੈਂਕ, 01.04.2020 ਤੋਂ ਪ੍ਰਭਾਵੀ ਗਜ਼ਟ ਅਧਿਸੂਚਨਾ ਨੰਬਰ 133 (ਜੀਐਸਆਰ-156ਈ), ਮਿਤੀ 04.03.2020 ਦੇ ਅਨੁਸਾਰ) ਦੇ ਅਧਿਕਾਰਤ ਅਧਿਕਾਰੀ ਵੱਲੋਂ ਲਿਆ ਗਿਆ ਹੈ, ਦੀ ਵਿਕਰੀ "ਜਿਵੇਂ ਹੈ ਜਿਥੇ ਹੈ", "ਜਿਵੇਂ ਹੈ ਜੋ ਹੈ" ਅਤੇ "ਜੋ ਵੀ ਉਥੇ ਹੈ ਅਧਾਰ" 'ਤੇ ਨਿਮਨ ਦਰਸਾਈ ਮਿਤੀ ਨੂੰ ਨਿਮਨ ਦਰਸਾਏ ਕਰਜ਼ਦਾਰ (ਾਂ)/ਗਿਰਵੀਕਾਰ (ਾਂ) ਅਤੇ ਜ਼ਾਮਨ (ਾਂ) ਤੋਂ ਸੁਰੱਖਿਅਤ ਕਰਜ਼ਦਾਤਾ ਵੱਲ ਬਕਾਇਆ ਰਕਮ ਦੀ ਵਸੂਲੀ ਦੇ ਲਈ ਕੀਤੀ ਜਾਵੇਗੀ। **ਰਾਖਵੀਂ ਕੀਮਤ ਅਤੇ ਬਿਆਨਾ ਰਕਮ ਜਮ੍ਹਾਂ ਅਤੇ ਚੱਲ/ਅਚੱਲ ਸੰਪੱਤੀਆਂ** ਦੇ ਵੇਰਵੇ ਹੇਠਾਂ ਵੀ ਦਰਸਾਏ ਗਏ ਹਨ :-

| ਲ. ਨੰ. | ਸ਼ਾਖਾ ਦਾ ਨਾਮ ਅਤੇ ਕਰਜ਼ਦਾਰ (ਾਂ)/ਜ਼ਾਮਨ (ਾਂ) | ਅਚੱਲ ਸੰਪੱਤੀ/ਆਂ ਦੇ ਵੇਰਵੇ (ਕਬਜ਼ੇ ਦੀ ਕਿਸਮ) | ਸੁਰੱਖਿਅਤ ਕਰਜ਼ ਦੀ ਰਕਮ | ਰਾਖਵੀਂ ਕੀਮਤ | ਬਿਆਨਾ ਰਕਮ | ਬੋਲੀ ਸੁਰੱਖਿਅਤ ਕੀਮਤ | ਸੰਪੱਤੀ ਆਈਡੀ |
|---|---|---|---|---|---|---|---|
| 1. | ਬੀ/ਓ ਬਲਾਚੌਰ ਮੋਬ. ਨੰ. : 90567-44937<br>1) ਮੈਸਰਜ਼ ਗੁਰੂ ਨਾਨਕ ਵੈਲਡਿੰਗ ਵਰਕਸ, (ਕਰਜ਼ਦਾਰ) ਪਤਾ:- ਵਾਰਡ ਨੰ. 01, (ਸਿਆਣਾ), ਬਲਾਚੌਰ, ਐਸ.ਬੀ.ਐਸ.ਨਗਰ, ਜ਼ਿਲ੍ਹਾ ਨਵਾਂਸ਼ਹਿਰ, ਪੰਜਾਬ (144514), 2) ਸ੍ਰੀ ਜਸਵਿੰਦਰ ਸਿੰਘ ਪੁੱਤਰ ਤਰਸੇਮ ਸਿੰਘ (ਪ੍ਰੋਪਰਾਈਟਰ ਅਤੇ ਗਿਰਵੀਕਾਰ), ਪਤਾ:- ਵਾਰਡ ਨੰ. 01, (ਸਿਆਣਾ), ਬਲਾਚੌਰ, ਐਸ.ਬੀ.ਐਸ. ਨਗਰ, ਜ਼ਿਲ੍ਹਾ ਨਵਾਂਸ਼ਹਿਰ, ਪੰਜਾਬ (144514), 3) ਸ੍ਰੀ ਹਾਕਮ ਸਿੰਘ ਪੁੱਤਰ ਸ੍ਰੀ ਦਲੀਪ ਸਿੰਘ (ਜ਼ਾਮਨ), ਪਤਾ: ਪਿੰਡ ਗਹਿਨ, ਤਹਿਸੀਲ ਬਲਾਚੌਰ, ਐਸ.ਬੀ.ਐਸ. ਨਗਰ, ਜ਼ਿਲ੍ਹਾ. ਨਵਾਂਸ਼ਹਿਰ, ਪੰਜਾਬ (144514), 4) ਸ੍ਰੀ ਨਿਰਮਲ ਸਿੰਘ ਪੁੱਤਰ ਸ੍ਰੀ ਸਰਵਣ ਚੰਦ (ਜ਼ਾਮਨ) ਪਤਾ:- ਪਿੰਡ ਅਤੇ ਡਾਕਖਾਨਾ ਰੁੜਕੀ-ਮੁਗਲਾਂ, ਤਹਿਸੀਲ ਬਲਾਚੌਰ, ਐਸ.ਬੀ.ਐਸ.ਨਗਰ, ਜਿਲਾ ਨਵਾਂਸ਼ਹਿਰ, ਪੰਜਾਬ (144514) | 4 ਮਰਲੇ ਵਾਲੀ ਜਾਇਦਾਦ ਦੇ ਸਾਰੇ ਭਾਗ ਅਤੇ ਹਿੱਸੇ ਜਿਸ ਵਿੱਚ ਖੇਵਟ ਨੰਬਰ 489/460, ਖਤੌਨੀ ਨੰਬਰ 561, ਖਸਰਾ ਨੰਬਰ 28//15/35(0-4), ਪਿੰਡ ਸਿਆਣਾ, ਹੱਦਬਸਤ ਨੰਬਰ 215, ਤਹਿਸੀਲ ਬਲਾਚੌਰ, ਜ਼ਿਲ੍ਹਾ ਐਸ.ਬੀ. ਐਸ. ਨਗਰ ਵਿੱਚ ਸਥਿਤ, ਤਬਾਦਲਾ ਡੀਡ ਨੰਬਰ 3229 ਮਿਤੀ 20.11.2007, ਸਾਲ 2008-09 ਲਈ ਫਰਦ ਜਮ੍ਹਾਂਬੰਦੀ ਦੇ ਅਨੁਸਾਰ, ਸਬ ਰਜਿਸਟਰਾਰ, ਸਾਹਿਬ ਬਲਾਚੌਰ ਕੋਲ ਜਸਵਿੰਦਰ ਸਿੰਘ ਪੁੱਤਰ ਤਰਸੇਮ ਸਿੰਘ ਪੁੱਤਰ ਗਰੀਬੂ ਦੇ ਨਾਮ 'ਤੇ ਰਜਿਸਟਰਡ। ਹੇਠ ਲਿਖੇ ਅਨੁਸਾਰ ਹੱਦਬੰਦੀ: ਪੂਰਬ:- ਨਿਰੰਜਨ ਸਿੰਘ ਦਾ ਮਕਾਨ, ਉੱਤਰ:- ਜੋਗਿੰਦਰ ਪਾਲ ਦਾ ਪਲਾਟ, ਪੱਛਮ:- ਸੋਮ ਨਾਥ ਦੀ ਜਾਇਦਾਦ, ਦੱਖਣ:- ਗਲੀ (ਕਬਜ਼ੇ ਦੀਆਂ ਕਿਸਮਾਂ: ਸੰਕੇਤਕ) | 29.01.2026 ਨੂੰ ਬਕਾਇਆ ਰਕਮ 11,86,085/- ਰੁਪਏ (ਗਿਆਰਾਂ ਲੱਖ ਛਿਆਸੀ ਹਜ਼ਾਰ ਪਚਾਸੀ ਰੁਪਏ ਕੇਵਲ), ਜਿਸ ਵਿੱਚ 29.01.2026 ਤੋਂ ਵਿਆਜ, ਲਾਗਤਾਂ, ਹੋਰ ਫੀਸਾਂ ਅਤੇ ਖਰਚੇ ਸ਼ਾਮਲ ਹਨ। | Rs. 5,26,000/- | Rs. 52,600/- | Rs. 5,000/- | IDIBL8128 |
| 2. | ਬੀ/ਓ ਡੀਏਵੀ ਕਾਲਜ ਹੁਸ਼ਿਆਰਪੁਰ ਮੋਬ. ਨੰ. : 90567-44926<br>ਸ਼੍ਰੀਮਤੀ ਕੁਲਵਿੰਦਰ ਕੌਰ ਪਤਨੀ ਸ੍ਰੀ ਜਸਵੀਰ (ਕਰਜ਼ਦਾਰ ਅਤੇ ਗਿਰਵੀਕਾਰ) ਪਤਾ:-ਸਰਵੇ ਨੰਬਰ 63/9, ਬਜਵਾੜਾ ਪਿੰਡ, ਸ਼ਾਂਤੀ ਨਗਰ, ਹੁਸ਼ਿਆਰਪੁਰ (146001) | 12 ਮਰਲੇ 8 ਸਰਸਾਈ ਦੀ ਜ਼ਮੀਨ 'ਤੇ ਬਣੇ ਰਿਹਾਇਸ਼ੀ ਮਕਾਨ ਦੇ ਸਾਰੇ ਭਾਗ ਅਤੇ ਹਿੱਸੇ ਜੋ ਕਿ ਖਸਰਾ ਨੰਬਰ 63//9 (8-0), 12 (8-0), 21/2 (6-0), 20 (8-0), ਖਾਤਾ ਨੰਬਰ 1203/1266, 1204/1267, 1201/1264, 1202/1265, ਪਿੰਡ ਬਜਵਾੜਾ/355 ਵਿੱਚ ਜਮ੍ਹਾਂਬੰਦੀ 2015-2016 ਅਨੁਸਾਰ ਸ਼ਾਂਤੀ ਨਗਰ, ਪਿੰਡ ਬਜਵਾੜਾ, ਤਹਿਸੀਲ ਅਤੇ ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਸਥਿਤ ਸ਼੍ਰੀਮਤੀ ਕੁਲਵਿੰਦਰ ਕੌਰ ਪਤਨੀ ਸ੍ਰੀ ਜਸਵੀਰ ਦੇ ਨਾਮ 'ਤੇ ਵਿਕਰੀ ਡੀਡ ਨੰਬਰ 2018-19/156/1/3391 ਮਿਤੀ 08.01.2019 ਅਨੁਸਾਰ ਸਬ ਰਜਿਸਟਰਾਰ, ਹੁਸ਼ਿਆਰਪੁਰ ਨਾਲ ਰਜਿਸਟਰਡ। ਹੇਠ ਲਿਖੇ ਅਨੁਸਾਰ ਹੱਦਬੰਦੀ:-ਪੂਰਬ:- ਹੋਰਾਂ ਦੀ ਜਾਇਦਾਦ, ਪੱਛਮ:- ਰਸਤਾ (20'), ਉੱਤਰ:- ਬਹਾਦਰ ਕੁਮਾਰ ਦੀ ਜਾਇਦਾਦ, ਦੱਖਣ:- ਮੋਹਨ ਲਾਲ ਦੀ ਜਾਇਦਾਦ (ਕਬਜ਼ੇ ਦੀਆਂ ਕਿਸਮਾਂ: ਸੰਕੇਤਕ) | 29.01.2026 ਨੂੰ ਬਕਾਇਆ ਰਕਮ 9,89,757/- ਰੁਪਏ (ਨੌਂ ਲੱਖ ਉਨਾਸੀ ਹਜ਼ਾਰ ਸੱਤ ਸੌ ਸਤਵੰਜਾ ਰੁਪਏ ਕੇਵਲ), ਜਿਸ ਵਿੱਚ 29.01.2026 ਤੋਂ ਵਿਆਜ, ਲਾਗਤਾਂ, ਹੋਰ ਫੀਸਾਂ ਅਤੇ ਖਰਚੇ ਸ਼ਾਮਲ ਹਨ। | Rs. 17,65,000/- | Rs. 1,76,500/- | Rs. 25,000/- | IDIBL1576 |
| 3. | ਬੀ/ਓ ਮਾਹਿਲਪੁਰ ਮੋਬ. ਨੰ. : 79861-91574<br>1) ਸ੍ਰੀ ਮੁਕੇਸ਼ ਕੁਮਾਰ ਪੁੱਤਰ ਸ੍ਰੀ ਮੀਤ ਰਾਮ, (ਕਰਜ਼ਦਾਰ ਅਤੇ ਗਿਰਵੀਕਾਰ) ਪਤਾ: ਪਿੰਡ ਹਰਜੀਆਣਾ, ਹੁਸ਼ਿਆਰਪੁਰ (144530), 2) ਸ੍ਰੀ ਸੋਹਨ ਲਾਲ ਸਪੁੱਤਰ ਸ੍ਰੀ ਰਾਮ ਆਸਰਾ (ਜ਼ਾਮਨ), ਪਤਾ:- ਪਿੰਡ ਹਰੀਜਿਆਣਾ, ਜੈਜੋਂ, ਹੁਸ਼ਿਆਰਪੁਰ (144530) | ਪਲਾਟ ਨੰਬਰ 42 ਦੇ ਸਾਰੇ ਭਾਗ ਅਤੇ ਹਿੱਸੇ, ਜਿਸਦਾ ਮਾਪ 8 ਮਰਲੇ ਹੈ, ਜੋ ਕਿ ਖਸਰਾ ਨੰਬਰ 42//3/3(1-9), 8/1(4-1), 42//13/2(6-18), 18(7-17), 11 ਮਿੰਨ ਦੱਖਣ (5-18), 19/1(6-8), 11 ਮਿੰਨ ਉੱਤਰ (2-2), 1/103 ਹਿੱਸੇ 12/1(6-11) ਵਿੱਚੋਂ, ਬਗੋਰਾ ਰੋਡ, ਮਾਹਿਲਪੁਰ, ਤਹਿਸੀਲ ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਸਥਿਤ, ਸ੍ਰੀ ਮੁਕੇਸ਼ ਕੁਮਾਰ ਪੁੱਤਰ ਸ੍ਰੀ ਮੀਤ ਰਾਮ ਦੇ ਨਾਮ 'ਤੇ, ਵਿਕਰੀ ਡੀਡ ਨੰਬਰ 145 ਮਿਤੀ 28/04/2017 ਅਨੁਸਾਰ, ਜੋ ਕਿ ਸੰਯੁਕਤ ਸਬ ਰਜਿਸਟਰਾਰ, ਮਾਹਿਲਪੁਰ ਨਾਲ ਰਜਿਸਟਰਡ ਹੈ। ਹੱਦਬੰਦੀ:-ਪੂਰਬ:- ਸ੍ਰੀ ਮਦਨ ਲਾਲ (66'-0"), ਪੱਛਮ:- ਸ੍ਰੀ ਹਰਵਿੰਦਰ ਮਾਹੀ (66'-0"), ਉੱਤਰ:-ਰਾਸਤਾ (33'-0"), ਦੱਖਣ:- ਸ੍ਰੀ ਗੁਰਿੰਦਰ ਸਿੰਘ (33'-0") (ਕਬਜ਼ੇ ਦੀਆਂ ਕਿਸਮਾਂ: ਭੌਤਿਕ) | 29.01.2026 ਨੂੰ ਬਕਾਇਆ ਰਕਮ 42,19,908/- ਰੁਪਏ (ਬਿਆਲੀ ਲੱਖ ਉਨੀ ਹਜ਼ਾਰ ਨੌ ਸੌ ਅੱਠ ਰੁਪਏ ਕੇਵਲ), ਜਿਸ ਵਿੱਚ 29.01.2026 ਤੋਂ ਵਿਆਜ, ਲਾਗਤਾਂ, ਹੋਰ ਫੀਸਾਂ ਅਤੇ ਖਰਚੇ ਸ਼ਾਮਲ ਹਨ। | Rs. 11,48,000/- | Rs. 1,14,800/- | Rs. 10,000/- | IDIBA03250986481 |
| 4. | ਬੀ/ਓ ਕਪੂਰਥਲਾ ਮੋਬ. ਨੰ. : 95607-35168<br>1) ਸ੍ਰੀ ਰੋਹਿਤ ਖੰਨਾ ਪੁੱਤਰ ਸ੍ਰੀ ਨਰਿੰਦਰ ਖੰਨਾ (ਕਰਜ਼ਦਾਰ ਅਤੇ ਗਿਰਵੀਕਾਰ), ਪਤਾ:- ਮਕਾਨ ਨੰ 154, ਪ੍ਰਕਾਸ਼ ਐਵੇਨਿਊ, ਕਪੂਰਥਲਾ, ਪੰਜਾਬ (144601), 2) ਸ੍ਰੀ ਰਾਜਨ ਮਹਾਜਨ ਸਪੁੱਤਰ ਸ੍ਰੀ ਸਤਪਾਲ ਮਹਾਜਨ (ਜ਼ਾਮਨ) ਪਤਾ:- ਮਕਾਨ ਨੰ ਬੀ-31/119, ਤੇਲੀਆਂ ਵਾਲੀ ਗਲੀ, ਅੰਮ੍ਰਿਤ ਬਾਜ਼ਾਰ, ਜ਼ਿਲ੍ਹਾ ਕਪੂਰਥਲਾ, ਪੰਜਾਬ (144601) | 4 ਮਰਲੇ (91.33 ਵਰਗ ਗਜ਼) ਦੀ ਰਿਹਾਇਸ਼ੀ ਜਾਇਦਾਦ ਦੇ ਸਾਰੇ ਭਾਗ ਅਤੇ ਹਿੱਸੇ ਜੋ ਕਿ ਖਾਤਾ ਨੰਬਰ 891/1406, ਖਸਰਾ ਨੰਬਰ 3572/26-8 ਵਿੱਚ ਸ਼ਾਮਲ, ਕਪੂਰਥਲਾ ਗਰਬੀ (ਬ੍ਰਹਮਕੁੰਡ), ਤਹਿਸੀਲ ਅਤੇ ਜ਼ਿਲ੍ਹਾ ਕਪੂਰਥਲਾ ਵਿਖੇ ਸਥਿਤ ਕੁੱਲ ਰਕਬਾ 26K-08M ਦੇ 4/528 ਤੱਕ ਦਾ ਹਿੱਸਾ ਸ੍ਰੀ ਰੋਹਿਤ ਖੰਨਾ ਪੁੱਤਰ ਸ੍ਰੀ ਨਰਿੰਦਰ ਖੰਨਾ ਦੇ ਨਾਮ 'ਤੇ ਵਿਕਰੀ ਡੀਡ ਵਸੀਕਾ ਨੰਬਰ 920 ਮਿਤੀ 09/06/2016 ਅਨੁਸਾਰ ਸਬ ਰਜਿਸਟਰਾਰ, ਕਪੂਰਥਲਾ ਨਾਲ ਰਜਿਸਟਰਡ। ਹੱਦਬੰਦੀ: - ਉੱਤਰ: ਮਾਲਕ ਅਤੇ ਜੋਤੀ ਚੋਪੜਾ ਦੀ ਜਾਇਦਾਦ, ਦੱਖਣ: ਹੋਰ ਦੀ ਜਾਇਦਾਦ, ਪੂਰਬ: ਸੜਕ 15'3", ਪੱਛਮ: ਹੋਰ ਦੀ ਜਾਇਦਾਦ (ਕਬਜ਼ੇ ਦੀਆਂ ਕਿਸਮਾਂ: ਸੰਕੇਤਕ) | 23.01.2026 ਨੂੰ ਬਕਾਇਆ ਰਕਮ 10,16,849/- ਰੁਪਏ (ਦਸ ਲੱਖ ਸੋਲ੍ਹਾਂ ਹਜ਼ਾਰ ਅੱਠ ਸੌ ਉਨੰਜਾ ਰੁਪਏ ਕੇਵਲ), ਜਿਸ ਵਿੱਚ 23.01.2026 ਤੋਂ ਵਿਆਜ, ਲਾਗਤਾਂ, ਹੋਰ ਫੀਸਾਂ ਅਤੇ ਖਰਚੇ ਸ਼ਾਮਲ ਹਨ। | Rs. 12,90,000/- | Rs. 1,29,000/- | Rs. 10,000/- | IDIBL8481 |

ਈ-ਨਿਲਾਮੀ ਵੈਬਸਾਈਟ | ਸੰਪੱਤੀ ਦੀ ਤਸਵੀਰ | ਸੰਪੱਤੀ ਦਾ ਸਥਾਨ

| | |
|---|---|
| ਦਸਤਾਵੇਜ਼ਾਂ ਦੀ ਜਾਂਚ :- | 04.02.2026 ਤੋਂ 17.02.2026 ਨੂੰ ਸਵੇਰੇ 10.00 ਵਜੇ ਤੋਂ 04.00 ਵਜੇ |
| **ਬੋਲੀ ਜਮ੍ਹਾਂ ਕਰਨ ਦੀ ਆਖ਼ਰੀ ਮਿਤੀ ਅਤੇ ਸਮਾਂ | 18.02.2026 ਨੂੰ ਬਾ.ਦੁ. 03.00 ਵਜੇ |
| ਈ-ਨਿਲਾਮੀ ਦੀ ਮਿਤੀ ਅਤੇ ਸਮਾਂ | 18.02.2026 ਨੂੰ ਸਵੇਰੇ 11.00 ਵਜੇ ਤੋਂ ਬਾ.ਦੁ. 05.00 ਵਜੇ ਤੱਕ ਈ ਨਿਲਾਮੀ ਰਾਹੀਂ |

ਇਹ ਪ੍ਰਕਾਸ਼ਨ ਉਕਤ ਕਰਜ਼ਦਾਰਾਂ ਅਤੇ ਜ਼ਾਮਨਾਂ ਲਈ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ 2002 ਦੇ ਨਿਯਮ 6 (2) ਅਤੇ 9(1) ਅਧੀਨ 15 ਰੋਜ਼ਾ ਸੂਚਨਾ ਹੈ

ਬੋਲੀਕਾਰਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਆਨਲਾਈਨ ਬੋਲੀ ਵਿੱਚ ਭਾਗ ਲੈਣ ਲਈ ਸਾਡੇ ਈ-ਨਿਲਾਮੀ ਸਰਵਿਸ ਪ੍ਰੋਵਾਈਡਰ **ਪੀਐਸਬੀ ਅਲਾਇੰਸ ਪ੍ਰਾ. ਲਿਮ.** ਦੀ ਵੈਬਸਾਈਟ (**https://baanknet.com**) ਦੇਖਣ। ਤਕਨੀਕੀ ਸਹਾਇਤਾ ਲਈ **ਕਿਰਪਾ ਕਰਕੇ** 8291220220 'ਤੇ **ਕਾਲ ਕਰੋ**। ਪੰਜੀਕਰਨ ਸਥਿਤੀ ਦੇ ਲਈ ਅਤੇ ਬਿਆਨਾ ਰਕਮ ਦੀ ਸਥਿਤੀ ਲਈ ਕਿਰਪਾ ਕਰਕੇ **support.baanknet@psballiance.com** 'ਤੇ ਈਮੇਲ ਕਰੋ। ਸੰਪੱਤੀ ਦੇ ਵੇਰਵਿਆਂ ਅਤੇ ਸੰਪੱਤੀ ਦੀ ਤਸਵੀਰ ਅਤੇ ਨਿਲਾਮੀ ਦੇ ਨਿਯਮ ਅਤੇ ਸ਼ਰਤਾਂ ਦੇ ਲਈ ਕਿਰਪਾ ਕਰਕੇ ਦੇਖੋ : **support.baanknet@psballiance.com** ਅਤੇ ਇਸ ਪੋਰਟਲ ਸਬੰਧੀ ਸਪਸ਼ਟੀਕਰਨਾਂ ਦੇ ਲਈ ਕਿਰਪਾ ਕਰਕੇ **ਪੀਐਸਬੀ ਅਲਾਇੰਸ ਪ੍ਰਾ. ਲਿਮ.**, ਸੰਪਰਕ ਨੰਬਰ 8291220220 'ਤੇ ਸੰਪਰਕ ਕਰੋ। ਬੋਲੀਕਾਰਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਵੈਬਸਾਈਟ **https://baanknet.com** ਵਿਚ ਸੰਪੱਤੀ ਲਈ ਭਾਲ ਕਰਦੇ ਸਮੇਂ ਉਕਤ ਦਰਸਾਏ ਸੰਪਤੀ ਆਈਡੀ ਨੰਬਰ ਦੀ ਵਰਤੋਂ ਕੀਤੀ ਜਾਵੇ।

ਮਿਤੀ : 31.01.2026 ਸਥਾਨ :ਜਲੰਧਰ, ਅਧਿਕਾਰਤ ਅਧਿਕਾਰੀ

# ਭਗਤ ਰਵਿਦਾਸ ਜੀ ਦਾ ਸਮਾਜਿਕ ਬਰਾਬਰਤਾ ਤੇ ਆਪਸੀ ਭਾਈਚਾਰਕ ਸਾਂਝ ਦਾ ਸੰਦੇਸ਼ ਅੱਜ ਵੀ ਮਹੱਤਵਪੂਰਨ : ਬਾਦਲ




ਜਲੰਧਰ, 31 ਜਨਵਰੀ (ਸੁਖਦੇਵ ਸਿੰਘ ਉੜਾਪੜ): ਸ਼ੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਕਿਹਾ ਕਿ ਗੁਰੂ ਰਵੀਦਾਸ ਜੀ ਦਾ ਸਮਾਜਿਕ ਬਰਾਬਰਤਾ ਤੇ ਆਪਸੀ ਭਾਈਚਾਰਕ ਸਾਂਝ ਦਾ ਸੰਦੇਸ਼ ਅੱਜ ਵੀ ਉਨਾ ਹੀ ਮਹੱਤਵਪੂਰਨ ਹੈ ਜਿੰਨਾ 800 ਸਾਲ ਪਹਿਲਾਂ ਸੀ ਅਤੇ ਉਹਨਾਂ ਜ਼ੋਰ ਦੇ ਕੇ ਕਿਹਾ ਕਿ ਇਹ ਸਿਧਾਂਤ ਹੀ ਅਕਾਲੀ ਦਲ ਦੀ ਵਿਚਾਰਧਾਰਾ ਦਾ ਮੂਲ ਹਨ। ਅਕਾਲੀ ਦਲ ਦੇ ਪ੍ਰਧਾਨ ਗੁਰੂ ਰਵੀਦਾਸ ਜੀ ਦੇ 649ਵੇਂ ਪ੍ਰਕਾਸ਼ ਦਿਹਾੜੇ 'ਤੇ ਇਥੇ ਬੂਟਾ ਮੰਡੀ ਵਿਖੇ ਗੁਰੂ ਰਵੀਦਾਸ ਧਾਮ ਵਿਖੇ ਨਤਮਸਤਕ ਹੋਏ ਅਤੇ ਉਹਨਾਂ ਨਾਲ ਹੀ ਸੋਭਾ ਯਾਤਰਾ ਵਿਚ ਵੀ ਸ਼ਮੂਲੀਅਤ ਕੀਤੀ। ਉਹਨਾਂ ਜ਼ੋਰ ਦੇ ਕੇ ਕਿਹਾ ਕਿ ਗੁਰੂ ਰਵੀਦਾਸ ਜੀ ਨੇ ਮਨੁੱਖਤਾ ਨੂੰ ਸਾਰੇ ਧਰਮਾਂ ਦਾ ਸਤਿਕਾਰ ਕਰਨਾ ਸਿਖਾਇਆ। ਉਹਨਾਂ ਕਿਹਾ ਕਿ ਉਹਨਾਂ ਵਰਗੇ ਸੰਤਾਂ ਮਹਾਂਪੁਰਖਾਂ ਦੀਆਂ ਸਿੱਖਿਆਵਾਂ ਦੇ ਕਰ ਕੇ ਹੀ ਪੰਜਾਬ ਦੇ ਸਾਰੇ ਭਾਈਚਾਰਿਆਂ ਵਿਚ ਆਪਸੀ ਭਾਈਚਾਰਕ ਸਾਂਝ ਹੈ ਅਤੇ ਸੂਬੇ ਵਿਚ ਕਦੇ ਵੀ ਫਿਰਕੂ ਗੜਬੜ੍ਹ ਨਹੀਂ ਹੋਈ। ਉਹਨਾਂ ਕਿਹਾ ਕਿ ਅਕਾਲੀ ਦਲ ਨੇ ਵੀ ਇਕ ਮਿਸ਼ਨ ਵਜੋਂ ਆਪਸੀ ਭਾਈਚਾਰਕ ਸਾਂਝ ਕਾਇਮ ਰੱਖਣ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ ਹੈ ਤੇ ਹਮੇਸ਼ਾ ਤਰੱਕੀ ਅਤੇ ਖੁਸ਼ਹਾਲੀ ਦੇ ਰਾਹ 'ਤੇ ਸਾਰੇ ਧਰਮ ਦੇ ਲੋਕਾਂ ਨੂੰ ਨਾਲ ਲੈ ਕੇ ਚੱਲਿਆ ਹੈ।

ਬਾਦਲ ਨੇ ਇਹ ਵੀ ਕਿਹਾ ਕਿ ਪਿਛਲੇ 9 ਸਾਲਾਂ ਦੇ ਕੁਪ੍ਰਸ਼ਾਸਨ ਕਾਰਨ ਸੂਬੇ ਦਾ ਸ਼ਾਂਤਮਈ ਮਾਹੌਲ ਖਰਾਬ ਕੀਤਾ ਹੈ। ਉਹਨਾਂ ਕਿਹਾ ਕਿ ਫਿਰੌਤੀਆਂ ਤੇ ਮਿੱਥ ਕੇ ਕਤਲ ਰੋਜ਼ਾਨਾ ਦਾ ਕੰਮ ਹੋ ਗਏ ਹਨ ਤੇ ਗੈਂਗਸਟਰ ਰਾਜ ਕਰ ਰਹੇ ਹਨ। ਉਹਨਾਂ ਕਿਹਾ ਕਿ ਅਜਿਹੇ ਹਾਲਾਤ ਵਿਚ ਪੰਜਾਬੀਆਂ ਨੂੰ ਸ਼੍ਰੋਮਣੀ ਅਕਾਲੀ ਦਲ ਵਰਗੀ ਖੇਤਰੀ ਪਾਰਟੀ ਦੀ ਜ਼ਰੂਰਤ ਹੈ ਜਿਸਦੀਆਂ ਜੜ੍ਹਾਂ ਸੂਬੇ ਵਿਚ ਹਨ ਉਹ ਇਸ ਬੁਰਾਈ ਦਾ ਸਿੱਧਾ ਟਾਕਰਾ ਕਰ ਕੇ ਇਸਦਾ ਖ਼ਾਤਮਾ ਕਰ ਸਕਦੀ ਹੈ।

ਇਸ ਮੌਕੇ ਸੀਨੀਅਰ ਪਾਰਟੀ ਆਗੂ ਮਹਿੰਦਰ ਸਿੰਘ ਕੇ.ਪੀ. ਇਕਬਾਲ ਸਿੰਘ ਢੀਂਡਸਾ, ਕੁਲਵੰਤ ਸਿੰਘ ਮੰਨਣ, ਬਲਦੇਵ ਖਹਿਰਾ, ਬਚਿੱਤਰ ਸਿੰਘ ਕੋਹਾੜ, ਹਰਜਾਪ ਸਿੰਘ ਸੰਘਾ, ਹਰਿੰਦਰ ਸਿੰਘ ਢੀਂਡਸਾ, ਐਚ.ਐਸ. ਵਾਲੀਆ ਤੇ ਸੁਖਦੀਪ ਸੁਕਾਰ ਤੇ ਹੋਰ ਆਗੂ ਵੀ ਅਕਾਲੀ ਦਲ ਦੇ ਪ੍ਰਧਾਨ ਦੇ ਨਾਲ ਸਨ।

# ਡੀਆਈਜੀ ਦਲਜੀਤ ਸਿੰਘ ਰਾਣਾ ਜ਼ਿਲ੍ਹਾ ਐਥਲੈਟਿਕਸ ਐਸੋਸੀਏਸ਼ਨ ਰੂਪਨਗਰ ਦੇ ਪ੍ਰਧਾਨ

ਸ੍ਰੀ ਅਨੰਦਪੁਰ ਸਾਹਿਬ, 31 ਜਨਵਰੀ (ਤਰਲੋਚਨ ਸਿੰਘ, ਹਰਪ੍ਰੀਤ ਸਿੰਘ): ਜ਼ਿਲ੍ਹਾ ਐਥਲੈਟਿਕਸ ਐਸੋਸੀਏਸ਼ਨ ਰੂਪਨਗਰ ਦੀ ਇੱਕ ਹੋਟਲ ਵਿਖੇ ਨਵੀਂ ਚੋਣ ਕੀਤੀ ਗਈ। ਇਸ ਚੋਣ ਮੀਟਿੰਗ 'ਚ ਪੰਜਾਬ ਐਥਲੈਟਿਕਸ



ਐਸੋਸੀਏਸ਼ਨ ਦੇ ਸਕੱਤਰ ਪ੍ਰੇਮ ਸਿੰਘ ਉਚੇਚੇ ਤੌਰ 'ਤੇ ਸ਼ਾਮਲ ਹੋਏ ਤੇ ਸੁਖਦੇਵ ਸਿੰਘ ਕਾਹਲੋਂ ਅਤੇ ਪ੍ਰਦੀਪ ਕੁਮਾਰ ਡੋਗਰਾ ਬਤੌਰ ਆਬਜ਼ਰਬਰ ਮੀਟਿੰਗ 'ਚ ਸ਼ਾਮਲ ਸਨ। ਇਸ ਸਬੰਧੀ ਹੋਰ ਜਾਣਕਾਰੀ ਸਾਂਝੀ ਕਰਦਿਆਂ ਜ਼ਿਲ੍ਹਾ ਐਥਲੈਟਿਕਸ ਐਸੋਸੀਏਸ਼ਨ ਦੇ ਸਾਬਕਾ ਸਕੱਤਰ ਉਲੰਪੀਅਨ ਰਣਜੀਤ ਸਿੰਘ ਨੇ ਦੱਸਿਆ ਕਿ ਉਕਤ ਚੋਣ ਅਬਜ਼ਰਬਰਾਂ ਦੀ ਨਿਗਰਾਨੀ 'ਚ ਪੰਜਾਬ ਪੁਲਿਸ 'ਚ ਬਤੌਰ ਡੀਆਈਜੀ ਸੇਵਾਵਾਂ ਨਿਭਾਅ ਰਹੇ ਦਲਜੀਤ ਸਿੰਘ ਰਾਣਾ ਨੂੰ ਸਰਬਸੰਮਤੀ ਨਾਲ ਪ੍ਰਧਾਨ ਚੁਣਿਆ ਗਿਆ ਅਤੇ ਐਥਲੈਟਿਕਸ ਕੋਚ ਜਗਬੀਰ ਸਿੰਘ ਜੱਗਾ ਨੂੰ ਸਕੱਤਰ ਨਿਯੁਕਤ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਹਾਜਰੀਨ ਮੈਂਬਰਾਂ ਦੀ ਸਹਿਮਤੀ ਨਾਲ ਪ੍ਰਿੰ: ਬਲਵਿੰਦਰ ਸਿੰਘ ਸਮੁੰਦੜੀਆਂ ਨੂੰ ਐਸੋਸੀਏਸ਼ਨ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਐਥਲੈਟਿਕਸ ਐਸੋਸੀਏਸ਼ਨ ਦੇ ਨਵੇਂ ਚੁਣੇ ਗਏ ਪ੍ਰਧਾਨ ਦਲਜੀਤ ਸਿੰਘ ਰਾਣਾ ਨੇ ਕਿਹਾ ਕਿ ਉਹ ਜ਼ਿਲ੍ਹੇ ਦੇ ਸਮੂਹ ਖਿਡਾਰੀਆਂ, ਖੇਡ ਪ੍ਰੇਮੀਆਂ, ਵੱਖ ਵੱਖ ਖੇਡ ਕਲੱਬਾਂ ਦੇ ਨੁਮਾਇੰਦਿਆਂ ਨੂੰ ਨਾਲ ਲੈ ਕੇ ਜ਼ਿਲ੍ਹਾ ਨੂੰ ਐਥਲੈਟਿਕਸ ਦੇ ਖੇਤਰ 'ਚ ਬੁਲੰਦੀਆਂ ਦੇ ਪਹੁੰਚਾਉਣ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ। ਉਨ੍ਹਾਂ ਕਿਹਾ ਕਿਹਾ ਕਿ ਭਾਵੇਂ ਉਹ ਪਿਛਲੇ ਲੰਮੇ ਸਮੇਂ ਤੋਂ ਪੁਲਿਸ ਵਿਭਾਗ 'ਚ ਸੇਵਾਵਾਂ ਨਿਭਾਅ ਰਹੇ ਹਨ ਪਰ ਉਹ ਆਪਣੇ ਬਚਪਨ ਤੋਂ ਹੀ ਖੇਡਾਂ ਤੋਂ ਜੁੜੇ ਹੋਏ ਹਨ। ਬਤੌਰ ਇੱਕ ਖਿਡਾਰੀ ਉਹ ਖਿਡਾਰੀਆਂ ਨੂੰ ਆਉਂਦੀਆਂ ਮੁਸ਼ਕਲਾਂ ਨੂੰ ਭਲੀਭਾਂਤ ਜਾਣਦੇ ਹਨ। ਉਨ੍ਹਾਂ ਭਰੋਸਾ ਦਵਾਇਆ ਕਿ ਉਹ ਹਰ ਛੋਟੇ ਵੱਡੇ ਖਿਡਾਰੀ ਨੂੰ ਦਰਜਾ ਬਾ ਦਰਜਾ ਪੂਰਾ ਮਾਣ ਸਨਮਾਨ ਦੇਣਗੇ। ਇਸ ਤੋਂ ਪਹਿਲਾਂ ਉਲੰਪੀਅਨ ਰਣਜੀਤ ਸਿੰਘ ਨੇ ਦੱਸਿਆ ਕਿ ਐਸੋਸੀਏਸ਼ਨ ਦੇ ਬਾਕੀ ਅਹੁੱਦੇਦਾਰਾਂ ਦੀ ਚੋਣ ਉਕਤ ਤਿੰਨੇ ਨਵੇਂ ਚੁਣੇ ਗਏ ਅਹੁੱਦੇਦਾਰਾਂ ਵੱਲੋਂ ਆਪਸੀ ਸਲਾਹ ਮਸਵਰੇ ਨਾਲ ਕੀਤੀ ਜਾਵੇਗੀ। ਮੀਟਿੰਗ 'ਚ ਹਾਜਰ ਸਮੂਹ ਪਤਵੰਤਿਆਂ ਨੇ ਨਵੇਂ ਚੁਣੇ ਗਏ ਅਹੁਦੇਦਾਰਾਂ ਨੂੰ ਸਨਮਾਨਿਤ ਕਰਦਿਆਂ ਵਧਾਈਆਂ ਵੀ ਦਿੱਤੀਆਂ। ਇਸ ਚੋਣ ਮੀਟਿੰਗ 'ਚ ਉਕਤ ਤੋਂ ਇਲਾਵਾ ਉਲੰਪੀਅਨ ਪਰਮਜੀਤ ਸਿੰਘ, ਕੈਪਟਨ ਬਹਾਦਰ ਸਿੰਘ ਬਰੂਵਾਲ, ਪ੍ਰਿੰ ਸੁਰਜੀਤ ਸਿੰਘ ਖੱਟੜਾ, ਸੀਨੀਅਰ ਕਾਂਗਰਸੀ ਆਗੂ ਬਲਬੀਰ ਸਿੰਘ ਭੀਰੀ, ਸਮਾਜਸੇਵੀ ਜੁਗਰਾਜ ਸਿੰਘ ਸੈਣੀ, ਐਥਲੈਟਿਕਸ ਕੋਚ ਅੰਮ੍ਰਿਤ ਕੌਰ, ਐਡਵੋਕੇਟ ਸੰਦੀਪ ਸਿੰਘ, ਬਜੁਰਗ ਦੌੜਾਕ ਬਾਬਾ ਕੁਲਵਿੰਦਰ ਸਿੰਘ, ਰਜਿੰਦਰ ਸਿੰਘ, ਕੈਪਟਨ ਦਰਸ਼ਨ ਸਿੰਘ, ਪ੍ਰਿੰ: ਸੁਖਵਿੰਦਰ ਸਿੰਘ, ਰਮਨਜੋਤ ਸਿੰਘ, ਪ੍ਰਦੀਪ ਸਿੰਘ ਕਾਲਾ ਆਦਿ ਤੋਂ ਇਲਾਵਾ ਵੱਡੀ ਗਿਣਤੀ ਪਤਵੰਤੇ ਹਾਜਰ ਸਨ।

# ਭਗਤ ਰਵਿਦਾਸ ਜੀ ਦੇ ਜਨਮ ਦਿਵਸ ਨੂੰ ਸਮਰਪਿਤ ਨਗਰ ਕੀਰਤਨ ਸਜਾਇਆ



ਦਸੂਹਾ, 31 ਜਨਵਰੀ (ਰਜਿੰਦਰ ਸਿੰਘ ਦਸੂਹਾ): ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਪ੍ਰਕਾਸ਼ ਉਤਸਵ ਨੂੰ ਸਮਰਪਿਤ ਮਹੱਲਾ ਧਰਮਪੁਰਾ ਦੀ ਸੰਗਤ ਵੱਲੋਂ ਗੁਰਦੁਆਰਾ ਸਾਹਿਬ ਵਿਖੇ ਅਰਦਾਸ ਕਰਨ ਉਪਰੰਤ ਨਗਰ ਕੀਰਤਨ ਦਾ ਆਯੋਜਨ ਕੀਤਾ ਗਿਆ ਇਹ ਨਗਰ ਕੀਰਤਨ ਜਪਾਨੀ ਕਲੋਨੀ, ਹੁਸ਼ਿਆਰਪੁਰ ਰੋਡ, ਕਹਿਰਵਾਲੀ, ਨਿਹਾਲਪੁਰ ਤੋਂ ਹੁੰਦਾ ਹੋਇਆ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਮਹਾਰਾਜ ਮਹੱਲਾ ਧਰਮਪੁਰ ਵਿਖੇ ਸਮਾਪਤ ਹੋਇਆ।

ਇਸ ਮੌਕੇ ਸੰਤ ਬਾਬਾ ਨਰੇਸ਼ ਗਿਰ ਜੀ ਡੇਰਾ 108 ਪੂਰਨ ਬ੍ਰਹਮ ਗਿਆਨੀ ਡੇਰਾ ਨੰਗਲ ਖੂੰਘੇ, ਬਾਬਾ ਕੁਲਬੀਰ ਚੰਦ ਕੁੱਲੀ ਵਾਲੇ, ਬਲਵਿੰਦਰ ਰਾਜ ਸਿੰਘ ਗੇਰਾ, ਇੰਦੂ, ਜਥੇਦਾਰ ਗੁਰਪ੍ਰੀਤ ਸਿੰਘ ਨੰਗਲ ਖੂੰਘਾ, ਐਮਸੀ ਚੰਦਰਸ਼ੇਖਰ ਬੰਟੀ, ਪ੍ਰਧਾਨ ਸੁਖਵਿੰਦਰ ਸਿੰਘ ਇੰਦੂ ਐਮਸੀ ਧਰਮਪੁਰ, ਗੁਰਦੇਵ ਸਿੰਘ ਬਬਲਾ, ਰਸ਼ਪਾਲ ਸਿੰਘ ਠੇਕੇਦਾਰ, ਕਰਮਜੀਤ ਸਿੰਘ,ਕਰਮ ਚੰਦ, ਲਛਮਣ ਦਾਸ, ਪਰਮਜੀਤ ਸਿੰਘ, ਲੱਕੀ ਠੇਠੀ ਮੋਬਾਇਲ,ਨਗਰ ਕੀਰਤਨ ਵਿੱਚ ਸ਼ਾਮਲ ਸਨ ਕੱਲ ਇੱਕ ਫਰਵਰੀ ਨੂੰ ਗੁਰਦੁਆਰਾ ਸਾਹਿਬ ਵਿਖੇ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ ਅਤੇ ਇਸ ਉਪਰੰਤ ਗੁਰੂ ਦਾ ਲੰਗਰ ਅਟੁੱਟ ਵਰਤਾਇਆ ਜਾਏਗਾ।

# ਹਾਕੀ ਖਿਡਾਰੀਆਂ ਨੂੰ ਵੰਡੀਆਂ ਖੇਡ ਕਿੱਟਾਂ

ਸ੍ਰੀ ਅਨੰਦਪੁਰ ਸਾਹਿਬ, 31 ਜਨਵਰੀ (ਤਰਲੋਚਨ ਸਿੰਘ, ਹਰਪ੍ਰੀਤ ਸਿੰਘ): ਸ੍ਰੀ ਅਨੰਦਪੁਰ ਸਾਹਿਬ ਹਾਕੀ ਕਲੱਬ ਵੱਲੋਂ ਪਿਛਲੇ ਲੰਬੇ ਸਮੇਂ ਤੋਂ ਰਾਸ਼ਟਰੀ ਖੇਡ ਹਾਕੀ ਨੂੰ ਪ੍ਰਫੁੱਲਤ ਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਕਲੱਬ ਦੇ ਖਿਡਾਰੀਆਂ ਨੂੰ ਜਿੱਥੇ ਫ੍ਰੀ ਟ੍ਰੇਨਿੰਗ ਦਿੱਤੀ ਜਾਂਦੀ ਹੈ ਉਥੇ ਇਲਾਕੇ ਦੀ ਖੇਡ ਪ੍ਰੇਮੀਆਂ ਤੇ ਖੇਡ ਸੰਸਥਾਵਾਂ ਦੇ ਸਹਿਯੋਗ ਨਾਲ ਹਾਕੀ ਖੇਡ ਨਾਲ ਸੰਬੰਧਿਤ ਸਾਰਾ ਸਮਾਨ ਵੀ ਫ੍ਰੀ ਦਿੱਤਾ ਜਾਂਦਾ ਹੈ। ਇਸੇ ਲੜੀ ਤਹਿਤ ਰਾਊਂਡ ਗਲਾਸ ਫਾਊਂਡੇਸ਼ਨ ਵਲੋਂ ਭੇਜੀਆਂ ਗਈਆਂ ਖੇਡ ਕਿੱਟਾਂ ਖਿਡਾਰੀਆਂ ਨੂੰ ਤਕਸੀਮ ਕੀਤੀਆਂ ਗਈਆਂ। ਇਸ ਮੌਕੇ 'ਤੇ ਸ੍ਰੀ ਅਨੰਦਪੁਰ ਸਾਹਿਬ ਤੋਂ ਸੀਨੀਅਰ ਪੱਤਰਕਾਰ ਦਵਿੰਦਰਪਾਲ ਸਿੰਘ, ਅੰਕੁਸ਼ ਕੁਮਾਰ, ਸਮਾਜ ਸੇਵੀ ਅਰਸ਼ਵਰਿੰਦਰ ਕੌਰ, ਉਘੇ ਗਾਇਕ ਬਘੇਲ ਬਾਵਾ ਵਿਸ਼ੇਸ਼ ਤੌਰ ਤੇ ਪਹੁੰਚੇ ਅਤੇ ਓਹਨਾਂ ਵਲੋਂ ਖਿਡਾਰੀਆਂ ਨੂੰ ਇਹ ਕਿੱਟਾਂ ਵੰਡੀਆਂ ਗਈਆਂ। ਆਏ ਹੋਏ ਪਤਵੰਤਿਆਂ ਨੇ ਜਿੱਥੇ ਖਿਡਾਰੀਆਂ ਦੀ ਹੌਸਲਾ ਅਫਜਾਈ ਕੀਤੀ ਉੱਥੇ ਹੀ ਕਲੱਬ ਦੇ ਯਤਨਾਂ ਦੀ ਸਲਾਂਘਾ ਕੀਤੀ। ਇਸ ਮੌਕੇ ਸਮਾਜ ਸੇਵੀ ਅਰਸ਼ਵਰਿੰਦਰ ਕੌਰ ਵਲੋਂ ਹਾਕੀ ਖਿਡਾਰੀਆਂ ਲਈ ਸ੍ਰੀ ਅਨੰਦਪੁਰ ਸਾਹਿਬ ਵਿਖੇ ਹਾਕੀ ਟਰੱਫ ਬਣਾਉਣ ਦੀ ਵੀ ਮੰਗ ਕੀਤੀ ਗਈ। ਇਸ ਮੌਕੇ ਕੋਚ ਕਮਲਪ੍ਰੀਤ ਸਿੰਘ ਮੱਟੂ ਅਤੇ ਡਾ. ਵੀਰਪਾਲ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਰਾਊਂਡ ਗਲਾਸ ਸੰਸਥਾ ਪੰਜਾਬ ਵਿੱਚ ਖੇਡਾਂ ਦੇ ਪੱਧਰ ਨੂੰ ਉੱਚਾ ਚੁੱਕਣ ਲਈ ਲਗਾਤਾਰ ਯਤਨਸ਼ੀਲ ਹੈ ਅਤੇ ਇਹ ਸੰਸਥਾ ਸ੍ਰੀ ਅਨੰਦਪੁਰ ਸਾਹਿਬ ਹਾਕੀ ਕਲੱਬ ਦੀ ਹਮੇਸ਼ਾ ਸਹਿਯੋਗੀ ਰਹੀ ਹੈ। ਕਲੱਬ ਮੈਂਬਰ ਸਾਹਿਬਾਨ ਵੱਲੋਂ ਰਾਊਂਡ ਗਲਾਸ ਫਾਊਂਡੇਸ਼ਨ ਤੇ ਇਸ ਮੌਕੇ ਆਏ ਪਤਵੰਤਿਆਂ ਦਾ ਧੰਨਵਾਦ ਕੀਤਾ। ਇਸ ਮੌਕੇ ਸ਼ਹਿਰ ਦੇ ਪਤਵੰਤਿਆਂ ਤੇ ਖਿਡਾਰੀਆਂ ਦੇ ਮਾਪਿਆਂ ਤੋਂ ਇਲਾਵਾ ਮਾਸਟਰ ਜਸਕਰਨ ਸਿੰਘ, ਮਾਸਟਰ ਗਗਨ, ਸੈਕਟਰੀ ਕਾਬਲ ਸਿੰਘ, ਹਰਵਿੰਦਰ ਸਿੰਘ ਬੇਲਾ, ਹਰਬੰਸ ਕੌਰ, ਇੰਦਰਜੀਤ ਕੌਰ, ਬਲਵਿੰਦਰ ਕੌਰ, ਤਜਿੰਦਰ ਕੌਰ ਆਦਿ ਵੀ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।

# ਐੱਚ. ਆਰ.ਏ. ਇੰਟਰਨੈਸ਼ਨਲ ਸਕੂਲ ਵਿਖੇ 12ਵੀਂ ਕਲਾਸ ਦੀ ਵਿਦਾਇਗੀ ਪਾਰਟੀ ਹੋਈ




ਗੁਰਦਾਸਪੁਰ, 31 ਜਨਵਰੀ (ਜਸਵਿੰਦਰ ਸਿੰਘ): ਸਕੂਲ ਦੇ ਡਾਇਰੈਕਟਰ ਸੱਤਿਆ ਸੇਨ ਅਗਰਵਾਲ ਦੇ ਦਿਸ਼ਾ-ਨਿਰਦੇਸ਼ਾਂ ਹੇਠ ਐੱਚ. ਆਰ.ਏ ਇੰਟਰਨੈਸ਼ਨਲ ਸਕੂਲ ਗੁਰਦਾਸਪੁਰ ਵਿਖੇ ਬਾਰਵੀਂ ਕਲਾਸ ਦੀ ਵਿਦਾਇਗੀ ਪਾਰਟੀ ਹੋਈ ਇਸ ਮੌਕੇ ਉੱਤੇ ਸਕੂਲ ਦੇ ਚੇਅਰਮੈਨ ਹੀਰਾਮਨੀ ਅਗਰਵਾਲ, ਡਾਇਰੈਕਟਰ ਸੱਤਿਆ ਸੇਨ ਅਗਰਵਾਲ, ਆਂਚਲ ਅਗਰਵਾਲ, ਨੀਲੋਫਰ, ਸਵੀਨ ਪੁਰੀ ਤੇ ਨਵਦੀਪ ਕੌਰ ਵਿਸ਼ੇਸ਼ ਰੂਪ ਵਿੱਚ ਸ਼ਾਮਲ ਹੋਏ ਸਨ। ਪ੍ਰੋਗਰਾਮ ਵਿੱਚ ਆਏ ਹੋਏ ਮਹਿਮਾਨਾਂ ਨੇ ਸਕੂਲ ਦੇ ਸਟਾਫ਼ ਮੈਂਬਰਾਂ ਤੇ ਅਧਿਆਪਕਾਂ ਦੀ ਮੌਜੂਦਗੀ ਵਿੱਚ ਜਯੋਤੀ ਜਗਾ ਕੇ ਪ੍ਰਮਾਤਮਾ ਦਾ ਸ਼ੁਕਰਾਨਾ ਕੀਤਾ। ਇਸ ਮੌਕੇ ਗਿਆਰਵੀਂ ਕਲਾਸ ਦੇ ਵਿਦਿਆਰਥੀਆਂ ਨੇ ਪਾਰਟੀ ਵਿੱਚ ਹਾਜਰ ਹੋਏ ਮਹਿਮਾਨਾਂ ਦਾ ਤਹਿ ਦਿਲੋਂ ਸੁਆਗਤ ਕਰਦੇ ਹੋਏ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ। ਗਿਆਰਵੀਂ ਕਲਾਸ ਦੇ ਵਿਦਿਆਰਥੀਆਂ ਨੇ ਬਾਰ੍ਹਵੀਂ ਕਲਾਸ ਦੇ ਵਿਦਿਆਰਥੀਆਂ ਨੂੰ ਤਰ੍ਹਾਂ ਤਰ੍ਹਾਂ ਦੀਆਂ ਗੇਮਾਂ ਖਿਡਾ ਕੇ ਉਨ੍ਹਾਂ ਨੂੰ ਤੋਹਫ਼ੇ ਭੇਂਟ ਕੀਤੇ। ਇਸ ਮੌਕੇ ਉੱਤੇ ਗਿਆਰਵੀਂ ਕਲਾਸ ਦੇ ਵਿਦਿਆਰਥੀਆਂ ਅਤੇ ਵਿਦਿਆਰਥਣਾਂ ਨੇ ਬਹੁਤ ਹੀ ਵਧੀਆ ਡਾਂਸ ਪ੍ਰੋਗਰਾਮ ਪੇਸ਼ ਕਰਕੇ ਸਾਰਿਆਂ ਦਾ ਮਨੋਰੰਜਨ ਕੀਤਾ ਇਸ ਪਾਰਟੀ ਵਿੱਚ ਮਿਸਟਰ ਐੱਚ. ਆਰ. ਏ. (ਸਿਧਾਂਤ), ਐੱਚ. ਆਰ.ਏ (ਅਰਸ਼ਦੀਪ ਕੌਰ), ਹੈਂਡਸਮ (ਸਰਬਜੋਤ ਸਿੰਘ), ਚਾਰਮਿੰਗ (ਅੰਮ੍ਰਿਤ ਕੌਰ), ਮਿਸਟਰ ਡੀਸੈਂਟ (ਜਸਨੂਰ ਸਿੰਘ) ਤੇ ਡੀਸੈਂਟ (ਕੰਗਨਾ) ਨੂੰ ਚੁਣਿਆ ਗਿਆ। ਬਾਰਵੀਂ ਕਲਾਸ ਦੇ ਵਿਦਿਆਰਥੀਆਂ ਨੇ ਅਧਿਆਪਕਾਂ ਨੂੰ ਤੋਹਫੇ ਭੇਂਟ ਕਰਦਿਆਂ ਉਨ੍ਹਾਂ ਦੇ ਪ੍ਰਤੀ ਆਪਣੇ ਸਤਿਕਾਰ ਦੀ ਭਾਵਨਾ ਪ੍ਰਗਟ ਕੀਤੀ ਇਸ ਮੌਕੇ ਉੱਤੇ ਸਕੂਲ ਦੇ ਚੇਅਰਮੈਨ ਹੀਰਾਮਨੀ ਅਗਰਵਾਲ, ਡਾਇਰੈਕਟਰ ਸੱਤਿਆ ਸੇਨ ਅਗਰਵਾਲ, ਆਂਚਲ ਅਗਰਵਾਲ, ਡਾ. ਪਰਾਚੀ ਅਗਰਵਾਲ, ਨੀਲੋਫਰ, ਸਵੀਨ ਪੁਰੀ ਤੇ ਨਵਦੀਪ ਕੌਰ ਜੀ ਨੇ ਬਾਰਵੀਂ ਕਲਾਸ ਦੇ ਵਿਦਿਆਰਥੀਆਂ ਨੂੰ ਸ਼ੁੱਭ ਇੱਛਾਵਾਂ ਦਿੰਦਿਆਂ ਉਨ੍ਹਾਂ ਦੇ ਵਧੀਆ ਭਵਿੱਖ ਦੀ ਕਾਮਨਾ ਕੀਤੀ ਮੰਚ ਦਾ ਸੰਚਾਲਨ ਜੋਤੀ ਸੁਬਰੀਆ ਮੈਡਮ ਨੇ ਕੀਤਾ ਤੇ ਇਸ ਮੌਕੇ ਉੱਤੇ ਸਕੂਲ ਦੇ ਗਿਆਰਵੀਂ ਤੇ ਬਾਰਵੀਂ ਕਲਾਸ ਦੇ ਵਿਦਿਆਰਥੀਆਂ ਤੋਂ ਇਲਾਵਾ ਉਨ੍ਹਾਂ ਦੇ ਅਧਿਆਪਕ ਵੀ ਮੌਜੂਦ ਸਨ।

# ਕਾਲਾ ਅਫ਼ਗਾਨਾ ਵਿਖੇ 10 ਲੱਖ ਦੀ ਸਿਹਤ ਬੀਮਾ ਯੋਜਨਾ ਹੋਈ ਸ਼ੁਰੂ : ਪੰਨੂ



ਫਤਿਹਗੜ੍ਹ ਚੂੜੀਆਂ, 31 ਜਨਵਰੀ (ਰਾਜਨ ਸ਼ਰਮਾ): ਫਤਿਹਗੜ੍ਹ ਚੂੜੀਆਂ ਦੇ ਨਜ਼ਦੀਕ ਪੈਂਦੇ ਪਿੰਡ ਕਾਲਾ ਅਫਗਾਨਾ ਵਿਖੇ 10 ਲੱਖ ਦੀ ਸਿਹਤ ਬੀਮਾ ਯੋਜਨਾ ਸਬੰਧੀ ਕਾਰਡਾ ਦੀ ਸ਼ੁਰੂਆਤ ਕਰਵਾਉਣ ਮੌਕੇ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਵਿਸ਼ੇਸ਼ ਤੌਰ ਤੇ ਪਹੁੰਚੇ ਤੇ ਸਿਹਤ ਕਾਰਡ ਬਣਾਉਣ ਸਬੰਧੀ ਆਏ ਹੋਏ ਲੋਕਾਂ ਨੂੰ ਜਾਣਕਾਰੀ ਦਿੱਤੀ। ਗੱਲਬਾਤ ਦੌਰਾਨ ਬਲਬੀਰ ਸਿੰਘ ਪੰਨੂ ਨੇ ਕਿਹਾ ਕਿ ਬਿਨਾਂ ਕਿਸੇ ਭੇਦ ਭਾਵ ਤੇ ਇਸ ਸਿਹਤ ਬੀਮੇ ਦਾ ਲਾਭ ਲੋਕਾਂ ਨੂੰ ਪੰਜਾਬ ਸਰਕਾਰ ਵੱਲੋਂ ਦਿੱਤਾ ਜਾਵੇਗਾ। ਇਸ ਮੌਕੇ ਹਲਕਾ ਸੰਗਠਨ ਇੰਚਾਰਜ ਗਗਨਦੀਪ ਸਿੰਘ ਪੰਨੂ, ਅਵਤਾਰ ਸਿੰਘ ਰਾਜੂ ਆੜਤੀ ਕਾਲਾ ਅਫਗਾਨਾ, ਬਲਾਕ ਪ੍ਰਧਾਨ ਸ਼ਮਸ਼ੇਰ ਸਿੰਘ, ਬਲਾਕ ਪ੍ਰਧਾਨ ਹਰਦੀਪ ਸਿੰਘ, ਬਲਾਕ ਪ੍ਰਧਾਨ ਰਘਬੀਰ ਸਿੰਘ, ਭਰਪੂਰ ਸਿੰਘ ਸਰਪੰਚ ਤੇ ਪੰਚਾਇਤ ਮੈਂਬਰਾਂ ਤੋਂ ਇਲਾਵਾ ਲੋਕ ਹਾਜ਼ਰ ਸਨ।

# ਮਹਾਤਮਾ ਗਾਂਧੀ ਦੀਆਂ ਸਿੱਖਿਆਵਾਂ ਅੱਜ ਵੀ ਪੂਰੀ ਤਰ੍ਹਾਂ ਪ੍ਰਸੰਗਿਕ ਨੇ : ਆਦਿਤਿਆ ਗੁਪਤਾ



ਗੁਰਦਾਸਪੁਰ, 31 ਜਨਵਰੀ (ਜਗੀਰ ਸਿੰਘ ਮੰਡ/ਨਾਹਰ): ਦੇਸ਼ ਦੀ ਸੁਤੰਤਰਤਾ ਸੰਗਰਾਮ ਦੌਰਾਨ ਜਾਨਾਂ ਵਾਰਨ ਵਾਲੇ ਸ਼ਹੀਦਾਂ, ਸੰਗਰਾਮੀਆਂ ਅਤੇ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਜੀ ਦੇ ਬਲੀਦਾਨ ਦਿਵਸ ਸਬੰਧੀ, ਜ਼ਿਲ੍ਹਾ ਪੱਧਰ 'ਤੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸਮਾਗਮ ਕਰਵਾਇਆ ਗਿਆ, ਜਿਸ ਵਿਚ ਆਦਿਤਿਆ ਗੁਪਤਾ, ਸਹਾਇਕ ਕਮਿਸ਼ਨਰ (ਜਨਰਲ) ਗੁਰਦਾਸਪੁਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਤੇ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ। ਆਦਿਤਿਆ ਗੁਪਤਾ ਨੇ ਕਿਹਾ ਕਿ ਅੱਜ ਪੂਰੇ ਭਾਰਤ ਵਿਚ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਜੀ ਅਤੇ ਦੇਸ਼ ਦੀ ਖਾਤਰ ਜਾਨਾਂ ਵਾਰਨ ਵਾਲੇ ਸ਼ਹੀਦਾਂ ਦੀ ਯਾਦ ਵਿਚ ਸਮਾਗਮ ਕਰਵਾਏ ਗਏ ਹਨ ਤੇ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ ਗਏ ਹਨ। ਉਨਾਂ ਕਿਹਾ ਸਾਡੀ ਸ਼ਹੀਦਾਂ ਨੂੰ ਸੱਚੀ ਸ਼ਰਧਾਂਜਲੀ ਇਹੀ ਹੋਵੇਗੀ ਕਿ ਅਸੀਂ ਦੇਸ਼ ਦੀ ਜਿੰਮੇਵਾਰੀ ਇਮਾਨਦਾਰੀ ਤੇ ਮਿਹਨਤ ਨਾਲ ਨਿਭਾਈਏ ਤੇ ਆਪਸੀ ਭਾਈਚਾਰਕ ਸਾਂਝ ਤੇ ਅਮਨ-ਸ਼ਾਂਤੀ ਲਈ ਆਪਣਾ ਬਣਦਾ ਯੋਗਦਾਨ ਪਾਈਏ। ਉਨਾਂ ਅੱਗੇ ਕਿਹਾ ਕਿ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਜੀ ਦੀਆਂ ਸਿੱਖਿਆਵਾਂ ਅੱਜ ਵੀ ਪੂਰੀ ਤਰਾਂ ਪ੍ਰਸੰਗਿਕ ਹਨ ਤੇ ਸਾਨੂੰ ਉਨਾਂ ਦੀਆਂ ਸਿੱਖਿਆਵਾਂ ਤੋਂ ਸੇਧ ਲੈਣੀ ਚਾਹੀਦੀ ਹੈ। ਉਨਾਂ ਨੇ ਅਹਿੰਸਾ ਦਾ ਉਪਦੇਸ਼ ਦਿੱਤਾ ਤੇ ਸਾਂਝੀਵਾਲਤਾ ਅਤੇ ਅਮਨ-ਸਾਂਤੀ ਲਈ ਆਪਣਾ ਬਲੀਦਾਨ ਦਿੱਤਾ, ਜੋ ਸਾਨੂੰ ਹਮੇਸ਼ਾ ਯਾਦ ਰੱਖਣਾ ਚਾਹੀਦਾ ਹੈ। ਉਨਾਂ ਕਿਹਾ ਕਿ ਅੱਜ ਦੇ ਦਿਨ ਸਾਨੂੰ ਪ੍ਰਣ ਕਰਨਾ ਚਾਹੀਦਾ ਹੈ ਕਿ ਅਸੀ ਸ਼ਹੀਦਾਂ ਵਲੋਂ ਸੰਜੋਏ ਸੁਪਨੇ ਸਾਕਾਰ ਕਰੀਏ ਤੇ ਦੇਸ਼ ਦੀ ਮਜ਼ਬੂਤੀ ਲਈ ਅੱਗੇ ਆਈਏ।

ਇਸ ਮੌਕੇ ਪੰਜਾਬ ਪੁਲਿਸ ਦੀ ਟੁਕੜੀ ਵਲੋਂ ਸਲਾਮੀ ਦਿੱਤੀ ਗਈ ਤੇ ਸਾਇਰਨ ਵਜਾ ਕੇ 2 ਮਿੰਟ ਦਾ ਮੌਨ ਵੀ ਧਾਰਨ ਕੀਤਾ ਗਿਆ। ਸਮੂਹ ਹਾਜ਼ਰੀਨ ਵਲੋਂ ਰਾਸ਼ਟਰਪਿਤਾ ਮਹਾਤਮਾ ਗਾਂਧੀ ਜੀ ਦੀ ਤਸਵੀਰ 'ਤੇ ਫੁੱਲ ਅਰਪਨ ਕਰਕੇ ਉਨਾਂ ਨੂੰ ਯਾਦ ਕੀਤਾ ਗਿਆ। ਇਸ ਮੌਕੇ ਕੁਲਦੀਪ ਚੰਦ ਪੀ.ਸੀ.ਐੱਸ ਅਧਿਕਾਰੀ, ਉਲੰਪੀਅਨ ਰੁਪਿੰਦਰਪਾਲ ਸਿੰਘ ਪੀ.ਸੀ.ਐੱਸ. ਅਧਿਕਾਰੀ, ਜਸਪ੍ਰੀਤ ਸਿੰਘ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਵਿਭਾਗ, ਪਰਮਿੰਦਰ ਸਿੰਘ ਸੈਣੀ ਜ਼ਿਲ੍ਹਾ ਗਾਈਡੈਂਸ ਕਾਊਂਸਲਰ, ਸੁਪਰਡੈਂਟ ਵਿਜੇ ਕੁਮਾਰ, ਹਰਪ੍ਰੀਤ ਸਿੰਘ ਗੁਰਾਇਆ, ਵਿਨੋਦ ਮਹਿਤਾ, ਸਰਬਜੀਤ ਸਿੰਘ ਮੁਲਤਾਨੀ, ਸਰਬਜੀਤ ਸਿੰਘ ਮੱਲੀ, ਸਮਾਜ ਸੇਵੀ ਇੰਦਰਜੀਤ ਸਿੰਘ ਬਾਜਵਾ ਸਮੇਤ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

# ਭਗਤ ਰਵਿਦਾਸ ਵੈਲਫ਼ੇਅਰ ਸੁਸਾਇਟੀ ਨੇ ਭਗਤ ਰਵਿਦਾਸ ਜੀ ਦਾ ਜਨਮ ਦਿਵਸ ਮਨਾਇਆ



ਨਵਾਂ ਸ਼ਹਿਰ, 31 ਜਨਵਰੀ (ਰੌਸ਼ਨ ਲਾਲ ਸੁੰਮਨ): ਸ਼੍ਰੀ ਗੁਰੂ ਰਵਿਦਾਸ ਵੈਲਫੇਅਰ ਸੋਸਾਇਟੀ ਰਜਿਸਟਰ ਗੜ੍ਹਸ਼ੰਕਰ ਰੋਡ ਨਵਾਂ ਸ਼ਹਿਰ ਵੱਲੋਂ ਧੰਨ ਧੰਨ ਸ੍ਰੀ ਗੁਰੂ ਰਵਿਦਾਸ ਮਹਾਰਾਜ ਦਾ 649ਵਾਂ ਜਨਮ ਦਿਵਸ ਪ੍ਰਧਾਨ ਸੁੱਚਾ ਸਿੰਘ ਭੱਟੀ ਸੇਵਾ ਮੁਕਤ ਪੀ.ਸੀ.ਐਸ ਅਫਸਰ ਦੀ ਪ੍ਰਧਾਨਗੀ ਹੇਠ ਬਹੁਤ ਹੀ ਸ਼ਰਧਾ ਤੇ ਸਤਿਕਾਰ ਸਹਿਤ ਮਨਾਇਆ ਗਿਆ। ਇਸ ਮੌਕੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਗਏ ਉਪਰੰਤ ਵੱਖ-ਵੱਖ ਕਲਾਕਾਰਾਂ ਵੱਲੋਂ ਧਾਰਮਿਕ ਪ੍ਰੋਗਰਾਮ ਪੇਸ਼ ਕਰਕੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀ ਮਹਿਮਾ ਦਾ ਗੁਣਗਾਨ ਕੀਤਾ ਗਿਆ। ਇਸ ਮੌਕੇ ਵਿਸ਼ੇਸ਼ ਤੌਰ ਤੇ ਪਹੁੰਚੇ ਐਨ.ਆਰ.ਆਈ ਹਰੀ ਰਾਮ ਸੱਲਣ ਅਤੇ ਪ੍ਰਧਾਨ ਸੁੱਚਾ ਸਿੰਘ ਭੱਟੀ ਨੇ ਸਮੂਹ ਸੰਗਤਾਂ ਨੂੰ ਗੁਰੂ ਰਵਿਦਾਸ ਮਹਾਰਾਜ ਦੇ ਪ੍ਰਕਾਸ਼ ਪੁਰਬ ਦੀਆਂ ਸਮੂਹ ਸੰਗਤਾਂ ਨੂੰ ਲੱਖ ਲੱਖ ਵਧਾਈਆਂ ਦਿੱਤੀਆਂ। ਚਾਹ ਪਕੌੜਿਆਂ ਦੀ ਅਤੇ ਗੁਰੂ ਦੇ ਲੰਗਰ ਅਟੁੱਟ ਵਰਤਾਏ ਗਏ। ਇਸ ਮੌਕੇ ਮੀਤ ਪ੍ਰਧਾਨ ਰੋਸ਼ਨ ਲਾਲ ਸੁਮਨ ,ਕੈਸ਼ੀਅਰ ਨਵਦੀਪ ਕੁਮਾਰ ਬੱਧਣ, ਸਲਾਹਕਾਰ ਗੁਰਮੇਲ ਰਾਮ ,ਕਮੇਟੀ ਮੈਂਬਰ ਪ੍ਰਦੀਪ ਕੁਮਾਰ ,ਸਤਵਿੰਦਰ ਪਾਲ ,ਹਰਮੇਸ਼ ਸਿੰਘ , ਮਹੇਸ਼ ਕੁਮਾਰ ਰੱਤੂ ,ਪ੍ਰੇਮ ਕੁਮਾਰ ਰਤਨ ,ਬਾਬਾ ਕਮਲ ਦਾਸ ,ਮਨੀਸ਼ ਕੁਮਾਰ ਸਾਰੇ ਕਮੇਟੀ ਮੈਂਬਰ ਅਤੇ ਸੁਖਵਿੰਦਰ ਸਿੰਘ ਥਾਂਦੀ ਪ੍ਰਧਾਨ ਸ਼੍ਰੀ ਗੁਰੂ ਰਾਮਦਾਸ ਸੇਵਾ ਸੋਸਾਇਟੀ ਆਦਿ ਵੀ ਹਾਜ਼ਰ ਸਨ।

# ਰੋਡ ਸੇਫ਼ਟੀ ਮਹੀਨੇ ਤਹਿਤ ਤਹਿਤ ਜਾਗਰੂਕਤਾ ਸੈਮੀਨਾਰ



ਗੁਰਦਾਸਪੁਰ, 31 ਜਨਵਰੀ (ਜਗੀਰ ਸਿੰਘ ਮੰਡ/ਸੁਰਿੰਦਰ ਸਿੰਘ ਬਸਰਾ): ਟ੍ਰੈਫਿਕ ਪੁਲਿਸ ਵੱਲੋਂ ਮਨਾਏ ਜਾ ਰਹੇ ਰੋਡ ਸੇਫਟੀ ਮਹੀਨੇ ਦੇ ਸਬੰਧ ਵਿੱਚ ਵੱਖ ਵੱਖ ਥਾਵਾਂ ਤੇ ਸੈਮੀਨਾਰ ਲਗਾ ਕੇ ਆਮ ਪਬਲਿਕ ਤੇ ਫੋਰ ਵੀਲਰ ਚਾਲਕਾਂ ਨੂੰ ਰੋਡ ਸੇਫਟੀ ਸਬੰਧੀ ਜਾਗਰੂਕ ਕੀਤਾ ਗਿਆ। ਏ.ਐਸ.ਆਈ ਅਮਨਦੀਪ ਸਿੰਘ ਨੇ ਦੱਸਿਆ ਕਿ ਜਾਗਰੂਕਤਾ ਸੈਮੀਨਾਰ ਦੱਸਿਆ ਗਿਆ ਕਿ ਹਮੇਸ਼ਾ ਸ਼ੀਟ ਬੈਲਟ ਲਗਾ ਕੇ ਗੱਡੀ ਚਲਾਈ ਜਾਵੇ। ਇੰਸ਼ੋਰੰਸ ਦੀ ਅਹਿਮੀਅਤ ਬਾਰੇ ਵਿਸਤਾਰ ਪੂਰਵਕ ਦੱਸਿਆ ਗਿਆ। ਐਕਸੀਡੈਂਟ ਪੀੜਤ ਦੀ ਮਦਦ ਕਰਨ ਲਈ ਅੱਗੇ ਆਉਣ ਸਬੰਧੀ ਪ੍ਰੇਰਿਤ ਕੀਤਾ ਗਿਆ ਤੇ ਗੱਡੀਆਂ ਤੇ ਰਿਫਲੈਕਟਰ ਲਗਾਏ ਗਏ। ਇਸ ਸਮੇਂ ਏ.ਐਸ.ਆਈ ਅਮਨਦੀਪ ਸਿੰਘ, ਸੁਰਜੀਤ ਸਿੰਘ, ਪਵਨ ਕੁਮਾਰ ਸੁਭਾਸ਼ ਚੰਦਰ ਆਦਿ ਹਾਜ਼ਰ ਸਨ।

# ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਜ਼ ਯੂਨੀਅਨ ਨੇ ਰੋਸ ਚੇਤਾਵਨੀ ਪੱਤਰ ਦੇਵੇਗੀ: ਬਡਵਾਲ/ਸਾਵਨ ਸਿੰਘ




ਗੁਰਦਾਸਪੁਰ, 31 ਜਨਵਰੀ (ਜਗੀਰ ਸਿੰਘ ਮੰਡ/ਨਾਹਰ): ਪੰਜਾਬ ਸਟੇਟ ਮਨਿਸਟਰੀਅਲ ਸਰਵਿਸਸ ਯੂਨੀਅਨ ਦੀ ਸੂਬਾ ਕਮੇਟੀ ਵਲੋ ਲਏ ਫੈਸਲੇ ਮੁਤਾਬਕ ਵਿਆਪਕ ਰੋਸ ਚੇਤਾਵਨੀ ਪੱਤਰ ਹਲਕੇ ਦੇ ਐਮਐਲਏ/ਮੰਤਰੀ ਸਾਹਿਬਾਨ ਨੂੰ ਦੇਣ ਦਾ ਫੈਸਲਾ ਕੀਤਾ ਹੈ ਜਿਸ ਵਿਚ ਮੁੱਖ ਮੰਗਾਂ ਜਿਵੇਂ ਕਿ ਪੁਰਾਣੀ ਪੈਨਸ਼ਨ ਸਕੀਮ ਦੀ ਬਹਾਲੀ, ਨਵੀਂ ਭਰਤੀ ਮੁਲਾਜ਼ਮਾਂ ਦਾ ਪਰਖਕਾਲ ਦੋ ਸਾਲ ਕਰਕੇ ਪੂਰੀ ਤਨਖਾਹ ਦੇਣ ਅਤੇ ਕੇਂਦਰ ਦੀ ਬਜਾਏ ਪੰਜਾਬ ਦਾ ਤਨਖਾਹ ਕਮਿਸ਼ਨ ਲਾਗੂ ਕਰਨ, ਏਸੀਪੀ ਸਕੀਮ ਅਤੇ 37 ਪ੍ਰਕਾਰ ਦੇ ਬੰਦ ਕੀਤੇ ਭੱਤੇ, ਸਟੈਨੋ ਕਾਡਰ ਲਈ ਪਦ ਉਨਤੀ ਚੈਨਲ ਖੋਲਣ, ਕੱਚੇ ਕਾਮੇ ਪੱਕੇ ਕਰਨ ਤੇ ਮ੍ਰਿਤਕ ਮੁਲਾਜ਼ਮਾਂ ਦੀਆਂ ਵਿਧਵਾਵਾਂ ਤੇ ਅਸਰਤਾਂ ਨੂੰ ਟਾਈਪ ਟੈਸਟ ਤੋਂ ਛੋਟ ਦੇਣ ਤੋਂ ਇਲਾਵਾ ਮਹਿੰਗਾਈ ਭੱਤੇ ਦੀਆਂ ਪੰਜ ਕਿਸਤਾਂ(16% ਡੇ.ਏ) ਅਤੇ ਪੇ ਕਮਿਸ਼ਨ ਤੇ ਮਹਿਗਈ ਭੱਤੇ ਦਾ ਬਕਾਇਆ ਨਾ ਮਿਲਣਾ ਆਦਿ ਮੰਗਾਂ ਸਬੰਧੀ ਦੇਣ ਚੇਤਾਵਨੀ ਪੱਤਰ ਦਿੱਤਾ ਗਿਆ ਹੈ ਇਸ ਲੜੀ ਤਹਿਤ ਜਿਲਾ ਯੂਨਿਟ ਵੱਲੋ ਹਲਕਾ ਡੇਰਾ ਬਾਬਾ ਨਾਨਕ ਦੇ ਐਮ.ਐਲ.ਏ ਗੁਰਦੀਪ ਸਿੰਘ ਰੰਧਾਵਾ ਨੂੰ ਰਘਬੀਰ ਸਿੰਘ ਬਡਵਾਲ ਸੂਬਾ ਚੇਅਰਮੈਨ ਦੀ ਅਗਵਾਈ ਹੇਠ ਦਿੱਤਾ ਗਿਆ, ਇਸ ਮੌਕੇ ਉਹਨਾਂ ਨਾਲ ਸਾਵਨ ਸਿੰਘ ਗਿੱਲ, ਜ਼ਿਲ੍ਹਾ ਪ੍ਰਧਾਨ, ਮੈਨੂੰਐਲ ਨਾਹਰ, ਜਿਲਾ ਜਨਰਲ ਸਕੱਤਰ ਮੌਜੂਦ ਸਨ।

## ਪਿੰਡ ਵੜੈਚ ਨੇੜਿਓਂ ਅਣਪਛਾਤੇ ਵਿਅਕਤੀ ਦੀ ਲਾਸ਼ ਮਿਲੀ

ਕਾਹਨੂੰਵਾਨ, 31 ਜਨਵਰੀ (ਕੁਲਜੀਤ ਸਿੰਘ ਖੋਖਰ): ਥਾਣਾ ਕਾਹਨੂੰਵਾਨ ਦੇ ਅਧੀਨ ਆਉਦੇ ਪਿੰਡ ਵੜੈਚ ਦੇ ਨੇੜਿਓ ਇਕ ਸੁੰਝ ਮੋ ਸੁੰਝ ਜਗਾ ਤੋਂ ਇਕ ਭੇਦ ਭਰੀ ਹਾਲਤ ਵਿਚ ਲਾਸ ਮਿਲਣ ਦਾ ਸਮਾਚਾਰ ਮਿਲਿਆ ਸੂਤਰਾਂ ਦੇ ਹਵਾਲੇ ਤੋਂ ਪਤਾ ਚਲਿਆ ਕੇ ਇਕ ਇਸੇ ਪਿੰਡ ਦੇ ਸਰਪੰਚ ਨੇ ਸੁੰਝ ਜਗਾ ਤੇ ਵੇਖਿਆ ਤਾਂ ਉਸ ਜਗਾ ਨੇੜਿਉ ਬਦਬੂ ਆ ਰਹੀ ਜਦੋਂ ਉਹਨਾਂ ਵੱਲੋਂ ਅੱਗੇ ਜਾ ਕੇ ਵੇਖਿਆ ਗਿਆ ਤਾਂ ਇਕ ਅਣਪਛਾਤੇ ਵਿਅਕਤੀ ਦੀ ਲਾਸ ਪਈ ਸੀ ਇਸ ਦੇ ਉਪਰੰਤ ਉਹਨਾਂ ਵੱਲੋਂ ਐਸ ਐਚ ਓ ਥਾਣਾ ਕਾਹਨੂੰਵਾਨ ਨੂੰ ਫੂਨ ਕਰਕੇ ਦੱਸਿਆ ਗਿਆ ਜਿਸ ਤੇ ਥਾਣਾ ਮੁਖੀ ਕਾਹਨੂੰਵਾਨ ਗੁਰਨਾਮ ਸਿੰਘ ਐਕਸਨ ਮੂਡ ਵਿਚ ਆਪਣੀ ਪੁਲਿਸ ਪਾਰਟੀ ਨਾਲ ਤੁਰੰਤ ਆਏ ਲਾਸ ਕਬਜੇ ਵਿਚ ਲੈ ਕੇ ਚਲੇ ਗਏ ਜਦੋਂ ਇਸ ਸਬੰਧੀ ਐਸ ਐਚ ਓ ਕਾਹਨੂੰਵਾਨ ਨਾਲ ਗਲਬਾਤ ਕੀਤੀ ਗਈ ਤਾ ਉਹਨਾਂ ਕਿਹਾ ਕੇ ਅਸੀ ਲਾਸ ਨੂੰ ਕਬਜੇ ਵਿਚ ਲੈ ਲਿਆ ਹੈ ਤੇ 72 ਘੰਟੇ ਵਾਸਤੇ ਲਾਸ ਮਰਚਰੀ ਵਿਚ ਸਨਾਖਤ ਵਾਸਤੇ ਰੱਖੀ ਹੋਈ ਹੈ ਅਤੇ ਫੋਟੋਆਂ ਵੀ ਸੋਸਲ ਮੀਡੀਆ ਤੇ ਪਾ ਦਿਤੀਆਂ ਹਨ ਤੇ ਸਨਾਖਤ ਹੋਣ ਤੋਂ ਬਾਅਦ ਅਗਲੀ ਵਿਭਾਗੀ ਕਾਰਵਾਈ ਸੁਰੂ ਕਰ ਦਿੱਤੀ ਜਾਵੇਗੀ।

# 10 ਲੱਖ ਇਲਾਜ ਸਿਹਤ ਯੋਜਨਾ ਕਾਰਡ ਹਰ ਵਰਗ ਦੇ ਲੋਕਾਂ ਲਈ ਹੋਵੇਗਾ ਸਹਾਈ

ਡੇਰਾ ਬਾਬਾ ਨਾਨਕ, 31 ਜਨਵਰੀ (ਹੈਪੀ ਕੋਟਲੀ): ਵਿਧਾਨ ਸਭਾ ਹਲਕਾ ਹਲਕਾ ਫਤਿਹਗੜ੍ਹ ਚੂੜੀਆਂ ਤੋਂ ਹਲਕਾ ਵਿਧਾਇਕ ਅਤੇ ਬਲਵੀਰ ਸਿੰਘ ਪੰਨੂ ਅਤੇ ਸੀਨੀਅਰ ਨੌਜਵਾਨ ਆਪ ਆਗੂ ਤੇ ਹਲਕਾ ਫਤਿਹਗੜ੍ਹ ਚੂੜੀਆਂ ਤੋਂ ਬਲਾਕ ਯੂਥ ਪ੍ਰਧਾਨ ਦਲਜਿੰਦਰ ਸਿੰਘ ਉਮਰਵਾਲ ਨੇ ਗੱਲਬਾਤ ਕਰਦਿਆਂ ਕਿਹਾ ਕਿ ਸੂਬੇ ਵਿੱਚ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਦੇਣ



ਵਾਲੀ ਮੁੱਖ ਮੰਤਰੀ ਸਿਹਤ ਯੋਜਨਾ ਲਾਗੂ ਕਰਨ ਵਾਲਾ ਪੰਜਾਬ ਦੇਸ਼ ਦਾ ਪਹਿਲਾ ਸੂਬਾ ਬਣ ਗਿਆ ਹੈ,ਜਿਸਦਾ ਆਗਾਜ਼ ਕਰ ਦਿੱਤਾ ਗਿਆ ਹੈ। ਉਹਨਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਬੀਤੀ ਦਿਨੀਂ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੀ ਸ਼ੁਰੂਆਤ ਕਰਕੇ ਇੱਕ ਇਤਿਹਾਸਕ ਕਦਮ ਚੁੱਕਿਆ ਗਿਆ ਹੈ,ਉਨ੍ਹਾਂ ਦੱਸਿਆ ਕਿ ਇਹ ਯੋਜਨਾ ਲਾਗੂ ਕਰਨ ਵਾਲਾ ਪੰਜਾਬ ਦੇਸ਼ ਦਾ ਪਹਿਲਾ ਸੂਬਾ ਬਣ ਗਿਆ ਹੈ, ਜਿਸ ਅਧੀਨ ਸੂਬੇ ਦੇ ਹਰ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦਾ ਮੁਫ਼ਤ ਤੇ ਕੈਸ਼ਲੈੱਸ ਇਲਾਜ ਮੁਹੱਈਆ ਕਰਵਾਇਆ ਜਾਵੇਗਾ।ਉਨ੍ਹਾਂ ਨੇ ਦੱਸਿਆ ਕਿ ਆਮ ਆਦਮੀ ਪਾਰਟੀ ਦੇ ਕੌਮੀ ਪ੍ਰਧਾਨ ਅਰਵਿੰਦ ਕੇਜਰੀਵਾਲ ਤੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਮੋਹਾਲੀ ਤੋਂ ਇਸ ਯੋਜਨਾ ਦਾ ਆਗਾਜ਼ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਸਕੀਮ ਵਿੱਚ ਕਿਸੇ ਵੀ ਤਰ੍ਹਾਂ ਦੀ ਆਮਦਨ ਸੀਮਾ ਨਹੀਂ ਰੱਖੀ ਗਈ ਅਤੇ ਸਰਕਾਰੀ ਮੁਲਾਜ਼ਮਾਂ ਨੂੰ ਵੀ ਇਸ ਦਾ ਪੂਰਾ ਲਾਭ ਮਿਲੇਗਾ ਉਹਨਾਂ ਨੇ ਕਿਹਾ ਕਿ ਇਹ ਯੋਜਨਾ ਪੰਜਾਬ ਦੇ ਹਰ ਨਾਗਰਿਕ ਦਾ ਹੱਕ ਹੈ ਤੇ ਕੋਈ ਵੀ ਪਰਿਵਾਰ ਇਸ ਤੋਂ ਵਾਂਝਾਂ ਨਹੀਂ ਰਹੇਗਾ, ਇਸ ਯੋਜਨਾ ਅਧੀਨ ਸਰਕਾਰੀ ਦੇ ਨਾਲ-ਨਾਲ ਪ੍ਰਾਈਵੇਟ ਐੱਮ ਪੈਨਲ ਹਸਪਤਾਲਾਂ ਵਿੱਚ ਵੀ ਇਲਾਜ ਦੀ ਸੁਵਿਧਾ ਉਪਲੱਬਧ ਹੋਵੇਗੀ, ਜਿਸ ਨਾਲ ਆਮ ਲੋਕਾਂ ਨੂੰ ਮਹਿੰਗੇ ਇਲਾਜ ਤੋਂ ਵੱਡੀ ਰਾਹਤ ਮਿਲੇਗੀ।

## ਕਾਂਗਰਸ ਬਲਾਕ ਪ੍ਰਧਾਨ ਨੂੰ ਸਦਮਾ, ਮਾਤਾ ਦਾ ਦੇਹਾਂਤ

ਕਾਹਨੂੰਵਾਨ, 31 ਜਨਵਰੀ (ਕੁਲਜੀਤ ਸਿੰਘ ਖੋਖਰ): ਕਾਂਗਰਸ ਪਾਰਟੀ ਬਲਾਕ



ਕਾਹਨੂੰਵਾਨ ਦੇ ਪ੍ਰਧਾਨ ਠਾਕੁਰ ਕੁਲਵੰਤ ਸਿੰਘ ਭੈਣੀ ਖਾਦਰ ਦੀ ਮਾਤਾ ਦਾ ਬੀਤੀ ਰਾਤ ਦਿਹਾਂਤ ਹੋ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਠਾਕੁਰ ਕੁਲਵੰਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਮਾਤਾ ਰਾਜ ਦੇਵੀ (92) ਦੀ ਬੀਤੀ ਦੇਰ ਰਾਤ ਮੌਤ ਹੋ ਗਈ ਸੀ। ਮਾਤਾ ਰਾਜ ਦੇਵੀ ਜੀ ਆਪਣੇ ਪਿੱਛੇ ਪਤੀ ਸਾਬਕਾ ਸਰਪੰਚ ਪੰਜਾਬ ਸਿੰਘ, ਤਿੰਨ ਪੁੱਤਰਾਂ ਅਤੇ ਇੱਕ ਧੀ ਨੂੰ ਛੱਡ ਗਏ ਹਨ। ਦੁੱਖ ਸਾਂਝਾ ਕਰਨ ਲਈ ਇਲਾਕੇ ਭਰ ਦੇ ਰਾਜਨੀਤਿਕ ਆਗੂ ਤੇ ਹੋਰ ਸ਼ਖ਼ਸੀਅਤਾਂ ਭੈਣੀ ਖਾਦਰ ਪਹੁੰਚੀਆਂ। ਦੁਪਹਿਰ ਸਮੇਂ ਉਨ੍ਹਾਂ ਦੇ ਅੰਤਿਮ ਸੰਸਕਾਰ ਉਨ੍ਹਾਂ ਦੇ ਜੱਦੀ ਪਿੰਡ ਵਿਖੇ ਕਰ ਦਿੱਤਾ ਗਿਆ। ਇਸ ਮੌਕੇ ਠਾਕੁਰ ਬਲਰਾਜ ਸਿੰਘ, ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਦੇ ਪੀਏ ਬਿਕਰਮਜੀਤ ਸਿੰਘ, 'ਆਪ' ਯੂਥ ਆਗੂ ਰਾਹੁਲ ਸ਼ਰਮਾ, ਅੰਮ੍ਰਿਤਪਾਲ ਸਿੰਘ ਸੈਣੀ, ਸਾਬਕਾ ਸਰਪੰਚ ਰੂਪ ਸਿੰਘ ਧੱਕੜ, ਸਰਪੰਚ ਸਤਨਾਮ ਸਿੰਘ ਫੇਰੋਚੇਚੀ, ਸਾਬਕਾ ਸਰਪੰਚ ਨਿਸ਼ਾਨ ਸਿੰਘ ਦਤਾਰਪੁਰ, ਸਰਪੰਚ ਮਨਜਿੰਦਰ ਸਿੰਘ ਰਾਜੂਬੇਲਾ, ਸਰਪੰਚ ਲਖਵਿੰਦਰ ਸਿੰਘ ਜਾਗੋਵਾਲ, ਸਰਪੰਚ ਮਨਦੀਪ ਸਿੰਘ ਸਲਾਹਪੁਰ ਬੇਟ, ਸਰਪੰਚ ਗੁਰਮੀਤ ਸਿੰਘ ਪਸਵਾਲ, ਸੰਮਤੀ ਮੈਂਬਰ ਹਰਦਿਆਲ ਸਿੰਘ ਧੱਕੜ, ਸਰਪੰਚ ਅਸ਼ੋਕ ਕੁਮਾਰ ਕੋਟ ਖਾਂ ਮੁਹੰਮਦ, ਸਰਪੰਚ ਬਲਬੀਰ ਸਿੰਘ ਧੱਕੜ, ਸਾਬਕਾ ਸਰਪੰਚ ਮੱਖਣ ਸਿੰਘ ਰਾਜਪੁਰ, ਸਾਬਕਾ ਸਰਪੰਚ ਚਿਮਨ ਲਾਲ ਭੈਣੀ ਮੀਆਂ ਖਾਂ, ਠਾਕੁਰ ਬਲਵਿੰਦਰ ਸਿੰਘ ਦਤਾਰਪੁਰ, ਕੈਪਟਨ ਸਮਿੰਦਰ ਸਿੰਘ ਚੋਚਨਾ, ਮਦਨ ਨਾਲ ਭੈਣੀ ਮੀਆਂ ਖਾਂ ਆਦਿ ਹਾਜ਼ਰ ਸਨ।

# ਸੀ-ਪਾਈਟ ਕੈਂਪ ਵੱਲੋਂ ਨੌਜਵਾਨਾਂ ਲਈ ਸਕਿਓਰਟੀ ਸੁਪਰਵਾਈਜ਼ਰ ਦੀ ਨੌਕਰੀ ਵਾਸਤੇ ਤਿੰਨ ਮਹੀਨਿਆਂ ਦਾ ਕੋਰਸ ਸ਼ੁਰੂ

ਬਟਾਲਾ, 31 ਜਨਵਰੀ (ਹੈਪੀ ਕੋਟਲੀ): ਪੰਜਾਬ ਸਰਕਾਰ ਦੇ ਅਦਾਰੇ ਸੀ-ਪਾਈਟ ਕੈਂਪ ਡੇਰਾ ਬਾਬਾ ਨਾਨਕ ਵੱਲੋਂ ਪ੍ਰਧਾਨ ਮੰਤਰੀ ਕੌਸ਼ਲ ਵਿਕ ਯੋਜਨਾ 4.0 ਦੇ ਅੰਤਰਗਤ ਜਿਲ੍ਹਾ ਗੁਰਦਾਸਪੁਰ, ਪਠਾਨਕੋਟ ਅਤੇ ਅੰਮ੍ਰਿਤਸਰ ਦੇ ਯੁਵਕਾਂ ਲਈ ਸਕਿਊਰਟੀ ਸੁਪਰਵਾਈਜ਼ਰ ਦੀ ਨੌਕਰੀ ਲਈ ਤਿੰਨ ਮਹੀਨਿਆਂ ਦਾ ਕੋਰਸ ਚਲਾਇਆ ਜਾ ਰਿਹਾ ਹੈ ਜਿਸ ਲਈ ਕੈਂਪ ਵਿਚ ਦਾਖਲਾ ਸ਼ੁਰੂ ਹੈ। ਇਹ ਜਾਣਕਾਰੀ ਸੂਬੇਦਾਰ (ਸੇਵਾਮੁਕਤ) ਗੁਰਨਾਮ ਸਿੰਘ ਨੇ ਦਿੱਤੀ। ਉਨ੍ਹਾਂ ਦੱਸਿਆ ਕਿ ਸਕਿਊਰਟੀ ਸੁਪਰਵਾਈਜ਼ਰ ਸਿਖਲਾਈ ਲਈ ਸਿਖਿਆਰਥੀ (ਲੜਕੇ ਤੇ ਲੜਕੀਆਂ) ਦੀ ਉਮਰ ਸਾਲ ਤੋਂ 35 ਸਾਲ ਤੱਕ ਹੋਣੀ ਚਾਹੀਦੀ ਹੈ ਅਤੇ ਯੋਗਤਾ ਘੱਟੋ ਘੱਟ 10 ਪਾਸ ਹੋਣੀ ਚਾਹੀਦੀ ਹੈ।

ਉਨ੍ਹਾਂ ਅੱਗੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸਿਖਲਾਈ ਦੇ ਸਰਟੀਫਿਕੇਟ ਦੇ ਨਾਲ ਉਹਨਾਂ ਨੂੰ ਸਿਖਲਾਈ ਉਪਰੰਤ ਰੋਜ਼ਗਾਰ ਵੀ ਦਿੱਤਾ ਜਾਵੇਗਾ ਅਤੇ ਸਿਖਲਾਈ ਦੌਰਾਨ ਯੁਵਕਾਂ ਨੂੰ ਮੁਫਤ ਰਿਹਾਇਸ਼ ਅਤੇ ਖਾਣਾ ਮੁਹੱਈਆ ਕਰਵਾਇਆ ਜਾਵੇਗਾ। ਚਾਹਵਾਨ ਯੁਵਕ ਆਪਣੇ ਸਾਰੇ ਅਸਲ ਸਰਟੀਫਿਕੇਟ ਤੇ ਉਹਨਾਂ ਦੀਆਂ 2 ਫੋਟੋ ਕਾਪੀਆਂ ਸਮੇਤ 4 ਪਾਸਪੋਰਟ ਸਾਈਜ਼ ਫੋਟੋਆਂ ਲੈ ਕੇ ਸੀ-ਪਾਈਟ ਕੈਂਪ ਡੇਰਾ ਬਾਬਾ ਨਾਨਕ ਵਿੱਚ ਰਿਪੋਰਟ ਕਰ ਸਕਦੇ ਹਨ।

# ਹੋਲੀਆਂ ਦੇ ਪਵਿੱਤਰ ਤਿਉਹਾਰ ਮੌਕੇ ਆਉਣ ਵਾਲੀਆਂ ਸੰਗਤਾਂ ਪ੍ਰਸ਼ਾਸਨ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਨ : ਬਾਬਾ ਜਗਦੇਵ ਸਿੰਘ ਸਿੱਧੂ

ਊਨ੍ਹਾਂ/ਮੈੜੀ, 31 ਜਨਵਰੀ (ਸੁਖਦੇਵ ਸਿੰਘ ਉੜਾਪੜ): ਹਿਮਾਚਲ ਪ੍ਰਦੇਸ਼ ਵਿਖੇ ਬਾਬਾ ਵਡਭਾਗ ਸਿੰਘ ਜੀ ਦੇ ਤੱਪ ਅਸਥਾਨ ਪਿੰਡ ਮੈੜੀ ਸਾਹਿਬ ਵਿਖੇ ਪਵਿੱਤਰ ਹੋਲੀਆਂ ਦਾ ਤਿਉਹਾਰ 24 ਫਰਵਰੀ ਨੂੰ ਸ਼ੁਰੂ ਹੋ ਰਿਹਾ ਹੈ। ਇਹ ਜਾਣਕਾਰੀ ਦਿੰਦਿਆਂ ਆਲ ਇੰਡੀਆ ਬਾਬਾ ਵਡਭਾਗ ਸਿੰਘ ਸੇਵਕ ਸੁਸਾਇਟੀ ਦੇ ਸੰਸਥਾਪਕ ਅਤੇ ਪ੍ਰਧਾਨ ਬਾਬਾ ਜਗਦੇਵ ਸਿੰਘ ਸਿੱਧੂ ਨੇ ਦੱਸਿਆ ਕਿ 24 ਫਰਵਰੀ ਨੂੰ ਹੋਲੀਆਂ ਦਾ ਤਿਉਹਾਰ ਦੀ ਸ਼ੁਰੂਆਤ ਤੋਂ ਦੇਸ਼ ਵਿਦੇਸ਼ਾਂ ਤੋਂ ਬਾਬਾ ਜੀ ਦੀ ਸੰਗਤ ਦੀ ਆਮਦ ਸ਼ੁਰੂ ਹੋ ਜਾਵੇਗੀ , ਉਹਨਾਂ ਦੱਸਿਆ ਕਿ 29 ਫਰਵਰੀ ਨੂੰ ਆਖਰੀ ਹੋਲੀ ਦਾ ਤਿਉਹਾਰ ਅਤੇ ਪੰਜ ਮਾਰਚ ਨੂੰ ਪਵਿੱਤਰ ਪੰਜਾ ਸਾਹਿਬ ਦਾ ਪ੍ਰਸ਼ਾਦ ਵੰਡਿਆ ਜਾਵੇਗਾ। ਬਾਬਾ ਜਗਦੇਵ ਸਿੰਘ ਸਿੱਧੂ ਨੇ ਦੱਸਿਆ ਕਿ ਗੁਰਦੁਆਰਾ ਮੰਜੀ ਸਾਹਿਬ ਦੇ ਮੈਨੇਜਮੈਂਟ ਅਤੇ ਗੁਰਦੁਆਰਾ ਦੁਖ ਭੰਜਨ ਸਾਹਿਬ ਵਿਖੇ ਆਲ ਇੰਡੀਆ ਬਾਬਾ ਵਡਭਾਗ ਸਿੰਘ ਸੇਵਕ ਸੋਸਾਇਟੀ ਦੇ ਸੇਵਾਦਾਰਾਂ ਵੱਲੋਂ ਵਿਆਪਕ ਤਿ ਆ ਰੀ ਆਂ ਆ ਰੰ ਭੀ ਆਂ ਗਈਆਂ ਹਨ। ਉਹਨਾਂ ਡੇਰਾ ਸਾਹਿਬ ਆਉਣ ਵਾਲੀਆਂ ਸੰਗਤਾਂ ਨੂੰ ਅਪੀਲ ਕੀਤੀ ਕੀ ਹਿਮਾਚਲ ਦੇ ਪ੍ਰਸ਼ਾਸਨ ਅਤੇ ਪੁਲਿਸ ਪ੍ਰਸ਼ਾਸਨ ਵੱਲੋਂ ਟਰੈਫਿਕ ਦੇ ਸੰਬੰਧ ਵਿੱਚ ਦਿੱਤੀਆਂ ਗਈਆਂ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕੀਤੀ ਜਾਵੇ, ਤਾਂ ਕਿ ਸਾਰੀ ਸੰਗਤ ਨੂੰ ਬਾਬਾ ਜੀ ਦੇ ਦਰਸ਼ਨ ਆਰਾਮ ਨਾਲ ਹੋ ਸਕਣ। ਬਾਬਾ ਜਗਦੇਵ ਸਿੰਘ ਸਿੱਧੂ ਨੇ ਕਿਹਾ ਕਿ ਆਲ ਇੰਡੀਆ ਬਾਬਾ ਵਡਭਾਗ ਸਿੰਘ ਸੇਵਕ ਸੋਸਾਇਟੀ ਦੇ ਸੇਵਾਦਾਰ ਸੰਗਤ ਦੀ ਸੇਵਾ ਲਈ ਹਮੇਸ਼ਾ ਤਤਪਰ ਰਹਿਣਗੇ।



# ਸਲੱਮ ਏਰੀਆ ਵਿਖੇ ਬੱਚਿਆਂ ਨੂੰ ਬੈਂਕ ਆਫ਼ ਇੰਡੀਆ ਨੇ ਸਟੇਸ਼ਨਰੀ ਵੰਡੀ



ਗੁਰਦਾਸਪੁਰ, 31 ਜਨਵਰੀ (ਜਗੀਰ ਸਿੰਘ ਮੰਡ/ਸੁਰਿੰਦਰ ਸਿੰਘ ਬਸਰਾ): ਰਾਸ਼ਟਰੀ ਪੁਰਸਕਾਰ ਪ੍ਰਾਪਤ ਰੋਮੇਸ ਮਹਾਜਨ ਯੋਗ ਅਗਵਾਈ ਹੇਠ ਗੁਰਦਾਸਪੁਰ ਦੇ ਸਲੱਮ ਏਰੀਆ ਮਾਨ ਕੌਰ ਵਿਖੇ ਸਲੱਮ ਖੇਤਰ ਦੇ ਬੱਚਿਆਂ ਲਈ ਚਲਾਏ ਜਾ ਰਹੇ ਪਰਲੀਮੀਨਰੀ ਐਜੂਕੇਸ਼ਨ ਸਟੱਡੀ ਸੈਂਟਰ ਵਿੱਚ ਇੱਕ ਪ੍ਰੋਗਰਾਮ ਕਰਵਾਇਆ ਗਿਆ। ਇਸ ਦੌਰਾਨ ਬੈਂਕ ਆਫ਼ ਇੰਡੀਆ ਗੁਰਦਾਸਪੁਰ ਦੇ ਬ੍ਰਾਂਚ ਮੈਨੇਜਰ ਉਤਮ ਨੇ ਆਪਣੀ ਸਮਰਪਿਤ ਟੀਮ ਸਮੇਤ ਸੈਂਟਰ ਵਿੱਚ ਪਹੁੰਚ ਕੇ ਬੱਚਿਆਂ ਨੂੰ ਉਨ੍ਹਾਂ ਦੀ ਸਿੱਖਿਆਈ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਸਟੇਸ਼ਨਰੀ ਦੇ ਪੈਕਿਟ ਵੰਡੇ। ਇਸ ਮੌਕੇ ਬੱਚਿਆਂ ਵੱਲੋਂ ਰੰਗਾਰੰਗ ਪ੍ਰੋਗਰਾਮ ਕੀਤਾ ਗਿਆ ਅਤੇ ਜੋਸ਼ ਭਰਪੂਰ ਯੋਗਾ ਪ੍ਰਦਰਸ਼ਨ ਪੇਸ਼ ਕੀਤੇ ਗਏ, ਜਿਸ ਨਾਲ ਸਾਰਾ ਮਾਹੌਲ ਉਤਸ਼ਾਹ ਅਤੇ ਸਕਾਰਾਤਮਕਤਾ ਨਾਲ ਭਰ ਗਿਆ। ਬੱਚਿਆਂ ਦੇ ਆਤਮਵਿਸ਼ਵਾਸ ਤੇ ਉਤਸ਼ਾਹ ਨੇ ਇਹ ਸਪਸ਼ਟ ਕੀਤਾ ਕਿ ਸਹੀ ਮਾਰਗਦਰਸ਼ਨ, ਦੇਖਭਾਲ ਤੇ ਪ੍ਰੋਤਸਾਹਨ ਨਾਲ ਹਰ ਬੱਚਾ ਆਪਣਾ ਸੁਨਿਹਰਾ ਭਵਿੱਖ ਸਿਰਜ ਸਕਦਾ ਹੈ।

ਇਸ ਮੌਕੇ ਜ਼ਿਲ੍ਹਾ ਬਾਲ ਭਲਾਈ ਕੌਂਸਲ ਗੁਰਦਾਸਪੁਰ ਦੇ ਕੋਆਰਡੀਨੇਟਰ ਬਖ਼ਸ਼ੀ ਰਾਜ਼ ਸਮੇਤ ਟੀਚਰ ਮਨਦੀਪ ਕੌਰ, ਆਸ਼ੂ ਤੇ ਕਿਰਨ ਤ੍ਰੇਹਨ ਵੀ ਹਾਜ਼ਰ ਰਹੇ। ਇਸ ਮੌਕੇ ਬਖ਼ਸ਼ੀ ਰਾਜ਼ ਨੇ ਬੈਂਕ ਆਫ਼ ਇੰਡੀਆ ਦੀ ਟੀਮ ਦੇ ਇਸ ਉਪਰਾਲੇ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਅਜਿਹੇ ਯਤਨ ਸਮਾਜ ਵਿੱਚ ਸਿੱਖਿਆ, ਕਰੁਣਾ ਤੇ ਸੇਵਾ ਦੀ ਰੋਸ਼ਨੀ ਫੈਲਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।

# ਵਿਧਾਇਕ ਜਿੰਪਾ ਨੇ ਊਨਾ ਸੜਕ ਦੀ ਮਾੜੀ ਹਾਲਤ 'ਤੇ ਸਖ਼ਤ ਰੁਖ਼ ਅਪਣਾਉਂਦਿਆਂ ਤੁਰੰਤ ਸੁਧਾਰ ਦੇ ਦਿੱਤੇ ਨਿਰਦੇਸ਼

ਹੁਸ਼ਿਆਰਪੁਰ, 31 ਜਨਵਰੀ (ਦੀਪਕ ਅਗਨੀਹੋਤਰੀ): ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨਾਲ ਮਿਲ ਕੇ ਊਨਾ ਸੜਕ ਦਾ ਸਾਂਝਾ ਨਿਰੀਖਣ ਕੀਤਾ ਤੇ ਸੜਕ ਦੀ ਮਾੜੀ ਹਾਲਤ 'ਤੇ ਡੂੰਘੀ ਚਿੰਤਾ ਪ੍ਰਗਟ ਕੀਤੀ। ਨੈਸ਼ਨਲ ਹਾਈਵੇ ਪ੍ਰੋਜੈਕਟ ਡਾਇਰੈਕਟਰ ਦੇ ਇਕ ਪ੍ਰਤੀਨਿਧੀ ਨੂੰ ਮੌਕੇ 'ਤੇ ਬੁਲਾਇਆ ਗਿਆ ਅਤੇ ਸੜਕ ਦੀ ਭਿਆਨਕ ਹਾਲਤ ਬਾਰੇ ਜਾਣੂ ਕਰਵਾਇਆ ਗਿਆ। ਉਨ੍ਹਾਂ ਨੇ ਜਨਤਕ ਸਹੂਲਤ ਅਤੇ ਸੁਰੱਖਿਆ ਨੂੰ ਤਰਜੀਹ ਦਿੰਦੇ ਹੋਏ ਤੁਰੰਤ ਜ਼ਰੂਰੀ ਕਾਰਵਾਈ ਦੇ ਨਿਰਦੇਸ਼ ਦਿੱਤੇ। ਵਿਧਾਇਕ ਜਿੰਪਾ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਜਦੋਂ ਤੱਕ ਪ੍ਰੋਜੈਕਟ ਪੂਰੀ ਤਰ੍ਹਾਂ ਪੂਰਾ ਨਹੀਂ ਹੋ ਜਾਂਦਾ, ਊਨਾ ਸੜਕ ਨੂੰ ਹਰ ਕੀਮਤ 'ਤੇ ਵਾਹਨ ਚਲਾਉਣ ਯੋਗ ਰੱਖਣਾ ਚਾਹੀਦਾ ਹੈ, ਇਹ ਯਕੀਨੀ ਬਣਾਉਂਦੇ ਹੋਏ ਕਿ ਜਨਤਾ ਦੀ ਸੁਰੱਖਿਆ ਅਤੇ ਸਹੂਲਤ ਨੂੰ ਅਸੁਵਿਧਾ ਨਾ ਹੋਵੇ। ਉਨ੍ਹਾਂ ਕਿਹਾ ਕਿ ਇਸ ਰਸਤੇ 'ਤੇ ਰੋਜ਼ਾਨਾ ਹਜ਼ਾਰਾਂ ਵਾਹਨ ਯਾਤਰਾ ਕਰਦੇ ਹਨ ਤੇ ਸੜਕ ਦੀ ਮਾੜੀ ਹਾਲਤ ਹਾਦਸਿਆਂ ਦਾ ਲਗਾਤਾਰ ਖ਼ਤਰਾ ਪੈਦਾ ਕਰਦੀ ਹੈ, ਜਿਸ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ।

ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਸੜਕ ਦੀ ਮਾੜੀ ਹਾਲਤ ਕਾਰਨ ਕੋਈ ਹਾਦਸਾ ਵਾਪਰਦਾ ਹੈ, ਤਾਂ ਰਾਸ਼ਟਰੀ ਹਾਈਵੇ ਅਥਾਰਟੀ ਪੂਰੀ ਤਰ੍ਹਾਂ ਜ਼ਿੰਮੇਵਾਰ ਹੋਵੇਗੀ। ਉਨ੍ਹਾਂ ਦੀ ਮੁੱਖ ਤਰਜੀਹ ਹੈ ਤੇ ਕਿਸੇ ਵੀ ਪੱਧਰ 'ਤੇ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ



ਵਿਧਾਇਕ ਨੇ ਅਧਿਕਾਰੀਆਂ ਨੂੰ ਨਿਰਵਿਘਨ ਆਵਾਜਾਈ ਨੂੰ ਯਕੀਨੀ ਬਣਾਉਣ ਲਈ ਅਸਥਾਈ ਮੁਰੰਮਤ, ਟੋਏ ਭਰਨ, ਸਹੀ ਨਿਕਾਸੀ ਤੇ ਸੜਕ ਪੱਧਰੀਕਰਨ ਤੁਰੰਤ ਸ਼ੁਰੂ ਕਰਨ ਦੇ ਨਿਰਦੇਸ਼ ਦਿੱਤੇ। ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਉਹ ਊਨਾ ਸੜਕ ਦੀ ਮਾੜੀ ਹਾਲਤ ਬਾਰੇ ਕੇਂਦਰੀ ਸੜਕੀ ਆਵਾਜਾਈ ਤੇ ਰਾਜਮਾਰਗ ਮੰਤਰੀ ਨਿਤਿਨ ਗਡਕਰੀ ਨੂੰ ਪਹਿਲਾਂ ਹੀ ਸੂਚਿਤ ਕਰ ਚੁੱਕੇ ਹਨ ਅਤੇ ਇਸ ਦੇ ਜਲਦੀ ਹੱਲ ਲਈ ਲਗਾਤਾਰ ਯਤਨਸ਼ੀਲ ਹਨ। ਉਨ੍ਹਾਂ ਕਿਹਾ ਕਿ ਜਨਤਕ ਸੁਰੱਖਿਆ ਤੇ ਸਹੂਲਤ ਜਾਵੇਗੀ।

ਇਸ ਮੌਕੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਸਬੰਧਤ ਵਿਭਾਗਾਂ ਨੂੰ ਇਕ-ਦੂਜੇ ਨਾਲ ਤਾਲਮੇਲ ਕਰਨ ਅਤੇ ਕੰਮ ਵਿੱਚ ਤੇਜ਼ੀ ਲਿਆਉਣ ਅਤੇ ਲੋੜੀਂਦੇ ਸੁਧਾਰ ਨਿਰਧਾਰਤ ਸਮਾਂ ਸੀਮਾ ਦੇ ਅੰਦਰ ਪੂਰੇ ਕਰਨ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਵੀ ਦਿੱਤੇ। ਇਸ ਮੌਕੇ ਐਸ.ਡੀ.ਐਮ ਮੁਕੇਰੀਆਂ ਓਇਸ਼ੀ ਮੰਡਲ, ਐਸ.ਡੀ.ਐਮ ਹੁਸ਼ਿਆਰਪੁਰ ਗੁਰਸਿਮਰਨਜੀਤ ਕੌਰ, ਅਜੈ ਮੋਹਨ ਬੱਬੀ ਤੇ ਸਥਾਨਕ ਨਿਵਾਸੀ ਵੀ ਮੌਜੂਦ ਸਨ।

# ਸਟ੍ਰੀਟ ਲਾਈਟਾਂ ਦੀ ਸਮੱਸਿਆ ਦਾ ਤੁਰੰਤ ਹੱਲ, ਟੀਮ ਪੂਜਾ ਲੂਥਰਾ ਵੱਲੋਂ ਤੁਰੰਤ ਕਾਰਵਾਈ

ਫਾਜ਼ਿਲਕਾ, 31 ਜਨਵਰੀ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਸਥਾਨਕ ਵਾਰਡ ਨੰਬਰ 22 ਵਿੱਚ ਲੰਮੇ ਸਮੇ ਤੋਂ ਚੱਲ ਰਹੀ ਸਟ੍ਰੀਟ ਲਾਈਟਾਂ ਦੀ ਸਮੱਸਿਆ ਦਾ ਟੀਮ ਪੂਜਾ ਲੂਥਰਾ ਵੱਲੋਂ ਤੁਰੰਤ ਅਤੇ ਪ੍ਰਭਾਵਸ਼ਾਲੀ ਹੱਲ ਕੀਤਾ ਗਿਆ। ਇਲਾਕੇ ਵਿੱਚ ਕਈ ਸਟ੍ਰੀਟ ਲਾਈਟਾਂ ਖਰਾਬ ਹੋਣ ਕਾਰਨ ਵਸਨੀਕਾਂ ਨੂੰ ਰਾਤ ਦੇ ਸਮੇਂ ਹਨੇਰੇ ਵਿੱਚ ਆਵਾਜਾਈ ਕਰਨੀ ਪੈਂਦੀ ਸੀ, ਜਿਸ ਨਾਲ ਹਾਦਸਿਆਂ ਅਤੇ ਅਸਮਾਜਿਕ ਤੱਤਾਂ ਦਾ ਖਤਰਾ ਬਣਿਆ ਰਹਿੰਦਾ ਸੀ। ਲੋਕਾਂ ਦੀ ਇਸ ਗੰਭੀਰ ਸਮੱਸਿਆ ਨੂੰ ਧਿਆਨ ਵਿੱਚ ਰੱਖਦਿਆਂ ਕੌਂਸਲਰ ਪੂਜਾ ਲੂਥਰਾ ਸਚਦੇਵਾ ਨੇ ਤੁਰੰਤ ਕਾਰਵਾਈ ਕਰਦੇ ਹੋਏ ਸਬੰਧਤ ਵਿਭਾਗ ਨਾਲ ਗੱਲਬਾਤ ਕੀਤੀ ਅਤੇ ਲਾਈਟਾਂ ਨੂੰ ਠੀਕ ਕਰਵਾਇਆ।

ਇਲਾਕਾ ਨਿਵਾਸੀਆਂ ਨੇ ਦੱਸਿਆ ਕਿ ਉਹ ਕਾਫੀ ਸਮੇਂ ਤੋਂ ਇਸ ਸਮੱਸਿਆ ਨਾਲ ਜੂਝ ਰਹੇ ਸਨ ਪਰ ਜਦੋਂ ਇਹ ਮਾਮਲਾ ਕੌਂਸਲਰ ਪੂਜਾ ਲੂਥਰਾ ਦੇ ਧਿਆਨ 'ਚ ਲਿਆਂਦਾ ਗਿਆ ਤਾਂ ਉਨ੍ਹਾਂ ਨੇ ਬਿਨਾਂ ਕਿਸੇ ਦੇਰੀ ਦੇ ਮਾਮਲੇ ਨੂੰ ਗੰਭੀਰਤਾ ਨਾਲ ਲਿਆ। ਟੀਮ ਵੱਲੋਂ ਮੌਕੇ 'ਤੇ ਪਹੁੰਚ ਕੇ ਖਰਾਬ ਲਾਈਟਾਂ ਦੀ ਮੁਰੰਮਤ ਕਰਵਾਈ ਗਈ,

ਇਸ ਮੌਕੇ ਕੌਂਸਲਰ ਪੂਜਾ ਲੂਥਰਾ ਸਚਦੇਵਾ ਨੇ ਕਿਹਾ ਕਿ ਉਹ ਹਮੇਸ਼ਾ ਆਪਣੇ ਹਲਕੇ ਦੇ ਲੋਕਾਂ ਦੀ ਸੇਵਾ ਲਈ ਤਿਆਰ ਹਨ। ਉਨ੍ਹਾਂ ਨੇ ਕਿਹਾ, "ਮੇਰਾ ਹਲਕਾ ਮੇਰਾ ਪਰਿਵਾਰ ਹੈ ਅਤੇ ਪਰਿਵਾਰ ਦੇ ਹਰ ਮੈਂਬਰ ਦੀ ਸਮੱਸਿਆ ਮੇਰੀ ਆਪਣੀ ਸਮੱਸਿਆ ਹੈ। ਲੋਕਾਂ ਦੀਆਂ ਬੁਨਿਆਦੀ ਜ਼ਰੂਰਤਾਂ ਜਿਵੇਂ ਸਾਫ਼-ਸਫ਼ਾਈ, ਰੋਸ਼ਨੀ, ਪਾਣੀ ਅਤੇ ਸੁਰੱਖਿਆ ਨੂੰ ਯਕੀਨੀ ਬਣਾਉਣਾ ਮੇਰੀ ਪਹਿਲੀ ਤਰਜੀਹ ਹੈ।" ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਸਮੱਸਿਆਵਾਂ ਨੂੰ ਨਜ਼ਰਅੰਦਾਜ਼ ਕਰਨਾ ਲੋਕ ਪ੍ਰਤਿਨਿਧੀ ਲਈ ਕਦੇ ਵੀ ਕਬੂਲਯੋਗ ਨਹੀ। ਕੌਂਸਲਰ ਪੂਜਾ ਲੂਥਰਾ ਸਚਦੇਵਾ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੀਆਂ ਕਿਸੇ ਵੀ ਤਰ੍ਹਾਂ ਦੀਆਂ ਸਮੱਸਿਆਵਾਂ



ਨੂੰ ਬੇਝਿਜਕ ਉਨ੍ਹਾਂ ਨਾਲ ਸਾਂਝਾ ਕਰ ਸਕਦੇ ਹਨ। ਲੋਕਾਂ ਦੀ ਸੁਵਿਧਾ ਲਈ ਉਨ੍ਹਾਂ ਵੱਲੋਂ ਇੱਕ ਵਿਸ਼ੇਸ਼ ਹੈਲਪਲਾਈਨ ਨੰਬਰ 95631-63000 ਜਾਰੀ ਕੀਤਾ ਗਿਆ ਹੈ, ਜਿਸ 'ਤੇ ਲੋਕ ਕਾਲ ਜਾਂ ਸੁਨੇਹੇ ਰਾਹੀ ਆਪਣੀ ਸਮੱਸਿਆ ਦਰਜ ਕਰਵਾ ਸਕਦੇ ਹਨ। ਇਸ ਤੋਂ ਇਲਾਵਾ ਲੋਕ ਸਲੇਮਸ਼ਾਹ ਰੋਡ ਸਥਿਤ ਉਨ੍ਹਾਂ ਦੇ ਦਫ਼ਤਰ ਵਿੱਚ ਸਿੱਧੇ ਆ ਕੇ ਵੀ ਸੰਪਰਕ ਕਰ ਸਕਦੇ ਹਨ।

ਉਨ੍ਹਾਂ ਨੇ ਭਰੋਸਾ ਦਿਵਾਇਆ ਕਿ ਹਰ ਸ਼ਿਕਾਇਤ ਦਾ ਸਮੇਂ ਸਿਰ ਨਿਪਟਾਰਾ ਕੀਤਾ ਜਾਵੇਗਾ। ਉਨ੍ਹਾਂ ਦਾ ਮਕਸਦ ਫਾਜ਼ਿਲਕਾ ਸ਼ਹਿਰ ਨੂੰ ਇੱਕ ਸੁਚੱਜਾ, ਸੁਰੱਖਿਅਤ ਤੇ ਸੁੰਦਰ ਸ਼ਹਿਰ ਬਣਾਉਣਾ ਹੈ, ਜਿੱਥੇ ਹਰ ਨਾਗਰਿਕ ਨੂੰ ਬੁਨਿਆਦੀ ਸਹੂਲਤਾਂ ਬਿਨਾਂ ਕਿਸੇ ਰੁਕਾਵਟ ਦੇ ਮਿਲ ਸਕਣ।

ਫਾਜ਼ਿਲਕਾ 'ਚ ਕੌਂਸਲਰ ਪੂਜਾ ਲੂਥਰਾ ਸਚਦੇਵਾ ਨੂੰ ਲੋਕਾਂ ਵੱਲੋਂ ਬਹੁਤ ਸਤਿਕਾਰ ਮਿਲ ਰਿਹਾ ਹੈ। ਉਹਨਾ ਸਿਰਫ ਵਾਰਡ ਦੇ ਵਿਕਾਸ ਕੰਮਾਂ 'ਚ ਸਰਗਰਮ ਹਨ ਬਲਕਿ ਮਹਿਲਾਵਾਂ ਦੇ ਸਸ਼ਕਤੀਕਰਨ, ਜਰੂਰਤਮੰਦਾਂ ਨੂੰ ਮਦਦ ਤੇ ਸਮਾਜਿਕ ਸੇਵਾਵਾਂ ਵਿੱਚ ਵੀ ਅੱਗੇ ਰਹਿੰਦੀ ਹਨ। ਉਨ੍ਹਾਂ ਦੇ ਨਿਰੰਤਰ ਯਤਨਾਂ ਕਰਕੇ ਹਲਕੇ ਵਿੱਚ ਸਕਾਰਾਤਮਕ ਬਦਲਾਅ ਆ ਰਿਹਾ ਹੈ।

## ਭਾਰਤ ਦੇ ਸੁਤੰਤਰਤਾ ਸੰਗਰਾਮ ਦੇ ਸ਼ਹੀਦਾਂ ਨੂੰ ਦੋ ਮਿੰਟ ਦਾ ਮੌਨ ਧਾਰ ਕੇ ਦਿੱਤੀ ਸ਼ਰਧਾਂਜਲੀ

ਫਿਰੋਜ਼ਪੁਰ, 31 ਜਨਵਰੀ (ਚ.ਨ.ਸ.): ਭਾਰਤ ਦੇ ਸੁਤੰਤਰਤਾ ਸੰਗਰਾਮ ਦੌਰਾਨ ਦੇਸ਼, ਕੌਮ ਲਈ ਆਪਣੀਆਂ ਜਾਨਾਂ ਨਿਛਾਵਰ ਕਰਨ



ਵਾਲੇ ਮਹਾਨ ਸ਼ਹੀਦਾਂ ਅਤੇ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਜੀ ਨੂੰ ਸਥਾਨਕ ਸਾਰਾਗੜ੍ਹੀ ਪਾਰਕ ਵਿਖੇ ਦੋ ਮਿੰਟ ਦਾ ਮੌਨ ਧਾਰ ਸ਼ਰਧਾਂਜਲੀ ਅਰਪਿਤ ਕੀਤੀ ਗਈ।

ਇਸ ਦੌਰਾਨ ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਅਤੇ ਐਸ.ਐਸ.ਪੀ. ਭੁਪਿੰਦਰ ਸਿੰਘ ਸਿੱਧੂ ਸਮੇਤ ਜ਼ਿਲ੍ਹੇ ਦੇ ਪੁਲਿਸ ਅਤੇ ਸਿਵਲ ਪ੍ਰਸ਼ਾਸਨ ਦੇ ਅਧਿਕਾਰੀਆਂ/ਕਰਮਚਾਰੀਆਂ ਨੇ ਜਿੱਥੇ 2 ਮਿੰਟ ਦਾ ਮੌਨ ਧਾਰਨ ਕਰਕੇ ਦੇਸ਼ ਦੇ ਮਹਾਨ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ, ਉੱਥੇ ਹੀ ਸੁਤੰਤਰਤਾ ਸੰਗ੍ਰਾਮੀ ਮਹਾਤਮਾ ਗਾਂਧੀ ਨੂੰ ਵੀ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਇਸ ਮੌਕੇ ਪੰਜਾਬ ਪੁਲਿਸ ਦੀ ਟੁਕੜੀ ਵੱਲੋਂ ਹਥਿਆਰ ਉਲਟੇ ਕਰਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੱਤੀ ਗਈ।

ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਨੇ ਕਿਹਾ ਕਿ ਭਾਰਤ ਦੇ ਸੁਤੰਤਰਤਾ ਸੰਗਰਾਮ ਦੌਰਾਨ ਦੇਸ਼ ਅਤੇ ਕੌਮ ਲਈ ਆਪਣੀਆਂ ਜਾਨਾਂ ਵਾਰਨ ਵਾਲੇ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਯਾਦ ਰੱਖਣਾ ਸਾਡਾ ਸਭ ਦਾ ਫ਼ਰਜ਼ ਬਣਦਾ ਹੈ ਜਿਨ੍ਹਾਂ ਦੀ ਬਦੌਲਤ ਸਾਡਾ ਦੇਸ਼ ਆਜ਼ਾਦ ਹੋਇਆ ਅਤੇ ਅਸੀ ਆਜ਼ਾਦ ਫਿਜ਼ਾ ਦਾ ਆਨੰਦ ਮਾਣ ਰਹੇ ਹਾਂ। ਉਨ੍ਹਾਂ ਕਿਹਾ ਕਿ ਸਾਨੂੰ ਰਾਸ਼ਟਰ ਪਿਤਾ ਅਤੇ ਮਹਾਨ ਸੁਤੰਤਰਤਾ ਸੰਗਰਾਮੀ ਮਹਾਤਮਾ ਗਾਂਧੀ ਜੀ ਵੱਲੋਂ ਵਿਖਾਏ ਆਪਸੀ ਸਦਭਾਵਨਾ ਅਤੇ ਅਹਿੰਸਾ ਦੇ ਰਸਤੇ 'ਤੇ ਚੱਲਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਸਾਰੇ ਮਹਾਨ ਦੇਸ਼ ਭਗਤਾਂ/ਸ਼ਹੀਦਾਂ ਨੂੰ ਅੱਜ ਦੇ ਦਿਨ ਸਾਡੇ ਵੱਲੋਂ ਸੱਚੀ ਸ਼ਰਧਾਂਜਲੀ ਇਹ ਹੋਵੇਗੀ ਕਿ ਅਸੀ ਉਨ੍ਹਾਂ ਵੱਲੋਂ ਕੁਰਬਾਨੀ ਕਰਕੇ ਪ੍ਰਾਪਤ ਕੀਤੀ ਆਜ਼ਾਦੀ ਨੂੰ ਬਣਾਈ ਰੱਖਣ ਤੇ ਦੇਸ਼ ਦੀ ਸੁਰੱਖਿਆ ਤੇ ਤਰੱਕੀ ਲਈ ਆਪਣਾ ਹਰ ਸੰਭਵ ਯੋਗਦਾਨ ਕਰਨ ਲਈ ਤਿਆਰ ਰਹੀਏ।

ਇਸ ਮੌਕੇ ਐਸ.ਡੀ.ਐਮ. ਫ਼ਿਰੋਜ਼ਪੁਰ ਮੈਡਮ ਲਿੰਦੀਆ, ਡੀ.ਐੱਸ.ਪੀ. ਕਰਨ ਸ਼ਰਮਾ ਤੋਂ ਇਲਾਵਾ ਪੁਲਿਸ ਤੇ ਸਿਵਲ ਪ੍ਰਸ਼ਾਸਨ ਦੇ ਅਧਿਕਾਰੀ 'ਤੇ ਕਰਮਚਾਰੀ ਹਾਜ਼ਰ ਸਨ।

## ਓਮ ਪ੍ਰਕਾਸ਼ ਬਾਂਸਲ ਸਕੂਲ ਵਿਖੇ ਸ਼ਾਸਤਰੀ ਸੰਗੀਤ ਵਰਕਸ਼ਾਪ

ਮੰਡੀ ਗੋਬਿੰਦਗੜ੍ਹ, 31 ਜਨਵਰੀ (ਸੂਦ):ਓਮ ਪ੍ਰਕਾਸ਼ ਬਾਂਸਲ ਮਾਡਰਨ ਸਕੂਲ ਮੰਡੀ ਗੋਬਿੰਦਗੜ੍ਹ ਦੇ ਟਾਈਟਨ ਹਾਲ ਵਿੱਚ ਸਪਿਕ ਮੈਕੇ ਦੇ ਸਹਿਯੋਗ ਨਾਲ ਚੌਥੀ ਤੋਂ ਨੌਵੀ ਜਮਾਤ ਤੱਕ ਦੇ ਵਿਦਿਆਰਥੀਆਂ ਲਈ ਸ਼ਾਸਤਰੀ ਸੰਗੀਤ ਵਰਕਸ਼ਾਪ ਕਰਵਾਈ ਗਈ। ਇਸ ਮੌਕੇ ਸ਼ਾਸਤਰੀ ਸੰਗੀਤ ਦੇ ਦੋ ਪ੍ਰਸਿੱਧ ਹਸਤੀਆਂ ਪੰਡਿਤ ਅਜੈ ਸ਼ੰਕਰ ਪ੍ਰਸੰਨਾ (ਬੰਸਰੀ) ਅਤੇ ਪੰਡਿਤ ਅਭਿਸ਼ੇਕ ਮਿਸ਼ਰਾ (ਤਬਲਾ) ਨੇ ਸਿਰਕਤ ਕੀਤੀ।



ਪੰਡਿਤ ਅਜੈ ਸ਼ੰਕਰ ਪ੍ਰਸੰਨਾ ਨੇ ਆਪਣੇ ਸੁਰੀਲੇ ਅਤੇ ਰੂਹਾਨੀ ਬੰਸਰੀ ਨਾਲ ਵਿਦਿਆਰਥੀਆਂ ਨੂੰ ਭਾਰਤੀ ਸ਼ਾਸਤਰੀ ਸੰਗੀਤ ਦੀ ਡੂੰਘਾਈ, ਸ਼ਾਂਤੀ ਅਤੇ ਭਾਵਨਾਤਮਕਤਾ ਬਾਰੇ ਜਾਣੂ ਕਰਵਾਇਆ। ਪੰਡਿਤ ਅਭਿਸ਼ੇਕ ਮਿਸ਼ਰਾ ਨੇ ਗੁੰਝਲਦਾਰ ਤਾਲਬੱਧ ਬਣਤਰਾਂ ਅਤੇ ਤਬਲੇ 'ਤੇ ਤਾਲਬੱਧ ਵਜਾਉਣ ਦੇ ਦਿਲਚਸਪ ਪ੍ਰਦਰਸ਼ਨ ਨਾਲ ਵਿਦਿਆਰਥੀਆਂ ਨੂੰ ਤਾਲ, ਲਾਅ ਅਤੇ ਸੰਗਤ ਦੀਆਂ ਬਾਰੀਕੀਆਂ ਤੋਂ ਜਾਣੂ ਕਰਵਾਇਆ। ਇੰਟਰਐਕਟਿਵ ਵਰਕਸ਼ਾਪ ਵਿਦਿਆਰਥੀਆਂ ਲਈ ਬਹੁਤ ਜਾਣਕਾਰੀ ਭਰਪੂਰ ਸੀ ਜਿਸ ਨਾਲ ਭਾਰਤੀ ਸੰਗੀਤਕ ਵਿਰਾਸਤ ਪ੍ਰਤੀ ਉਨ੍ਹਾਂ ਦੀ ਦਿਲਚਸਪੀ ਅਤੇ ਸਤਿਕਾਰ ਵਧਿਆ। ਪ੍ਰਿੰਸੀਪਲ ਸੰਗੀਤਾ ਸ਼ਰਮਾ ਨੇ ਸੰਗੀਤ ਉਸਤਾਦਾਂ ਦਾ ਧੰਨਵਾਦ ਕਰਦਿਆ ਵਿਦਿਆਰਥੀਆਂ ਨੂੰ ਕਿਹਾ ਸ਼ਾਸਤਰੀ ਸੰਗੀਤ ਵਰਕਸ਼ਾਪ ਵਿਦਿਆਰਥੀਆਂ ਲਈ ਇੱਕ ਅਭੁੱਲ ਅਨੁਭਵ ਹੈ। ਭਾਰਤੀ ਸ਼ਾਸਤਰੀ ਸੰਗੀਤ ਸਾਡੀ ਸੱਭਿਆਚਾਰਕ ਵਿਰਾਸਤ ਦੀ ਆਤਮਾ ਹੈ ਅਤੇ ਅਜਿਹੇ ਮਹਾਨ ਕਲਾਕਾਰਾਂ ਦੀ ਮੌਜੂਦਗੀ ਵਿੱਚ ਇਸਨੂੰ ਸਮਝਣ ਦਾ ਮੌਕਾ ਮਿਲਣਾ ਬਹੁਤ ਮਾਣ ਵਾਲੀ ਗੱਲ ਹੈ। ਉਨ੍ਹਾਂ ਆਸ ਕੀਤੀ ਕਿ ਇਸ ਨੇ ਵਿਦਿਆਰਥੀਆਂ ਨੂੰ ਆਪਣੀ ਕਲਾ ਅਤੇ ਅਨੁਭਵਾਂ ਨਾਲ ਪ੍ਰੇਰਿਤ ਕੀਤਾ ਜੋ ਉਨ੍ਹਾਂ ਵਿਚ ਕਲਾ, ਸੱਭਿਆਚਾਰ ਅਤੇ ਅਨੁਸ਼ਾਸਨ ਬਾਰੇ ਨਵੀ ਜਾਗਰੂਕਤਾ ਲਿਆਵੇਗਾ।

## ਭੋਗਪੁਰ ਪੁਲਿਸ ਹੋਈ ਸਰਗਰਮ

ਭੋਗਪੁਰ, 31 ਜਨਵਰੀ (ਜੰਡੀਰ ਸੈਣੀ): ਹਲਕਾ ਆਦਮਪੁਰ ਦੇ ਭੋਗਪੁਰ ਦੀ ਟਰੈਫਿਕ ਦਾ ਮਸਲਾ ਦਿਨੋ ਦਿਨ ਗੰਭੀਰ ਹੁੰਦਾ ਜਾ ਰਿਹਾ ਹੈ ਭੋਗਪੁਰ ਵਿੱਚ ਲੰਬੇ ਲੰਬੇ ਜਾਮ ਲੱਗ ਰਹੇ ਹਨ,ਅਤੇ ਟਰੈਫਿਕ ਦੇ ਕਾਰਨ ਲਗਾਤਾਰ ਹਾਦਸੇ ਵਾਪਰ ਰਹੇ ਹਨ। ਭੋਗਪੁਰ ਵਿੱਚ



ਸਰਕਾਰ ਦੇ ਕਰੋੜਾਂ ਰੁਪਏ ਖਰਚ ਕਰਕੇ ਬੱਸ ਅੱਡਾ ਬਣਾਇਆ ਗਿਆ ਸੀ। ਤੇ ਬੱਸ ਅੱਡਾ ਚਾਲੂ ਨਾ ਕਰਨ ਕਰਕੇ ਬੱਸਾਂ ਜੀਟੀ ਰੋਡ ਤੇ ਰੁਕਦੀਆਂ ਹਨ, ਤਾਂ ਜੀਟੀ ਰੋਡ ਤੇ ਲੰਬੇ ਜਾਮ ਲੱਗ ਜਾਂਦੇ ਹਨ,ਅੱਜ ਫਿਰ ਟੀ ਪੁਆਇੰਟ ਵਿੱਚ ਗੰਨੇ ਦੀ ਟਰਾਲੀ ਪਲਟ ਜਾਣ ਕਰਕੇ ਭੋਗਪੁਰ ਪੁਲਿਸ ਵੱਲੋਂ ਸਖਤੀ ਕੀਤੀ ਗਈ ਹੈ, ਚੌਕ ਵਿੱਚ ਬੈਰੀਗੇਟ ਲਗਾ ਦਿੱਤੇ ਗਏ ਅਤੇ ਜੀਟੀ ਰੋਡ ਤੇ ਫਾਲਤੂ ਗੱਡੀਆਂ ਖੜੀਆਂ ਕਰਨ ਵਾਲਿਆਂ ਨੂੰ ਸਖਤ ਵਾਰਨਿੰਗ ਦਿੱਤੀ ਗਈ ਹੈ ਅਤੇ ਕਈਆਂ ਦੇ ਚਲਾਨ ਵੀ ਕੱਟੇ ਗਏ ਇਲਾਕੇ ਦੇ ਲੋਕਾਂ ਨੇ ਵੀ ਮੰਗ ਕੀਤੀ ਹੈ ਕੇ ਭੋਗਪੁਰ ਦੇ ਮਸਲਿਆਂ ਨੂੰ ਗੰਭੀਰਤਾ ਨਾਲ ਲਿਆ ਜਾਵੇ।

## ਗੈਂਗਸਟਰਾ ਤੇ ਸਮੱਗਲਰਾਂ ਖ਼ਿਲਾਫ਼ ਮੁਹਿੰਮ ਦੌਰਾਨ ਨਹੀਂ ਬਖਸ਼ਿਆ ਜਾਵੇਗਾ ਕੋਈ ਵੀ ਦੋਸ਼ੀ: ਸ਼ੁਭਮ ਅਗਰਵਾਲ

ਫਤਹਿਗੜ੍ਹ ਸਾਹਿਬ, 31 ਜਨਵਰੀ (ਰੂਪਲ ਸੂਦ)-ਪੰਜਾਬ ਸਰਕਾਰ ਅਤੇ ਪੁਲੀਸ ਵਿਭਾਗ ਵੱਲੋ ਨਸ਼ਿਆਂ ਅਤੇ ਗੈਂਗਸਟਰ ਵਾਰਦਾਤਾਂ ਦੇ ਖਿਲਾਫ ਸ਼ੁਰੂ ਕੀਤੀ ਮੁਹਿੰਮ ਤਹਿਤ ਜਿਲਾ ਪੁਲਿਸ ਪੂਰੀ ਤਰਾਂ ਮੁਸਤੈਦ ਹੈ। ਇਹ ਪ੍ਰਗਟਾਵਾ ਜ਼ਿਲਾ ਪੁਲਿਸ ਮੁਖੀ ਸ਼ੁਭਮ ਅਗਰਵਾਲ ਨੇ ਗੁਰਦਵਾਰਾ ਸ੍ਰੀ ਜੋਤੀ ਸਰੂਪ ਸਾਹਿਬ ਦੇ ਮੋੜ ਉਪਰ ਨਾਕਾਬੰਦੀ ਚੈਕਿੰਗ ਦੌਰਾਨ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ "ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਤਹਿਤ ਨਸ਼ੇ ਦੇ ਸੌਦਾਗਰਾਂ ਨੂੰ ਫੜ ਕੇ ਜੇਲਾਂ ਵਿੱਚ ਡੱਕਿਆ ਜਾ ਰਿਹਾ ਹੈ ਤਾਂ ਜੋ ਪੰਜਾਬ ਦੀ ਜਵਾਨੀ ਨੂੰ ਬਚਾਇਆ ਜਾ ਸਕੇ। ਇਸ ਤੋਂ ਇਲਾਵਾ ਗੈਂਗਸਟਰ ਵਾਰਦਾਤਾਂ ਨੂੰ ਕੰਟਰੋਲ ਕਰਨ ਲਈ ਜਿਲਾ ਪੁਲੀਸ ਵੱਲੋ



ਪੁਲਿਸ ਵਿਭਾਗ ਦੀਆਂ ਹਦਾਇਤਾਂ ਮੁਤਾਬਕ ਸਮੇਂ ਸਮੇਂ ਤੇ ਨਾਕਾਬੰਦੀ ਕੀਤੀ ਜਾਂਦੀ ਹੈ। ਇਸੇ ਤਹਿਤ ਇਸ ਨਾਕਾਬੰਦੀ ਦੌਰਾਨ 850 ਗੱਡੀਆਂ ਨੂੰ ਚੈੱਕ ਕੀਤਾ ਗਿਆ ਜਿਸ ਵਿੱਚੋ 400 ਗੱਡੀਆਂ ਦੇ ਕਰੀਬ ਗੱਡੀਆਂ ਦੇ ਟ੍ਰੈਫਿਕ ਚਲਾਨ ਕੀਤੇ ਗਏ ਅਤੇ 5 ਟੂ ਵੀਲਰ ਮੋਟਰਸਾਈਕਲ ਨੂੰ ਕਾਗਜ ਨਾ ਹੋਣ ਕਾਰਣ ਬੰਦ ਕੀਤਾ ਗਿਆ। ਉਨ੍ਹਾਂ ਕਿਹਾ ਕਿ ਜ਼ਿਲਾ ਪੁਲੀਸ ਕਾਨੂੰਨ ਵਿਵਸਥਾ ਨੂੰ ਕਾਇਮ ਰੱਖਣ ਲਈ ਵਚਨਬੱਧ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀਪ ਕਿ ਜੇਕਰ ਕਿਸੇ ਜਗਾਂ ਕੋਈ ਗੈਰ ਕਾਨੂੰਨੀ ਕਾਰਜ ਕਰਦਾ ਹੈ ਤਾਂ ਤੁਰੰਤ ਸੂਚਿਤ ਕੀਤਾ ਜਾਵੇ ਜਿਸ ਦਾ ਨਾਮ ਗੁਪਤ ਰਖਿਆ ਜਾਵੇਗਾ। ਇਸ ਮੌਕੇ ਕਪਤਾਨ ਪੁਲੀਸ (ਸ) ਰਾਜਵੰਤ ਕੌਰ, ਡੀਐਸਪੀ ਕੁਲਬੀਰ ਸਿੰਘ ਅਤੇ ਐਸਐੱਚਓ ਅਸ਼ੋਕ ਕੁਮਾਰ ਆਦਿ ਮੌਜੂਦ ਸਨ।

## ਸਿਵਲ ਹਸਪਤਾਲ ਜਲਾਲਾਬਾਦ ਵਿਖੇ ਰੋਸ ਵਜੋਂ ਡਾਕਟਰਾਂ ਅਤੇ ਸਟਾਫ਼ ਵੱਲੋਂ ਧਰਨਾ



ਜਲਾਲਾਬਾਦ, 31 ਜਨਵਰੀ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਸਮੂਹ ਸੀ.ਐਚ.ਸੀ. ਜਲਾਲਾਬਾਦ ਸਟਾਫ ਜਿਸ ਵਿਚ ਸਮੂਹ ਮੈਡੀਕਲ ਅਫਸਰ, ਪੈਰਾਮੈਡੀਕਲ ਸਟਾਫ,ਫੀਲਡ ਸਟਾਫ 44 ਪਿੰਡ ਜੋ ਕਿ ਕੱਲ੍ਹ ਮਿਤੀ 29-01-2026 ਨੂੰ ਪੰਜਾਬ ਸਰਕਾਰ ਦੁਆਰਾ ਇੱਕ ਪੱਤਰ ਜਾਰੀ ਕਰਕੇ ਸੀ.ਐਚ.ਸੀ. ਜਲਾਲਾਬਾਦ ਨੂੰ ਖਤਮ ਕਰ ਕੇ ਪੰਜਾਬ ਸਰਕਾਰ ਦੇ ਸਮੂਹ ਮੁਲਾਜ਼ਮਾਂ ਨੂੰ ਜੋ ਕਿ ਇਸ ਸੀ.ਐਚ.ਸੀ. ਵਿੱਚ ਕੰਮ ਕਰ ਰਹੇ ਸਨ, ਨੂੰ ਪੰਜਾਬ ਸਰਕਾਰ ਦੇ ਨਾਦਰਸ਼ਾਹੀ ਫ਼ਰਮਾਨ ਤਹਿਤ ਪੰਜਾਬ ਸਰਕਾਰ ਦੇ ਵੱਖ ਵੱਖ ਸਰਕਾਰੀ ਹਸਪਤਾਲ ਵਿੱਚ ਦੂਰ ਦੂਰ ਥਾਵਾਂ ਤੇ ਤਾਇਨਾਤ ਕਰ ਦਿੱਤਾ ਜਾਵੇਗਾ। ਜਿਸ ਦੇ ਰੋਸ ਵਜੋਂ ਸਥਾਨਕ ਸਿਵਲ ਹਸਪਤਾਲ ਸਮੂਹ ਸਟਾਫ ਜਿਸ ਵਿੱਚ ਮੈਡੀਕਲ ਅਫ਼ਸਰ ਅਤੇ ਸਾਰੇ ਕੈਟਾਗਰੀਆਂ ਦੇ ਸਟਾਫ ਮੈਂਬਰ ਹਾਜ਼ਿਰ ਹੋਏ।

ਓ.ਪੀ.ਡੀ. ਦੇ ਬਾਹਰ ਧਰਨਾ ਵੀ ਦਿੱਤਾ ਗਿਆ ਅਤੇ ਪੰਜਾਬ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਵੀ ਕੀਤੀ ਗਈ। ਇਸ ਮੌਕੇ ਮੰਗ ਕੀਤੀ ਗਈ ਕਿ ਸਮੂਹ ਲੋੜਵੰਦ ਲੋਕਾਂ ਦੀਆ ਸਿਹਤ ਸਹੂਲਤਾਂ ਅਤੇ ਮੰਗਾਂ ਨੂੰ ਮੁੱਖ ਰੱਖਦੇ ਹੋਏ ਸੀ.ਐਚ.ਸੀ. ਜਲਾਲਾਬਾਦ ਨੂੰ ਤੁਰੰਤ ਬਹਾਲ ਕੀਤਾ ਜਾਵੇ। ਇਸ ਦੌਰਾਨ ਮੈਡੀਕਲ ਅਫਸਰ ਡਾ. ਸੁਮਿਤ ਲੂਨਾ, ਡਾ.ਸੁਮਨ, ਰਮੇਸ਼ ਕੁਮਾਰ ਲਾਡੀ,ਜਗਸੀਰ ਸਿੰਘ, ਸੰਦੀਪ ਕੁਮਾਰ, ਹਰਜਿੰਦਰ ਸਿੰਘ, ਅਮਰਜੀਤ ਸਿੰਘ, ਪਰਮਜੀਤ ਕੌਰ, ਗਗਨਦੀਪ ਕੌਰ, ਸੁਖਦੀਪ ਕੰਬੋਜ, ਆਦੇਸ਼ ਕੰਬੋਜ, ਸੁਖਵਿੰਦਰ ਸਿੰਘ, ਮਨਦੀਪ ਕੁਮਾਰ, ਸਮੂਹ ਨਰਸਿੰਗ ਸਟਾਫ, ਮਲਟੀਪਰਪਜ ਹੈਲਥ ਇੰਪਲਾਈਜ ਸਟਾਫ਼ ਆਸ਼ਾ ਫੈਸਿਲੀਟੇਟਰ, ਆਸ਼ਾ ਵਰਕਰਜ਼ ਆਦਿ ਮੌਜੂਦ ਸਨ।

ਇਸ ਮੌਕੇ ਸਿਵਲ ਹਸਪਤਾਲ ਦੇ ਸਮੂਹ ਡਾਕਟਰਾਂ ਅਤੇ ਬਾਕੀ ਸਟਾਫ ਵੱਲੋਂ ਦਿੱਤੇ ਜਾ ਰਹੇ ਧਰਨੇ ਦੀ ਹਮਾਇਤ ਵਿੱਚ ਪਹੁੰਚੇ ਭਾਰਤੀ ਕਮਿਊਨਿਸਟ ਪਾਰਟੀ ਅਤੇ ਕੁੱਲ ਹਿੰਦ ਕਿਸਾਨ ਸਭਾ ਦੇ ਆਗੂ ਕਾਮਰੇਡ ਸੁਰਿੰਦਰ ਢੰਡੀਆਂ ਅਤੇ ਸਰਵ ਭਾਰਤ ਨੌਜਵਾਨ ਸਭਾ ਦੇ ਸਾਬਕਾ ਸੂਬਾ ਪ੍ਰਧਾਨ ਐਡਵੋਕੇਟ ਪਰਮਜੀਤ ਢਾਬਾਂ ਨੇ ਹਸਪਤਾਲ ਦੇ ਸਟਾਫ ਦੀ ਮੰਗ ਨੂੰ ਜਾਇਜ਼ ਠਹਿਰਾਉਦਿਆਂ ਕਿਹਾ ਕਿ ਉਹਨਾਂ ਦੀ ਤਾਇਨਾਤੀ ਦਾ ਪਹਿਲਾਂ ਸਰਕਾਰ ਵੱਲੋਂ ਜਲਾਲਾਂਬਾਦ ਵਿਖੇ ਪ੍ਰਬੰਧ ਕਰਨਾ ਚਾਹੀਦਾ ਹੈ ਅਤੇ ਸੀਐਚਸੀ ਸੈਂਟਰ ਭਾਵ ਸਿਵਲ ਹਸਪਤਾਲ ਨੂੰ ਜਲਾਲਾਬਾਦ ਵਿਖੇ ਹੀ ਬਰਕਰਾਰ ਰੱਖਣਾ ਚਾਹੀਦਾ ਹੈ।

ਉਹਨਾਂ ਕਿਹਾ ਕਿ ਅਜੇ ਤੱਕ ਬਾਬਾ ਫਰੀਦ ਯੂਨੀਵਰਸਿਟੀ ਵੱਲੋਂ ਜਲਾਲਾਬਾਦ ਦਾ ਹਸਪਤਾਲ ਚਲਾਉਣ ਲਈ ਕੋਈ ਵੀ ਸਟਾਫ਼ ਭਰਤੀ ਨਹੀ ਕੀਤਾ ਗਿਆ, ਪ੍ਰੰਤੂ ਉਸ ਤੋਂ ਪਹਿਲਾਂ ਇੱਥੇ ਲੱਗੇ ਡਾਕਟਰਾਂ ਅਤੇ ਬਾਕੀ ਸਟਾਫ਼ ਨੂੰ ਰਵਾਨਾ ਕਰਨ ਦੀ ਤਿਆਰੀ ਵਿੱਢ ਲਈ ਗਈ ਹੈ। ਜਿਸ ਨੂੰ ਕਿਸੇ ਵੀ ਕੀਮਤ ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਕਤ ਆਗੂਆਂ ਨੇ ਸਮੂਹ ਇਲਾਕਾ ਵਾਸੀਆਂ ਨੂੰ ਸੁਚੇਤ ਕਰਦਿਆਂ ਕਿਹਾ ਕਿ ਕਿ ਜਲਾਲਾਬਾਦ ਦੇ ਸਿਵਲ ਹਸਪਤਾਲ ਨੂੰ ਬਾਬਾ ਫਰੀਦ ਯੂਨੀਵਰਸਿਟੀ ਦੇ ਅਧੀਨ ਕਰਨ ਦੇ ਨਾਂ ਥੱਲੇ ਸਰਕਾਰੀ ਹਸਪਤਾਲਾਂ ਦਾ ਨਿੱਜੀਕਰਨ ਕੀਤਾ ਜਾ ਰਿਹਾ ਹੈ,ਜਿਸ ਨੂੰ ਕਿਸੇ ਵੀ ਕੀਮਤ ਤੇ ਬਰਦਾਸ਼ਤ ਨਹੀ ਕੀਤਾ ਜਾਵੇਗਾ। ਆਗੂਆਂ ਨੇ ਕਿਹਾ ਕਿ ਇਸ ਨੀਤੀ ਤਹਿਤ ਜਿਹੜੀਆਂ ਸਹੂਲਤਾਂ ਮੁਫਤ ਵਿੱਚ ਹੁਣ ਤੱਕ ਸਿਵਿਲ ਹਸਪਤਾਲ ਵਿੱਚ ਮਿਲ ਰਹੀਆਂ ਹਨ, ਉਹ ਮੁਕੰਮਲ ਤੌਰ ਤੇ ਬੰਦ ਕਰਨ ਦੀ ਚਾਲ ਹੈ। ਜਿਸ ਨਾਲ ਆਮ ਅਤੇ ਗਰੀਬ ਆਦਮੀ ਨੂੰ ਵੱਡੇ ਪੱਧਰ 'ਤੇ ਆਰਥਿਕ ਸੱਟ ਵੱਜੇਗੀ। ਇਸ ਮੌਕੇ ਹੋਰਾਂ ਤੋਂ ਇਲਾਵਾ ਸੀਪੀਆਈ ਦੇ ਆਗੂ ਨਰਿੰਦਰ ਢਾਬਾਂ,ਬਲਾਕ ਸਕੱਤਰ ਕਾਮਰੇਡ ਰਮੇਸ਼ ਪੀਰ ਮੁਹੰਮਦ,ਸਰਬ ਭਾਰਤ ਨੌਜਵਾਨ ਸਭਾ ਦੇ ਬਲਾਕ ਜਲਾਲਾਬਾਦ ਦੇ ਮੀਤ ਪ੍ਰਧਾਨ ਸੋਨਾ ਧੁਨਕੀਆਂ, ਮੀਤ ਸਕੱਤਰ ਧਰਮਿੰਦਰ ਮੁਰਕਵਾਲਾ ਕੰਸਟਰਕਸ਼ਨ ਵਰਕਰ ਐਂਡ ਲੇਬਰ ਯੂਨੀਅਨ ਦੇ ਆਗੂ ਮੰਗਤ ਸੋਹਣਾ ਸਾਂਦੜ, ਕਿਸਾਨ ਆਗੂ ਸ਼ਰਮਾ ਸਿੰਘ ਢੰਡੀਆਂ, ਲਵਪ੍ਰੀਤ ਕਾਠਗੜ੍ਹ ਵੀ ਹਾਜ਼ਰ ਸਨ।

## ਟੋਨੀ ਜਿੰਦਲ ਦਾ ਵਪਾਰ ਤੇ ਉਦਯੋਗ ਵਿੰਗ ਦਾ ਜ਼ਿਲਾ ਪ੍ਰਧਾਨ ਬਣਨ 'ਤੇ ਕੀਤਾ ਸਨਮਾਨ

ਮੰਡੀ ਗੋਬਿੰਦਗੜ੍ਹ, 31 ਜਨਵਰੀ (ਸੂਦ): ਸ੍ਰੀ ਭਾਰਤ ਭੂਸ਼ਨ ਟੋਨੀ ਜਿੰਦਲ ਨੂੰ ਸ਼੍ਰੋਮਣੀ ਅਕਾਲੀ ਦਲ ਗੁਰਪ੍ਰੀਤ ਸਿੰਘ ਰਾਜੂ ਖੰਨਾ ਸਮੇਤ ਸਮੁੱਚੀ ਸੀਨੀਅਰ ਲੀਡਰਸ਼ਿਪ ਦਾ ਧੰਨਵਾਦ ਕੀਤਾ ਗਿਆ। ਸ੍ਰੀ ਰਾਜੂ ਦਿਤਾ ਕਿ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਨ ਤੇ ਵਪਾਰੀਆਂ ਦੀ ਹਰ ਛੋਟੀ ਵੱਡੀ ਸਮੱਸਿਆ ਦਾ ਹੱਲ ਕਰਵਾਇਆ ਜਾਵੇਗਾ।



ਵਪਾਰ ਤੇ ਇੰਡਸਟਰੀ ਵਿੰਗ ਦਾ ਜ਼ਿਲ੍ਹਾ ਪ੍ਰਧਾਨ ਬਣਣ ਤੇ ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਤੇ ਹਲਕਾ ਅਮਲੋਹ ਦੇ ਮੁੱਖ ਸੇਵਾਦਾਰ ਗੁਰਪ੍ਰੀਤ ਸਿੰਘ ਰਾਜੂ ਖੰਨਾ ਦੀ ਅਗਵਾਈ ਵਿੱਚ ਸਹਿਰ ਦੇ ਉਦਯੋਗਪਤੀਆਂ ਅਤੇ ਪਾਰਟੀ ਲੀਡਰਸਿਪ ਵਲੋਂ ਸਨਮਾਨਿਤ ਕੀਤਾ ਗਿਆ। ਆਗੂਆਂ ਵੱਲੋਂ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ, ਵਪਾਰ ਤੇ ਇੰਡਸਟਰੀ ਵਿੰਗ ਦੇ ਕੌਮੀ ਪ੍ਰਧਾਨ ਐਨਕੇ ਸ਼ਰਮਾ, ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਖੰਨਾ ਨੇ ਵਧਾਈ ਦਿੰਦਿਆ ਕਿਹਾ ਕਿ ਜਿੰਦਲ ਪਰਿਵਾਰ ਵੱਲੋਂ ਹਮੇਸ਼ਾ ਮੰਡੀ ਗੋਬਿੰਦਗੜ ਦੀ ਇੰਡਸਟਰੀ ਦੀਆਂ ਸਮੱਸਿਆਂਵਾਂ ਨੂੰ ਹੱਲ ਕਰਨ ਲਈ ਜਿਥੇ ਪਹਿਲ ਕਦਮੀ ਕੀਤੀ ਗਈ ਉਥੇ ਪਿਛਲੀਆ ਸ਼੍ਰੋਮਣੀ ਅਕਾਲੀ ਦਲ ਦੀਆਂ ਸਰਕਾਰਾਂ ਸਮੇਂ ਉਦਯੋਗਪਤੀਆਂ ਨੂੰ ਵੱਡੀਆਂ ਰਾਹਤਾਂ ਵੀ ਦਵਾਈਆਂ ਗਈਆਂ, ਜਿਸ ਨੂੰ ਦੇਖਦੇ ਹੋਏ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਐਨ ਕੇ ਸ਼ਰਮਾ ਨੇ ਉਸ ਨੂੰ ਇਹ ਜੁਮੇਵਾਰੀ ਦਿਤੀ ਹੈ। ਉਨ੍ਹਾਂ ਉਦਯੋਗਪਤੀਆਂ ਨੂੰ ਭਰੋਸਾ

ਸ੍ਰੀ ਭਾਰਤ ਭੂਸ਼ਨ ਟੋਨੀ ਜਿੰਦਲ ਨੇ ਪਾਰਟੀ ਲੀਡਰਸਿਪ ਦਾ ਧੰਨਵਾਦ ਕਰਦਿਆ ਭਰੋਸਾ ਦਿਤਾ ਕਿ ਉਹ ਇਸ ਜੁਮੇਵਾਰੀ ਨੂੰ ਤਨਦੇਹੀ ਨਾਲ ਨਿਭਾਉਣਗੇ ਅਤੇ ਵਪਾਰੀਆਂ ਦੀਆਂ ਸਮੱਸਿਆਵਾਂ ਨੂੰ ਸਰਕਾਰ ਬਣਣ ਤੇ ਹੱਲ ਕਰਵਾਉਣ ਵਿਚ ਅਹਿਮ ਭੂਮਿਕਾ ਨਿਭਾਉਣਗੇ। ਇਸ ਮੌਕੇ ਜਤਿੰਦਰ ਸਿੰਘ ਧਾਲੀਵਾਲ, ਭਿੰਦਰ ਸਿੰਘ ਪ੍ਰਧਾਨ, ਹਰਮੀਤ ਸਿੰਘ ਖਾਲਸਾ, ਅਮਰਦੀਪ ਸਿੰਘ ਪ੍ਰਿੰਸ ਛੱਤਵਾਲ, ਜਰਨੈਲ ਸਿੰਘ ਮਾਜਰੀ, ਕੇਕੇ ਜਿੰਦਲ, ਕਮਲ ਗੋਇਲ, ਗੋਪਾਲ ਜਿੰਦਲ, ਰਾਜੀਵ ਸ਼ਰਮਾ, ਅਨੀਸ਼ ਗੋਇਲ, ਕਪਿਲ ਸਿੰਗਲਾ, ਅਭਿਸ਼ੇਕ ਜਿੰਦਲ, ਸੰਜੀਵ ਅਗਰਵਾਲ, ਅਨਿਲ ਸ਼ਰਮਾ, ਕ੍ਰਿਸਨ ਕੁਮਾਰ, ਜਤਿੰਦਰ ਕੁਮਾਰ ਅਤੇ ਜਸਪ੍ਰੀਤ ਸਿੰਘ ਆਦਿ ਨੇ ਵਿਚਾਰ ਪੇਸ ਕੀਤੇ।

## 1 ਕਰੋੜ 5 ਲੱਖ ਦੀ ਲਾਗਤ ਨਾਲ ਆਰ.ਐਮ.ਸੀ. ਸੜਕਾਂ ਦੇ ਕੰਮਾਂ ਦੇ ਨੀਹ ਪੱਥਰ ਰੱਖੇ



ਫ਼ਿਰੋਜ਼ਪੁਰ, 31 ਜਨਵਰੀ (ਚ.ਨ.ਸ): ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਫਿਰੋਜ਼ਪੁਰ ਸ਼ਹਿਰ ਵਿੱਚ ਵਿਕਾਸ ਕਾਰਜ ਲਗਾਤਾਰ ਜਾਰੀ ਹਨ। ਇਸੇ ਕੜੀ ਵਿੱਚ ਅੱਜ ਵਿਧਾਇਕ ਫਿਰੋਜ਼ਪੁਰ ਸ਼ਹਿਰੀ ਸ. ਰਣਬੀਰ ਸਿੰਘ ਭੁੱਲਰ ਵੱਲੋਂ ਸ਼ਹਿਰੀ ਹਲਕੇ ਵਿੱਚ 1 ਕਰੋੜ 5 ਲੱਖ ਰੁਪਏ ਦੀ ਲਾਗਤ ਨਾਲ ਆਰ.ਐਮ.ਸੀ. ਸੜਕਾਂ ਦੇ ਕੰਮਾਂ ਦੇ ਨੀਹ ਪੱਥਰ ਰੱਖੇ ਗਏ। ਉਨ੍ਹਾਂ ਵੱਲੋਂ ਸ਼ਹਿਰ ਦੇ ਦੁਲਚੀ ਕੇ ਰੋਡ ਵਿਖੇ ਲੇਇੰਗ ਆਫ ਆਰ.ਐਮ.ਸੀ. ਸੜਕ ਦੇ ਕੰਮ ਲਈ ਲਗਭਗ 75 ਲੱਖ ਰੁਪਏ ਦੀ ਲਾਗਤ ਨਾਲ ਪ੍ਰਾਜੈਕਟ ਦਾ ਨੀਹ ਪੱਥਰ ਰੱਖਿਆ ਗਿਆ। ਇਸ ਦੇ ਨਾਲ ਹੀ ਡੇਰਾ ਰਾਧਾ ਸੁਆਮੀ ਇੱਛੇ ਵਾਲਾ ਰੋਡ (ਬੈਕਸਾਈਡ) ਵਿਖੇ ਲੇਇੰਗ ਆਫ ਆਰ.ਐਮ.ਸੀ. ਸੜਕ ਦੇ ਕੰਮ ਲਈ ਲਗਭਗ 30 ਲੱਖ ਰੁਪਏ ਦੀ ਲਾਗਤ ਨਾਲ ਵਿਕਾਸ ਕਾਰਜਾਂ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਵਿਧਾਇਕ ਸ. ਰਣਬੀਰ ਸਿੰਘ ਭੁੱਲਰ ਨੇ ਕਿਹਾ ਕਿ ਪੰਜਾਬ ਸਰਕਾਰ ਲੋਕ-ਹਿੱਤ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਇਸ ਮੌਕੇ ਹਿਮਾਂਸ਼ੂ ਠੱਕਰ, ਗੁਰਭੇਜ ਸਿੰਘ, ਰਾਜ ਬਹਾਦਰ ਸਿੰਘ, ਬਲਰਾਜ ਸਿੰਘ ਕਟੋਰਾ ਚੇਅਰਮੈਨ, ਦਿਲਬਾਗ ਸਿੰਘ ਨੰਡਾ (ਬਲਾਕ ਸੰਮਤੀ ਮੈਂਬਰ), ਸ. ਬੋਹੜ ਸਿੰਘ (ਜ਼ਿਲ੍ਹਾ ਪ੍ਰੀਸ਼ਦ ਮੈਂਬਰ), ਰਜਨੀਸ਼ ਸ਼ਰਮਾ, ਦੀਪਕ ਨਾਰੰਗ, ਪਰਮਵੀਰ ਸਿੰਘ ਵੜੈਚ, ਸਲਵਿੰਦਰ ਸਿੰਘ (ਐਮ.ਸੀ) ਲਖਵਿੰਦਰ ਸਿੰਘ ਆਦਿ ਹਾਜ਼ਰ ਸਨ।

## ਪੱਤਰਕਾਰ ਰਾਜਨ ਸ਼ਰਮਾ ਦਾ ਗਣਤੰਤਰ ਦਿਵਸ 'ਤੇ ਪ੍ਰਸ਼ੰਸਾ ਪੱਤਰ ਨਾਲ ਸਨਮਾਨ

ਫਤਿਹਗੜ੍ਹ ਚੂੜੀਆਂ 31 ਜਨਵਰੀ (ਜਗੀਰ ਸਿੰਘ ਮੰਡ): ਫਤਿਹਗੜ੍ਹ ਚੂੜੀਆਂ ਦੇ ਚੜ੍ਹਦੀਕਲਾ ਅਖ਼ਬਾਰ ਦੇ ਪੱਤਰਕਾਰ ਰਾਜਨ ਸ਼ਰਮਾ ਨੂੰ 77 ਵੇਂ ਗਣਤੰਤਰ ਦਿਵਸ ਮੌਕੇ ਉੱਪਰ ਪੱਤਰਕਾਰਤਾ ਦੇ ਖੇਤਰ ਵਿੱਚ ਬੇਮਿਸਾਲ ਸੇਵਾਵਾਂ ਲਈ ਪ੍ਰਸੰਸਾ ਪੱਤਰ ਨਾਲ ਸਨਮਾਨਿਤ ਕੀਤਾ ਗਿਆ। ਡਾਕਟਰ ਨਵਜੋਤ ਸ਼ਰਮਾ ਪੀ ਸੀ ਐਸ ਉਪ ਮੰਡਲ ਮੈਜਿਸਟਰੇਟ ਫਤਿਹਗੜ੍ਹ ਚੂੜੀਆਂ, ਸਰਦਾਰ ਬਲਬੀਰ ਸਿੰਘ ਪੰਨੂ ਹਲਕਾ ਇੰਚਾਰਜ ਫਤਿਹਗੜ੍ਹ ਚੂੜੀਆਂ, ਡੀ ਐਸ ਪੀ ਰਾਜੇਸ਼ ਕੱਕੜ, ਨੇ ਕੀਤਾ । ਸਨਮਾਨ ਪ੍ਰਾਪਤ ਕਰਨ ਤੇ ਰਾਜਨ ਸ਼ਰਮਾ ਨੇ ਕਿਹਾ ਕਿ ਪੱਤਰਕਾਰੀ ਮਨੁੱਖਤਾ ਦੀ ਸਭ ਤੋਂ ਉੱਚੀ ਅਤੇ ਸਰਵੋਤਮ ਸੇਵਾ ਹੈ । ਰਾਜਨ ਸ਼ਰਮਾ ਨੇ ਕਿਹਾ ਇਹ ਸਨਮਾਨ ਉਸ ਪਰਮਾਤਮਾ ਦੇ ਅਸ਼ੀਰਵਾਦ ਅਤੇ ਪੱਤਰਕਾਰੀ ਰਾਹੀ ਲੋਕਾਂ ਦੀ ਆਵਾਜ਼ ਪ੍ਰਕਾਸ਼ਿਤ ਕਰਕੇ ਲੋਕ ਹਿਤ ਅਤੇ ਸੱਚ ਪ੍ਰਤੀ ਉਹਨਾਂ ਦੀ ਵਚਨ ਬਧਤਾ ਕਾਰਨ ਸੰਭਵ ਹੋਇਆ ਹੈ । ਅਤੇ ਉਹਨਾਂ ਨੂੰ ਹਮੇਸ਼ਾ ਆਪਣੇ ਮੀਡੀਆ ਸਾਥੀਆਂ ਅਤੇ ਜਨਤਾ ਰਾਜਨੀਤਿਕ ਅਤੇ ਧਾਰਮਿਕ ਸ਼ਖਸ਼ੀਅਤਾਂ ਤੋਂ ਬਹੁਤ ਸਤਿਕਾਰ ਅਤੇ ਪਿਆਰ ਮਿਲਿਆ ਹੈ। ਆਖਿਰ ਵਿੱਚ ਰਾਜਨ ਸ਼ਰਮਾ ਨੇ ਡਾਕਟਰ ਨਵਜੋਤ ਸ਼ਰਮਾ ਪੀ ਸੀ ਐਸ ਉਪ ਮੰਡਲ ਮੈਜਿਸਟਰੇਟ, ਸਰਦਾਰ ਬਲਬੀਰ ਸਿੰਘ ਪੰਨੂ , ਰਾਜੇਸ਼ ਕੱਕੜ ਦਾ ਧੰਨਵਾਦ ਕੀਤਾ।

## ਸੀ.ਪੀ.ਆਈ.ਐਮ ਵੱਲੋਂ ਪਿੰਡ ਭੱਜਲ ਵਿਖੇ ਭਰਵੀਂ ਮੀਟਿੰਗ

ਗੜ੍ਹਸ਼ੰਕਰ, 31 ਜਨਵਰੀ (ਅਜਮੇਰ ਸਿੰਘ ਭਨੋਟ): ਸੀ.ਪੀ.ਆਈ .ਐਮ ਵਲੋਂ ਪਿੰਡ ਭੱਜਲ ਵਿਖੇ ਭਰਵੀ ਮੀਟਿੰਗ ਕੀਤੀ ਗਈ ਜਿਸ ਨੂੰ ਸੰਬੋਧਨ ਕਰਨ ਲਈ ਪਾਰਟੀ ਜ਼ਿਲ੍ਹਾ ਸਕੱਤਰ ਤੇ ਸੂਬਾ ਸਕੱਤਰੇਤ ਮੈਂਬਰ ਕਾਮਰੇਡ ਗੁਰਨੇਕ ਸਿੰਘ ਭੱਜਲ ਤੇ ਪਾਰਟੀ ਸੂਬਾ ਕਮੇਟੀ ਮੈਂਬਰ ਕਾਮਰੇਡ ਦਰਸ਼ਨ ਸਿੰਘ ਮੱਟੂ ਨੇ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਦੇ ਦਿਨ 30 ਜਨਵਰੀ ਨੂੰ ਮਹਾਤਮਾ ਗਾਂਧੀ ਦਾ ਕਤਲ ਇੱਕ ਫਿਰਕੂ ਕੱਟੜਪੰਥੀ ਵਿਚਾਰਧਾਰਾ ਦੇ ਵਿਅਕਤੀ ਵਲੋਂ ਕੀਤੇ ਗਿਆ ਸੀ ਉਨ੍ਹਾਂ ਨੂੰ ਸ਼ਰਧਾ ਅਰਪੱਤ ਕਰਦੇ ਹਾਂ ਦੋ ਜਨਵਰੀ 2005 ਮਨਰੇਗਾ ਕਾਨੂੰਨ ਮਹਾਤਮਾ ਗਾਂਧੀ ਦੇ ਨਾਮ ਬਣਿਆਂ ਸੀ ਕਿਰਤੀ ਲੋਕਾਂ ਨੂੰ ਕੰਮ ਦਾ ਅਧਿਕਾਰ ਮਿਲਿਆ ਸੀ ਜਿਸ ਨੂੰ ਹੁਣ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਕੰਮ ਦੇ ਸੰਵਿਧਾਨਕ



ਅਧਿਕਾਰ ਖੋਹੇ ਜਾ ਰਹੇ ਹਨ ਇਸ ਕਾਨੂੰਨ ਨੂੰ ਪੇਤਲਾ ਤੇ ਖਤਮ ਕਰਨ ਵੱਲ ਤੁਰੀ ਹੋਈ ਹੈ।

ਇਸੇ ਤਰ੍ਹਾਂ ਬਿਜਲੀ ਬਿੱਲ 2025 ਤਹਿਤ ਬਿਜਲੀ ਦਾ ਕੇਂਦਰੀਕਰਨ ਤੇ ਪ੍ਰਾਈਵੇਟ ਕਰਨ ਜਾ ਰਹੀ ਹੈ ਸੀਡ ਬੀਜ ਬਿੱਲ ਤੇ ਟਰੇਡ ਯੂਨੀਅਨ ਵੱਲੋਂ ਸੰਘਰਸ਼ਾਂ ਨਾਲ ਪ੍ਰਾਪਤ ਕੀਤੇ ਕਿਰਤੀ ਮਜ਼ਦੂਰਾਂ ਦੇ ਹੱਕ ਦੇ 29 ਕੋਡਾ ਨੂੰ ਬਦਲਦੇ ਚਾਰ ਕੋਡਾ ਵਿੱਚ ਬਦਲ ਦਿੱਤਾ ਗਿਆ ਪਰਮਾਣੂ ਪਲਾਂਟ ਨੂੰ ਨਿੱਜੀ ਹੱਥਾਂ ਵਿੱਚ ਦੇਣਾ ਕਿਸਾਨਾਂ ਤੇ ਮਜ਼ਦੂਰਾਂ ਦੇ ਕਰਜ਼ੇ ਮੁਆਫ਼ ਕਰਵਾਉਣ ਲਈ 12 ਫਰਵਰੀ ਨੂੰ ਕੌਮੀ ਹੜਤਾਲ ਦਾ ਸੱਦਾ ਦਿੱਤਾ ਨੂੰ ਲਾਗੂ ਕਰਦਿਆਂ ਹੁਸ਼ਿਆਰਪੁਰ ਜ਼ਿਲ੍ਹਾ ਪੱਧਰੀ ਕਰਨ ਦਾ ਸੱਦਾ ਦਿੰਦਿਆਂ ਆਏ ਸਾਥੀਆਂ ਨੂੰ ਪਰਤਿਗਿਆ ਕਰਵਾਈ ਗਈ ਕਿ ਜਦੋਂ ਤੱਕ ਕੇਂਦਰ ਸਰਕਾਰ ਵੱਲੋਂ ਲੋਕ ਵਿਰੋਧੀ ਕਾਨੂੰਨ ਰੱਦ ਨਹੀ ਹੁੰਦੇ ਉਦੋਂ ਤਕ ਸੰਘਰਸ਼ ਜਾਰੀ ਰਹੇਗਾ ਇਸ ਮੌਕੇ ਰਜਿੰਦਰ ਸਿੰਘ, ਸਾਬਕਾ ਸਰਪੰਚ ਸਤਨਾਮ ਸਿੰਘ ਢਿੱਲੋਂ, ਸੱਸੀਪਾਲ ਗੋਰਖਾ ਰਾਮ ਸਿੰਘ ਬਿੰਦ, ਸੁੱਖਾ ਬਲਵਿੰਦਰ ਸਿੰਘ, ਦਰਸ਼ਨ ਸਿੰਘ ਢਿੱਲੋਂ, ਹਰਭਜਨ ਸਿੰਘ ਮਾਹਲ, ਝਲਕਣ ਸਿੰਘ, ਕੂੰਨਰ ਦਵਿੰਦਰ ਸਿੰਘ, ਬੱਲੀ ਰਾਜ ਸਿੰਘ, ਸੋਹਣ ਸਿੰਘ, ਨੰਬਰਦਾਰ ਬਲਵੀਰ ਸਿੰਘ, ਨਰੰਜਣ ਸਿੰਘ, ਗੁਰਪ੍ਰੀਤ ਸਿੰਘ, ਗੁਰਦੀਪ ਸਿੰਘ, ਆਦਿ ਸਾਥੀ ਹਾਜ਼ਰ ਹੋਏ।

## ਦੁਕਾਨਦਾਰ ਭਾਈਚਾਰੇ ਨੇ ਬਾਬਾ ਦੀਪ ਸਿੰਘ ਜੀ ਦਾ ਜਨਮ ਦਿਹਾੜਾ ਮਨਾਇਆ

ਚੌਕ ਮਹਿਤਾ, 31 ਜਨਵਰੀ (ਬਲਜਿੰਦਰ ਸਿੰਘ ਰੰਧਾਵਾ): ਅਮਰ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਮੌਕੇ ਸਥਾਨਕ ਕਸਬੇ ਦੇ ਅੰਦਰਲੇ ਬਾਜ਼ਾਰ (ਦਸ਼ਮੇਸ਼ ਸਕੂਲ ਵਾਲੀ ਰੋਡ), ਵਿਖੇ ਸਮੂਹ ਦੁਕਾਨਦਾਰਾਂ ਵੱਲੋਂ ਲੰਗਰ ਲਗਾਏ ਗਏ। ਇਸ ਮੌਕੇ ਮੁੱਖ ਪ੍ਰਬੰਧਕ ਕਰਮਜੀਤ ਸਿੰਘ ਲਾਲੀ ਸੋਹੀ, ਰਾਜਬੀਰ ਸਿੰਘ ਕਾਕਾ ਬਾਵਾ ਤੇ ਸੁੱਖ ਮਹਿਤਾ (ਮਹਿਸਮਪੁਰ ਵਾਲੇ) ਨੇ ਦੱਸਿਆ ਕਿ ਮਾਰਕੀਟ ਵਿਖੇ ਹਰ ਸਾਲ ਬਾਬਾ ਦੀਪ ਸਿੰਘ ਜੀ ਦਾ ਜਨਮ ਦਿਹਾੜਾ ਬੜੇ ਉਤਸ਼ਾਹ ਨਾਲ ਮਨਾਇਆ ਜਾਂਦਾ ਹੈ ਤੇ ਦੁਕਾਨਦਾਰ ਭਾਈਚਾਰੇ ਦੇ ਆਪਸੀ ਸਹਿਯੋਗ ਸਦਕਾ ਸੰਗਤਾਂ ਲਈ ਪੂੜੀ-ਛੋਲ੍ਹੇ, ਖੀਰ ਤੇ ਕੜਾ ਪ੍ਰਸ਼ਾਦ ਆਦਿ ਦੇ ਖੁੱਲ੍ਹੇ ਲੰਗਰ ਲਗਾਏ ਜਾਂਦੇ ਹਨ। ਇਸ ਮੌਕੇ ਬਾਪੂ ਗੁਰਦਿਆਲ ਸਿੰਘ (ਮਹਿਮਸਪੁਰ ਵਾਲੇ), ਪ੍ਰਧਾਨ ਅਮਰ ਰਾਵਤ, ਡਾ.ਕ੍ਰਿਪਾਲ ਸਿੰਘ,ਬਲਰਾਜ ਮਲਹੋਤਰਾ, ਬਲਵਾਨ ਮਲਹੋਤਰਾ,ਬਾਬਾ ਹਰਜੀਤ ਸਿੰਘ ਤੋਤਾ, ਮੋਟੂ ਭਾਟੀਆ, ਐਡ. ਸਰਤਾਜ ਸਿੰਘ ਮਲਹੋਤਰਾ, ਗੁਰਜੀਤ ਸਿੰਘ ਸਪੇਨ, ਡਾ.ਨਵਰਾਜ ਸਿੰਘ ਬੱਲ, ਰੋਮੀ ਸ਼ਰਮਾਂ, ਰਣਜੀਤ ਸਿੰਘ ਕੋਹਾਟਵਿੰਡ, ਪ੍ਰਧਾਨ ਮਨਜੀਤ ਸਿੰਘ, ਗੁਰਨਾਮ ਸਿੰਘ ਨੰਗਲੀ, ਕੁਲਵਿੰਦਰ ਸਿੰਘ ਬਿੱਟੂ, ਪ੍ਰਿੰਸ ਸੋਹੀ, ਸਤਪਾਲ ਸਿੰਘ, ਡਾ. ਰਵਿੰਦਰਪਾਲ ਸਿੰਘ, ਸਾਬੀ ਯੂ.ਐੱਸ.ਏ., ਜ਼ੋਰਾਵਰ ਸਿੰਘ, ਰਾਣਾ ਚੁੱਗ, ਭਾਈ ਸਤਨਾਮ ਸਿੰਘ, ਸੰਨੀ ਤੇ ਸਿਕੰਦਰ ਆਦਿ ਨੇ ਸੇਵਾ ਨਿਭਾਈ।

## ਹੜ੍ਹਾਂ ਤੋਂ ਪ੍ਰਭਾਵਿਤ ਕਿਸਾਨ ਧਰਨੇ ਦੇਣ ਲਈ ਹੋਏ ਮਜਬੂਰ

ਜੀਰਾ, 31 ਜਨਵਰੀ (ਦੀਪਕ ਭਾਰਗੋ): ਬਾਬਾ ਬੰਦਾ ਸਿੰਘ ਬਹਾਦਰ ਕਿਸਾਨ ਮਜ਼ਦੂਰ ਜਥੇਬੰਦੀ ਪੰਜਾਬ ਦੇ ਸੀਨੀਅਰ ਆਗੂ ਸੂਬਾ ਪ੍ਰੈਸ ਅਤੇ ਵਿੱਤ ਸਕੱਤਰ ਮੰਗਲ ਸਿੰਘ ਸੰਧੂ ਸ਼ਾਹ ਵਾਲਾ ਅਤੇ ਸੂਬਾ ਜਨਰਲ ਸਕੱਤਰ ਜਸਵੀਰ ਸਿੰਘ ਝਾਮਕਾ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਪਿਛਲੇ ਸਮੇ ਜੋ ਹੜ ਆਏ ਸਨ ਉਹਨਾਂ ਹੜਾਂ ਦੇ ਨਾਲ ਤਕਰੀਬਨ 6 ਲੱਖ ਏਕੜ ਫਸਲ ਦਾ



ਨੁਕਸਾਨ ਹੋਇਆ ਸੀ ਅਤੇ ਇਹਨਾਂ ਹੜਾਂ ਦੇ ਕਾਰਨ ਜਿੱਥੇ ਕਿਸਾਨਾਂ ਦੀ ਫਸਲ ਬਰਬਾਦ ਹੋਈ ਉੱਥੇ ਨਾਲ ਹੀ ਕਿਸਾਨਾਂ ਤੇ ਮਜ਼ਦੂਰਾਂ ਦੇ ਘਰਾਂ ਦਾ ਵੀ ਵੱਡੀ ਪੱਧਰ ਤੇ ਨੁਕਸਾਨ ਹੋਇਆ ਪਰ ਨਾ ਕੇਂਦਰ ਦੀ ਸਰਕਾਰ ਵੱਲੋਂ ਤੇ ਨਾ ਹੀ ਪੰਜਾਬ ਸਰਕਾਰ ਵੱਲੋਂ ਇਹਨਾਂ ਹੜਾਂ ਤੋਂ ਪ੍ਰਭਾਵਿਤ ਕਿਸਾਨਾਂ ਮਜ਼ਦੂਰਾਂ ਨੂੰ ਕੋਈ ਵੀ ਮੁਆਵਜਾ ਨਹੀ ਦਿੱਤਾ ਗਿਆ ਜਿਸ ਕਾਰਨ ਇਨਾ ਕਿਸਾਨਾਂ ਤੇ ਮਜ਼ਦੂਰਾਂ ਵੱਲੋਂ ਵੱਖ-ਵੱਖ ਜਗ੍ਹਾ ਤੇ ਧਰਨੇ ਦਿੱਤੇ ਜਾ ਰਹੇ ਹਨ ਪਰ ਪੰਜਾਬ ਦੀ ਸਰਕਾਰ ਵੱਲੋਂ ਇਸ ਮਸਲੇ ਕੋਈ ਵੀ ਧਿਆਨ ਨਹੀ ਦਿੱਤਾ ਜਾ ਰਿਹਾ ਅੱਗੇ ਗੱਲ ਕਰਦਿਆਂ ਉਕਤ ਕਿਸਾਨ ਆਗੂਆਂ ਨੇ ਦੱਸਿਆ ਕਿ ਆਪਣੇ ਹੱਕਾਂ ਲਈ ਤੇ ਹੜਾ ਦੇ ਕਾਰਨ ਬਰਬਾਦ ਹੋਈਆਂ ਫਸਲਾਂ ਦਾ ਮੁਆਵਜਾ ਲੈਣ ਲਈ ਕਿਸਾਨਾਂ ਵਲੋ ਹਰੀ ਕੇ ਹੈਡ ਤੇ 50 ਫੁੱਟ ਉੱਚੇ ਪੁਲ ਉੱਪਰ ਇੱਕ ਮਹੀਨੇ ਤੋਂ ਪੱਕਾ ਮੋਰਚਾ ਲਾਇਆ ਹੋਇਆ ਹੈ ਪਰ ਪੰਜਾਬ ਦੀ ਗੂੰਗੀ ਤੇ ਬੋਲੀ ਸਰਕਾਰ ਇਸ ਮਸਲੇ ਵੱਲ ਕੋਈ ਵੀ ਧਿਆਨ ਨਹੀ ਦੇ ਰਹੀ ਅਤੇ ਨਾ ਹੀ ਅਜੇ ਤੱਕ ਉਕਤ ਧਰਨਾਕਾਰੀ ਕਿਸਾਨਾਂ ਨਾਲ ਕਿਸੇ ਤਰ੍ਹਾਂ ਦੀ ਕੋਈ ਗੱਲਬਾਤ ਕੀਤੀ ਹੈ ਇਸ ਲਈ ਬਾਬਾ ਬੰਦਾ ਸਿੰਘ ਬਹਾਦਰ ਕਿਸਾਨ ਮਜ਼ਦੂਰ ਜਥੇਬੰਦੀ ਵੱਲੋਂ ਪੰਜਾਬ ਸਰਕਾਰ ਨੂੰ ਚਿਤਾਵਨੀ ਦਿੰਦਿਆਂ ਕਿਹਾ ਜੇ ਸਰਕਾਰ ਨੇ ਇਸ ਮਸਲੇ ਦਾ ਕੋਈ ਹੱਲ ਨਾ ਕੀਤਾ ਤਾਂ ਜਥੇਬੰਦੀ ਹਮ ਖਿਆਲ ਜਥੇਬੰਦੀਆਂ ਨਾਲ ਮਿਲ ਕੇ ਉਕਤ ਧਰਨਾਕਾਰੀ ਕਿਸਾਨਾਂ ਦੀ ਹਮਾਇਤ ਵਿੱਚ ਵੱਡਾ ਸੰਘਰਸ਼ ਕਰਨ ਲਈ ਮਜਬੂਰ ਹੋਵੇਗੀ ਇਸ ਮੌਕੇ ਦੀਪਕ ਭਾਰਗੋ ਜਿਲ੍ਹਾ ਪ੍ਰੈਸ ਸਕੱਤਰ ਗੁਰਪ੍ਰੀਤ ਸਿੰਘ ਭੁੱਲਰ ਬਲਾਕ ਪ੍ਰਧਾਨ ਜੀਰਾ ਲਖਬੀਰ ਸਿੰਘ ਨੰਬਰਦਾਰ ਸਲਾਹਕਾਰ ਜੀਰਾ ਬਲਜਿੰਦਰ ਸਿੰਘ ਸੰਧੂ ਮੀਤ ਪ੍ਰਧਾਨ ਬਲਾਕ ਜੀਰਾ ਬਲਰਾਜ ਸਿੰਘ ਸਿੱਧੂ ਜਿਲਾ ਕਮੇਟੀ ਮੈਂਬਰ ਹਰਿਮੰਦਰ ਸਿੰਘ ਸੰਧੂ ਖਜਾਨਚੀ ਬਲਾਕ ਜੀਰਾ ਗੁਰਾ ਸਿੰਘ ਮਲੋ ਕੇ ਬਲਾਕ ਆਗੂ ਨਰਵੈਰ ਸਿੰਘ ਮੱਲੋਕੇ ਕਮੇਟੀ ਮੈਂਬਰ ਚਮਕੌਰ ਸਿੰਘ ਨੰਬਰਦਾਰ ਮਲੇ ਕੇ ਕੌਰਾ ਸਿੰਘ ਸੰਧੂ ਮੈਂਬਰ ਗੁਰਪ੍ਰੀਤ ਸਿੰਘ ਬਰਾੜ੍ਹ ਮੈਂਬਰ ਸਮੇਤ ਹੋਰ ਵੀ ਆਗੂ ਅਤੇ ਵਰਕਰ ਹਾਜ਼ਰ ਸਨ।

## ਸ਼ਿਵਾਲਿਕ ਕਿਡਜ਼ ਸਕੂਲ ਦੀ ਪੀ.ਟੀ.ਐਮ. 'ਚ ਮਾਪੇ ਰਹੇ ਸੰਤੁਸ਼ਟ

ਜੈਤੋ, 31 ਜਨਵਰੀ (ਸੰਜੀਵ ਗੋਇਲ ਸੰਜੂ): ਸ਼ਿਵਾਲਿਕ



ਕਿਡਜ਼ ਸਕੂਲ ਜੈਤੋ ਵਿਖੇ ਪ੍ਰੈਪ ਤੋਂ ਅੱਠਵੀਂ ਕਲਾਸ ਤੱਕ ਦੇ ਵਿਦਿਆਰਥੀਆਂ ਦੀ ਪੇਰੈਂਟ-ਟੀਚਰ ਮੀਟਿੰਗ (ਪੀਟੀਐਮ) ਦਾ ਸਫ਼ਲ ਆਯੋਜਨ ਕੀਤਾ ਗਿਆ। ਇਸ ਦੌਰਾਨ ਮਾਪਿਆਂ ਨੂੰ ਬੱਚਿਆਂ ਦੀ ਅਕਾਦਮਿਕ ਪ੍ਰਗਤੀ, ਅਨੁਸ਼ਾਸਨ, ਵਿਹਾਰ ਅਤੇ ਸਹਿ-ਪਾਠਕ ਗਤੀਵਿਧੀਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਮੀਟਿੰਗ ਦੌਰਾਨ ਅਧਿਆਪਕਾਂ ਵੱਲੋਂ ਹਰ ਵਿਦਿਆਰਥੀ ਦੀ ਕਾਰਗੁਜ਼ਾਰੀ ਬਾਰੇ ਮਾਪਿਆਂ ਨਾਲ ਵਿਅਕਤੀਗਤ ਤੌਰ 'ਤੇ ਚਰਚਾ ਕੀਤੀ ਗਈ। ਮਾਪਿਆਂ ਨੇ ਸਕੂਲ ਦੀ ਸਿੱਖਿਆ ਪ੍ਰਣਾਲੀ, ਅਨੁਸ਼ਾਸਿਤ ਵਾਤਾਵਰਣ ਅਤੇ ਬੱਚਿਆਂ 'ਤੇ ਦਿੱਤੇ ਜਾ ਰਹੇ ਵਿਸ਼ੇਸ਼ ਧਿਆਨ ਦੀ ਸਰਾਹਨਾ ਕੀਤੀ। ਬੱਚਿਆਂ ਦੀ ਪ੍ਰਗਤੀ ਵੇਖ ਕੇ ਮਾਪੇ ਖ਼ਾਸੇ ਖੁਸ਼ ਨਜ਼ਰ ਆਏ। ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਸੁਖਵਿੰਦਰ ਕੌਰ ਨੇ ਮਾਪਿਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਸਕੂਲ ਦਾ ਮੁੱਖ ਉਦੇਸ਼ ਸਿਰਫ਼ ਅਕਾਦਮਿਕ ਸਿੱਖਿਆ ਹੀ ਨਹੀਂ, ਸਗੋਂ ਬੱਚਿਆਂ ਦਾ ਨੈਤਿਕ ਅਤੇ ਸਮਾਜਿਕ ਵਿਕਾਸ ਵੀ ਹੈ।

ਉਨ੍ਹਾਂ ਮਾਪਿਆਂ ਨੂੰ ਸਕੂਲ ਨਾਲ ਲਗਾਤਾਰ ਸਹਿਯੋਗ ਬਣਾਏ ਰੱਖਣ ਦੀ ਅਪੀਲ ਕੀਤੀ। ਪੀਟੀਐਮ ਸੁਹਾਵਣੇ ਅਤੇ ਸਕਾਰਾਤਮਕ ਮਾਹੌਲ ਵਿੱਚ ਸੰਪੰਨ ਹੋਈ ਅਤੇ ਮਾਪਿਆਂ ਵੱਲੋਂ ਸਕੂਲ ਪ੍ਰਬੰਧਨ ਦੇ ਉਪਰਾਲਿਆਂ ਦੀ ਭਰਪੂਰ ਪ੍ਰਸ਼ੰਸਾ ਕੀਤੀ ਗਈ।

## ਦਸਮੇਸ਼ ਪਬਲਿਕ ਸਕੂਲ, ਸੀਪਰਿਆਂ 'ਚ ਸੜਕ ਸੁਰੱਖਿਆ ਅਭਿਆਨ ਸੈਮੀਨਾਰ

ਤਲਵਾੜਾ, 31 ਜਨਵਰੀ (ਜਗਮੋਹਨ ਸ਼ਰਮਾ): ਸ੍ਰੀ ਗੁਰੂ ਗੋਬਿੰਦ ਸਿੰਘ ਐਜੂਕੇਸ਼ਨਲ ਟਰੱਸਟ ਦੇ ਅਧੀਨ ਚੱਲ ਰਹੇ ਦਸਮੇਸ਼ ਪਬਲਿਕ ਸਕੂਲ, ਸੀਪਰਿਆਂ ਵਿੱਚ 1 ਜਨਵਰੀ ਤੋਂ 31 ਜਨਵਰੀ ਤੱਕ ਚੱਲ ਰਹੇ ਰਾਸ਼ਟਰੀ ਸੜਕ ਸੁਰੱਖਿਆ ਅਭਿਆਨ ਦੇ ਤਹਿਤ ਵਿਦਿਆਰਥੀਆਂ ਵਿੱਚ ਸੜਕ ਸੁਰੱਖਿਆ ਪ੍ਰਤੀ ਜਾਗਰੂਕਤਾ ਪੈਦਾ ਕਰਨ ਲਈ ਵਿਸ਼ੇਸ਼ ਸੈਮੀਨਾਰ ਅਤੇ ਵੱਖ-ਵੱਖ ਗਤਿਵਿਧੀਆਂ ਕਰਵਾਈਆਂ ਗਈਆਂ। ਇਸ ਅਭਿਆਨ ਦਾ ਆਯੋਜਨ ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਸੁਮਨ ਸ਼ੁਕਲਾ ਦੀ ਅਗਵਾਈ ਹੇਠ ਕੀਤਾ ਗਿਆ। ਇਸ ਮੌਕੇ ਸਕੂਲ ਦੇ ਚੇਅਰਮੈਨ ਸਰਦਾਰ ਰਵਿੰਦਰ ਸਿੰਘ ਚੱਕ ਤੇ ਟਰੱਸਟ ਦੇ ਹੋਰ ਮੈਂਬਰਾਂ: ਸਰਦਾਰ ਸਤਪਾਲ ਸਿੰਘ, ਸਰਦਾਰ ਹਰਪਾਲ ਸਿੰਘ, ਸਰਦਾਰ ਵਿਕਰਮਜੀਤ ਸਿੰਘ, ਸਰਦਾਰ ਹਰਿੰਦਰਜੀਤ ਸਿੰਘ, ਸਰਦਾਰ ਸੁਰਜੀਤ ਸਿੰਘ ਭੱਟੀਆਂ, ਸਰਦਾਰ ਹਰਮਨਜੀਤ ਸਿੰਘ ਅਤੇ ਸਰਦਾਰ ਦਵਿੰਦਰ ਸਿੰਘ ਨੇ ਵਿਦਿਆਰਥੀਆਂ ਅਤੇ ਸਟਾਫ਼ ਨੂੰ ਸੜਕ ਸੁਰੱਖਿਆ ਨਿਯਮਾਂ ਦੀ ਪਾਲਣਾ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਵਿਦਿਆਰਥੀਆਂ ਵੱਲੋਂ ਕੀਤੀਆਂ ਗਈਆਂ ਗਤਿਵਿਧੀਆਂ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਇਸ ਤਰ੍ਹਾਂ ਦੇ ਜਾਗਰੂਕਤਾ ਕਾਰਜਕ੍ਰਮਾਂ ਨੂੰ ਸਮਾਜ ਲਈ ਲਾਭਕਾਰੀ ਦੱਸਿਆ।

## ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੀਆਂ ਰਜਿਸਟ੍ਰੇਸ਼ਨ ਸਲਿੱਪਾਂ ਜਾਰੀ

ਫ਼ਿਰੋਜ਼ਪੁਰ, 31 ਜਨਵਰੀ (ਚ.ਨ.ਸ.): ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਵਾਸੀਆਂ ਨੂੰ ਬਿਹਤਰ ਸਿਹਤ ਸਹੂਲਤਾਂ ਪ੍ਰਦਾਨ ਕਰਨ ਦੇ ਉਦੇਸ਼ ਨਾਲ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ 10 ਲੱਖ ਰੁਪਏ ਤੱਕ ਦੇ




ਮੁਫ਼ਤ ਇਲਾਜ ਦੀ ਸਹੂਲਤ ਦਿੱਤੀ ਜਾ ਰਹੀ ਹੈ। ਇਸ ਮਹੱਤਵਪੂਰਨ ਯੋਜਨਾ ਨਾਲ ਪੰਜਾਬ ਦੇ ਹਰ ਵਰਗ ਦੇ ਲੋਕਾਂ ਨੂੰ ਵੱਡਾ ਲਾਭ ਮਿਲੇਗਾ।

ਇਸੇ ਲੜੀ ਤਹਿਤ ਅੱਜ ਵਿਧਾਇਕ ਫਿਰੋਜ਼ਪੁਰ ਸ਼ਹਿਰੀ ਸ. ਰਣਬੀਰ ਸਿੰਘ ਭੁੱਲਰ ਦੀ ਹਾਜ਼ਰੀ ਵਿੱਚ ਫਿਰੋਜ਼ਪੁਰ ਸ਼ਹਿਰੀ ਹਲਕੇ ਵਿੱਚ ਮੁੱਖ ਮੰਤਰੀ ਸਿਹਤ ਯੋਜਨਾ ਦੇ ਕਾਰਡਾਂ ਲਈ ਰਜਿਸਟ੍ਰੇਸ਼ਨ ਸਲਿੱਪਾਂ ਜਾਰੀ ਕੀਤੀਆਂ ਗਈਆਂ। ਇਸ ਮੌਕੇ ਵੱਡੀ ਗਿਣਤੀ ਵਿੱਚ ਨਾਗਰਿਕਾਂ ਵੱਲੋਂ ਰਜਿਸਟ੍ਰੇਸ਼ਨ ਕਰਵਾਈ ਗਈ।

ਵਿਧਾਇਕ ਸ. ਰਣਬੀਰ ਸਿੰਘ ਭੁੱਲਰ ਨੇ ਕਿਹਾ ਕਿ ਇਹ ਸਿਹਤ ਬੀਮਾ ਕਾਰਡ ਪੰਜਾਬ ਦੇ ਹਰ ਵਾਸੀ ਲਈ ਲਾਭਕਾਰੀ ਸਾਬਤ ਹੋਵੇਗਾ। ਇਸ ਕਾਰਡ ਰਾਹੀ ਸਰਕਾਰੀ ਹੀ ਨਹੀ ਸਗੋਂ ਨਿੱਜੀ ਹਸਪਤਾਲਾਂ ਵਿੱਚ ਵੀ ਮੁਫ਼ਤ ਇਲਾਜ ਦੀ ਸਹੂਲਤ ਪ੍ਰਦਾਨ ਕੀਤੀ ਜਾਵੇਗੀ, ਤਾਂ ਜੋ ਕੋਈ ਵੀ ਵਿਅਕਤੀ ਆਰਥਿਕ ਤੰਗੀ ਕਾਰਨ ਇਲਾਜ ਤੋਂ ਵਾਂਝਾ ਨਾ ਰਹੇ।

ਉਨ੍ਹਾਂ ਨੇ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਜੀ ਦੀ ਅਗਵਾਈ ਹੇਠ ਸਿਹਤ ਖੇਤਰ ਵਿੱਚ ਇਤਿਹਾਸਕ ਕਦਮ ਚੁੱਕੇ ਜਾ ਰਹੇ ਹਨ, ਜੋ ਸੂਬੇ ਦੇ ਲੋਕਾਂ ਦੀ ਸਿਹਤ ਸੁਰੱਖਿਆ ਨੂੰ ਯਕੀਨੀ ਬਣਾਉਣਗੇ।

# ਫਰਵਰੀ ਮਹੀਨੇ ਬਜ਼ੁਰਗਾਂ ਦੀ ਸਿਹਤ ਜਾਂਚ ਤੇ ਜਾਗਰੂਕਤਾ ਕੈਂਪਾਂ ਲਗਾਏ ਜਾਣਗੇ

ਲੁਧਿਆਣਾ,31 ਜਨਵਰੀ (ਵਿਸ਼ਾਲ ਸ਼ਰਮਾ) ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਲੁਧਿਆਣਾ ਵਰਿੰਦਰ ਸਿੰਘ ਟਿਵਾਣਾ ਵੱਲੋਂ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ 'ਸਾਡੇ ਬਜ਼ੁਰਗ, ਸਾਡਾ ਮਾਣ' ਮੁਹਿੰਮ-2026' ਤਹਿਤ ਜ਼ਿਲ੍ਹਾ ਲੁਧਿਆਣਾ ਵਿੱਚ ਵੱਖ-ਵੱਖ ਥਾਵਾਂ 'ਤੇ ਬਜੁਰਗਾਂ ਦੀ ਸਿਹਤ ਜਾਂਚ ਕੈਂਪ ਲਗਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਕੈਂਪਾਂ ਦੌਰਾਨ ਖਾਸ ਕਰਕੇ ਬਜੁਰਗਾਂ ਦੀ ਸਿਹਤ ਜਾਂਚ, ਮਾਨਸਿਕ ਕਾਊਂਸਲਿੰਗ, ਕਾਨੂੰਨੀ ਅਧਿਕਾਰ, ਸੀਨੀਅਰ ਸਿਟੀਜਨ ਐਕਟ ਦੀ ਜਾਣਕਾਰੀ, ਬੁਢਾਪਾ ਪੈਨਸ਼ਨ ਫਾਰਮ ਅਤੇ ਸੀਨੀਅਰ ਸਿਟੀਜਨ ਕਾਰਡ ਮੌਕੇ 'ਤੇ ਹੀ ਆਨਲਾਈਨ ਭਰੇ ਜਾਣੇ, ਬੈਂਕ ਧੋਖਾਧੜੀ ਤੋਂ ਬਚਣ ਸਬੰਧੀ ਜਾਣਕਾਰੀ, ਯੋਗਾ ਤੇ ਮੈਡੀਟੇਸ਼ਨ ਦੇ ਲਾਭ ਬਾਰੇ ਜਾਣਕਾਰੀ, ਸੈਲਫ ਹੈਲਪ ਗਰੁੱਪਾਂ ਵੱਲੋਂ ਬਜ਼ੁਰਗਾ ਨੂੰ ਉੱਨ ਬੁਣਾਈ, ਕਰੋਸ਼ੀਆ ਆਦਿ ਸਿਖਾਇਆ ਜਾਣਾ, ਪੁਰਾਤਨ ਸੱਭਿਆਚਾਰ ਨੂੰ ਮੁੜ ਸੁਰਜੀਤ ਕਰਨਾ, ਬੱਚਿਆਂ ਅਤੇ ਬਜ਼ੁਰਗਾਂ ਦਾ ਆਪਸੀ ਤਾਲਮੇਲ ਵਧਾਉਣਾ ਆਦਿ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਬਜ਼ੁਰਗ ਸਾਡੇ ਸਮਾਜ ਦਾ ਸਰਮਾਇਆ ਹਨ, ਇਹਨਾਂ ਨੂੰ ਸੰਭਾਲਣਾ ਸਾਡਾ ਫ਼ਰਜ਼ ਵੀ ਹੈ ਅਤੇ ਸਾਡੀ ਨੈਤਿਕ ਜ਼ਿੰਮੇਵਾਰੀ ਵੀ ਹੈ ਕਿਉਂਕਿ ਸਾਡੇ ਬਜ਼ੁਰਗਾਂ ਅਤੇ ਮਾਤਾ-ਪਿਤਾ ਦਾ ਸਮਾਜ ਦੀ ਤਰੱਕੀ ਵਿੱਚ ਬਹੁਤ ਵੱਡਾ ਯੋਗਦਾਨ ਹੈ। ਬਜ਼ੁਰਗਾਂ ਦੀ ਯੋਗ ਅਗਵਾਈ ਸਦਕਾ ਹੀ ਅਸੀਂ ਅੱਜ ਹਰ ਖੇਤਰ ਵਿੱਚ



ਨਾਮਣਾ ਖੱਟ ਰਹੇ ਹਾਂ ਅਤੇ ਤਰੱਕੀ ਦੀਆਂ ਨਵੀਆਂ ਮੰਜਿਲਾ ਛੂਹ ਰਹੇ ਹਾਂ। ਉਹਨਾਂ ਕਿਹਾ ਕਿ ਪੁਰਾਣੇ ਸਮੇਂ ਤੋਂ ਹੀ ਸਾਡੇ ਭਾਰਤੀ ਸਮਾਜ ਅਤੇ ਪਰੰਪਰਾ ਵਿੱਚ ਸਾਂਝੇ ਪਰਿਵਾਰਾਂ ਦਾ ਬਹੁਤ ਮਹੱਤਵ ਰਿਹਾ ਹੈ। ਇਸ ਰੀਤੀ ਨੂੰ ਅੱਗੇ ਵਧਾਉਂਦੇ ਹੋਏ ਸਾਨੂੰ ਅੱਜ ਵੀ ਬਜ਼ੁਰਗਾਂ ਨੂੰ ਪੂਰਾ ਮਾਣ-ਸਤਿਕਾਰ ਦੇਣਾ ਸਮੇਂ ਦੀ ਲੋੜ ਹੈ ਕਿਉਂਕਿ ਸਾਂਝੇ ਪਰਿਵਾਰ ਵਿੱਚ ਰਹਿੰਦੇ ਹੋਏ ਅਸੀਂ ਤਰੱਕੀ ਕਰ ਸਕਦੇ ਹਾਂ ਅਤੇ ਖੁਸ਼ਹਾਲ ਜ਼ਿੰਦਗੀ ਦਾ ਆਨੰਦ ਲੈ ਸਕਦੇ ਹਾਂ। ਉਹਨਾਂ ਸਮੂਹ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬਜ਼ੁਰਗਾਂ ਦਾ ਤਨੋਂ-ਮਨੋਂ ਸਤਿਕਾਰ ਕਰਨ ਤਾਂ ਕਿ ਸੱਭਿਅਕ ਸਮਾਜ ਦੀ ਸਿਰਜਣਾ ਕੀਤੀ ਜਾ ਸਕੇ। ਉਹਨਾਂ ਦੱਸਿਆ ਕਿ ਸਰਕਾਰ ਵੱਲੋਂ ਬਜ਼ੁਰਗਾਂ ਦੀ ਸੁਰੱਖਿਆ ਲਈ ਕੁੱਝ ਨਿਯਮ, ਕਾਨੂੰਨ ਬਣਾਏ ਗਏ ਹਨ ਜਿਸਦੇ ਤਹਿਤ ਜੇਕਰ ਕਿਸੇ ਵੀ ਬਜ਼ੁਰਗ ਦੀ ਉਹਨਾਂ ਦੇ ਪਰਿਵਾਰ ਵੱਲੋਂ ਦੇਖ-ਭਾਲ ਨਹੀਂ ਕੀਤੀ ਜਾਂਦੀ ਜਾਂ ਘਰ ਤੋਂ ਕੱਢ ਦਿੱਤਾ ਜਾਂਦਾ ਹੈ ਤਾਂ ਉਹ ਬਜ਼ੁਰਗ ਆਪਣੀ ਸ਼ਿਕਾਇਤ ਸਮਾਜਿਕ ਸੁਰੱਖਿਆ ਵਿਭਾਗ ਨੂੰ ਜ਼ਿਲ੍ਹਾ ਪੱਧਰ/ਸਬ-ਡਵੀਜ਼ਨ ਪੱਧਰ ਤੇ ਕਰ ਸਕਦੇ ਹਨ। ਕਾਨੂੰਨ ਅਨੁਸਾਰ ਉਸ ਬਜ਼ੁਰਗ ਨੂੰ ਬਣਦੇ ਹੱਕ ਦਿਵਾਏ ਜਾਣਗੇ। ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ, ਲੁਧਿਆਣਾ ਵਰਿੰਦਰ ਸਿੰਘ ਟਿਵਾਣਾ ਵੱਲੋਂ ਜ਼ਿਲ੍ਹੇ ਦੇ ਸਮੂਹ ਸੀਨੀਅਰ ਸਿਟੀਜਨ, ਸੀਨੀਅਰ ਸਿਟੀਜਨ ਐਸੋਸੀਏਸ਼ਨ, ਕਲੱਬਾਂ ਅਤੇ ਸਮਾਜਸੇਵੀ ਸੰਸਥਾਵਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਇਨ੍ਹਾਂ ਕੈਂਪਾਂ ਦਾ ਵੱਧ ਤੋਂ ਵੱਧ ਲਾਭ ਲਿਆ ਜਾਵੇ। ਉਨ੍ਹਾਂ ਕਿਹਾ ਆਉਣ ਵਾਲੇ ਸਮੇਂ ਵਿੱਚ ਅਜਿਹੇ ਹੋਰ ਕੈਂਪ ਵੀ ਲਗਾਏ ਜਾਣੇ ਹਨ ਤਾਂ ਜੋ ਸਾਡੇ ਬਜ਼ੁਰਗ ਬੁਨਿਆਦੀ ਸਹੂਲਤਾਂ ਤੋਂ ਵਾਂਝੇ ਨਾ ਰਹਿ ਸਕਣ।

# ਭਗਤ ਰਵਿਦਾਸ ਜੀ ਦੇ ਜਨਮ ਦਿਵਸ ਮੌਕੇ ਕੱਢੀ ਸ਼ੋਭਾ ਯਾਤਰਾ ਦਾ ਕੀਤਾ ਸਵਾਗਤ

ਲੁਧਿਆਣਾ, 31 ਜਨਵਰੀ (ਰਵਿੰਦਰ ਸਿੰਘ ਨਿੱਝਰ): ਸ੍ਰੀ ਗੁਰੂ ਰਵਿਦਾਸ ਜੀ ਦੇ 649ਵਾਂ ਪ੍ਰਕਾਸ ਪੁਰਬ ਮੌਕੇ ਕੱਢੀ ਗਈ ਵਿਸ਼ਾਲ ਸ਼ੋਭਾ ਯਾਤਰਾ ਦਾ ਡਾ. ਅੰਬੇਡਕਰ ਨਵਯੁਵਕ ਦਲ ਵੱਲੋਂ ਸਥਾਨਕ ਫੀਲਡਗੰਜ ਨੇੜੇ ਸ਼ਰਧਾ ਅਤੇ ਉਤਸ਼ਾਹ ਨਾਲ ਸਵਾਗਤ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ, ਰਾਜੀਵ ਕੁਮਾਰ ਲਵਲੀ ਨੇ ਕਿਹਾ ਕਿ ਡਾ. ਅੰਬੇਦਕਰ ਨਵਯੁਵਕ ਦਲ ਵੱਲੋਂ ਹਰ ਸਾਲ ਸਤਿਗੁਰੂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਪ੍ਰਕਾਸ਼ ਪੁਰਬ ਮੌਕੇ ਕੱਢੀ ਜਾਣ ਵਾਲੀ ਸ਼ੋਭਾ ਯਾਤਰਾ ਦਾ ਵੱਡੇ ਪੱਧਰ ਤੇ ਸਵਾਗਤ ਕੀਤਾ ਜਾਂਦਾ ਹੈ। ਲਵਲੀ ਨੇ ਕਿਹਾ ਕਿ ਉਹਨਾਂ ਦੇ ਪਿਤਾ ਬਾਬੂ ਜੀਤ ਕੁਮਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਪ੍ਰਕਾਸ਼ ਪੁਰਬ ਮਨਾਉਣ ਦੀ ਸ਼ੁਰੂਆਤ ਕਰਵਾਈ ਗਈ ਸੀ ਅਤੇ ਉਸ ਕੋਸ਼ਿਸ਼ ਨੂੰ ਉਹ ਅੱਜ ਵੀ ਅੱਗੇ ਵਧਾਉਣ ਦੀ ਕੋਸ਼ਿਸ਼ ਕਰ ਰਹੇ ਹਨ। ਇਸ ਮੌਕੇ ਲਵਲੀ ਵੱਲੋਂ ਸ਼ੋਭਾ ਯਾਤਰਾ ਦੇ ਪ੍ਰਬੰਧਕਾਂ ਅਤੇ ਇਸ ਵਿੱਚ ਹਿੱਸਾ ਲੈ ਰਹੀਆਂ ਵੱਖ-ਵੱਖ ਸੰਸਥਾਵਾਂ ਦੇ ਨੁਮਾਇੰਦਿਆਂ ਦਾ ਵੀ



ਧੰਨਵਾਦ ਕੀਤਾ। ਇਸ ਮੌਕੇ ਸ਼ੁਭਮ, ਐਡਵੋਕੇਟ ਇੰਦਰਜੀਤ ਸਿੰਘ, ਜਸਵੀਰ ਸਿੰਘ ਅਤੇ ਬੋਹੜ ਸਿੰਘ ਆਦਿ ਵੀ ਮੌਜੂਦ ਰਹੇ।

# ਨਿਯਮਾਂ ਨੂੰ ਛਿੱਕੇ ਟੰਗਕੇ ਸਾਹਨੇਵਾਲ ਵਿਖੇ ਲਗਾਈ ਖੇਤੀਬਾੜੀ ਸਬੰਧੀ ਪ੍ਰਦਰਸ਼ਨੀ

## ਗੱਡੀਆਂ ਦੀ ਪਾਰਕਿੰਗ, ਫਾਇਰ ਸਿਸਟਮ ਦੇ ਨਹੀਂ ਸਨ ਢੁਕਵੇਂ ਪ੍ਰਬੰਧ



ਸਾਹਨੇਵਾਲ ਕੁਹਾੜਾ, 31 ਜਨਵਰੀ (ਕੁਲਦੀਪ ਸਿੰਘ ਕੁਹਾੜਾ) : ਲੁਧਿਆਣਾ ਤੋਂ ਦਿਲੀ ਨੂੰ ਜਾਂਦੇ ਹਾਈਵੇਅ ਕਿਨਾਰੇ ਸਾਹਨੇਵਾਲ ਨਜ਼ਦੀਕ ਕਿਸਾਨਾਂ ਦੀ ਖੇਤੀਵਾੜੀ ਸਬੰਧੀ ਐਗਜੀਵੇਸਨ ਜ਼ੋ ਕਿ 30 ਜਨਵਰੀ ਤੋਂ ਲੈਕੇ 1 ਫਰਵਰੀ ਤੱਕ ਲਗਾਈ ਜਾਣੀ ਹੈ ਜਿਸ ਵਿੱਚ ਅੱਜ 30 ਤੋਂ ਲੈਕੇ 35 ਹਜ਼ਾਰ ਤੱਕ ਲੋਕ ਇਸ ਐਗਜੀਵੇਸਨ ਨੂੰ ਵੇਖਣ ਆਏ ਜਿਸ ਦੀ ਜਾਣਕਾਰੀ ਸ੍ਰੀ ਲਲਿਤ ਛਾਬੜਾਂ ਨੇ ਦਿੰਦੇ ਸਮੇ ਦੱਸਿਆ ਕਿ ਇਸ ਐਗਜੀਵੇਸਨ ਵਿੱਚ 150 ਦੇ ਕਰੀਬ ਕਿਸਾਨਾਂ ਦੀ ਖੇਤੀਬਾੜੀ ਨਾਲ ਸਬੰਧਿਤ ਸਟਾਲ ਵੱਖ ਵੱਖ ਕੰਪਨੀਆਂ ਵੱਲੋ ਲਗਾਏ ਹੋਏ ਹਨ।ਜ਼ੋ ਕਿਸਾਨਾਂ ਦੀ ਖੇਤੀਬਾੜੀ ਸਬੰਧੀ ਸੰਦਾਂ,ਕੀੜੇਮਾਰ ਦਵਾਈਆ ਖਾਦ ਤੇ ਬੀਜਾਂ ਤੋਂ ਇਲਾਵਾ ਕਿਸਾਨੀ ਨਾਲ ਸਬੰਧਿਤ ਲਗਾਏ ਹੋਏ ਹਨ। ਜਦੋਂ ਉਹਨਾਂ ਗੱਡੀਆਂ ਦੀ ਪਾਰਕਿੰਗ, ਮੈਡੀਕਲ ਸਹੂਲਤਾਂ ਅਤੇ ਫਾਇਰ ਸੇਫਟੀ ਸਬੰਧੀ ਪੁਛਿਆਂ ਤਾਂ ਉਹਨਾਂ ਆਪਣਾ ਪੱਲਾ ਛੁਡਾਉ ਦਿਆਂ ਕਿਹਾ ਕਿ ਇਸ ਦੀ ਜਾਣਕਾਰੀ ਤੁਸੀਂ ਰਜਿਸਟ੍ਰੇਸ਼ਨ ਆਫਿਸ ਵਿੱਚ ਬੈਠਣ ਵਾਲੇ ਸ੍ਰੀ ਅਮਰ ਜੀ ਤੋਂ ਲੈ ਸਕਦੇ ਹੋ।ਇਹਨਾਂ ਸਹੂਲਤਾਂ ਸਬੰਧੀ ਜਦੋਂ ਸ੍ਰੀ ਅਮਰ ਜੀ ਕੋਲ ਜਾਕੇ ਗੱਲ ਕੀਤੀ ਤਾਂ ਉਹਨਾਂ ਕਿਹਾ ਕਿ ਸਾਡਾ ਮੈਡੀਕਲ ਸਹੂਲਤਾਂ ਸਬੰਧੀ ਦਿਆਨੰਦ ਮੈਡੀਕਲ ਕਾਲਜ ਤੇ ਹਸਪਤਾਲ ਨਾਲ ਕੰਟਰੈਕਟ ਹੈ। ਪਰ ਇਸ ਐਗਜੀਵੇਸਨ ਵਿੱਚ ਪੁੱਜੇ ਹਜ਼ਾਰਾਂ ਦੀ ਤਾਦਾਦ ਵਿੱਚ ਲੋਕਾਂ ਲਈ ਮੈਡੀਕਲ ਸਹੂਲਤ ਵਾਸਤੇ ਸਿਰਫ ਇੱਕ ਡਾਕਟਰ ਇੱਕ ਨਰਸ ਤੇ ਇੱਕ ਵਾਰਡ ਬੁਆਏ ਨੂੰ ਹੀ ਤਾਇਨਾਤ ਕੀਤਾ ਗਿਆ ਹੈ। ਜ਼ੋ ਕਿ ਇਸ ਹਜ਼ਾਰਾਂ ਲੋਕਾਂ ਦੇ ਇਕੱਠ ਵਿੱਚ ਮੈਡੀਕਲ ਸਹੂਲਤ ਵਾਸਤੇ ਬਹੁਤ ਘੱਟ ਹੈ।ਜਦੋਂ ਉਹਨਾਂ ਕੋਲੋਂ ਫਾਇਰ ਸੇਫਟੀ ਵਾਰੇ ਪੁਛਿਆ ਤਾਂ ਉਹਨਾਂ ਕਿਹਾ ਕਿ ਅਸੀਂ ਇਹ ਬਿਲਡਿੰਗ ਨਵੀਂ ਬਣਾਈ ਹੈ ਇਸ ਵਿੱਚ ਪਾਣੀ ਦੀਆਂ ਪਾਈਪਾਂ ਅਤੇ ਫਾਇਰ ਜੰਤਰ ਜਲਦੀ ਹੀ ਲੱਗ ਜਾਣਗੇ ਹੈਰਾਨੀ ਇਸ ਗੱਲ ਦੀ ਹੈ ਕਿ ਹਜ਼ਾਰਾਂ ਲੋਕਾਂ ਦੀਆਂ ਜ਼ਿੰਦਗੀਆਂ ਨੂੰ ਅਣਗੌਲਿਆਂ ਕਰਦਿਆਂ ਇਹ ਐਗਜੀਵੇਸਨ ਲਾਉਣਾ ਕੀ ਜ਼ਰੂਰੀ ਸੀ। ਉਹਨਾਂ ਇਹ ਵੀ ਕਿ ਅਸੀਂ ਸਾਰੀਆਂ ਮਨਜ਼ੂਰੀਆਂ ਜ਼ਿਲਾ ਪੁਲਿਸ ਕਮਿਸ਼ਨਰ ਲੁਧਿਆਣਾ ਦੇ ਦਫ਼ਤਰ ਵੱਲੋਂ ਲਈਆ ਹੋਈਆਂ ਹਨ। ਹੈਰਾਨੀ ਇਸ ਗੱਲ ਦੀ ਹੈ ਅਜਿਹੇ ਵੱਡੇ ਸਮਾਗਮਾਂ ਨਾਲ ਸਬੰਧਿਤ ਉੱਚ ਅਧਿਕਾਰੀ ਵੀ ਅਜਿਹੇ ਵੱਡੇ ਸਮਾਗਮਾਂ ਦੀਆਂ ਮਨਜ਼ੂਰੀ ਵੀ ਜਾਂਚ ਕੀਤੇ ਬਿਨਾਂ ਹੀ ਸਿਰਫ ਫਾਇਲਾਂ ਦੇਖਕੇ ਦੇ ਦਿੰਦੇ ਹਨ।ਜਦੋਂ ਅਮਰ ਜੀ ਤੋਂ ਇਸ ਐਗਜੀਵੇਸਨ ਵਿੱਚ ਹਜ਼ਾਰਾਂ ਲੋਕਾਂ ਵੱਲੋਂ ਲਿਆਂਦੀਆਂ ਆਪਣੀਆਂ ਕਾਰਾਂ ਤੇ ਬੱਸਾਂ ਜੋ ਬਾਹਰ ਲੰਘਦੇ ਦਿਲੀ ਲੁਧਿਆਣਾ ਹਾਈਵੇਅ ਤੇ ਪਾਰਕਿੰਗ ਕੀਤੀਆਂ ਸਬੰਧੀ ਪੁਛਿਆਂ ਤਾਂ ਉਹਨਾਂ ਕਿਹਾ ਕਿ ਸਾਡੀ ਇਹਨਾਂ ਦੇ ਵਾਹਨਾਂ ਦੀ ਕੋਈ ਜ਼ੁਮੇਵਾਰੀ ਨਹੀਂ।

ਕੀ ਕਹਿਣਾ ਟ੍ਰੈਫਿਕ ਪੁਲਿਸ ਦੇ ਜੋਨ ਇੰਚਾਰਜ ਦਾ-ਜਦੋਂ ਦਿਲੀ ਲੁਧਿਆਣਾ ਹਾਈਵੇਅ ਤੇ ਗੱਡੀਆਂ ਪਾਰਕ ਕਰਨ ਦੀ ਸਿਕਾਇਤ ਪੱਤਰਕਾਰਾਂ ਨੇ ਟਰੈਫਿਕ ਪੁਲਿਸ ਦੇ ਜੋਨ ਇੰਚਾਰਜ ਏ ਐਸ ਆਈ ਦੀਪਕ ਕੁਮਾਰ ਨੂੰ ਕੀਤੀ ਤਾਂ ਉਹਨਾਂ ਕਿਹਾ ਕਿ ਮੇਰੀ ਡਿਊਟੀ ਅੱਜ ਭਗਤ ਰਵੀਦਾਸ ਜੀ ਦੇ ਨਗਰਕੀਰਤਨ ਤੇ ਲੱਗੀ ਹੋਈ ਹੈ ਮੈਂ ਹੁਣੇ ਹੀ ਕਾਰਵਾਈ ਕਰਨ ਵਾਸਤੇ ਪੀਸੀਆਰ ਦਸਤਾ 24 ਨੰਬਰ ਭੇਜਦਾ ਹਾਂ।

ਕੀ ਕਾਰਵਾਈ ਕੀਤੀ ਪੀਸੀਆਰ ਦਸਤੇ ਨੇ: ਪੀਸੀਆਰ ਦਸਤੇ ਦਾ ਏ ਐਸ ਆਈ ਸੁਖਦੇਵ ਸਿੰਘ ਆਇਆ ਤੇ ਬਿਨਾਂ ਕਾਰਵਾਈ ਕਰਦਿਆਂ ਹੀ ਚਲਾਣ ਮਸ਼ੀਨ ਨਾ ਹੋਣ ਦਾ ਬਹਾਨਾ ਲਾਕੇ ਬਰੰਗ ਮੁੜ ਗਿਆ।

# ਪਿਤਾ ਦੀ ਬਰਸੀ 'ਤੇ ਕੈਪਟਨ ਵਰਮਾ ਨੇ ਸਕੂਲ 'ਚ ਲਗਾਇਆ ਭੰਡਾਰਾ, ਸੂਟ ਅਤੇ ਕਾਪੀਆਂ ਵੰਡੀਆਂ

ਜਗਰਾਓਂ, 31 ਜਨਵਰੀ (ਦਵਿੰਦਰ ਜੈਨ) : ਹਰ ਰੋਜ਼ ਸਮਾਜ ਸੇਵਾ ਦੇ ਪ੍ਰੋਜੈਕਟਾਂ ਦੇ ਵਿੱਚ ਸਰਗਰਮ ਹਿੱਸਾ ਲੈਣ ਵਾਲੇ ਕੈਪਟਨ ਨਰੇਸ਼ ਵਰਮਾ ਅਤੇ ਪਰਿਵਾਰ ਵਲੋਂ ਅਪਣੇ ਪਿਤਾ ਸਵਰਗੀ ਸੰਸਾਰ ਚੰਦ ਵਰਮਾ ਦੀ ਮਿੱਠੀ ਯਾਦ ਵਿੱਚ ਆਰ.ਕੇ ਹਾਈ ਸਕੂਲ ਜਗਰਾਓਂ ਵਿੱਚ ਬੱਚਿਆਂ ਲਈ ਕੁੱਲਚੇ ਛੋਲਿਆਂ ਦਾ ਭੰਡਾਰਾਂ ਲਗਾਇਆ ਗਿਆ।ਇਸ ਮੌਕੇ ਵਰਮਾ ਪਰੀਵਾਰ ਵਲੋਂ ਪ੍ਰੇਮ ਵਰਮਾ, ਕੈਪਟਨ ਨਰੇਸ਼ ਵਰਮਾ,ਅਵਿਨਾਸ਼ ਵਰਮਾ, ਮੋਹਿਤ ਵਰਮਾ ਅਤੇ ਕਰਨ ਵਰਮਾ ਨੇ ਅਪਣੇ ਬਜ਼ੁਰਗਾਂ ਨੂੰ ਯਾਦ ਕਰਦੇ ਹੋਏ ਭੰਡਾਰੇ ਦਾ ਆਯੋਜਨ ਕੀਤਾ।ਇਸ ਮੌਕੇ ਸਕੂਲ ਦੇ ਸਾਰੇ ਬੱਚਿਆਂ ਨੂੰ ਪ੍ਰਿੰਸੀਪਲ ਸੀਮਾ ਸ਼ਰਮਾ ਅਤੇ ਪ੍ਰਧਾਨ ਐਡਵੋਕੇਟ ਨਵੀਨ ਗੁਪਤਾ ਦੀ ਅਗਵਾਈ ਹੇਠ ਸਾਰੇ ਬੱਚਿਆਂ ਨੇ ਪੰਗਤ ਦੇ ਵਿੱਚ ਬੈਠ ਕੇ ਸਟੀਲ ਦੇ ਬਰਤਨ ਚ ਲੰਗਰ ਛੱਕਿਆ। ਇਸ ਮੌਕੇ ਦਿਨੇਸ਼ ਮਲਹੋਤਰਾ ਕੈਨੇਡਾ



ਨੇ ਸਕੂਲ ਦੇ ਕਰਮਚਾਰੀਆਂ ਨੂੰ ਸੂਟ ਵੰਡੇ. ਸਮਾਜ ਸੇਵੀ ਕੇਵਲ ਮਲਹੋਤਰਾ ਅਤੇ ਰਵੀ ਮਲਹੋਤਰਾ ( ਦਿੱਲੀ)ਨੇ ਅਪਣੇ ਵਲੋਂ ਸਾਰੇ ਅਧਿਆਪਕਾਂ, ਬੱਚਿਆਂ ਅਤੇ ਸਕੂਲ ਦੇ ਕਰਮਚਾਰੀਆਂ ਨੂੰ ਟਿਫਨ ਅਤੇ ਡੱਬਿਆ ਅਤੇ ਸ਼ਗਨਾਂ ਨਾਲ ਸਨਮਾਨਿਤ ਕੀਤਾ । ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰੇਮ ਵਰਮਾ ( ਬੈਂਕ ਮੈਨੇਜਰ),ਕੈਪਟਨ ਨਰੇਸ਼ ਵਰਮਾ,ਕੇਵਲ ਮਲਹੋਤਰਾ,ਰਜਿੰਦਰ ਜੈਨ ਕਾਕਾ,ਅਨਿਲ ਮਲਹੋਤਰਾ, ਦਿਨੇਸ਼ ਮਲਹੋਤਰਾ, ਪ੍ਰਿੰਸੀਪਲ ਸੀਮਾ ਸ਼ਰਮਾ,ਪ੍ਰਸ਼ੋਤਮ ਲਾਲ ਖਲੀਫਾ, ਮੋਹਿਤ ਸੇਤੀਆ( ਕੈਨੇਡਾ),ਐਡਵੋਕੇਟ ਨਵੀਨ ਗੁਪਤਾ,ਸ਼ਸਿ ਭੂਸ਼ਣ ਜੈਨ,ਅਪਾਰ ਸਿੰਘ,ਗੁਲਸ਼ਨ ਅਰੋੜਾ, ਸੁਨੀਲ ਬਜਾਜ,ਮਦਨ ਲਾਲ, ਕ੍ਰਿਸ਼ਨ ਬਜਾਜ, ਸ਼ਿਵ ਗੁਪਤਾ,ਮਨੋਹਰ ਸਿੰਘ ਟੱਕਰ, ਕੁਲਭੂਸ਼ਨ ਗੁਪਤਾ,ਰਾਜ ਕੁਮਾਰ ਭੱਲਾ, ਵਿਨੋਦ ਦੁਆ,ਵਰਿੰਦਰ ਬਾਂਸਲ, ਰਾਜੀਵ ਗੁਪਤਾ,ਕੋਮਲ ਮਿੱਤਲ,ਰਾਜਨ ਸਿੰਗਲਾ, ਮੋਹਿਤ ਗੁਪਤਾ, ਮੋਹਿਤ ਜੈਨ, ਦੇਵਿੰਦਰ ਜੈਨ, ਸੁਧੀਰ ਝਾਂਜੀ, ਸਵਰਨਜੀਤ ਸਹਿਗਲ, ਸਤੀਸ਼ ਬਾਂਸਲ,ਗੋਪਾਲ ਗੁਪਤਾ, ਅਸ਼ਵਨੀ ਸ਼ਰਮਾ,ਮੈਡਮ ਸੁਮਨ,ਮੈਡਮ ਮਨੀਸ਼ਾ, ਕੰਵਲ ਕੱਕੜ ,ਮੋਹਿਤ ਗੁਪਤਾ ਅਤੇ ਸਮੂਹ ਸਟਾਫ ਹਾਜ਼ਿਰ ਸੀ।

# ਮਾਤਾ ਸ਼ਸ਼ੀ ਬਾਲਾ ਨੂੰ ਸੈਂਕੜੇ ਸ਼ਖਸੀਅਤਾਂ ਨੇ ਸੇਜਲ ਅੱਖਾਂ ਨਾਲ ਦਿੱਤੀ ਅੰਤਿਮ ਵਿਦਾਇਗੀ



ਲੁਧਿਆਣਾ, 31 ਜਨਵਰੀ (ਰਵਿੰਦਰ ਸਿੰਘ ਨਿੱਝਰ) : ਸਥਾਨਕ ਵਾਰਡ ਨੰਬਰ 41 ਦੀ ਕੌਂਸਲਰ ਮਮਤਾ ਰਾਣੀ ਦੀ ਸੱਸ ਸ਼ਸ਼ੀ ਵਾਲਾ ਸੁਪਤਨੀ ਸਵ: ਸੰਤੋਸ਼ ਕੁਮਾਰ ਕੌਸ਼ਲ (ਸਬ ਇੰਸਪੈਕਟਰ) ਜੋ ਕਿ ਬੀਤੇ ਦਿਨੀ ਅਕਾਲ ਚਲਾਣਾ ਕਰ ਗਏ ਸਨ ਉਹਨਾਂ ਦਾ ਅੰਤਿਮ ਸੰਸਕਾਰ ਸਥਾਨਕ ਦਾਨਾ ਮੰਡੀ ਸ਼ਮਸ਼ਾਨ ਘਾਟ ਵਿਖੇ ਕਰ ਦਿੱਤਾ ਗਿਆ । ਇਸ ਮੌਕੇ ਸੈਂਕੜੇ ਸ਼ਖਸੀਅਤਾਂ ਨੇ ਵਿਛੜੀ ਆਤਮਾ ਨੂੰ ਸੇਜਲ ਅੱਖਾਂ ਨਾਲ ਅੰਤਿਮ ਵਿਦਾਇਗੀ ਦਿੱਤੀ। ਉਨਾਂ ਦੀ ਚਿਖਾ ਨੂੰ ਅਗਨੀ ਉਹਨਾਂ ਦੇ ਸਪੁੱਤਰ ਲਖਵਿੰਦਰ ਲੱਕੀ ਨੇ ਦਿਖਾਈ। ਇਸ ਮੌਕੇ ਵਿਧਾਇਕ ਕੁਲਵੰਤ ਸਿੱਧੂ, ਮੇਅਰ ਇੰਦਰਜੀਤ ਕੌਰ, ਸਾਬਕਾ ਵਿਧਾਇਕ ਬਲਵਿੰਦਰ ਸਿੰਘ ਬੈਂਸ, ਕਮਲਜੀਤ ਕੜਵਲ, ਨਗਰ ਨਿਗਮ ਦੇ ਡਿਪਟੀ ਮੇਅਰ ਪ੍ਰਿੰਸ ਜੌਹਰ, ਸਾਬਕਾ ਕੌਂਸਲਰ ਕੁਲਦੀਪ ਸਿੰਘ ਬਿੱਟਾ, ਵਾਰਡ 41 ਦੇ ਸੇਵਾਦਾਰ ਮਨੀ ਭਗਤ, ਜ਼ਿਲ੍ਹਾ ਕਾਂਗਰਸ ਕਮੇਟੀ ਲੁਧਿਆਣਾ ਸ਼ਹਿਰੀ ਦੇ ਮੀਤ ਪ੍ਰਧਾਨ ਡਾ ਓਂਕਾਰ ਚੰਦ ਸ਼ਰਮਾ, ਜ਼ਿਲ੍ਹਾ ਭਾਜਪਾ ਪ੍ਰਧਾਨ ਰਜਨੀਸ਼ ਧੀਮਾਨ, ਵਿੱਕੀ ਧਵਨ, ਕੌਂਸਲਰ ਸੋਹਣ ਸਿੰਘ ਗੋਗਾ, ਕੌਂਸਲਰ ਸੁਖਦੇਵ ਸਿੰਘ ਸੀ?ਰਾ, ਸੁਰੇਸ਼ ਸੋਨੂ, ਜਤਿੰਦਰ ਸਿੰਘ ਪਨੇਸਰ, ਬਚਿੱਤਰ ਸਿੰਘ, ਹਰਦੇਵ ਸਿੰਘ ਠੇਕੇਦਾਰ, ਮਨਪ੍ਰੀਤ ਸਿੰਘ ਰਿੰਕੂ, ਵਿਪਨ ਸੇਠੀ, ਪਲਵਿੰਦਰ ਤੱਗੜ, ਬਹਾਦਰ ਸਿੰਘ ਅਤੇ ਲਾਲੀ ਸ਼ਰਮਾ ਆਦਿ ਨੇ ਮਾਤਾ ਜੀ ਨੂੰ ਅੰਤਿਮ ਵਿਦਾਇਗੀ ਦਿੱਤੀ।

# ਅਚਾਨਕ ਗੋਲ਼ੀ ਚੱਲਣ ਨਾਲ ਸਿਪਾਹੀ ਦੀ ਮੌਤ

ਮੁੱਲਾਂਪੁਰ ਦਾਖਾ, 31ਜਨਵਰੀ (ਦਵਿੰਦਰ ਸਿੰਘ ਲੰਮੇ) : ਕਾਰ ਸ਼ੋ ਰੂਮ ਮਾਲਕ ਤੋਂ ਗੈਂਗਸਟਰਾਂ ਵੱਲੋਂ ਫਿਰੌਤੀ ਮੰਗੇ ਜਾਣ ਤੋਂ ਬਾਅਦ ਉਸ ਦੀ ਸੁਰੱਖਿਆ ਲਈ ਤੈਨਾਤ ਕੀਤੇ ਸਿਪਾਹੀ ਕੋਲੋਂ ਆਪਣੀ ਹੀ ਏਕੇ47 ਵਿੱਚੋਂ ਅਚਾਨਕ ਗੋਲ਼ੀ ਚੱਲ ਜਾਣ ਕਾਰਣ ਉਸਦੀ ਮੌਤ ਹੋ ਗਈ। ਮ੍ਰਿਤਕ ਦੀ ਪਛਾਣ ਅਨੁਜ ਮਸੀਹ (25) ਵਜੋਂ ਹੋਈ ਹੈ। ਕਾਂਸਟੇਬਲ ਅਨੁਜ ਮਸੀਹ ਦੇ ਗਰਦਨ ਦੇ ਨੇੜੇ ਗੋਲੀ ਲੱਗੀ । ਉਹ ਇਸ ਸਮੇਂ ਇੱਕ ਲਗਜ਼ਰੀ ਕਾਰਾਂ ਦੇ ਸ਼ੋਅ-ਰੂਮ ਵਿੱਚ ਸੁਰੱਖਿਆ ਡਿਊਟੀ 'ਤੇ ਤੈਨਾਤ ਸੀ, ਕਿਉਂਕਿ ਉਕਤ ਸ਼ੋਅਰੂਮ ਦੇ ਮਾਲਕ ਨੂੰ ਕੁੱਝ ਦਿਨ ਪਹਿਲਾਂ ਇੱਕ ਗੈਂਗਸਟਰ ਵੱਲੋਂ ਜਬਰੀ ਵਸੂਲੀ ਦੀਆਂ ਧਮਕੀਆਂ ਮਿਲੀਆਂ ਸਨ। ਜਿਸ ਕਰਕੇ ਅਨੁਜ ਦੀ ਕਾਰ ਸ਼ੋਅ ਰੂਮ ਤੇ ਡਿਊਟੀ ਲਗਾਈ ਗਈ ਸੀ। ਜਾਣਕਾਰੀ ਅਨੁਸਾਰ, ਅਨੁਜ ਆਪਣੇ ਸਾਥੀਆਂ ਨਾਲ ਕਾਰ ਸ਼ੋਅਰੂਮ ਦੇ ਬਾਹਰ ਸੁਰੱਖਿਆ ਡਿਊਟੀ ਤੇ ਸਨ। ਅੱਜ ਦੇਰ ਰਾਤ ਅਨੁਜ ਸ਼ੋਅਰੂਮ ਦੇ ਬਾਹਰ ਆਪਣੀ ਕਾਰ ਵਿੱਚ ਬੈਠਾ ਸੀ,ਤਾਂ ਅਚਾਨਕ ਗੋਲੀ ਚੱਲ ਗਈ ਜਿਹੜੀ ਕਿ ਉਸਦੀ ਗਰਦਨ ਨੇੜੇ ਲਗੀ। ਪੁਲਿਸ ਸੂਤਰਾਂ ਦਾ ਕਹਿਣਾ ਹੈ ਕਿ ਗੋਲੀ ਅਨੁਜ ਦੇ ਹਥਿਆਰ ਤੋਂ ਹੀ



ਚੱਲੀ ਸੀ । ਜਦੋਂ ਇਸ ਘਟਨਾ ਬਾਰੇ ਡੀਐਸਪੀ ਦਾਖਾ ਵਰਿੰਦਰਜੀਤ ਸਿੰਘ ਖੋਸਾ ਨਾਲ ਗੱਲ ਕੀਤੀ ਤਾਂ ਉਹਨਾਂ ਇਸ ਘਟਨਾ ਦੀ ਪੁਸ਼ਟੀ ਕਰਦਿਆਂ ਦੱਸਿਆ ਕਿ ਉਕਤ ਕਾਂਸਟੇਬਲ ਕੋਲੋਂ ਮੌਜੂਦ ਏਕੇ47 ਦੀ ਅਚਾਨਕ ਗੋਲੀ ਚੱਲਣ ਕਾਰਨ ਹੀ ਇਹ ਹਾਦਸਾ ਵਾਪਰਿਆ ਹੈ ਅਤੇ ਇਸ ਮਾਮਲੇ ਸੰਬੰਧੀ 174 ਦੀ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਹੈ। ਦੱਸਣਯੋਗ ਇਹ ਹੈ ਕਿ ਕਾਂਸਟੇਬਲ ਅਨੁਜ ਗੁਰਦਾਸਪੁਰ ਜ਼ਿਲ੍ਹੇ ਦੇ ਲੱਖਾ ਕਲਾਂ ਪਿੰਡ ਦਾ ਰਹਿਣ ਵਾਲਾ ਸੀ ਅਤੇ ਉਸਨੂੰ ਆਪਣੇ ਪਿਤਾ ਦੀ ਮੌਤ ਤੋਂ ਬਾਅਦ ਇਹ ਨੌਕਰੀ ਮਿਲੀ ਸੀ।

# ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਵੱਲੋਂ ਸਿੱਖ ਨੌਜਵਾਨ ਦੇ ਇਨਸਾਫ਼ ਲਈ ਕੀਤੀ ਪਹਿਲ ਕਦਮੀ ਸ਼ਲਾਘਾਯੋਗ : ਢਿੱਲੋਂ, ਭਿੰਦਾ, ਸੋਖੀ



ਲੁਧਿਆਣਾ, 31 ਜਨਵਰੀ (ਰਵਿੰਦਰ ਸਿੰਘ ਨਿੱਝਰ): ਟੈਕਸੀ ਡਰਾਈਵਰ ਸਿੱਖ ਨੌਜਵਾਨ ਰਣਜੋਧ ਸਿੰਘ ਦੇ ਨਾਲ 26 ਤਾਰੀਖ ਨੂੰ ਪੁਲਿਸ ਦੇ ਵੱਲੋਂ ਨਿਯਮਾਂ ਨੂੰ ਤਾਕ ਦੇ ਉੱਪਰ ਰੱਖਦੇ ਹੋਏ ਥਾਣੇ ਦੇ ਅੰਦਰ ਹੀ ਢਾਹੇ ਗਏ ਤਸ਼ਦਦ ਮਾਮਲੇ ਦੌਰਾਨ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਇੱਕ ਨੌਜਵਾਨ ਸਿੱਖ ਦੇ ਹੱਕ ਵਿੱਚ ਡੱਟ ਕੇ ਖੜ੍ਹਨਾ ਬਹੁਤ ਹੀ ਸ਼ੁਲਾਘਾਯੋਗ ਪਹਿਲ ਕਦਮੀ ਹੈ। ਜਿਸ ਨੂੰ ਸਿੱਖ ਕੌਮ ਅਤੇ ਸਮਾਜਿਕ ਵਰਗਾਂ ਵੱਲੋਂ ਕਾਫ਼ੀ ਸਰਾਹਿਆ ਜਾ ਰਿਹਾ ਹੈ। ਇਨਾਂ ਸ਼ਬਦਾਂ ਦਾ ਪ੍ਰਗਟਾਵਾ ਸੀਨੀਅਰ ਅਕਾਲੀ ਆਗੂ ਰਣਜੀਤ ਸਿੰਘ ਢਿੱਲੋਂ, ਅਕਾਲੀ ਜੱਥਾ ਸ਼ਹਿਰੀ ਦੇ ਪ੍ਰਧਾਨ ਭੁਪਿੰਦਰ ਸਿੰਘ ਭਿੰਦਾ ਅਤੇ ਸ਼੍ਰੋਮਣੀ ਅਕਾਲੀ ਦਲ ਪੰਜਾਬ ਦੇ ਜਨਰਲ ਸਕੱਤਰ ਜਗਬੀਰ ਸਿੰਘ ਸੋਖੀ ਨੇ ਕੀਤਾ। ਉਨ੍ਹਾਂ ਕਿਹਾ ਕਿ ਜੱਥੇਦਾਰ ਗੜਗੱਜ ਜੀ ਨੇ ਨੌਜਵਾਨ ਨਾਲ ਹੋਏ ਵਤੀਰੇ ਨੂੰ ਗੰਭੀਰਤਾ ਨਾਲ ਲੈਂਦਿਆਂ ਇਨਸਾਫ਼ ਦੀ ਮੰਗ ਕੀਤੀ ਅਤੇ ਸਿੱਖ ਨੌਜਵਾਨਾਂ ਦੇ ਅਧਿਕਾਰਾਂ ਦੀ ਰੱਖਿਆ ਲਈ ਆਪਣੀ ਵਚਨਬੱਧਤਾ ਜਤਾਈ ਹੈ। ਨੌਜਵਾਨਾਂ ਦੇ ਨਾਲ ਕਿਸੇ ਵੀ ਕਿਸਮ ਦੀ ਨਾ-ਇਨਸਾਫ਼ੀ ਜਾਂ ਭੇਦਭਾਵ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਕਾਨੂੰਨ ਸਭ ਲਈ ਇਕਸਾਰ ਹੋਣਾ ਚਾਹੀਦਾ ਹੈ ਅਤੇ ਕਿਸੇ ਵੀ ਧਾਰਮਿਕ ਜਾਂ ਸਮਾਜਿਕ ਪਹਿਚਾਣ ਦੇ ਆਧਾਰ 'ਤੇ ਕਿਸੇ ਨਾਲ ਧੱਕਾ ਨਹੀਂ ਹੋਣਾ ਚਾਹੀਦਾ। ਪਰੰਤੂ ਮਾਨ ਸਰਕਾਰ ਦੇ ਰਾਜ ਵਿੱਚ ਜਨਤਾ ਦੀ ਰੱਖਿਆ ਕਰਨ ਵਾਲੇ ਹੀ ਜਨਤਾ ਦੇ ਉੱਪਰ ਅਤਿਆਚਾਰ ਕਰ ਰਹੇ ਹਨ। ਇਸ ਮੌਕੇ ਗੱਲਬਾਤ ਦੌਰਾਨ ਉਪਰੋਕਤ ਆਗੂਆਂ ਨੇ ਸੰਬੰਧਿਤ ਅਧਿਕਾਰੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਇਸ ਮਾਮਲੇ ਦੀ ਨਿਰਪੱਖ ਜਾਂਚ ਕਰਕੇ ਨੌਜਵਾਨ ਨੂੰ ਇਨਸਾਫ਼ ਦਿਵਾਇਆ ਜਾਵੇ। ਉਨ੍ਹਾਂ ਕਿਹਾ ਕਿ ਅਜਿਹੇ ਸਮੇਂ 'ਚ ਧਾਰਮਿਕ ਆਗੂ ਗਿਆਨੀ ਗੜਗੱਜ ਵੱਲੋਂ ਸੱਚ ਅਤੇ ਇਨਸਾਫ਼ ਦੇ ਹੱਕ ਵਿੱਚ ਖੜ੍ਹਨਾ ਜਿੱਥੇ ਬਹੁਤ ਹੀ ਸਲਾਘਾਯੋਗ ਉਪਰਾਲਾ ਹੈ ਉੱਥੇ ਹੀ ਸਮਾਜ ਲਈ ਸਕਾਰਾਤਮਕ ਸੰਦੇਸ਼ ਦਿੰਦਾ ਹੈ ਉਥੇ ਹੀ ਉਨਾਂ ਦੇ ਸਪਸ਼ਟ ਅਤੇ ਦ੍ਰਿੜ੍ਹ ਫੈਸਲੇ ਨੂੰ ਦਰਸਾਉਂਦਾ ਹੈ।


ਵਸੂਲੀ ਅਧਿਕਾਰੀ ਦਾ ਦਫ਼ਤਰ-I/II

**ਕਰਜ਼ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀਆਰਟੀ 1)**

ਦੂਜੀ ਮੰਜ਼ਿਲ, ਐਸਸੀਓ 33-34-35, ਸੈਕਟਰ 17-ਏ, ਚੰਡੀਗੜ੍ਹ

ਮੰਗ ਸੂਚਨਾ

ਆਮਦਨ ਕਰ ਕਾਨੂੰਨ, 1961 ਦੀ ਦੂਜੀ ਅਨੁਸੂਚੀ ਦੇ ਨਿਯਮ 2 ਅਤੇ ਕਰਜ਼ਿਆਂ ਦੀ ਵਸੂਲੀ ਅਤੇ ਦੀਵਾਲੀਆਪਣ ਕਾਨੂੰਨ, 1993 ਦੀਆਂ ਧਾਰਾਵਾਂ 25 ਤੋਂ 28 ਦੇ ਅਧੀਨ ਸੂਚਨਾ

ਆਰ.ਸੀ./363/2024    ਮਿਤੀ : 10.12.2025

ਪੰਜਾਬ ਨੈਸ਼ਨਲ ਬੈਂਕ
ਬਨਾਮ
ਮੈਸ. ਕੇ. ਜੀ. ਐਕਸਪੋਰਟਸ

ਵੱਲ,
(ਸੀਡੀ-1) ਮੈਸਰਜ਼ ਕੇ.ਜੀ. ਨਿਰਯਾਤ, ਇੱਕ ਪ੍ਰੋਪਰਾਈਟਰਸ਼ਿਪ ਸਬੰਧਤ ਸ੍ਰੀ ਰਜਿੰਦਰ ਕੁਮਾਰ ਗੁਪਤਾ, #3791, ਲਕਸ਼ਮੀ ਸਟਰੀਟ, ਅਮਰੀਕ ਸਿੰਘ ਰੋਡ, ਬਠਿੰਡਾ।
(ਸੀਡੀ-2) ਸ੍ਰੀ ਰਜਿੰਦਰ ਕੁਮਾਰ ਗੁਪਤਾ ਪੁੱਤਰ ਸ. ਰੋਸ਼ਨ ਲਾਲ ਗੁਪਤਾ, ਪ੍ਰੋਪਰਾਈਟਰ ਮੈਸਰਜ਼ ਕੇ.ਜੀ. ਐਕਸਪੋਰਟਸ, #3791, ਲਕਸ਼ਮੀ ਸਟਰੀਟ, ਅਮਰੀਕ ਸਿੰਘ ਰੋਡ, ਬਠਿੰਡਾ, ਪੰਜਾਬ।
(ਸੀਡੀ-3) ਸ਼੍ਰੀਮਤੀ ਮਧੂ ਗੁਪਤਾ ਰਜਿੰਦਰ ਕੁਮਾਰ ਗੁਪਤਾ, ਵਾਸੀ #3791, ਲਕਸ਼ਮੀ ਸਟਰੀਟ, ਅਮਰੀਕ ਸਿੰਘ ਰੋਡ, ਬਠਿੰਡਾ, ਪੰਜਾਬ।
(ਸੀਡੀ-4) ਸ਼੍ਰੀਮਤੀ ਰਾਖੀ ਗੁਪਤਾ ਸਪੁੱਤਰੀ ਸੋਹਣ ਲਾਲ, ਵਾਸੀ 6318, ਮਾਤਾ ਰਾਣੀ ਗਲੀ, ਬਠਿੰਡਾ, ਪੰਜਾਬ।
(ਸੀਡੀ-5) ਸ਼੍ਰੀਮਤੀ ਅੰਜੂ ਗਰਗ ਸੁਪਤਨੀ ਜੀਵਨ ਗਰਗ, ਵਾਸੀ #18088, ਚੰਦਸਰ ਬਸਤੀ, ਬਠਿੰਡਾ, ਪੰਜਾਬ।
(ਸੀਡੀ-6) ਸ਼੍ਰੀਮਤੀ ਤਨੀਸ਼ਾ ਗਰਗ, ਸਪੁੱਤਰੀ ਸ੍ਰੀ ਭਗਵਾਨ ਦਾਸ, ਵਾਸੀ 20988, ਪਾਵਰ ਹਾਊਸ ਰੋਡ, ਗਲੀ ਨੰਬਰ 6, ਬਠਿੰਡਾ, ਪੰਜਾਬ।
(ਸੀਡੀ-7) ਸ੍ਰੀ ਕੁਨਾਲ ਗਰਗ ਪੁੱਤਰ ਸ. ਗੁਰਦਾਸ ਗਰਗ, ਵਾਸੀ ਕੋਠੀ ਨੰਬਰ 12, ਅਗਰਸੈਨ ਨਗਰ, ਅਮਰੀਕ ਸਿੰਘ ਰੋਡ, ਬਠਿੰਡਾ, ਪੰਜਾਬ।

ਇਹ ਸੂਚਿਤ ਕੀਤਾ ਜਾਂਦਾ ਹੈ ਕਿ ਓਏ/4955/2017 ਵਿਚ ਪ੍ਰਧਾਨਗੀ ਅਧਿਕਾਰੀ, **ਕਰਜ਼ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀਆਰਟੀ-3)** ਵੱਲੋਂ ਜਾਰੀ ਹੁਕਮਾਂ ਦੀ ਨਿਰੰਤਰਤਾ ਵਿਚ ਜਾਰੀ ਵਸੂਲੀ ਪ੍ਰਮਾਣ ਪੱਤਰ ਦੇ ਅਨੁਸਾਰ ਪੂਰਤੀ ਹੋਣ ਤੱਕ 01.12.2027 ਤੋਂ ਪ੍ਰਭਾਵੀ ਸਧਾਰਨ ਸਲਾਨਾ ਵਿਆਜ 14.25% **ਦੀ ਦਰ 'ਤੇ** ਭਾਵੀ ਵਿਆਜ ਅਤੇ ਮੁਕੱਦਮੇਬਾਜ਼ੀ ਸਮੇਤ **ਰੁ. 9,28,57,811/- (ਰੁਪਏ ਨੌਂ ਕਰੋੜ ਅਠਾਈ ਲੱਖ ਸਤਵੰਜਾ ਹਜ਼ਾਰ ਅੱਠ ਸੌ ਗਿਆਰਾਂ ਕੇਵਲ)** ਦੀ ਰਕਮ ਅਤੇ **ਰੁ. 1,50,000 (ਰੁਪਏ ਇੱਕ ਲੱਖ ਪੰਜਾਹ ਹਜ਼ਾਰ ਕੇਵਲ)** ਦੀਆਂ ਲਾਗਤਾਂ ਤੁਹਾਡੇ ਖਿਲਾਫ਼ (ਸਾਂਝੇ ਅਤੇ ਵੱਖਰੇ ਤੌਰ 'ਤੇ/ਪੂਰਨ/ਸੀਮਿਤ ਤੌਰ 'ਤੇ) ਬਕਾਇਆ ਬਣ ਚੁੱਕੀਆਂ ਹਨ।

2. ਤੁਹਾਨੂੰ ਇਸ ਦੁਆਰਾ ਨਿਰਦੇਸ਼ ਦਿੱਤਾ ਜਾਂਦਾ ਹੈ ਕਿ ਸੂਚਨਾ ਦੀ ਪ੍ਰਾਪਤੀ ਤੋਂ 15 ਦਿਨਾਂ ਦੇ ਅੰਦਰ ਉਕਤ ਰਕਮ ਨੂੰ ਅਦਾ ਕਰ ਦਿਓ, ਜਿਸ ਤੋਂ ਅਸਫਲ ਰਹਿਣ 'ਤੇ ਬੈਂਕਾਂ ਅਤੇ ਵਿੱਤੀ ਸੰਸਥਾਵਾਂ ਵੱਲ ਬਕਾਇਆ ਕਰਜ਼ਿਆਂ ਦੀ ਵਸੂਲੀ ਕਾਨੂੰਨ, 1993 ਅਤੇ ਇਸ ਦੇ ਤਹਿਤ ਨਿਯਮਾਂ ਦੀ ਨਿਰੰਤਰਤਾ ਵਿਚ ਵਸੂਲੀ ਕੀਤੀ ਜਾਵੇਗੀ।
3. ਤੁਹਾਨੂੰ ਇਸ ਦੁਆਰਾ ਆਦੇਸ਼ ਦਿੱਤਾ ਜਾਂਦਾ ਹੈ ਕਿ ਸੁਣਵਾਈ ਦੀ ਅਗਲੀ ਮਿਤੀ ਨੂੰ ਜਾਂ ਪਹਿਲਾਂ ਆਪਣੇ ਅਸਾਸਿਆਂ ਦੇ ਵੇਰਵਿਆਂ ਦਾ ਹਲਫ਼ੀਆ ਬਿਆਨ 'ਤੇ ਐਲਾਨ ਕਰੋ।
4. ਤੁਹਾਨੂੰ ਨਿਰਦੇਸ਼ ਦਿੱਤਾ ਜਾਂਦਾ ਹੈ ਕਿ 14.07.2026 **ਨੂੰ ਸਵੇਰੇ** 10.30 **ਵਜੇ** ਇਸ ਟ੍ਰਿਬਿਊਨਲ ਕੋਲ ਹਾਜ਼ਰੀ ਲਗਵਾਓ।
5. ਉਕਤ ਦਰਸਾਈ ਰਕਮ ਤੋਂ ਇਲਾਵਾ ਤੁਸੀਂ ਨਿਮਨ ਦਾ ਭੁਗਤਾਨ ਕਰਨ ਲਈ ਵੀ ਜੁਆਬਦੇਹ ਹੋਵੋਗੇ :
(ੳ) ਸਰਟੀਫਿਕੇਟ/ਕਾਰਜਰੂਪ ਪ੍ਰਕਿਰਿਆ ਦੀ ਇਸ ਸੂਚਨਾ ਤੋਂ ਤੁਰੰਤ ਬਾਅਦ ਸ਼ੁਰੂ ਹੋਣ ਵਾਲੀ ਮਿਆਦ ਦੇ ਲਈ ਅਦਾਇਗੀਯੋਗ ਵਿਆਜ
(ਅ) ਇਸ ਸੂਚਨਾ ਦੀ ਤਾਮੀਲ ਦੇ ਸਬੰਧ ਵਿਚ ਅਤੇ ਵਾਰੰਟਾਂ ਅਤੇ ਹੋਰ ਪ੍ਰਕਿਰਿਆਵਾਂ ਅਤੇ ਬਕਾਇਆ ਰਕਮ ਦੀ ਵਸੂਲੀ ਲਈ ਅਪਨਾਈਆਂ ਗਈਆਂ ਸਾਰੀਆਂ ਹੋਰ ਕਾਰਵਾਈਆਂ ਵਿਚ ਲਾਗੂ ਸਾਰੀਆਂ ਲਾਗਤਾਂ, ਫੀਸਾਂ ਅਤੇ ਖਰਚੇ।

ਮੇਰੇ ਦਸਤਖ਼ਤ ਅਤੇ ਟ੍ਰਿਬਿਊਨਲ ਦੀ ਮੋਹਰ ਹੇਠ ਇਸ ਮਿਤੀ 10.12.2025 ਨੂੰ ਜਾਰੀ।

ਵਸੂਲੀ ਅਧਿਕਾਰੀ
ਕਰਜ਼ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ ਡੀਆਰਟੀ-1


# ਆਰਕੀਟੈਕਟ ਸੰਜੇ ਗੋਇਲ ਨੂੰ ਵੈਦਿਕ ਗੌਰਵ ਸਨਮਾਨ ਨਾਲ ਕੀਤਾ ਗਿਆ ਸਨਮਾਨਿਤ

ਲੁਧਿਆਣਾ, 31 ਜਨਵਰੀ (ਕਰਨੈਲ ਸਿੰਘ ਐੱਮ.ਏ.): ਵੇਦ ਪ੍ਰਚਾਰ ਮੰਡਲ (ਰਜਿ:), ਪੰਜਾਬ ਅਤੇ ਸਨਾਤਨ ਸੇਵਾ ਸਮਿਤੀ, ਪੰਜਾਬ, ਨੇ ਡਿਜ਼ਾਈਨਐਕਸ ਆਰਕੀਟੈਕਟਸ ਦੇ ਮੁੱਖ ਆਰਕੀਟੈਕਟ, ਆਰਕੀਟੈਕਟ ਸੰਜੇ ਗੋਇਲ ਨੂੰ ਵੱਕਾਰੀ ਵੈਦਿਕ ਗੌਰਵ ਸਨਮਾਨ ਨਾਲ ਸਨਮਾਨਿਤ ਕੀਤਾ।

ਇਹ ਪੁਰਸਕਾਰ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਅਤੇ ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਨੇ ਸ਼ਨੀਵਾਰ ਨੂੰ ਬੀ.ਸੀ.ਐਮ. ਸਕੂਲ, ਸੈਕਟਰ-32, ਲੁਧਿਆਣਾ ਵਿਖੇ ਆਯੋਜਿਤ ਇੱਕ ਸਮਾਰੋਹ ਵਿੱਚ ਪ੍ਰਦਾਨ ਕੀਤਾ। ਆਰਕੀਟੈਕਟ ਗੋਇਲ ਨੂੰ ਨੌਜਵਾਨਾਂ ਵਿੱਚ ਵੈਦਿਕ ਗਿਆਨ ਨੂੰ ਉਤਸ਼ਾਹਿਤ ਕਰਨ ਲਈ ਆਯੋਜਿਤ ਵੱਖ-ਵੱਖ




ਪ੍ਰੋਗਰਾਮਾਂ ਪ੍ਰਤੀ ਉਨ੍ਹਾਂ ਦੇ ਸਰਗਰਮ ਯੋਗਦਾਨ, ਅਟੁੱਟ ਸਮਰਪਣ, ਵਿਲੱਖਣ ਸੇਵਾ ਅਤੇ ਵਚਨਬੱਧਤਾ ਲਈ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ।

ਪ੍ਰੋਗਰਾਮ ਪ੍ਰਬੰਧਕ ਵਿਜੇ ਸ਼ਰਮਾ (ਰਾਸ਼ਟਰੀ ਪ੍ਰਧਾਨ) ਅਤੇ ਰੋਸ਼ਨ ਲਾਲ ਆਰੀਆ (ਸੂਬਾਈ ਜਨਰਲ ਸਕੱਤਰ) ਨੇ ਕਿਹਾ, ਆਰਕੀਟੈਕਟ ਗੋਇਲ ਵੱਲੋਂ ਨਿਭਾਈ ਗਈ ਸਰਗਰਮ ਭੂਮਿਕਾ ਸ਼ਲਾਘਾਯੋਗ ਅਤੇ ਮਿਸਾਲੀ ਹੈ। ਅਸੀਂ ਉਨ੍ਹਾਂ ਦੇ ਸਫਲ ਅਤੇ ਉੱਜਵਲ ਭਵਿੱਖ ਦੀ ਕਾਮਨਾ ਕਰਦੇ ਹਾਂ।ਪ੍ਰਿੰਸੀਪਲ ਡੀ.ਪੀ. ਗੁਲੇਰੀਆ ਵੀ ਇਸ ਮੌਕੇ ਮੌਜੂਦ ਸਨ। ਪੁਰਸਕਾਰ ਪ੍ਰਾਪਤ ਕਰਨ 'ਤੇ ਪ੍ਰਤੀਕਿਰਿਆ ਦਿੰਦੇ ਹੋਏ, ਆਰਕੀਟੈਕਟ ਸੰਜੇ ਗੋਇਲ ਨੇ ਕਿਹਾ, 'ਵੈਦਿਕ ਗੌਰਵ ਪੁਰਸਕਾਰ ਪ੍ਰਾਪਤ ਕਰਨਾ ਮੇਰੇ ਲਈ ਬਹੁਤ ਵੱਡਾ ਸਨਮਾਨ ਹੈ। ਮੈਂ ਨੌਜਵਾਨਾਂ ਵਿੱਚ ਵੈਦਿਕ ਗਿਆਨ ਨੂੰ ਉਤਸ਼ਾਹਿਤ ਕਰਨ ਅਤੇ ਆਧੁਨਿਕ ਸਮਾਜ ਵਿੱਚ ਇਸ ਪ੍ਰਤੀ ਜਾਗਰੂਕਤਾ ਵਧਾਉਣ ਲਈ ਵਚਨਬੱਧ ਰਹਾਂਗਾ।'


**ਬੈਂਕ ਆਫ ਬੜੌਦਾ Bank of Baroda**

ਆਰ ਓ ਐਸਏਆਰਬੀ ਲੁਧਿਆਣਾ ਪਤਾ : ਤੀਜੀ ਮੰਜ਼ਿਲ, ਸੰਧੂ ਟਾਵਰਜ਼, ਗੁਰਦੇਵ ਨਗਰ, ਲੁਧਿਆਣਾ 141001
Contact No. 91155 21745
Email ID: sarlud@bankofbaroda.bank.in

**[ਨਿਯਮ 8-(1)] ਕਬਜ਼ਾ ਸੂਚਨਾ (ਅਚੱਲ/ਚੱਲ ਸੰਪੱਤੀ ਦੇ ਲਈ)**

ਜਿਥੇ ਕਿ, ਨਿਮਨ ਹਸਤਾਖ਼ਰੀ ਨੇ ਬੈਂਕ ਆਫ ਬੜੌਦਾ ਦੇ ਅਧਿਕਾਰਤ ਅਧਿਕਾਰੀ ਵਜੋਂ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ (ਦੂਜਾ) ਅਧਿਆਦੇਸ਼ ਕਾਨੂੰਨ, 2002 (2002 ਦਾ 54) ਦੇ ਅਧੀਨ ਅਤੇ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 3 ਨਾਲ ਪੜ੍ਹੀ ਜਾਣ ਵਾਲੀ ਧਾਰਾ 13 (12) ਅਧੀਨ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਦਰਸਾਈ ਸੂਚਨਾ ਦੀ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਸੂਚਨਾ ਵਿਚ ਰਕਮ ਨੂੰ ਅਦਾ ਕਰਨ ਦੇ ਲਈ ਉਨ੍ਹਾਂ ਨੂੰ ਸੱਦਾ ਦੇਣ ਉਪਰੰਤ ਇਥੇ ਦਰਸਾਈ ਅਤੇ ਖਾਤੇ ਅਧੀਨ ਦਰਸਾਈ ਮਿਤੀ ਨੂੰ ਮੰਗ ਸੂਚਨਾ ਜਾਰੀ ਕੀਤੀ ਸੀ।
ਕਰਜ਼ਦਾਰ ਰਕਮ ਅਦਾ ਕਰਨ ਵਿਚ ਅਸਫ਼ਲ ਰਹੇ ਹਨ, ਇਸ ਲਈ ਇਥੇ ਕਰਜ਼ਦਾਰ ਨੂੰ ਅਤੇ ਆਮ ਜਨਤਾ ਨੂੰ ਸੂਚਨਾ ਦਿੱਤੀ ਜਾਂਦੀ ਹੈ ਕਿ ਨਿਮਨ ਹਸਤਾਖ਼ਰੀ ਨੇ ਖਾਤੇ ਅਧੀਨ ਦਰਸਾਈਆਂ ਮਿਤੀਆਂ ਨੂੰ ਸੁਰੱਖਿਆ ਵਿਆਜ ਲਾਗੂਕਰਨ ਨਿਯਮਾਂਵਲੀ, 2002 ਦੇ ਨਿਯਮ 8 ਨਾਲ ਪੜ੍ਹੇ ਜਾਣ ਵਾਲੇ ਕਾਨੂੰਨ ਦੀ ਧਾਰਾ 13 (4) ਅਧੀਨ ਉਨ੍ਹਾਂ ਨੂੰ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਨਿਮਨ ਦਰਸਾਈ ਸੰਪੱਤੀ ਦਾ **ਕਬਜ਼ਾ** ਲੈ ਲਿਆ ਹੈ।
ਕਰਜ਼ਦਾਰ/ਜ਼ਾਮਨ/ਗਿਰਵੀਕਾਰਾਂ ਨੂੰ ਵਿਸ਼ੇਸ਼ ਕਰਕੇ ਅਤੇ ਜਨਤਾ ਨੂੰ ਆਮ ਕਰਕੇ ਇਥੇ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਸੰਪੱਤੀ ਦੀ ਸੌਦੇਬਾਜ਼ੀ ਨਾ ਕੀਤੀ ਜਾਵੇ ਅਤੇ ਸੰਪੱਤੀ ਦੀ ਕੋਈ ਵੀ ਸੌਦੇਬਾਜ਼ੀ ਰਕਮ ਅਤੇ ਵਿਆਜ ਦੇ ਲਈ ਬੈਂਕ ਆਫ ਬੜੌਦਾ ਦੇ ਚਾਰਜ ਨਾਲ ਸਬੰਧਤ ਹੋਵੇਗੀ।
**ਕਰਜ਼ਦਾਰ ਦਾ ਧਿਆਨ ਸੁਰੱਖਿਅਤ ਸੰਪੱਤੀਆਂ ਦੀ ਪੁਨਰ ਪ੍ਰਾਪਤੀ ਲਈ ਉਪਲਬਧ ਸਮੇਂ ਦੇ ਸਬੰਧ ਵਿਚ ਕਾਨੂੰਨ ਦੀ ਧਾਰਾ 13 (8) ਦੀ ਵਿਵਸਥਾ ਵੱਲ ਦੁਆਇਆ ਜਾਂਦਾ ਹੈ।**

| ਖਾਤੇ, ਕਰਜ਼ਦਾਰ/ਜ਼ਾਮਨ ਦੇ ਨਾਮ | ਅਚੱਲ ਸੰਪੱਤੀਆਂ ਦੇ ਵੇਰਵੇ | ਮੰਗ ਸੂਚਨਾ ਦੀ ਮਿਤੀ | ਕਬਜ਼ੇ ਦੀ ਮਿਤੀ | ਮੰਗ ਸੂਚਨਾ ਅਨੁਸਾਰ ਵਸੂਲੀਯੋਗ ਰਕਮ |
|---|---|---|---|---|
| ਕਰਜ਼ਦਾਰ: ਮੈਸਰਜ਼ ਲਾਰਡ ਕ੍ਰਿਸ਼ਨਾ ਹੌਜ਼ਰੀ (ਪ੍ਰੋਪ:-ਸ਼੍ਰੀਮਤੀ ਸਾਕਸ਼ੀ ਪਤਨੀ ਸੰਜੀਵ ਕੁਮਾਰ) ਗਲੀ ਨੰ. 2, ਅਟਲ ਨਗਰ, ਲੁਧਿਆਣਾ 141007 ਸ਼੍ਰੀਮਤੀ ਸਾਕਸ਼ੀ ਪਤਨੀ ਸੰਜੀਵ ਕੁਮਾਰ (ਪ੍ਰੋਪ.) ਮਕਾਨ ਨੰਬਰ 2449, ਗਲੀ ਨੰ. 4, ਬਸਤੀ ਮਨੀ ਸਿੰਘ, ਲੁਧਿਆਣਾ-141001, ਜ਼ਾਮਨ- ਸ਼੍ਰੀ ਸੰਜੀਵ ਕੁਮਾਰ ਪੁੱਤਰ ਸ਼੍ਰੀ ਮੁਨਸ਼ੀ ਰਾਮ ਮਕਾਨ ਨੰਬਰ 2449, ਗਲੀ ਨੰ. 4, ਬਸਤੀ ਮਨੀ ਸਿੰਘ, ਲੁਧਿਆਣਾ-141001 | ਸਾਲ 2023-04 ਲਈ ਜਮ੍ਹਾਂਬੰਦੀ ਅਨੁਸਾਰ ਖਸਰਾ ਨੰਬਰ 322, 323, 324, 325, 326, 327, 331, 332, 333, 334, 335, 336, 519/348, 520/348,520/348/1, 522/348, 1013/619/349, 1014/619/349, ਖਾਤਾ ਨੰਬਰ 708/808, 745/855 'ਤੇ ਸਥਿਤ 375 ਵਰਗ ਗਜ਼ ਦੇ ਪਲਾਟ 'ਤੇ ਸਥਿਤ ਜ਼ਮੀਨ ਅਤੇ ਇਮਾਰਤ; ਗੋਲਡਨ ਐਵੇਨਿਊ, ਜਗੀਰਪੁਰ ਰੋਡ, ਰਾਹੋਂ ਰੋਡ, ਵਾਕੀਆ ਗਹਿਲੇਵਾਲ, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ, ਸ਼੍ਰੀ ਸੰਜੀਵ ਕੁਮਾਰ ਪੁੱਤਰ ਮੁਨਸ਼ੀ ਰਾਮ ਦੇ ਨਾਮ 'ਤੇ ਵਸੀਕਾ ਨੰਬਰ 1960 ਮਿਤੀ 25.04.2008 ਦੀ ਵਿਕਰੀ ਡੀਡ ਅਨੁਸਾਰ। ਜਾਇਦਾਦ ਦੀ ਹੱਦਬੰਦੀ ਉੱਤਰ: ਗੁਆਂਢ 70'-0", ਦੱਖਣ: ਗੁਆਂਢ 70'-0", ਪੂਰਬ: ਗਲੀ 25' 48'-2.1/2", ਪੱਛਮ: ਗੁਆਂਢ 48'-2.1/2" | 01.07.2025 | 31.01.2026 | Rs. 1,25,22,614.29 (ਇੱਕ ਕਰੋੜ ਪੱਚੀ ਲੱਖ ਬਾਈ ਹਜ਼ਾਰ ਛੇ ਸੌ ਚੌਦਾਂ ਰੁਪਏ ਅਤੇ ਉਨੱਤੀ ਪੈਸੇ ਕੇਵਲ) 30.06.2025 ਨੂੰ ਅਤੇ ਉਸ 'ਤੇ 01.07.2025 ਤੋਂ ਵਿਆਜ। |

ਮਿਤੀ : 31.01.2026    ਸਥਾਨ : ਲੁਧਿਆਣਾ    ਅਧਿਕਾਰਤ ਅਧਿਕਾਰੀ


# ਬੁੱਲ੍ਹੇ ਸ਼ਾਹ ਦੀ ਮਜ਼ਾਰ ਤੋੜਨ ਵਾਲੇ ਫਿਰਕਾਪ੍ਰਸਤਾਂ ਨੂੰ ਸਖ਼ਤ ਸਜ਼ਾ ਦੀ ਮੰਗ



ਲੁਧਿਆਣਾ, 31 ਜਨਵਰੀ (ਰਵਿੰਦਰ ਸਿੰਘ ਨਿੱਝਰ) : ਜਮਹੂਰੀ ਅਧਿਕਾਰ ਸਭਾ ਪੰਜਾਬ (ਜ਼ਿਲ੍ਹਾ ਲੁਧਿਆਣਾ) ਦੀ ਹੰਗਾਮੀ ਮੀਟਿੰਗ ਸਥਾਨਕ ਬੀਬੀ ਅਮਰ ਕੌਰ ਯਾਦਗਾਰੀ ਲਾਇਬ੍ਰੇਰੀ ਵਿਖੇ ਜਸਵੰਤ ਜ਼ੀਰਖ ਦੀ ਪ੍ਰਧਾਨਗੀ ਹੇਠ ਹੋਈ । ਇਸ ਸਮੇਂ ਦੇਸ਼ ਵਿੱਚ ਸਰਕਾਰੀ ਸਰਪ੍ਰਸਤੀ ਹੇਠ ਪਨਪ ਰਹੀ ਫ਼ਿਰਕਾਪ੍ਰਸਤੀ ਸਮੇਤ ਬਾਬਾ ਬੁੱਲੇ ਸ਼ਾਹ ਦੀ ਮਸੂਰੀ (ਉੱਤਰਾਖੰਡ) ਵਿਖੇ ਬਣੀ ਮਜ਼ਾਰ ਨੂੰ ਤੋੜਨ ਦਾ ਗੰਭੀਰ ਨੋਟਿਸ ਲਿਆ ਗਿਆ। ਸੂਬਾ ਪ੍ਰਧਾਨ ਪ੍ਰੋ ਜਗਮੋਹਨ ਸਿੰਘ ਨੇ ਕਿਹਾ ਕਿ ਧਰਮਾਂ ਦੇ ਅਧਾਰ 'ਤੇ ਫਿਰਕਾਪ੍ਰਸਤ ਧਾਰਮਿਕ ਕੱਟੜਪੰਥੀ ਆਪਣੇ ਫਿਰਕੂ ਏਜੰਡੇ ਨੂੰ ਲਾਗੂ ਕਰਕੇ , ਸੌੜੇ ਸਿਆਸੀ ਮੰਤਵਾਂ ਲਈ ਵਰਤ ਰਹੇ ਹਨ। ਉਹਨਾਂ ਕਿਹਾ ਕਿ ਬਾਬਾ ਬੁੱਲੇ ਸ਼ਾਹ ਦੀ ਸ਼ਾਇਰੀ ਉਸ ਵੇਲੇ ਵੀ ਇਨਸਾਨੀਅਤ ਦੇ ਦੁਸ਼ਮਣਾਂ ਨੂੰ ਵੰਗਾਰਦੀ ਰਹੀ ਹੈ ,ਜੋ ਅੱਜ ਵੀ ਉਤਨੀ ਹੀ ਸਾਰਥਿਕ ਹੈ।ਉਹਨਾਂ ਕੱਟੜਪੰਥੀਆਂ ਦੇ ਇਨਸਾਨੀਅਤ ਵਿਰੋਧੀ ਮਨਸੂਬੇ ਚਕਨਾਚੂਰ ਕਰਨ ਲਈ ,ਦੇਸ਼ ਦੀਆਂ ਲੋਕ ਪੱਖੀ ਮਿਹਨਤੀ ਲੋਕਾਂ ਦੀਆਂ ਜੱਥੇਬੰਦੀਆਂ ਨੂੰ ਇਸ ਖ਼ਿਲਾਫ਼ ਅੱਗੇ ਆਣ 'ਤੇ ਜ਼ੋਰ ਦਿੱਤਾ। ਮਜ਼ਾਰ ਦੀ ਭੰਨ ਤੋੜ ਕਰਨ ਵਾਲੇ ਤੱਤਾਂ ਨੂੰ ਸਖ਼ਤ ਸਜ਼ਾਵਾਂ ਦੇਣ ਦੀ ਮੰਗ ਕੀਤੀ।

ਇਸ ਸਮੇਂ ਲੋਕਾਂ ਦੀਆਂ ਸਮੱਸਿਆਵਾਂ ਹੱਲ ਕਰਨ ਵਿੱਚ ਨਾਕਾਮ ਰਹਿ ਰਹੀਆਂ ਕੇਂਦਰ ਤੇ ਪੰਜਾਬ ਸਰਕਾਰਾਂ ਤੋਂ ਸਵਾਲ ਪੁੱਛਣ , ਲੋਕ ਹਿਤ 'ਚ ਸੰਘਰਸ਼ ਕਰ ਰਹੇ ਕਾਰਕੁੰਨਾਂ, ਪੱਤਰਕਾਰਾਂ ਉੱਪਰ ਝੂਠੇ ਕੇਸ ਦਰਜ ਕਰਕੇ , ਉਹਨਾਂ ਨੂੰ ਜੇਲ੍ਹੀਂ ਬੰਦ ਕਰਨ ਦੇ ਇਰਾਦਿਆਂ ਖ਼ਿਲਾਫ਼ ਇੱਕ ਜੁੱਟ ਉੱਠ ਰਹੀ ਆਵਾਜ਼ ਦਾ ਸਮਰਥਨ ਕਰਨ ਦਾ ਵੀ ਸੱਦਾ ਦਿੱਤਾ।ਔਰਤਾਂ ਉੱਪਰ ਵਧ ਰਹੇ ਅੱਤਿਆਚਾਰਾਂ ਖ਼ਿਲਾਫ਼ ਅੰਤਰ ਰਾਸ਼ਟਰੀ ਔਰਤ ਦਿਵਸ ਨੂੰ ਸਮਰਪਿਤ ਲਾਮਬੰਦੀ ਕਰਨ 'ਤੇ ਜ਼ੋਰ ਦੇਣ ਲਈ ਵੀ ਤਹਿ ਕੀਤਾ ਗਿਆ। ਮੀਟਿੰਗ ਵਿੱਚ ਪ੍ਰੋ ਏ ਕੇ ਮਲੇਰੀ, ਡਾ ਹਰਬੰਸ ਗਰੇਵਾਲ, ਡਾ ਦਰਸ਼ਨ ਖੇੜੀ, ਅਜਮੇਰ ਦਾਖਾ, ਐਡਵੋਕੇਟ ਨਰਿੰਦਰ ਸਿੰਘ, ਐਡਵੋਕੇਟ ਹਰਪ੍ਰੀਤ ਜ਼ੀਰਖ, ਮਾ ਸੁਰਜੀਤ ਸਿੰਘ, ਉਜਾਗਰ ਸਿੰਘ ਬੱਦੋਵਾਲ, ਮਾ ਜਰਨੈਲ ਸਿੰਘ, ਬਲਵਿੰਦਰ ਸਿੰਘ, ਅਰੁਣ ਕੁਮਾਰ , ਸਤੀਸ਼ ਕੁਮਾਰ, ਮਾ. ਪ੍ਰਮਜੀਤ ਸਿੰਘ ਪਨੇਸਰ ਹਾਜ਼ਰ ਸਨ।


**ਬੈਂਕ ਆਫ ਬੜੌਦਾ Bank of Baroda**

ਆਰਓ ਲੁਧਿਆਣਾ, ਪਤਾ : ਬੀ 20-3369, ਤੀਜੀ ਮੰਜ਼ਿਲ, ਸੰਧੂ ਟਾਵਰ 2, ਗੁਰਦੇਵ ਨਗਰ, ਫਿਰੋਜ਼ਪੁਰ ਰੋਡ, ਲੁਧਿਆਣਾ (141001)
Contact No. 0161-5127233, Email ID: SARLUD@bankofbaroda.bank.in

**ਈ-ਨਿਲਾਮੀ ਵਿਕਰੀ ਸੂਚਨਾ**

**ਅਚੱਲ/ਚੱਲ ਸੰਪੱਤੀਆਂ ਦੀ ਵਿਕਰੀ ਦੇ ਲਈ ਵਿਕਰੀ ਸੂਚਨਾ**
**"ਅੰਤਿਕਾ-4-ਏ [ਨਿਯਮ 6 (2) ਅਤੇ 8 (6) ਦੀ ਵਿਵਸਥਾ ਦੇਖੋ]**

ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 6 (2) ਅਤੇ 8 (6) ਦੀ ਵਿਵਸਥਾ ਨਾਲ ਪੜ੍ਹੇ ਜਾਣ ਵਾਲੇ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 ਦੇ ਅਧੀਨ ਅਚੱਲ/ਚੱਲ ਸੰਪੱਤੀਆਂ ਦੀ ਵਿਕਰੀ ਦੇ ਲਈ ਈ-ਨਿਲਾਮੀ ਵਿਕਰੀ ਸੂਚਨਾ।
ਜਨਤਾ ਨੂੰ ਆਮ ਕਰਕੇ ਅਤੇ ਕਰਜ਼ਦਾਰ (†), ਗਿਰਵੀਕਾਰ (†) ਅਤੇ ਜ਼ਾਮਨ (†) ਨੂੰ ਵਿਸ਼ੇਸ਼ ਕਰਕੇ ਇਥੇ ਸੂਚਨਾ ਦਿੱਤੀ ਜਾਂਦੀ ਹੈ ਕਿ ਸੁਰੱਖਿਅਤ ਕਰਜ਼ਦਾਤਾ ਕੋਲ ਗਿਰਵੀ/ਬੰਦੀ ਨਿਮਨ ਦਰਸਾਈ ਅਚੱਲ ਸੰਪੱਤੀ, ਜਿਸ ਦਾ ਕਬਜ਼ਾ ਬੈਂਕ ਆਫ ਬੜੌਦਾ, ਸੁਰੱਖਿਅਤ ਕਰਜ਼ਦਾਤਾ ਦੇ ਅਧਿਕਾਰਤ ਅਧਿਕਾਰੀ ਵੱਲੋਂ ਲਿਆ ਗਿਆ ਹੈ, ਦੀ ਵਿਕਰੀ ਨਿਮਨ ਖਾਤੇ/ਖਾਤਿਆਂ ਵਿਚ ਦਰਸਾਏ ਬਕਾਇਆਂ ਦੀ ਵਸੂਲੀ ਦੇ ਲਈ "ਜਿਵੇਂ ਹੈ ਜਿਥੇ ਹੈ", "ਜਿਵੇਂ ਹੈ, ਜੋ ਹੈ" ਅਤੇ "ਜੋ ਵੀ ਉਥੇ ਹੈ" ਆਧਾਰ 'ਤੇ ਕੀਤੀ ਜਾਵੇਗੀ। ਕਰਜ਼ਦਾਰ (†)/ਗਿਰਵੀਕਾਰ (†)/ਜ਼ਾਮਨ(†)/ਸੁਰੱਖਿਅਤ ਸੰਪੱਤੀ/ਬਕਾਏ/ਰਾਖਵੀਂ ਕੀਮਤ/ਈ-ਨਿਲਾਮੀ ਦੀ ਮਿਤੀ ਅਤੇ ਸਮਾਂ, ਬਿਆਨਾ ਰਕਮ ਅਤੇ ਬੋਲੀ ਵਾਧਾ ਰਕਮ ਦੇ ਵੇਰਵੇ ਨਿਮਨ ਦਰਸਾਏ ਹਨ :-

| ਬਿਆਨਾ ਰਕਮ ਜਮ੍ਹਾਂ ਕਰਨ ਦੀ ਆਖ਼ਰੀ ਮਿਤੀ : 22.02.2026 ਨੂੰ ਸ਼ਾਮ 05.00 ਵਜੇ ਤੱਕ | ਈ-ਨਿਲਾਮੀ ਦੇ ਸ਼ੁਰੂ ਹੋਣ ਦੀ ਮਿਤੀ ਅਤੇ ਸਮਾਂ 23.02.2026 ਨੂੰ ਬਾ. ਦੁ. 02.00 ਵਜੇ ਤੋਂ ਸ਼ਾਮ 06.00 ਵਜੇ ਤੱਕ | ਐਮਡੀ ਦੇ ਭੁਗਤਾਨ ਦੀ ਵਿਧੀ ਆਰਟੀਜੀਐਸ/ਐਨਈਐਫਟੀ |
|---|---|---|

| ਲ. ਨੰ. | ਕਰਜ਼ਦਾਰ (†), ਜ਼ਾਮਨ (†) ਅਤੇ ਗਿਰਵੀਕਾਰ(†) ਦਾ ਨਾਮ ਅਤੇ ਪਤਾ | ਗੈਰ ਜਾਣੂੰ ਦੇਣਦਾਰੀਆਂ, ਜੇਕਰ ਕੋਈ ਹਨ, ਸਮੇਤ ਅਚੱਲ ਸੰਪੱਤੀ ਦੇ ਵਿਸਥਾਰਤ ਵੇਰਵੇ | ਕੁੱਲ ਬਕਾਏ, ਵਿਆਜ ਅਤੇ ਹੋਰ ਫੀਸਾਂ ਤੋਂ ਬਿਨਾਂ / ਸਰਫਾਇਸੀ ਦੇ ਅਧੀਨ ਕਬਜ਼ੇ ਦੀ ਸਥਿਤੀ | ਰਾਖਵੀਂ ਕੀਮਤ / ਬਿਆਨਾ ਰਕਮ / ਬੋਲੀ ਵਾਧਾ ਰਕਮ | ਸੰਪੱਤੀ ਦੀ ਜਾਂਚ ਦੀ ਮਿਤੀ ਅਤੇ ਸਮਾਂ | ਸ਼ਾਖਾ ਪ੍ਰਬੰਧਕ ਅਤੇ ਅਧਿਕਾਰਤ ਅਧਿਕਾਰੀ |
|---|---|---|---|---|---|---|
| 01. | ਆਰਓ-ਐਸਏਆਰਬੀ, ਲੁਧਿਆਣਾ<br>1. ਮੈਸ. ਰਾਮਿਤ ਆਰਟ ਪ੍ਰੈਸ, ਪ੍ਰੋਪ. ਸ਼੍ਰੀਮਤੀ ਮਧੂ ਗੁਪਤਾ, BXXX-2189, ਬਾਬਾ ਗੱਜਾ ਜੈਨ ਕਾਲੋਨੀ, ਯੌਰਕ ਹੌਜ਼ਰੀ ਦੇ ਸਾਹਮਣੇ, ਜੀ.ਟੀ. ਰੋਡ, ਸ਼ੇਰਪੁਰ ਕਲਾਂ, ਲੁਧਿਆਣਾ 2. ਸ਼੍ਰੀਮਤੀ ਮਧੂ ਗੁਪਤਾ ਪਤਨੀ ਸ਼੍ਰੀ ਰਜਿੰਦਰ ਗੁਪਤਾ, ਵਾਸੀ ਮਕਾਨ 111, ਬੀ-ਬਲਾਕ, ਨੇੜੇ ਦੂਨ ਸਕੂਲ, ਰਿਸ਼ੀ ਨਗਰ, ਛੋਟੀ ਹੈਬੋਵਾਲ ਲੁਧਿਆਣਾ, 3. ਸ਼੍ਰੀ ਰੋਹਿਤ ਗੁਪਤਾ ਪੁੱਤਰ ਸ਼੍ਰੀ ਰਾਜਿੰਦਰ ਗੁਪਤਾ ਰਿਹਾਇਸ਼ੀ ਮਕਾਨ ਨੰ. 111, ਬੀ- ਬਲਾਕ, ਦੂਨ ਸਕੂਲ ਦੇ ਨੇੜੇ, ਰਿਸ਼ੀ ਨਗਰ, ਛੋਟਾ ਹੈਬੋਵਾਲ, ਲੁਧਿਆਣਾ 4. ਸ਼੍ਰੀ ਰਮਿਤ ਗੁਪਤਾ ਪੁੱਤਰ ਸ਼੍ਰੀ ਰਾਜਿੰਦਰ ਗੁਪਤਾ, ਰਿਹਾਇਸ਼ੀ ਮਕਾਨ ਨੰ. 111, ਬੀ- ਬਲਾਕ, ਦੂਨ ਸਕੂਲ ਦੇ ਨੇੜੇ, ਰਿਸ਼ੀ ਨਗਰ, ਛੋਟਾ ਹੈਬੋਵਾਲ, ਲੁਧਿਆਣਾ। | ਜ਼ਮੀਨ ਅਤੇ ਇਮਾਰਤ ਜਿਸ ਵਿੱਚ ਐਮਸੀ ਨੰ.ਬੀ-30-2189, ਰਕਬਾ 213- 8/9 ਹੈ, ਖਸਰਾ ਨੰ.26//5/8, ਖਾਤਾ ਨੰਬਰ 1389/1445 ਵਿੱਚ ਸ਼ਾਮਲ ਹੈ, ਜਿਵੇਂ ਕਿ ਸਾਲ 2008-09 ਲਈ ਜਮ੍ਹਾਂਬੰਦੀ ਵਿੱਚ ਦਿਖਾਇਆ ਗਿਆ ਹੈ, ਪਿੰਡ ਦੀ ਤਰਫ਼ ਸ਼ੇਰਪੁਰ ਕਲਾਂ, ਜ਼ਿਲ੍ਹਾ ਲੁਧਿਆਣਾ ਵਿਖੇ ਸਥਿਤ, ਵਸੀਕਾ ਨੰ. ਵਾਲੀ ਵਿਕਰੀ ਡੀਡ 1642 ਮਿਤੀ 29.04.1987 ਦੁਆਰਾ ਦਰਜ, ਸ਼੍ਰੀਮਤੀ ਮਧੂ ਗੁਪਤਾ ਪਤਨੀ ਸ਼੍ਰੀ ਰਾਜਿੰਦਰ ਗੁਪਤਾ ਦੇ ਨਾਮ ਤੇ, ਵਿਕਰੀ ਡੀਡ ਅਨੁਸਾਰ ਹੱਦਬੰਦੀ, ਪੂਰਬ- ਰੋਹਿਤ ਗੁਪਤਾ (77'-0"), ਪੱਛਮ- ਪਲਾਟ ਨੰ. 26/4/5 (77'-0"), ਉੱਤਰ-ਰੋਡ 30'ਚੌੜਾ (25'-0"), ਦੱਖਣ- ਪਲਾਟ ਨੰ. 26/6/1 (25'-0") 2. ਜ਼ਮੀਨ ਅਤੇ ਇਮਾਰਤ ਜਿਸ ਵਿੱਚ ਐਮਸੀ ਨੰ. ਬੀ-30-2189, 213-8/9 ਦਾ ਮਾਪਣ ਵਾਲਾ ਖੇਤਰ, ਖਸਰਾ ਨੰ. 26//5/8, ਖਾਤਾ ਨੰ. 1389/1445 ਵਿੱਚ ਸ਼ਾਮਲ ਹੈ, ਜਿਵੇਂ ਕਿ ਸਾਲ 2008-09 ਲਈ ਜਮ੍ਹਾਂਬੰਦੀ ਵਿੱਚ ਦਰਸਾਇਆ ਗਿਆ ਹੈ, ਪਿੰਡ ਤਰਫ਼ ਸ਼ੇਰਪੁਰ ਕਲਾਂ, ਜ਼ਿਲ੍ਹਾ ਲੁਧਿਆਣਾ ਵਿਖੇ ਸਥਿਤ, ਵਸਿਕਾ ਨੰ. 16526 ਮਿਤੀ 05.02.1987 ਵਾਲੀ ਵਿਕਰੀ ਡੀਡ ਦੁਆਰਾ ਸ਼੍ਰੀ ਰੋਹਿਤ ਗੁਪਤਾ ਪੁੱਤਰ ਸ਼੍ਰੀ ਰਾਜਿੰਦਰ ਗੁਪਤਾ ਦੇ ਨਾਮ ਤੇ ਰਜਿਸਟਰਡ ਹੈ। ਵਿਕਰੀ ਡੀਡ ਅਨੁਸਾਰ ਹੱਦਬੰਦੀ ਪੂਰਬ- ਪਲਾਟ ਨੰਬਰ 26/5/7 (77'-0"), ਪੱਛਮੀ- ਪਲਾਟ ਨੰਬਰ 26/5/8 (77'-0"), ਉੱਤਰੀ-ਰੋਡ 30'ਚੌੜਾ (25'-0"), ਦੱਖਣੀ- ਪਲਾਟ ਨੰਬਰ 26/6/1 (25'-0") | Rs. 79,49,434.06/- / ਭੌਤਿਕ | Rs. 1,12,00,000/- / Rs. 11,20,000/- / Rs. 50,000/- | 09.02.2026 ਅਗਾਊਂ ਪ੍ਰਵਾਨਗੀ ਲੈਣ ਦੁਆਰਾ | ਸ੍ਰੀ ਅਜੇ ਵੀ ਨੰਦੂਰਕਰ 91155 - 21745 |
| 02. | ਆਰ.ਓ.-ਐਸਏਆਰਬੀ, ਲੁਧਿਆਣਾ<br>1. ਮੈਸਰਜ਼ ਆਰ.ਏ. ਐਕਸਪੋਰਟਸ (ਕਰਜ਼ਦਾਰ) ਰਜਿਸਟਰਡ ਫਰਮ ਦਾ ਪਤਾ: #ਈ-93, ਐਲ/1 ਫੇਜ਼ IV ਫੋਕਲ ਪੁਆਇੰਟ, ਤਹਿਸੀਲ ਅਤੇ ਜ਼ਿਲ੍ਹਾ। ਲੁਧਿਆਣਾ, ਪੰਜਾਬ ਪਿੰਨ 141010 ਅਤੇ ਬੀ-30/228/2, ਸ਼ੇਰਪੁਰ ਖੁਰਦ, ਨੇੜੇ ਰਾਣਾ ਗੈਸ ਲੁਧਿਆਣਾ ਪੰਜਾਬ 141010, 2. ਸ਼੍ਰੀਮਤੀ ਰਾਧਿਕਾ ਅਗਰਵਾਲ (ਮੈਸਰਜ਼ ਆਰ.ਏ. ਐਕਸਪੋਰਟਸ ਦੀ ਪ੍ਰੋਪਰਾਈਟਰ) ਰਿਹਾਇਸ਼ੀ ਪਤਾ: #47 ਸੇਂਟ ਨੰਬਰ 3, ਸੁਖਦੇਵ ਨਗਰ, ਬਰੇਵਾਲ ਚੁੰਗੀ, ਰਾਜਗੁਰੂ ਨਗਰ, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ, ਪੰਜਾਬ-141012, 3 ਪਤਾ: ਮਕਾਨ ਨੰ. 74 ਅਤੇ 79, ਗ੍ਰੀਨ ਐਵੀਨਿਊ, ਨੇੜੇ ਗੁਰੂ ਰਾਮ ਰਾਏ ਸਕੂਲ, ਬਰੇਵਾਲ ਅਵਾਨਾ, ਫਿਰੋਜ਼ਪੁਰ ਰੋਡ, ਜ਼ਿਲ੍ਹਾ ਲੁਧਿਆਣਾ 141012, 3. ਸ਼. ਹੇਮੰਤ ਅਗਰਵਾਲ ਦੀ ਮੌਤ ਤੋਂ ਬਾਅਦ ਉਸਦੇ ਕਾਨੂੰਨੀ ਵਾਰਸਾਂ ਦੁਆਰਾ:-ੳ)। ਸ਼੍ਰੀਮਤੀ ਰਾਧਿਕਾ ਅਗਰਵਾਲ ਵਿਧਵਾ ਸ੍ਰੀ ਹੇਮੰਤ ਅਗਰਵਾਲ, ਅ) ਅਨਿਰੁਧ ਅਗਰਵਾਲ ਪੁੱਤਰ ਸਵਰਗੀ ਸ੍ਰੀ ਹੇਮੰਤ ਅਗਰਵਾਲ, ੲ) ਅਰਚਿਤਾ ਅਗਰਵਾਲ ਪੁੱਤਰੀ ਸਵਰਗੀ ਸ੍ਰੀ ਹੇਮੰਤ ਅਗਰਵਾਲ, ਸਾਰੇ ਵਾਸੀ #47, ਐਸਟੀ ਨੰਬਰ 3, ਸੁਖਦੇਵ ਨਗਰ, ਬਰੇਵਾਲ ਚੁੰਗੀ, ਰਾਜਗੁਰੂ ਨਗਰ, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ, ਪੰਜਾਬ-141012 ਅਤੇ ਮਕਾਨ ਨੰ. 74 ਅਤੇ 79, ਗ੍ਰੀਨ ਐਵੀਨਿਊ, ਨੇੜੇ ਗੁਰੂ ਰਾਮ ਰਾਏ ਸਕੂਲ, ਬਰੇਵਾਲ ਅਵਾਨਾ, ਫਿਰੋਜ਼ਪੁਰ ਰੋਡ, ਜ਼ਿਲ੍ਹਾ ਲੁਧਿਆਣਾ 141012 | ਵਿਕਰੀ ਡੀਡ ਨੰਬਰ 11964 ਮਿਤੀ 04/01/2018 ਦੇ ਅਨੁਸਾਰ ਖਾਲੀ ਅਤੇ ਘੇਰਿਆ ਰਿਹਾਇਸ਼ੀ ਪਲਾਟ ਨੰਬਰ 115, ਜੋ ਕਿ 503 ਵਰਗ ਗਜ਼ ਮਾਪ, ਖਸਰਾ ਨੰਬਰ 35//20-12 ਖਾਤਾ ਨੰਬਰ 151/225-155/233 ਸਾਲ 2006-2007 ਵਾਕਿਆ ਪਿੰਡ ਸੁਨੇਤ ਹੱਦਬਸਤ ਨੰ. 159 ਲਈ ਜਮ੍ਹਾਂਬੰਦੀ ਅਨੁਸਾਰ ਵਿੱਚ ਸ਼ਾਮਲ ਹੈ, ਜੋ ਕਿ ਆਬਾਦੀ ਬਲਾਕ-ਏ ਅਗਰ ਨਗਰ ਵਜੋਂ ਜਾਣਿਆ ਜਾਂਦਾ ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ ਹੈ, ਸ਼੍ਰੀਮਤੀ ਰਾਧਿਕਾ ਅਗਰਵਾਲ ਪਤਨੀ ਹੇਮੰਤ ਕੁਮਾਰ ਅਗਰਵਾਲ ਦੇ ਨਾਮ 'ਤੇ ਰਜਿਸਟਰਡ ਹੈ। ਹੱਦਬੰਦੀ : ਪੂਰਬ ਵੱਲ: ਪਲਾਟ ਨੰਬਰ 74 43'-6", ਪੱਛਮ: ਸੜਕ 43'-6", ਉੱਤਰ ਵੱਲ: ਪਲਾਟ ਨੰਬਰ 113 103'-0", ਦੱਖਣ ਵੱਲ: ਪਲਾਟ ਨੰਬਰ 117 105'-2" | Rs. 5,62,97,295.21/- / ਭੌਤਿਕ | Rs. 2,80,25,000/- / Rs. 28,02,500/- / Rs. 50,000/- | 09.02.2026 ਅਗਾਊਂ ਪ੍ਰਵਾਨਗੀ ਲੈਣ ਦੁਆਰਾ | ਸ੍ਰੀ ਅਜੇ ਵੀ ਨੰਦੂਰਕਰ 91155 - 21745 |

ਵਿਕਰੀ ਦੇ ਵਿਸਥਾਰਤ ਨਿਯਮ ਅਤੇ ਸ਼ਰਤਾਂ ਦੇ ਲਈ ਕਿਰਪਾ ਕਰਕੇ **https://www.bankofbaroda.in/e-auction.htm** ਅਤੇ **https://baanknet.in** ਵਿਚ ਵਿਵਸਥਿਤ ਦਾ ਲਿੰਕ ਦਾ ਹਵਾਲਾ ਲਓ। ਇੱਛੁਕ ਬੋਲੀਕਾਰ ਉਕਤ ਵਿਵਸਥਿਤ ਸੰਪਰਕ ਨੰਬਰਾਂ ਦੇ ਅਨੁਸਾਰ ਸ਼ਾਖਾ ਪ੍ਰਬੰਧਕ ਜਾਂ ਅਧਿਕਾਰਤ ਅਧਿਕਾਰੀ ਨਾਲ ਵੀ ਸੰਪਰਕ ਕਰ ਸਕਦੇ ਹਨ।

ਇਸ ਨੂੰ ਸਰਫਾਇਸੀ ਐਕਟ 2002 ਦੇ ਅਧੀਨ 15 ਰੋਜ਼ਾ ਵਿਧਾਨਕ ਵਿਕਰੀ ਸੂਚਨਾ ਵਜੋਂ ਸਮਝਿਆ ਜਾਵੇ

ਵਿਸਥਾਰਤ ਨਿਯਮ ਅਤੇ ਸ਼ਰਤਾਂ ਦੇ ਲਈ ਇਥੇ ਸਕੈਨ ਕਰੋ

ਮਿਤੀ : 31.01.2026    ਸਥਾਨ : ਲੁਧਿਆਣਾ    ਅਧਿਕਾਰਤ ਅਧਿਕਾਰੀ (ਬੈਂਕ ਆਫ ਬੜੌਦਾ)

# ਪ੍ਰਧਾਨ ਮੰਤਰੀ ਦੇ ਜਲੰਧਰ ਦੌਰੇ ਸਬੰਧੀ ਡੀ.ਜੀ.ਪੀ. ਵੱਲੋਂ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ



ਜਲੰਧਰ, 31 ਜਨਵਰੀ (ਚ.ਨ.ਸ.) : ਪ੍ਰਧਾਨ ਮੰਤਰੀ ਦੀ ਜਲੰਧਰ ਦੇ ਡੇਰਾ ਬੱਲਾਂ ਵਿੱਚ ਆਮਦ ਨੂੰ ਮੁੱਖ ਰੱਖਦਿਆਂ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਡੀਜੀਪੀ ਪੰਜਾਬ ਗੌਰਵ ਯਾਦਵ ਪਹੁੰਚੇ ਹਨ। ਉਨ੍ਹਾਂ ਦੱਸਿਆ ਕਿ ਪ੍ਰਧਾਨ ਮੰਤਰੀ ਦੀ ਆਮਦ ਨੂੰ ਮੁੱਖ ਰੱਖਦਿਆਂ ਡੇਰਾ ਬਲਾਂ ਵਿੱਚ ਸੁਰੱਖਿਆ ਦੇ ਪ੍ਰਬੰਧ ਸਖਤ ਕਰਕੇ ਇੱਥੇ ਹੋਣ ਵਾਲੀ ਹਰ ਪ੍ਰਕਿਰਿਆ ਤੇ ਕੈਮਰਿਆਂ ਅਤੇ ਤਨਾਇਤ ਮੁਲਾਜ਼ਮਾਂ ਵੱਲੋਂ ਪੂਰੀ ਨਜ਼ਰ ਰੱਖੀ ਜਾ ਰਹੀ ਹੈ। ਇਸ ਤੋਂ ਇਲਾਵਾ ਪ੍ਰਧਾਨ ਮੰਤਰੀ ਦੀ ਸੁਰੱਖਿਆ ਲਈ ਐੱਸ ਪੀ ਜੀ ਦੇ ਜਵਾਨਾਂ ਨੇ ਡੇਰਾ ਬੱਲਾਂ ਵਿੱਚ ਪਹੁੰਚ ਕੇ ਮੋਰਚਾ ਸੰਭਾਲ ਲਿਆ ਹੈ।

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਆਮਦ ਮੌਕੇ ਆਦਮਪੁਰ ਏਅਰਪੋਰਟ ਤੋਂ ਲੈ ਕੇ ਡੇਰਾ ਬੱਲਾਂ ਅਤੇ ਆਸ ਪਾਸ ਦੇ ਇਲਾਕੇ ਵਿੱਚ ਸਖਤ ਸੁਰੱਖਿਆ ਪ੍ਰਬੰਧ ਕੀਤੇ ਜਾ ਚੁੱਕੇ ਹਨ। ਇਸ ਸਬੰਧੀ ਬੀਜੇਪੀ ਦੀ ਕੋਰ ਕਮੇਟੀ ਨੇ ਮੀਟਿੰਗ ਕੀਤੀ ਹੈ। ਭਾਜਪਾ ਦੇ ਸੀਨੀਅਰ ਆਗੂ ਕੇ ਡੀ ਭੰਡਾਰੀ ਨੇ ਦੱਸਿਆ ਕੀ ਪ੍ਰਧਾਨ ਮੰਤਰੀ ਦੀ ਆਮਦ ਨਾਲ ਭਾਜਪਾ ਆਗੂਆਂ ਦੇ ਵਰਕਰਾਂ ਨੂੰ ਉਤਸ਼ਾਹ ਮਿਲੇਗਾ।

ਪੁਲਿਸ ਨੇ ਸਖਤ ਪ੍ਰਬੰਧ ਕਰਦਿਆਂ ਕਈ ਰੂਟਾਂ 'ਤੇ ਟਰੈਫਿਕ ਲਈ ਬਦਲਵੇਂ ਪ੍ਰਬੰਧ ਕੀਤੇ ਹਨ।

ਭਾਜਪਾ ਦੇ ਪ੍ਰਧਾਨ ਸੁਨੀਲ ਜਾਖੜ ਨੇ ਕਿਹਾ ਹੈ ਕਿ ਪ੍ਰਧਾਨ ਮੰਤਰੀ ਦੀ ਡੇਰਾ ਬੱਲਾਂ ਵਿੱਚ ਆਮਦ ਨੂੰ ਸਿਆਸਤ ਨਾਲ ਨਾ ਜੋੜਦੇ ਹੋਏ ਧਾਰਮਿਕ ਪੱਖ ਤੋਂ ਦੇਖਿਆ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਵੱਖ ਵੱਖ ਪਾਰਟੀਆਂ ਦੇ ਸਿਆਸੀ ਆਗੂ ਇਸ ਦੌਰੇ ਨੂੰ ਅਗਲੇ ਵਰੇ ਹੋ ਰਹੀਆਂ ਵਿਧਾਨ ਸਭਾ ਚੋਣਾਂ ਨਾਲ ਜੋੜ ਕੇ ਦੇਖ ਰਹੇ ਹਨ। ਉਹਨਾਂ ਦੱਸਿਆ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਹਰ ਵਰਗ ਦੀਆਂ ਧਾਰਮਿਕ ਭਾਵਨਾਵਾਂ ਅਨੁਸਾਰ ਪੂਰੀ ਸ਼ਰਧਾ ਰੱਖਦੇ ਹਨ। ਉਨ੍ਹਾਂ ਕਿਹਾ ਕਿ ਸੂਬੇ ਦੀ ਸੱਤਾ ਧਿਰ ਸਮੇਤ ਹੋਰ ਪਾਰਟੀਆਂ ਅਤੇ ਪ੍ਰਮੁੱਖ ਵਿਅਕਤੀਆਂ ਵੱਲੋਂ ਆਦਮਪੁਰ ਏਅਰਪੋਰਟ ਦਾ ਨਾਮ ਬਦਲ ਕੇ ਸ੍ਰੀ ਗੁਰੂ ਰਵਿਦਾਸ ਏਅਰਪੋਰਟ ਰੱਖਣ ਦੀ ਮੰਗ ਕਰ ਚੁੱਕੇ ਹਨ ਅਤੇ ਪ੍ਰਧਾਨ ਮੰਤਰੀ ਏਅਰਪੋਰਟ ਦਾ ਨਾਮ ਬਦਲਣ ਦਾ ਐਲਾਨ ਵੀ ਕਰਨਗੇ।

ਜਾਖੜ ਨੇ ਦੱਸਿਆ ਕਿ ਪ੍ਰਧਾਨ ਮੰਤਰੀ ਡੇਰਾ ਬੱਲਾਂ ਵਿੱਚ ਲਗਪਗ 40 ਮਿੰਟ ਰੁਕਣਗੇ। ਇਸ ਦੌਰਾਨ 10 ਮਿੰਟ ਡੇਰਾ ਬੱਲਾਂ ਦੇ ਮੁਖੀ ਸੰਤ ਨਿਰੰਜਨ ਦਾਸ ਨਾਲ ਮੁਲਾਕਾਤ ਕਰਨ ਤੋਂ ਇਲਾਵਾ ਸੂਬੇ ਦੀ ਭਾਜਪਾ ਲੀਡਰਸ਼ਿਪ ਨਾਲ ਵੀ ਗੱਲਬਾਤ ਕਰਨਗੇ।

# ਪੰਜਾਬ 'ਚ ਜਨਵਰੀ ਵਿੱਚ ਦੌਰਾਨ ਨਾਲੋਂ 69 ਫ਼ੀਸਦੀ ਵੱਧ ਪਿਆ ਮੀਂਹ



ਚੰਡੀਗੜ੍ਹ,, 31 ਜਨਵਰੀ (ਚ.ਨ.ਸ.) : ਪੰਜਾਬ ਵਿੱਚ ਜਨਵਰੀ ਮਹੀਨੇ ਦੌਰਾਨ ਦੋ ਵਾਰ ਹੀ ਮੀਂਹ ਪਿਆ ਹੈ ਪਰ ਇਹ ਮੀਂਹ ਭਰਵਾਂ ਪਿਆ। ਇਸੇ ਕਰਕੇ ਜਨਵਰੀ ਮਹੀਨੇ ਵਿੱਚ ਆਮ ਨਾਲੋਂ ਔਸਤਨ 69 ਫ਼ੀਸਦ ਵੱਧ ਮੀਂਹ ਪਿਆ। ਮੌਸਮ ਵਿਗਿਆਨੀਆਂ ਤੋਂ ਮਿਲੀ ਜਾਣਕਾਰੀ ਅਨੁਸਾਰ ਪੰਜਾਬ ਵਿੱਚ ਆਮ ਤੌਰ 'ਤੇ ਜਨਵਰੀ ਮਹੀਨੇ ਦੌਰਾਨ 20.3 ਐੱਮਐੱਮ ਮੀਂਹ ਪੈਂਦਾ ਹੈ ਪਰ ਇਸ ਵਾਰ 34.4 ਐੱਮਐੱਮ ਮੀਂਹ ਪਿਆ। ਇਸੇ ਦੌਰਾਨ ਗੁਰਦਾਸਪੁਰ ਸ਼ਹਿਰ ਵਿੱਚ ਆਮ ਨਾਲੋਂ 199 ਫ਼ੀਸਦ ਵਧ ਮੀਂਹ ਪਿਆ। ਉੱਥੇ ਆਮ ਤੌਰ 'ਤੇ 33.2 ਐੱਮਐੱਮ ਮੀਂਹ ਪੈਂਦਾ ਪਰ ਇਸ ਵਾਰ 99.3 ਐੱਮਐੱਮ ਮੀਂਹ ਪਿਆ। ਜਦੋਂ ਕਿ ਬਠਿੰਡਾ, ਫਰੀਦਕੋਟ, ਫਾਜ਼ਿਲਕਾ, ਫਿਰੋਜ਼ਪੁਰ, ਮੁਕਤਸਰ ਅਤੇ ਮੁਹਾਲੀ ਵਿੱਚ ਆਮ ਨਾਲੋਂ ਘੱਟ ਮੀਂਹ ਪਿਆ। ਅੰਮ੍ਰਿਤਸਰ ਵਿੱਚ 25.7 ਐੱਮਐੱਮ, ਬਰਨਾਲਾ ਵਿੱਚ 28.4 ਐੱਮਐੱਮ, ਫਤਿਹਗੜ੍ਹ ਸਹਿਬ ਵਿੱਚ 66.5 ਐੱਮਐੱਮ, ਹੁਸ਼ਿਆਰਪੁਰ ਵਿੱਚ 42.9 ਐੱਮਐੱਮ, ਜਲੰਧਰ ਵਿੱਚ 33.7 ਐੱਮਐੱਮ, ਕਪੂਰਥਲਾ ਵਿੱਚ 35.2 ਐੱਮਐੱਮ, ਲੁਧਿਆਣਾ ਵਿੱਚ 52.2 ਐੱਮਐੱਮ, ਮਾਨਸਾ ਵਿੱਚ 17.5 ਐੱਮਐੱਮ, ਮੋਗਾ ਵਿੱਚ 25 ਐੱਮਐੱਮ, ਪਠਾਨਕੋਟ ਵਿੱਚ 83.4 ਐੱਮਐੱਮ, ਪਟਿਆਲਾ ਵਿੱਚ 54.3 ਐੱਮਐੱਮ, ਰੋਪੜ ਵਿੱਚ 66 ਐੱਮਐੱਮ, ਸੰਗਰੂਰ ਵਿੱਚ 35.6 ਐੱਮਐੱਮ, ਨਵਾਂ ਸ਼ਹਿਰ ਵਿੱਚ 31.1 ਐੱਮਐੱਮ ਅਤੇ ਤਰਨ ਤਾਰਨ ਵਿੱਚ 20.8 ਐੱਮਐੱਮ ਮੀਂਹ ਪਿਆ। ਇਸ ਤੋਂ ਇਲਾਵਾ ਬਠਿੰਡਾ ਵਿੱਚ 5.2 ਐੱਮਐੱਮ, ਫਰੀਦਕੋਟ ਵਿੱਚ 7.1 ਐੱਮਐੱਮ, ਫਾਜ਼ਿਲਕਾ ਵਿੱਚ 3.3 ਐੱਮਐੱਮ, ਫਿਰੋਜ਼ਪੁਰ ਵਿੱਚ 3.7 ਐੱਮਐੱਮ, ਮੁਕਤਸਰ 'ਚ 4 ਐੱਮਐੱਮ ਅਤੇ ਮੁਹਾਲੀ ਵਿੱਚ 31.1 ਐੱਮਐੱਮ ਮੀਂਹ ਪਿਆ।

# ਪੰਜਾਬ ਨੇ ਗ੍ਰੀਨ ਸਕੂਲ ਪ੍ਰੋਗਰਾਮ ਅਧੀਨ ਲਗਾਤਾਰ ਤੀਜੇ ਸਾਲ ਹਾਸਿਲ ਕੀਤਾ ਚੋਟੀ ਦਾ ਸਥਾਨ




ਚੰਡੀਗੜ੍ਹ, , 31 ਜਨਵਰੀ (ਚ.ਨ.ਸ.) : ਪੰਜਾਬ ਇੱਕ ਵਾਰ ਫਿਰ ਸਕੂਲ ਪੱਧਰੀ ਵਾਤਾਵਰਣ ਸਥਿਰਤਾ ਵਿੱਚ ਦੇਸ਼ ਦੇ ਮੋਹਰੀ ਸੂਬੇ ਵਜੋਂ ਉਭਰਿਆ ਹੈ, ਜਿਸਨੇ ਗ੍ਰੀਨ ਸਕੂਲ ਐਵਾਰਡ 2026 ਵਿੱਚ ਵੱਕਾਰੀ ਬੈਸਟ ਸਟੇਟ ਅਤੇ 'ਬੈਸਟ ਡਿਸਟ੍ਰਿਕਟ' ਪੁਰਸਕਾਰ ਜਿੱਤੇ ਹਨ। ਇਹ ਪੁਰਸਕਾਰ ਸੈਂਟਰ ਫਾਰ ਸਾਇੰਸ ਐਂਡ ਇਨਵਾਇਰਮੈਂਟ (ਸੀ.ਐਸ.ਈ.) ਦੁਆਰਾ ਇੰਡੀਆ ਹੈਬੀਟੇਟ ਸੈਂਟਰ, ਨਵੀਂ ਦਿੱਲੀ ਵਿਖੇ ਦਿੱਤੇ ਗਏ।

ਗਰੀਨ ਸਕੂਲ ਪ੍ਰੋਗਰਾਮ ਅਧੀਨ ਬੈਸਟ ਸਟੇਟ ਅਤੇ ਬੈਸਟ ਡਿਸਟ੍ਰਿਕਟ ਦੇ ਇਹ ਐਵਾਰਡ ਪੀ.ਐਸ.ਸੀ.ਐਸ.ਟੀ. ਦੇ ਜੁਆਇੰਟ ਡਾਇਰੈਕਟਰ ਡਾ. ਕੇ.ਐਸ. ਬਾਠ ਨੇ ਨਵੀਂ ਦਿੱਲੀ ਵਿਖੇ ਸੈਂਟਰ ਫਾਰ ਸਾਇੰਸ ਐਂਡ ਇਨਵਾਇਰਮੈਂਟ ਦੀ ਡਾਇਰੈਕਟਰ ਜਨਰਲ ਸ੍ਰੀਮਤੀ ਸੁਨੀਤਾ ਨਰਾਇਣ ਤੋਂ ਪ੍ਰਾਪਤ ਕੀਤੇ ।

ਦੱਸਣਯੋਗ ਹੈ ਕਿ ਪੰਜਾਬ ਨੇ ਲਗਾਤਾਰ ਤੀਜੇ ਸਾਲ ਇਹ ਐਵਾਰਡ ਜਿੱਤੇ ਹਨ, ਜੋ ਸਕੂਲਾਂ ਵਿੱਚ ਵਾਤਾਵਰਣ ਜਾਗਰੂਕਤਾ ਅਤੇ ਟਿਕਾਊ ਅਭਿਆਸਾਂ ਨੂੰ ਉਤਸ਼ਾਹਿਤ ਕਰਨ ਲਈ ਸੂਬਾ ਸਰਕਾਰ ਦੀ ਨਿਰੰਤਰ ਵਚਨਬੱਧਤਾ ਨੂੰ ਦਰਸਾਉਂਦਾ ਹੈ।

ਜ਼ਿਕਰਯੋਗ ਹੈ ਕਿ ਪੰਜਾਬ ਨੇ ਲਗਾਤਾਰ ਤੀਜੇ ਸਾਲ ਬੈਸਟ ਸਟੇਟ ਰਾਜ ਅਤੇ ਬੈਸਟ ਡਿਸਟ੍ਰਿਕਟ ਐਵਾਰਡ ਜਿੱਤੇ ਹਨ। ਦੱਸਣਯੋਗ ਹੈ ਕਿ ਪੰਜਾਬ ਦੇ ਕੁੱਲ 13,258 ਸਕੂਲ ਗ੍ਰੀਨ ਸਕੂਲ ਪ੍ਰੋਗਰਾਮ ਅਧੀਨ ਰਜਿਸਟਰ ਹੋਏ, ਜਿਨ੍ਹਾਂ ਵਿੱਚੋਂ 6,264 ਸਕੂਲਾਂ ਨੇ ਗ੍ਰੀਨ ਆਡਿਟ ਪ੍ਰਕਿਰਿਆ ਨੂੰ ਸਫ਼ਲਤਾਪੂਰਵਕ ਪੂਰਾ ਕੀਤਾ। ਦੇਸ਼ ਭਰ ਵਿੱਚ ਆਡਿਟ ਕੀਤੇ ਗਏ ਕੁੱਲ 7,407 ਸਕੂਲਾਂ ਵਿੱਚੋਂ ਪੰਜਾਬ ਦੀ ਹਿੱਸੇਦਾਰੀ 84.57% ਰਹੀ, ਜੋ ਸੂਬੇ ਦੀ ਬੇਮਿਸਾਲ ਭਾਗੀਦਾਰੀ ਅਤੇ ਕਾਰਗੁਜ਼ਾਰੀ ਨੂੰ ਦਰਸਾਉਂਦਾ ਹੈ। ਦੇਸ਼ ਭਰ ਦੇ 433 ਸਕੂਲਾਂ, ਜਿਨ੍ਹਾਂ ਨੂੰ ਵੱਕਾਰੀ ਗ੍ਰੀਨ ਸਕੂਲ ਦਾ ਦਰਜਾ ਦਿੱਤਾ ਗਿਆ ਹੈ, ਵਿੱਚੋਂ 237 ਸਕੂਲ ਪੰਜਾਬ ਦੇ ਹਨ, ਜਿਨ੍ਹਾਂ ਵਿੱਚ 208 ਸਰਕਾਰੀ ਸਕੂਲ ਅਤੇ 10 ਪ੍ਰਾਈਵੇਟ ਸਕੂਲ ਸ਼ਾਮਲ ਹਨ।

ਜ਼ਿਕਰਯੋਗ ਹੈ ਕਿ 185 ਗ੍ਰੀਨ ਸਕੂਲ ਪੇਂਡੂ ਖੇਤਰਾਂ ਵਿੱਚ, ਜਦੋਂ ਕਿ 33 ਸ਼ਹਿਰੀ ਖੇਤਰਾਂ ਵਿੱਚ ਸਥਿਤ ਹਨ, ਜੋ ਇਸ ਪ੍ਰੋਗਰਾਮ ਦੀ ਡੂੰਘੀ ਜ਼ਮੀਨੀ ਪਹੁੰਚ ਨੂੰ ਉਜਾਗਰ ਕਰਦੇ ਹਨ। ਹੁਸ਼ਿਆਰਪੁਰ ਜ਼ਿਲ੍ਹਾ ਦੇਸ਼ ਵਿੱਚ ਸਭ ਤੋਂ ਚੰਗੇ ਪ੍ਰਦਰਸ਼ਨ ਵਾਲੇ ਜ਼ਿਲ੍ਹੇ ਵਜੋਂ ਉਭਰਿਆ ਹੈ, ਜਿਸ ਵਿੱਚ ਰਿਕਾਰਡ 947 ਸਕੂਲਾਂ ਨੇ ਗ੍ਰੀਨ ਆਡਿਟ ਨੂੰ ਪੂਰਾ ਕੀਤਾ ਹੈ, ਜੋ ਦੇਸ਼ ਭਰ ਵਿੱਚ ਕਿਸੇ ਵੀ ਜ਼ਿਲ੍ਹੇ ਨਾਲੋਂ ਸਭ ਤੋਂ ਵੱਧ ਹੈ।

ਇਹ ਸ਼ਾਨਦਾਰ ਤਰੱਕੀ ਪੀ.ਐਸ.ਸੀ.ਐਸ.ਟੀ. ਦੇ ਸਰਗਰਮ ਯਤਨਾਂ ਦਾ ਨਤੀਜਾ ਹੈ, ਜਿਸਨੇ ਪੰਜਾਬ ਵਿੱਚ ਗ੍ਰੀਨ ਸਕੂਲ ਲਹਿਰ ਦਾ ਮਹੱਤਵਪੂਰਨ ਵਿਸਥਾਰ ਕੀਤਾ ਹੈ। ਰਾਜ ਵਿੱਚ ਗ੍ਰੀਨ ਸਕੂਲਾਂ ਦੀ ਗਿਣਤੀ 2023-24 ਵਿੱਚ 70 ਤੋਂ ਵਧ ਕੇ 2024-25 ਵਿੱਚ 196 ਅਤੇ 2025-26 ਵਿੱਚ 237 ਹੋ ਗਈ ਹੈ।

ਗ੍ਰੀਨ ਸਕੂਲ ਪ੍ਰੋਗਰਾਮ ਵਿਦਿਆਰਥੀਆਂ ਅਤੇ ਸਕੂਲਾਂ ਨੂੰ ਛੇ ਮੁੱਖ ਵਾਤਾਵਰਣਕ ਖੇਤਰਾਂ - ਹਵਾ, ਊਰਜਾ, ਭੋਜਨ, ਜ਼ਮੀਨ, ਪਾਣੀ ਅਤੇ ਰਹਿੰਦ-ਖੂੰਹਦ - ਵਿੱਚ ਸਰੋਤ ਪ੍ਰਬੰਧਨ ਦਾ ਮੁਲਾਂਕਣ ਅਤੇ ਸੁਧਾਰ ਕਰਨ ਦਾ ਅਧਿਕਾਰ ਦਿੰਦਾ ਹੈ, ਜਿਸ ਨਾਲ ਛੋਟੀ ਉਮਰ ਤੋਂ ਹੀ ਵਾਤਾਵਰਣ ਪ੍ਰਤੀ ਜ਼ਿੰਮੇਵਾਰ ਨਾਗਰਿਕਾਂ ਪੈਦਾ ਕਰਨ ਵਿੱਚ ਮਦਦ ਮਿਲਦੀ ਹੈ। ਗ੍ਰੀਨ ਸਕੂਲ ਪ੍ਰੋਗਰਾਮ ਅਧੀਨ ਪੰਜਾਬ ਦੀ ਨਿਰੰਤਰ ਸਫ਼ਲਤਾ ਨੇ ਦੂਜੇ ਰਾਜਾਂ ਲਈ ਇੱਕ ਮਾਪਦੰਡ ਸਥਾਪਿਤ ਕੀਤਾ ਹੈ ਅਤੇ ਸਿੱਖਿਆ ਵਿੱਚ ਵਾਤਾਵਰਣ ਜਾਗਰੂਕਤਾ ਅਤੇ ਟਿਕਾਊ ਅਭਿਆਸਾਂ ਨੂੰ ਜੋੜਨ ਵਿੱਚ ਆਪਣੀ ਮੋਹਰੀ ਸਥਿਤੀ ਨੂੰ ਹੋਰ ਮਜ਼ਬੂਤ ਕੀਤਾ ਹੈ।

# ਹੈਦਰਾਬਾਦ 'ਚ ਔਰਤ ਨੇ ਧੀ-ਪੁੱਤ ਸਣੇ ਰੇਲਗੱਡੀ ਅੱਗੇ ਮਾਰੀ ਛਾਲ, ਤਿੰਨਾਂ ਦੀ ਮੌਤ

ਹੈਦਰਾਬਾਦ, 31 ਜਨਵਰੀ (ਚ.ਨ.ਸ.): ਤੇਲੰਗਾਨਾ ਦੀ ਰਾਜਧਾਨੀ ਹੈਦਰਾਬਾਦ ਤੋਂ ਇੱਕ ਬੇਹੱਦ ਮੰਦਭਾਗੀ ਖ਼ਬਰ ਸਾਹਮਣੇ ਆਈ ਹੈ, ਜਿੱਥੇ ਇੱਕ 38 ਸਾਲਾ ਮਹਿਲਾ ਨੇ ਆਪਣੇ ਦੋ ਜਵਾਨ ਬੱਚਿਆਂ ਸਮੇਤ ਰੇਲ ਗੱਡੀ ਅੱਗੇ ਛਾਲ ਮਾਰ ਕੇ ਆਪਣੀ ਜੀਵਨ ਲੀਲਾ ਸਮਾਪਤ ਕਰ ਲਈ ਹੈ। ਇਹ ਘਟਨਾ ਸ਼ੁੱਕਰਵਾਰ ਰਾਤ ਕਰੀਬ 12:40 ਵਜੇ ਚਰਲਪੱਲੀ ਰੇਲਵੇ ਸਟੇਸ਼ਨ ਦੇ ਨੇੜੇ ਵਾਪਰੀ। ਮ੍ਰਿਤਕਾਂ ਵਿੱਚ 38 ਸਾਲਾ ਮਹਿਲਾ, ਉਸ ਦੀ 18 ਸਾਲਾ ਬੇਟੀ ਅਤੇ 17 ਸਾਲਾ ਬੇਟਾ ਸ਼ਾਮਲ ਹਨ। ਇਹ ਪਰਿਵਾਰ ਚੇਂਗੀਚੇਰਲਾ ਇਲਾਕੇ ਦਾ ਰਹਿਣ ਵਾਲਾ ਸੀ।

ਜਾਣਕਾਰੀ ਅਨੁਸਾਰ ਉਕਤ ਔਰਤ ਇੱਕ ਸਾਫਟਵੇਅਰ ਕੰਪਨੀ ਵਿੱਚ ਕੰਮ ਕਰਦੀ ਸੀ, ਜਦਕਿ ਉਸ ਦਾ ਪਤੀ ਰੁਜ਼ਗਾਰ ਦੇ ਸਿਲਸਿਲੇ ਵਿੱਚ ਦੁਬਈ ਵਿੱਚ ਰਹਿੰਦਾ ਹੈ। ਰੇਲਵੇ ਪੁਲਿਸ ਅਨੁਸਾਰ, ਤਿੰਨਾਂ ਨੇ ਇੱਕ ਮਾਲ ਗੱਡੀ ਦੇ ਸਾਹਮਣੇ ਛਾਲ ਮਾਰ ਕੇ ਖ਼ੁਦਕੁਸ਼ੀ ਕੀਤੀ ਹੈ। ਪੁਲਿਸ ਨੇ ਲਾਸ਼ਾਂ ਨੂੰ ਕਬਜ਼ੇ ਵਿੱਚ ਲੈ ਕੇ ਪੋਸਟਮਾਰਟਮ ਲਈ ਗਾਂਧੀ ਹਸਪਤਾਲ ਦੇ ਮੁਰਦਾਘਰ ਵਿੱਚ ਭੇਜ ਦਿੱਤਾ ਹੈ। ਫਿਲਹਾਲ ਇਸ ਖੌਫਨਾਕ ਕਦਮ ਨੂੰ ਚੁੱਕਣ ਦੇ ਕਾਰਨਾਂ ਦਾ ਪਤਾ ਨਹੀਂ ਲੱਗ ਸਕਿਆ ਹੈ ਅਤੇ ਪੁਲਿਸ ਵੱਲੋਂ ਮਾਮਲੇ ਦੀ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ।

# ਸਫ਼ਾ ਦੋ ਦੀ ਬਾਕੀ

## ਸਾਬਕਾ ਮੰਤਰੀ ਅਰੋੜਾ ਦੇ ਘਰ ਪਿਛਲੇ

ਚੰਡੀਗੜ੍ਹ ਅਤੇ ਮੋਹਾਲੀ ਵਿਚ ਇਕ ਕੰਪਨੀ ਅਤੇ ਵੱਖ-ਵੱਖ ਜਾਇਦਾਦਾਂ ਬਾਰੇ ਪੁੱਛਗਿੱਛ ਕੀਤੀ। ਪਿਛਲੇ 62 ਘੰਟਿਆਂ ਤੋਂ ਚੱਲ ਰਹੀ ਜਾਂਚ ਦੌਰਾਨ ਟੀਮ ਨੇ ਅਰੋੜਾ ਤੋਂ ਵਿਆਪਕ ਪੁਛ-ਗਿੱਛ ਕੀਤੀ । 30 ਜਨਵਰੀ ਦੀ ਰਾਤ 12:15 ਵਜੇ ਚਾਰ ਵਾਹਨ ਅਰੋੜਾ ਦੇ ਘਰ ਵਿਚ ਦਾਖਲ ਹੋਏ ਅਤੇ ਉਸ ਤੋਂ ਬਾਅਦ ਜਾਂਚ ਏਜੰਸੀਆਂ ਦੇ ਅਧਿਕਾਰੀ ਘਰੋਂ ਚਲੇ ਗਏ । ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਈ.ਡੀ. ਤੇ ਆਈ.ਟੀ. ਵਿਭਾਗ ਦੀ ਰੇਡ ਹੋਈ ਖਤਮ, ਈ.ਡੀ. ਅਤੇ ਆਈ.ਟੀ. ਵਿਭਾਗ ਦੀਆਂ ਟੀਮ ਖਾਲੀ ਹੱਥ ਵਾਪਸ ਪਰਤ ਗਈਆਂ ਹਨ।

## ਪ੍ਰਧਾਨ ਮੰਤਰੀ ਦੇ ਦੌਰੇ

ਵਿਅਕਤੀਆਂ ਦੇ ਕੱਟੜ ਦੁਸ਼ਮਣ ਹਨ। ਖਾਲਿਸਤਾਨ ਪੱਖੀ ਵਿਅਕਤੀਆਂ ਦਾ ਡੇਰਾ ਬੱਲਾਂ ਦੇ ਮੁਖੀ ਸੰਤ ਨਿਰੰਜਨ ਦਾਸ ਨਾਲ ਕੋਈ ਗਿਲਾ ਸ਼ਿਕਵਾ ਨਹੀਂ ਹੈ।

ਈਮੇਲ ਵਿੱਚ ਨਿੱਝਰ ਦੀ ਮੌਤ ਲਈ ਕੌਣ ਜਿੰਮੇਵਾਰ ਹੈ ਬਾਰੇ ਵੀ ਲਿਖਿਆ ਗਿਆ ਹੈ। ਈਮੇਲ ਮਿਲਣ ਸਬੰਧੀ ਕੈਂਬਰਿਜ ਸਕੂਲ ਦੇ ਪ੍ਰਬੰਧਕਾਂ ਵੱਲੋਂ ਪੁਲਿਸ ਨੂੰ ਸੂਚਨਾ ਦੇਣ ਉਪਰੰਤ ਪੁਲਿਸ ਅਤੇ ਸੁਰੱਖਿਆ ਏਜੰਸੀਆਂ ਪੂਰੀ ਤਰ੍ਹਾਂ ਸਤਰਕ ਹੋ ਗਈਆਂ ਹਨ ਅਤੇ ਸਕੂਲਾਂ ਦੀ ਜਾਂਚ ਲਈ ਸਰਚ ਅਭਿਆਨ ਚਲਾਇਆ ਜਾ ਰਿਹਾ ਹੈ।

## ਪ੍ਰਧਾਨ ਮੰਤਰੀ ਅੱਜ ਕਰਨਗੇ

ਵਿੱਚ 72 ਹਜ਼ਾਰ ਕਰੋੜ ਰੁਪਏ ਤੋਂ ਵੱਧ ਦਾ ਯੋਗਦਾਨ ਪਾਂਦਾ ਹੈ ਅਤੇ ਇੱਥੇ 1.5 ਲੱਖ ਤੋਂ ਜ਼ਿਆਦਾ ਐਮਐਸਐਮਈ ਹਨ, ਫਿਰ ਵੀ ਦਹਾਕਿਆਂ ਤੱਕ ਇੱਥੇ ਕੋਈ ਵਪਾਰਕ ਏਅਰਪੋਰਟ ਨਹੀਂ ਸੀ। ਨਾਲ ਹੀ ਉਨ੍ਹਾਂ ਨੇ ਪੰਜਾਬ ਦੀ 22 ਤੋਂ 25 ਲੱਖ ਦੀ ਮਜ਼ਬੂਤ ਐਨਆਰਆਈ ਅਬਾਦੀ , ਵਿਦਿਆਰਥੀਆਂ, ਮੈਡੀਕਲ ਯਾਤਰੀਆਂ ਅਤੇ ਉਦਯੋਗਪਤੀਆਂ ਦੀਆਂ ਲੋੜਾਂ ਨੂੰ ਵੀ ਰੇਖਾਂਕਿਤ ਕੀਤਾ। ਪ੍ਰਤੀ ਦਿਨ ਲਗਭਗ 2,500 ਯਾਤਰੀਆਂ ਅਤੇ ਪਹਿਲੇ ਹੀ ਦਿਨ ਤੋਂ 10 ਤੋਂ 12 ਉਡਾਨਾਂ ਸੰਭਾਲਣ ਦੀ ਸਮਰੱਥਾ ਨਾਲ ਇਹ ਏਅਰਪੋਰਟ ਦਿੱਲੀ, ਮੁੰਬਈ, ਬੈਂਗਲੁਰੂ ਅਤੇ ਚੇਨਈ ਵਰਗੇ ਮੁੱਖ ਸ਼ਹਿਰਾਂ ਨਾਲ ਸਿੱਧਾ ਸੰਪਰਕ ਸਥਾਪਿਤ ਕਰੇਗਾ।

## ਪੰਜਾਬ ਛੋਟੇ ਕਿਸਾਨਾਂ ਨੂੰ ਤਕਨਾਲੌਜੀ ਆਧਾਰਿਤ

ਕਿਹਾ ਕਿ ਪੰਜਾਬ ਸਮਾਲ ਐਗਰੀਕਲਚਰ ਮਸ਼ੀਨਰੀ ਸੈਕਟਰ ਵਿੱਚ ਦੱਖਣੀ ਕੋਰੀਆ ਤੋਂ ਨਿਵੇਸ਼ ਆਕਰਸ਼ਿਤ ਕਰਨ ਲਈ ਉਤਸੁਕ ਹੈ, ਕਿਉਂਕਿ ਦੱਖਣੀ ਕੋਰੀਆ ਕੋਲ ਇਸ ਖੇਤਰ ਵਿੱਚ ਵਿਸ਼ਾਲ ਤਜਰਬਾ ਅਤੇ ਮੁਹਾਰਤ ਹੈ। ਉਨ੍ਹਾਂ ਦੱਸਿਆ ਕਿ ਦੱਖਣੀ ਕੋਰੀਆ ਵਿੱਚ ਜ਼ਮੀਨ ਘੱਟ ਹੋਣ ਕਰਕੇ ਉਥੇ ਲੰਬਕਾਰੀ ਖੇਤੀ ਅਤੇ ਕੁਸ਼ਲ ਮਸ਼ੀਨੀਕਰਨ ਤੇਜ਼ੀ ਨਾਲ ਉਭਰਿਆ ਹੈ, ਜਿਸ ਕਰਕੇ ਦੱਖਣੀ ਕੋਰੀਆ ਦਾ ਇਹ ਤਜਰਬਾ ਅਤੇ ਮੁਹਾਰਤ ਪੰਜਾਬ ਲਈ ਵਧੇਰੇ ਢੁਕਵਾਂ ਜਾਪ ਰਿਹਾ ਹੈ।

ਦੋਵੇਂ ਮੁਲਕਾਂ ਦਰਮਿਆਨ ਇਤਿਹਾਸਕ ਸਮਾਨਤਾ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਭਾਰਤ ਅਤੇ ਦੱਖਣੀ ਕੋਰੀਆ ਦੋਵਾਂ ਨੇ ਇੱਕੋ ਸਮੇਂ ਆਜ਼ਾਦੀ ਪ੍ਰਾਪਤ ਕੀਤੀ ਅਤੇ ਗਰੀਬੀ ਦੋਵਾਂ ਦੇਸ਼ਾਂ ਦੇ ਸਾਹਮਣੇ ਸਭ ਤੋਂ ਵੱਡੀ ਚੁਣੌਤੀ ਸੀ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਨੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਸਹਿਯੋਗ ਨਾਲ ਅਨਾਜ-ਸਰਪਲੱਸ ਸੂਬਾ ਬਣ ਕੇ ਇਸ ਚੁਣੌਤੀ ਨੂੰ ਪਾਰ ਕੀਤਾ ਅਤੇ ਅੱਜ, ਪੰਜਾਬ ਕੇਂਦਰੀ ਪੂਲ ਵਿੱਚ ਅਨਾਜ ਦਾ ਸਭ ਤੋਂ ਵੱਡਾ ਯੋਗਦਾਨ ਪਾਉਣ ਵਾਲੇ ਮੋਹਰੀ ਰਾਜਾਂ ਵਿੱਚੋਂ ਇੱਕ ਹੈ।

ਆਲਮੀ ਪੱਧਰ ਦੇ ਉੱਤਮ ਅਭਿਆਸਾਂ ਨੂੰ ਅਪਣਾਉਣ ਲਈ ਪੰਜਾਬ ਦੀ ਰੁਚੀ 'ਤੇ ਚਾਨਣਾ ਪਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਦੱਖਣੀ ਕੋਰੀਆ ਪਹਿਲਾਂ ਹੀ ਖੇਤੀਬਾੜੀ ਕਾਰੋਬਾਰ ਵਿੱਚ ਆਪਣੀ ਤਾਕਤ ਅਤੇ ਨਵੀਨਤਾ ਦਾ ਪ੍ਰਦਰਸ਼ਨ ਕਰ ਚੁੱਕਾ ਹੈ ਅਤੇ ਹੁਣ ਪੰਜਾਬ ਸੂਬਾ ਵੀ ਇਨ੍ਹਾਂ ਉੱਨਤ ਤਕਨੀਕੀ ਤਰੱਕੀਆਂ ਤੋਂ ਲਾਭ ਉਠਾਉਣਾ ਦਾ ਇਛੁੱਕ ਹੈ। ਪੈਂਗ-ਯੋ ਟੈਕਨੋ ਵੈਲੀ, ਜਿਸ ਨੂੰ ਅਕਸਰ ਸਿਲੀਕਾਨ ਵੈਲੀ ਵੀ ਕਿਹਾ ਜਾਂਦਾ ਹੈ, ਦੀ ਆਪਣੀ ਫੇਰੀ ਨੂੰ ਚੇਤੇ ਕਰਦਿਆਂ ਉਨ੍ਹਾਂ ਕਿਹਾ ਕਿ ਅਸੀਂ ਖੇਤੀਬਾੜੀ ਮਸ਼ੀਨਰੀ ਦੇ ਸਵੈਚਾਲਨ, ਸਮਾਰਟ ਉਪਕਰਨਾਂ, ਬਾਇਓਟੈਕਨਾਲੋਜੀ ਅਤੇ ਬੀਜ ਤਕਨਾਲੋਜੀ, ਸਮਾਰਟ ਕੰਬਾਈਨ ਹਾਰਵੈਸਟਰ, ਟ੍ਰਾਂਸਪਲਾਂਟਰ, ਬੀਜ ਅਤੇ ਸਹਾਇਕ ਖੇਤਰਾਂ ਵਰਗੀਆਂ ਤਕਨੀਕਾਂ ਅਪਣਾਉਣ ਵਿੱਚ ਸਹਿਯੋਗ ਲਈ ਉਤਸੁਕ ਹਾਂ।

ਦੁਵੱਲੇ ਸਹਿਯੋਗ ਲਈ ਜ਼ੋਰਦਾਰ ਵਕਾਲਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਅਜਿਹੇ ਜੀਵੰਤ ਅਤੇ ਤਕਨੀਕੀ ਤੌਰ 'ਤੇ ਉੱਨਤ ਦੇਸ਼ ਦੇ ਵਫ਼ਦ ਦੀ ਮੇਜ਼ਬਾਨੀ ਕਰਨਾ ਪੰਜਾਬ ਲਈ ਬਹੁਤ ਮਾਣ ਵਾਲੀ ਗੱਲ ਹੈ। ਉਨ੍ਹਾਂ ਨੇ ਦੱਖਣੀ ਕੋਰੀਆਈ ਵਫ਼ਦ ਨੂੰ 13 ਤੋਂ 15 ਮਾਰਚ ਤੱਕ ਮੋਹਾਲੀ ਵਿਖੇ ਹੋਣ ਵਾਲੇ ਪ੍ਰਗਤੀਸ਼ੀਲ ਪੰਜਾਬ ਨਿਵੇਸ਼ ਸੰਮੇਲਨ ਵਿੱਚ ਹਿੱਸਾ ਲੈਣ ਲਈ ਰਸਮੀ ਸੱਦਾ ਦਿੰਦਿਆਂ ਕਿਹਾ ਕਿ ਇਹ ਸੰਮੇਲਨ ਸਾਡੇ ਸਹਿਯੋਗ ਨੂੰ ਢਾਂਚਾਗਤ ਅਤੇ ਲਾਭਦਾਇਕ ਢੰਗ ਨਾਲ ਅੱਗੇ ਵਧਾਉਣ ਲਈ ਢੁਕਵਾਂ ਮੰਚ ਪ੍ਰਦਾਨ ਕਰੇਗਾ।

ਇਸ ਦੌਰਾਨ ਮੁੱਖ ਮੰਤਰੀ ਵੱਲੋਂ ਪੇਸ਼ ਕੀਤੇ ਦ੍ਰਿਸ਼ਟੀਕੋਣ ਪ੍ਰਤੀ ਹਾਂ-ਪੱਖੀ ਹੁੰਗਾਰਾ ਭਰਦਿਆਂ ਦੌਰੇ 'ਤੇ ਆਏ ਦੱਖਣੀ ਕੋਰੀਆਈ ਵਫ਼ਦ ਨੇ ਪੰਜਾਬ ਨਾਲ ਸਹਿਯੋਗ ਵਿੱਚ ਡੂੰਘੀ ਦਿਲਚਸਪੀ ਦਿਖਾਈ, ਜੋ ਨੇੜ ਭਵਿੱਖ ਵਿੱਚ ਦੋਵੇਂ ਮੁਲਕਾਂ ਦਰਮਿਆਨ ਠੋਸ ਭਾਈਵਾਲੀ ਦੀ ਸੰਭਾਵਨਾ ਦਾ ਸੰਕੇਤ ਹੈ।

## ਮਾਣਹਾਨੀ ਮਾਮਲੇ 'ਚ ਅਦਾਲਤ ਵੱਲੋਂ ਖੜਗੇ ਨੂੰ ਨੋਟਿਸ ਜਾਰੀ

ਪਹਿਲਾ ਦਰਜਾ ਪ੍ਰੀਤੀ ਰਾਜੋਰੀਆ ਨੇ ਗੁਪਤਾ ਦੀ ਅਪਰਾਧਕ ਸ਼ਿਕਾਇਤ ਨੂੰ ਖਾਰਜ ਕਰ ਦਿੱਤਾ ਸੀ। ਕੋਰਟ ਨੇ ਕਿਹਾ ਸੀ ਕਿ ਖੜਗੇ ਦਾ ਬਿਆਨ ਕਿਸੇ ਵਿਸ਼ੇਸ਼ ਫਿਰਕੇ, ਧਰਮ, ਜਾਤੀ ਜਾਂ ਜਾਤੀ ਸਮੂਹ ਨੂੰ ਨਿਸ਼ਾਨਾ ਨਹੀਂ ਬਣਾਉਂਦਾ। ਉਨ੍ਹਾਂ ਦਾ ਬਿਆਨ ਰਾਜਨੀਤਕ ਅਤੇ ਵਿਚਾਰਕ ਆਲੋਚਨਾ ਦੇ ਦਾਇਰੇ ਵਿਚ ਆਉਂਦਾ ਹੈ ਅਤੇ ਇਸ ਨਾਲ ਨਾ ਤਾਂ ਕਿਸੇ ਫਿਰਕੇ ਖ਼ਿਲਾਫ਼ ਨਫਰਤ ਫੈਲਦੀ ਹੈ ਅਤੇ ਨਾ ਹੀ ਕਿਸੇ ਕਿਸਮ ਦੀ ਹਿੰਸਾ ਲਈ ਭੜਕਾਹਟ ਮਿਲਦੀ ਹੈ। ਗੁਪਤਾ ਨੇ ਇਸ ਖ਼ਿਲਾਫ਼ ਨਜ਼ਰਸਾਨੀ ਪਟੀਸ਼ਨ ਵਿਚ ਤੀਸ ਹਜ਼ਾਰੀ ਸਥਿਤ ਮੈਜਿਸਟ੍ਰੇਟ ਕੋਰਟ ਦੇ 11 ਨਵੰਬਰ, 2025 ਦੇ ਆਦੇਸ਼ ਨੂੰ ਰੱਦ ਕਰਨ ਦੀ ਮੰਗ ਕੀਤੀ ਹੈ। ਇਸ 'ਤੇ ਸੁਣਵਾਈ ਦੌਰਾਨ ਵਿਸ਼ੇਸ਼ ਅਦਾਲਤ ਨੇ ਟ੍ਰਾਇਲ ਕੋਰਟ ਦਾ ਰਿਕਾਰਡ ਵੀ ਮੰਗਿਆ ਹੈ।

## ਚਾਂਦੀ 1.28 ਲੱਖ ਅਤੇ ਸੋਨਾ 42 ਹਜ਼ਾਰ

ਵਿੱਚ 1,07,971 ਰੁਪਏ ਦੀ ਵੱਡੀ ਗਿਰਾਵਟ ਆਈ ਅਤੇ ਇਹ 2,91,922 ਰੁਪਏ ਪ੍ਰਤੀ ਕਿਲੋ 'ਤੇ ਬੰਦ ਹੋਈ। ਸੋਨੇ ਦੀ ਗੱਲ ਕਰੀਏ ਤਾਂ 24 ਕੈਰੇਟ ਸੋਨੇ ਦਾ ਵਾਅਦਾ ਭਾਅ, ਜੋ ਵੀਰਵਾਰ ਨੂੰ 1,83,962 ਰੁਪਏ ਪ੍ਰਤੀ 10 ਗ੍ਰਾਮ ਸੀ, ਸ਼ੁੱਕਰਵਾਰ ਨੂੰ 33,113 ਰੁਪਏ ਡਿੱਗ ਕੇ 1,50,849 ਰੁਪਏ 'ਤੇ ਆ ਗਿਆ। ਆਪਣੇ ਸਭ ਤੋਂ ਉੱਚੇ ਪੱਧਰ 1,93,096 ਰੁਪਏ ਦੇ ਮੁਕਾਬਲੇ ਸੋਨਾ ਹੁਣ ਤੱਕ 42,247 ਰੁਪਏ ਸਸਤਾ ਹੋ ਚੁੱਕਾ ਹੈ।

ਬਾਜ਼ਾਰ ਮਾਹਿਰਾਂ ਦਾ ਮੰਨਣਾ ਹੈ ਕਿ ਅਮਰੀਕੀ ਡਾਲਰ ਅਤੇ ਬਾਂਡ ਯੀਲਡ ਵਿੱਚ ਆਈ ਮਜ਼ਬੂਤੀ ਕਾਰਨ ਕੀਮਤੀ ਧਾਤਾਂ 'ਤੇ ਇਹ ਦਬਾਅ ਦੇਖਣ ਨੂੰ ਮਿਲ ਰਿਹਾ ਹੈ। ਮਾਹਿਰਾਂ ਨੇ ਨਿਵੇਸ਼ਕਾਂ ਨੂੰ ਸਲਾਹ ਦਿੱਤੀ ਹੈ ਕਿ ਉਹ ਫਿਲਹਾਲ ਜਲਦਬਾਜ਼ੀ ਵਿੱਚ ਖਰੀਦਦਾਰੀ ਕਰਨ ਤੋਂ ਗੁਰੇਜ਼ ਕਰਨ। ਇਸ ਗਿਰਾਵਟ ਨੇ ਨਿਵੇਸ਼ਕਾਂ ਨੂੰ ਭਾਰੀ ਨੁਕਸਾਨ ਪਹੁੰਚਾਇਆ ਹੈ ਅਤੇ ਬਾਜ਼ਾਰ ਵਿੱਚ 1980 ਦੇ 'ਸਿਲਵਰ ਥਰਸਡੇ' ਵਰਗੀ ਸਥਿਤੀ ਬਣਦੀ ਨਜ਼ਰ ਆ ਰਹੀ ਹੈ।

## ਸੁਨੇਤਰਾ ਪਵਾਰ ਨੇ ਮਹਾਰਾਸ਼ਟਰ ਦੀ ਪਹਿਲੀ

ਇਹ ਨਿਯੁਕਤੀ ਉਨ੍ਹਾਂ ਦੇ ਪਤੀ ਅਤੇ ਸਾਬਕਾ ਉਪ ਮੁੱਖ ਮੰਤਰੀ ਅਜੀਤ ਪਵਾਰ ਦੇ ਅਚਾਨਕ ਦੇਹਾਂਤ ਕਾਰਨ ਹੋਈ ਹੈ, ਜਿਨ੍ਹਾਂ ਦੀ ਬੀਤੀ 28 ਜਨਵਰੀ ਨੂੰ ਬਾਰਾਮਤੀ ਵਿੱਚ ਇੱਕ ਜਹਾਜ਼ ਹਾਦਸੇ ਦੌਰਾਨ ਮੌਤ ਹੋ ਗਈ ਸੀ। ਪਾਰਟੀ ਅਨੁਸਾਰ ਜਨਤਕ ਭਾਵਨਾਵਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਉਨ੍ਹਾਂ ਨੂੰ ਇਹ ਅਹਿਮ ਜ਼ਿੰਮੇਵਾਰੀ ਸੌਂਪੀ ਗਈ ਹੈ। ਸਹੁੰ ਚੁੱਕ ਸਮਾਗਮ ਦੌਰਾਨ ਮਹਾਰਾਸ਼ਟਰ ਦੇ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਅਤੇ ਦੂਜੇ ਉਪ ਮੁੱਖ ਮੰਤਰੀ ਏਕਨਾਥ ਸ਼ਿੰਦੇ ਸਮੇਤ ਐੱਨ.ਸੀ.ਪੀ. ਦੇ ਕਈ ਦਿੱਗਜ ਆਗੂ ਮੌਜੂਦ ਸਨ। ਹਾਲਾਂਕਿ, ਪਰਿਵਾਰਕ ਮੈਂਬਰ ਹੋਣ ਦੇ ਬਾਵਜੂਦ ਐੱਨ.ਸੀ.ਪੀ. ਦੇ ਸੰਸਥਾਪਕ ਸ਼ਰਦ ਪਵਾਰ ਅਤੇ ਸੁਪ੍ਰੀਆ ਸੁਲੇ ਇਸ ਸਮਾਗਮ ਵਿੱਚ ਸ਼ਾਮਲ ਨਹੀਂ ਹੋਏ। ਸਰੋਤਾਂ ਅਨੁਸਾਰ ਸ਼ਰਦ ਪਵਾਰ ਨੇ ਪਹਿਲਾਂ ਹੀ ਕਿਹਾ ਸੀ ਕਿ ਉਨ੍ਹਾਂ ਨੂੰ ਇਸ ਸਹੁੰ ਚੁੱਕ ਸਮਾਗਮ ਬਾਰੇ ਕੋਈ ਜਾਣਕਾਰੀ ਨਹੀਂ ਹੈ।

## ਸੰਧਵਾਂ ਨੇ ਬੰਦੀ ਸਿੰਘਾਂ ਦੀ ਰਿਹਾਈ ਤੇ ਪੰਜਾਬ

ਦਰਿਆਈ ਪਾਣੀਆਂ ਦੇ ਵਿਤਕਰੇ ਨੂੰ ਖ਼ਤਮ ਕਰਨ ਅਤੇ ਅੰਮ੍ਰਿਤਸਰ ਤੇ ਚੰਡੀਗੜ੍ਹ ਹਵਾਈ ਅੱਡਿਆਂ ਤੋਂ ਕੌਮਾਂਤਰੀ ਉਡਾਨਾਂ ਵਧਾਉਣ ਦੀ ਵੀ ਮੰਗ ਕੀਤੀ। ਖੇਤੀਬਾੜੀ ਨੂੰ ਹੁਲਾਰਾ ਦੇਣ ਲਈ ਉਨ੍ਹਾਂ ਨੇ ਮੱਧ ਪੂਰਬ ਦੇਸ਼ਾਂ ਨਾਲ ਸੜਕੀ ਵਪਾਰ ਸ਼ੁਰੂ ਕਰਨ ਦੀ ਤਜਵੀਜ਼ ਰੱਖੀ, ਤਾਂ ਜੋ ਪੰਜਾਬ ਦੇ ਕਿਸਾਨ ਆਪਣੇ ਉਤਪਾਦ ਸਿੱਧੇ ਕੌਮਾਂਤਰੀ ਮੰਡੀਆਂ ਵਿੱਚ ਵੇਚ ਸਕਣ। ਇਹ ਪੱਤਰ ਅਜਿਹੇ ਸਮੇਂ ਆਇਆ ਹੈ ਜਦੋਂ ਪੀ.ਐਮ. ਮੋਦੀ ਆਦਮਪੁਰ ਹਵਾਈ ਅੱਡੇ ਦਾ ਨਾਂ 'ਸ਼੍ਰੀ ਗੁਰੂ ਰਵਿਦਾਸ ਜੀ ਹਵਾਈ ਅੱਡਾ' ਰੱਖਣ ਅਤੇ ਹਲਵਾਰਾ ਟਰਮੀਨਲ ਦਾ ਉਦਘਾਟਨ ਕਰਨ ਆ ਰਹੇ ਹਨ।

## ਜੇਲ੍ਹ ਮੰਤਰੀ ਭੁੱਲਰ ਵੱਲੋਂ ਪਟਿਆਲਾ ਅਤੇ

ਅੰਡਰਟਰਾਇਲ ਕੈਦੀਆਂ ਨਾਲ ਸਿਖਲਾਈ ਗਤੀਵਿਧੀਆਂ ਬਾਰੇ ਗੱਲਬਾਤ ਕੀਤੀ।

ਦੌਰੇ ਦੌਰਾਨ, ਲਾਲਜੀਤ ਸਿੰਘ ਭੁੱਲਰ ਨੇ ਜੇਲ੍ਹ ਰਸੋਈ ਅਤੇ ਭੋਜਨ ਸਹੂਲਤਾਂ, ਮੁਫ਼ਤ ਕਾਨੂੰਨੀ ਸਹਾਇਤਾ, ਇਲਾਜ ਅਤੇ ਮੈਡੀਕਲ ਸਹੂਲਤਾਂ ਦਾ ਵੀ ਨਿਰੀਖਣ ਕੀਤਾ, ਕੈਦੀਆਂ ਨਾਲ ਉਨ੍ਹਾਂ ਦੀਆਂ ਰਹਿਣ-ਸਹਿਣ ਦੀਆਂ ਸਥਿਤੀਆਂ ਬਾਰੇ ਗੱਲਬਾਤ ਕਰਦਿਆਂ ਜੇਲ੍ਹ ਅਧਿਕਾਰੀਆਂ ਵੱਲੋਂ ਪ੍ਰਦਾਨ ਕੀਤੀਆਂ ਜਾਂਦੀਆਂ ਸਮੁੱਚੀਆਂ ਸੇਵਾਵਾਂ ਦਾ ਮੁਲਾਂਕਣ ਕੀਤਾ। ਜੇਲ੍ਹ ਮੰਤਰੀ ਨੇ ਸਹੂਲਤਾਂ ਅਤੇ ਭਲਾਈ ਉਪਾਵਾਂ ਦੀ ਸਮੀਖਿਆ ਕਰਨ ਲਈ ਜੇਲ੍ਹ ਵਿੱਚ ਮਹਿਲਾ ਵਾਰਡ ਦਾ ਵੀ ਦੌਰਾ ਕੀਤਾ। ਲਾਲਜੀਤ ਸਿੰਘ ਭੁੱਲਰ ਨੇ ਕੈਦੀਆਂ ਨੂੰ ਭਵਿੱਖ ਵਿੱਚ ਕਿਸੇ ਵੀ ਗਲਤ ਗਤੀਵਿਧੀਆਂ ਵਿੱਚ ਸ਼ਾਮਲ ਹੋਣ ਤੋਂ ਬਚਣ ਦੀ ਸਲਾਹ ਦਿੰਦਿਆਂ ਉਨ੍ਹਾਂ ਦੇ ਪੁਨਰਵਾਸ ਅਤੇ ਭਵਿੱਖ ਦੀ ਬਿਹਤਰ ਜ਼ਿੰਦਗੀ ਲਈ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਕੈਦੀਆਂ ਵਿੱਚ ਸਕਾਰਾਤਮਕ ਕਦਰਾਂ-ਕੀਮਤਾਂ ਪੈਦਾ ਕਰਨ ਲਈ ਲਗਾਤਾਰ ਕੰਮ ਕਰਦੇ ਹੋਏ, ਪੰਜਾਬ ਦੀਆਂ ਜੇਲ੍ਹਾਂ ਨੂੰ ਨਸ਼ਿਆਂ ਤੋਂ ਮੁਕਤ ਰੱਖਣ ਲਈ ਵਚਨਬੱਧ ਹੈ।

ਜੇਲ੍ਹ ਮੰਤਰੀ ਨੇ ਅਨੁਸ਼ਾਸਨ ਬਣਾਈ ਰੱਖਣ ਅਤੇ ਸੁਧਾਰਵਾਦੀ ਪਹਿਲਕਦਮੀਆਂ ਨੂੰ ਬਿਹਤਰ ਬਣਾਉਣ ਲਈ ਜੇਲ੍ਹ ਪ੍ਰਸ਼ਾਸਨ ਦੇ ਸਮਰਪਿਤ ਯਤਨਾਂ ਦੀ ਸ਼ਲਾਘਾ ਕੀਤੀ। ਵਾਪਸੀ ਦੌਰਾਨ ਜੇਲ੍ਹ ਮੰਤਰੀ ਨੇ ਮੁਲਾਕਾਤ ਖੇਤਰ ਵਿੱਚ ਕੈਦੀਆਂ ਦੇ ਰਿਸ਼ਤੇਦਾਰਾਂ ਨਾਲ ਗੱਲਬਾਤ ਕੀਤੀ ਅਤੇ ਮੁਲਾਕਾਤ ਪ੍ਰਕਿਰਿਆ ਬਾਰੇ ਮੁਲਾਕਾਤੀਆਂ ਤੋਂ ਫੀਡਬੈਕ ਵੀ ਹਾਸਲ ਕੀਤੀ।

ਕੇਂਦਰੀ ਜੇਲ੍ਹ ਦੇ ਸੁਪਰਡੈਂਟ ਗੁਰਚਰਨ ਸਿੰਘ ਧਾਲੀਵਾਲ ਅਤੇ ਨਾਭਾ ਜੇਲ੍ਹ ਸੁਪਰਡੈਂਟ ਇੰਦਰਜੀਤ ਸਿੰਘ ਕਾਹਲੋਂ ਨੇ ਜੇਲ੍ਹ ਮੰਤਰੀ ਨੂੰ ਪ੍ਰਸ਼ਾਸਨਿਕ ਉਪਾਵਾਂ, ਸੁਰੱਖਿਆ ਪ੍ਰੋਟੋਕੋਲ ਅਤੇ ਜੇਲ੍ਹ ਸੁਰੱਖਿਆ ਨੂੰ ਵਧਾਉਣ ਲਈ ਕੀਤੇ ਜਾ ਰਹੇ ਉਪਰਾਲਿਆਂ ਬਾਰੇ ਜਾਣਕਾਰੀ ਦਿੱਤੀ। ਇਸ ਦੌਰਾਨ ਵਧੀਕ ਸੁਪਰਡੈਂਟ ਅਰਪਨਜੋਤ ਸਿੰਘ ਰਹਿਲ, ਡਿਪਟੀ ਸੁਪਰਡੈਂਟ (ਫੈਕਟਰੀ) ਜੈਦੀਪ ਸਿੰਘ ਅਤੇ ਹੋਰ ਜੇਲ੍ਹ ਅਧਿਕਾਰੀ ਵੀ ਮੌਜੂਦ ਸਨ।

## ਪ੍ਰੀਕਰਮਾ 'ਚ ਪੁਲਿਸ ਦੀ ਕਾਰਵਾਈ ਨਿੰਦਣਯੋਗ : ਗਿ. ਰਘਬੀਰ ਸਿੰਘ

ਸੰਗਤ ਦੇ ਮਨਾਂ ਵਿੱਚ ਡਰ ਦਾ ਮਾਹੌਲ ਤੇ ਸਹਿਮ ਪੈਦਾ ਹੁੰਦਾ ਹੈ । ਉਨ੍ਹਾਂ ਕਿਹਾ ਕਿ ਮਰਿਆਦਾ ਨੂੰ ਧਿਆਨ ਵਿੱਚ ਰੱਖਦਿਆਂ ਪੁਲਿਸ ਦੀ ਇਹ ਕਾਰਵਾਈ ਨਿੰਦਣਯੋਗ ਹੈ । 328 ਪਾਵਨ ਸਰੂਪਾਂ ਦੇ ਮਾਮਲੇ ਵਿੱਚ ਸਿੱਟ ਵੱਲੋਂ ਸ਼੍ਰੋਮਣੀ ਕਮੇਟੀ ਮੁਲਾਜ਼ਮਾਂ ਤੋਂ ਕੀਤੀ ਜਾ ਰਹੀ ਪੁਛਗਿਛ ਤੇ ਗਿਆਨੀ ਰਘਬੀਰ ਸਿੰਘ ਨੇ ਕਿਹਾ ਕਿ ਇਸ ਮਾਮਲੇ ਵਿੱਚ ਦੁੱਧ ਦਾ ਦੁੱਧ ਤੇ ਪਾਣੀ ਦਾ ਪਾਣੀ ਹੋਣਾ ਜਰੂਰੀ ਹੈ। ਉਨ੍ਹਾਂ ਕਿਹਾ ਕਿ ਜੋ ਵੀ ਸੱਚ ਹੈ ਉਹ ਸੰਗਤ ਦੇ ਸਾਹਮਣੇ ਆਉਣਾ ਚਾਹੀਦਾ ਹੈ ਪਰ ਜਾਂਚ ਦੇ ਨਾਂ ਤੇ ਮੁਲਾਜ਼ਮਾਂ ਨੂੰ ਤੰਗ ਪਰੇਸ਼ਾਨ ਨਹੀਂ ਕਰਨਾ ਚਾਹੀਦਾ । ਉਨ੍ਹਾਂ ਕਿਹਾ ਕਿ ਜਦ ਕੀ ਸ਼੍ਰੋਮਣੀ ਕਮੇਟੀ ਮੁਲਾਜ਼ਮ ਅਤੇ ਸ਼੍ਰੋਮਣੀ ਕਮੇਟੀ ਇਸ ਮਾਮਲੇ ਵਿੱਚ ਪੂਰਨ ਤੌਰ ਤੇ ਸਹਿਯੋਗ ਦੇ ਰਹੀ ਹੈ ਅਤੇ ਸਿੱਟ ਨੂੰ ਵੀ ਮਨੁੱਖੀ ਕਦਰਾਂ ਕੀਮਤਾਂ ਦਾ ਦਾ ਧਿਆਨ ਰੱਖਣਾ ਚਾਹੀਦਾ ਹੈ।

## ਭਾਰਤ 'ਚ ਨਿਪਾਹ ਦੇ ਮਾਮਲੇ ਮਿਲਣ ਮਗਰੋਂ

ਮੁੱਖ ਤੌਰ 'ਤੇ ਚਮਗਿੱਦੜਾਂ ਤੋਂ ਇਨਸਾਨਾਂ ਵਿੱਚ ਫੈਲਦਾ ਹੈ। ਜੇਕਰ ਕੋਈ ਵਿਅਕਤੀ ਚਮਗਿੱਦੜਾਂ ਦੁਆਰਾ ਜੂਠੇ ਕੀਤੇ ਫਲ ਖਾਂਦਾ ਹੈ ਜਾਂ ਇਨਫੈਕਟਿਡ ਜਾਨਵਰਾਂ ਦੇ ਸੰਪਰਕ ਵਿੱਚ ਆਉਂਦਾ ਹੈ, ਤਾਂ ਉਹ ਇਸ ਦਾ ਸ਼ਿਕਾਰ ਹੋ ਸਕਦਾ ਹੈ। ਇਹ ਇਨਸਾਨ ਤੋਂ ਇਨਸਾਨ ਵਿੱਚ ਵੀ ਤੇਜ਼ੀ ਨਾਲ ਫੈਲ ਸਕਦਾ ਹੈ। ਡਾਕਟਰਾਂ ਮੁਤਾਬਕ ਨਿਪਾਹ ਵਾਇਰਸ ਕੋਰੋਨਾ ਨਾਲੋਂ ਵੀ ਕਿਤੇ ਜ਼ਿਆਦਾ ਖ਼ਤਰਨਾਕ ਹੈ ਕਿਉਂਕਿ ਇਸ ਦੀ ਮੌਤ ਦਰ ਬਹੁਤ ਜ਼ਿਆਦਾ ਹੈ।ਇਸ ਦੇ ਲੱਛਣ ਵਿੱਚ ਤੇਜ਼ ਬੁਖਾਰ, ਸਿਰ ਦਰਦ, ਸਾਹ ਲੈਣ ਵਿੱਚ ਤਕਲੀਫ਼ ਅਤੇ ਗੰਭੀਰ ਮਾਮਲਿਆਂ ਵਿੱਚ ਦਿਮਾਗੀ ਸੋਜ। ਕੋਈ ਇਲਾਜ ਨਹੀਂ, ਇਸ ਵਾਇਰਸ ਦਾ ਹਾਲੇ ਤੱਕ ਕੋਈ ਪੱਕਾ ਇਲਾਜ ਜਾਂ ਵੈਕਸੀਨ ਉਪਲਬਧ ਨਹੀਂ ਹੈ। ਕੇਂਦਰੀ ਸਿਹਤ ਮੰਤਰਾਲੇ ਨੇ ਦੱਸਿਆ ਕਿ ਪੱਛਮੀ ਬੰਗਾਲ ਵਿੱਚ ਦੋ ਨਰਸਾਂ ਇਸ ਵਾਇਰਸ ਦੀ ਲਪੇਟ ਵਿੱਚ ਆਈਆਂ ਸਨ। ਹਾਲਾਂਕਿ, ਰਾਹਤ ਦੀ ਖ਼ਬਰ ਇਹ ਹੈ ਕਿ ਦੋਵਾਂ ਦੀ ਸਿਹਤ ਵਿੱਚ ਸੁਧਾਰ ਹੋਇਆ ਹੈ ਅਤੇ ਉਨ੍ਹਾਂ ਦੀਆਂ ਰਿਪੋਰਟਾਂ ਹੁਣ ਨੈਗੇਟਿਵ ਆਈਆਂ ਹਨ। ਪ੍ਰਸ਼ਾਸਨ ਵਲੋਂ ਪ੍ਰਭਾਵਿਤ ਇਲਾਕਿਆਂ ਵਿੱਚ ਸਖ਼ਤ ਨਿਗਰਾਨੀ ਰੱਖੀ ਜਾ ਰਹੀ ਹੈ। ਭਾਰਤ ਵਿੱਚ ਮਾਮਲੇ ਸਾਹਮਣੇ ਆਉਣ ਤੋਂ ਬਾਅਦ ਦੱਖਣੀ ਅਫਰੀਕਾ ਦੇ ਸਿਹਤ ਵਿਭਾਗ ਦੇ ਬੁਲਾਰੇ ਫੋਸਟਰ ਮੋਹਾਲੇ ਨੇ ਕਿਹਾ ਕਿ ਉਹ 'ਨੈਸ਼ਨਲ ਇੰਸਟੀਚਿਊਟ ਫਾਰ ਕਮਿਊਨੀਕੇਬਲ ਡਿਜ਼ੀਜ ਦੇ ਨਾਲ ਮਿਲ ਕੇ ਸਥਿਤੀ 'ਤੇ ਨਜ਼ਰ ਰੱਖ ਰਹੇ ਹਨ। ਹਾਲਾਂਕਿ ਦੱਖਣੀ ਅਫਰੀਕਾ ਦੇ ਸਿਹਤ ਵਿਭਾਗ ਨੇ ਆਪਣੇ ਨਾਗਰਿਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਘਬਰਾਉਣ ਨਾ, ਕਿਉਂਕਿ ਦੇਸ਼ ਨੂੰ ਇਸ ਵਾਇਰਸ ਤੋਂ ਕੋਈ ਫੌਰੀ ਖ਼ਤਰਾ ਨਹੀਂ ਹੈ ਪਰ ਉਨ੍ਹਾਂ ਨੇ ਸਾਵਧਾਨੀ ਵਜੋਂ ਹਵਾਈ ਅੱਡਿਆਂ ਅਤੇ ਬੰਦਰਗਾਹਾਂ 'ਤੇ ਸਟਾਫ ਨੂੰ ਟ੍ਰੇਨਿੰਗ ਦੇਣੀ ਸ਼ੁਰੂ ਕਰ ਦਿੱਤੀ ਹੈ ਤਾਂ ਜੋ ਇਸ ਵਾਇਰਸ ਨੂੰ ਦੇਸ਼ ਵਿੱਚ ਦਾਖਲ ਹੋਣ ਤੋਂ ਰੋਕਿਆ ਜਾ ਸਕੇ।

## ਪੰਜਾਬ 'ਚ ਬਦਲ ਜਾਵੇਗਾ ਮੌਸਮ

ਗੁਰਦਾਸਪੁਰ, ਫਿਰੋਜ਼ਪੁਰ, ਤਰਨਤਾਰਨ ਅਤੇ ਫਾਜ਼ਿਲਕਾ ਵਿਚ ਮੀਂਹ ਪੈਣ ਦੀ ਸੰਭਾਵਨਾ ਘੱਟ ਹੈ। 31 ਜਨਵਰੀ ਦੀ ਰਾਤ ਤੋਂ 2 ਫਰਵਰੀ ਤੱਕ ਹੁਸ਼ਿਆਰਪੁਰ, ਕਪੂਰਥਲਾ, ਜਲੰਧਰ, ਸ਼ਹੀਦ ਭਗਤ ਸਿੰਘ ਨਗਰ, ਰੂਪਨਗਰ, ਲੁਧਿਆਣਾ, ਫਤਿਹਗੜ੍ਹ ਸਾਹਿਬ, ਸੰਗਰੂਰ, ਪਟਿਆਲਾ, ਮਾਨਸਾ ਅਤੇ ਬਠਿੰਡਾ ਵਿਚ ਮੀਂਹ ਪੈਣ ਦੀ ਸੰਭਾਵਨਾ ਹੈ। ਇਸ ਮੀਂਹ ਕਾਰਨ ਸਵੇਰ ਅਤੇ ਸ਼ਾਮ ਦੀ ਠੰਡ ਜ਼ਿਆਦਾ ਤੰਗ ਕਰ ਸਕਦੀ ਹੈ। ਉਂਝ ਦੁਪਹਿਰ ਸਮੇਂ ਨਿਕਲ ਰਹੀ ਤਿੱਖੀ ਧੁੱਪ ਕਾਰਨ ਲੋਕਾਂ ਨੂੰ ਠੰਡ ਤੋਂ ਕੁਝ ਰਾਹਤ ਮਿਲ ਰਹੀ ਹੈ ਪਰ ਸਵੇਰ ਅਤੇ ਸ਼ਾਮ ਨੂੰ ਕੜਾਕੇ ਦੀ ਠੰਡ ਕਾਰਨ ਬੱਚਿਆਂ ਅਤੇ ਬਜ਼ੁਰਗਾਂ ਨੂੰ ਵਧੇਰੇ ਸੁਚੇਤ ਰਹਿਣ ਦੀ ਸਲਾਹ ਦਿੱਤੀ ਗਈ ਹੈ।

## ਪੰਜਾਬ 'ਚ ਸੀਤ ਲਹਿਰ ਦਾ ਕਹਿਰ, ਫ਼ਰੀਦਕੋਟ

ਨਾਲ ਹੋਈ ਅਤੇ ਇੱਥੇ ਤਾਪਮਾਨ 7.7 ਡਿਗਰੀ ਸੈਲਸੀਅਸ ਰਿਹਾ। ਮੌਸਮ ਵਿਭਾਗ ਅਨੁਸਾਰ ਅੰਮ੍ਰਿਤਸਰ, ਲੁਧਿਆਣਾ, ਪਟਿਆਲਾ ਸਮੇਤ ਹਰਿਆਣਾ ਦੇ ਅੰਬਾਲਾ ਅਤੇ ਹਿਸਾਰ ਵਰਗੇ ਇਲਾਕਿਆਂ ਵਿੱਚ ਵੀ ਸੰਘਣੀ ਧੁੰਦ ਕਾਰਨ ਜਨਜੀਵਨ ਪ੍ਰਭਾਵਿਤ ਹੋਇਆ ਹੈ। ਪੰਜਾਬ ਦੇ ਹੋਰਨਾਂ ਸ਼ਹਿਰਾਂ ਵਿੱਚ ਵੀ ਪਾਰਾ ਕਾਫੀ ਹੇਠਾਂ ਡਿੱਗ ਗਿਆ ਹੈ; ਬਠਿੰਡਾ 4 ਡਿਗਰੀ, ਲੁਧਿਆਣਾ 5.4 ਡਿਗਰੀ ਅਤੇ ਪਟਿਆਲਾ 5.6 ਡਿਗਰੀ ਸੈਲਸੀਅਸ ਨਾਲ ਬੇਹੱਦ ਠੰਢੇ ਰਹੇ। ਹਰਿਆਣਾ ਦੀ ਗੱਲ ਕਰੀਏ ਤਾਂ ਕਰਨਾਲ 4.5 ਡਿਗਰੀ ਤਾਪਮਾਨ ਨਾਲ ਸਭ ਤੋਂ ਠੰਢਾ ਸਥਾਨ ਰਿਹਾ, ਜਦੋਂਕਿ ਹਿਸਾਰ ਵਿੱਚ 4.9 ਡਿਗਰੀ ਅਤੇ ਭਿਵਾਨੀ ਵਿੱਚ 5.5 ਡਿਗਰੀ ਤਾਪਮਾਨ ਦਰਜ ਕੀਤਾ ਗਿਆ। ਮੌਸਮ ਮਾਹਿਰਾਂ ਅਨੁਸਾਰ ਆਉਣ ਵਾਲੇ ਦਿਨਾਂ ਵਿੱਚ ਵੀ ਠੰਢ ਤੋਂ ਰਾਹਤ ਮਿਲਣ ਦੀ ਉਮੀਦ ਘੱਟ ਹੈ ਅਤੇ ਸੰਘਣੀ ਧੁੰਦ ਦਾ ਸਿਲਸਿਲਾ ਜਾਰੀ ਰਹਿ ਸਕਦਾ ਹੈ।

## ਦਿੱਲੀ 'ਚ ਰੂਹ ਕੰਬਾਊ ਵਾਰਦਾਤ

# ਸੌਤੇਲੇ ਪਿਓ ਨੇ 12 ਸਾਲਾ ਮਾਸੂਮ ਪੁੱਤ ਦਾ ਬੇਰਹਿਮੀ ਨਾਲ ਕੀਤਾ ਕਤਲ



ਨਵੀਂ ਦਿੱਲੀ, 31 ਜਨਵਰੀ (ਚ.ਨ.ਸ.) : ਉੱਤਰ-ਪੂਰਬੀ ਦਿੱਲੀ ਦੇ ਸ਼ਾਸਤਰੀ ਪਾਰਕ ਇਲਾਕੇ ਵਿੱਚ ਇੱਕ ਦਿਲ ਕੰਬਾਊ ਮਾਮਲਾ ਸਾਹਮਣੇ ਆਇਆ ਹੈ, ਜਿੱਥੇ ਇੱਕ 36 ਸਾਲਾ ਵਿਅਕਤੀ ਨੇ ਆਪਣੇ ਹੀ 12 ਸਾਲਾ ਸੌਤੇਲੇ ਪੁੱਤ ਦਾ ਕਤਲ ਕਰ ਦਿੱਤਾ। ਪੁਲਿਸ ਨੇ ਸ਼ਨੀਵਾਰ ਨੂੰ ਮੁਲਜ਼ਮ ਪਿਤਾ ਨੂੰ ਗ੍ਰਿਫ਼ਤਾਰ ਕਰਕੇ ਮਾਮਲੇ ਦੀ ਜਾਂਚ ਤੇਜ਼ ਕਰ ਦਿੱਤੀ ਹੈ।

**ਸਕੂਲੋਂ ਮੁੜਨ ਤੋਂ ਬਾਅਦ ਹੋਇਆ ਸੀ ਲਾਪਤਾ**

ਮ੍ਰਿਤਕ ਬੱਚਾ ਸੱਤਵੀਂ ਜਮਾਤ ਦਾ ਵਿਦਿਆਰਥੀ ਸੀ। ਜਾਣਕਾਰੀ ਅਨੁਸਾਰ, ਵੀਰਵਾਰ ਸ਼ਾਮ ਨੂੰ ਸਕੂਲੋਂ ਵਾਪਸ ਆਉਣ ਤੋਂ ਬਾਅਦ ਉਹ ਖੇਡਣ ਲਈ ਨਿਕਲਿਆ ਸੀ ਪਰ ਘਰ ਵਾਪਸ ਨਹੀਂ ਪਰਤਿਆ। ਪਰਿਵਾਰ ਵਾਲਿਆਂ ਨੇ ਸਾਰੀ ਰਾਤ ਉਸਦੀ ਭਾਲ ਕੀਤੀ, ਪਰ ਅਗਲੇ ਦਿਨ ਸ਼ੁੱਕਰਵਾਰ ਸਵੇਰੇ ਸ਼ਾਸਤਰੀ ਪਾਰਕ ਚੌਂਕ ਦੇ ਕੋਲੋਂ ਉਸਦੀ ਲਾਸ਼ ਬਰਾਮਦ ਹੋਈ।

**ਸਰੀਰ 'ਤੇ ਮਿਲੇ ਕਈ ਗੰਭੀਰ ਚੋਟਾਂ ਦੇ ਨਿਸ਼ਾਨ**

ਪੁਲਿਸ ਅਨੁਸਾਰ ਬੱਚੇ ਦੇ ਸਰੀਰ 'ਤੇ ਕਈ ਗੰਭੀਰ ਚੋਟਾਂ ਦੇ ਨਿਸ਼ਾਨ ਸਨ। ਉਸਦੇ ਸਿਰ ਅਤੇ ਅੱਖਾਂ 'ਤੇ ਜ਼ਖ਼ਮ ਸਨ ਅਤੇ ਉਸ ਨਾਲ ਬੁਰੀ ਤਰ੍ਹਾਂ ਕੁੱਟਮਾਰ ਕੀਤੇ ਜਾਣ ਦੇ ਸਬੂਤ ਮਿਲੇ ਹਨ। ਹਸਪਤਾਲ ਲਿਜਾਣ 'ਤੇ ਡਾਕਟਰਾਂ ਨੇ ਉਸਨੂੰ ਮ੍ਰਿਤਕ ਐਲਾਨ ਦਿੱਤਾ ਸੀ। ਪਰਿਵਾਰਕ ਕਲੇਸ਼ ਬਣਿਆ ਕਤਲ ਦਾ ਕਾਰਨ ਪੁਲਿਸ ਪੁੱਛਗਿੱਛ ਦੌਰਾਨ ਮੁਲਜ਼ਮ ਵਾਜਿਦ ਖਾਨ, ਜੋ ਕਿ ਈ-ਰਿਕਸ਼ਾ ਚਲਾਉਂਦਾ ਹੈ, ਨੇ ਖੁਲਾਸਾ ਕੀਤਾ ਕਿ ਉਸਦਾ ਆਪਣੀ ਪਤਨੀ (ਬੱਚੇ ਦੀ ਮਾਂ) ਨਾਲ ਪਿਛਲੇ ਕੁਝ ਸਮੇਂ ਤੋਂ ਝਗੜਾ ਚੱਲ ਰਿਹਾ ਸੀ,। ਰਿਸ਼ਤੇਦਾਰਾਂ ਅਨੁਸਾਰ ਮਹਿਲਾ ਨੇ 2020 ਵਿੱਚ ਆਪਣੇ ਪਹਿਲੇ ਪਤੀ ਦੀ ਮੌਤ ਤੋਂ ਬਾਅਦ ਖਾਨ ਨਾਲ ਵਿਆਹ ਕੀਤਾ ਸੀ। ਘਰ ਵਿੱਚ ਕਲੇਸ਼ ਉਦੋਂ ਵਧ ਗਿਆ ਜਦੋਂ ਮਹਿਲਾ ਦੇ ਪਹਿਲੇ ਵਿਆਹ ਤੋਂ ਹੋਏ ਪੁੱਤਰ ਹੋਸਟਲ ਤੋਂ ਵਾਪਸ ਆ ਗਏ ਸਨ।

# ਅਯੁੱਧਿਆ ਦੀ ਜੇਲ੍ਹ 'ਚ ਫਰਾਰ ਹੋ ਗਏ ਕੈਦੀ ! ਪ੍ਰਸ਼ਾਸਨ ਨੇ 3 ਅਧਿਕਾਰੀ ਕੀਤੇ ਮੁਅੱਤਲ

ਅਯੁੱਧਿਆ, 31 ਜਨਵਰੀ (ਚ.ਨ.ਸ.) : ਉੱਤਰ ਪ੍ਰਦੇਸ਼ ਦੀ ਅਯੁੱਧਿਆ ਜ਼ਿਲ੍ਹਾ ਜੇਲ੍ਹ ਵਿੱਚੋਂ ਦੋ ਵਿਚਾਰ ਅਧੀਨ ਕੈਦੀਆਂ ਦੇ ਫਰਾਰ ਹੋਣ ਦੀ ਘਟਨਾ ਤੋਂ ਬਾਅਦ ਪ੍ਰਸ਼ਾਸਨ ਨੇ ਸਖ਼ਤ ਰੁਖ ਅਖਤਿਆਰ ਕੀਤਾ ਹੈ। ਅਯੁੱਧਿਆ ਰੇਂਜ ਦੇ ਡਿਪਟੀ ਇੰਸਪੈਕਟਰ ਜਨਰਲ (ਜੇਲ੍ਹਾਂ) ਵੱਲੋਂ ਸੌਂਪੀ ਗਈ ਜਾਂਚ ਰਿਪੋਰਟ ਦੇ ਅਧਾਰ 'ਤੇ ਤਿੰਨ ਹੋਰ ਜੇਲ੍ਹ ਅਧਿਕਾਰੀਆਂ ਨੂੰ ਮੁਅੱਤਲ ਕਰ ਦਿੱਤਾ ਗਿਆ ਹੈ।ਇਹ ਮਾਮਲਾ 29 ਜਨਵਰੀ ਦੀ ਸਵੇਰ ਦਾ ਹੈ, ਜਦੋਂ ਸੁਲਤਾਨਪੁਰ ਜ਼ਿਲ੍ਹੇ ਦਾ ਸ਼ੇਰ ਅਲੀ ਅਤੇ ਅਮੇਠੀ ਦਾ ਗੋਲੂ ਅਗ੍ਰਹਰੀ ਜੇਲ੍ਹ ਦੀ ਇੱਕ ਉੱਚ-ਸੁਰੱਖਿਆ ਬੈਰਕ ਵਿੱਚੋਂ ਫਰਾਰ ਹੋ ਗਏ ਸਨ। ਇਸ ਦਾ ਪਤਾ ਸਵੇਰੇ 6:00 ਤੋਂ 6:30 ਵਜੇ ਦਰਮਿਆਨ ਹੋਈ ਰੋਜ਼ਾਨਾ ਗਿਣਤੀ ਵੇਲੇ ਲੱਗਿਆ। ਕੈਦੀਆਂ ਨੇ ਆਪਣੀ ਸੈੱਲ ਦੀ ਲੋਹੇ ਦੀ ਗਰਿੱਲ ਨੂੰ ਸਹਾਰਾ ਦੇਣ ਵਾਲੀਆਂ ਇੱਟਾਂ ਨੂੰ ਕੱਢ ਕੇ ਭੱਜਣ ਦਾ ਰਸਤਾ ਬਣਾਇਆ ਸੀ।ਤਾਜ਼ਾ ਕਾਰਵਾਈ ਤਹਿਤ ਡਿਪਟੀ ਜੇਲ੍ਹਰ ਰਾਜੂ ਉਰਫ਼ ਰਾਜਦੀਪ, ਹੈੱਡ ਜੇਲ੍ਹ ਵਾਰਡਰ ਪ੍ਰਭੂਨਾਥ ਕੁਮਾਰ ਅਤੇ ਜੇਲ੍ਹ ਵਾਰਡਰ ਦੀਪਕ ਕੁਮਾਰ ਪਾਂਡੇ ਨੂੰ ਮੁਅੱਤਲ ਕੀਤਾ ਗਿਆ ਹੈ।

# ਗਗਨਯਾਨ ਪ੍ਰੋਗਰਾਮ ਲਈ ਪਹਿਲੇ ਮਨੁੱਖ ਰਹਿਤ ਮਿਸ਼ਨ ਵੱਲ ਕੰਮ ਜਾਰੀ: ਇਸਰੋਮੁਖੀ

ਚੇਨਈ, 31 ਜਨਵਰੀ (ਚ.ਨ.ਸ.) : ਭਾਰਤੀ ਪੁਲਾੜ ਖੋਜ ਸੰਗਠਨ (ਇਸਰੋ) ਦੇ ਚੇਅਰਮੈਨ ਵੀ. ਨਾਰਾਇਣਨ ਨੇ ਕਿਹਾ ਹੈ ਕਿ ਇਸਰੋ 2027 'ਚ ਤੈਅ ਆਪਣੇ ਮਹੱਤਵਪੂਰਨ ਗਗਨਯਾਨ ਮਿਸ਼ਨ ਦੇ ਪਹਿਲੇ ਮਨੁੱਖ ਰਹਿਤ ਮਿਸ਼ਨ ਵੱਲ ਕੰਮ ਕਰ ਰਿਹਾ ਹੈ। ਗਗਨਯਾਨ ਮਿਸ਼ਨ ਭਾਰਤ ਦਾ ਪਹਿਲਾ ਮਨੁੱਖੀ ਪੁਲਾੜ ਉਡਾਣ ਪ੍ਰੋਗਰਾਮ ਹੈ, ਜਿਸ 'ਤੇ ਮੌਜੂਦਾ ਸਮੇਂ ਕੰਮ ਜਾਰੀ ਹੈ। ਇਸ ਦਾ ਮਕਸਦ ਤਿੰਨ ਮੈਂਬਰੀ ਦਲ ਨੂੰ ਤਿੰਨ ਦਿਨਾ ਪੁਲਾੜ ਮਿਸ਼ਨ 'ਤੇ ਭੇਜਣਾ ਅਤੇ ਉਨ੍ਹਾਂ ਨੂੰ ਸੁਰੱਖਿਅਤ ਰੂਪ ਨਾਲ ਧਰਤੀ 'ਤੇ ਵਾਪਸ ਲਿਆਉਣਾ ਹੈ। ਉਨ੍ਹਾਂ ਨੇ ਸ਼ੁੱਕਰਵਾਰ ਦੇਰ ਰਾਤ ਕਿਹਾ,"ਗਗਨਯਾਨ ਪ੍ਰੋਗਰਾਮ 2027 'ਚ ਸ਼ੁਰੂ ਕਰਨ ਦੀ ਯੋਜਨਾ ਹੈ। ਇਸ ਤੋਂ ਪਹਿਲਾਂ ਤਿੰਨ ਮਨੁੱਖ ਰਹਿਤ ਮਿਸ਼ਨਾਂ ਦੀ ਯੋਜਨਾ ਬਣਾਈ ਗਈ ਹੈ। ਅਸੀਂ ਪਹਿਲੇ ਮਨੁੱਖ ਰਹਿਤ ਮਿਸ਼ਨ ਵੱਲ ਕੰਮ ਕਰ ਰਹੇ ਹਾਂ।"ਨਾਰਾਇਣਨ ਨੇ ਇਕ ਪ੍ਰਸ਼ਨ ਦੇ ਉੱਤਰ 'ਚ ਕਿਹਾ ਕਿ ਮੌਜੂਦਾ ਸਮੇਂ ਵਿਗਿਆਨੀ ਇਸ ਮਿਸ਼ਨ ਦੀ ਸਫ਼ਲਤਾ ਲਈ ਕਈ ਪ੍ਰੀਖਣ ਕਰਨ 'ਚ ਲੱਗੇ ਹੋਏ ਹਨ। ਉਨ੍ਹਾਂ ਕਿਹਾ,"ਕਈ ਪ੍ਰੀਖਣ ਜਾਰੀ ਹਨ। ਤੁਸੀਂ ਜਾਣਦੇ ਹੋ ਕਿ ਪੁਲਾੜ ਯਾਤਰਾ ਦੀ ਸੁਰੱਖਿਆ ਬੇਹੱਦ ਮਹੱਤਵਪੂਰਨ ਹੈ। ਇਸ ਲਈ ਸਾਨੂੰ 100 ਫੀਸਦੀ ਅੰਕ ਪ੍ਰਾਪਤ ਕਰਨੇ ਹੋਣਗੇ।" ਨਾਰਾਇਣਨ ਨੇ ਕਿਹਾ,"ਸਾਡਾ ਟੀਚਾ (ਗਗਨਯਾਨ ਦੀ ਸਫ਼ਲਤਾ) ਹੈ। ਅਸੀਂ ਇਸ ਨੂੰ ਬਿਹਤਰੀਨ ਤਰੀਕੇ ਨਾਲ ਕਰਨਾ ਹੈ। ਸਾਨੂੰ ਇਸ ਨੂੰ ਬਿਹਤਰੀਨ ਤਰੀਕੇ ਨਾਲ ਕਰਨਾ ਹੈ। ਅਸੀਂ ਉਸੇ ਦਿਸ਼ਾ 'ਚ ਕੰਮ ਕਰ ਰਹੇ ਹਨ।" ਪੀਐੱਸਐੱਲਵੀ-ਸੀ62 ਮਿਸ਼ਨ ਬਾਰੇ ਉਨ੍ਹਾਂ ਕਿਹਾ ਕਿ ਵਿਗਿਆਨੀ ਮਿਸ਼ਨ 'ਚ ਹਰ ਚੀਜ਼ ਦਾ ਅਧਿਐਨ ਕਰ ਰਹੇ ਹਨ ਤਾਂ ਕਿ ਸਭ ਕੁਝ ਠੀਕ ਤਰੀਕੇ ਨਾਲ ਕੀਤਾ ਜਾ ਸਕੇ। 12 ਜਨਵਰੀ ਨੂੰ ਪ੍ਰੀਖਣ ਤੋਂ ਬਾਅਦ ਰਾਕੇਟ ਦੇ ਤੀਜੇ ਪੜਾਅ 'ਚ ਇਕ ਗੜਬੜੀ ਆ ਗਈ ਸੀ, ਜਿਸ ਤੋਂ ਬਾਅਦ ਵਿਗਿਆਨੀਆਂ ਨੇ ਮਿਸ਼ਨ ਦਾ ਵਿਸਤ੍ਰਿਤ ਵਿਸ਼ਲੇਸ਼ਣ ਸ਼ੁਰੂ ਕਰ ਦਿੱਤਾ ਹੈ।

## ਨਸ਼ੀਲੇ ਕਫ ਸਿਰਪ ਮਾਮਲਾ

# ਤਸਕਰੀ ਕਰਨ ਵਾਲਿਆਂ ਤੇ ਯੂ.ਪੀ. ਪੁਲਿਸ ਦਾ ਸ਼ਿਕੰਜਾ: 5.77 ਕਰੋੜ ਦੀ ਜਾਇਦਾਦ ਕੁਰਕ

ਨਵੀਂ ਦਿੱਲੀ, 31 ਜਨਵਰੀ (ਚ.ਨ.ਸ.) : ਉੱਤਰ ਪ੍ਰਦੇਸ਼ ਦੀ ਸੋਨਭੱਦਰ ਪੁਲਿਸ ਨੇ ਨਸ਼ੀਲੇ ਕਫ ਸਿਰਪ ਦੀ ਤਸਕਰੀ ਦੇ ਮਾਮਲੇ ਵਿੱਚ ਵੱਡੀ ਕਾਰਵਾਈ ਕਰਦਿਆਂ ਮੁੱਖ ਸਾਜ਼ਿਸ਼ਕਰਤਾ ਦੇ ਪਿਤਾ ਅਤੇ ਉਸਦੇ ਪਰਿਵਾਰ ਦੀ ਕਰੋੜਾਂ ਰੁਪਏ ਦੀ ਜਾਇਦਾਦ ਕੁਰਕ (ਜ਼ਬਤ) ਕਰ ਲਈ ਹੈ। ਪੁਲਿਸ ਨੇ ਸ਼ਨੀਵਾਰ ਨੂੰ ਵਾਰਾਨਸੀ ਵਿੱਚ 5 ਕਰੋੜ 77 ਲੱਖ ਰੁਪਏ ਤੋਂ ਵੱਧ ਦੀ ਚੱਲ-ਅਚੱਲ ਸੰਪਤੀ 'ਤੇ ਕਾਰਵਾਈ ਕੀਤੀ ਹੈ।

ਕਿਹੜੀਆਂ ਚੀਜ਼ਾਂ ਹੋਈਆਂ ਜ਼ਬਤ ? ਸੋਨਭੱਦਰ ਦੇ ਪੁਲਿਸ ਕਪਤਾਨ ਅਭਿਸ਼ੇਕ ਵਰਮਾ ਨੇ ਦੱਸਿਆ ਕਿ ਮੁਲਜ਼ਮ ਭੋਲਾ ਪ੍ਰਸਾਦ ਜਾਇਸਵਾਲ ਵਿਰੁੱਧ ਰਾਬਰਟਸਗੰਜ ਥਾਣੇ ਵਿੱਚ ਦਰਜ ਮਾਮਲੇ ਦੇ ਤਹਿਤ ਇਹ ਕਾਰਵਾਈ ਕੀਤੀ ਗਈ ਹੈ। ਜ਼ਬਤ ਕੀਤੀ ਗਈ ਸੰਪਤੀ ਵਿੱਚ ਸ਼ਾਮਲ ਹਨ:

ਵਾਰਾਨਸੀ ਦੇ ਮਡੌਲੀ, ਭਰਲਾਈ ਅਤੇ ਜਗਦੀਸ਼ਪੁਰ ਇਲਾਕਿਆਂ ਵਿੱਚ 4.55 ਕਰੋੜ ਰੁਪਏ ਦੀਆਂ 7 ਅਚੱਲ ਜਾਇਦਾਦਾਂ।

ਕਰੀਬ 51.16 ਲੱਖ ਰੁਪਏ ਦੀ ਕੀਮਤ ਦੇ 4 ਵਾਹਨ।

ਬੈਂਕ ਖਾਤਿਆਂ ਵਿੱਚ ਜਮ੍ਹਾਂ 70.99 ਲੱਖ ਰੁਪਏ ਦੀ ਨਕਦੀ। ਕੁਰਕ ਕੀਤੀ ਗਈ ਇਸ ਸਾਰੀ ਸੰਪਤੀ ਦੀ ਕੁੱਲ ਕੀਮਤ 5,77,17,990 ਰੁਪਏ ਦੱਸੀ ਗਈ ਹੈ। ਤਸਕਰੀ ਦੀ ਕਮਾਈ ਨਾਲ ਬਣਾਈ ਸੀ ਜਾਇਦਾਦ

ਪੁਲਿਸ ਅਨੁਸਾਰ ਭੋਲਾ ਜਾਇਸਵਾਲ, ਕਫ ਸਿਰਪ ਤਸਕਰੀ ਦੇ ਮੁੱਖ ਸਾਜ਼ਿਸ਼ਕਰਤਾ ਸ਼ੁਭਮ ਜਾਇਸਵਾਲ ਦਾ ਪਿਤਾ ਹੈ। ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਇਹ ਸਾਰੀਆਂ ਜਾਇਦਾਦਾਂ ਨਸ਼ੀਲੇ ਪਦਾਰਥਾਂ ਦੀ ਗੈਰ-ਕਾਨੂੰਨੀ ਤਸਕਰੀ ਰਾਹੀਂ ਕਮਾਏ ਗਏ ਪੈਸੇ ਨਾਲ ਖਰੀਦੀਆਂ ਗਈਆਂ ਸਨ। ਦੱਸਣਯੋਗ ਹੈ ਕਿ ਇਸ ਤੋਂ ਪਹਿਲਾਂ 23 ਜਨਵਰੀ ਨੂੰ ਵੀ ਪੁਲਿਸ ਨੇ ਭੋਲਾ ਜਾਇਸਵਾਲ ਦੀ ਵਾਰਾਨਸੀ ਸਥਿਤ ਲਗਭਗ 28.5 ਕਰੋੜ ਰੁਪਏ ਦੀ ਜਾਇਦਾਦ ਜ਼ਬਤ ਕੀਤੀ ਸੀ।

ਨਸ਼ਾ ਤਸਕਰਾਂ ਨੂੰ ਸਖ਼ਤ ਚੇਤਾਵਨੀ

ਐੱਸ.ਪੀ. ਅਭਿਸ਼ੇਕ ਵਰਮਾ ਨੇ ਕਿਹਾ ਕਿ ਨਸ਼ੀਲੇ ਪਦਾਰਥਾਂ ਦੀ ਤਸਕਰੀ ਅਤੇ ਇਸ ਰਾਹੀਂ ਬਣਾਈ ਗਈ ਨਜਾਇਜ਼ ਜਾਇਦਾਦ ਵਿਰੁੱਧ ਪੁਲਿਸ ਦੀ ਇਹ ਮੁਹਿੰਮ ਲਗਾਤਾਰ ਜਾਰੀ ਰਹੇਗੀ। ਉਨ੍ਹਾਂ ਸਪੱਸ਼ਟ ਕੀਤਾ ਕਿ ਅਜਿਹੇ ਅਪਰਾਧਾਂ ਵਿੱਚ ਸ਼ਾਮਲ ਕਿਸੇ ਵੀ ਵਿਅਕਤੀ ਨੂੰ ਬਖਸ਼ਿਆ ਨਹੀਂ ਜਾਵੇਗਾ ਅਤੇ ਆਉਣ ਵਾਲੇ ਸਮੇਂ ਵਿੱਚ ਹੋਰ ਵੀ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

# ਅੱਜ ਪੂਰਾ ਭਾਰਤ ਰਹੇਗਾ ਬੰਦ !

ਇੰਦੌਰ,, 31 ਜਨਵਰੀ (ਚ.ਨ.ਸ.) : ਯੀ.ਜੀ.ਸੀ. ਵਲੋਂ ਜਾਰੀ ਨਵੀਂ ਗਾਈਡਲਾਈਨਜ਼ ਦੇ ਵਿਰੋਧ ਵਿੱਚ ਦੇਸ਼ ਭਰ ਵਿੱਚ ਬਹਿਸ ਤੇਜ ਹੋ ਗਈ ਹੈ। ਖਾਸ ਤੌਰ ਉੱਤੇ ਜਨਰਲ ਕੈਟਗਰੀ ਨਾਲ ਜੁੜੇ ਲੋਕ ਇਨ੍ਹਾਂ ਨਿਯਮਾਂ ਖਿਲਾਫ ਸੜਕਾਂ ਉੱਤੇ ਉਤਰ ਆਏ ਹਨ। ਦੇਸ਼ ਦੀਆਂ ਕਈਆਂ ਥਾਵਾਂ ਉੱਤੇ ਵਿਰੋਧ ਪ੍ਰਦਰਸ਼ਨ ਹੋ ਰਹੇ ਹਨ । ਇਸੇ ਵਿਚਾਲੇ ਯੂਨੀਵਰਸਿਟੀ ਗ੍ਰਾਂਟਸ ਕਮਿਸ਼ਨ ਦੀਆਂ ਇਨ੍ਹਾਂ ਨਵੀਂਆਂ ਗਾਈਡਲਾਈਨਜ਼ ਦੇ ਵਿਰੋਧ ਵਿੱਚ ਕਰਣੀ ਸੇਨਾ ਨੇ ਵੱਡਾ ਮੋਰਚਾ ਖੋਲ੍ਹਦਿਆਂ 1 ਫਰਵਰੀ ਨੂੰ 'ਭਾਰਤ ਬੰਦ' ਦਾ ਸੱਦਾ ਦਿੱਤਾ ਹੈ। ਜਿਸ ਕਾਰਨ ਸਥਿਤੀ ਕੁਝ ਤਨਾਅਪੂਰਨ ਹੋ ਸਕਦੀ ਹੈ। ਕੇਂਦਰ ਸਰਕਾਰ ਵੀ ਇਸ ਮਾਮਲੇ ਵਿੱਚ ਹੁਣ ਛੇਤੀ ਹੀ ਸਥਿਤੀ ਸਪੱਸ਼ਟ ਕਰਨ ਦੀ ਤਿਆਰੀ ਕਰ ਰਹੀ ਹੈ ਤਾਂ ਜੋ ਲੋਕਾਂ ਵਿੱਚ ਫੈਲ ਰਹੀਆਂ ਗਲਤਫਹਿਮੀਆਂ ਨੂੰ ਦੂਰ ਕੀਤਾ ਜਾ ਸਕੇ। ਬੀਤੇ ਦਿਨੀਂ ਮੱਧ ਪ੍ਰਦੇਸ਼ ਦੇ ਇੰਦੌਰ ਵਿੱਚ ਕਰਣੀ ਸੇਨਾ ਦੇ ਕਾਰਕੁਨ ਵੱਡੀ ਗਿਣਤੀ ਵਿੱਚ ਸੜਕਾਂ 'ਤੇ ਉਤਰ ਆਏ ਅਤੇ ਕੇਂਦਰ ਸਰਕਾਰ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ।

ਰੋਜ਼ਾਨਾ ਚੜ੍ਹਦੀਕਲਾ
## ਸਿਹਤ ਖ਼ਬਰਨਾਮਾ

# ਸਿਹਤਮੰਦ ਸਰੀਰ ਲਈ ਵਿਟਾਮਿਨ ਅਤੇ ਖਣਿਜ ਜ਼ਰੂਰੀ

ਲੰਬੇ ਸਮੇਂ ਤੱਕ ਸਿਹਤਮੰਦ ਸਰੀਰ, ਵਾਲਾਂ ਅਤੇ ਚਮੜੀ ਨੂੰ ਬਣਾਈ ਰੱਖਣ ਲਈ, ਤੁਹਾਨੂੰ ਕਈ ਤਰ੍ਹਾਂ ਦੇ ਪੌਸ਼ਟਿਕ ਤੱਤਾਂ ਦਾ ਸੇਵਨ ਕਰਨ ਦੀ ਲੋੜ ਹੁੰਦੀ ਹੈ। ਸਿਹਤਮੰਦ ਸਰੀਰ ਨੂੰ ਬਣਾਈ ਰੱਖਣ ਲਈ ਵਿਟਾਮਿਨ ਅਤੇ ਖਣਿਜ ਜ਼ਰੂਰੀ ਹਨ। ਸਾਡੇ ਸਰੀਰ ਵੀ



ਪਾਣੀ ਅਤੇ ਵੱਖ-ਵੱਖ ਖਣਿਜਾਂ ਤੋਂ ਬਣੇ ਹੁੰਦੇ ਹਨ। ਸਰੀਰ ਵਿੱਚ ਆਇਰਨ, ਜ਼ਿੰਕ, ਤਾਂਬਾ, ਮੈਂਗਨੀਜ਼ ਅਤੇ ਸੇਲੇਨੀਅਮ ਵਰਗੇ ਟਰੇਸ ਖਣਿਜ ਪਾਏ ਜਾਂਦੇ ਹਨ, ਜੋ ਸਰੀਰ ਲਈ ਬਹੁਤ ਫਾਇਦੇਮੰਦ ਹੁੰਦੇ ਹਨ। ਜ਼ਿੰਕ ਦੀ ਕਮੀ ਕਈ ਤਰ੍ਹਾਂ ਦੀਆਂ ਸਮੱਸਿਆਵਾਂ ਦਾ ਕਾਰਨ ਬਣ ਸਕਦੀ ਹੈ।

**ਜ਼ਿੰਕ ਦੀ ਕਮੀ ਦਾ ਕਾਰਨ ਕੀ ਹੈ** : ਜ਼ਿੰਕ ਇੱਕ ਖਣਿਜ ਹੈ ਜਿਸਦੀ ਸਰੀਰ ਨੂੰ ਬਹੁਤ ਘੱਟ ਮਾਤਰਾ ਵਿੱਚ ਲੋੜ ਹੁੰਦੀ ਹੈ। ਹਾਲਾਂਕਿ, ਜੇਕਰ ਸਰੀਰ ਵਿੱਚ ਲੋੜੀਂਦੀ ਜ਼ਿੰਕ ਦੀ ਘਾਟ ਹੈ, ਤਾਂ ਇਹ ਪਾਚਨ, ਚਮੜੀ, ਵਾਲਾਂ, ਹਾਰਮੋਨਸ, ਭੁੱਖ ਘੱਟਣ ਅਤੇ ਪ੍ਰਤੀਰੋਧਕ ਸ਼ਕਤੀ ਨੂੰ ਪ੍ਰਭਾਵਿਤ ਕਰ ਸਕਦਾ ਹੈ।ਜ਼ਿੰਕ ਸਰੀਰ ਵਿੱਚ 300 ਤੋਂ ਵੱਧ ਪਾਚਕ ਤੱਤਾਂ ਨੂੰ ਸਰਗਰਮ ਕਰਦਾ ਹੈ ਅਤੇ ਸਰੀਰ ਦੇ ਸੈੱਲਾਂ ਨੂੰ ਸਹੀ ਢੰਗ ਨਾਲ ਬਣਾਉਣ ਵਿੱਚ ਮਦਦ ਕਰਦਾ ਹੈ।ਜ਼ਿੰਕ ਦੀ ਕਮੀ ਕਾਰਨ ਅਕਸਰ ਬੁਖਾਰ, ਚਮੜੀ ਦੀ ਐਲਰਜੀ, ਜ਼ਖ਼ਮ ਦਾ ਹੌਲੀ-ਹੌਲੀ ਠੀਕ ਹੋਣਾ, ਛੋਟੇ-ਛੋਟੇ ਕੰਮਾਂ ਨਾਲ ਵੀ ਥਕਾਵਟ, ਵਾਲ ਝੜਨਾ ਅਤੇ ਸਮੇਂ ਤੋਂ ਪਹਿਲਾਂ ਸਫੈਦ ਹੋਣਾ ਵਰਗੇ ਲੱਛਣ ਹੋ ਸਕਦੇ ਹਨ।

**ਜ਼ਿੰਕ ਦੇ ਮੁੱਖ ਸਰੋਤ**: ਇਸ ਜ਼ਿੰਕ ਦੀ ਕਮੀ ਨੂੰ ਦੂਰ ਕਰਨ ਲਈ ਤੁਸੀਂ ਕੁਝ ਖਾਸ ਭੋਜਨ ਖਾ ਸਕਦੇ ਹੋ। ਜ਼ਿੰਕ ਸ਼ਾਕਾਹਾਰੀ ਅਤੇ ਮਾਸਾਹਾਰੀ ਦੋਵਾਂ ਭੋਜਨਾਂ ਵਿੱਚ ਪਾਇਆ ਜਾਂਦਾ ਹੈ। ਔਰਤਾਂ ਨੂੰ ਰੋਜ਼ਾਨਾ 8 ਮਿਲੀਗ੍ਰਾਮ ਜ਼ਿੰਕ ਦੀ ਲੋੜ ਹੁੰਦੀ ਹੈ, ਅਤੇ ਮਰਦਾਂ ਨੂੰ 11 ਮਿਲੀਗ੍ਰਾਮ ਦੀ ਲੋੜ ਹੁੰਦੀ ਹੈ। ਜੇਕਰ ਸੰਜਮ ਵਿੱਚ ਖਾਧਾ ਜਾਵੇ, ਤਾਂ ਰੋਜ਼ਾਨਾ ਜ਼ਿੰਕ ਦੀ ਲੋੜ ਪੂਰੀ ਕੀਤੀ ਜਾ ਸਕਦੀ ਹੈ। 100 ਗ੍ਰਾਮ ਮਾਸ ਵਿੱਚ 5 ਮਿਲੀਗ੍ਰਾਮ ਜ਼ਿੰਕ ਹੁੰਦਾ ਹੈ, ਜਦੋਂ ਕਿ 100 ਗ੍ਰਾਮ ਕੇਕੜਾ 6 ਮਿਲੀਗ੍ਰਾਮ ਪ੍ਰਦਾਨ ਕਰਦਾ ਹੈ।

ਇਸ ਤੋਂ ਇਲਾਵਾ, 30 ਗ੍ਰਾਮ ਕੱਦੂ ਦੇ ਬੀਜਾਂ ਵਿੱਚ 2 ਮਿਲੀਗ੍ਰਾਮ ਜ਼ਿੰਕ ਹੁੰਦਾ ਹੈ। ਅੰਡੇ ਵਿੱਚ 1.2 ਮਿਲੀਗ੍ਰਾਮ ਹੁੰਦਾ ਹੈ, ਅਤੇ ਇੱਕ ਕੱਪ ਦੁੱਧ ਵਿੱਚ 1 ਮਿਲੀਗ੍ਰਾਮ ਮਿਲਦਾ ਹੈ। ਕਾਜੂ ਵੀ ਜ਼ਿੰਕ ਵਿੱਚ ਕਾਫ਼ੀ ਭਰਪੂਰ ਹੁੰਦੇ ਹਨ। 100 ਗ੍ਰਾਮ ਕਾਜੂ ਵਿੱਚ ਲਗਭਗ 5 ਤੋਂ 7 ਮਿਲੀਗ੍ਰਾਮ ਜ਼ਿੰਕ ਹੁੰਦਾ ਹੈ। ਇਨ੍ਹਾਂ ਦੀ ਮਾਤਰਾ ਵਧਾ ਕੇ, ਰੋਜ਼ਾਨਾ ਜ਼ਿੰਕ ਦੀ ਲੋੜ ਨੂੰ ਪੂਰਾ ਕੀਤਾ ਜਾ ਸਕਦਾ ਹੈ।

# ਹੁਣ ਕਿਸਾਨਾਂ ਦੀਆਂ ਫਸਲਾਂ ਨਾਲ ਛੇੜਛਾੜ ਕਰਨ ਵਾਲਿਆਂ ਦੋਸ਼ੀਆਂ ਨੂੰ ਬਖਸ਼ਿਆ ਨਹੀਂ ਜਾਵੇਗਾ: ਸ਼ਿਵਰਾਜ ਸਿੰਘ ਚੌਹਾਨ



ਨਵੀਂ ਦਿੱਲੀ, 31 ਜਨਵਰੀ (ਚ.ਨ.ਸ.): ਕਿਸਾਨ ਦੀ ਮਿਹਨਤ, ਉਸ ਦੀਆਂ ਫਸਲਾਂ ਅਤੇ ਉਸ ਦੇ ਭਵਿੱਖ ਨਾਲ ਛੇੜਛਾੜ ਹੁਣ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਕੇਂਦਰ ਸਰਕਾਰ ਨੇ ਨਕਲੀ ਬੀਜਾਂ, ਨਕਲੀ ਖਾਦਾਂ ਅਤੇ ਨਕਲੀ ਕੀਟਨਾਸ਼ਕਾਂ ਰਾਹੀਂ ਕਿਸਾਨਾਂ ਨੂੰ ਨੁਕਸਾਨ ਪਹੁੰਚਾਉਣ ਵਾਲਿਆਂ ਵਿਰੁੱਧ ਫੈਸਲਾਕੁੰਨ, ਸਖ਼ਤ ਅਤੇ ਦੰਡਕਾਰੀ ਕਾਰਵਾਈ ਦੇ ਰਾਹ @ਤੇ ਚੱਲ ਪਈ ਹੈ। ਕਿਸਾਨਾਂ ਨੂੰ ਇੱਕ ਮਜ਼ਬੂਤ ? ?ਕਾਨੂੰਨੀ ਢਾਲ ਪ੍ਰਦਾਨ ਕਰਨ ਲਈ ਜਲਦੀ ਹੀ ਸੰਸਦ ਵਿੱਚ ਨਵੇਂ ਖੇਤੀਬਾੜੀ ਕਾਨੂੰਨ ਪੇਸ਼ ਕੀਤੇ ਜਾਣਗੇ। ਇਹ ਸਪੱਸ਼ਟ ਅਤੇ ਸਖ਼ਤ ਨੀਤੀਗਤ ਸੰਦੇਸ਼ ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼੍ਰੀ ਸ਼ਿਵਰਾਜ ਸਿੰਘ ਚੌਹਾਨ ਨੇ ਛੱਤੀਸਗੜ੍ਹ ਦੇ ਆਪਣੇ ਇੱਕ ਦਿਨ ਦੇ ਦੌਰੇ ਦੌਰਾਨ ਦਿੱਤਾ।

ਕੇਂਦਰੀ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ, ਕੇਂਦਰ ਸਰਕਾਰ ਦੀ ਪ੍ਰਮੁੱਖ ਤਰਜੀਹ ਕਿਸਾਨ ਅਤੇ ਉਨ੍ਹਾਂ ਦਾ ਸਰਵਪੱਖੀ ਵਿਕਾਸ ਹੈ। ਉਨ੍ਹਾਂ ਸਪੱਸ਼ਟ ਤੌਰ @ਤੇ ਕਿਹਾ ਕਿ ਕੁਝ ਸਮਾਜ ਵਿਰੋਧੀ ਤੱਤ ਨਕਲੀ ਖੇਤੀਬਾੜੀ ਲਾਗਤਾਂ ਰਾਹੀਂ ਕਿਸਾਨਾਂ ਦੀਆਂ ਫਸਲਾਂ ਨੂੰ ਤਬਾਹ ਕਰ ਰਹੇ ਹਨ, ਜੋ ਕਿ ਨਾ ਸਿਰਫ ਇੱਕ ਆਰਥਿਕ ਅਪਰਾਧ ਹੈ ਬਲਕਿ ਕਿਸਾਨਾਂ ਨਾਲ ਸਿੱਧਾ ਵਿਸ਼ਵਾਸਘਾਤ ਵੀ ਹੈ। ਅਜਿਹੇ ਵਿਅਕਤੀਆਂ ਵਿਰੁੱਧ ਕਾਨੂੰਨ ਤਹਿਤ ਸਖ਼ਤ ਕਾਰਵਾਈ ਕੀਤੀ ਜਾਵੇਗੀ। ਕੇਂਦਰੀ ਮੰਤਰੀ ਨੇ ਆਪਣੇ ਦੌਰੇ ਦੀ ਸ਼ੁਰੂਆਤ ਵਿੱਚ ਖੇਤਾਂ ਦਾ ਦੌਰਾ ਕੀਤਾ

ਆਪਣੇ ਦੌਰੇ ਦੀ ਸ਼ੁਰੂਆਤ ਵਿੱਚ, ਕੇਂਦਰੀ ਖੇਤੀਬਾੜੀ ਮੰਤਰੀ ਸ਼੍ਰੀ ਚੌਹਾਨ ਨੇ ਦੁਰਗ ਜ਼ਿਲ੍ਹੇ ਦੇ ਗਿਰਹੋਲਾ ਅਤੇ ਖਾਪਰੀ ਪਿੰਡਾਂ ਦਾ ਦੌਰਾ ਕੀਤਾ, ਜਿੱਥੇ ਉਨ੍ਹਾਂ ਨੇ ਖੇਤਾਂ ਦਾ ਦੌਰਾ ਕੀਤਾ ਅਤੇ ਕਿਸਾਨਾਂ ਨਾਲ ਸਿੱਧਾ ਗੱਲਬਾਤ ਕੀਤੀ। ਇਸ ਦੌਰੇ ਦੌਰਾਨ, ਉਨ੍ਹਾਂ ਨੇ ਨਰਸਰੀਆਂ, ਖੇਤਾਂ ਅਤੇ ਖੇਤਾਂ ਦਾ ਨਿਰੀਖਣ ਕੀਤਾ, ਫਸਲੀ ਚੱਕਰ, ਬਾਗਬਾਨੀ, ਸਿੰਚਾਈ ਪ੍ਰਣਾਲੀਆਂ, ਬੀਜ ਉਤਪਾਦਨ ਅਤੇ ਆਧੁਨਿਕ ਖੇਤੀਬਾੜੀ ਤਕਨੀਕਾਂ ਬਾਰੇ ਜਾਣਕਾਰੀ ਇਕੱਠੀ ਕੀਤੀ।ਕੇਂਦਰੀ ਖੇਤੀਬਾੜੀ ਮੰਤਰੀ ਨੇ ਫਿਰ ਖਾਪੜੀ ਪਿੰਡ ਵਿੱਚ ਅਨਿਲ ਖੇਤੀਬਾੜੀ ਫਾਰਮ ਦਾ ਦੌਰਾ ਕੀਤਾ, ਜਿੱਥੇ ਉਨ੍ਹਾਂ ਨੇ ਖੇਤਾਂ ਦਾ ਨਿਰੀਖਣ ਕੀਤਾ ਅਤੇ ਕਿਸਾਨਾਂ ਨਾਲ ਗੱਲਬਾਤ ਕੀਤੀ। ਕਿਸਾਨ ਚੌਪਾਲ ਸਮਾਗਮ ਦੌਰਾਨ, ਉਨ੍ਹਾਂ ਨੇ ਪ੍ਰਗਤੀਸ਼ੀਲ ਕਿਸਾਨਾਂ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਛੱਤੀਸਗੜ੍ਹ ਦੇ ਕਿਸਾਨ ਰਵਾਇਤੀ ਖੇਤੀ ਦੇ ਨਾਲ-ਨਾਲ ਆਧੁਨਿਕ ਤਕਨੀਕਾਂ ਨੂੰ ਤੇਜ਼ੀ ਨਾਲ ਅਪਣਾ ਰਹੇ ਹਨ, ਜੋ ਕਿ ਪੂਰੇ ਦੇਸ਼ ਲਈ ਪ੍ਰੇਰਨਾਦਾਇਕ ਹੈ।

ਕਿਸਾਨਾਂ ਨਾਲ ਗੱਲਬਾਤ ਕਰਦੇ ਹੋਏ, ਸ਼੍ਰੀ ਚੌਹਾਨ ਨੇ ਕਿਹਾ ਕਿ ਰਵਾਇਤੀ ਝੋਨੇ ਦੀ ਕਾਸ਼ਤ ਦੇ ਨਾਲ-ਨਾਲ ਬਾਗਬਾਨੀ, ਸਬਜ਼ੀਆਂ ਦੇ ਉਤਪਾਦਨ ਅਤੇ ਵਿਭਿੰਨ ਖੇਤੀ ਨੂੰ ਅਪਣਾਉਣ ਨਾਲ ਕਿਸਾਨਾਂ ਦੀ ਆਮਦਨ ਵਿੱਚ ਕਾਫ਼ੀ ਵਾਧਾ ਹੋ ਰਿਹਾ ਹੈ। ਕਿਸਾਨਾਂ ਨੇ ਝੋਨੇ ਨਾਲੋਂ ਬਾਗਬਾਨੀ ਫਸਲਾਂ ਤੋਂ ਵਧੇਰੇ ਮੁਨਾਫ਼ਾ ਹੋਣ ਦੀ ਰਿਪੋਰਟ ਵੀ ਕੀਤੀ। ਕੇਂਦਰੀ ਮੰਤਰੀ ਨੇ ਫਸਲੀ ਵਿਭਿੰਨਤਾ ਨੂੰ ਸਮੇਂ ਦੀ ਲੋੜ ਦੱਸਦਿਆਂ, ਹੋਰ ਕਿਸਾਨਾਂ ਨੂੰ ਇਸ ਦਿਸ਼ਾ ਵਿੱਚ ਅੱਗੇ ਵਧਣ ਲਈ ਉਤਸ਼ਾਹਿਤ ਕੀਤਾ। ਕੇਂਦਰ ਸਰਕਾਰ ਦੀਆਂ ਮੁੱਖ ਖੇਤੀਬਾੜੀ ਯੋਜਨਾਵਾਂ ਬਾਰੇ ਕਿਸਾਨਾਂ ਨੂੰ ਜਾਣਕਾਰੀ ਦਿੰਦੇ ਹੋਏ, ਕੇਂਦਰੀ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ ਰਾਹੀਂ ਛੋਟੇ ਅਤੇ ਸੀਮਾਂਤ ਕਿਸਾਨਾਂ ਨੂੰ ਸਿੱਧੇ ਲਾਭ ਟ੍ਰਾਂਸਫਰ ਪ੍ਰਦਾਨ ਕੀਤੇ ਜਾ ਰਹੇ ਹਨ। ਪ੍ਰਧਾਨ ਮੰਤਰੀ ਫਸਲ ਬੀਮਾ ਯੋਜਨਾ ਤਹਿਤ ਫਸਲਾਂ ਨੂੰ ਕੁਦਰਤੀ ਆਫ਼ਤਾਂ ਤੋਂ ਬਚਾਇਆ ਜਾ ਰਿਹਾ ਹੈ। ਰਾਸ਼ਟਰੀ ਕ੍ਰਿਸ਼ੀ ਵਿਕਾਸ ਯੋਜਨਾ ਰਾਹੀਂ ਖੇਤੀਬਾੜੀ ਨਵੀਨਤਾ ਅਤੇ ਉਤਪਾਦਨ ਵਾਧੇ ਨੂੰ ਉਤਸ਼ਾਹਿਤ ਕੀਤਾ ਜਾ ਰਿਹਾ ਹੈ। ਡਿਜੀਟਲ ਖੇਤੀਬਾੜੀ ਮਿਸ਼ਨ ਅਤੇ ਡਰੋਨ ਤਕਨਾਲੋਜੀ ਰਾਹੀਂ ਫਸਲਾਂ ਦੀ ਨਿਗਰਾਨੀ, ਕੀਟਨਾਸ਼ਕ ਛਿੜਕਾਅ ਅਤੇ ਲਾਗਤ ਘਟਾਉਣ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ।

ਉਨ੍ਹਾਂ ਨੇ ਕੁਦਰਤੀ ਖੇਤੀ, ਸੂਖਮ-ਸਿੰਚਾਈ ਅਤੇ ਪਾਣੀ ਸੰਭਾਲ-ਅਧਾਰਤ ਖੇਤੀਬਾੜੀ ਨੂੰ ਖੇਤੀਬਾੜੀ ਦਾ ਭਵਿੱਖ ਦੱਸਿਆ ਅਤੇ ਕਿਸਾਨਾਂ ਨੂੰ ਇਨ੍ਹਾਂ ਯੋਜਨਾਵਾਂ ਵਿੱਚ ਵੱਧ ਤੋਂ ਵੱਧ ਹਿੱਸਾ ਲੈਣ ਦੀ ਅਪੀਲ ਕੀਤੀ। ਖੇਤੀਬਾੜੀ ਤੋਂ ਇਲਾਵਾ, ਕੇਂਦਰੀ ਮੰਤਰੀ ਨੇ ਪੇਂਡੂ ਵਿਕਾਸ ਯੋਜਨਾਵਾਂ 'ਤੇ ਵੀ ਵਿਸ਼ੇਸ਼ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਆਵਾਸ ਯੋਜਨਾ (ਗ੍ਰਾਮੀਣ), ਪ੍ਰਧਾਨ ਮੰਤਰੀ ਗ੍ਰਾਮ ਸੜਕ ਯੋਜਨਾ, ਅਤੇ ਰਾਸ਼ਟਰੀ ਪੇਂਡੂ ਆਜੀਵਿਕਾ ਮਿਸ਼ਨ ਰਾਹੀਂ, ਪੇਂਡੂ ਬੁਨਿਆਦੀ ਢਾਂਚਾ, ਸੰਪਰਕ, ਰੁਜ਼ਗਾਰ ਅਤੇ ਸਵੈ-ਨਿਰਭਰਤਾ ਨੂੰ ਮਜ਼ਬੂਤ ਕੀਤਾ ਜਾ ਰਿਹਾ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪੇਂਡੂ ਵਿਕਾਸ ਸਿਰਫ਼ ਇਮਾਰਤਾਂ ਅਤੇ ਸੜਕਾਂ ਤੱਕ ਸੀਮਤ ਨਹੀਂ ਹੈ, ਸਗੋਂ ਇਹ ਇੱਕ ਸਨਮਾਨਜਨਕ ਜੀਵਨ ਅਤੇ ਰੋਜ਼ੀ-ਰੋਟੀ ਨਾਲ ਵੀ ਜੁੜਿਆ ਹੋਇਆ ਹੈ।

ਖੇਤੀਬਾੜੀ ਮੰਤਰੀ ਸ਼੍ਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਕਿ ਕੇਂਦਰ ਸਰਕਾਰ ਖੇਤੀਬਾੜੀ ਨੂੰ ਲਾਭਦਾਇਕ ਬਣਾਉਣ ਅਤੇ ਛੱਤੀਸਗੜ੍ਹ ਸਮੇਤ ਦੇਸ਼ ਭਰ ਵਿੱਚ ਕਿਸਾਨਾਂ ਦੀ ਆਮਦਨ ਵਿੱਚ ਨਿਰੰਤਰ ਵਾਧਾ ਯਕੀਨੀ ਬਣਾਉਣ ਲਈ ਵਚਨਬੱਧ ਹੈ। ਉਨ੍ਹਾਂ ਵਿਸ਼ਵਾਸ ਪ੍ਰਗਟ ਕੀਤਾ ਕਿ ਆਧੁਨਿਕ ਤਕਨਾਲੋਜੀ, ਮਜ਼ਬੂਤ ਨੀਤੀਆਂ, ਪ੍ਰਭਾਵਸ਼ਾਲੀ ਕਾਨੂੰਨ ਅਤੇ ਕਿਸਾਨਾਂ ਦੀ ਸਖ਼ਤ ਮਿਹਨਤ ਖੇਤੀਬਾੜੀ ਖੇਤਰ ਵਿੱਚ ਇੱਕ ਨਵੀਂ ਕ੍ਰਾਂਤੀ ਦੀ ਸ਼ੁਰੂਆਤ ਕਰੇਗੀ।

# ਇਤਿਹਾਸ ਦੇ ਸੁਨਹਿਰੀ ਪੰਨਿਆਂ ਦੀ ਵਾਪਸੀ, 124 ਸਾਲਾਂ ਬਾਅਦ 'ਹੀਰਾ ਮਹਿਲ' ਵਿੱਚ ਮੁੜ ਸਜੇਗੀ ਦਸਤਾਰ

### *ਨਾਭਾ ਰਿਆਸਤ ਦੇ ਯੁਵਰਾਜ ਅਭਿਉਦੈ ਪ੍ਰਤਾਪ ਸਿੰਘ ਦੀ ਦਸਤਾਰਬੰਦੀ ਨੂੰ ਲੈ ਕੇ ਇਲਾਕੇ ਵਿੱਚ ਭਾਰੀ ਉਤਸ਼ਾਹ*

ਨਾਭਾ, 31 ਜਨਵਰੀ (ਸਤੀਸ਼ ਕੁਮਾਰ/ਅਮਰਜੀਤ ਸਿੰਘ) : ਪੁਰਾਤਨ ਰਿਆਸਤੀ ਸ਼ਹਿਰ ਨਾਭਾ ਦਾ ਇਤਿਹਾਸਕ 'ਹੀਰਾ ਮਹਿਲ' ਇੱਕ ਵਾਰ ਫਿਰ ਰਿਵਾਇਤੀ ਸ਼ਾਨੋ-ਸ਼ੌਕਤ ਅਤੇ ਵਿਰਾਸਤੀ ਰੰਗ ਵਿੱਚ ਰੰਗਿਆ ਜਾਣ ਵਾਲਾ ਹੈ। ਕਰੀਬ ਸਵਾ ਸਦੀ (124 ਸਾਲ) ਪਹਿਲਾਂ ਜੋ ਦਸਤਾਰਬੰਦੀ ਦੀ ਰੌਣਕ ਨਾਭਾ ਦੇ ਕਿਲ੍ਹੇ ਵਿੱਚ ਮਹਾਰਾਜਾ ਰਿਪੁਦਮਨ ਸਿੰਘ ਦੇ ਵੇਲੇ ਦੇਖਣ ਨੂੰ ਮਿਲੀ ਸੀ, ਉਹੀ ਇਤਿਹਾਸ 2 ਫਰਵਰੀ 2026 ਨੂੰ ਦੁਹਰਾਇਆ ਜਾ ਰਿਹਾ ਹੈ। ਅਵਸਰ ਹੈ ਨਾਭਾ ਰਿਆਸਤ ਦੇ ਯੁਵਰਾਜ ਅਭਿਉਦੈ ਪ੍ਰਤਾਪ ਸਿੰਘ ਦੀ ਦਸਤਾਰਬੰਦੀ ਦਾ, ਜਿਸ ਨੇ ਪੂਰੇ ਮਾਲਵਾ ਖੇਤਰ ਵਿੱਚ ਉਤਸ਼ਾਹ ਅਤੇ ਭਾਵੁਕਤਾ ਦੀ ਲਹਿਰ ਪੈਦਾ ਕਰ ਦਿੱਤੀ ਹੈ। ਮੋਬਾਈਲ ਤਿਆਗ ਕੇ ਕਿਤਾਬਾਂ ਨਾਲ ਜੁੜਨ ਦੀ ਅਪੀਲ ਇਸ ਇਤਿਹਾਸਕ ਮੌਕੇ 'ਤੇ ਰਾਜਮਾਤਾ ਉਮਾ ਸਿੰਘ ਨਾਭਾ



ਨੇ ਬੇਹੱਦ ਭਾਵੁਕ ਹੁੰਦਿਆਂ ਕਿਹਾ ਕਿ ਇਹ ਸਿਰਫ਼ ਇੱਕ ਪਰਿਵਾਰਕ ਰਸਮ ਨਹੀਂ, ਸਗੋਂ ਸਾਡੀ ਅਮੀਰ ਵਿਰਾਸਤ ਦਾ ਪੁਨਰ-ਸੁਰਜੀਤ ਹੋਣਾ ਹੈ। ਉਨ੍ਹਾਂ ਅਜੋਕੀ ਪੀੜ੍ਹੀ ਨੂੰ ਡਿਜੀਟਲ ਦੁਨੀਆ ਦੇ ਮੋਹ ਜਾਲ ਵਿੱਚੋਂ ਨਿਕਲ ਕੇ ਸਾਹਿਤ ਅਤੇ ਇਤਿਹਾਸ ਨਾਲ ਜੁੜਨ ਦਾ ਸੰਦੇਸ਼ ਦਿੱਤਾ। ਉਨ੍ਹਾਂ ਕਿਹਾ, ਕਿਤਾਬਾਂ ਇਨਸਾਨ ਦੀਆਂ ਸਭ ਤੋਂ ਚੰਗੀਆਂ ਦੋਸਤ ਹਨ। ਮੋਬਾਈਲ ਦੀ ਸਕ੍ਰੀਨ ਉਹ ਗਹਿਰਾਈ ਨਹੀਂ ਦੇ ਸਕਦੀ ਜੋ ਕਾਗਜ਼ਾਂ 'ਤੇ ਲਿਖੇ ਸ਼ਬਦ ਦਿੰਦੇ ਹਨ। ਨਸ਼ਾ ਮੁਕਤ ਪੰਜਾਬ ਦਾ ਸੰਕਲਪ ਪੰਜਾਬ ਦੀ ਗੰਭੀਰ ਸਮੱਸਿਆ 'ਤੇ ਚਿੰਤਾ ਪ੍ਰਗਟ ਕਰਦਿਆਂ ਰਾਜਮਾਤਾ ਨੇ ਕਿਹਾ ਕਿ ਉਨ੍ਹਾਂ ਨੇ ਆਪਣੇ ਪੁੱਤਰ ਨੂੰ ਅਜਿਹੇ ਸੰਸਕਾਰ ਦਿੱਤੇ ਹਨ ਕਿ ਉਹ ਨਾ ਸਿਰਫ਼ ਨਸ਼ਿਆਂ ਤੋਂ ਦੂਰ ਰਹੇ, ਸਗੋਂ ਸਮਾਜ ਦੇ ਪਥ-ਪ੍ਰਦਰਸ਼ਕ ਵਜੋਂ ਉੱਭਰੇ। ਖ਼ੁਦ ਯੁਵਰਾਜ ਅਭਿਉਦੈ ਪ੍ਰਤਾਪ ਸਿੰਘ ਨੇ ਆਪਣੇ ਇਰਾਦੇ ਜ਼ਾਹਿਰ ਕਰਦਿਆਂ ਕਿਹਾ ਮੇਰੀ ਦਸਤਾਰਬੰਦੀ ਮੇਰੇ ਲਈ ਸਮਾਜਿਕ ਜ਼ਿੰਮੇਵਾਰੀ ਦਾ ਪ੍ਰਤੀਕ ਹੈ। ਨਾਭਾ ਦੇ ਕਈ ਨੌਜਵਾਨ ਅੱਜ ਨਸ਼ਿਆਂ ਦੀ ਦਲਦਲ ਵਿੱਚ ਫਸੇ ਹੋਏ ਹਨ, ਮੈਂ ਆਪਣੀ ਜ਼ਿੰਦਗੀ ਰਾਹੀਂ ਉਨ੍ਹਾਂ ਲਈ ਇੱਕ ਮਿਸਾਲ ਬਣਨਾ ਚਾਹੁੰਦਾ ਹਾਂ ਤਾਂ ਜੋ ਅਸੀਂ ਰਲ ਕੇ ਇੱਕ ਤੰਦਰੁਸਤ ਸਮਾਜ ਸਿਰਜ ਸਕੀਏ। ਜੜ੍ਹਾਂ ਨਾਲ ਜੁੜਨ ਦੀ ਮਿਸਾਲ ਯੁਵਰਾਜ ਅਭਿਉਦੈ ਪ੍ਰਤਾਪ ਸਿੰਘ, ਜੋ ਕਿ ਲੰਬੇ ਸਮੇਂ ਤੋਂ ਦਿੱਲੀ ਵਿਖੇ ਰਹਿ ਰਹੇ ਸਨ, ਹੁਣ ਆਪਣੀ ਜਨਮ ਭੂਮੀ ਅਤੇ ਵਿਰਾਸਤ ਦੀ ਸੇਵਾ ਲਈ ਪੂਰੀ ਤਰ੍ਹਾਂ ਤਿਆਰ ਹਨ। ਇਲਾਕਾ ਨਿਵਾਸੀਆਂ ਵਿੱਚ ਇਸ ਗੱਲ ਨੂੰ ਲੈ ਕੇ ਵੱਡੀ ਚਰਚਾ ਹੈ ਕਿ ਮਹਿਲਾਂ ਦੀ ਚਾਰਦੀਵਾਰੀ ਵਿੱਚੋਂ ਨਿਕਲ ਕੇ ਇੱਕ ਯੁਵਰਾਜ ਵੱਲੋਂ ਸਮਾਜਿਕ ਬੁਰਾਈਆਂ ਵਿਰੁੱਧ ਗੱਲ ਕਰਨਾ ਇੱਕ ਨਵੇਂ ਅਤੇ ਸਾਰਥਕ ਬਦਲਾਅ ਦਾ ਸੰਕੇਤ ਹੈ।

### *ਪ੍ਰਧਾਨ ਮੰਤਰੀ ਦੀਆਂ ਯੋਜਨਾਵਾਂ ਅਧੀਨ ਕਿਸਾਨਾਂ ਅਤੇ ਪਿੰਡ ਵਾਸੀਆਂ ਲਈ ਨਵੇਂ ਆਯਾਮ*

# 'ਦਾਲਾਂ ਦਾ ਉਤਪਾਦਨ, ਤੇਲ ਬੀਜ ਫਸਲਾਂ ਅਤੇ ਔਰਤਾਂ ਦੇ ਸਵੈ-ਰੁਜ਼ਗਾਰ ਨੂੰ ਉਤਸ਼ਾਹ ਮਿਲੇਗਾ'

ਨਵੀਂ ਦਿੱਲੀ, 31 ਜਨਵਰੀ (ਚ.ਨ.ਸ.) : ਕੇਂਦਰੀ ਖੇਤੀਬਾੜੀ ਅਤੇ ਪੇਂਡੂ ਵਿਕਾਸ ਮੰਤਰੀ ਸ਼੍ਰੀ ਸ਼ਿਵਰਾਜ ਸਿੰਘ ਚੌਹਾਨ ਨੇ ਅੱਜ ਰਾਏਪੁਰ ਵਿੱਚ ਆਯੋਜਿਤ ਇੱਕ ਰਾਜ-ਪੱਧਰੀ ਸਮੀਖਿਆ ਮੀਟਿੰਗ ਅਤੇ ਪ੍ਰੈਸ ਕਾਨਫਰੰਸ ਵਿੱਚ ਕਿਹਾ ਕਿ ਸਰਕਾਰ ਛੱਤੀਸਗੜ੍ਹ ਵਿੱਚ ਖੇਤੀਬਾੜੀ ਅਤੇ ਪੇਂਡੂ ਵਿਕਾਸ ਦੇ ਖੇਤਰ ਵਿੱਚ ਮਹੱਤਵਪੂਰਨ ਪ੍ਰਗਤੀ ਕਰ ਰਹੀ ਹੈ। ਉਨ੍ਹਾਂ ਦੱਸਿਆ ਕਿ ਸਥਾਨਕ ਖੇਤੀਬਾੜੀ-ਜਲਵਾਯੂ ਦੇ ਅਨੁਸਾਰ ਫਸਲ ਵਿਭਿੰਨਤਾ ਅਤੇ ਉਤਪਾਦਕਤਾ ਵਧਾਉਣ ਲਈ ਰਣਨੀਤੀਆਂ ਵਿਕਸਤ ਕਰਨ ਲਈ ਇਸ ਹਫ਼ਤੇ ਵਿਗਿਆਨੀਆਂ, ਕਿਸਾਨਾਂ ਅਤੇ ਕੇਂਦਰੀ-ਰਾਜ ਅਧਿਕਾਰੀਆਂ ਦੀ ਇੱਕ ਸਾਂਝੀ ਟੀਮ ਬਣਾਈ ਜਾਵੇਗੀ। ਇਸ ਤੋਂ ਇਲਾਵਾ, ਰਾਜ ਵਿੱਚ ਏਕੀਕ੍ਰਿਤ ਖੇਤੀ ਪ੍ਰਣਾਲੀਆਂ ਨੂੰ ਉਤਸ਼ਾਹਿਤ ਕਰਨ ਅਤੇ ਛੋਟੇ ਕਿਸਾਨਾਂ ਲਈ ਆਮਦਨ ਸਰੋਤਾਂ ਦੀ ਵਿਭਿੰਨਤਾ ਲਈ ਪ੍ਰੋਗਰਾਮ ਲਾਗੂ ਕੀਤੇ ਜਾਣਗੇ।



ਮੰਤਰੀ ਸ਼੍ਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਕਿ ਮਾਣਯੋਗ ਮੁੱਖ ਮੰਤਰੀ ਸ਼੍ਰੀ ਵਿਸ਼ਨੂੰਦੇਵ ਸਾਈਂ ਦੀ ਅਗਵਾਈ ਹੇਠ, ਰਾਜ ਸਰਕਾਰ ਖੇਤੀਬਾੜੀ ਅਤੇ ਪੇਂਡੂ ਵਿਕਾਸ ਦੇ ਹਰ ਪਹਿਲੂ ਵਿੱਚ ਸਰਗਰਮੀ ਨਾਲ ਸ਼ਾਮਲ ਹੈ। ਉਨ੍ਹਾਂ ਨੇ ਖਾਪਰੀ ਦੇ ਕਿਸਾਨਾਂ ਨਾਲ ਗੱਲਬਾਤ ਕੀਤੀ ਅਤੇ ਆਧੁਨਿਕ ਖੇਤੀਬਾੜੀ ਤਕਨੀਕਾਂ ਦਾ ਨਿਰੀਖਣ ਕੀਤਾ। ਪ੍ਰੈਸ ਕਾਨਫਰੰਸ ਦੌਰਾਨ ਮੁੱਖ ਮੰਤਰੀ ਸ਼੍ਰੀ ਵਿਸ਼ਨੂੰਦੇਵ ਸਾਈਂ, ਉਪ ਮੁੱਖ ਮੰਤਰੀ ਸ਼੍ਰੀ ਵਿਜੇ ਸ਼ਰਮਾ ਅਤੇ ਰਾਜ ਖੇਤੀਬਾੜੀ ਮੰਤਰੀ ਸ਼੍ਰੀ ਰਾਮਵਿਚਾਰ ਨੇਤਾਮ ਵੀ ਮੌਜੂਦ ਸਨ। ਮੰਤਰੀ ਨੇ ਕਿਸਾਨਾਂ ਨੂੰ ਫਲਾਂ ਅਤੇ ਸਬਜ਼ੀਆਂ ਦੀ ਉੱਨਤ ਕਾਸ਼ਤ, ਪੌਦੇ ਗ੍ਰਾਫਟਿੰਗ ਨਰਸਰੀਆਂ, ਭਾਟਾ ਵਿਧੀ ਦੀ ਵਰਤੋਂ ਕਰਕੇ ਟਮਾਟਰ ਅਤੇ ਸ਼ਿਮਲਾ ਮਿਰਚ ਦੀ ਕਾਸ਼ਤ, ਡਰੈਗਨ ਫਲ, ਖਜੂਰ, ਬਲੂਬੇਰੀ ਅਤੇ ਕੇਲੇ ਦੀ ਕਾਸ਼ਤ ਦਿਖਾਈ। ਉਨ੍ਹਾਂ ਦੱਸਿਆ ਕਿ ਰਵਾਇਤੀ ਫਸਲਾਂ ਪ੍ਰਤੀ ਏਕੜ 35-40 ਹਜ਼ਾਰ ਰੁਪਏ ਦਾ ਮੁਨਾਫਾ ਦਿੰਦੀਆਂ ਹਨ, ਜਦੋਂ ਕਿ ਆਧੁਨਿਕ ਬਾਗਬਾਨੀ ਅਤੇ ਉੱਨਤ ਤਕਨਾਲੋਜੀ ਨੂੰ ਅਪਣਾਉਣ ਨਾਲ ਇਹ ਮੁਨਾਫਾ ਪ੍ਰਤੀ ਏਕੜ 1-2 ਲੱਖ ਰੁਪਏ ਤੱਕ ਵਧਾਇਆ ਜਾ ਸਕਦਾ ਹੈ। ਖੇਤੀਬਾੜੀ ਵਿਭਾਗ ਦੀ ਟੀਮ ਨੇ ਕੀਟਨਾਸ਼ਕਾਂ ਦੀ ਵਿਗਿਆਨਕ ਵਰਤੋਂ, ਬਿਮਾਰੀ ਨਿਯੰਤਰਣ ਅਤੇ ਉੱਚ-ਉਪਜ ਦੇਣ ਵਾਲੀਆਂ ਕਿਸਮਾਂ ਦੀ ਚੋਣ ਬਾਰੇ ਮਾਰਗਦਰਸ਼ਨ ਪ੍ਰਦਾਨ ਕੀਤਾ।

# ਸਾਹਿਤਕਾਰ ਏ. ਅਰਵਿੰਦਾਕਸ਼ਣ ਅਤੇ ਕਵਿੱਤਰੀ ਜਮੁਨਾ ਬੀਨੀ ਸਾਹਿਤ ਸਨਮਾਨ ਨਾਲ ਸਨਮਾਨਿਤ

ਨਵੀਂ ਦਿੱਲੀ/ਹਰਿਦੁਆਰ, 31 ਜਨਵਰੀ (ਚ.ਨ.ਸ.) : ਕੇਰਲਾ ਤੋਂ ਸੀਨੀਅਰ ਹਿੰਦੀ ਸਾਹਿਤਕਾਰ ਏ. ਅਰਵਿੰਦਾਕਸ਼ਣ ਅਤੇ ਅਰੁਣਾਚਲ ਪ੍ਰਦੇਸ਼ ਤੋਂ ਨੌਜਵਾਨ ਕਵਿੱਤਰੀ ਜਮੁਨਾ ਬੀਨੀ ਨੂੰ ਨਵੀਂ ਦਿੱਲੀ ਦੇ ਸਾਹਿਤ ਅਕਾਦਮੀ ਆਡੀਟੋਰੀਅਮ ਵਿਖੇ ਆਯੋਜਿਤ ਇੱਕ ਸਮਾਰੋਹ ਵਿੱਚ ÷ਤਥਾਗਤ ਸਾਹਿਤ ਸਨਮਾਨ÷ ਨਾਲ ਸਨਮਾਨਿਤ ਕੀਤਾ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਮਹਾਕਵੀ ਨਿਰਾਲਾ ਦੀ ਸਰਸਵਤੀ ਵੰਦਨਾ @ਤੇ ਆਧਾਰਿਤ ਕਥਕ ਪ੍ਰਦਰਸ਼ਨ ਨਾਲ ਹੋਈ। ਤਥਾਗਤ ਟਰੱਸਟ ਦੇ ਸਰਪ੍ਰਸਤ ਡਾ. ਐਨ.ਪੀ. ਸਿੰਘ (ਸਾਬਕਾ ਆਈ.ਏ.ਐਸ.) ਨੇ ਟਰੱਸਟ ਦੇ ਦ੍ਰਿਸ਼ਟੀਕੋਣ, ਸਮਾਜਿਕ-ਵਿਦਿਅਕ ਕਾਰਜ ਅਤੇ ਉੱਤਰ ਅਤੇ ਦੱਖਣੀ ਭਾਰਤ ਵਿਚਕਾਰ ਭਾਸ਼ਾ ਅਤੇ ਸੱਭਿਆਚਾਰਕ ਸੰਵਾਦ ਦੇ ਟੀਚੇ ਦੀ ਰੂਪਰੇਖਾ ਦਿੱਤੀ।



ਇਹ ਪੁਰਸਕਾਰ ਪ੍ਰਸਿੱਧ ਸਾਹਿਤਕਾਰ ਰਾਮਦਰਸ਼ ਮਿਸ਼ਰਾ ਦੀ ਯਾਦ ਵਿੱਚ ਪੇਸ਼ ਕੀਤਾ ਗਿਆ। ਇਸ ਸਮਾਗਮ ਵਿੱਚ, ਸੀਨੀਅਰ ਸਾਹਿਤਕਾਰ ਅਨਾਮਿਕਾ, ਓਮ ਨਿਸ਼ਚਲ, ਅਸ਼ੋਕ ਵਾਜਪਾਈ, ਚੰਦਰਕਾਂਤਾ ਅਤੇ ਕਈ ਹੋਰ ਵਿਦਵਾਨਾਂ ਨੇ ਦੋਵਾਂ ਲੇਖਕਾਂ ਦੇ ਸਾਹਿਤਕ ਯੋਗਦਾਨ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਏ. ਅਰਵਿੰਦਕਸ਼ਨ ਦੀ ਰਚਨਾ ਧੜਕੋਂ ਕੇ ਭੀਤਰ ਜਾਕਰ ਅਤੇ ਜਮੁਨਾ ਬੀਨੀ ਦੇ ਸੰਗ੍ਰਹਿ ਜਬ ਆਦਿਵਾਸੀ ਗਾਤਾ ਹੈ ਨੇ ਭਾਸ਼ਾਈ ਸੰਵੇਦਨਾਵਾਂ, ਕਬਾਇਲੀ ਚੇਤਨਾ ਅਤੇ ਮਨੁੱਖੀ ਕਦਰਾਂ-ਕੀਮਤਾਂ ਦੇ ਸ਼ਕਤੀਸ਼ਾਲੀ ਪ੍ਰਗਟਾਵੇ ਪ੍ਰਦਰਸ਼ਿਤ ਕੀਤੇ। ਇਹ ਸਮਾਗਮ ਨਾ ਸਿਰਫ਼ ਹਿੰਦੀ ਸਾਹਿਤ ਵਿੱਚ ਸਗੋਂ ਸਮੁੱਚੇ ਭਾਰਤੀ ਸਾਹਿਤ ਵਿੱਚ ਸੰਵਾਦ, ਹਮਦਰਦੀ ਅਤੇ ਮਨੁੱਖਤਾ ਨੂੰ ਮਜ਼ਬੂਤ ? ?ਕਰਨ ਵੱਲ ਇੱਕ ਮਹੱਤਵਪੂਰਨ ਕਦਮ ਸੀ।

# ਰਾਜਪਾਲ ਕਟਾਰੀਆ ਨੇ ਸੈਨੀਟੇਸ਼ਨ, ਸਿਹਤ ਸੰਭਾਲ ਅਤੇ ਲੋਕ ਭਲਾਈ ਬਾਰੇ ਸਖ਼ਤ ਹਦਾਇਤਾਂ ਕੀਤੀਆਂ ਜਾਰੀ

ਚੰਡੀਗੜ੍ਹ, 31 ਜਨਵਰੀ (ਚ.ਨ.ਸ.) : ਪੰਜਾਬ ਦੇ ਰਾਜਪਾਲ ਅਤੇ ਯੂਟੀ ਚੰਡੀਗੜ੍ਹ ਦੇ ਪ੍ਰਸ਼ਾਸਕ, ਸ੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਸਿਹਤ ਸਹੂਲਤਾਂ, ਸੈਨੀਟੇਸ਼ਨ ਅਤੇ ਲੋਕ ਭਲਾਈ ਬੁਨਿਆਦੀ ਢਾਂਚੇ ਦਾ ਜਾਇਜ਼ਾ ਲੈਣ ਲਈ ਸ਼ਹਿਰ ਦੇ ਵੱਖ-ਵੱਖ ਸਥਾਨਾਂ ਦਾ ਅਚਾਨਕ ਦੌਰਾ ਕੀਤਾ। ਪ੍ਰਸ਼ਾਸਕ ਨੇ ਸੈਕਟਰ 25, ਡੱਡੂਮਾਜਰਾ, ਈਡਬਲਯੂਐਸ ਮਲੋਆ ਅਤੇ ਰਾਏਪੁਰ ਕਲਾਂ ਵਿੱਚ ਸਥਿਤ ਸ਼ਹਿਰੀ ਆਯੁਸ਼ਮਾਨ ਅਰੋਗਿਆ ਮੰਦਰ (ਯੂਏਏਐਮ) ਸਿਹਤ ਕੇਂਦਰਾਂ ਦਾ ਦੌਰਾ ਕੀਤਾ। ਉਨ੍ਹਾਂ ਡੱਡੂਮਾਜਰਾ ਵਿੱਚ ਡੰਪਿੰਗ ਗਰਾਊਂਡ ਦਾ ਵੀ ਨਿਰੀਖਣ ਕੀਤਾ। ਸਫ਼ਾਈ ਅਤੇ ਡਾਕਟਰੀ ਸੇਵਾਵਾਂ ਪ੍ਰਤੀ ਚਿੰਤਾ ਪ੍ਰਗਟ ਕਰਦੇ ਹੋਏ, ਉਨ੍ਹਾਂ ਯੂਟੀ ਪ੍ਰਸ਼ਾਸਨ ਦੇ ਸਬੰਧਤ ਅਧਿਕਾਰੀਆਂ ਨੂੰ ਸਾਰੇ ਸਿਹਤ ਕੇਂਦਰਾਂ, ਖਾਸ ਕਰਕੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਦੀ ਸੇਵਾ ਕਰਨ ਵਾਲੇ



ਸਿਹਤ ਕੇਂਦਰਾਂ ਵਿੱਚ ਢੁਕਵੀਂ ਇਲਾਜ ਸਹੂਲਤਾਂ, ਨਿਯਮਤ ਸਫਾਈ ਅਤੇ ਜ਼ਰੂਰੀ ਸੇਵਾਵਾਂ ਦੀ ਉਪਲਬਧਤਾ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਡੱਡੂਮਾਜਰਾ ਡੰਪਿੰਗ ਗਰਾਊਂਡ ਦੇ ਆਪਣੇ ਨਿਰੀਖਣ ਦੌਰਾਨ, ਸ੍ਰੀ ਕਟਾਰੀਆ ਨੇ ਸਾਈਟ ਦੀ ਤੁਰੰਤ ਸਫਾਈ ਲਈ ਸਪੱਸ਼ਟ ਨਿਰਦੇਸ਼ ਜਾਰੀ ਕੀਤੇ ਅਤੇ ਇਹ ਯਕੀਨੀ ਬਣਾਇਆ ਕਿ ਉੱਥੇ ਕੋਈ ਨਵਾਂ ਕੂੜਾ ਨਾ ਸੁੱਟਿਆ ਜਾਵੇ। ਉਨ੍ਹਾਂ ਨੇ ਵਿਗਿਆਨਕ ਰਹਿੰਦ-ਖੂੰਹਦ ਪ੍ਰਬੰਧਨ, ਸਮੇਂ ਸਿਰ ਰਹਿੰਦ-ਖੂੰਹਦ ਨੂੰ ਵੱਖ ਕਰਨ ਅਤੇ ਜਨਤਕ ਸਿਹਤ ਅਤੇ ਵਾਤਾਵਰਣ ਦੀ ਰੱਖਿਆ ਲਈ ਇੱਕ ਮਜ਼ਬੂਤ ਨਿਗਰਾਨੀ ਪ੍ਰਣਾਲੀ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਇਸ ਤੋਂ ਪਹਿਲਾਂ, ਪ੍ਰਸ਼ਾਸਕ ਨੇ ਸੈਕਟਰ 25 ਵਿੱਚ ਡਾ. ਹਰਸ਼ਵਰਧਨ ਸਿੰਘ ਜੱਜ ਇੰਸਟੀਚਿਊਟ ਆਫ਼ ਡੈਂਟਲ ਸਾਇੰਸਜ਼ ਐਂਡ ਹਸਪਤਾਲ ਦਾ ਦੌਰਾ ਕੀਤਾ, ਜਿੱਥੇ ਉਨ੍ਹਾਂ ਡਾਕਟਰਾਂ ਨਾਲ ਗੱਲਬਾਤ ਕੀਤੀ। ਉਨ੍ਹਾਂ ਨੇ ਪੰਜਾਬ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਅਤੇ ਮੈਡੀਕਲ ਸਟਾਫ ਨੂੰ ਜ਼ਮੀਨੀ ਪੱਧਰ 'ਤੇ ਨਿਰੰਤਰ ਜਾਗਰੂਕਤਾ ਮੁਹਿੰਮਾਂ ਰਾਹੀਂ ਇਲਾਜ ਦੇ ਨਾਲ-ਨਾਲ ਰੋਕਥਾਮ ਵਾਲੀਆਂ ਸਿਹਤ ਸੇਵਾਵਾਂ 'ਤੇ ਧਿਆਨ ਕੇਂਦਰਿਤ ਕਰਨ ਦੇ ਨਿਰਦੇਸ਼ ਦਿੱਤੇ।

# ਕੋਰੀਆ ਗਣਰਾਜ ਦੇ ਸੰਸਦੀ ਵਫ਼ਦ ਨੇ ਸ਼੍ਰੀ ਹਰਿਵੰਸ਼ ਨਾਲ ਕੀਤੀ ਮੁਲਾਕਾਤ



ਨਵੀਂ ਦਿੱਲੀ, 31 ਜਨਵਰੀ (ਚ.ਨ.ਸ.) : ਕੋਰੀਆ ਗਣਰਾਜ ਦੇ ਰਾਸ਼ਟਰੀ ਅਸੈਂਬਲੀ ਦੇ ਮਾਣਯੋਗ ਡਿਪਟੀ ਸਪੀਕਰ ਸ਼੍ਰੀ ਲੀ ਹੈਕ-ਯੰਗ ਦੀ ਅਗਵਾਈ ਵਿੱਚ ਕੋਰੀਆ ਗਣਰਾਜ ਦੇ ਇੱਕ ਸੰਸਦੀ ਵਫ਼ਦ ਨੇ ਅੱਜ ਸੰਸਦ ਭਵਨ ਵਿੱਚ ਰਾਜ ਸਭਾ ਦੇ ਮਾਣਯੋਗ ਡਿਪਟੀ ਚੇਅਰਮੈਨ ਸ਼੍ਰੀ ਹਰਿਵੰਸ਼ ਨਾਲ ਮੁਲਾਕਾਤ ਕੀਤੀ। ਮੀਟਿੰਗ ਦੌਰਾਨ ਸ਼੍ਰੀ ਹਰਿਵੰਸ਼ ਨੇ ਕਿਹਾ ਕਿ ਭਾਰਤ ਅਤੇ ਕੋਰੀਆ ਗਣਰਾਜ ਮਜ਼ਬੂਤ ਅਤੇ ਪ੍ਰਗਤੀਸ਼ੀਲ ਲੋਕਤੰਤਰ ਹਨ ਅਤੇ ਸੰਸਦੀ ਆਦਾਨ-ਪ੍ਰਦਾਨ ਦੀ ਇੱਕ ਮਜ਼ਬੂਤ ਪਰੰਪਰਾ ਸਾਂਝੀ ਕਰਦੇ ਹਨ।

ਉਨ੍ਹਾਂ ਨੇ ਦੇਖਿਆ ਕਿ ਦੋਵਾਂ ਸੰਸਦਾਂ ਵਿਚਕਾਰ ਨਿਯਮਤ ਗੱਲਬਾਤ ਅਤੇ ਆਪਸੀ ਤਾਲਮੇਲ ਨੇ ਭਾਰਤ-ਕੋਰੀਆ ਵਿਸ਼ੇਸ਼ ਰਣਨੀਤਕ ਭਾਈਵਾਲੀ ਨੂੰ ਮਜ਼ਬੂਤ ਕਰਨ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਹੈ। ਦੁਵੱਲੇ ਸਹਿਯੋਗ ਦੇ ਬਹੁ-ਆਯਾਮੀ ਸੁਭਾਅ ਨੂੰ ਉਜਾਗਰ ਕਰਦੇ ਹੋਏ, ਸ਼੍ਰੀ ਹਰੀਵੰਸ਼ ਨੇ ਕਿਹਾ ਕਿ ਭਾਰਤ ਅਤੇ ਕੋਰੀਆ ਗਣਰਾਜ ਵਪਾਰ ਅਤੇ ਨਿਵੇਸ਼, ਰੱਖਿਆ, ਸੱਭਿਆਚਾਰ ਅਤੇ ਲੋਕਾਂ-ਤੋਂ-ਲੋਕ ਸਬੰਧਾਂ ਵਰਗੇ ਖੇਤਰਾਂ ਵਿੱਚ ਨਜ਼ਦੀਕੀ ਭਾਈਵਾਲੀ ਸਾਂਝੇ ਕਰਦੇ ਹਨ, ਜੋ ਕਿ ਲੋਕਤੰਤਰ, ਕਾਨੂੰਨ ਦੇ ਸ਼ਾਸਨ, ਵਿਸ਼ਵ ਸ਼ਾਂਤੀ ਅਤੇ ਖੁਸ਼ਹਾਲੀ ਪ੍ਰਤੀ ਉਨ੍ਹਾਂ ਦੀ ਸਾਂਝੀ ਵਚਨਬੱਧਤਾ 'ਤੇ ਅਧਾਰਤ ਹਨ।

ਦੋਵਾਂ ਦੇਸ਼ਾਂ ਵਿਚਕਾਰ ਇਤਿਹਾਸਕ ਅਤੇ ਸੱਭਿਆਚਾਰਕ ਸਬੰਧਾਂ ਦਾ ਹਵਾਲਾ ਦਿੰਦੇ ਹੋਏ, ਸ਼੍ਰੀ ਹਰੀਵੰਸ਼ ਨੇ ਕਿਹਾ ਕਿ ਭਾਰਤ ਅਤੇ ਕੋਰੀਆ ਗਣਰਾਜ ਅਯੁੱਧਿਆ ਦੀ ਰਾਜਕੁਮਾਰੀ ਸੂਰੀਰਤਨਾ ਅਤੇ ਗਿਮਹੇ ਦੇ ਰਾਜਾ ਕਿਮ ਸੂਰੋ ਵਿਚਕਾਰ ਵਿਆਹੁਤਾ ਗੱਠਜੋੜ ਰਾਹੀਂ ਜੁੜੇ ਹੋਏ ਹਨ, ਜੋ ਦੋਵਾਂ ਦੇਸ਼ਾਂ ਵਿਚਕਾਰ ਡੂੰਘੇ ਜੜ੍ਹਾਂ ਵਾਲੇ ਸੱਭਿਆਚਾਰਕ ਸਬੰਧਾਂ ਨੂੰ ਦਰਸਾਉਂਦਾ ਹੈ।

# ਨਾਨਕਸਰ ਕੁਟੀਆ ਵਿਖੇ ਨਾਨਕਸਰ ਕਲੇਰਾਂ ਵਾਲਿਆਂ ਦੀ ਯਾਦ ਵਿੱਚ ਗੁਰ ਭਗਤੀ ਸ਼ਬਦ ਜਾਪ 5 ਫਰਵਰੀ ਤੱਕ

ਪਟਿਆਲਾ, 31 ਜਨਵਰੀ (ਚ.ਨ.ਸ.): ਧੰਨ ਬਾਬਾ ਨੰਦ ਸਿੰਘ ਜੀ, ਧੰਨ ਬਾਬਾ ਈਸ਼ਰ ਸਿੰਘ ਜੀ ਨਾਨਕਸਰ ਕਲੇਰਾਂ ਵਾਲਿਆਂ ਦੀ ਯਾਦ ਵਿਚ ਅਭਿਆਸੀ ਗੁਰਸਿੱਖਾਂ ਨੂੰ ਸਮਰਪਿਤ ਗੁਰ ਭਗਤੀ ਸ਼ਬਦ ਜਾਪ ਮਿਤੀ 1 ਜਨਵਰੀ ਤੋਂ 5 ਫਰਵਰੀ ਪੋਹ, ਮਾਘ 2026 ਨਾਨਕਸਰ ਕੁਟੀਆ ਤ੍ਰਿਪੜੀ ਪਟਿਆਲਾ, ਪੰਜਾਬ ਵਿਖੇ ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਸਿਮਰਨ ਅੰਮ੍ਰਿਤ ਵੇਲੇ 4.00 ਤੋਂ 5.00 ਵਜੇ ਤੱਕ, ਆਸਾ ਦੀ ਵਾਰ 5.00 ਤੋਂ 6.30 ਵਜੇ ਤੱਕ, ਕੀਰਤਨ ਰਹਿਰਾਸ ਸ਼ਾਮ 5.00 ਵਜੇ ਤੋਂ 6.30 ਵਜੇ ਤੱਕ, ਇਸ ਦੌਰਾਨ ਸਕੂਲੀ ਬੱਚੇ ਸਵੇਰੇ 10.30 ਵਜੇ ਤੋਂ 12.30 ਵਜੇ ਤਕ, ਸੁਖਮਨੀ ਸੇਵਾ ਸੁਸਾਇਟੀ ਦੁਪਹਿਰ 2.00 ਤੋਂ 4.00 ਵਜੇ ਤਕ ਅਤੇ ਸੰਗਤ ਦਿਨ ਭਰ ਦੀਵਾਨਾਂ ਵਿਚ ਹਿੱਸਾ ਲਵੇਗੀ। ਇਸ ਮੌਕੇ ਡਾ. ਇੰਦਰਪ੍ਰੀਤ ਕੌਰ ਸੀਈਓ ਚੜ੍ਹਦੀਕਲਾ ਟਾਈਮ ਟੀ.ਵੀ. ਅਤੇ ਹੋਰ ਰਾਗੀ ਜਥੇ ਅਤੇ ਮਹਾਂਪੁਰਸ਼ ਸੰਗਤਾਂ ਨੂੰ ਕੀਰਤਨ ਕਥਾ ਰਾਹੀਂ ਨਿਹਾਲ ਕਰਨਗੇ। 5 ਫਰਵਰੀ 2026 ਨੂੰ ਸਵੇਰੇ 9.15 ਤੋਂ 3.00 ਵਜੇ ਤਕ ਸੰਪਟ ਪਾਠ ਦੇ ਭੋਗ ਪੈਣਗੇ, ਉਪਰੰਤ ਆਰਤੀ, ਫੁੱਲਾਂ ਦੀ ਵਰਖਾ, ਅਰਦਾਸ ਕੀਰਤਨ ਉਪਰੰਤ ਸਮਾਪਤੀ । ਇਸ ਮੌਕੇ 2 ਫਰਵਰੀ 2026 ਨੂੰ ਨਾਨਕਸਰ ਕਲੇਰਾਂ ਵਿਖੇ ਅੰਮ੍ਰਿਤ ਸੰਚਾਰ ਹੋਵੇਗਾ। ਗੁਰੂ ਕੇ ਲੰਗਰ ਅਤੁਟ ਵਰਤਣਗੇ। ਪ੍ਰੋਗਰਾਮ ਦਾ ਸਾਰਾ ਪ੍ਰਸਾਰਣ ਚੜ੍ਹਦੀਕਲਾ ਗੁਰਬਾਣੀ ਟਾਈਮ ਟੀ ਵੀ 'ਤੇ ਦਿਖਾਇਆ ਜਾਵੇਗਾ।

# ਬਾਬਾ ਰਣਜੀਤ ਸਿੰਘ ਦੀ ਅੰਤਿਮ ਅਰਦਾਸ ਵਿੱਚ ਪਹੁੰਚੀਆਂ ਸੈਂਕੜੇ ਸੰਗਤਾਂ

ਲੁਧਿਆਣਾ, 31 ਜਨਵਰੀ (ਚ.ਨ.ਸ.) : ਬੀਤੇ ਦਿਨ ਹਿਮਾਚਲ ਪ੍ਰਦੇਸ਼ ਦੇ ਤਪ ਅਸਥਾਨ ਡੇਰਾ ਚਾਹ ਵਾਲਾ ਕੌਂਚ ਬੇਲੀ ਪਿੰਡ





ਬਹਿਰਾਲ ਪਾਉਂਟਾ ਸਾਹਿਬ ਵਿਖੇ ਬਾਬਾ ਰਣਜੀਤ ਸਿੰਘ ਦੇ ਸਵਰਗਵਾਸ ਹੋਣ ਉਪਰੰਤ ਉਹਨਾਂ ਦੀ ਆਤਮਿਕ ਸ਼ਾਂਤੀ ਵਾਸਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਹਿਜ ਪਾਠ ਦਾ ਭੋਗ ਤੇ ਅੰਤਿਮ ਅਰਦਾਸ ਵਿੱਚ ਸਵਰਗਵਾਸੀ ਬਾਬਾ ਰਣਜੀਤ ਸਿੰਘ ਦੇ ਪਿੰਡ ਉਮੈਦਪੁਰ ਤੋਂ ਉਹਨਾਂ ਦੇ ਪਾਰਿਵਾਰਿਕ ਮੈਂਬਰ ਸੋਹਰਾ ਪ੍ਰੀਵਾਰ ਅਤੇ ਅਕਾਲੀ ਆਗੂ ਸੰਤਾਂ ਸਿੰਘ ਉਮੈਦਪੁਰੀ ਅਤੇ ਹਿਮਾਚਲ ਪ੍ਰਦੇਸ਼, ਉਤਰਾਖੰਡ , ਪੰਜਾਬ, ਹਰਿਆਣਾ ਅਤੇ ਦਿੱਲੀ ਦੀਆਂ ਸੈਂਕੜੇ ਨਾਮ ਲੇਵਾ ਸੰਗਤਾਂ ਹਾਜ਼ਰ ਹੋਈਆਂ।ਇਹ ਸਮਾਗਮ ਬਾਬਾ ਹਰਜਿੰਦਰ ਸਿੰਘ ਜੋਹਲਾ ਵਾਲਿਆਂ ਦੀ ਅਗਵਾਈ ਵਿੱਚ ਹੋਇਆ।ਇਸ ਮੌਕੇ ਬਾਬਾ ਕੁਲਦੀਪ ਸਿੰਘ ਛਾਉਣੀ ਵਾਲੇ ਸ੍ਰੀ ਪਾਉਂਟਾ ਸਾਹਿਬ,ਬਾਬਾ ਰੋਸ਼ਨ ਸਿੰਘ ਪਟਿਆਲੇ ਵਾਲੇ, ਪ੍ਰਧਾਨ ਹਰਭਜਨ ਸਿੰਘ ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ, ਕਾਰ ਸੇਵਾ ਵਾਲੇ ਬਾਬਾ ਬਚਨ ਸਿੰਘ ਦਿਲੀ ਵਾਲਿਆਂ ਵੱਲੋਂ ਬਾਬਾ ਲਾਡੀ ਜੀ ਨੇ ਉਚੇਚੇ ਤੌਰ ਤੇ ਹਾਜ਼ਰੀ ਲਗਵਾਈ ਇਸ ਸਮਾਗਮ ਵਿੱਚ ਭਾਈ ਜਸਪਾਲ ਸਿੰਘ ਜੀ ਪਾਉਂਟਾ ਸਾਹਿਬ ਵਾਲੇ,ਭਾਈ ਡਾ. ਜਗਜੀਵਨ ਸਿੰਘ ਜਲੰਧਰ ਵਾਲੇ,ਭਾਈ ਗੁਰਪ੍ਰੀਤ ਸਿੰਘ ਪਾਉਂਟਾ ਸਾਹਿਬ ਵਾਲੇ,ਭਾਈ ਰਘਵੀਰ ਸਿੰਘ ਪਾਉਟਾ ਸਾਹਿਬ,ਸੰਤਾ ਸਿੰਘ ਮੀਰੀ ਪੀਰੀ ਅਕੈਡਮੀ ਰੁਦਰਪੁਰ ਉਤਰਾਖੰਡ ਵਾਲੇ,ਭਾਈ ਜਸਵੀਰ ਸਿੰਘ ,ਭਾਈ ਨਿਸ਼ਾਨ ਸਿੰਘ,ਭਾਈ ਮਲੀ ਸਿੰਘ ਹੈਡ ਗ੍ਰੰਥੀ ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਤੇ ਬਾਬਾ ਰਣਜੋਤ ਸਿੰਘ ਰਾਗੀ ਸਿੰਘਾਂ ਨੇ ਵੈਰਾਗਮਈ ਕੀਰਤਨ ਕਰਕੇ ਜਨਮ ਅਤੇ ਮੌਤ ਵਾਰੇ ਸੰਗਤਾਂ ਨੂੰ ਚਾਨਣਾ ਪਾਇਆ। ਇਸ ਸਮਾਗਮ ਦੌਰਾਨ ਤਪ ਅਸਥਾਨ ਚਾਹ ਵਾਲੇ ਕੌਂਤ ਬੇਲੀ ਦੀ ਸੇਵਾ ਸੰਭਾਲ ਸੰਤ ਬਾਬਾ ਹਰਜਿੰਦਰ ਸਿੰਘ ਜੋਹਲਾਂ ਵਾਲਿਆਂ ਵੱਲੋ ਮਹਾਨ ਸ਼ਖ਼ਸੀਅਤਾਂ ਦੀ ਹਾਜ਼ਰੀ ਵਿੱਚ ਗ੍ਰੰਥੀ ਗਿਆਨੀ ਰਮਨਦੀਪ ਸਿੰਘ ਨੂੰ ਸੰਭਾਲੀ ਅਤੇ ਇਸ ਨਗਰ ਦੇ ਪੰਜ ਸਿੰਘਾਂ ਭਾਈ ਅਮਰੀਕ ਸਿੰਘ,ਭਾਈ ਜਗਜੀਤ ਸਿੰਘ,ਭਾਈ ਅਜੈਪਾਲ ਸਿੰਘ,ਭਾਈ ਭਗਵੰਤ ਸਿੰਘ,ਭਾਈ ਨਿਰਲੇਪ ਸਿੰਘ ਨੂੰ ਇਸ ਸੇਵਾ ਸੰਭਾਲ ਵਿੱਚ ਸਹਿਯੋਗ ਕਰਨ ਵਾਸਤੇ ਚੁਣਿਆ।ਇਸ ਸਮਾਗਮ ਦੌਰਾਨ ਸਟੇਜ ਦੀ ਸੇਵਾ ਪ੍ਰਸਿੱਧ ਪੰਥਕ ਬੁਲਾਰੇ ਭਗਵਾਨ ਸਿੰਘ ਜੌਹਲ ਨੇ ਬੜੀ ਸ਼ਰਧਾ ਅਤੇ ਬਾਖੂਬੀ ਨਾਲ ਨਿਭਾਈ ਅਤੇ ਉਹਨਾਂ ਆਈਆਂ ਸਮਾਜਿਕ, ਧਾਰਮਿਕ,ਅਤੇ ਪੰਥਕ ਸ਼ਖਸ਼ੀਅਤਾਂ ਅਤੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ।






# ਮਾਝਾ-ਦੁਆਬਾ
ਆਸ ਪਾਸ

## ਪੁਲਿਸ ਦੁਆਰਾ ਕੀਤੀ ਕਾਰਵਾਈ ਪ੍ਰਬੰਧਾਂ ਵਿਚ ਦਖ਼ਲ : ਸਕੱਤਰ ਪ੍ਰਤਾਪ ਸਿੰਘ



ਅੰਮ੍ਰਿਤਸਰ, 31 ਜਨਵਰੀ (ਗੁਰਦਿਆਲ ਸਿੰਘ) : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਬੀਤੇ ਕੱਲ੍ਹ ਪੰਜਾਬ ਪੁਲਿਸ ਵੱਲੋਂ ਸ੍ਰੀ ਦਰਬਾਰ ਸਾਹਿਬ ਵਿਖੇ ਦੋ ਵਿਅਕਤੀਆਂ ਨੂੰ ਚੁੱਕੇ ਜਾਣ ਦੀ ਹਰਕਤ 'ਤੇ ਪ੍ਰਤੀਕਰਮ ਦਿੰਦਿਆਂ ਇਸ ਨੂੰ ਪੁਲਿਸ ਦੀ ਆਪਮੁਹਾਰੀ ਕਾਰਵਾਈ ਅਤੇ ਪ੍ਰਬੰਧਾਂ 'ਚ ਦਖ਼ਲ ਕਰਾਰ ਦਿੱਤਾ ਹੈ। ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ ਨੇ ਜਾਰੀ ਪ੍ਰੈੱਸ ਬਿਆਨ ਵਿਚ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਦੇਸ਼ ਵਿਦੇਸ਼ ਤੋਂ ਰੋਜ਼ਾਨਾ ਵੱਡੀ ਗਿਣਤੀ ਵਿਚ ਸੰਗਤਾਂ ਨਤਮਸਤਕ ਹੋਣ ਆਉਂਦੀਆਂ ਹਨ। ਪ੍ਰਬੰਧਕਾਂ ਨੂੰ ਬਿਨਾਂ ਕਿਸੇ ਜਾਣਕਾਰੀ ਦਿੱਤੇ ਪੁਲਿਸ ਦੁਆਰਾ ਕਿਸੇ ਨੂੰ ਹਿਰਾਸਤ ਵਿਚ ਲਏ ਜਾਣ ਦੀ ਕਾਰਵਾਈ ਅਣਉਚਿੱਤ ਅਤੇ ਸੰਗਤਾਂ ਦੀਆਂ ਭਾਵਨਾਵਾਂ ਦੇ ਵਿਰੁੱਧ ਹੈ। ਸਕੱਤਰ ਸ. ਪ੍ਰਤਾਪ ਸਿੰਘ ਨੇ ਕਿਹਾ ਕਿ ਸ੍ਰੀ ਦਰਬਾਰ ਸਾਹਿਬ ਸਿੱਖ ਸੰਗਤਾਂ ਦੀ ਆਸਥਾ ਦਾ ਕੇਂਦਰ ਹੈ, ਜਿਥੇ ਪੁਲਿਸ ਨੂੰ ਅਜਿਹੀ ਹਰਕਤ ਕਰਨ ਦੀ ਖੁੱਲ੍ਹ ਨਹੀਂ ਦਿੱਤੀ ਜਾ ਸਕਦੀ। ਉਨ੍ਹਾਂ ਕਿਹਾ ਕਿ ਬੀਤੇ ਕੱਲ੍ਹ ਪੁਲਿਸ ਕਾਰਵਾਈ ਦੀ ਸ਼੍ਰੋਮਣੀ ਕਮੇਟੀ ਜਾਂ ਸ੍ਰੀ ਦਰਬਾਰ ਸਾਹਿਬ ਦੇ ਪ੍ਰਬੰਧਕਾਂ ਨੂੰ ਕੋਈ ਸੂਚਨਾ ਨਹੀਂ ਦਿੱਤੀ ਗਈ। ਜੇਕਰ ਕਿਸੇ ਵਿਅਕਤੀ ਨੂੰ ਕਿਸੇ ਦੋਸ਼ ਤਹਿਤ ਹਿਰਾਸਤ ਵਿਚ ਲੈਣ ਦੀ ਲੋੜ ਸੀ ਤਾਂ ਸ਼੍ਰੋਮਣੀ ਕਮੇਟੀ ਨਾਲ ਸੰਪਰਕ ਕਰਨਾ ਚਾਹੀਦਾ ਸੀ। ਉਨ੍ਹਾਂ ਆਖਿਆ ਕਿ ਪੁਲਿਸ ਦੀ ਹਰਕਤ ਸਬੰਧੀ ਪ੍ਰਬੰਧਕੀ ਤੌਰ 'ਤੇ ਜਾਂਚ ਪੜਤਾਲ ਕੀਤੀ ਜਾ ਰਹੀ ਹੈ, ਜਿਸ ਦੀ ਰਿਪੋਰਟ ਕਾਰਜਕਾਰਨੀ ਕਮੇਟੀ ਨੂੰ ਸੌਂਪੀ ਜਾਵੇਗੀ।

## ਖ਼ਾਲਸਾ ਕਾਲਜ ਦੇ ਵਿਦਿਆਰਥੀਆਂ ਦਾ ਬਾਕਸਿੰਗ 'ਚ ਸ਼ਾਨਦਾਰ ਪ੍ਰਦਰਸ਼ਨ



ਅੰਮ੍ਰਿਤਸਰ, 31 ਜਨਵਰੀ (ਗੁਰਦਿਆਲ ਸਿੰਘ ): ਖਾਲਸਾ ਕਾਲਜ ਦੀ ਟੀਮ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਕਰਵਾਏ ਗਏ ਬਾਕਸਿੰਗ ਚੈਂਪੀਅਨਸ਼ਿਪ 'ਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਕਾਲਜ ਅਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ ਹੈ।ਉਕਤ ਮੁਕਾਬਲੇ ਦੌਰਾਨ 50 ਕਿੱਲੋਗ੍ਰਾਮ 'ਚ ਰਾਜਬੀਰ ਸ਼ਰਮਾ ਨੇ ਗੋਲਡ ਮੈਡਲ, 55 ਕਿਲੋਗ੍ਰਾਮ 'ਚ ਅਵਤਾਰ ਸਿੰਘ ਨੇ ਸਿਲਵਰ ਮੈਡਲ, 60 ਕਿਲੋਗ੍ਰਾਮ 'ਚ ਭੁਪਿੰਦਰ ਸਿੰਘ ਨੇ ਗੋਲਡ ਮੈਡਲ, 65 ਕਿਲੋਗ੍ਰਾਮ 'ਚ ਯੁਵਰਾਜ ਅਭੈ ਪ੍ਰਤਾਪ ਸਿੰਘ ਜੈਸਵਾਲ ਨੇ ਬਰਾਊਜ ਮੈਡਲ ਪ੍ਰਾਪਤ ਕਰਕੇ ਕਾਲਜ ਦਾ ਮਾਣ ਵਧਾਇਆ ਹੈ। ਇਸ ਉਪਲਬੱਧੀ 'ਤੇ ਖਾਲਸਾ ਯੂਨੀਵਰਸਿਟੀ ਦੇ ਪ੍ਰੋ-ਚਾਂਸਲਰ ਅਤੇ ਖਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਆਨਰੇਰੀ ਸਕੱਤਰ ਸ: ਰਜਿੰਦਰ ਮੋਹਨ ਸਿੰਘ ਛੀਨਾ ਨੇ ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ, ਖੇਡ ਮੁੱਖੀ ਡਾ. ਦਲਜੀਤ ਸਿੰਘ ਅਤੇ ਬਾਕਸਿੰਗ ਟੀਮ ਨੂੰ ਵਧਾਈ ਦਿੱਤੀ।ਇਸ ਮੌਕੇ ਉਨ੍ਹਾਂ ਵਿਦਿਆਰਥੀਆਂ ਨੂੰ ਭਵਿੱਖ 'ਚ ਵੀ ਪੜ੍ਹਾਈ ਦੇ ਨਾਲ-ਨਾਲ ਹੋਰਨਾਂ ਗਤੀਵਿਧੀਆਂ 'ਚ ਇਸੇ ਤਰ੍ਹਾਂ ਪ੍ਰਾਪਤੀਆਂ ਹਾਸਲ ਕਰਨ ਲਈ ਸ਼ੁਭਇੱਛਾਵਾਂ ਦਿੱਤੀਆਂ। ਇਸ ਸਬੰਧੀ ਪ੍ਰਿੰ: ਡਾ. ਰੰਧਾਵਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਕਤ ਤੋਂ ਇਲਾਵਾ 70 ਕਿਲੋਗ੍ਰਾਮ 'ਚ ਨਵਰੂਪ ਸਿੰਘ ਨੇ ਗੋਲਡ ਮੈਡਲ, 75 ਕਿਲੋਗ੍ਰਾਮ 'ਚ ਹਰਸਿਤ ਸਿੰਘ ਨੇ ਗੋਲਡ ਮੈਡਲ, 80 ਕਿਲੋਗ੍ਰਾਮ 'ਚ ਸੁਖਬੀਰ ਸਿੰਘ ਨੇ ਗੋਲਡ ਮੈਡਲ, 85 ਕਿਲੋਗ੍ਰਾਮ 'ਚ ਸਹਿਜਪ੍ਰੀਤ ਸਿੰਘ ਨੇ ਗੋਲਡ ਮੈਡਲ, 90 ਕਿਲੋਗ੍ਰਾਮ 'ਚ ਰਾਜਨਦੀਪ ਸਿੰਘ ਨੇ ਗੋਲਡ ਮੈਡਲ ਅਤੇ 90 ਪਲਸ ਕਿਲੋਗ੍ਰਾਮ 'ਚ ਰਾਜਨਪ੍ਰੀਤ ਸਿੰਘ ਨੇ ਗੋਲਡ ਮੈਡਲ ਜਿੱਤਿਆ ਹੈ। ਉਨ੍ਹਾਂ ਕਿਹਾ ਕਿ ਖਾਲਸਾ ਕਾਲਜ ਸੀਨੀਅਰ ਸੈਕੰਡਰੀ ਸਕੂਲ ਵਿਖੇ ਹੋਏ ਯੂਨੀਵਰਸਿਟੀ ਬਾਕਸਿੰਗ ਮੁਕਾਬਲੇ 'ਚ ਕਾਲਜ ਦੀ ਟੀਮ ਨੇ 15ਵੇਂ ਸਾਲ ਬਾਕਸਿੰਗ ਚੈਂਪੀਅਨਸ਼ਿਪ ਜਿੱਤੀ, ਜੋ ਬਹੁਤ ਮਾਣ ਵਾਲੀ ਗੱਲ ਹੈ।ਉਨ੍ਹਾਂ ਕਿਹਾ ਕਿ ਅਮਰਜੀਤ ਸ਼ਰਮਾ ਨੇ 55 ਕਿਲੋਗ੍ਰਾਮ 'ਚ ਗੋਲਡ ਮੈਡਲ ਅਤੇ ਇੰਦਰਜੀਤ ਸਿੰਘ ਨੇ 65 ਕਿਲੋਗ੍ਰਾਮ 'ਚ ਗੋਲਡ ਮੈਡਲ ਹਾਸਲ ਕੀਤਾ ਹੈ, ਇਹ ਸਟੂਡੈਂਟ ਵੀ ਖਾਲਸਾ ਕਾਲਜ ਬਾਕਸਿੰਗ ਸੈਂਟਰ ਦੇ ਹੀ ਹਨ।ਇਸ ਤਰ੍ਹਾਂ ਕਾਲਜ ਦੀ ਟੀਮ ਨੇ 10 ਭਾਰ ਵਰਗ 'ਚ 10 ਗੋਲਡ ਮੈਡਲ ਜਿੱਤ ਕੇ ਯੂਨੀਵਰਸਿਟੀ ਇੰਟਰ ਕਾਲਜ ਰਿਕਾਰਡ ਕਾਇਮ ਕੀਤਾ।ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾ 2011 ਅਤੇ 2012 'ਚ ਵੀ ਕਾਲਜ ਦੇ ਖਿਡਾਰੀਆ ਨੇ ਇੰਟਰ ਕਾਲਜ ਬਾਕਸਿੰਗ ਚੈਂਪੀਅਨਸ਼ਿਪ 'ਚ 11 ਭਾਰ ਵਰਗ 'ਚ 11 ਗੋਲਡ ਮੈਡਲ ਜਿੱਤ ਕੇ ਰਿਕਾਰਡ ਕੀਤਾ ਸੀ।ਇਸ ਮੌਕੇ ਉਨ੍ਹਾਂ ਟੀਮ ਨੂੰ ਵਧਾਈ ਦਿੰਦਿਆ ਕਿਹਾ ਕਿ ਭਵਿੱਖ 'ਚ ਇਵੇਂ ਹੀ ਖੇਡ ਪ੍ਰਾਪਤੀਆਂ ਕਰਕੇ ਸੰਸਥਾ ਦਾ ਨਾਮ ਰੌਸ਼ਨ ਕਰਨ ਲਈ ਪ੍ਰੇਰਿਤ ਕਰਦਿਆਂ ਹੋਰ ਵਧੀਆ ਪ੍ਰਦਰਸ਼ਨ ਕਰਨ ਲਈ ਉਤਸ਼ਾਹਿਤ ਕੀਤਾ।

## ਭਾਈ ਅੰਮ੍ਰਿਤਪਾਲ ਸਿੰਘ ਨੂੰ ਬਜਟ ਸੈਸ਼ਨ 'ਚ ਸ਼ਾਮਿਲ ਹੋਣ ਦੀ ਇਜਾਜ਼ਤ ਦੇਵੇ ਸਰਕਾਰ : ਕਾਲੇਕੇ



ਬਾਬਾ ਬਕਾਲਾ ਸਾਹਿਬ, 31 ਜਨਵਰੀ(ਬਲਰਾਜ ਸਿੰਘ ਰਾਜਾ) : :ਅਕਾਲੀ ਦਲ ਵਾਰਿਸ ਪੰਜਾਬ ਦੇ ਪਾਰਟੀ ਦੇ ਆਗੂ ਅਮਰਜੀਤ ਸਿੰਘ ਕਾਲੇਕੇ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਪੰਜਾਬ ਸਰਕਾਰ ਹਲਕਾ ਖਡੂਰ ਸਾਹਿਬ ਦੇ 20 ਲੱਖ ਵੋਟਰਾਂ ਦੀਆਂ ਆਸਾਂ ਤੇ ਪਾਣੀ ਫੇਰ ਰਹੀ ਹੈ। ਸਰਕਾਰ ਨਹੀਂ ਚਾਹੁੰਦੀ ਕਿ 4 ਲੱਖ ਵੋਟਾਂ ਨਾਲ ਜਿੱਤੇ ਹੋਏ ਭਾਈ ਸਾਹਿਬ ਲੋਕ ਸਭਾ ਵਿੱਚ ਲੋਕ ਮੁੱਦੇ ਚੁੱਕਣ ਅਤੇ ਇਹ ਸਰਕਾਰ ਦੀ ਸਰਾਸਰ ਧੱਕੇਸ਼ਾਹੀ ਹੈ। ਜੇਕਰ ਸਰਕਾਰ ਲੋਕਾਂ ਵੱਲੋਂ ਚੁਣੇ ਨੁਮਾਇੰਦੇ ਨਾਲ ਇੰਝ ਕਰ ਸਕਦੀ ਹੈ ਤਾਂ ਆਮ ਲੋਕ ਇਸ ਸਰਕਾਰ ਤੋਂ ਕਿ ਉਮੀਦ ਰੱਖਣ। ਹਜ਼ਾਰਾਂ ਲੋਕਾਂ ਨੂੰ ਸਿੱਖ ਸਿਧਾਂਤ ਨਾਲ ਜੋੜਨ ਵਾਲੇ ਅਤੇ ਨਸ਼ੇ ਛੁਡਾਉਣ ਵਾਲੇ ਮੈਂਬਰ ਪਾਰਲੀਮੈਂਟ ਦੀ ਅਵਾਜ ਨੂੰ ਦਬਾਇਆ ਜਾ ਰਿਹਾ ਹੈ। ਦੂਜੇ ਪਾਸੇ ਜੰਮੂ ਕਸ਼ਮੀਰ ਦੇ ਬਾਰਾਮੂਲਾ ਤੋਂ ਐਮ ਪੀ ਇੰਜੀਨੀਅਰ ਰਾਸ਼ਿਦ ਨੂੰ ਕਈ ਵਾਰ ਪੈਰੋਲ ਮਿਲ ਚੁੱਕੀ ਹੈ ਜਿਸਦਾ ਅਸੀਂ ਵਿਰੋਧ ਨਹੀਂ ਕਰਦੇ ਪਰ ਏਕ ਦੇਸ਼ ਵਿੱਚ ਦੋਹਰੇ ਮਾਪਦੰਡ ਸਰਾਸਰ ਸੰਵਿਧਾਨਕ ਅਧਿਕਾਰਾਂ ਦੇ ਖਿਲਾਫ ਹੈ। ਬਾਰ ਬਾਰ ਐਨ ਐਸ ਏ ਵਧਾ ਕੇ ਸਰਕਾਰ ਲੋਕ ਅਵਾਜ ਨੂੰ ਦਬਾਉਣ ਦੀ ਕੋਸ਼ਿਸ਼ ਕਰ ਰਹੀ ਹੈ ਜਿਸਦਾ ਜਵਾਬ ਆਉਣ ਵਾਲੇ ਸਮੇਂ ਵਿੱਚ ਖੁਦ ਲੋਕਾਂ ਵੱਲੋਂ ਦਿੱਤਾ ਜਾਵੇਗਾ।ਅਮਰਜੀਤ ਸਿੰਘ ਕਾਲੇਕੇ ਨੇ ਕਿਹਾ ਕਿ ਭਾਈ ਸਾਹਿਬ ਦੇ ਫੰਡਾਂ ਤੇ ਰੋਕ ਕਾਰਨ ਹਲਕੇ ਦੇ ਵਿਕਾਸ ਦੇ ਕੰਮ ਰੁਕੇ ਹੋਏ ਹਨ। ਸਰਕਾਰ ਨੂੰ ਅਪੀਲ ਕਰਦੇ ਹਾਂ ਕਿ ਅਗਾਮੀ ਬਜਟ ਸੈਸ਼ਨ ਵਿੱਚ ਸ਼ਾਮਿਲ ਹੋਣ ਲਈ ਭਾਈ ਅੰਮ੍ਰਿਤਪਾਲ ਸਿੰਘ ਨੂੰ ਪੈਰੋਲ ਦਿੱਤੀ ਜਾਵੇ।

## ਬੀਬੀ ਕੌਲਾਂ ਜੀ ਭਲਾਈ ਕੇਂਦਰ ਵਿਖੇ ਭਾਈ ਹਰਦੇਵ ਸਿੰਘ ਦੀਵਾਨਾ ਦੀ ਕਿਤਾਬ ਸਰਲ ਕੀਰਤਨ ਸਿੱਖਿਆ ਰਿਲੀਜ਼



ਅੰਮ੍ਰਿਤਸਰ, 31 ਜਨਵਰੀ (ਬਬਲੂ ਮਹਾਜਨ) : ਬੀਬੀ ਕੌਲਾਂ ਜੀ ਭਲਾਈ ਕੇਂਦਰ ਵਿਖੇ ਇੱਕ ਧਾਰਮਿਕ ਕੀਰਤਨ ਸਮਾਗਮ ਭਾਈ ਸਾਹਿਬ ਭਾਈ ਗੁਰਇਕਬਾਲ ਸਿੰਘ ਜੀ ਦੀ ਅਗਵਾਈ ਹੇਠ ਆਯੋਜਿਤ ਕੀਤਾ ਗਿਆ। ਇਸ ਸਮਾਗਮ ਦੌਰਾਨ ਭਲਾਈ ਕੇਂਦਰ ਨਾਲ ਸੰਬੰਧਤ ਕੀਰਤਨੀ ਭਾਈ ਹਰਦੇਵ ਸਿੰਘ ਦੀਵਾਨਾ ਵੱਲੋਂ ਲਿਖੀ ਗਈ ਕਿਤਾਬ "ਸਰਲ ਕੀਰਤਨ ਸਿੱਖਿਆ' ਦਾ ਵਿਮੋਚਨ ਭਾਈ ਸਾਹਿਬ ਭਾਈ ਗੁਰਇਕਬਾਲ ਸਿੰਘ ਜੀ ਵੱਲੋਂ ਕੀਤਾ ਗਿਆ।ਭਾਈ ਗੁਰਇਕਬਾਲ ਸਿੰਘ ਜੀ ਨੇ ਇਸ ਮੌਕੇ ਸੰਬੋਧਨ ਕਰਦਿਆਂ ਕਿਹਾ ਕਿ ਕੀਰਤਨ ਸਿੱਖੀ ਦੀ ਆਤਮਾ ਹੈ ਅਤੇ ਇਸ ਤਰ੍ਹਾਂ ਦੀਆਂ ਕਿਤਾਬਾਂ ਨੌਜਵਾਨ ਪੀੜ੍ਹੀ ਨੂੰ ਗੁਰਬਾਣੀ ਨਾਲ ਜੋੜਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ। ਉਨ੍ਹਾਂ ਨੇ ਕਿਤਾਬ ਦੇ ਲੇਖਕ ਭਾਈ ਹਰਦੇਵ ਸਿੰਘ ਦੀਵਾਨਾ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਰਚਨਾ ਸਧਾਰਣ ਭਾਸ਼ਾ ਵਿੱਚ ਕੀਰਤਨ ਸਿੱਖਣ ਲਈ ਬਹੁਤ ਲਾਭਦਾਇਕ ਸਾਬਤ ਹੋਵੇਗੀ। ਇਸ ਮੌਕੇ ਅਮਰਜੀਤ ਸਿੰਘ ਸਿਲਕੀ, ਪਰਮਜੀਤ ਕੌਰ ਪੰਮਾ, ਭੈਣ ਜੀ, ਰਣਜੀਤ ਸਿੰਘ ਗੋਲਡੀ, ਮਨਦੀਪ ਸਿੰਘ ਭੋਲੂ ਹਰਪ੍ਰੀਤ ਸਿੰਘ ਪ੍ਰੀਤ ਜਤਿੰਦਰ ਸਿੰਘ ਬਿੱਟੂ, ਰਵਿੰਦਰ ਸਿੰਘ, ਤੇਜਪਾਲ ਸਿੰਘ, ਡਾ. ਕੁਲਦੀਪ ਸਿੰਘ ਸਲੋ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ

## ਬੇਦਾਗ ਸੇਵਾ ਮੁਕਤ ਹੋਣਾ ਚਰਨਜੀਤ ਕੌਰ ਵਰਗੀਆਂ ਦੇ ਹੀ ਹਿੱਸੇ : ਚੇਅਰਮੈਨ ਪੰਡੋਰੀ



ਕੋਟ ਈਸੇ ਖਾਂ, 31 ਜਨਵਰੀ ( ਹਰਜੀਤ ਛਾਬੜਾ/ਗੁਰਦੇਵ ਖੁਰਾਣਾ) : ਮਾਰਕੀਟ ਕਮੇਟੀ ਕੋਟ ਈਸੇ ਖਾਂ ਵਿਖੇ ਲਗਭਗ 40 ਸਾਲ ਵੱਖ ਵੱਖ ਅਹੁਦਿਆਂ ਤੇ ਸੇਵਾ ਕਰਨ ਉਪਰੰਤ ਮੈਡਮ ਚਰਨਜੀਤ ਕੌਰ ਅੱਜ ਸੇਵਾ ਮੁਕਤ ਹੋ ਗਈ। ਮਾਰਕੀਟ ਕਮੇਟੀ ਦੇ ਮੌਜੂਦਾ ਮੁਲਾਜ਼ਮਾਂ, ਰਿਟਾਇਰ ਮੁਲਾਜ਼ਮਾਂ ਤੇ ਹੋਰ ਸਮਾਜ ਸੇਵੀਆਂ ਵੱਲੋਂ ਦਫਤਰ ਮਾਰਕੀਟ ਕਮੇਟੀ ਦਾਣਾ ਮੰਡੀ ਕੋਟ ਈਸੇ ਖਾਂ ਵਿਖੇ ਰੱਖੇ ਗਏ, ਇੱਕ ਸਾਦਾ ਜਿਹੇ ਪਰ ਪ੍ਰਭਾਵਸ਼ਾਲੀ ਪ੍ਰੋਗਰਾਮ ਦੌਰਾਨ ਮੈਡਮ ਚਰਨਜੀਤ ਕੌਰ ਤੇ ਉਸਦੇ ਪਰਿਵਾਰਕ ਮੈਂਬਰਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਮਾਰਕੀਟ ਕਮੇਟੀ ਦੇ ਸਾਬਕਾ ਮੁਲਾਜ਼ਮ ਜਸਵਿੰਦਰ ਸਿੰਘ ਘਾਰੂ ਨੇ ਦੱਸਿਆ ਕਿ ਮੈਡਮ ਚਰਨਜੀਤ ਕੌਰ ਸਨ 1986 ਵਿੱਚ ਮਾਰਕੀਟ ਕਮੇਟੀ ਕੋਟ ਈਸੇ ਖਾਂ ਵਿਖੇ ਬਤੌਰ ਕਲਰਕ ਆਪਣੀ ਨੌਕਰੀ ਸ਼ੁਰੂ ਕੀਤੀ, ਉਸ ਤੋਂ ਬਾਅਦ ਉਹ ਆਕਸ਼ਨ ਰਿਕਾਰਡਰ ਬਣੇ, ਮੰਡੀ ਸੁਪਰਵਾਈਜ਼ਰ ਬਣੇ ਤੇ ਲੇਖਾਕਾਰ ਦੇ ਅਹੁਦੇ ਉੱਤੋਂ ਅੱਜ ਉਹ ਸੇਵਾ ਮੁਕਤ ਹੋ ਰਹੇ ਹਨ। ਮਾਰਕੀਟ ਕਮੇਟੀ ਕੋਟ ਈਸੇ ਖਾਂ ਦੇ ਚੇਅਰਮੈਨ ਅਮਨਦੀਪ ਸਿੰਘ ਅਮਨ ਪੰਡੋਰੀ ਨੇ ਮੈਡਮ ਚਰਨਜੀਤ ਕੌਰ ਦੀ ਨੌਕਰੀ ਦੌਰਾਨ ਇਮਾਨਦਾਰੀ ਤੇ ਦਿਆਨਤਦਾਰੀ ਨਾਲ ਕੀਤੀ ਡਿਊਟੀ ਦੀ ਸਰਾਹਨਾ ਕਰਦਿਆਂ ਕਿਹਾ ਕਿ ਲਗਭਗ 40 ਸਾਲ ਵੱਖ ਵੱਖ ਅਹੁਦਿਆਂ ਤੇ ਕੰਮ ਕਰਨ ਤੋਂ ਬਾਅਦ ਬੇਦਾਗ ਸੇਵਾ ਮੁਕਤ ਹੋਣਾ ਚਰਨਜੀਤ ਕੌਰ ਦੇ ਵਰਗਿਆਂ ਦੇ ਹਿੱਸੇ ਹੀ ਆਉਂਦਾ ਹੈ, ਸੋ ਮੈਂ ਇਹਨਾਂ ਦੇ ਡਿਊਟੀ ਦੌਰਾਨ ਦਿੱਤੇ ਗਏ ਸਹਿਯੋਗ ਦੀ ਪ੍ਰਸ਼ੰਸਾ ਕਰਦਾ ਹੈ ਤੇ ਕਾਮਨਾ ਕਰਦਾ ਹਾਂ ਕਿ ਇਹ ਹੁਣ ਡਿਊਟੀ ਤੋਂ ਮੁਕਤ ਹੋਣ ਤੋਂ ਬਾਅਦ ਆਪਣਾ ਜੀਵਨ ਹੋਰ ਚੰਗੇ ਢੰਗ ਨਾਲ ਜਿਉਣਗੇ। ਮੈਡਮ ਚਰਨਜੀਤ ਕੌਰ ਦੇ ਇਸ ਸੇਵਾ ਮੁਕਤੀ ਸਮਾਗਮ ਨੂੰ ਸੰਬੋਧਨ ਕਰਦਿਆਂ ਡਿਪਟੀ ਡੀਐਮਓ ਅਮਨਪ੍ਰੀਤ ਸਿੰਘ ਗਿੱਲ, ਸਕੱਤਰ ਮਾਰਕੀਟ ਕਮੇਟੀ ਜਸਪ੍ਰੀਤ ਸਿੰਘ ਅਤੇ ਹੋਰਨਾ ਬੁਲਾਰਿਆਂ ਨੇ ਵੀ ਮੈਡਮ ਚਰਨਜੀਤ ਕੌਰ ਦੁਆਰਾ ਕੀਤੀ ਡਿਊਟੀ ਦੀ ਚੰਗੀ ਸਲਾਹੁਤਾ ਕੀਤੀ। ਅੱਜ ਦੇ ਇਸ ਸਮਾਗਮ ਵਿੱਚ ਆੜਤੀ ਕੁਲਦੀਪ ਸਿੰਘ ਮੂਸੇਵਾਲਾ, ਸੇਵਾ ਮੁਕਤ ਸਕੱਤਰ ਜਗੀਰੀ ਲਾਲ ਪੁਰੀ, ਜੀਵਨ ਅਗਰਵਾਲ ਜੀਰਾ, ਜਸਵਿੰਦਰ ਸਿੰਘ ਮਾਲਵਾ, ਮੇਜਰ ਸਿੰਘ ਚਾਹਲ, ਇੰਦਰਜੀਤ ਸਿੰਘ, ਵਜੀਰ ਸਿੰਘ ਖਹਿਰਾ, ਮੰਡੀ ਸੁਪਰਵਾਈਜ਼ਰ ਰਾਜ ਕੌਰ, ਮੰਡੀ ਸੁਪਰਵਾਈਜ਼ਰ ਪ੍ਰਭਜੋਤ ਕੌਰ, ਟੈਲੀ ਆਪਰੇਟਰ ਮਨਮੀਤ ਸਿੰਘ, ਕਲਰਕ ਗੁਰਪਿੰਦਰ ਸਿੰਘ, ਚੌਂਕੀਦਾਰ ਜਸਪ੍ਰੀਤ ਸਿੰਘ, ਅਮਨਦੀਪ ਸਿੰਘ ਤੇ ਹੋਰ ਹਾਜ਼ਰ ਸਨ।

## ਟੈਕਨੀਕਲ ਸਰਵਿਸਿਜ਼ ਯੂਨੀਅਨ ਵੱਲੋਂ 12 ਫਰਵਰੀ ਨੂੰ ਦੇਸ਼ ਵਿਆਪੀ ਹੜਤਾਲ ਦਾ ਐਲਾਨ



ਮਜੀਠਾ, 31 ਜਨਵਰੀ (ਅਸ਼ਵਨੀ ਨਈਅਰ) : ਟੈਕਨੀਕਲ ਸਰਵਿਸਿਜ਼ ਯੂਨੀਅਨ ਦਿਹਾਤੀ ਸਰਕਲ ਅੰਮ੍ਰਿਤਸਰ ਦੀ ਇੱਕ ਮੀਟਿੰਗ ਬਿਜਲੀ ਘਰ ਮਜੀਠਾ ਵਿਖੇ ਯੂਨੀਅਨ ਦੇ ਪ੍ਰਧਾਨ ਮਲਕੀਅਤ ਸਿੰਘ ਸੈਂਸਰਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਸੂਬਾ ਕਮੇਟੀ ਵੱਲੋਂ ਲਏ ਗਏ ਫੈਸਲਿਆਂ ਨੂੰ ਲਾਗੂ ਕਰਨ ਸਬੰਧੀ ਵਿਸਥਾਰ ਨਾਲ ਵਿਚਾਰ-ਚਰਚਾ ਕੀਤੀ ਗਈ। ਮੀਟਿੰਗ ਦੀ ਜਾਣਕਾਰੀ ਦਿੰਦਿਆਂ ਆਗੂਆਂ ਨੇ ਦੱਸਿਆ ਕਿ ਕੇਂਦਰੀ ਟਰੇਡ ਯੂਨੀਅਨਾਂ ਵੱਲੋਂ 12 ਫਰਵਰੀ ਨੂੰ ਨਿੱਜੀਕਰਨ ਦੀ ਨੀਤੀ ਦੇ ਵਿਰੋਧ, ਬਿਜਲੀ ਸੋਧ ਬਿੱਲ 2025 ਨੂੰ ਵਾਪਸ ਕਰਵਾਉਣ, ਚਾਰ ਲੇਬਰ ਕੋਡ ਰੱਦ ਕਰਵਾਉਣ ਅਤੇ ਮਨਰੇਗਾ ਨੂੰ ਬਹਾਲ ਕਰਵਾਉਣ ਲਈ ਇੱਕ ਰੋਜ਼ਾ ਦੇਸ਼ ਵਿਆਪੀ ਹੜਤਾਲ ਦਾ ਸੱਦਾ ਦਿੱਤਾ ਗਿਆ ਹੈ। ਇਸ ਸੱਦੇ ਦੇ ਸਮਰਥਨ ਵਿੱਚ ਟੈਕਨੀਕਲ ਸਰਵਿਸਿਜ਼ ਯੂਨੀਅਨ ਅਤੇ ਕੋਆਰਡੀਨੇਸ਼ਨ ਕਮੇਟੀ ਆਫ਼ ਪਾਵਰਕਾਮ ਐਂਡ ਟਰਾਂਸਕੋ ਆਊਟਸੋਰਸਡ ਮੁਲਾਜ਼ਮ ਪੰਜਾਬ ਵੱਲੋਂ ਵੀ 12 ਫਰਵਰੀ ਨੂੰ ਮੁਕੰਮਲ ਹੜਤਾਲ ਕਰਨ ਦਾ ਫੈਸਲਾ ਲਿਆ ਗਿਆ ਹੈ ।ਆਗੂਆਂ ਨੇ ਦੋਸ਼ ਲਗਾਇਆ ਕਿ ਕੇਂਦਰ ਸਰਕਾਰ ਵੱਲੋਂ ਪਹਿਲਾਂ ਤੋਂ ਬਣੇ ਲੋਕ ਪੱਖੀ ਕਾਨੂੰਨਾਂ ਵਿੱਚ ਵੱਡੇ ਪੱਧਰ 'ਤੇ ਤਬਦੀਲੀਆਂ ਕਰਕੇ ਕਿਰਤੀ ਵਰਗ ਦੇ ਹੱਕਾਂ 'ਤੇ ਹਮਲਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਕਾਰਪੋਰੇਟ ਪੱਖੀ ਨੀਤੀਆਂ ਰਾਹੀਂ ਮਜ਼ਦੂਰਾਂ ਦੀ ਲੁੱਟ ਵਧਾਈ ਜਾ ਰਹੀ ਹੈ, ਜਿਸਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਹੜਤਾਲ ਦੌਰਾਨ ਨਿੱਜੀਕਰਨ ਦੀ ਪ੍ਰਕਿਰਿਆ ਰੋਕਣ, ਬਿਜਲੀ ਸੋਧ ਬਿੱਲ 2025 ਅਤੇ ਬੀਜ ਬਿੱਲ 2025 ਨੂੰ ਰੱਦ ਕਰਨ, ਚਾਰ ਲੇਬਰ ਕੋਡ ਵਾਪਸ ਲੈਣ, ਅੱਠ ਘੰਟਿਆਂ ਦੀ ਥਾਂ 12 ਘੰਟਿਆਂ ਦੀ ਦਿਹਾੜੀ ਕਰਨ ਵਾਲੇ ਕਾਨੂੰਨ ਨੂੰ ਖਤਮ ਕਰਨ ਅਤੇ ਪਹਿਲਾਂ ਵਾਲਾ ਮਨਰੇਗਾ ਕਾਨੂੰਨ ਬਹਾਲ ਕਰਨ ਦੀ ਮੰਗ ਕੀਤੀ ਜਾਵੇਗੀ। ਮੀਟਿੰਗ ਵਿੱਚ ਸੂਬਾ ਪ੍ਰਧਾਨ ਕ੍ਰਿਸ਼ਨ ਸਿੰਘ ਔਲਖ, ਸਰਕਲ ਸਕੱਤਰ ਸੁਖਪਾਲ ਸਿੰਘ ਮਜੀਠਾ, ਦਿਹਾਤੀ ਮੰਡਲ ਪ੍ਰਧਾਨ ਰਘਬੀਰ ਸਿੰਘ ਮਜੀਠਾ,ਾ ਸਮੇਤ ਹੋਰ ਆਗੂ ਹਾਜ਼ਰ ਸਨ।

## ਥਾਣਾ ਮੁਖੀ ਸਿੰਘ ਵੱਲੋਂ ਂ ਗੈਂਗਸਟਰਾਂ ਨੂੰ ਸਖ਼ਤ ਚੇਤਾਵਨੀ



ਬਿਆਸ, 31 ਜਨਵਰੀ (ਰਾਕੇਸ਼ ਸਲਵਾਨ ) : ਅੱਜ ਪੰਜਾਬ ਸਰਕਾਰ ਦੇ ਹੁਕਮਾਂ ਤਹਿਤ ਦੇਹਾਤੀ ਦੇ ਐਸ. ਐਸ. ਪੀ. ਅੰਮ੍ਰਿਤਸਰ ਦੇ ਦਿਸ਼ਾ ਨਿਰਦੇਸ਼ਾਂ ਅਤੇ ਡੀ ਐਸ ਪੀ ਬਾਬਾ ਬਕਾਲਾ ਸਾਹਿਬ ਦੇ ਹੁਕਮਾਂ ਤੇ ਥਾਣਾ ਮੁਖੀ ਬਲਵਿੰਦਰ ਸਿੰਘ ਨੇ ਗੈਂਗਸਟਰਾਂ ਨੂੰ ਸਖ਼ਤ ਚਿਤਾਵਨੀ ਦਿੱਤੀ ਗਈ ਅਤੇ ਸਰਕਾਰ ਵੱਲੋਂ ਚਲਾਈ ਜਾ ਰਹੀ ਮੁਹਿੰਮ ਚਲਾਉਣ ਦੇ ਤਿੰਨ ਦਿਨਾਂ ਵਿੱਚ 18 ਦੇ ਕਰੀਬ ਗੈਂਗਸਟਰਾਂ ਨੂੰ ਗ੍ਰਿਫਤਾਰ ਕੀਤਾ ਗਿਆ। ਐਸ. ਐਚ.ਓ. ਥਾਣਾ ਮੁਖੀ ਬਲਵਿੰਦਰ ਸਿੰਘ ਨੇ ਆਖਿਆ ਕਿ ਜਿਹੜੇ ਗੈਂਗਸਟਰ ਆਪ ਆ ਕੇ ਥਾਣੇ ਵਿੱਚ ਜਾ ਡੀ ਐਸ ਪੀ ਦਫਤਰ ਜਾਂ ਐਸ ਐਸ ਪੀ ਦਫਤਰ ਵਿੱਚ ਪੇਸ਼ ਹੋਣਾ ਚਾਹੁੰਦੇ ਹਨਉਹ ਆ ਕੇ ਆਪ ਪੇਸ਼ ਹੋ ਜਾਣ ਸਰਕਾਰ ਵੱਲੋਂ ਜੋ ਵੀ ਰਿਆਇਤ ਉਹਨਾਂ ਨਾਲ ਹੋ ਸਕੇ ਉਹ ਹੋਵੇਗੀ। ਬਲਵਿੰਦਰ ਸਿੰਘ ਵੱਲੋਂ ਸਖਤ ਸ਼ਬਦਾਂ ਵਿੱਚ ਆਖਿਆ ਗਿਆ ਕਿ ਗੈਂਗਸਟਰਾਂ ਨੂੰ ਬਖਸ਼ਿਆ ਨਹੀਂ ਜਾਵੇਗਾ। ਥਾਣਾ ਮੁਖੀ ਬਿਆਸ ਅਤੇ ਉਹਨਾਂ ਦੀ ਟੀਮ ਵੱਲੋਂ ਛਾਪੇਮਾਰੀ ਕੀਤੀ ਜਾ ਰਹੀ ਹੈ। ਪੁਲਿਸ ਦੇ ਡੀ ਜੀ ਪੀ ਗੌਰਵ ਯਾਦਵ ਵੱਲੋਂ ਵੀ ਇੱਕ ਬਿਆਨ ਵਿੱਚ ਉਹਨਾਂ ਨੇ ਗੈਂਗਸਟਰਾਂ ਨੂੰ ਆਖਿਆ ਕਿ ਅਜੇ ਵੀ ਸਮਾਂ ਹੈ ਵਾਪਿਸ ਮੁੜ ਆਓ ਨਹੀਂ ਤਾਂ ਕਿਸੇ ਨੂੰ ਵੀ ਬਖਸ਼ਿਆ ਨਹੀਂ ਜਾਵੇਗਾ।

## ਪਵਿੱਤਰ ਸਰੋਵਰ ਮਾਮਲੇ ਵਿੱਚ ਦੋਸ਼ੀ ਸੁਭਾਨ ਰੰਗਰੇਜ਼ 14 ਦਿਨਾਂ ਲਈ ਨਿਆਂਇਕ ਹਿਰਾਸਤ ਵਿੱਚ

ਅੰਮ੍ਰਿਤਸਰ, 31 ਜਨਵਰੀ ( ਬਬਲੂ ਮਹਾਜਨ):ਸ੍ਰੀ ਹਰਿਮੰਦਰ ਸਾਹਿਬ ਦੇ ਪਵਿੱਤਰ ਸਰੋਵਰ ਵਿੱਚ ਵਜ਼ੂ ਕਰਨ ਵਾਲੇ ਮੁਸਲਿਮ ਨੌਜਵਾਨ ਨੂੰ ਅੱਜ ਦੁਬਾਰਾ ਅਦਾਲਤ ਵਿੱਚ ਪੇਸ਼ ਕੀਤਾ ਗਿਆ। ਅਦਾਲਤ ਨੇ ਉਸ ਨੂੰ 14 ਦਿਨਾਂ ਲਈ ਨਿਆਂਇਕ ਹਿਰਾਸਤ ਵਿੱਚ ਭੇਜਣ ਦੇ ਹੁਕਮ ਦਿੱਤੇ।ਜ਼ਿਕਰਯੋਗ ਹੈ ਕਿ 28 ਜਨਵਰੀ ਨੂੰ ਅਦਾਲਤ ਨੇ ਸੁਭਾਨ ਰੰਗਰੇਜ਼ ਨੂੰ ਤਿੰਨ ਦਿਨਾਂ ਦੇ ਪੁਲਿਸ ਰਿਮਾਂਡ 'ਤੇ ਭੇਜ ਦਿੱਤਾ ਸੀ। ਪੁਲਿਸ ਰਿਮਾਂਡ ਦੀ ਮਿਆਦ ਖਤਮ ਹੋਣ ਤੋਂ ਬਾਅਦ, ਦੋਸ਼ੀ ਨੂੰ ਅੱਜ ਦੁਬਾਰਾ ਅਦਾਲਤ ਵਿੱਚ ਪੇਸ਼ ਕੀਤਾ ਗਿਆ, ਜਿੱਥੇ ਸੁਣਵਾਈ ਤੋਂ ਬਾਅਦ ਅਦਾਲਤ ਨੇ ਉਸਨੂੰ ਨਿਆਂਇਕ ਹਿਰਾਸਤ ਵਿੱਚ ਭੇਜ ਦਿੱਤਾ।ਇਹ ਘਟਨਾ ਉਦੋਂ ਸਾਹਮਣੇ ਆਈ ਜਦੋਂ ਇਸ ਨੌਜਵਾਨ ਨੇ ਸ੍ਰੀ ਹਰਿਮੰਦਰ ਸਾਹਿਬ ਦੇ ਪਵਿੱਤਰ ਸਰੋਵਰ ਵਿੱਚ ਸਾਬਣ ਨਾਲ ਮੂੰਹ ਧੋਤਾ ਅਤੇ ਫਿਰ ਕੁਰਲਾ ਕੀਤਾ। ਇਸ ਨੂੰ ਸਿੱਖ ਜਥੇਬੰਦੀਆਂ ਅਤੇ ਸ਼ਰਧਾਲੂਆਂ ਨੇ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੀ ਕਾਰਵਾਈ ਦੱਸਿਆ। ਇਸ ਘਟਨਾ ਤੋਂ ਬਾਅਦ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਪੁਲਿਸ ਕੋਲ ਸ਼ਿਕਾਇਤ ਦਰਜ ਕਰਵਾਈ। ਸ਼ਿਕਾਇਤ ਦੇ ਆਧਾਰ 'ਤੇ ਦੋਸ਼ੀ ਸੁਭਾਨ ਰੰਗਰੇਜ਼ ਵਿਰੁੱਧ ਅੰਮ੍ਰਿਤਸਰ ਦੇ ਈ-ਡਿਵੀਜ਼ਨ ਪੁਲਿਸ ਸਟੇਸ਼ਨ ਵਿੱਚ ਐਫਆਈਆਰ ਦਰਜ ਕੀਤੀ ਗਈ ਸੀ।ਜ਼ਿਕਰਯੋਗ ਹੈ ਕਿ ਸੁਭਾਨ ਰੰਗਰੇਜ਼ ਨੇ ਸ੍ਰੀ ਹਰਿਮੰਦਰ ਸਾਹਿਬ ਦੇ ਪਵਿੱਤਰ ਸਰੋਵਰ 'ਚ ਵਜ਼ੂ ਕੀਤਾ ਸੀ ਅਤੇ ਇਸ ਦਾ ਵੀਡੀਓ ਵਾਇਰਲ ਹੋਣ ਤੋਂ ਬਾਅਦ ਇਹ ਮਾਮਲਾ ਸ਼੍ਰੋਮਣੀ ਕਮੇਟੀ ਦੇ ਧਿਆਨ ਵਿਚ ਆਇਆ ਸੀ। ਇਸ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਿੱਖ ਸੰਗਤਾਂ ਵੱਲੋਂ ਇਤਰਾਜ਼ ਪ੍ਰਗਟਾਇਆ ਗਿਆ ਸੀ। ਸਿੱਖ ਸੰਗਤਾਂ ਵੱਲੋਂ ਸਬੰਧਤ ਵਿਅਕਤੀ ਖ਼ਿਲਾਫ਼ ਸਖਤ ਕਾਰਵਾਈ ਕਰਨ ਦੀ ਮੰਗ ਉਠੀ ਸੀ। ਇਸ ਤੋਂ ਬਾਅਦ ਸੁਭਾਨ ਰੰਗਰੇਜ਼ ਨੇ ਮੁਆਫ਼ੀ ਵੀ ਮੰਗ ਲਈ।ਪਿਛਲੇ ਦਿਨੀਂ ਪੰਜਾਬ ਪੁਲਿਸ ਨੇ ਸੁਭਾਨ ਰੰਗਰੇਜ਼ ਨੂੰ ਉਤਰ ਪ੍ਰਦੇਸ਼ ਦੇ ਗਾਜ਼ੀਆਬਾਦ ਤੋਂ ਗ੍ਰਿਫ਼ਤਾਰ ਕੀਤਾ ਸੀ। ਇਸ ਤੋਂ ਬਾਅਦ ਉਸ ਨੂੰ ਅਦਾਲਤ ਵਿੱਚ ਪੇਸ਼ ਕਰਕੇ 3 ਦਿਨਾਂ ਦਾ ਰਿਮਾਂਡ ਲਿਆ ਸੀ। ਹੁਣ ਉਸ ਨੂੰ ਅੱਜ ਰਿਮਾਂਡ ਖਤਮ ਹੋਣ 'ਤੇ ਅਦਾਲਤ ਵਿੱਚ ਪੇਸ਼ ਕੀਤਾ ਗਿਆ ਸੀ ਅਤੇ ਹੁਣ ਪੁਲਿਸ ਨੇ 14 ਦਿਨਾਂ ਦਾ ਰਿਮਾਂਡ ਹਾਸਲ ਕੀਤਾ ਹੈ।

## ਮਹਿੰਗੇ ਨਿੱਜੀ ਹਸਪਤਾਲ ਵੀ ਗਰੀਬਾਂ ਲਈ ਖੋਲ੍ਹੇ : ਵਿਧਾਇਕ



ਧਰਮਕੋਟ ( ਮੋਗਾ), 31 ਜਨਵਰੀ (ਗੁਰਦੇਵ ਖੁਰਾਣਾ) : ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਮੁਫ਼ਤ ਸਿਹਤ ਸੰਭਾਲ ਦੇ ਆਪਣੇ ਵਾਅਦੇ ਨੂੰ ਪੂਰਾ ਕਰਦਿਆਂ ਮੁੱਖ ਮੰਤਰੀ ਸਿਹਤ ਯੋਜਨਾ ਦੀ ਸ਼ੁਰੂਆਤ ਕੀਤੀ ਗਈ ਹੈ, ਜਿਸ ਤਹਿਤ ਵਿਧਾਇਕ ਧਰਮਕੋਟ ਸ੍ਰ ਦਵਿੰਦਰਜੀਤ ਸਿੰਘ ਲਾਡੀ ਢੋਸ ਵੱਲੋਂ ਸੀ ਐਚ ਸੀ ਧਰਮਕੋਟ ਅਤੇ ਕੋਟ ਈਸੇ ਖਾਂ ਵਿੱਚ ਲਾਭਪਾਤਰੀਆਂ ਦੀ ਚੱਲ ਰਹੀ ਰਜਿਸਟ੍ਰੇਸ਼ਨ ਦਾ ਜਾਇਜ਼ਾ ਲਿਆ। ਇਸ ਮੌਕੇ ਉਹਨਾਂ ਨਾਲ ਡਿਪਟੀ ਕਮਿਸ਼ਨਰ ਮੋਗਾ ਸ਼੍ਰੀ ਸਾਗਰ ਸੇਤੀਆ, ਐਸ ਡੀ ਐਮ ਹਿਤੇਸ਼ ਵੀਰ ਗੁਪਤਾ ਵਿਸ਼ੇਸ ਤੌਰ ਤੇ ਹਾਜ਼ਰ ਸਨ।ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਨੇ ਕਿਹਾ ਕਿ ਇਸ ਯੋਜਨਾ ਦੇ ਸ਼ੁਰੂ ਹੋਣ ਨਾਲ ਸੂਬੇ ਦੇ ਹਰ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਮਿਲੇਗਾ। ਇਸ ਯੋਜਨਾ ਦੇ ਲਾਗੂ ਹੋਣ ਨਾਲ ਅਮੀਰਾਂ ਦੀ ਪਹੁੰਚ ਵਿੱਚ ਆਉਂਦੇ ਸਭ ਤੋਂ ਮਹਿੰਗੇ ਨਿੱਜੀ ਹਸਪਤਾਲ ਵੀ ਗਰੀਬਾਂ ਲਈ ਖੋਲ੍ਹ ਦਿੱਤੇ ਗਏ ਹਨ, ਜੋ ਲੋਕ ਸੇਵਾ ਵਿੱਚ ਫੈਸਲਾਕੁੰਨ ਬਦਲਾਅ ਹੈ।ਉਹਨਾਂ ਕਿਹਾ ਕਿ ਪੰਜਾਬ ਹੁਣ ਦੇਸ਼ ਦਾ ਪਹਿਲਾ ਸੂਬਾ ਬਣ ਗਿਆ ਹੈ ਜਿਸ ਨੇ ਹਰੇਕ ਸੂਬਾ ਵਾਸੀ ਲਈ ਮੁਫ਼ਤ ਸਿਹਤ ਸੰਭਾਲ, ਮੁਫ਼ਤ ਸਿੱਖਿਆ, ਮੁਫ਼ਤ ਬਿਜਲੀ ਅਤੇ ਮੁਫ਼ਤ ਬੱਸ ਯਾਤਰਾ ਦੀ ਗਰੰਟੀ ਦਿੱਤੀ ਹੈ। ਉਹਨਾਂ ਕਿਹਾ ਕਿ ਪਹਿਲਾਂ, ਪੰਜਾਬ ਦੇ ਸਰਕਾਰੀ ਹਸਪਤਾਲਾਂ ਨੂੰ ਡਾਕਟਰਾਂ ਦੀ ਭਾਰੀ ਘਾਟ ਦਾ ਸਾਹਮਣਾ ਕਰਨਾ ਪਿਆ ਸੀ। ਕਈ ਵਾਰ ਕੋਈ ਬਿਮਾਰੀ ਇੰਨੀ ਗੰਭੀਰ ਹੋ ਜਾਂਦੀ ਹੈ ਕਿ ਕਿਸੇ ਨੂੰ ਪ੍ਰਾਈਵੇਟ ਹਸਪਤਾਲ ਜਾਣਾ ਪੈਂਦਾ ਹੈ। ਬਹੁਤ ਸਾਰੇ ਲੋਕ ਇਲਾਜ ਲਈ ਪ੍ਰਾਈਵੇਟ ਹਸਪਤਾਲਾਂ ਦੀ ਚੋਣ ਕਰਦੇ ਹਨ। ਇਸ ਲਈ, ਅੱਜ ਅਜਿਹੀ ਯੋਜਨਾ ਲਾਗੂ ਕੀਤੀ ਗਈ ਹੈ ਜਿਸ ਦੇ ਤਹਿਤ ਪੰਜਾਬ ਦੇ ਸਭ ਤੋਂ ਵਧੀਆ ਪ੍ਰਾਈਵੇਟ ਹਸਪਤਾਲ, ਜਿੱਥੇ ਸਭ ਤੋਂ ਅਮੀਰ ਲੋਕ ਵੀ ਇਲਾਜ ਲਈ ਜਾਂਦੇ ਹਨ, ਹੁਣ ਸਭ ਤੋਂ ਗਰੀਬ ਕਿਸਾਨ, ਮਜ਼ਦੂਰ ਅਤੇ ਰਿਕਸ਼ਾ ਚਾਲਕ ਲਈ ਵੀ ਇਲਾਜ ਲਈ ਜਾ ਸਕਣਗੇ। ਉਨ੍ਹਾਂ ਨੂੰ ਪੈਸੇ ਦੀ ਚਿੰਤਾ ਕਰਨ ਦੀ ਜ਼ਰੂਰਤ ਨਹੀਂ ਹੋਵੇਗੀ।ਡਿਪਟੀ ਕਮਿਸ਼ਨਰ ਸ਼੍ਰੀ ਸਾਗਰ ਸੇਤੀਆ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋਂ ਹਰੇਕ ਯੋਗ ਵਿਅਕਤੀ ਨੂੰ ਇਸ ਸਕੀਮ ਦਾ ਲਾਭ ਦੇਣਾ ਯਕੀਨੀ ਬਣਾਇਆ ਜਾਵੇਗਾ। ਉਹਨਾਂ ਕਿਹਾ ਕਿ ਹਸਪਤਾਲ ਦੇ ਖਰਚਿਆਂ ਦੇ ਨਾਲ-ਨਾਲ ਡਾਇਗਨੌਸਟਿਕ ਸੇਵਾਵਾਂ ਨੂੰ ਵੀ ਇਸ ਸਕੀਮ ਅਧੀਨ ਸ਼ਾਮਲ ਕੀਤਾ ਗਿਆ ਹੈ ਅਤੇ ਕਿਹਾ ਕਿ ਕੋਈ ਵੀ ਨਾਗਰਿਕ ਹੁਣ ਪੰਜਾਬ ਜਾਂ ਚੰਡੀਗੜ੍ਹ ਦੇ ਕਿਸੇ ਵੀ ਸਰਕਾਰੀ ਜਾਂ ਨਿੱਜੀ ਹਸਪਤਾਲ ਵਿੱਚ ਮੁਫ਼ਤ ਇਲਾਜ ਕਰਵਾ ਸਕਦਾ ਹੈ।

## ਭਗਤ ਰਵਿਦਾਸ ਜੀ ਦੇ ਜਨਮ ਦਿਹਾੜੇ ਮੌਕੇ ਵਿਸ਼ਾਲ ਸ਼ੋਭਾ ਯਾਤਰਾ ਦੌਰਾਨ ਲੰਗਰ ਲਗਾਇਆ

ਅੰਮਿਤਸਰ, 31 ਜਨਵਰੀ ( ਬਬਲੂ ਮਹਾਜਨ) :ਸ੍ਰੀ ਗੁਰੂ ਰਵਿਦਾਸ ਜੀ ਦੇ 649ਵੇਂ ਪ੍ਰਕਾਸ਼ ਗੁਰਪੁਰਬ ਦੇ ਪਾਵਨ ਮੌਕੇ ਅੰਮ੍ਰਿਤਸਰ ਵਿੱਚ ਸਜਾਈ ਗਈ ਵਿਸ਼ਾਲ ਸ਼ੋਭਾ ਯਾਤਰਾ ਦਾ ਗੁਰਦੁਆਰਾ ਸੰਤੋਖਸਰ ਸਾਹਿਬ ਦੇ ਬਾਹਰ ਪੰਜਾਬ ਨੈਸ਼ਨਲ ਬੈਂਕ ਐਸਸੀ/ਐਸਟੀ ਇੰਪਲਾਈਜ਼ ਵੈਲਫੇਅਰ ਐਸੋਸੀਏਸ਼ਨ ਵੱਲੋਂ ਨਿੱਘਾ ਅਤੇ ਸ਼ਰਧਾਪੂਰਕ ਸਵਾਗਤ ਕੀਤਾ ਗਿਆ। ਇਸ ਮੌਕੇ ਐਸੋਸੀਏਸ਼ਨ ਵੱਲੋਂ ਸੰਗਤਾਂ ਦੀ ਸੇਵਾ ਲਈ ਵਿਸ਼ਾਲ ਲੰਗਰ ਦਾ ਆਯੋਜਨ ਵੀ ਕੀਤਾ ਗਿਆ, ਜਿਸ ਵਿੱਚ ਸੈਂਕੜਿਆਂ ਦੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਪ੍ਰਸਾਦ ਛਕਿਆ।ਐਸੋਸੀਏਸ਼ਨ ਦੇ ਮੈਂਬਰਾਂ ਵੱਲੋਂ ਸ਼ੋਭਾ ਯਾਤਰਾ ਵਿੱਚ ਸ਼ਾਮਲ ਸੰਗਤਾਂ ਨੂੰ ਜਲ ਪਾਨ ਅਤੇ ਲੰਗਰ ਦੀ ਸੇਵਾ ਪ੍ਰੇਮ ਅਤੇ ਭਾਵਨਾ ਨਾਲ ਕੀਤੀ ਗਈ। ਇਸ ਮੌਕੇ ਗੁਰੂ ਰਵਿਦਾਸ ਜੀ ਦੇ ਉਪਦੇਸ਼ਾਂ ਨੂੰ ਯਾਦ ਕਰਦਿਆਂ ਕਿਹਾ ਗਿਆ ਕਿ ਗੁਰੂ ਸਾਹਿਬ ਨੇ ਸਮਾਜਿਕ ਬਰਾਬਰੀ, ਭਾਈਚਾਰੇ ਅਤੇ ਮਨੁੱਖਤਾ ਦਾ ਸੰਦੇਸ਼ ਦਿੱਤਾ, ਜੋ ਅੱਜ ਵੀ ਸਮਾਜ ਲਈ ਪ੍ਰੇਰਨਾਸਰੋਤ ਹੈ।ਇਸ ਸੇਵਾ ਸਮਾਗਮ ਵਿੱਚ ਹਰਪ੍ਰੀਤ ਸਿੰਘ ਰੋਹੀਤ, ਬਲਵਿੰਦਰ ਕੁਮਾਰ, ਭਗਵਾਨ ਸਿੰਘ, ਰੋਬਿਨ ਭਾਰਤੀ, ਗੁਰਦਿਆਲ ਚੰਦ, ਮੁਕੇਸ਼ ਕੁਮਾਰ, ਦਿਲਾਵਰ ਸਿੰਘ, ਗੁਰਦੀਪ ਸਿੰਘ, ਰਵੀ ਸਮੇਤ ਐਸੋਸੀਏਸ਼ਨ ਦੇ ਹੋਰ ਮੈਂਬਰ ਹਾਜ਼ਰ ਸਨ। ਸੰਗਤਾਂ ਵੱਲੋਂ ਐਸੋਸੀਏਸ਼ਨ ਦੀ ਇਸ ਨਿਸ਼ਕਾਮ ਸੇਵਾ ਦੀ ਭਰਪੂਰ ਸ਼ਲਾਘਾ ਕੀਤੀ ਗਈ।

## ਖ਼ਾਲਸਾ ਯੂਨੀਵਰਸਿਟੀ ਨੇ 12ਵਾਂ ਅੰਤਰਰਾਸ਼ਟਰੀ ਕਲਾ ਮਹਾ ਉਤਸਵ ਕਰਵਾਇਆ

ਅੰਮ੍ਰਿਤਸਰ, 31 ਜਨਵਰੀ (ਗੁਰਦਿਆਲ ਸਿੰਘ) :ਵਿਦਿਆਰਥੀਆਂ ਦੀ ਕਲਾ ਨੂੰ ਉਭਾਰਨ ਦੇ ਮਕਸਦ ਤਹਿਤ ਖਾਲਸਾ ਯੂਨੀਵਰਸਿਟੀ ਵੱਲੋਂ ਖਾਲਸਾ ਕਾਲਜ ਦੇ ਫਾਈਨ ਆਰਟ ਵਿਭਾਗ ਅਤੇ ਆਈ. ਡਬਲਿਊ. ਐੱਸ. ਆਰਟ ਅਫੀਨਾ ਦੇ ਸਾਂਝੇ ਸਹਿਯੋਗ ਨਾਲ 12ਵਾਂ ਅੰਤਰਰਾਸ਼ਟਰੀ ਕਲਾ ਮਹਾ ਉਤਸਵ ਕਰਵਾਇਆ ਗਿਆ,ਜਿਸ ਦਾ ਉਦਘਾਟਨ ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਵੱਲੋਂ ਕੀਤਾ ਗਿਆ। ਇਸ ਮੌਕੇ ਦੇਸ਼ ਦੇ ਵੱਖ-ਵੱਖ ਹਿੱਸਿਆਂ ਤੋਂ ਸ਼ਾਮਿਲ ਹੋਏ ਆਰਟਿਸਟਾਂ ਨੇ ਰੁਬਰੂ ਹੋ ਕੇ ਬੱਚਿਆਂ ਨੂੰ ਪੇਂਟਿੰਗ ਬਣਾਕੇ ਵਿਖਾਉਣ ਤੋਂ ਇਲਾਵਾ ਚਿਤਰਕਲਾ ਦੇ ਵਿਸਥਾਰਪੂਰਵਕ ਗੁਰ ਸਿਖਾਏ। ਇਸ ਮੌਕੇ ਪ੍ਰਿੰ: ਡਾ. ਰੰਧਾਵਾ ਨੇ ਵਿਦਿਆਰਥੀਆਂ ਨੂੰ ਕਲਾ ਪ੍ਰਤੀ ਸਮਰਪਣ ਭਾਵਨਾ ਨਾਲ ਅਗਾਂਹ ਵੱਧਣ ਲਈ ਉਤਸ਼ਾਹਿਤ ਕਰਦਿਆਂ ਸਮਾਜ 'ਚ ਰਚਨਾਤਮਕਤਾ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਉਕਤ ਮਹਾ ਉਤਸਵ ਦੌਰਾਨ ਅਜਮੇਰ ਤੋਂ ਸਚਿਨ, ਕਿਸ਼ਨਗੜ੍ਹ ਤੋਂ ਪਵਨ ਕੁਮਾਵਤ, ਚੰਡੀਗੜ੍ਹ ਤੋਂ ਸਿਕੰਦਰ ਸਿੰਘ, ਪਾਉਂਟਾ ਸਾਹਿਬ ਤੋਂ ਕੁਲਵਿੰਦਰ ਸਿੰਘ, ਜਲੰਧਰ ਤੋਂ ਹਰੀਸ਼ ਵਰਮਾ ਅਤੇ ਬੁੰਗਾ ਤੋਂ ਜਸਵੀਰ ਰਾਮ ਆਦਿ ਦੇਸ਼ ਦੇ ਵੱਖ-ਵੱਖ ਹਿੱਸਿਆਂ 'ਚੋਂ ਕਲਾਕਾਰਾਂ ਨੇ ਸ਼ਿਰਕਤ ਕੀਤੀ। ਜਿਨ੍ਹਾਂ ਨੇ ਵਿਦਿਆਰਥੀਆਂ ਦੇ ਰੁਬਰੂ ਹੁੰਦਿਆਂ ਚਿੱਤਰਕਲਾ ਬਣਾ ਕੇ ਵਿਖਾਉਣ ਤੋਂ ਇਲਾਵਾ ਇਸ ਸਬੰਧੀ ਹਰੇਕ ਪਹਿਲੂ ਨੂੰ ਬਾਰੀਕੀ ਨਾਲ ਸਾਂਝਾ ਕੀਤਾ।ਉਨ੍ਹਾਂ ਕਿਹਾ ਕਿ ਉਕਤ ਕਲਾਕਾਰਾਂ ਵੱਲੋਂ ਲਾਈਵ ਚਿੱਤਰਕਾਰੀ ਨਾਲ ਵਿਦਿਆਰਥੀਆਂ ਨੂੰ ਆਧੁਨਿਕ ਕਲਾ ਦੀਆਂ ਤਕਨੀਕਾਂ ਅਤੇ ਰਚਨਾਤਮਿਕ ਪ੍ਰੀਕ੍ਰਿਆ ਸਬੰਧੀ ਮਹੱਤਵਪੂਰਨ ਜਾਣਕਾਰੀ ਪ੍ਰਾਪਤ ਹੋਈ, ਜੋ ਉਨ੍ਹਾਂ ਦੇ ਤਜ਼ਰਬੇ 'ਚ ਵਾਧਾ ਕਰਦਿਆਂ ਭਵਿੱਖ 'ਚ ਸਹਾਈ ਸਿੱਧ ਹੋਵੇਗੀ। ਇਸ ਮੌਕੇ ਵਿਭਾਗ ਮੁਖੀ ਮਹਿਤਾਬ ਕੌਰ ਨੇ ਖ਼ਾਲਸਾ ਯੂਨੀਵਰਸਿਟੀ ਦੇ ਉਪ ਕੁਲਪਤੀ ਡਾ. ਮਹਿਲ ਸਿੰਘ, ਪ੍ਰਿੰ: ਡਾ. ਰੰਧਾਵਾ ਵੱਲੋਂ ਮਿਲੇ ਸਹਿਯੋਗ ਲਈ ਧੰਨਵਾਦ ਕਰਦਿਆਂ ਕਿਹਾ ਕਿ ਵਿਦਿਆਰਥੀਆਂ ਨੇ ਇਸ ਵਰਕਸ਼ਾਪ ਤੋਂ ਬਹੁਤ ਕੁਝ ਸਿੱਖਿਆ ਅਤੇ ਇਹ ਅਨੁਭਵ ਉਨ੍ਹਾਂ ਦੀ ਕਲਾਤਮਿਕ ਵਿਕਾਸ ਯਾਤਰਾ ਲਈ ਲਾਭਦਾਇਕ ਸਾਬਿਤ ਹੋਇਆ ਹੈ। ਇਸ ਮੌਕੇ ਪ੍ਰਿੰ: ਡਾ. ਰੰਧਾਵਾ ਨੇ ਉੱਘੇ ਕਲਾਕਾਰਾਂ ਨੂੰ ਕਾਲਜ ਦੀ ਯਾਦਗਾਰੀ ਤਸਵੀਰ ਭੇਟ ਕਰਕੇ ਸਨਮਾਨਿਤ ਕੀਤਾ ਗਿਆ।

## ਖ਼ਾਲਸਾ ਕਾਲਜ ਇੰਟਰਨੈਸ਼ਨਲ ਪਬਲਿਕ ਸਕੂਲ ਵਿਖੇ ਸਾਲਾਨਾ ਇਨਾਮ ਵੰਡ ਸਮਾਗਮ ਕਰਵਾਇਆ



ਅੰਮ੍ਰਿਤਸਰ, 31 ਜਨਵਰੀ (ਗੁਰਦਿਆਲ ਸਿੰਘ):ਖ਼ਾਲਸਾ ਕਾਲਜ ਇੰਟਰਨੈਸ਼ਨਲ ਪਬਲਿਕ ਸਕੂਲ, ਰਣਜੀਤ ਐਵੀਨਿਊ ਵਿਖੇ ਵਿਦਿਆਰਥੀਆਂ ਦੀ ਪ੍ਰਤਿਭਾ ਨੂੰ ਨਿਖਾਰਨ, ਆਤਮ ਵਿਸ਼ਵਾਸ ਪੈਦਾ ਕਰਨ ਅਤੇ ਕਲਾਤਮਿਕ ਕਲਾਵਾਂ ਨੂੰ ਉਤਸ਼ਾਹਿਤ ਕਰਨ ਦੇ ਮੰਤਵ ਤਹਿਤ ਸਾਲਾਨਾ ਇਨਾਮ ਵੰਡ ਸਮਾਗਮ ਵਿਰਸਾ-ਏ-ਪੰਜਾਬ ਕਰਵਾਇਆ ਗਿਆ,ਜਿਸ 'ਚ ਲਿਟਲ ਫਲਾਵਰ ਸੀਨੀਅਰ ਸੈਕੰਡਰੀ ਸਕੂਲ ਡਾਇਰੈਕਟਰ ਸ੍ਰੀਮਤੀ ਤੇਜਿੰਦਰ ਕੌਰ ਛੀਨਾ ਨੇ ਮੁੱਖ ਮਹਿਮਾਨ ਅਤੇ ਖਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਜੁਆਇੰਟ ਸਕੱਤਰ ਸ: ਗੁਨਬੀਰ ਸਿੰਘ ਨੇ ਗੈਸਟ ਆਫ਼ ਆਨਰ ਵਜੋਂ ਸ਼ਿਰਕਤ ਕੀਤੀ,ਜਦਕਿ ਗਰੋਇੰਗ ਟਰੀਜ਼ ਪਲੇਪੇਨ ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਸਾਨੀਆ ਵਿਸ਼ੇਸ਼ ਮਹਿਮਾਨ ਦੇ ਹਾਜ਼ਰ ਸਨ। ਇਸ ਮੌਕੇ ਸ੍ਰੀਮਤੀ ਛੀਨਾ ਨੇ ਵਿਦਿਆਰਥੀਆਂ ਦੀ ਪੇਸ਼ਕਾਰੀ ਅਤੇ ਸੱਭਿਆਚਾਰਕ ਸਮਾਗਮ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਪੰਜਾਬੀ ਮਾਤ ਭਾਸ਼ਾ ਪ੍ਰਤੀ ਸਨੇਹ ਰੱਖਣ ਅਤੇ ਉਸਦੇ ਵਿਕਾਸ 'ਚ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ,ਜਦਕਿ ਇਸ ਦੌਰਾਨ ਸ: ਗੁਨਬੀਰ ਸਿੰਘ ਨੇ ਕਿਹਾ ਕਿ ਆਧੁਨਿਕਤਾ ਦੇ ਇਸ ਦੌਰ 'ਚ ਉਹੀ ਵਿਅਕਤੀ ਜੀਵਨ 'ਚ ਸਫ਼ਲਤਾ ਦੀ ਪੌੜੀ ਚੜ੍ਹ ਸਕਦਾ ਹੈ, ਜੋ ਆਪਣੇ ਅੰਦਰ ਛੁਪੀਆਂ ਕਲਾਵਾਂ ਦੀ ਪਹਿਚਾਣ ਕਰਕੇ ਭਵਿੱਖ ਦੀਆਂ ਯੋਜਨਾਵਾਂ ਨੂੰ ਨਿਰਧਾਰਿਤ ਕਰੇ। ਉਨ੍ਹਾਂ ਵਿਦਿਆਰਥੀਆਂ ਨੂੰ ਸਖਤ ਮਿਹਨਤ ਕਰਕੇ ਦੇਸ਼ ਅਤੇ ਸਕੂਲ ਦਾ ਨਾਮ ਰੌਸ਼ਨ ਕਰਨ ਲਈ ਪ੍ਰੇਰਿਤ ਕੀਤਾ।

ਇਸ ਮੌਕੇ ਸਕੂਲ ਪ੍ਰਿੰਸੀਪਲ ਸ੍ਰੀਮਤੀ ਨਿਰਮਲਜੀਤ ਕੌਰ ਗਿੱਲ ਨੇ ਸਾਲਾਨਾ ਰਿਪੋਰਟ ਪੜ੍ਹਦਿਆਂ ਸੰਸਥਾ ਦੀਆਂ ਕਾਰਗੁਜ਼ਾਰੀਆਂ ਬਾਰੇ ਜਾਣੂ ਕਰਵਾਇਆ।ਉਨ੍ਹਾਂ ਮਹਿਮਾਨਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਸੱਭਿਆਚਾਰਕ ਵਿਰਾਸਤ ਨਾ ਕੇਵਲ ਇਤਿਹਾਸ ਦਾ ਭੰਡਾਰ ਹੁੰਦੀ ਹੈ, ਸਗੋਂ ਇਹ ਕਿਸੇ ਭਾਈਚਾਰੇ ਦੀਆਂ ਕਦਰਾਂ ਕੀਮਤਾਂ, ਵਿਸ਼ਵਾਸਾਂ ਅਤੇ ਅਨੁਭਵਾਂ ਦੀ ਜਿਉਂਦੀ ਜਾਗਦੀ ਮੂਰਤ ਵੀ ਹੁੰਦੀ ਹੈ। ਉਨ੍ਹਾਂ ਕਿਹਾ ਕਿ ਇਹ ਅਪਣੱਤ ਦੇ ਬੋਧ ਦਾ ਸੰਚਾਰ ਕਰਦੀ ਹੈ ਅਤੇ ਪ੍ਰੇਰਨਾ ਦੇ ਸਰੋਤ ਦਾ ਕੰਮ ਦਿੰਦੀ ਹੈ। ਉਨ੍ਹਾਂ ਕਿਹਾ ਕਿ ਪ੍ਰੋਗਰਾਮ ਵਿਦਿਆਰਥੀਆਂ 'ਚ ਆਪਣੀ ਮਾਤ ਭਾਸ਼ਾ ਪ੍ਰਤੀ ਸਨੇਹ ਰੱਖਣ ਲਈ ਅਤੇ ਮਾਣਮੱਤੇ ਵਿਰਸੇ ਤੋਂ ਜਾਣੂ ਕਰਵਾਉਣ ਲਈ ਉਲੀਕਿਆ ਗਿਆ ਸੀ।ਉਨ੍ਹਾਂ ਕਿਹਾ ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਨੇ ਰੰਗ-ਬਿਰੰਗੀਆਂ ਪੁਸ਼ਾਕਾਂ ਪਹਿਨੀਆਂ ਹੋਈਆਂ ਸਨ ਉਨ੍ਹਾਂ ਕਿਹਾ ਕਿ ਪ੍ਰੋਗਰਾਮ ਵਿਦਿਆਰਥੀਆਂ 'ਚ ਆਪਣੀ ਮਾਤ ਭਾਸ਼ਾ ਪ੍ਰਤੀ ਸਨੇਹ ਰੱਖਣ ਲਈ ਅਤੇ ਮਾਣਮੱਤੇ ਵਿਰਸੇ ਤੋਂ ਜਾਣੂੰ ਕਰਵਾਉਣ ਲਈ ਉਲੀਕਿਆ ਗਿਆ ਸੀ।ਉਨ੍ਹਾਂ ਕਿਹਾ ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਨੇ ਰੰਗ-ਬਿਰੰਗੀਆਂ ਪੁਸ਼ਾਕਾਂ ਪਹਿਨੀਆਂ ਹੋਈਆਂ ਸਨਅਤੇ ਸਾਲਾਨਾ ਸਮਾਗਮ ਖਾਸ ਤੌਰ 'ਤੇ ਪੰਜਾਬ ਦੇ ਅਮੀਰ ਵਿਰਸੇ 'ਤੇ ਅਧਾਰਿਤ ਸੀ, ਜਿਸ 'ਚ ਕੋਰੀਓਗ੍ਰਾਫੀ ਅਤੇ ਨਾਟ ਦ੍ਰਿਸ਼ਾਂ ਰਾਹੀਂ ਪੰਜਾਬ ਦੇ ਗੌਰਵਮਈ ਵਿਰਸੇ ਨੂੰ ਦਰਸਾਇਆ ਗਿਆ।ਇਸ ਮੌਕੇ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਦੇ ਜੀਵਨ ਕਾਲ ਸਬੰਧੀ ਝਾਕੀਆਂ ਨੂੰ ਬਹੁਤ ਹੀ ਭਾਵਪੂਰਤ ਰੂਪ 'ਚ ਪੇਸ਼ ਕੀਤਾ ਗਿਆ। ਇਸ ਤੋਂ ਇਲਾਵਾ ਪੰਜਾਬ ਦੀਆਂ ਲੋਕ ਖੇਡਾਂ ਅਧਾਰਿਤ ਕੋਰੀਓਗ੍ਰਾਫੀ ਨੇ ਦਰਸ਼ਕਾਂ ਦਾ ਮਨ ਮੋਹ ਲਿਆ।ਇਸ ਮੌਕੇ ਵਿਦਿਆਰਥੀਆਂ ਨੇ ਗਤਕੇ ਸ਼ਾਨਦਾਰ ਜੌਹਰ ਵਿਖਾਏ, ਜਦਕਿ ਅਰਮਾਨ ਸਿੰਘ ਦੁਆਰਾ ਲੋਕ ਗੀਤ 'ਬੱਕੀ' ਪੇਸ਼ ਕੀਤਾ ਗਿਆ। ਇਸ ਮੌਕੇ ਸ੍ਰੀਮਤੀ ਛੀਨਾ, ਗੁਨਬੀਰ ਸਿੰਘ ਨੇ ਪ੍ਰਿੰ: ਸ੍ਰੀਮਤੀ ਗਿੱਲ ਨਾਲ ਮਿਲ ਕੇ ਅਕਾਦਮਿਕ ਅਤੇ ਕਿਰਿਆਤਮਕ ਕਿਰਿਆਵਾਂ 'ਚ ਜੇਤੂ ਰਹੇ ਵਿਦਿਆਰਥੀਆਂ ਨੂੰ ਸਨਮਾਨਿਤ ਵੀ ਕੀਤਾ।ਇਸ ਮੌਕੇ ਕੌਂਸਲ ਦੇ ਜੁਆਇੰਟ ਸਕੱਤਰ ਸ: ਪਰਮਜੀਤ ਸਿੰਘ ਬੱਲ,ਸ: ਲਖਵਿੰਦਰ ਸਿੰਘ ਢਿੱਲੋਂ, ਮੈਂਬਰ ਡਾ. ਸੁਖਬੀਰ ਕੌਰ ਮਾਹਲ, ਖਾਲਸਾ ਕਾਲਜ ਪਬਲਿਕ ਸਕੂਲ ਜੀ.ਟੀ. ਰੋਡ ਪ੍ਰਿੰਸੀਪਲ ਸ. ਅਮਰਜੀਤ ਸਿੰਘ ਗਿੱਲ, ਖਾਲਸਾ ਕਾਲਜ ਪਬਲਿਕ ਸਕੂਲ, ਹੇਰ ਪ੍ਰਿੰਸੀਪਲ ਗੁਰਿੰਦਰਜੀਤ ਕੌਰ,ਬੀ.ਕੇ.ਐਸ.ਬੀ. ਡੀ.ਐਸ.ਪ੍ਰਿੰਸੀਪਲ ਸ੍ਰੀਮਤੀ ਸੁਲੇਖਾ, ਸਮੂਹ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

## ਸ੍ਰੀ ਗੁਰੂ ਹਰਿਰਾਏ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਮੌਕੇ ਧਾਰਮਿਕ ਸਮਾਗਮ ਕਰਵਾਏ



ਅੰਮਿਤਸਰ, 31 ਜਨਵਰੀ (ਬਬਲੂ ਮਹਾਜਨ) :ਦਮਦਮੀ ਟਕਸਾਲ ਦੇ ਮੁਖੀ ਸਿੰਘ ਸਾਹਿਬ ਗਿਆਨੀ ਰਾਮ ਸਿੰਘ ਖਾਲਸਾ ਨੇ ਸ੍ਰੀ ਗੁਰੂ ਹਰਿਰਾਏ ਸਾਹਿਬ ਜੀ ਦੇ ਪ੍ਰਕਾਸ਼ ਗੁਰਪੁਰਬ ਮੌਕੇ ਕਰਵਾਏ ਗਏ ਧਾਰਮਿਕ ਸਮਾਗਮ ਦੌਰਾਨ ਸਮੂਹ ਸੰਗਤ ਨੂੰ ਦ ਵਧਾਈ ਦਿੰਦਿਆਂ ਗੁਰੂ ਸਾਹਿਬ ਦੀ ਜੀਵਨੀ ਅਤੇ ਉਪਦੇਸ਼ਾਂ 'ਤੇ ਚਾਨਣ ਪਾਇਆ।ਸਿੰਘ ਸਾਹਿਬ ਗਿਆਨੀ ਰਾਮ ਸਿੰਘ ਖਾਲਸਾ ਨੇ ਕਿਹਾ ਕਿ ਸ੍ਰੀ ਗੁਰੂ ਹਰਿਰਾਏ ਸਾਹਿਬ ਜੀ ਦਇਆ, ਸੇਵਾ ਅਤੇ ਕੁਦਰਤ ਨਾਲ ਪਿਆਰ ਦੇ ਪ੍ਰਤੀਕ ਸਨ। ਗੁਰੂ ਸਾਹਿਬ ਨੇ ਸਦਾ ਮਨੁੱਖਤਾ ਦੀ ਭਲਾਈ ਲਈ ਕੰਮ ਕੀਤਾ ਅਤੇ ਬੀਮਾਰਾਂ ਦੀ ਸੇਵਾ, ਜੜੀ-ਬੂਟੀਆਂ ਰਾਹੀਂ ਇਲਾਜ ਅਤੇ ਜੀਵ ਜੰਤੂਆਂ ਦੀ ਰੱਖਿਆ ਦਾ ਸੁਨੇਹਾ ਦਿੱਤਾ। ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਗੁਰੂ ਹਰਿਰਾਏ ਸਾਹਿਬ ਜੀ ਦੇ ਉਪਦੇਸ਼ ਹੋਰ ਵੀ ਪ੍ਰਾਸੰਗਿਕ ਹਨ, ਕਿਉਂਕਿ ਸਮਾਜ ਨੂੰ ਦਇਆ, ਸਹਿਣਸ਼ੀਲਤਾ ਅਤੇ ਪਰਿਆਵਰਨ ਸੰਭਾਲ ਦੀ ਸਖ਼ਤ ਲੋੜ ਹੈ।ਉਨ੍ਹਾਂ ਸੰਗਤ ਨੂੰ ਅਪੀਲ ਕੀਤੀ ਕਿ ਗੁਰੂ ਸਾਹਿਬ ਦੀ ਸਿੱਖਿਆ ਨੂੰ ਆਪਣੇ ਜੀਵਨ ਵਿੱਚ ਅਮਲ ਵਿੱਚ ਲਿਆਂਦਾ ਜਾਵੇ, ਨਸ਼ਿਆਂ ਤੋਂ ਦੂਰ ਰਹਿ ਕੇ ਸੇਵਾ-ਸਿਮਰਨ ਦੇ ਰਾਹ 'ਤੇ ਤੁਰਿਆ ਜਾਵੇ ਅਤੇ ਪੰਥਕ ਏਕਤਾ ਨੂੰ ਮਜ਼ਬੂਤ ਕੀਤਾ ਜਾਵੇ। ਸਮਾਗਮ ਦੌਰਾਨ ਸੰਗਤ ਵੱਲੋਂ ਗੁਰੂ ਕਾ ਲੰਗਰ ਵਰਤਾਇਆ ਗਿਆ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤ ਨੇ ਹਾਜ਼ਰੀ ਭਰੀ ਅਤੇ ਗੁਰੂ ਘਰ ਦੀਆਂ ਖੁਸ਼ੀਆਂ ਮਨਾਈਆਂ। ਵਿੱਚ ਕਿਹਾ ਕਿ ਸ੍ਰੀ ਗੁਰੂ ਹਰਿਰਾਏ ਸਾਹਿਬ ਜੀ ਦਇਆ, ਸੇਵਾ ਅਤੇ ਕੁਦਰਤ ਨਾਲ ਪਿਆਰ ਦੇ ਪ੍ਰਤੀਕ ਸਨ। ਗੁਰੂ ਸਾਹਿਬ ਨੇ ਸਦਾ ਮਨੁੱਖਤਾ ਦੀ ਭਲਾਈ ਲਈ ਕੰਮ ਕੀਤਾ ਅਤੇ ਬੀਮਾਰਾਂ ਦੀ ਸੇਵਾ, ਜੜੀ-ਬੂਟੀਆਂ ਰਾਹੀਂ ਇਲਾਜ ਅਤੇ ਜੀਵ ਜੰਤੂਆਂ ਦੀ ਰੱਖਿਆ ਦਾ ਸੁਨੇਹਾ ਦਿੱਤਾ। ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਗੁਰੂ ਹਰਿਰਾਏ ਸਾਹਿਬ ਜੀ ਦੇ ਉਪਦੇਸ਼ ਹੋਰ ਵੀ ਪ੍ਰਾਸੰਗਿਕ ਹਨ, ਕਿਉਂਕਿ ਸਮਾਜ ਨੂੰ ਦਇਆ, ਸਹਿਣਸ਼ੀਲਤਾ ਅਤੇ ਪਰਿਆਵਰਨ ਸੰਭਾਲ ਦੀ ਸਖ਼ਤ ਲੋੜ ਹੈ।ਉਨ੍ਹਾਂ ਸੰਗਤ ਨੂੰ ਅਪੀਲ ਕੀਤੀ ਕਿ ਗੁਰੂ ਸਾਹਿਬ ਦੀ ਸਿੱਖਿਆ ਨੂੰ ਆਪਣੇ ਜੀਵਨ ਵਿੱਚ ਅਮਲ ਵਿੱਚ ਲਿਆਂਦਾ ਜਾਵੇ, ਨਸ਼ਿਆਂ ਤੋਂ ਦੂਰ ਰਹਿ ਕੇ ਸੇਵਾ-ਸਿਮਰਨ ਦੇ ਰਾਹ 'ਤੇ ਤੁਰਿਆ ਜਾਵੇ ਅਤੇ ਪੰਥਕ ਏਕਤਾ ਨੂੰ ਮਜ਼ਬੂਤ ਕੀਤਾ ਜਾਵੇ। ਸਮਾਗਮ ਦੌਰਾਨ ਸੰਗਤ ਵੱਲੋਂ ਗੁਰੂ ਕਾ ਲੰਗਰ ਵਰਤਾਇਆ ਗਿਆ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤ ਨੇ ਹਾਜ਼ਰੀ ਭਰੀ ਅਤੇ ਗੁਰੂ ਘਰ ਦੀਆਂ ਖੁਸ਼ੀਆਂ ਮਨਾਈਆਂ।

# ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸੈਮੀਨਾਰ

ਮੰਡੀ ਗੋਬਿੰਦਗੜ੍ਹ, 31 ਜਨਵਰੀ (ਸੂਦ): ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ



ਇੱਕ ਸੈਮੀਨਾਰ ਡਾ. ਪੀ.ਐਨ. ਚੁਟਾਨੀ ਆਡੀਟੋਰੀਅਮ ਆਈ.ਐਮ.ਏ 'ਚ ਧਾਰਮਿਕ ਆਜ਼ਾਦੀ ਅਤੇ ਮਨੁੱਖੀ ਕਦਰਾਂ-ਕੀਮਤਾਂ ਦੀ ਰੱਖਿਆ ਲਈ ਗੁਰੂ ਸਾਹਿਬ ਦੇ ਸਰਵਉੱਚ ਬਲੀਦਾਨ ਨੂੰ ਯਾਦ ਕਰਨ ਤੇ ਉਨ੍ਹਾਂ ਦੇ ਸਨਮਾਨ 'ਚ ਕਰਵਾਇਆ ਗਿਆ। ਸਮਾਗਮ ਵਿਚ ਪੰਜਾਬ ਦੇ ਗਵਰਨਰ ਗੁਲਾਬ ਚੰਦ ਕਟਾਰੀਆ ਨੇ ਮੁੱਖ-ਮਹਿਮਾਨ ਵਜੋਂ ਸਿਰਕਤ ਕੀਤੀ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੀ ਸ਼ਹਾਦਤ ਵਿਸ਼ਵ ਇਤਿਹਾਸ ਵਿੱਚ ਇੱਕ ਬੇਮਿਸਾਲ ਕੁਰਬਾਨੀ ਵਜੋ ਹੈ ਕਿਉਕਿ ਉਨ੍ਹਾਂ ਧਾਰਮਿਕ ਆਜ਼ਾਦੀ, ਮਨੁੱਖੀ ਅਧਿਕਾਰਾਂ ਅਤੇ ਨੈਤਿਕ ਕਦਰਾਂ-ਕੀਮਤਾਂ ਦੀ ਰੱਖਿਆ ਲਈ ਆਪਣੀ ਕੁਰਬਾਨੀ ਦਿੱਤੀ। ਉਨ੍ਹਾਂ ਦੀ ਸ਼ਹਾਦਤ ਕਿਸੇ ਇੱਕ ਧਰਮ ਜਾਂ ਭਾਈਚਾਰੇ ਲਈ ਨਹੀ ਸਗੋਂ ਸਮੁੱਚੀ ਮਨੁੱਖਤਾ ਦੀ ਭਲਾਈ ਲਈ ਸੀ। ਉਨ੍ਹਾਂ ਦੀਆਂ ਸਿੱਖਿਆਵਾਂ ਪੀੜ੍ਹੀਆਂ ਨੂੰ ਸੱਚਾਈ, ਹਿੰਮਤ, ਸਹਿਣਸ਼ੀਲਤਾ ਤੇ ਨਿਆਂ ਦੇ ਆਦਰਸ਼ਾਂ ਨੂੰ ਕਾਇਮ ਰੱਖਣ ਲਈ ਪ੍ਰੇਰਿਤ ਕਰਦੀਆਂ ਹਨ। ਚਾਂਸਲਰ ਡਾ. ਜ਼ੋਰਾ ਸਿੰਘ ਨੇ ਗੁਰੂ ਸਾਹਿਬ ਨੂੰ ਯਾਦ ਕਰਦਿਆ ਮੌਜੂਦਾ ਯੁੱਗ ਵਿਚ ਉਨ੍ਹਾਂ ਦੀਆਂ ਸਿਖਿਆਵਾਂ ਦੀ ਸਾਰਥਕਤਾ ਬਾਰੇ ਗੱਲ ਕੀਤੀ। ਸੈਮੀਨਾਰ 'ਚ ਪੰਜਾਬ ਤੇ ਹਰਿਆਣਾ ਹਾਈ ਕੋਰਟ ਦੇ ਚੀਫ਼ ਜਸਟਿਸ ਜਸਟਿਸ ਸ਼ੀਲ ਨਾਗ, ਜਸਟਿਸ ਜਸਗੁਰਪ੍ਰੀਤ ਸਿੰਘ ਪੁਰੀ, ਜਸਟਿਸ ਕੇਐਸ ਆਹਲੂਵਾਲੀਆ (ਸੇਵਾਮੁਕਤ), ਸੀਨੀਅਰ ਵਕੀਲ ਬਲਜਿੰਦਰ ਸਿੰਘ ਖਹਿਰਾ, ਸਤਨਾਮ ਸਿੰਘ ਸੰਧੂ, ਪ੍ਰਸਿੱਧ ਅਦਾਕਾਰਾ ਪ੍ਰੀਤੀ ਸਪਰੂ, ਗਿਆਨੀ ਸਾਹਿਬ ਸਿੰਘ, ਸੀਨੀਅਰ ਪੱਤਰਕਾਰ ਰੁਪਿੰਦਰ ਸਿੰਘ, ਡਾ. ਕੁਲਦੀਪ ਚੰਦ ਅਗਨੀਹੋਤਰੀ, ਹਿਮਾਚਲ ਪ੍ਰਦੇਸ਼ ਸੈਂਟਰਲ ਯੂਨੀਵਰਸਿਟੀ ਦੇ ਸਾਬਕਾ ਵਾਈਸ-ਚਾਂਸਲਰ ਅਤੇ ਪ੍ਰੋ. ਕਰਮਜੀਤ ਕੌਰ ਮਲਹੋਤਰਾ ਆਦਿ ਨੇ ਸੰਬੋਧਨ ਕੀਤਾ। ਇਸ ਮੌਕੇ ਪ੍ਰੋ ਚਾਂਸਲਰ ਡਾ. ਤੇਜਿੰਦਰ ਕੌਰ, ਸਿਖਿਆ ਸ਼ਾਸਤਰੀ, ਵਿਦਵਾਨ, ਵਿਦਿਆਰਥੀ ਅਤੇ ਪਤਵੰਤੇ ਹਾਜ਼ਰ ਸਨ।

# ਭਗਤ ਰਵਿਦਾਸ ਜੀ ਦੇ ਜਨਮ ਦਿਹਾੜੇ 'ਤੇ ਸ਼ੋਭਾ ਯਾਤਰਾ ਕੱਢੀ

ਨਵਾਂਸ਼ਹਿਰ, 31 ਜਨਵਰੀ (ਸੁਖਦੇਵ ਸਿੰਘ ਉੜਾਪੜ): ਸ੍ਰੀ ਗੁਰੂ ਰਵਿਦਾਸ ਜੀ ਦੇ ਜਨਮ ਦਿਵਸ ਨੂੰ ਸਮਰਪਿਤ ਉਹਨਾਂ ਦੇ ਸ਼ਰਧਾਲੂਆਂ ਵੱਲੋਂ ਪਿਛਲੇ ਦਿਨਾਂ ਤੋਂ ਲਗਾਤਾਰ ਪ੍ਰਭਾਵ ਫੇਰੀਆਂ ਬੜੇ ਉਤਸਾਹ ਨਾਲ ਸੰਗਤਾਂ ਵਲੋਂ ਕੱਢੀਆਂ ਜਾ ਰਹੀਆਂ ਹਨ।ਲੋਕਾਂ ਵਲੋਂ ਸੰਗਤਾਂ ਨੂੰ ਚਾਹ ਪ੍ਰਸਾਦ ਆਦਿ ਦੇ ਲੰਗਰ ਛਕਾਏ ਗਏ। ਨਗਰ ਕੀਰਤਨ 31ਜਨਵਰੀ ਨੂੰ 12-30 ਸ੍ਰੀ ਗੁਰੂ ਰਵਿਦਾਸ ਮੰਦਰ ਅਤੇ ਨਵੀ ਅਬਾਦੀ, ਤ੍ਰਿਵੈਣੀ ਗੁਰਦੁਆਰਾ ਸਾਹਿਬ ਨਵੀ ਅਬਾਦੀ ਨਵਾਂਸ਼ਹਿਰ ਤੋ ਆਰੰਭ ਹੋਈ।

ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਚੇਤ ਰਾਮ ਰਤਨ ਸੀਨੀਅਰ ਕੌਂਸਲਰ ਨਵਾਂਸ਼ਹਿਰ ਦੇ ਗ੍ਰਹਿ ਵਿਖੇ ਗੁਰੂ ਜੀ ਦੀਆਂ ਵੱਖ ਵੱਖ ਪ੍ਰਭਾਤ ਫੇਰੀ ਸੰਗਤਾਂ ਨੂੰ ਚਾਹ ਪ੍ਰਸਾਦ ਦੇ ਲੰਗਰ ਛਕਾਉਣ ਉਪਰੰਤ ਆਖੇ। ਉਨ੍ਹਾਂ ਕਿਹਾ ਕਿ ਪਰਿਵਾਰਕ ਵਲੋਂ ਸੰਗਤਾਂ ਦਾ ਨਿੱਘਾ ਸਵਾਗਤ ਕਰਦਿਆ ਦਸਾਂ ਨੌ ਦੀ ਕਿਰਤ ਕਮਾਈ ਵਿੱਚੋ ਗੁਰੂ ਦੇ ਨਾਂ ਤੇ ਦੌਸਾਂਉਣਦ ਵਿਚੋ ਲੋੜਵੰਦਾ ਦੀ ਮਦਦ ਕਰਨਾ ਹੈ। ਗੁਰੂ ਰਵਿਦਾਸ ਮਹਾਰਾਜ ਜੀ ਦਾ ਮਿਸ਼ਨ "ਐਸਾ ਚਾਹੂ ਰਾਜ ਮੈ ਜਹਾਂ ਮਿਲੇ ਸਭ ਕੋ ਅੰਨ" ਦੇ ਮੁਤਾਬਿਕ ਬੇਗਮਪੁਰਾ ਸ਼ਹਿਰ ਬਣਾਉਣਾ ਚਾਹੁੰਦੇ ਸਨ। ਜਿਥੇ ਕੋਈ ਵੀ ਇਨਸਾਨ ਰਾਤ ਨੂੰ ਭੁੱਖਾ ਅਤੇ ਤੰਨ ਦੇ ਕੱਪੜਾ ਤੋ ਬਿਨਾਂ ਨਾ ਸੌਵੇ। ਸੀਨੀਅਰ ਕੌਂਸਲਰ ਨੇ ਕਿਹਾ ਕਿ ਸਾਨੂੰ ਸਭ ਆਪਣੇ ਬੱਚਿਆਂ ਨੂੰ ਉਚੇਰੀ ਵਿੱਦਿਆ ਹਾਸਲ ਕਰਵਾਉਣ ਲਈ ਭੂਮਿਕਾ ਨਿਭਾਉਣ ਲਈ ਗੁਰੂ ਜੀ ਦੇ ਮਿਸ਼ਨ ਪਹਿਰਾ ਦੇਣਾ ਸਮੇ ਦੀ



ਲੋੜ ਹੈ। ਇਸ ਮੌਕੇ ਪ੍ਰਧਾਨ ਹਰਦੀਪ ਕੁਮਾਰ, ਬੀਬੀ ਬਲਜੀਤ ਕਾਦਰੀ ਗੱਦੀ ਨਸੀਨ ਦਰਬਾਰ ਗਿਆਰ੍ਹਵੀ ਵਾਲੀ, ਲੱਖ ਦਾਤਾ ਪੀਰ,ਬਲਹਾਰ ਰਾਮ, ਰਕੇਸ ਜਨਾਗਲ, ਦਰਸਨ ਲਾਲ ਕੈਥ ਪ੍ਰਧਾਨ, ਸੰਜੀਵ ਦੁਗਲ,ਰਮਨ ਕੁਮਾਰ, ਚਰਨਦੀਪ ਨੰਬਦਾਰ, ਰਵੀ ਕੈਥ, ਸੋਨੂੰ ਕੁਮਾਰ, ਹਰਪਾਲ ਚੰਦ, ਨਰੇਸ ਕੁਮਾਰ, ਸੁਨੀਤਾ ਰਾਣੀ,ਅਰਸਦੀਪ ਕੌਰ ਰਤਨ, ਮੈਡਮ ਕਿਰਨਾ ਰਾਣੀ, ਮਨਜੀਤ ਕੌਰ, ਬੱਬੂ ਰਾਣੀ,ਆਦਿ ਤੋ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾ ਨੇ ਹਾਜਰੀ ਲਗਾਈ।

# ਯੁਵਾ ਆਪਦਾ ਮਿੱਤਰ ਵਲੰਟੀਅਰਾਂ ਦੀ ਸੱਤ ਦਿਨਾਂ ਟ੍ਰੇਨਿੰਗ ਦਾ ਚੌਥਾ ਦਿਨ

ਸ੍ਰੀ ਮੁਕਤਸਰ ਸਾਹਿਬ , 31 ਜਨਵਰੀ (ਐਚ.ਐਸ. ਕਪੂਰ): ਮਲੋਟ ਵਿਖੇ 31 ਜਨਵਰੀ 2026 ਨੂੰ ਲੁਧਿਆਣਾ, ਫਿਰੋਜ਼ਪੁਰ, ਫਾਜ਼ਿਲਕਾ ਅਤੇ ਫਰੀਦਕੋਟ ਜ਼ਿਲ੍ਹਿਆਂ ਦੇ ਵਲੰਟੀਅਰਾਂ ਐਨ.ਸੀ.ਸੀ ਕੈਡਟਾਂ ਲਈ ਯੁਵਾ ਆਪਦਾ ਮਿੱਤਰ ਕੈਂਪ ਮਹਾਤਮਾ ਗਾਂਧੀ ਸਟੇਟ ਇੰਸਟੀਟਿਊਸ਼ਨ ਆਫ ਪਬਲਿਕ ਐਡਮਿਨਿਸਟਰੇਸ਼ਨ, ਗਰੁੱਪ ਹੈਡ ਕੁਆਰਟਰ ਲੁਧਿਆਣਾ ਦੇ ਗਰੁੱਪ ਕਮਾਂਡਰ ਬ੍ਰਿਗੇਡੀਅਰ ਪੀ.ਐਸ ਚੀਮਾ (ਐਸ ਐਮ, ਵੀ ਐਸ ਐਮ) ਦੇ ਦਿਸ਼ਾ ਨਿਰਦੇਸ਼ਾ ਅਨੁਸਾਰ 19ਵੀ ਪੰਜਾਬ ਬਟਾਲੀਅਨ ਦੇ ਕਮਾਂਡਿੰਗ ਅਫ਼ਸਰ ਲੈਫਟੀਨੈਂਟ ਕਰਨਲ ਫੈਜਾਂਨ ਜਹੂਰ ਦੀ ਯੋਗ ਅਗਵਾਈ ਹੇਠ ਐਨ.ਸੀ.ਸੀ ਅਕੈਡਮੀ ਮਲੋਟ ਵਿਖੇ ਆਯੋਜਿਤ ਕੀਤਾ ਗਿਆ ਹੈ।



ਜਿਸ ਵਿੱਚ ਸੂਬੇਦਾਰ ਮੇਜਰ ਲੈਫਟੀਨੈਂਟ ਸੁਖਦੇਵ ਸਿੰਘ , ਕੈਪਟਨ ਤਨਵੀਰ ਸਿੰਘ , ਕੈਪਟਨ ਕੇ. ਜੇ. ਐਸ. ਗਿੱਲ ਐਨ.ਸੀ.ਸੀ ਸਟਾਫ਼ ਟੀਮ ਸ਼ਾਮਿਲ ਰਹੀ। ਮਹਾਤਮਾ ਗਾਂਧੀ ਸਟੇਟ ਇੰਸਟੀਟਿਊਟ ਆਫ਼ ਪਬਲਿਕ ਐਡਮਿਨਿਸਟਰੇਸ਼ਨ ਵੱਲੋ ਕੋਰਸ ਕੋਆਡੀਨੇਟਰ ਅੰਕੁਰ ਸ਼ਰਮਾ ਦੀ ਦੇਖ ਰੇਖ ਹੇਠ ਡਿਜਾਸਟਰ ਮੈਨੇਜਮੈਂਟ ਯੁਵਾ ਆਪਦਾ ਮਿੱਤਰ ਕੈਂਪ ਆਯੋਜਿਤ ਕੀਤਾ ਗਿਆ ਹੈ ਜਿਸ ਵਿੱਚ ਟ੍ਰੇਨਿੰਗ ਦੇ ਚੌਥੇ ਦਿਨ ਵਲੰਟੀਅਰਾਂ ਨੂੰ ਕੋਰਸ ਕੋਆਰਡੀਨੇਟਰ ਅੰਕੁਰ ਸ਼ਰਮਾ ਵੱਲੋ ਸੀ.ਪੀ.ਆਰ ਦੀ ਟ੍ਰੇਨਿੰਗ ਦਿੱਤੀ ਗਈ।

ਟੀਮ ਵੱਲੋ ਵਲੰਟੀਅਰਾਂ ਨੂੰ ਮੁਢਲੀ ਸਹਾਇਤਾ ਦੇ ਵੱਖ-ਵੱਖ ਤਰੀਕੇ ਸਿਖਾਏ ਗਏ। ਸਚਿਨ ਸ਼ਰਮਾ ਵੱਲੋ ਡਿੱਗੀਆਂ ਹੋਈਆਂ ਇਮਾਰਤਾਂ ਵਿੱਚੋ ਕਿਸ ਤਰ੍ਹਾਂ ਅਸੀ ਮਰੀਜ਼ ਨੂੰ ਬਾਹਰ ਕੱਢ ਸਕਦੇ ਹਾਂ ਇਸਦੇ ਤਰੀਕੇ ਸਿਖਾਏ ਗਏ। ਇੰਸਟਰਕਟਰ ਅੰਜਲੀ ਦੇਵੀ ਵੱਲੋ ਸ਼ੀਤ ਲਹਿਰ ਨਾਲ ਪ੍ਰਭਾਵਿਤ ਲੋਕਾਂ ਨੂੰ ਕਿਸ ਤਰਹਾਂ ਮੁੱਢਲੀ ਸਹਾਇਤਾ ਦੇਣੀ ਹੈ ਇਸ ਬਾਰੇ ਵਲੰਟੀਅਰਾਂ ਨੂੰ ਜਾਣਕਾਰੀ ਦਿੱਤੀ ਗਈ। ਇਸ ਮੌਕੇ ਸਮੂਹ ਐਨ.ਸੀ.ਸੀ ਆਪਦਾ ਮਿੱਤਰ ਟੀਮ ਇੰਸਟਰਕਟਰ ਸ਼ਾਮਿਲ ਸਨ।

# ਚਾਈਨਾ ਡੋਰ ਦੀ ਲਪੇਟ ਵਿੱਚ ਆ ਜਾਣ ਕਾਰਨ ਵਾਲ-ਵਾਲ ਬਚੇ

ਫਤਿਹਗੜ੍ਹ ਸਾਹਿਬ, 31 ਜਨਵਰੀ (ਹਰਪ੍ਰੀਤ ਕੌਰ ਟਿਵਾਣਾ): ਸ਼੍ਰੋਮਣੀ ਅਕਾਲੀ ਦਲ ਦੇ ਬੁਲਾਰੇ ਅਤੇ ਜ਼ਿਲਾ ਬਾਰ ਐਸੋਸੀਏਸ਼ਨ ਫਤਿਹਗੜ੍ਹ ਸਾਹਿਬ ਦੇ ਸਾਬਕਾ ਪ੍ਰਧਾਨ ਐਡਵੋਕੇਟ ਅਮਰਦੀਪ ਸਿੰਘ ਧਾਰਨੀ ਚਾਈਨਾ ਡੋਰ ਦੀ ਲਪੇਟ ਵਿੱਚ ਆ ਜਾਣ ਕਾਰਨ ਬਾਲ ਬਾਲ ਬਚ ਗਏ ਤੇ ਜਦੋ ਉਹ ਸਕੂਟਰ ਤੇ ਮਾਰਕੀਟ ਜਾ ਰਹੇ ਸਨ ਤਾਂ ਚਾਈਨਾ ਡੋਰ ਉਹਨਾਂ ਦੇ ਗਲੇ ਵਿੱਚ ਆ ਕੇ ਫਸ ਗਈ ਜਿਸ ਕਾਰਨ ਉਹ ਹੋਲੀ ਡਰਾਈਵਿੰਗ ਕਰਨ ਤੇ ਸਮਾਂ ਰਹਿੰਦੇ ਚੌਕਸੀ ਵਰਤਣ ਕਾਰਨ ਹੱਥ ਨਾਲ ਡੋਰ ਨੂੰ ਤੋੜਨ ਵਿੱਚ ਕਾਮਯਾਬ ਰਹੇ।

ਐਡਵੋਕੇਟ ਧਾਰਨੀ ਨੇ ਪ੍ਰਸ਼ਾਸਨ ਤੇ ਵੱਡੇ ਸਵਾਲ ਖੜੇ ਕਰਦਿਆਂ ਕਿਹਾ ਕਿ ਜ਼ਿਲਾ ਸਿਵਲ ਪ੍ਰਸ਼ਾਸਨ ਤੇ ਪੁਲਿਸ ਪ੍ਰਸ਼ਾਸਨ ਸਪਸ਼ਟ ਕਰੇ ਕੇ ਇਸ ਵਾਰ ਜ਼ਿਲਾ ਫਤਿਹਗੜ੍ਹ ਸਾਹਿਬ 'ਚ ਦੁਕਾਨਾਂ ਤੇ ਸ਼ਰੇਆਮ ਵਿਕ ਰਹੀ ਚਾਈਨਾ ਡੋਰ ਨੂੰ ਰੋਕਣ ਲਈ ਕਿੰਨੀਆਂ ਕ ਚੈਕਿੰਗਾਂ ਕੀਤੀਆਂ ਗਈਆਂ ਤੇ ਕਿੰਨੀਆਂ ਚਾਈਨਾ ਡੋਰ ਦੇ ਗੁੱਟੇ ਪੁਲਿਸ ਵੱਲੋ ਫੜੇ ਗਏ।

ਉਹਨਾਂ ਕਿਹਾ ਕਿ ਭਾਵੇਂ ਸਰਕਾਰ ਵੱਲੋ ਚਾਈਨਾ ਡੋਰ ਨੂੰ ਰੋਕਣ ਲਈ ਵੱਡੇ ਵੱਡੇ ਦਾਅਵੇ ਕੀਤੇ ਜਾ ਰਹੇ ਹਨ ਪਰ ਇਹ ਦਾਅਵੇ ਜਮੀਨੀ ਪੱਧਰ ਤੇ ਬਿਲ ਕੁਲ ਫੇਲ ਸਾਬਤ ਹੋਏ ਹਨ ਉਹਨਾਂ ਕਿਹਾ ਕਿ ਬਸੰਤ ਪੰਚਮੀ ਵਾਲੇ ਦਿਨ ਸ਼ਰੇਆਮ ਸਾਈਨਾ ਡੋਰ ਨਾਲ ਲੋਕਾਂ ਵੱਲੋ ਪਤੰਗਾਂ ਉਡਾਈਆਂ ਗਈਆਂ ਤੇ ਕਈ ਲੋਕ ਇਸ ਚਾਈਨਾ ਡੋਰ ਦੀ ਲਪੇਟ ਵਿੱਚ ਆਉਣ ਕਾਰਨ ਜਖਮੀ ਵੀ ਹੋਏ ਪ੍ਰੰਤੂ ਪੁਲਿਸ ਵੱਲੋ ਬਸੰਤ ਪੰਚਮੀ ਵਾਲੇ ਦਿਨ ਉੱਚੀ-ਉੱਚੀ ਆਵਾਜ਼ 'ਚ ਲਾਊਡ ਸਪੀਕਰ ਲਗਾ ਕੇ ਪਤੰਗ ਉਡਾ ਰਹੇ ਪਤੰਗ ਬਾਜਾਂ ਨੂੰ ਰੋਕਣ ਵਿੱਚ ਬੁਰੀ ਤਰ੍ਹਾਂ ਫੇਲ ਰਹੇ ਤੇ ਪੁਲਿਸ ਵੱਲੋ ਇਸ ਪਾਸੇ ਵੱਲ ਕੋਈ ਵੀ ਧਿਆਨ ਨਹੀ ਦਿੱਤਾ ਗਿਆ।



ਉਹਨਾਂ ਕਿਹਾ ਕਿ ਪੰਜਾਬ ਭਰ ਵਿੱਚ ਇਸ ਚਾਈਨਾ ਡੋਰ ਨਾਲ ਜਿੱਥੇ ਅਨੇਕਾਂ ਲੋਕ ਬੁਰੀ ਤਰ੍ਹਾਂ ਜ਼ਖਮੀ ਹੋਏ ਉੱਥੇ ਹੀ ਕਈ ਲੋਕਾਂ ਨੂੰ ਇਸ ਚਾਈਨਾ ਡੋਰ ਦੀ ਲਪੇਟ 'ਚ ਆਉਣ ਕਾਰਨ ਆਪਣੀਆਂ ਜਾਨਾਂ ਤੱਕ ਗਵਾਉਣੀਆਂ ਪਈਆਂ ਪ੍ਰੰਤੂ ਸਰਕਾਰ ਚਾਈਨਾ ਡੋਰ ਤੇ ਪਾਬੰਦੀ ਲਗਾਉਣ 'ਚ ਬੁਰੀ ਤਰ੍ਹਾਂ ਫੇਲ ਸਾਬਤ ਹੋਈ ਹੈ ਉਨਾਂ ਕਿਹਾ ਕਿ ਕੇਵਲ ਚੈਕਿੰਗਾਂ ਕਰਨ ਨਾਲ ਚਾਈਨਾ ਡੋਰ ਤੇ ਪਾਬੰਦੀ ਨਹੀ ਲਗਾਈ ਜਾ ਸਕਦੀ ਇਸ ਨੂੰ ਮੁਕੰਮਲ ਤੌਰ ਤੇ ਬੈਨ ਕਰਨ ਲਈ ਇਸ ਦੀ ਪੰਜਾਬ ਭਰ ਵਿੱਚ ਜਿਲਿਆਂ ਪੱਧਰਾਂ ਤੇ ਬਾਜ਼ਾਰਾਂ ਦੀਆਂ ਦੁਕਾਨਾਂ ਵਿੱਚ ਐਂਟਰੀ ਆਉਣੀ ਮੁਕੰਮਲ ਤੌਰ ਤੇ ਬੈਨ ਕੀਤੀ ਜਾਣੀ ਚਾਹੀਦੀ ਹੈ ਤੇ ਜੇਕਰ ਕੋਈ ਵੀ ਦੁਕਾਨਦਾਰ ਚਾਈਨਾ ਡੋਰ ਨੂੰ ਵੇਚਦਾ ਪਾਇਆ ਜਾਂਦਾ ਹੈ ਤਾਂ ਉਸ ਤੇ ਕਤਲ ਦਾ ਪਰਚਾ ਬਿਨਾਂ ਕਿਸੇ ਦੇਰ ਤੋ ਦਰਜ ਕੀਤਾ ਜਾਣਾ ਚਾਹੀਦਾ ਹੈ।

# ਸੜਕ ਦਾ ਸਾਂਝਾ ਨਿਰੀਖਣ

## ਸੜਕ ਦੀ ਮਾੜੀ ਹਾਲਤ 'ਤੇ ਬ੍ਰਮ ਸ਼ੰਕਰ ਜਿੰਪਾ ਵੱਲੋਂ ਚਿੰਤਾ ਪ੍ਰਗਟ

ਹੁਸ਼ਿਆਰਪੁਰ 31 ਜਨਵਰੀ (ਪਰਮਿੰਦਰ ਘੁੰਮਣ): ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨਾਲ ਮਿਲ ਕੇ ਊਨਾ ਸੜਕ ਦਾ ਸਾਂਝਾ ਨਿਰੀਖਣ ਕੀਤਾ ਅਤੇ ਸੜਕ ਦੀ ਮਾੜੀ ਹਾਲਤ 'ਤੇ ਡੂੰਘੀ ਚਿੰਤਾ ਪ੍ਰਗਟ ਕੀਤੀ। ਨੈਸ਼ਨਲ ਹਾਈਵੇ ਪ੍ਰੋਜੈਕਟ ਡਾਇਰੈਕਟਰ ਦੇ ਇਕ ਪ੍ਰਤੀਨਿਧੀ ਨੂੰ ਮੌਕੇ 'ਤੇ ਬੁਲਾਇਆ ਗਿਆ ਅਤੇ ਸੜਕ ਦੀ ਭਿਆਨਕ ਹਾਲਤ ਬਾਰੇ ਜਾਣੂ ਕਰਵਾਇਆ ਗਿਆ। ਉਨ੍ਹਾਂ ਨੇ ਜਨਤਕ ਸਹੂਲਤ ਅਤੇ ਸੁਰੱਖਿਆ ਨੂੰ ਤਰਜੀਹ ਦਿੰਦੇ ਹੋਏ ਤੁਰੰਤ ਜ਼ਰੂਰੀ ਕਾਰਵਾਈ ਦੇ ਨਿਰਦੇਸ਼ ਦਿੱਤੇ। ਵਿਧਾਇਕ ਜਿੰਪਾ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਜਦੋਂ ਤੱਕ ਪ੍ਰੋਜੈਕਟ ਪੂਰੀ ਤਰ੍ਹਾਂ ਪੂਰਾ ਨਹੀ ਹੋ ਜਾਂਦਾ, ਊਨਾ ਸੜਕ ਨੂੰ ਹਰ ਕੀਮਤ 'ਤੇ ਵਾਹਨ ਚਲਾਉਣ ਯੋਗ ਰੱਖਣਾ ਚਾਹੀਦਾ ਹੈ, ਇਹ ਯਕੀਨੀ ਬਣਾਉਂਦੇ ਹੋਏ ਕਿ ਜਨਤਾ ਦੀ ਸੁਰੱਖਿਆ ਅਤੇ ਸਹੂਲਤ ਨੂੰ ਅਸੁਵਿਧਾ ਨਾ ਹੋਵੇ। ਉਨ੍ਹਾਂ ਕਿਹਾ ਕਿ ਇਸ ਰਸਤੇ 'ਤੇ ਰੋਜ਼ਾਨਾ ਹਜ਼ਾਰਾਂ ਵਾਹਨ ਯਾਤਰਾ ਕਰਦੇ ਹਨ ਅਤੇ ਸੜਕ ਦੀ ਮਾੜੀ ਹਾਲਤ ਹਾਦਸਿਆਂ ਦਾ ਲਗਾਤਾਰ ਖ਼ਤਰਾ ਪੈਦਾ ਕਰਦੀ ਹੈ, ਜਿਸ ਨੂੰ ਨਜ਼ਰਅੰਦਾਜ਼ ਨਹੀ ਕੀਤਾ ਜਾ ਸਕਦਾ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਸੜਕ ਦੀ ਮਾੜੀ ਹਾਲਤ ਕਾਰਨ ਕੋਈ ਹਾਦਸਾ ਵਾਪਰਦਾ ਹੈ, ਤਾਂ ਰਾਸ਼ਟਰੀ ਹਾਈਵੇ ਅਥਾਰਟੀ ਪੂਰੀ ਤਰ੍ਹਾਂ ਜ਼ਿੰਮੇਵਾਰ ਹੋਵੇਗੀ। ਵਿਧਾਇਕ ਨੇ ਅਧਿਕਾਰੀਆਂ ਨੂੰ ਨਿਰਵਿਘਨ ਆਵਾਜਾਈ ਨੂੰ ਯਕੀਨੀ ਬਣਾਉਣ ਲਈ ਅਸਥਾਈ ਮੁਰੰਮਤ, ਟੋਏ ਭਰਨ, ਸਹੀ ਨਿਕਾਸੀ ਅਤੇ ਸੜਕ ਪੱਧਰੀਕਰਨ ਤੁਰੰਤ ਸ਼ੁਰੂ ਕਰਨ ਦੇ ਨਿਰਦੇਸ਼ ਦਿੱਤੇ।

ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਉਹ ਊਨਾ ਸੜਕ ਦੀ ਮਾੜੀ ਹਾਲਤ ਬਾਰੇ ਕੇਂਦਰੀ ਸੜਕੀ ਆਵਾਜਾਈ ਅਤੇ ਰਾਜਮਾਰਗ ਮੰਤਰੀ ਨਿਤਿਨ ਗਡਕਰੀ ਨੂੰ ਪਹਿਲਾਂ ਹੀ ਸੂਚਿਤ ਕਰ ਚੁੱਕੇ ਹਨ ਅਤੇ ਇਸ ਦੇ ਜਲਦੀ ਹੱਲ ਲਈ ਲਗਾਤਾਰ ਯਤਨਸ਼ੀਲ ਹਨ। ਉਨ੍ਹਾਂ ਕਿਹਾ ਕਿ ਜਨਤਕ ਸੁਰੱਖਿਆ ਅਤੇ ਸਹੂਲਤ ਉਨ੍ਹਾਂ ਦੀ ਮੁੱਖ ਤਰਜੀਹ ਹੈ ਅਤੇ ਕਿਸੇ ਵੀ ਪੱਧਰ 'ਤੇ ਲਾਪਰਵਾਹੀ ਬਰਦਾਸ਼ਤ ਨਹੀ ਕੀਤੀ ਜਾਵੇਗੀ। ਇਸ ਮੌਕੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਸਬੰਧਤ ਵਿਭਾਗਾਂ ਨੂੰ ਇਕ-ਦੂਜੇ ਨਾਲ ਤਾਲਮੇਲ ਕਰਨ ਅਤੇ ਕੰਮ ਵਿੱਚ ਤੇਜ਼ੀ ਲਿਆਉਣ ਅਤੇ ਲੋੜੀਂਦੇ ਸੁਧਾਰ ਨਿਰਧਾਰਤ ਸਮਾਂ ਸੀਮਾ ਦੇ ਅੰਦਰ ਪੂਰੇ ਕਰਨ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਵੀ ਦਿੱਤੇ। ਇਸ ਮੌਕੇ ਐਸ.ਡੀ.ਐਮ ਮੁਕੇਰੀਆਂ ਓਇਸ਼ੀ ਮੰਡਲ, ਐਸ.ਡੀ.ਐਮ ਹੁਸ਼ਿਆਰਪੁਰ ਗੁਰਸਿਮਰਨਜੀਤ ਕੌਰ, ਅਜੈ ਮੋਹਨ ਬੱਬੀ ਅਤੇ ਸਥਾਨਕ ਨਿਵਾਸੀ ਵੀ ਮੌਜੂਦ ਸਨ।

# ਆਂਗਨਵਾੜੀ ਮੁਲਾਜ਼ਮ ਯੂਨੀਅਨ ਪੰਜਾਬ ਵੱਲੋਂ ਸੂਬਾਈ ਮੰਗਾਂ ਨੂੰ ਲੈ ਕੇ ਕੈਨਵੈਂਸ਼ਨ

ਫਤਿਹਗੜ੍ਹ ਸਾਹਿਬ, 31 ਜਨਵਰੀ (ਹਰਪ੍ਰੀਤ ਕੌਰ ਟਿਵਾਣਾ): ਆਂਗਣਵਾੜੀ ਮੁਲਾਜ਼ਮ ਯੂਨੀਅਨ ਪੰਜਾਬ (ਸੀਟੂ) ਵੱਲੋਂ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਦੀਆਂ ਲੰਬੇ ਸਮੇਂ ਤੋਂ ਲਟਦੀਆਂ ਮੰਗਾਂ ਨੂੰ ਲੈ ਕੇ 12 ਫਰਵਰੀ ਨੂੰ ਹੋ ਰਹੀ ਅੰਤਰ ਰਾਸ਼ਟਰੀ ਪੱਧਰ ਦੀ ਹੜਤਾਲ ਨੂੰ ਸਫਲ ਬਣਾਉਣ ਦੇ ਉਦੇਸ਼ ਨਾਲ ਆਂਗਣਵਾੜੀ ਮੁਲਾਜ਼ਮ ਯੂਨੀਅਨ ਪੰਜਾਬ ਵੱਲੋਂ ਅੱਜ ਇੱਕ ਜ਼ੋਰਦਾਰ ਕਨਵੈਂਸ਼ਨ ਦਾ ਆਯੋਜਿਤ ਸੂਬਾ ਪ੍ਰਧਾਨ ਹਰਜੀਤ ਕੌਰ ਪੰਜੋਲਾ ਦੀ ਅਗਵਾਈ ਵਿੱਚ ਕੀਤਾ ਗਿਆ।



ਕਨਵੈਂਸ਼ਨ ਵਿੱਚ ਵੱਡੀ ਗਿਣਤੀ ਵਿੱਚ ਪਟਿਆਲਾ, ਫਤਿਹਗੜ੍ਹ ਸਾਹਿਬ, ਰੋਪੜ ਅਤੇ ਮੋਹਾਲੀ ਦੀਆਂ ਚੁਣੇ ਹੋਏ ਅਹੁੱਦੇਦਾਰਾਂ ਨੇ ਸ਼ਮੂਲੀਅਤ ਕੀਤੀ।

ਇਸ ਮੌਕੇ ਤੇ ਆਂਗਨਵਾੜੀ ਮੁਲਾਜ਼ਮ ਯੂਨੀਅਨ ਵੱਲੋਂ ਸਰਕਾਰ ਦੀ ਮਜ਼ਦੂਰ ਵਿਰੋਧੀ ਨੀਤੀਆਂ ਖ਼ਿਲਾਫ਼ ਤਿੱਖਾ ਰੋਸ ਜਤਾਇਆ ਗਿਆ ਤੇ ਮਹਾਤਮਾਂ ਗਾਂਧੀ ਦੀ ਸ਼ਹਾਦਤ ਤੇ ਸ਼ਰਧਾਂਜ਼ਲੀ ਦਿਤੀ । ਅੱਜ ਦੀ ਕਨਵੈਂਸ਼ਨ ਨੂੰ ਸੰਬੋਧਨ ਕਰਦੇ ਹੋਏ ਸੀਟੂ ਪੰਜਾਬ ਦੇ ਪ੍ਰਧਾਨ ਕਾਮਰੇਡ ਚੰਦਰਸ਼ੇਖਰ ਨੇ ਕਿਹਾ ਕਿ ਦੇਸ਼ ਵਿੱਚ ਨਿੱਜੀਕਰਨ ਅਤੇ ਲੋਕ ਹਿੱਤੀ ਕਾਨੂੰਨਾਂ ਦਾ ਘਾਣ ਹੋ ਰਿਹਾ ਹੈ ਸੰਵਿਧਾਨ ਅਤੇ ਕਿਰਤ ਕਾਨੂੰਨਾਂ ਦੀ ਰਾਖੀ ਲਈ ਸਰਕਾਰ ਨੂੰ ਚੇਤਾਵਣੀ ਕਰਨੀ ਜਰੂਰੀ ਹੈ ਕਿ ਲੋਕਤੰਤਰ ਵਿੱਚ ਜਮਹੂਰੀ ਅਧਿਕਾਰਾਂ ਦੀ ਰਾਖੀ ਲਈ ਦੇਸ਼ ਦੇ ਮਿਹਨਤਕਸ਼ ਇੱਕ ਮੁੱਠ ਅਤੇ ਇੱਕਜੁੱਟ ਹਨ । ਜਥੇਬੰਦੀ ਦੇ ਸੂਬਾਈ ਜਨਰਲ ਸਕੱਤਰ ਸੁਭਾਸ਼ ਰਾਣੀ ਨੇ ਕਿਹਾ ਕਿ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਸਾਲਾਂ ਤੋਂ ਘੱਟ ਮਾਣ-ਭੱਤੇ, ਅਸਥਾਈ ਦਰਜੇ ਅਤੇ ਅਸੁਰੱਖਿਅਤ ਕੰਮਕਾਜੀ ਹਾਲਾਤਾਂ ਵਿੱਚ ਕੰਮ ਕਰਨ ਲਈ ਮਜਬੂਰ ਹਨ, ਪਰ ਸਰਕਾਰ ਵੱਲੋਂ ਉਨ੍ਹਾਂ ਦੀਆਂ ਜਾਇਜ਼ ਮੰਗਾਂ ਪ੍ਰਤੀ ਲਗਾਤਾਰ ਅੱਖੋ ਪਰੋਖੇ ਕੀਤਾ ਜਾ ਰਹੀ ਹੈ। ਉਹਨਾਂ ਨੇ ਕਿਹਾ ਕਿ ਪੋਸ਼ਨ ਅਭਿਆਨ ਤੋਂ ਅਤੇ ਪੋਸ਼ਣ ਟਰੈਕ ਨੂੰ ਚਲਦੇ ਛੇ ਸਾਲ ਹੋ ਗਏ ਹਨ ਪਰ ਛੇ ਸਾਲਾਂ ਵਿੱਚ ਨਾ ਤਾਂ ਪੰਜਾਬ ਸਰਕਾਰ ਵੱਲੋਂ ਮੋਬਾਇਲ ਖਰੀਦੇ ਗਏ ਆਂਗਣਵਾੜੀ ਵਰਕਰ ਤੋਂ ਉਸਦੇ ਨਿੱਜੀ ਮੋਬਾਈਲ ਦੀ ਵਰਤੋਂ ਕਰਦੇ ਹੋਏ ਪਰਤਾੜਨਾ ਦੇ ਤਹਿਤ ਕਾਰਜ ਕਰਵਾਏ ਜਾ ਰਹੇ ਹਨ ।

ਯੂਨੀਅਨ ਆਗੂਆਂ ਨੇ ਦੱਸਿਆ ਕਿ ਕਈ ਵਾਰ ਸਰਕਾਰ ਨਾਲ ਗੱਲਬਾਤ ਹੋਣ ਦੇ ਬਾਵਜੂਦ ਕੋਈ ਢੁੱਕਵਾਂ ਨਤੀਜਾ ਨਹੀਂ ਨਿਕਲਿਆ, ਜਿਸ ਕਾਰਨ ਮੁਲਾਜ਼ਮਾਂ ਨੂੰ ਸੰਘਰਸ਼ ਦੇ ਰਾਹ 'ਤੇ ਆਉਣਾ ਪਿਆ ਹੈ। ਉਨ੍ਹਾਂ ਨੇ ਸਪਸ਼ਟ ਕੀਤਾ ਕਿ ਜਦ ਤੱਕ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਨੂੰ ਇਨਸਾਫ਼ ਨਹੀਂ ਮਿਲਦਾ, ਸੰਘਰਸ਼ ਜਾਰੀ ਰਹੇਗਾ।

ਕਨਵੈਂਸ਼ਨ ਵਿੱਚ 12 ਫਰਵਰੀ ਦੀ ਹੜਤਾਲ ਨੂੰ ਪੂਰੇ ਪੰਜਾਬ ਵਿੱਚ ਪੂਰੀ ਤਾਕਤ ਨਾਲ ਸਫਲ ਬਣਾਉਣ ਦਾ ਅਹਿਦ ਲਿਆ ਗਿਆ ਅਤੇ ਸਰਕਾਰ ਨੂੰ ਚੇਤਾਵਨੀ ਦਿੱਤੀ ਗਈ ਕਿ ਜੇਕਰ ਮੰਗਾਂ ਜਲਦੀ ਨਾ ਮੰਨੀਆਂ ਗਈਆਂ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਅਤੇ ਪੰਜਾਬ ਪੱਧਰੀ ਲਟਕ ਰਹੀਆਂ ਮੰਗਾਂ ਅਤੇ ਐ ਫ ਆ ਰ ਐ ਸ ਦਾ ਬਹਾਨਾ ਬਣਾ ਕੇ ਆਂਗਨਵਾੜੀ ਵਰਕਰ ਦੀਆਂ ਸੇਵਾਵਾਂ ਪਿਛਲੇ ਦਿਨੀ ਸਮਾਪਤ ਕਰ ਦਿੱਤੀਆਂ ਸਨ ਦੀ ਬਹਾਲੀ ਲਈ 22 ਫਰਵਰੀ ਨੂੰ ਵਿਭਾਗੀ ਮੰਤਰੀ ਸ੍ਰੀਮਤੀ ਬਲਜੀਤ ਕੌਰ ਦੇ ਘਿਰਾਓ ਦੀਆਂ ਵੀ ਤਿਆਰੀਆਂ ਹਨ। ਇਸ ਕਨਵੈਂਸ਼ਨ ਨੂੰ ਵਿਤ ਸਕੱਤਰ ਅੰਮ੍ਰਿਤਪਾਲ ਕੌਰ, ਮੀਤ ਪ੍ਰਧਾਨ ਕ੍ਰਿਸ਼ਨਾ ਕੁਮਾਰੀ, ਮੀਤ ਪ੍ਰਧਾਨ ਰਾਜ ਕੌਰ, ਜੁਆਇੰਟ ਸਕੱਤਰ ਗੁਰਦੀਪ ਕੌਰ, ਦਲਜੀਤ ਕੌਰ ਅਤੇ ਹੋਰ ਆਗੂ ਵੀ ਹਾਜ਼ਰ ਸਨ।

# ਬਠਿੰਡਾ ਨਗਰ ਨਿਗਮ ਦੇ ਰਿਕਾਰਡ ਰੂਮ 'ਚ ਭਿਆਨਕ ਅੱਗ

ਬਠਿੰਡਾ, 31 ਜਨਵਰੀ (ਦੀਪਕ ਸ਼ਰਮਾ): ਬਠਿੰਡਾ ਨਗਰ ਨਿਗਮ ਦੇ ਦਫ਼ਤਰ ਵਿੱਚ ਸ਼ੁੱਕਰਵਾਰ ਦੇਰ ਸ਼ਾਮ ਉਸ ਵੇਲੇ ਦਹਿਸ਼ਤ ਦਾ ਮਾਹੌਲ ਬਣ ਗਿਆ ਜਦੋਂ ਇੱਥੋ ਦੇ ਰਿਕਾਰਡ ਰੂਮ ਵਿੱਚ ਅਚਾਨਕ ਭਿਆਨਕ ਅੱਗ ਲੱਗ ਗਈ। ਅੱਗ ਦੀਆਂ ਲਪਟਾਂ ਇੰਨੀਆਂ ਤੇਜ਼ ਸਨ ਕਿ ਵੇਖਦੇ ਹੀ ਵੇਖਦੇ ਰਿਕਾਰਡ ਰੂਮ ਵਿੱਚ ਪਿਆ ਅਹਿਮ ਦਸਤਾਵੇਜ਼ਾਂ ਦਾ ਵੱਡਾ ਹਿੱਸਾ ਸੜ ਕੇ ਕੋਲਾ ਹੋ ਗਿਆ।

ਮਿਲੀ ਜਾਣਕਾਰੀ ਅਨੁਸਾਰ ਦੇਰ ਸ਼ਾਮ ਨਿਗਮ ਦਫ਼ਤਰ ਦੀ ਦੂਜੀ ਮੰਜ਼ਿਲ ਤੋ ਧੂੰਆਂ ਨਿਕਲਦਾ ਦੇਖਿਆ ਗਿਆ, ਜਿਸ ਤੋਂ ਤੁਰੰਤ ਬਾਅਦ ਫਾਇਰ ਬ੍ਰਿਗੇਡ ਨੂੰ ਸੂਚਿਤ ਕੀਤਾ ਗਿਆ। ਫਾਇਰ ਬ੍ਰਿਗੇਡ ਦੀਆਂ ਤਿੰਨ ਗੱਡੀਆਂ ਨੇ ਮੌਕੇ 'ਤੇ ਪਹੁੰਚ ਕੇ ਕਰੀਬ 40 ਮਿੰਟ ਦੀ ਸਖ਼ਤ ਮਿਹਨਤ ਤੋਂ ਬਾਅਦ ਅੱਗ 'ਤੇ ਕਾਬੂ ਪਾਇਆ। ਅੱਗ ਕਾਰਨ ਇਲਾਕੇ ਵਿੱਚ ਧੂੰਏ ਦਾ ਗੁਬਾਰ ਫੈਲ ਗਿਆ ਸੀ, ਜਿਸ ਕਾਰਨ ਸੁਰੱਖਿਆ ਦੇ ਮੱਦੇਨਜ਼ਰ ਲੋਕਾਂ ਨੂੰ ਦੂਰ ਹਟਾ ਦਿੱਤਾ ਗਿਆ।

ਹਾਲਾਂਕਿ ਅੱਗ ਲੱਗਣ ਦੇ ਅਸਲ



ਕਾਰਨਾਂ ਦਾ ਅਜੇ ਅਧਿਕਾਰਤ ਖੁਲਾਸਾ ਨਹੀ ਹੋਇਆ ਹੈ, ਪਰ ਮੁੱਢਲੀ ਜਾਂਚ ਵਿੱਚ ਸ਼ਾਰਟ ਸਰਕਟ ਹੋਣ ਦਾ ਖਦਸ਼ਾ ਜਤਾਇਆ ਜਾ ਰਿਹਾ ਹੈ। ਘਟਨਾ ਦੀ ਸੂਚਨਾ ਮਿਲਦਿਆਂ ਹੀ ਨਿਗਮ ਦੇ ਸੀਨੀਅਰ ਅਧਿਕਾਰੀ ਮੌਕੇ 'ਤੇ ਪਹੁੰਚੇ ਅਤੇ ਨੁਕਸਾਨ ਦਾ ਜਾਇਜ਼ਾ ਲਿਆ। ਅਧਿਕਾਰੀਆਂ ਨੇ ਮੰਨਿਆ ਹੈ ਕਿ ਰਿਕਾਰਡ ਰੂਮ ਵਿੱਚ ਰੱਖੀਆਂ ਕਈ ਸਾਲਾਂ ਪੁਰਾਣੀਆਂ ਫਾਈਲਾਂ ਅਤੇ ਜ਼ਰੂਰੀ ਦਸਤਾਵੇਜ਼ ਅੱਗ ਦੀ ਭੇਟ ਚੜ੍ਹ ਗਏ ਹਨ।

ਨਗਰ ਨਿਗਮ ਦੇ ਮੇਅਰ ਪਦਮਜੀਤ ਮਹਿਤਾ ਨੇ ਘਟਨਾ ਦੀ ਪੁਸ਼ਟੀ ਕਰਦਿਆਂ ਦੱਸਿਆ ਕਿ ਅੱਗ ਰਿਕਾਰਡ ਰੂਮ ਵਿੱਚ ਲੱਗੀ ਸੀ, ਜਿਸ ਕਾਰਨ ਪੁਰਾਣਾ ਰਿਕਾਰਡ ਪ੍ਰਭਾਵਿਤ ਹੋਇਆ ਹੈ। ਉਨ੍ਹਾਂ ਸੁੱਖ ਦਾ ਸਾਹ ਲਿਆ ਕਿ ਇਸ ਹਾਦਸੇ ਵਿੱਚ ਕਿਸੇ ਜਾਨੀ ਨੁਕਸਾਨ ਤੋਂ ਬਚਾਅ ਰਿਹਾ। ਮੇਅਰ ਨੇ ਕਿਹਾ ਕਿ ਅੱਗ ਕਾਰਨ ਹੋਏ ਵਿੱਤੀ ਅਤੇ ਦਸਤਾਵੇਜ਼ੀ ਨੁਕਸਾਨ ਦਾ ਵੇਰਵਾ ਜਾਂਚ ਤੋਂ ਬਾਅਦ ਹੀ ਸਾਹਮਣੇ ਆਵੇਗਾ। ਨਿਗਮ ਪ੍ਰਸ਼ਾਸਨ ਨੇ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਸੁਰੱਖਿਆ ਪ੍ਰਬੰਧਾਂ ਦੀ ਸਮੀਖਿਆ ਕਰਨ ਅਤੇ ਸਾਰੇ ਰਿਕਾਰਡ ਨੂੰ ਡਿਜੀਟਲ ਰੂਪ ਵਿੱਚ ਸੁਰੱਖਿਅਤ ਕਰਨ ਦੀ ਗੱਲ ਵੀ ਕਹੀ ਹੈ।

# ਡੰਪਿੰਗ ਯਾਰਡ ਕਮੇਟੀ ਵੱਲੋਂ ਮੀਟਿੰਗ, ਐਮ.ਆਰ. ਐਫ. ਸ਼ੈਡ ਨੂੰ ਬੰਦ ਕਰਵਾਉਣ ਦੀ ਕੀਤੀ ਮੰਗ

ਬੁਢਲਾਡਾ, 31 ਜਨਵਰੀ (ਜੀਵਨ ਕੁਮਾਰ): ਡੰਪਿੰਗ ਯਾਰਡ ਰਿਜ਼ੋਲਿਊਸ਼ਨ ਕਮੇਟੀ ਦੇ ਮੈਂਬਰ ਕਪਿਲ ਕੁਮਾਰ, ਹਰਵਿੰਦਰ ਸਿੰਘ ਸਵੀਟੀ, ਜਗਸੀਰ ਸਿੰਘ, ਗੁਰਚਰਨ ਸਿੰਘ, ਹਰਵਿੰਦਰ ਸਿੰਘ, ਨਿਸ਼ਾਨ ਸਿੰਘ, ਤੇਜਿੰਦਰ ਸਿੰਘ, ਅਮਰਿੰਦਰ ਸਿੰਘ, ਅਮਿਤ ਚਾਵਲਾ ਅਤੇ ਦਿਲਬਾਗ ਸਿੰਘ ਵੱਲੋ ਐਸਡੀਐਮ ਸ਼੍ਰੀ ਗਗਨਦੀਪ ਸਿੰਘ ਜੀ ਨਾਲ ਇੱਕ ਮੀਟਿੰਗ ਕੀਤੀ ਗਈ। ਮੀਟਿੰਗ ਦਾ ਸਮੁੱਚਾ ਮਾਹੌਲ ਸਕਾਰਾਤਮਕ ਰਿਹਾ ਅਤੇ ਅਧਿਕਾਰੀਆਂ ਨੇ ਮੌਜੂਦ ਲੋਕਾਂ ਦੀ ਗੱਲ ਧੀਰਜ ਨਾਲ ਸੁਣੀ।ਮੀਟਿੰਗ ਦੌਰਾਨ ਪੰਜ ਮੁੱਖ ਮੰਗਾਂ ਵਾਲਾ ਇੱਕ ਮੰਗ ਪੱਤਰ ਸਰਕਾਰੀ ਤੌਰ 'ਤੇ ਪੇਸ਼ ਕੀਤਾ ਗਿਆ।ਜਿਸ ਤਹਿਤ ਐਮਆਰਐਫ਼ ਸ਼ੈਂਡ ਨੂੰ ਤੁਰੰਤ ਪ੍ਰਭਾਵ ਨਾਲ ਬੰਦ ਕੀਤਾ ਜਾਵੇ। ਐਮ.ਆਰ.ਐਫ਼ ਸ਼ੈਂਡ ਨਾਲ ਲੱਗਦੀ ਜ਼ਮੀਨ 'ਤੇ ਪਏ ਕੂੜੇ ਦੀ ਢੰਗ ਨਾਲ ਛੰਟਾਈ ਕਰਕੇ ਉਸਦੀ ਵਿਗਿਆਨਕ ਤਰੀਕੇ ਨਾਲ ਜਲਦੀ ਤੋ ਜਲਦੀ ਨਿਸ਼ਪਤੀ ਕੀਤੀ ਜਾਵੇ।ਨਗਰ ਕੌਂਸਲ, ਜਿਸ ਕੋਲ ਬੁਢਲਾਡਾ ਅਤੇ



ਰਿਹਾਇਸ਼ੀ ਇਲਾਕਿਆਂ ਤੋਂ ਬਾਹਰ ਸੈਂਕੜਿਆਂ ਏਕੜ ਜ਼ਮੀਨ ਮੌਜੂਦ ਹੈ, ਨੂੰ ਰਿਹਾਇਸ਼ੀ ਇਲਾਕੇ ਦੀ ਬਜਾਏ ਉਚਿਤ ਤੇ ਆਦਰਸ਼ ਸਥਾਨ 'ਤੇ ਨਵਾਂ ਐਮਆਰਐਫ਼ ਸ਼ੈਂਡ ਸਥਾਪਿਤ ਕਰਨਾ ਚਾਹੀਦਾ ਹੈ। ਮੌਜੂਦਾ ਐਮਆਰਐਫ਼ ਸ਼ੈਂਡ ਦੀ ਸਥਾਪਨਾ ਤੇ ਕਾਰਗੁਜ਼ਾਰੀ ਸਬੰਧੀ ਵਿਜੀਲੈਂਸ ਜਾਂਚ ਕਰਵਾਈ ਜਾਵੇ ਤੇ ਜ਼ਿੰਮੇਵਾਰੀ ਤੈਅ ਕੀਤੀ ਜਾਵੇ। ਜੇਕਰ ਨਗਰ ਕੌਂਸਲ ਇਹ ਦਾਅਵਾ ਕਰਦੀ ਹੈ ਕਿ ਇਸ ਸਮੇਂ ਕੋਈ ਵਿਕਲਪਿਕ ਜ਼ਮੀਨ ਉਪਲਬਧ ਨਹੀ ਹੈ ਤੇ ਤਬਦੀਲੀ ਲਈ ਸਮਾਂ ਮੰਗਦੀ ਹੈ, ਤਾਂ ਡੀਸੀ/ਏਡੀਸੀ ਵੱਲੋਂ ਲਿਖਤੀ ਤੇ ਦਸਤਖ਼ਤਸ਼ੁਦਾ ਭਰੋਸਾ ਜਾਂ ਹੁਕਮ ਜਾਰੀ ਕੀਤਾ ਜਾਵੇ, ਜਿਸ ਅਧੀਨ ਮੌਜੂਦਾ ਐਮਆਰਐਫ਼ ਸ਼ੈਂਡ ਨੂੰ ਤੁਰੰਤ ਰੱਦ ਕੀਤਾ ਜਾਵੇ ਤੇ ਸਿਰਫ਼ ਵੱਧ ਤੋਂ ਵੱਧ ਛੇ (6) ਮਹੀਨਿਆਂ ਲਈ ਅਸਥਾਈ ਤੌਰ 'ਤੇ ਵਰਤਣ ਦੀ ਇਜਾਜ਼ਤ ਦਿੱਤੀ ਜਾਵੇ, ਜਿਸ ਤੋਂ ਬਾਅਦ ਇਸਨੂੰ ਪੱਕੇ ਤੌਰ 'ਤੇ ਬੰਦ ਕਰਕੇ ਹੋਰ ਥਾਂ ਤਬਦੀਲ ਕੀਤਾ ਜਾਵੇ।

ਮੀਟਿੰਗ ਦੌਰਾਨ ਏਡੀਸੀ ਮੈਡਮ ਨਾਲ ਟੈਲੀਫ਼ੋਨਿਕ ਗੱਲਬਾਤ ਵੀ ਹੋਈ, ਜਿਸ ਵਿੱਚ ਇਹ ਦੱਸਿਆ ਗਿਆ ਕਿ ਸੋਮਵਾਰ (02/02/2026) ਤੱਕ ਧਰਨੇ ਵਾਲੇ ਲੋਕਾਂ ਨੂੰ ਉਨ੍ਹਾਂ ਦੀਆਂ ਮੰਗਾਂ ਅਨੁਸਾਰ ਦਸਤਖ਼ਤਸ਼ੁਦਾ ਦਸਤਾਵੇਜ਼ ਦੇ ਰੂਪ ਵਿੱਚ ਇੱਕ ਠੋਸ ਹੱਲ ਮੁਹੱਈਆ ਕਰਵਾਇਆ ਜਾਵੇਗਾ।

# ਸਨਾਤਨ ਸੇਵਾ ਸਮਿਤੀ ਵੱਲੋਂ ਸ਼੍ਰੀ ਹਨੂੰਮਾਨ ਚਾਲੀਸਾ ਪਾਠ ਦਾ ਆਯੋਜਨ ਸ਼ਲਾਘਾਯੋਗ ਹੈ: ਮਨੀਸ਼ ਸਿਸੋਦੀਆ

ਲੁਧਿਆਣਾ, 31 ਜਨਵਰੀ (ਚ.ਨ.ਸ.): ਸਨਾਤਨ ਸੇਵਾ ਸਮਿਤੀ ਪੰਜਾਬ ਦੀ ਲੁਧਿਆਣਾ ਇਕਾਈ ਨੇ ਸਥਾਨਕ ਭਾਈ ਰਣਧੀਰ ਸਿੰਘ ਨਗਰ ਦੁਰਗਾ ਮਾਤਾ ਮੰਦਿਰ ਵਿਖੇ ਇੱਕ ਸ਼ਾਨਦਾਰ ਸ਼੍ਰੀ ਹਨੂੰਮਾਨ ਚਾਲੀਸਾ ਪਾਠ ਦਾ ਆਯੋਜਨ ਕੀਤਾ। ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਅਤੇ ਆਮ ਆਦਮੀ ਪਾਰਟੀ ਪੰਜਾਬ ਦੇ ਇੰਚਾਰਜ



ਸ਼੍ਰੀ ਮਨੀਸ਼ ਸਿਸੋਦੀਆ, ਪੰਜਾਬ ਸਰਕਾਰ ਦੇ ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲਿਆਂ ਦੇ ਸਲਾਹਕਾਰ ਸ਼੍ਰੀ ਦੀਪਕ ਬਾਲੀ, ਵਿਧਾਇਕ ਅਸ਼ੋਕ ਪਰਾਸ਼ਰ ਪੱਪੀ ਅਤੇ ਮੇਅਰ ਪ੍ਰਿੰਸੀਪਲ ਇੰਦਰਜੀਤ ਕੌਰ ਵਿਸ਼ੇਸ਼ ਮਹਿਮਾਨ ਸਨ। ਸਮਾਰੋਹ ਦੌਰਾਨ, ਸਮਿਤੀ ਦੇ ਰਾਸ਼ਟਰੀ ਮੁਖੀ ਵਿਜੇ ਸ਼ਰਮਾ ਅਤੇ ਜ਼ੋਨ ਸੰਗਠਨ ਜਨਰਲ ਸਕੱਤਰ ਵਰੁਣ ਮਹਿਤਾ ਨੇ ਉਨ੍ਹਾਂ ਦਾ ਸਵਾਗਤ ਕੀਤਾ ਅਤੇ ਸਮਿਤੀ ਦੁਆਰਾ ਕੀਤੇ ਜਾ ਰਹੇ ਕਾਰਜਾਂ ਬਾਰੇ ਜਾਣਕਾਰੀ ਦਿੱਤੀ।

ਮੰਦਿਰ ਪਰਿਸਰ ਵਿੱਚ ਰਸਮੀ ਪੂਜਾ ਕਰਨ ਤੋਂ ਬਾਅਦ, ਸ਼੍ਰੀ ਮਨੀਸ਼ ਸਿਸੋਦੀਆ ਨੇ ਸ਼ਹਿਰ ਦੇ ਵੱਖ-ਵੱਖ ਖੇਤਰਾਂ ਦੀਆਂ ਮਹਿਲਾ ਸੰਕੀਰਤਨ ਕਮੇਟੀਆਂ ਨੂੰ ਸੰਗੀਤ ਯੰਤਰ ਕਿੱਟਾਂ ਵੰਡੀਆਂ। ਇਸ ਤੋਂ ਬਾਅਦ, ਮੌਜੂਦ ਹਜ਼ਾਰਾਂ ਲੋਕਾਂ ਨੇ ਸਮੂਹਿਕ ਤੌਰ 'ਤੇ ਸ਼੍ਰੀ ਹਨੂੰਮਾਨ ਚਾਲੀਸਾ ਦਾ ਪਾਠ ਕੀਤਾ। ਸ਼੍ਰੀ ਮਨੀਸ਼ ਸਿਸੋਦੀਆ ਨੇ ਸਾਡੇ ਜੀਵਨ ਵਿੱਚ ਧਰਮ ਅਤੇ ਕਰਮ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਪ੍ਰਭੂ ਦੀਆਂ ਸਿੱਖਿਆਵਾਂ ਅਨੁਸਾਰ ਪ੍ਰਾਪਤ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣਾ ਚਾਹੀਦਾ ਹੈ। ਜੋ ਵਿਅਕਤੀ ਇਨ੍ਹਾਂ ਦੀ ਪਾਲਣਾ ਕਰਦਾ ਹੈ ਉਹ ਜੀਵਨ ਵਿੱਚ ਕਿਸੇ ਵੀ ਚੁਣੌਤੀ ਦਾ ਸਾਹਮਣਾ ਕਰਨ ਦੇ ਯੋਗ ਬਣ ਜਾਂਦਾ ਹੈ। ਪਰਮਾਤਮਾ ਨੇ ਧਰਤੀ 'ਤੇ ਹਰ ਜੀਵ ਲਈ ਬਚਾਅ ਦਾ ਸਾਧਨ ਬਣਾਇਆ ਹੈ, ਪਰ ਜੋ ਉਸਦੇ ਖੋਜੀ ਹਨ ਉਹ ਪ੍ਰਭੂ ਦਾ ਨਾਮ ਜਪ ਕੇ ਇਸੇ ਜੀਵਨ ਵਿੱਚ ਆਪਣਾ ਜੀਵਨ ਬਿਹਤਰ ਬਣਾਉਂਦੇ ਹਨ। ਅੱਜ, ਵਿਜੇ ਸ਼ਰਮਾ ਦੀ ਅਗਵਾਈ ਹੇਠ, ਸਨਾਤਨ ਸੇਵਾ ਸੰਮਤੀ ਰਾਜ ਭਰ ਵਿੱਚ ਸਨਾਤਨਵਾਦੀਆਂ ਨੂੰ ਇੱਕਜੁੱਟ ਕਰਨ ਲਈ ਸ਼ਲਾਘਾਯੋਗ ਕੰਮ ਕਰ ਰਹੀ ਹੈ। ਰਾਜ ਦੇ 117 ਹਲਕਿਆਂ ਤੱਕ ਸੰਗਠਨ ਦਾ ਵਿਸਥਾਰ ਕਰਨਾ ਇੱਕ ਚੰਗਾ ਯਤਨ ਹੈ। ਮਾਲਵਾ ਜ਼ੋਨ ਵਿੱਚ ਵਰੁਣ ਮਹਿਤਾ ਦੁਆਰਾ ਕੀਤਾ ਜਾ ਰਿਹਾ ਕੰਮ ਤੇ ਜ਼ਿਲ੍ਹਾ ਅਤੇ ਬਲਾਕ ਕਮੇਟੀਆਂ ਦਾ ਗਠਨ ਸਨਾਤਨਵਾਦੀਆਂ ਨੂੰ ਇੱਕਜੁੱਟ ਕਰ ਰਿਹਾ ਹੈ।

ਸਿਸੋਦੀਆ ਨੇ ਕਿਹਾ ਕਿ ਮਨੁੱਖ ਨੂੰ ਹਮੇਸ਼ਾ ਆਪਣੇ ਕਰਮ ਨੂੰ ਨੇਕ ਰੱਖਣਾ ਚਾਹੀਦਾ ਹੈ। ਮਨੁੱਖਤਾ ਦੀ ਸੇਵਾ ਤੋਂ ਵੱਡਾ ਕੋਈ ਧਰਮ ਨਹੀ ਹੈ। ਕਿਸੇ ਵੀ ਸੰਗਠਨ ਦੁਆਰਾ ਲੋੜਵੰਦਾਂ ਨੂੰ ਸਿੱਖਿਆ ਅਤੇ ਸਿਹਤ ਸਹੂਲਤਾਂ ਪ੍ਰਦਾਨ ਕਰਨ ਨਾਲ ਕਈ ਪਰਿਵਾਰਾਂ ਦੇ ਦੁੱਖ ਦੂਰ ਹੁੰਦੇ ਹਨ। ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਇਹ ਯਕੀਨੀ ਬਣਾਉਣ ਲਈ ਵੀ ਯਤਨਸ਼ੀਲ ਹੈ ਕਿ ਸਿਹਤ ਯੋਜਨਾਵਾਂ ਦੇ ਲਾਭ ਹਰ ਘਰ ਤੱਕ ਪਹੁੰਚਣ। ਅੱਜ, ਸਰਕਾਰ 'ਲੋਕਾਂ ਦੇ ਦਰਵਾਜ਼ੇ' ਦੀ ਨੀਤੀ 'ਤੇ ਕੰਮ ਕਰ ਰਹੀ ਹੈ।

ਸ਼੍ਰੀ ਦੀਪਕ ਬਾਲੀ ਨੇ ਇਕੱਠ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਸਨਾਤਨ ਸੇਵਾ ਸਮਿਤੀ ਵੱਲੋ ਆਯੋਜਿਤ ਸੰਕੀਰਤਨ ਸੰਗਤਾਂ ਨੂੰ ਸੰਗੀਤਕ ਸਾਜ਼ ਪ੍ਰਦਾਨ ਕਰਨ ਨਾਲ ਛੋਟੇ-ਛੋਟੇ ਮੰਦਰਾਂ ਵਿੱਚ ਸਨਾਤਨ ਧਰਮ ਦੇ ਪ੍ਰਚਾਰ ਨੂੰ ਮਜ਼ਬੂਤੀ ਮਿਲੇਗੀ। ਕਮੇਟੀ ਦੇ ਰਾਸ਼ਟਰੀ ਮੁਖੀ, ਸ਼੍ਰੀ ਵਿਜੇ ਸ਼ਰਮਾ ਨੇ ਕਿਹਾ ਕਿ ਕਮੇਟੀ ਪੰਜਾਬ ਦੇ 23 ਜ਼ਿਲ੍ਹਿਆਂ ਵਿੱਚ ਇੱਕ ਵਿਸ਼ਾਲ ਹਫਤਾਵਾਰੀ ਹਨੂਮਾਨ ਚਾਲੀਸਾ ਦਾ ਆਯੋਜਨ ਕਰ ਰਹੀ ਹੈ। ਸਾਡੀਆਂ ਮਹਿਲਾ ਕੀਰਤਨ ਟੀਮਾਂ ਘਰ-ਘਰ ਜਾ ਕੇ ਚਾਲੀਸਾ ਦਾ ਪਾਠ ਕਰ ਰਹੀਆਂ ਹਨ ਅਤੇ ਹੋਰ ਸਮਾਗਮਾਂ ਰਾਹੀ। ਕਮੇਟੀ ਮੈਂਬਰ ਨੌਜਵਾਨਾਂ ਨੂੰ ਸਨਾਤਨ ਸੱਭਿਆਚਾਰ ਨਾਲ ਜਾਣੂ ਕਰਵਾ ਰਹੇ ਹਨ ਤੇ ਉਨ੍ਹਾਂ ਨੂੰ ਧਰਮ ਦਾ ਪ੍ਰਚਾਰ ਲਈ ਪ੍ਰੇਰਿਤ ਕਰ ਰਹੇ ਹਨ।

ਇਸ ਮੌਕੇ ਵੇਦ ਪ੍ਰਚਾਰ ਮੰਡਲ ਦੇ ਜ਼ਿਲ੍ਹਾ ਇੰਚਾਰਜ ਰੋਸ਼ਨ ਲਾਲ ਆਰੀਆ, ਮਹਿਲਾ ਵਿੰਗ ਦੀ ਇੰਚਾਰਜ ਨਿਖਿਲ ਸ਼ਰਮਾ, ਆਤਮ ਨਗਰ ਹਲਕਾ ਕੋਆਰਡੀਨੇਟਰ ਰੁਪਿੰਦਰ ਕੌਰ, ਆਤਮ ਨਗਰ ਹਲਕਾ ਕੋਆਰਡੀਨੇਟਰ ਭਰਤ ਸ਼ਰਮਾ, ਨੌਨੀ ਉੱਤਰੀ ਹਲਕੇ ਤੋ ਅਸ਼ਵਨੀ ਕਨੌਜੀਆ, ਕੇਂਦਰੀ ਹਲਕੇ ਤੋ ਸਾਹਿਲ ਪਾਠਕ, ਕੇਂਦਰੀ ਹਲਕੇ ਤੋ ਕਰਨ ਢਾਡ, ਵੈਸਟ ਤੋ ਕਰਨ ਢਾਡ, ਵੈਸਟ ਤੋ ਕਰਨ ਢਾਡ, ਕਾਂਵੜ ਮਹਿਲਾ ਸੀ. ਮੌਜੂਦ , ਸ਼ੁਭਮ ਸਹੋਤਾ ਆਦਿ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਬੀ.ਜੇ.ਪੀ. ਦੇ ਜ਼ਿਲ੍ਹਾ ਪ੍ਰਧਾਨ ਦੀਦਾਰ ਸਿੰਘ ਭੱਟੀ ਨੇ ਕੀਤਾ ਜਥੇਬੰਦੀ ਦਾ ਐਲਾਨ



ਫਤਿਹਗੜ੍ਹ ਸਾਹਿਬ, 31 ਜਨਵਰੀ (ਹਰਪ੍ਰੀਤ ਕੌਰ ਟਿਵਾਣਾ): ਭਾਰਤੀ ਜਨਤਾ ਪਾਰਟੀ ਜ਼ਿਲ੍ਹਾ ਫਤਿਹਗੜ੍ਹ ਸਾਹਿਬ ਦੇ ਪ੍ਰਧਾਨ ਦੀਦਾਰ ਸਿੰਘ ਭੱਟੀ ਦੀ ਪ੍ਰਧਾਨਗੀ ਵਿੱਚ ਸਰਕਲ ਸਰਹੰਦ ਬਾੜਾ ਦੀ ਇੱਕ ਵਿਸ਼ੇਸ਼ ਬੈਠਕ ਹੋਈ ਜਿਸ ਵਿੱਚ ਸਰਬ ਸੰਮਤੀ ਦੇ ਨਾਲ ਸਰਕਲ ਦੀ ਪ੍ਰਧਾਨਗੀ ਜਸਪਾਲ ਸਿੰਘ ਅਨਾਇਤਪੁਰਾ ਨੂੰ ਸੌਂਪੀ ਗਈ ਅਤੇ ਉਸ ਦੇ ਨਾਲ ਸਰਕਲ ਦੀ ਸਾਰੀ ਟੀਮ ਦਾ ਐਲਾਨ ਕੀਤਾ ਗਿਆ ।

ਸਰਕਲ ਦੀ ਟੀਮ ਵਿੱਚ ਸੰਦੀਪ ਅਰੋੜਾ, ਚੋਗਾ ਸਿੰਘ, ਮਨਜਿੰਦਰ ਸਿੰਘ ਵਿਰਕ, ਮਨਜੀਤ ਕੌਰ ਅਤੇ ਰਜਿੰਦਰ ਸਿੰਘ ਨੂੰ ਮੀਤ ਪ੍ਰਧਾਨ ਐਲਾਨਿਆ ਗਿਆ, ਜਨਰਲ ਸਕੱਤਰ ਵਜੋ ਜਿੰਮੇਦਾਰੀ ਪ੍ਰੀਤਮ ਸਿੰਘ ਅਤੇ ਜਸਬੀਰ ਸਿੰਘ ਨੂੰ ਦਿੱਤੀ ਗਈ । ਸਕੱਤਰ ਦੀ ਜ਼ਿੰਮੇਦਾਰੀ ਮਨਦੀਪ ਸਿੰਘ, ਸੁਖਜਿੰਦਰ ਸਿੰਘ, ਗੁਰਜੰਟ ਸਿੰਘ, ਅਮਰੀਕ ਸਿੰਘ, ਕੁਲਵੰਤ ਸਿੰਘ ਨੂੰ ਸੌਂਪੀ ਗਈ।

ਇਸ ਮੌਕੇ ਯੁਵਾ ਮੋਰਚੇ ਦੀ ਜਿੰਮੇਦਾਰੀ ਬਿਕਰਮਜੀਤ ਸਿੰਘ ਨੂੰ ਦਿੱਤੀ ਗਈ, ਮਹਿਲਾ ਮੋਰਚਾ ਮਨਦੀਪ ਕੌਰ ਨੂੰ ਤੇ ਕਿਸਾਨ ਮੋਰਚਾ ਅਮਰੀਕ ਸਿੰਘ, ਦਲਿਤ ਮੋਰਚਾ ਮੋਹਨ ਸਿੰਘ ਭਟਮਾਜਰਾ, ਘੱਟ ਗਿਣਤੀ ਮੋਰਚਾ ਧੰਨੇ ਸ਼ਾਹ ਨੂੰ ਅਤੇ ਓਬੀਸੀ ਮੋਰਚਾ ਗੁਰਜੀਤ ਸਿੰਘ ਨੂੰ ਪ੍ਰਧਾਨ ਬਣਾਇਆ ਗਿਆ, ਆਈਟੀ ਗੁਰਮੁਖ ਸਿੰਘ ਨੂੰ ਸੋਸ਼ਲ ਮੀਡੀਆ ਕੁਲਵਿੰਦਰ ਸਿੰਘ ਨੂੰ ਆਈਟੀ ਪੂਨਮ ਸ਼ਰਮਾ ਨੂੰ ਸੰਯੋਜਕ ਲਗਾਇਆ ਗਿਆ, ਬਲਜੀਤ ਸਿੰਘ, ਦਵਿੰਦਰ ਸਿੰਘ,।ਮੋਹਨ ਸਿੰਘ, ਮੇਜਰ ਸਿੰਘ, ਹਰਮੀਤ ਸਿੰਘ, ਕੁਲਦੀਪ ਸਿੰਘ, ਭਜਨ ਸਿੰਘ, ਕੁਲਵਿੰਦਰ ਸਿੰਘ, ਗੁਰਜੀਤ ਸਿੰਘ, ਦਲਵੀਰ ਸਿੰਘ, ਜਗਜੀਤ ਸਿੰਘ, ਪਰਮਜੀਤ ਸਿੰਘ, ਅਮਨਦੀਪ ਸਿੰਘ, ਲਖਵਿੰਦਰ ਸਿੰਘ ਨੂੰ ਕਾਰਜਕਾਰਨੀ ਮੈਂਬਰ ਵਜੋਂ ਸ਼ਾਮਲ ਕੀਤਾ ਗਿਆ। ਇਸ ਮੌਕੇ ਵਿਸ਼ੇਸ਼ ਤੌਰ ਤੇ ਅਜਾਇਬ ਸਿੰਘ ਜਖਵਾਲੀ ਐਡਵੋਕੇਟ ਰਾਜਵੀਰ ਸਿੰਘ ਗਰੇਵਾਲ ਹਰੀਸ਼ ਅਗਰਵਾਲ ਸਰਬਜੀਤ ਸਿੰਘ ਮੱਖਣ ਅਤੇ ਹੋਰ ਸੀਨੀਅਰ ਲੀਡਰ ਸ਼ਾਮਿਲ ਹੋਏ।

# ਘੱਟ ਗਿਣਤੀ ਲੋਕ ਭਲਾਈ ਸੰਸਥਾ (ਰਜਿ) ਵੱਲੋਂ ਜਥੇਦਾਰ ਸੋਢੀ ਦਾ ਸਨਮਾਨ

ਚੌਕ ਮਹਿਤਾ, 31 ਜਨਵਰੀ (ਬਲਜਿੰਦਰ ਸਿੰਘ ਰੰਧਾਵਾ) ਰੰਘਰੇਟਾ ਸਮਾਜ ਦੇ ਹੱਕ 'ਚ ਨਵਾਂ ਕੀਰਤੀਮਾਨ ਸਥਾਪਿਤ ਕਰਨ ਅਤੇ ਸ਼੍ਰੋਮਣੀ ਅਮਰ ਸ਼ਹੀਦ ਬਾਬਾ ਜੀਵਨ ਸਿੰਘ ਦੇ ਦਿਹਾੜੇ ਨੂੰ ਵਿਆਪਕ ਪੱਧਰ ਤੇ ਪ੍ਰਸਾਰਨ ਅਤੇ



ਪ੍ਰਚਾਰਨ ਬਦਲੇ ਦਸ਼ਮੇਸ਼ ਤਰਨਾ ਦਲ ਦੇ ਮੁੱਖੀ ਜੰਗੀ ਜਰਨੈਲ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਨੂੰ ਸਨਮਾਨਿਤ ਕੀਤਾ ਗਿਆ।

ਦੱਸ ਦੇਈਏ ਕਿ ਘੱਟ ਗਿਣਤੀ ਲੋਕ ਭਲਾਈ ਸੰਸਥਾ (ਰਜਿ) ਦੇ ਪ੍ਰਧਾਨ ਸਤਨਾਮ ਸਿੰਘ ਗਿੱਲ ਅਤੇ ਉਹਨਾ ਦੀ ਟੀਮ ਨੇ ਪੜਾਅ ਤੇ ਪਹੁੰਚ ਕੇ ਸੰਸਥਾ ਤਰਫੋਂ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਨੂੰ "ਫਖਰ ਏ ਕੌਮ" ਨਾ ਦਾ ਪ੍ਰਸੰਸਾ ਪੱਤਰ ਸੌਂਪਦਿਆਂ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ।ਪ੍ਰੈਸ ਨੂੰ ਮਖਾਤਿਬ ਹੁੰਦਿਆਂ ਪਟੀਸ਼ਨਰ ਅਤੇ ਸੰਸਥਾ ਦੇ ਪ੍ਰਧਾਨ ਸ੍ਰ ਸਤਨਾਮ ਸਿੰਘ ਗਿੱਲ ਨੇ ਕਿਹਾ ਕਿ ਸਿੱਖ ਸਮਾਜ ਦੀ ਪ੍ਰਗਤੀ,ਵਿਕਾਸ ਅਤੇ ਉੱਚੀਆਂ ਪ੍ਰੰਪਰਾਵਾਂ ਨੂੰ ਕਾਇਮ ਰੱਖਦਿਆਂ ਮਿਸਲੀ ਰਵਾਇਤਾਂ ਅਤੇ ਪੰਥਕ ਅਸੂਲਾਂ ਨੂੰ ਬਹਾਲ ਰੱਖਣ 'ਚ ਦਸਮੇਸ਼ ਤਰਨਾ ਦਲ ਦੇ ਮੁੱਖੀ ਵਜੋਂ ਜਥੇਦਾਰ ਸੋਢੀ ਨੇ ਬਾਖੂਬੀ ਭੂਮਿਕਾ ਨਿਭਾਈ ਹੈ।

ਉਹਨਾ ਨੇ ਕਿਹਾ ਕਿ ਸਿੱਖ ਸਮਾਜ ਚੋਂ ਨਿਰਾਸ਼ ਹੋ ਕੇ ਹੋਰਨਾ ਧਰਮਾਂ ਵੱਲ ਜਾਣ ਵਾਲਿਆਂ ਪ੍ਰੀਵਾਰਾਂ ਨੂੰ ਤਰਕ ਅਤੇ ਪ੍ਰੇਰਨਾ ਸਦਕਾ ਮੁੜ ਸਿੱਖ ਸਮਾਜ ਵੱਲ ਕੇਂਦਰਿਤ ਕਰਨ 'ਚ ਦਸ਼ਮੇਸ਼ ਤਰਨਾ ਦਲ ਨੇ ਨਤੀਜਾ ਦਿਓ ਭੂਮਿਕਾ ਨਿਭਾਈ ਹੈ।

ਸਤਨਾਮ ਸਿੰਘ ਗਿੱਲ ਨੇ ਬੜੀ ਬੇਬਾਕੀ ਨਾਲ ਕਿਹਾ ਕਿ ਸਿੱਖ ਕੌਮ ਦਾ ਹਰਿਆਵਲ ਦਸਤਾ ਵਜੋਂ ਤਸਲੀਮ ਕੀਤੀਆਂ ਜਾ ਚੁੱਕੀਆਂ ਸੰਸਥਾਵਾਂ ਕੱਟੜਤਾ ਦੇ ਵੱਸ ਪੈ ਸਿੱਖ ਸਮਾਜ ਨੂੰ ਸੰਗਠਿਤ ਕਰਨ 'ਚ ਜਿਥੇ ਕਮਜੋਰ ਪੈ ਚੁੱਕੀਆਂ ਹਨ ਉਥੇ ਦਸ਼ਮੇਸ਼ ਤਰਨਾ ਦਲ ਸਿੱਖ ਸਮਾਜ ਦੀ ਚੜ੍ਹਦੀ ਕਲ੍ਹਾ ਲਈ ਰਾਤ ਦਿਨ ਕੰਮਕਾਰ ਕਰ ਰਿਹਾ ਹੈ।

ਉਹਨਾ ਨੇ ਕਿਹਾ ਕਿ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਸਰਵ ਉੱਚ ਸ਼੍ਰੀ ਅਕਾਲ ਤਖਤ ਸਾਹਿਬ ਦੀ ਫਸੀਲ ਤੋਂ ਜਾਰੀ ਹੋਏ ਹੁਕਨਾਮੇ ਦੀ ਪਾਲ੍ਹਣਾ ਕਰਦਿਆਂ ਸਿੱਖ ਹਲਕਿਆਂ 'ਚ ਜਾਤੀ ਵਿਤਕਰੇ ਅਤੇ ਵੱਖਵਾਦ ਤੇ ਪੱਖਪਾਤ ਨੂੰ ਖਤਮ ਕਰਨ ਲਈ ਪ੍ਰਚਾਰ ਤੇ ਪੂਰਾ ਜੋਰ ਦੇ ਰਹੇ ਹਨ। ਉਹਨਾ ਨੇ ਕਿਹਾ ਕਿ ਪੰਜਾਬ ਦੀਆਂ 117 ਵਿਧਾਨ ਸਭਾ ਸੀਟਾ ਚੋ ਰਾਖਵੀਆਂ ਸੀਟਾਂ ਤੇ ਦੱਬੇ ਕੁਚਲੇ ਸਮਾਜ ਚੋ ਲੀਡਰ ਪੈਦਾ ਕਰਨ ਤੇ ਸੀਟਾਂ ਦੀ ਜਿੱਤ ਦੇ ਦਾਅਵਿਆਂ ਨੂੰ ਮਜਬੂਤ ਕਰਨ ਲਈ ਜਥੇਦਾਰ ਸਿਰਤੋੜ ਮਿਹਨਤ ਕਰ ਰਹੇ ਹਨ।ਉਹਨਾ ਨੇ ਕਿਹਾ ਕਿ ਘੱਟ ਗਿਣਤੀ ਲੋਕ ਭਲਾਈ ਸੰਸਥਾ ਦਸਮੇਸ਼ ਤਰਨਾ ਦਲ ਦੀ ਧਾਰਨਾ,ਸੋਚ,ਪੰਥਕ ਪਹੁੰਚ ਅਤੇ ਸੂਬੇ ਦੇ ਹੱਕ 'ਚ ਚਲਾਏ ਜਾਣ ਵਾਲੇ ਮਿਸ਼ਨ ਦੇ ਨਾਲ ਇਤਫਾਕ ਰੱਖਦੀ ਹੈ।

ਬਾਬਾ ਮੇਜਰ ਸਿੰਘ ਸੋਢੀ ਨੇ ਪੜਾਅ ਤੇ ਆਏ "ਸੰਸਥਾ" ਦੇ ਆਗੂਆਂ ਨੂੰ ਕੀਤਾ ਸਨਮਾਨਿਤ:

ਦਸਮੇਸ਼ ਤਰਨਾ ਦਲ ਦੇ ਮੁੱਖੀ ਬਾਬਾ ਮੇਜਰ ਸਿੰਘ ਸੋਢੀ ਨੇ ਕਿਹਾ ਕਿ ਘੱਟ ਗਿਣਤੀ ਲੋਕ ਭਲਾਈ ਸੰਸਥਾ ਇੱਕ ਨਾਮਵਾਰ ਅਤੇ ਕੱਦਵਾਰ ਲੀਡਰ ਸਤਨਾਮ ਸਿੰਘ ਗਿੱਲ ਦੀ ਵਕਾਰੀ ਸੰਸਥਾ ਹੈ।ਅਜਿਹੀ ਸੰਸਥਾ ਦੁਆਰਾ ਕੌਮ ਦੇ ਪ੍ਰਤੀ ਦਰਦ ਅਤੇ ਸਨੇਹ ਰੱਖਦੇ ਹੋਏ ਸਾਡੇ ਤੱਕ ਪਹੁੰਚ ਕਰਕੇ ਸਾਡੀ ਹੌਸਲਾ-ਅਫਜ਼ਾਈ ਕਰਨੀ ਇਸ ਗੱਲ ਦਾ ਪ੍ਰਮਾਣ ਹੈ ਕਿ ਸਿੱਖ ਸਮਾਜ 'ਚ ਵਿਰਨ ਵਾਲੀਆਂ ਧਿਰਾਂ ਸਾਨੂੰ ਨਟਿਸ ਕਰ ਰਹੀਆਂ ਹਨ। ਇਸ ਮੌਕੇ ਯੂਥ ਲੀਡਰ ਮਿਲਨ ਸਿੰਘ ਗਿੱਲ ਜੋਧੇ, ਕਲਾਕਾਰ ਗੁਰਮੇਲ ਸਿੰਘ ਜੋਧਾ, ਨਿੱਜੀ ਸਹਾਇਕ ਅੰਮ੍ਰਿਤਪਾਲ ਸਿੰਘ ਕਲਿਆਣ, ਗਰਪ੍ਰੀਤ ਸਿੰਘ ਜੋਧੇ ਆਦਿ ਤੋ ਇਲਾਵਾ ਜਥੇਬੰਦੀ ਦੇ ਸਿੰਘ ਹਾਜਰ ਸਨ।

# ਅਰੋੜਾ ਵੱਲੋਂ ਨਗਰ ਨਿਗਮ ਕਮਿਸ਼ਨਰਾਂ, ਸ਼ਹਿਰੀ ਵਿਕਾਸ ਦੇ ਏ.ਡੀ.ਸੀ. ਤੇ ਸੁਧਾਰ ਟਰੱਸਟਾਂ ਦੇ ਈ.ਓਜ਼ ਨਾਲ ਮੀਟਿੰਗ, ਸਥਾਨਕ ਸਰਕਾਰਾਂ ਦੇ ਸਾਰੇ ਕਾਰਜਾਂ ਦਾ ਲਿਆ ਜਾਇਜ਼ਾ

ਚੰਡੀਗੜ੍ਹ, 31 ਜਨਵਰੀ (ਚ.ਨ.ਸ.): ਪੰਜਾਬ ਦੇ ਸਥਾਨਕ ਸਰਕਾਰਾਂ, ਉਦਯੋਗ ਤੇ ਵਣਜ ਅਤੇ ਬਿਜਲੀ ਮੰਤਰੀ ਸੰਜੀਵ ਅਰੋੜਾ ਦੀ ਪ੍ਰਧਾਨਗੀ ਹੇਠ ਸ਼ਹਿਰੀ ਸਥਾਨਕ ਇਕਾਈਆਂ (ਯੂਐਲਬੀ) ਸਬੰਧੀ ਪ੍ਰਮੁੱਖ ਮੁੱਦਿਆਂ ਬਾਰੇ ਇੱਕ ਉੱਚ-ਪੱਧਰੀ ਸਮੀਖਿਆ ਮੀਟਿੰਗ ਹੋਈ। ਮੀਟਿੰਗ ਦੌਰਾਨ, ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਨਿਰਦੇਸ਼ ਦਿੱਤੇ ਕਿ ਸਾਰੀਆਂ ਸ਼ਹਿਰੀ ਸਥਾਨਕ ਇਕਾਈਆਂ ਵਿਕਾਸ ਯੋਜਨਾਵਾਂ ਲਈ ਮਤੇ ਪੂਰੀ ਤਰ੍ਹਾਂ ਕਾਗਜ਼ ਰਹਿਤ ਢੰਗ ਨਾਲ ਪਾਸ ਕਰਨ। ਉਨ੍ਹਾਂ ਦੱਸਿਆ ਕਿ ਵਿਭਾਗ ਵੱਲੋਂ ਈ-ਨਿਗਮ ਸਾਫਟਵੇਅਰ ਤਿਆਰ ਕੀਤਾ ਗਿਆ ਹੈ, ਜਿਸ ਰਾਹੀਂ ਹੁਣ ਸਾਰੇ ਮਤਿਆਂ 'ਤੇ ਆਨਲਾਈਨ ਪ੍ਰਕਿਰਿਆ ਕੀਤੀ ਜਾਵੇਗੀ। ਕੁਸ਼ਲਤਾ ਅਤੇ ਪਾਰਦਰਸ਼ਤਾ ਨੂੰ ਯਕੀਨੀ ਬਣਾਉਣ ਲਈ ਸਮਰੱਥ ਅਧਿਕਾਰੀਆਂ ਲਈ ਅਜਿਹੇ ਮਤਿਆਂ 'ਤੇ ਫੈਸਲੇ ਲੈਣ ਲਈ 10 ਕੰਮਕਾਜੀ ਦਿਨਾਂ ਦੀ ਇੱਕ ਸਖ਼ਤ ਸਮਾਂ-ਸੀਮਾ ਨਿਰਧਾਰਤ ਕੀਤੀ ਗਈ ਹੈ।




ਪਾਣੀ ਦੀ ਸਪਲਾਈ ਸਬੰਧੀ ਪ੍ਰਬੰਧਾਂ ਦੀ ਸਮੀਖਿਆ ਕਰਦਿਆਂ, ਸੰਜੀਵ ਅਰੋੜਾ ਨੇ ਨਾਗਰਿਕਾਂ ਲਈ ਪਾਣੀ ਦੀ ਨਿਰਵਿਘਨ ਸਪਲਾਈ ਯਕੀਨੀ ਬਣਾਉਣ ਲਈ ਇੱਕ ਮਹੀਨੇ ਦੇ ਅੰਦਰ ਸਾਰੇ ਟਿਊਬਵੈੱਲਾਂ 'ਤੇ ਟਾਈਮਰ ਸੈਂਸਰ ਲਗਾਉਣ ਦੇ ਨਿਰਦੇਸ਼ ਦਿੱਤੇ। ਟਿਊਬਵੈੱਲਾਂ ਵਿੱਚ ਖਰਾਬੀਆਂ ਕਾਰਨ ਗਰਮੀਆਂ ਦੌਰਾਨ ਅਕਸਰ ਪੈਦਾ ਹੋਣ ਵਾਲੀਆਂ ਰੁਕਾਵਟਾਂ ਨੂੰ ਧਿਆਨ ਵਿੱਚ ਰੱਖਦਿਆਂ, ਸਾਰੇ ਨਗਰ ਨਿਗਮ ਕਮਿਸ਼ਨਰਾਂ ਤੇ ਵਧੀਕ ਡਿਪਟੀ ਕਮਿਸ਼ਨਰਾਂ ਨੂੰ ਇਹਨਾਂ ਟਿਊਬਵੈੱਲਾਂ ਨੂੰ ਤੁਰੰਤ ਬਦਲਣ ਤੇ ਨਿਰਵਿਘਨ ਸੇਵਾਵਾਂ ਨੂੰ ਯਕੀਨੀ ਬਣਾਉਣ ਲਈ ਪਹਿਲਾਂ ਤੋਂ ਪੰਪ ਸੈੱਟ ਖਰੀਦਣ ਦੇ ਨਿਰਦੇਸ਼ ਦਿੱਤੇ ਗਏ ਹਨ। ਸਫਾਈ ਅਤੇ ਸੈਨੀਟੇਸ਼ਨ 'ਤੇ ਜ਼ੋਰ ਦਿੰਦਿਆਂ, ਮੰਤਰੀ ਨੇ ਸਾਰੇ ਅਧਿਕਾਰੀਆਂ ਨੂੰ ਸੀਵਰੇਜ ਨਾਲ ਸਬੰਧਤ ਮੁੱਦਿਆਂ ਨੂੰ ਹੱਲ ਕਰਨ ਅਤੇ ਆਉਣ ਵਾਲੇ ਬਰਸਾਤੀ ਮੌਸਮ ਦੌਰਾਨ ਪਾਣੀ ਭਰਨ ਤੋਂ ਰੋਕਣ ਲਈ ਇੱਕ ਵਿਸ਼ੇਸ਼ ਸੀਵਰੇਜ-ਸਫਾਈ ਮੁਹਿੰਮ ਚਲਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਨੇ ਸਾਰੇ ਸ਼ਹਿਰੀ ਖੇਤਰਾਂ ਵਿੱਚ ਰੋਜ਼ਾਨਾ ਕੂੜਾ ਇਕੱਠਾ ਕਰਨ ਤੇ ਹਫ਼ਤਾਵਾਰੀ ਸਫਾਈ ਮੁਹਿੰਮ ਨੂੰ ਯਕੀਨੀ ਬਣਾਉਣ ਲਈ ਅਚਨਚੇਤ ਨਿਰੀਖਣ ਕਰਨ ਦੇ ਹੁਕਮ ਵੀ ਦਿੱਤੇ।

ਸੁਧਾਰ ਟਰੱਸਟਾਂ ਦੀਆਂ ਵਿਕਾਸ ਯੋਜਨਾਵਾਂ ਦੀ ਸਮੀਖਿਆ ਕਰਦਿਆਂ, ਮੰਤਰੀ ਦੇ ਧਿਆਨ ਵਿੱਚ ਆਇਆ ਕਿ ਨਾਗਰਿਕਾਂ ਨੂੰ ਆਪਣੀਆਂ ਸ਼ਿਕਾਇਤਾਂ ਦੇ ਹੱਲ ਲਈ ਅਕਸਰ ਅਸੁਵਿਧਾ ਦਾ ਸਾਹਮਣਾ ਕਰਨਾ ਪੈਂਦਾ ਹੈ। ਉਨ੍ਹਾਂ ਨਿਰਦੇਸ਼ ਦਿੱਤੇ ਕਿ ਸੁਧਾਰ ਟਰੱਸਟਾਂ ਦੀਆਂ ਮੁਕੰਮਲ ਹੋਈਆਂ ਯੋਜਨਾਵਾਂ ਸਬੰਧਤ ਸ਼ਹਿਰੀ ਸਥਾਨਕ ਇਕਾਈਆਂ ਨੂੰ ਸੌਂਪੀਆਂ ਜਾਣ ਅਤੇ ਸਾਰੀਆਂ ਸਬੰਧਤ ਕਾਰਵਾਈਆਂ ਨਿਰਧਾਰਤ ਸਮਾਂ-ਸੀਮਾ ਦੇ ਅੰਦਰ ਮੁਕੰਮਲ ਕੀਤੀਆਂ ਜਾਣ। ਕੈਬਨਿਟ ਮੰਤਰੀ ਨੇ ਸਾਰੇ ਅਧਿਕਾਰੀਆਂ ਨੂੰ ਜਨਤਕ ਉਦੇਸ਼ਾਂ ਲਈ ਬਣਾਈਆਂ ਗਈਆਂ ਸਾਰੀਆਂ ਜਾਇਦਾਦਾਂ ਦੀ ਪਛਾਣ ਕਰਨ ਅਤੇ ਉਨ੍ਹਾਂ ਨੂੰ ਨਿਲਾਮ ਕਰਨ ਦੇ ਨਿਰਦੇਸ਼ ਵੀ ਦਿੱਤੇ। ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਕੋਈ ਵੀ ਜਨਤਕ ਜਾਇਦਾਦ ਖਾਲੀ ਨਹੀਂ ਰਹਿਣੀ ਚਾਹੀਦੀ। ਉਨ੍ਹਾਂ ਹਦਾਇਤ ਕੀਤੀ ਕਿ ਅਜਿਹੀਆਂ ਨਿਲਾਮੀਆਂ ਨਿਰਧਾਰਤ ਨਿਯਮਾਂ ਤੇ ਨੀਤੀਆਂ ਦੇ ਅਨੁਸਾਰ ਪਾਰਦਰਸ਼ੀ, ਸਮਾਂਬੱਧ ਢੰਗ ਨਾਲ ਕੀਤੀਆਂ ਜਾਣ ਤਾਂ ਜੋ ਜਨਤਕ ਸੰਪਤੀਆਂ ਦੀ ਸੁਚੱਜੀ ਵਰਤੋਂ ਨੂੰ ਯਕੀਨੀ ਬਣਾਇਆ ਜਾ ਸਕੇ ਅਤੇ ਸ਼ਹਿਰੀ ਵਿਕਾਸ ਲਈ ਮਾਲੀਆ ਪੈਦਾ ਕੀਤਾ ਜਾ ਸਕੇ। ਪੁਲਿਸ ਥਾਣਿਆਂ ਤੇ ਸ਼ਹਿਰ ਦੀਆਂ ਸੜਕਾਂ ਦੇ ਨਾਲ ਖੜ੍ਹੇ ਸਕ੍ਰੈਪਡ ਅਤੇ ਜ਼ਬਤ ਕੀਤੇ ਵਾਹਨਾਂ ਦਾ ਗੰਭੀਰ ਨੋਟਿਸ ਲੈਂਦਿਆਂ, ਸੰਜੀਵ ਅਰੋੜਾ ਨੇ ਕਿਹਾ ਕਿ ਅਜਿਹੀ ਪਾਰਕਿੰਗ ਸ਼ਹਿਰ ਦੀ ਸੁੰਦਰਤਾ ਨੂੰ ਪ੍ਰਭਾਵਿਤ ਕਰਦੀ ਹੈ ਅਤੇ ਅੱਗ ਲੱਗਣ ਦੇ ਖ਼ਤਰੇ ਅਤੇ ਮੱਛਰਾਂ ਦੇ ਪ੍ਰਜਨਨ ਦੇ ਜੋਖਮ ਨੂੰ ਵਧਾਉਂਦੀ ਹੈ। ਮੰਤਰੀ ਨੇ ਅਧਿਕਾਰੀਆਂ ਨੂੰ ਪਾਰਕਿੰਗ ਯਾਰਡਾਂ ਲਈ ਢੁਕਵੀਂ ਨਗਰਪਾਲਿਕਾ ਜ਼ਮੀਨ ਦੀ ਪਛਾਣ ਕਰਨ ਅਤੇ ਜ਼ਿਲ੍ਹਾ ਪੁਲਿਸ ਅਧਿਕਾਰੀਆਂ ਨਾਲ ਤਾਲਮੇਲ ਕਰਨ ਦੇ ਨਿਰਦੇਸ਼ ਦਿੱਤੇ ਤਾਂ ਜੋ ਇਨ੍ਹਾਂ ਵਾਹਨਾਂ ਨੂੰ ਸ਼ਹਿਰ ਦੀਆਂ ਸੀਮਾਵਾਂ ਤੋਂ ਬਾਹਰ ਰੱਖਿਆ ਜਾ ਸਕੇ।

ਆਵਾਰਾ ਕੁੱਤਿਆਂ ਦੇ ਮੁੱਦੇ 'ਤੇ ਚਰਚਾ ਕਰਦਿਆਂ, ਮੰਤਰੀ ਸੰਜੀਵ ਅਰੋੜਾ ਨੇ ਮਾਣਯੋਗ ਸੁਪਰੀਮ ਕੋਰਟ ਦੇ ਨਿਰਦੇਸ਼ਾਂ ਦੀ ਸਖ਼ਤੀ ਨਾਲ ਪਾਲਣਾ ਨੂੰ ਯਕੀਨੀ ਬਣਾਉਣ ਲਈ ਕਿਹਾ। ਮੰਤਰੀ ਨੇ ਸਾਰੇ ਅਧਿਕਾਰੀਆਂ ਨੂੰ ਕੁੱਤਿਆਂ ਦੇ ਪੌਂਡ/ਸੈਂਕਚੂਰੀ ਸਥਾਪਤ ਕਰਨ ਲਈ ਜ਼ਮੀਨ ਦੀ ਪਛਾਣ ਕਰਨ ਅਤੇ ਸੰਸਥਾਗਤ ਤੇ ਸੰਵੇਦਨਸ਼ੀਲ ਖੇਤਰਾਂ ਤੋਂ ਆਵਾਰਾ ਕੁੱਤਿਆਂ ਨੂੰ ਇਨ੍ਹਾਂ ਸਹੂਲਤਾਂ ਵਿੱਚ ਤਬਦੀਲ ਕਰਨ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਮੀਟਿੰਗ ਦੌਰਾਨ ਪ੍ਰਮੁੱਖ ਸ਼ਹਿਰੀ ਸਥਾਨਕ ਇਕਾਈਆਂ ਸਬੰਧੀ ਪ੍ਰੋਜੈਕਟਾਂ ਲਈ ਕਾਰਪੋਰੇਟ ਬਾਂਡਾਂ ਰਾਹੀਂ ਫੰਡ ਇਕੱਠਾ ਕਰਨ ਸਬੰਧੀ ਮੁੱਦਿਆਂ 'ਤੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ। ਸਬੰਧਤ ਅਧਿਕਾਰੀਆਂ ਨੂੰ ਇੱਕ ਮਹੀਨੇ ਦੇ ਅੰਦਰ ਸਪੱਸ਼ਟ ਤੇ ਵਿਸਥਾਰਤ ਪ੍ਰਸਤਾਵ ਪੇਸ਼ ਕਰਨ ਦੇ ਨਿਰਦੇਸ਼ ਦਿੱਤੇ ਗਏ। ਕੈਬਨਿਟ ਮੰਤਰੀ ਨੇ ਤਾਲਮੇਲ, ਸਮੇਂ ਸਿਰ ਅਮਲ ਤੇ ਜਵਾਬਦੇਹੀ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਆਪ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸ਼ਹਿਰੀ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਤੇ ਨਾਗਰਿਕ ਸੇਵਾਵਾਂ ਨੂੰ ਬਿਹਤਰ ਬਣਾਉਣ ਨੂੰ ਪ੍ਰਮੁੱਖ ਤਰਜੀਹ ਦਿੱਤੀ ਜਾ ਰਹੀ ਹੈ।

# ਗੈਂਗਸਟਰਾਂ ਦੇ ਪਰਿਵਾਰਾਂ ਦੇ ਵਿਆਹਾਂ 'ਚ ਜਾ ਰਹੇ ਨੇ ਅਕਾਲੀ ਆਗੂ, ਕੀ ਗੈਂਗਸਟਰਾਂ ਰਾਹੀਂ ਸੱਤਾ 'ਚ ਆਉਣਾ ਚਾਹੁੰਦੇ ਨੇ ਸੁਖਬੀਰ ਸਿੰਘ ਬਾਦਲ? : ਧਾਲੀਵਾਲ

ਚੰਡੀਗੜ੍ਹ, 31 ਜਨਵਰੀ (ਅੰਮ੍ਰਿਤਪਾਲ ਸਿੰਘ): ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਮੁੱਖ ਬੁਲਾਰੇ ਤੇ ਹਲਕਾ ਅਜਨਾਲਾ ਤੋਂ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਅਤੇ ਹੋਰ ਅਕਾਲੀ ਆਗੂਆਂ ਵੱਲੋਂ ਗੈਂਗਸਟਰਾਂ ਦੇ ਪਰਿਵਾਰਾਂ ਦੇ ਸਮਾਗਮਾਂ ਵਿੱਚ ਸ਼ਾਮਿਲ ਹੋਣ 'ਤੇ ਤਿੱਖੇ ਸਵਾਲ ਉਠਾਏ ਹਨ। ਉਨ੍ਹਾਂ ਕਿਹਾ ਕਿ ਜਦੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਗੈਂਗਸਟਰਵਾਦ ਅਤੇ ਡਰੱਗ ਮਾਫੀਏ ਖ਼ਿਲਾਫ਼ ਵੱਡੀ ਜੰਗ ਲੜ ਰਹੀ ਹੈ ਤਾਂ ਅਕਾਲੀ ਦਲ ਗੈਂਗਸਟਰਾਂ ਨਾਲ ਸਾਂਝਾਂ ਪਾ ਰਿਹਾ ਹੈ। ਵਿਧਾਇਕ ਧਾਲੀਵਾਲ ਨੇ ਅੰਮ੍ਰਿਤਸਰ ਵਿੱਚ ਅੰਮ੍ਰਿਤਪਾਲ ਸਿੰਘ ਬਾਠ ਦੀ ਭੈਣ ਦੇ ਵਿਆਹ ਸਮਾਗਮ ਵਿੱਚ ਸੁਖਬੀਰ ਸਿੰਘ ਬਾਦਲ, ਵਿਰਸਾ ਸਿੰਘ ਵਲਟੋਹਾ, ਗਨੀਵ ਕੌਰ ਮਜੀਠੀਆ, ਰਵਿੰਦਰ ਸਿੰਘ ਬ੍ਰਹਮਪੁਰਾ ਅਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਦੀ ਸ਼ਮੂਲੀਅਤ ਵਾਲੀਆਂ ਤਸਵੀਰਾਂ ਦਿਖਾਈਆਂ। ਉਨ੍ਹਾਂ ਕਿਹਾ ਕਿ ਇਹ ਤਸਵੀਰਾਂ ਅਕਾਲੀ ਦਲ ਬਾਦਲ ਦੀਆਂ ਨੀਅਤਾਂ ਤੇ ਤਰਜੀਹਾਂ 'ਤੇ ਗੰਭੀਰ ਸਵਾਲ ਖੜ੍ਹੇ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਇਹ ਸ਼ਮੂਲੀਅਤ ਦਰਸਾਉਂਦੀ ਹੈ ਕਿ ਜਦੋਂ ਮਾਨ ਸਰਕਾਰ ਗੈਂਗਸਟਰ ਖ਼ਤਮ ਕਰਨਾ ਚਾਹੁੰਦੀ ਹੈ ਤਾਂ ਅਕਾਲੀ ਦਲ ਗੈਂਗਸਟਰਾਂ ਨੂੰ ਪਾਲ ਰਿਹਾ ਹੈ ਅਤੇ ਉਨ੍ਹਾਂ ਦੇ ਪਰਿਵਾਰਾਂ ਨਾਲ ਸਬੰਧ ਬਣਾ ਰਿਹਾ ਹੈ।



ਧਾਲੀਵਾਲ ਨੇ ਕਿਹਾ ਕਿ ਇੱਕ ਪਾਸੇ ਸੁਖਬੀਰ ਬਾਦਲ ਦੂਜੇ-ਤੀਜੇ ਦਿਨ ਬਿਆਨ ਦਿੰਦੇ ਹਨ ਕਿ ਗੈਂਗਸਟਰਵਾਦ ਖ਼ਤਮ ਨਹੀਂ ਹੋ ਰਿਹਾ । ਦੂਜੇ ਪਾਸੇ ਉਹੀ ਸੁਖਬੀਰ ਬਾਦਲ ਗੈਂਗਸਟਰਾਂ ਦੇ ਪਰਿਵਾਰਾਂ ਦੇ ਵਿਆਹਾਂ ਵਿੱਚ ਸ਼ਾਮਿਲ ਹੋ ਕੇ ਸਾਬਤ ਕਰ ਰਹੇ ਹਨ ਕਿ ਉਨ੍ਹਾਂ ਦੀ ਸਿਆਸੀ ਲੜਾਈ ਗੈਂਗਸਟਰਾਂ ਦੇ ਸਿਰ 'ਤੇ ਹੈ ਅਤੇ ਉਹ ਗੈਂਗਸਟਰਾਂ ਨੂੰ ਵਰਤ ਕੇ ਪੰਜਾਬ ਦੀ ਸੱਤਾ 'ਤੇ ਆਉਣਾ ਚਾਹੁੰਦੇ ਹਨ। ਆਪ ਆਗੂ ਨੇ ਕਿਹਾ ਕਿ ਪਹਿਲਾਂ ਅਕਾਲੀ ਦਲ ਨੇ ਪੰਜਾਬ ਦੇ ਮੁੰਡਿਆਂ ਨੂੰ ਅੱਤਵਾਦ ਦੀ ਭੱਠੀ ਵਿੱਚ ਝੋਕਿਆ ਸੀ। ਉਸੇ ਤਰ੍ਹਾਂ ਅੱਜ ਅਕਾਲੀ ਦਲ ਪੰਜਾਬ ਦੇ ਮੁੰਡਿਆਂ ਨੂੰ ਗੈਂਗਸਟਰ ਬਣਾ ਕੇ ਆਪਣੀ ਕੁਰਸੀ ਦੀ ਲਾਲਸਾ ਪੂਰੀ ਕਰਨਾ ਚਾਹੁੰਦਾ ਹੈ। ਉਨ੍ਹਾਂ ਕਿਹਾ ਕਿ ਜਿੱਥੇ ਕਾਂਗਰਸ ਉਸ ਕਾਲੇ ਦੌਰ ਲਈ ਜ਼ਿੰਮੇਵਾਰ ਸੀ ਉੱਥੇ ਅਕਾਲੀ ਦਲ ਵੀ ਬਰਾਬਰ ਦਾ ਜ਼ਿੰਮੇਵਾਰ ਸੀ।

ਧਾਲੀਵਾਲ ਨੇ ਪੰਜਾਬੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਇਨ੍ਹਾਂ ਲੋਕਾਂ ਤੋਂ ਸਾਵਧਾਨ ਅਤੇ ਚੌਕੰਨੇ ਰਹਿਣਾ ਚਾਹੀਦਾ ਹੈ। ਪਹਿਲਾਂ ਵੀ ਕਾਂਗਰਸ ਤੇ ਅਕਾਲੀਆਂ ਨੇ ਪੰਜਾਬ ਨੂੰ ਅੱਗ ਦੀ ਭੱਠੀ ਵਿੱਚ ਧੱਕਿਆ ਸੀ ਅਤੇ ਹੁਣ ਫਿਰ ਗੈਂਗਸਟਰਾਂ ਨੂੰ ਪਾਲ ਕੇ ਪੰਜਾਬ ਦਾ ਮਾਹੌਲ ਖ਼ਰਾਬ ਕਰ ਰਹੇ ਹਨ। ਵਿਧਾਇਕ ਧਾਲੀਵਾਲ ਨੇ ਕਿਹਾ ਕਿ ਭਾਵੇਂ ਇਹ ਲੋਕ ਜੋ ਮਰਜ਼ੀ ਕਰ ਲੈਣ ਪਰ ਆਮ ਆਦਮੀ ਪਾਰਟੀ ਦੀ ਸਰਕਾਰ ਦਾ ਵਾਅਦਾ ਹੈ ਕਿ ਪੰਜਾਬ ਵਿੱਚੋਂ ਗੈਂਗਸਟਰਵਾਦ ਅਤੇ ਡਰੱਗ ਮਾਫੀਆ ਜ਼ਰੂਰ ਖ਼ਤਮ ਕੀਤਾ ਜਾਵੇਗਾ।

# ਸੰਜੀਵ ਅਰੋੜਾ ਦੇ ਨਿਰੰਤਰ ਯਤਨਾਂ ਸਦਕਾ ਲਗਭਗ 30 ਸਾਲਾਂ ਦੇ ਅਰਸੇ ਬਾਅਦ ਹਲਵਾਰਾ ਹਵਾਈ ਅੱਡੇ ਤੋਂ ਸ਼ੁਰੂ ਹੋਣਗੀਆਂ ਉਡਾਣਾਂ

ਚੰਡੀਗੜ੍ਹ 31 ਜਨਵਰੀ (ਚ.ਨ.ਸ.): ਕਈ ਸਾਲਾਂ ਦੀ ਲੰਮੇ ਅਰਸੇ ਤੋਂ ਬਾਅਦ ਹਲਵਾਰਾ ਹਵਾਈ ਅੱਡੇ ਤੋਂ ਉਡਾਣਾਂ ਸ਼ੁਰੂ ਹੋਣ ਜਾ ਰਹੀਆਂ ਹਨ ਤੇ ਦੇਸ਼ ਦੇ ਮਾਣਯੋਗ ਪ੍ਰਧਾਨ ਮੰਤਰੀ ਨਰਿੰਦਰ ਮੋਦੀ 1 ਫਰਵਰੀ ਨੂੰ ਟਰਮੀਨਲ ਦੀ ਇਮਾਰਤ ਦਾ ਵਰਚੁਅਲ ਉਦਘਾਟਨ ਕਰਨਗੇ। ਇਹ ਇਤਿਹਾਸਕ ਪ੍ਰਾਪਤੀ ਸਾਬਕਾ ਰਾਜ ਸਭ ਮੈਂਬਰ, ਅਤੇ ਮੌਜੂਦਾ ਕੈਬਨਿਟ ਮੰਤਰੀ, ਪੰਜਾਬ ਸੰਜੀਵ ਅਰੋੜਾ ਦੇ ਨਿਰੰਤਰ ਯਤਨਾਂ ਦਾ ਨਤੀਜਾ ਹੈ, ਜਿਨ੍ਹਾਂ ਨੇ ਲਗਾਤਾਰ ਇਸ ਮਾਮਲੇ ਦੀ ਪੈਰਵਾਈ ਕੀਤੀ। ਹਵਾਈ ਅੱਡੇ ਦਾ ਕਾਰਜਸ਼ੀਲ ਹੋਣਾ ਖੇਤਰੀ ਸੰਪਰਕ ਦੀ ਮਜ਼ਬੂਤੀ ਤੇ ਪੰਜਾਬ ਦੇ ਉਦਯੋਗਿਕ ਤੇ ਆਰਥਿਕ ਵਿਕਾਸ, ਖਾਸ ਕਰਕੇ ਲੁਧਿਆਣਾ ਤੇ ਇਸਦੇ ਨੇੜਲੇ ਜ਼ਿਲ੍ਹਿਆਂ ਲਈ, ਸੰਜੀਵ ਅਰੋੜਾ ਦੀ ਦ੍ਰਿੜ ਵਚਨਬੱਧਤਾ ਨੂੰ ਦਰਸਾਉਂਦਾ ਹੈ।



**ਇਸ ਸਬੰਧੀ ਕੀਤੇ ਗਏ ਮੁੱਖ ਯਤਨਾਂ ਅਤੇ ਪ੍ਰਾਪਤੀਆਂ ਦਾ ਵੇਰਵਾ**

**22 ਨਵੰਬਰ, 2022:** ਹਵਾਏ ਅੱਡੇ ਦੀ ਰੁਕੀ ਹੋਈ ਪ੍ਰਗਤੀ ਨੂੰ ਮੁੜ ਚਲਾਉਣ ਲਈ ਮੁੱਖ ਮੰਤਰੀ ਵੱਲੋਂ ਦਖ਼ਲ।

**11 ਦਸੰਬਰ, 2022:** ਨਿਰਮਾਣ ਕਾਰਜ ਮੁੜ ਸ਼ੁਰੂ ਕਰਨ ਲਈ 50 ਕਰੋੜ ਰੁਪਏ ਦੇ ਫੰਡ ਜਾਰੀ ਕੀਤੇ ਗਏ।

**17 ਜਨਵਰੀ, 2023:** ਸੰਸਦ ਮੈਂਬਰ ਸੰਜੀਵ ਅਰੋੜਾ ਨੇ ਸ਼ਹਿਰੀ ਹਵਾਬਾਜ਼ੀ ਮੰਤਰਾਲੇ ਨੂੰ ਦਿੱਲੀ-ਲੁਧਿਆਣਾ ਉਡਾਣਾਂ ਮੁੜ ਸ਼ੁਰੂ ਕਰਨ ਦੀ ਅਪੀਲ ਕੀਤੀ।

**14 ਅਪ੍ਰੈਲ, 2023:** ਸੰਸਦ ਮੈਂਬਰ ਸੰਜੀਵ ਅਰੋੜਾ ਨੇ ਹਲਵਾਰਾ ਤੋਂ ਉਡਾਣਾਂ ਸ਼ੁਰੂ ਕਰਨ ਲਈ ਸਾਰੀਆਂ ਏਅਰਲਾਈਨਾਂ ਨੂੰ ਪੱਤਰ ਲਿਖਿਆ।

**7 ਮਈ, 2023:** ਸੰਸਦ ਮੈਂਬਰ ਸੰਜੀਵ ਅਰੋੜਾ ਨੇ ਹਲਵਾਰਾ ਹਵਾਈ ਅੱਡੇ ਦਾ ਨਿਰਮਾਣ ਤੇਜ਼ੀ ਨਾਲ ਮੁਕੰਮਲ ਕਰਨ ਦੀ ਵਕਾਲਤ ਕੀਤੀ।

**22 ਅਗਸਤ, 2023:** ਸ਼ਹਿਰੀ ਹਵਾਬਾਜ਼ੀ ਸਕੱਤਰ ਰਾਜੀਵ ਬਾਂਸਲ ਤੋਂ ਪ੍ਰਵਾਨਗੀ ਮਿਲਣ ਉਪਰੰਤ ਏਅਰਲਾਈਨਾਂ ਨੂੰ ਹਲਵਾਰਾ ਤੋਂ ਦਿੱਲੀ ਤੇ ਮੁੰਬਈ ਵਾਸਤੇ ਉਡਾਣਾਂ ਸ਼ੁਰੂ ਕਰਨ ਦੀ ਇਜਾਜ਼ਤ ਮਿਲੀ।

**26 ਅਗਸਤ, 2023:** ਸੰਸਦ ਮੈਂਬਰ ਸੰਜੀਵ ਅਰੋੜਾ ਨੇ ਵਿਕਾਸ ਪ੍ਰਗਤੀ ਦੀ ਸਮੀਖਿਆ ਲਈ ਹਲਵਾਰਾ ਹਵਾਈ ਅੱਡੇ ਦਾ ਦੌਰਾ ਕੀਤਾ।

**9 ਜਨਵਰੀ, 2024:** ਸ਼ਹਿਰੀ ਹਵਾਬਾਜ਼ੀ ਮੰਤਰਾਲੇ ਨੇ ਉਸਾਰੀ ਦੀ ਪ੍ਰਗਤੀ ਬਾਰੇ ਅਪਡੇਟ ਦਿੱਤੀ।

**31 ਜਨਵਰੀ, 2024:** ਲੁਧਿਆਣਾ ਨੇੜੇ ਹਲਵਾਰਾ ਵਿਖੇ ਅੰਤਰਿਮ ਟਰਮੀਨਲ ਇਮਾਰਤ ਦੇ ਉਦਘਾਟਨ ਲਈ ਬੇਨਤੀ ਕੀਤੀ ਗਈ।

**19 ਜੁਲਾਈ, 2024:** ਸੰਜੀਵ ਅਰੋੜਾ ਨੇ ਏਏਆਈ, ਪੀਡਬਲਯੂਡੀ ਤੇ ਭਾਰਤੀ ਹਵਾਈ ਸੈਨਾ ਦੇ ਅਧਿਕਾਰੀਆਂ ਨਾਲ ਉਸਾਰੀ ਦਾ ਜਾਇਜ਼ਾ ਲਿਆ।

**13 ਅਗਸਤ, 2024:** ਸੰਸਦ ਮੈਂਬਰ ਅਰੋੜਾ ਨੇ ਟਾਟਾ ਸੰਨਜ਼ ਦੇ ਚੇਅਰਮੈਨ ਐਨ. ਚੰਦਰਸ਼ੇਖਰਨ ਨਾਲ ਫਲਾਈਟ ਆਪ੍ਰੇਸ਼ਨਜ਼ 'ਤੇ ਚਰਚਾ ਕੀਤੀ।

**29 ਅਗਸਤ, 2024:** ਸੰਸਦ ਮੈਂਬਰ ਅਰੋੜਾ ਨੇ ਗੁਰੂਗ੍ਰਾਮ ਵਿੱਚ ਏਅਰ ਇੰਡੀਆ ਦੇ ਸੀਨੀਅਰ ਅਧਿਕਾਰੀਆਂ ਨਾਲ ਮੁਲਾਕਾਤ ਕੀਤੀ; ਉਡਾਣਾਂ ਜਲਦ ਸ਼ੁਰੂ ਹੋਣ ਭਰੋਸਾ ਮਿਲਿਆ।

**3 ਸਤੰਬਰ, 2024:** ਸੰਸਦ ਮੈਂਬਰ ਸੰਜੀਵ ਅਰੋੜਾ ਨੇ ਕੇਂਦਰੀ ਸ਼ਹਿਰੀ ਹਵਾਬਾਜ਼ੀ ਮੰਤਰੀ ਨੂੰ ਪੱਤਰ ਲਿਖ ਕੇ ਨਿਰਮਾਣ ਕਾਰਜਾਂ ਨੂੰ ਤੇਜ਼ ਕਰਨ ਦੀ ਮੰਗ ਕੀਤੀ।

**21 ਦਸੰਬਰ, 2024:** ਹਵਾਈ ਅੱਡੇ ਦੇ ਕੋਡ ਤੇ ਸੰਚਾਲਨ ਮਿਤੀ ਬਾਰੇ ਏਏਆਈ ਦੇ ਚੇਅਰਮੈਨ ਵਿਪਿਨ ਕੁਮਾਰ ਨਾਲ ਮੀਟਿੰਗ ਹੋਈ।

**8 ਜਨਵਰੀ, 2025:** ਏਅਰ ਇੰਡੀਆ ਨੇ ਦੱਸਿਆ ਕਿ ਕਮਿਸ਼ਨਿੰਗ ਤੇ ਪ੍ਰਵਾਨਗੀ ਪ੍ਰਕਿਰਿਆ ਤੋਂ ਬਾਅਦ ਉਡਾਣਾਂ ਸ਼ੁਰੂ ਹੋ ਜਾਣਗੀਆਂ।

**10 ਜਨਵਰੀ, 2025:** ਏਅਰ ਇੰਡੀਆ ਹਲਵਾਰਾ ਅੰਤਰਰਾਸ਼ਟਰੀ ਹਵਾਈ ਅੱਡੇ ਤੋਂ ਉਡਾਣਾਂ ਚਲਾਉਣ ਲਈ ਸਹਿਮਤ ਹੋਈ।

**4 ਫਰਵਰੀ, 2025:** ਹਲਵਾਰਾ ਹਵਾਈ ਅੱਡੇ ਨੂੰ ਐਚਡਬਲਿਊਆਰ ਹਵਾਈ ਅੱਡਾ ਕੋਡ ਪ੍ਰਾਪਤ ਹੋਇਆ।

**19 ਫਰਵਰੀ, 2025:** ਸੰਸਦ ਮੈਂਬਰ ਸੰਜੀਵ ਅਰੋੜਾ ਤੇ ਡਿਪਟੀ ਕਮਿਸ਼ਨਰਜਤਿੰਦਰ ਜੋਰਵਾਲ ਨੇ ਅੰਤਿਮ ਪੜਾਅ ਦੇ ਕੰਮਾਂ ਦੀ ਸਮੀਖਿਆ ਕੀਤੀ।

**23 ਮਈ, 2025:** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਿਵਲ ਏਅਰ ਟਰਮੀਨਲ ਨੂੰ ਚਾਲੂ ਕਰਨ ਅਤੇ ਉਡਾਣਾਂ ਨੂੰ ਸਾਹਨੇਵਾਲ ਤੋਂ ਹਲਵਾਰਾ ਤਬਦੀਲ ਕਰਨ ਲਈ ਸਿਵਲ ਏਵੀਏਸ਼ਨ ਮੰਤਰਾਲੇ ਨੂੰ ਬੇਨਤੀ ਕੀਤੀ।

**ਜੂਨ 2025:** ਢਾਂਚਾਗਤ ਕੰਮ ਪੂਰੇ ਹੋਏ; 2,000 ਵਰਗ ਮੀਟਰ ਟਰਮੀਨਲ ਬਿਲਡਿੰਗ ਦਾ ਅੰਦਰੂਨੀ ਕੰਮਕਾਜ ਤੇ ਗਲਾਸ ਫੈਕੇਡ ਦਾ ਕੰਮ ਪੂਰਾ ਹੋਇਆ।

**27 ਜੁਲਾਈ, 2025:** ਪ੍ਰਧਾਨ ਮੰਤਰੀ ਵੱਲੋਂ ਪਹਿਲਾਂ ਨਿਰਧਾਰਤ ਵਰਚੁਅਲ ਉਦਘਾਟਨ ਦੀ ਮਿਤੀ ਤਕਨੀਕੀ ਦੇਰੀ ਕਾਰਨ ਮੁਲਤਵੀ ਕਰ ਦਿੱਤੀ ਗਈ।

**2 ਦਸੰਬਰ, 2025:** ਸੰਸਦ ਮੈਂਬਰ ਰਾਜਿੰਦਰ ਗੁਪਤਾ ਨੇ ਰਾਜ ਸਭਾ ਵਿੱਚ ਰੋਜ਼ਾਨਾ 2,500 ਯਾਤਰੀਆਂ ਦੀ ਸਮਰੱਥਾ ਦਾ ਹਵਾਲਾ ਦਿੰਦਿਆਂ ਸੰਚਾਲਨ ਦੇ ਕੰਮਕਾਜ ਵਿੱਚ ਤੇਜ਼ੀ ਲਿਆਉਣ ਦੀ ਅਪੀਲ ਕੀਤੀ।

**29 ਦਸੰਬਰ, 2025:** ਏਅਰ ਇੰਡੀਆ ਨੇ ਹਵਾਏ ਅੱਡੇ ਤੋਂ ਹਫ਼ਤੇ ਵਿੱਚ ਪੰਜ ਦਿਨ ਉਡਾਣਾਂ ਦੀ ਮਨਜ਼ੂਰੀ ਹਾਸਲ ਕੀਤੀ ਤੇ ਵਾਧੂ ਸਲਾਟਾਂ ਦੀ ਮੰਗ ਕੀਤੀ।

**15 ਜਨਵਰੀ, 2026:** ਫਾਈਨਲ ਸਕਿਉਰਿਟੀ ਆਡਿਟ ਮੁਕੰਮਲ ਹੋਇਆ; ਬੀਸੀਏਐਸ ਨੇ ਸੰਚਾਲਨ ਦੀ ਪ੍ਰਵਾਨਗੀ ਦਿੱਤੀ।

**28 ਜਨਵਰੀ, 2026:** ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਅਤੇ ਐਸਐਸਪੀ (ਦਿਹਾਤੀ) ਅੰਕੁਰ ਗੁਪਤਾ ਦੁਆਰਾ ਅੰਤਿਮ ਸਾਈਟ ਨਿਰੀਖਣ ਕੀਤਾ ਗਿਆ।

**29 ਜਨਵਰੀ, 2026:** ਹਵਾਏ ਅੱਡੇ ਦੇ 1 ਫਰਵਰੀ, 2026 ਨੂੰ ਉਦਘਾਟਨ ਲਈ ਪ੍ਰਧਾਨ ਮੰਤਰੀ ਦਫ਼ਤਰ ਤੋਂ ਅਧਿਕਾਰਤ ਪੁਸ਼ਟੀ ਹਾਸਲ ਹੋਈ; ਏਅਰ ਇੰਡੀਆ ਨੇ ਹਫ਼ਤੇ ਵਿੱਚ ਸੱਤ ਦਿਨ ਫਲਾਈਟ ਸਲਾਟਾਂ ਲਈ ਬੇਨਤੀ ਕੀਤੀ।

**1 ਫਰਵਰੀ, 2026:** ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤਕਰੀਬਨ ਸ਼ਾਮ 3:45 ਵਜੇ ਟਰਮੀਨਲ ਬਿਲਡਿੰਗ ਦਾ ਵਰਚੁਅਲ ਉਦਘਾਟਨ ਕਰਨਗੇ।

ਹਲਵਾਰਾ ਹਵਾਈ ਅੱਡੇ ਦੇ ਕਾਰਜਸ਼ੀਲ ਹੋਣ ਨਾਲ ਖੇਤਰੀ ਹਵਾਈ ਸੰਪਰਕ ਨੂੰ ਮਜ਼ਬੂਤੀ ਮਿਲਣ, ਉਦਯੋਗ ਤੇ ਯਾਤਰੀਆਂ ਲਈ ਸਫ਼ਰ ਦਾ ਸਮਾਂ ਘਟਣ ਤੇ ਪੰਜਾਬ ਦੇ ਉਦਯੋਗਿਕ, ਨਿਰਯਾਤ ਅਤੇ ਨਿਵੇਸ਼ ਮਾਹੌਲ ਨੂੰ ਵੱਡਾ ਹੁਲਾਰਾ ਮਿਲਣ ਦੀ ਉਮੀਦ ਹੈ। ਇਸ ਨਾਲ ਵਿਸ਼ੇਸ਼ ਕਰਕੇ ਉੱਤਰੀ ਭਾਰਤ ਦੇ ਸਭ ਤੋਂ ਵੱਡੇ ਨਿਰਮਾਣ ਕੇਂਦਰਾਂ ਵਿੱਚੋਂ ਇੱਕ, ਲੁਧਿਆਣਾ ਨੂੰ ਵੀ ਕਾਫ਼ੀ ਲਾਭ ਹੋਵੇਗਾ। ਆਪ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਸੰਜੀਵ ਅਰੋੜਾ ਵੱਲੋਂ ਨਿਰੰਤਰ ਫਾਲੋ-ਅੱਪ, ਨੀਤੀਗਤ ਸ਼ਮੂਲੀਅਤ ਅਤੇ ਸਿਵਲ ਏਵੀਏਸ਼ਨ ਮੰਤਰਾਲੇ, ਏਅਰਪੋਰਟ ਅਥਾਰਟੀ ਆਫ ਇੰਡੀਆ, ਏਅਰਲਾਈਨ ਆਪਰੇਟਰਾਂ ਅਤੇ ਪੰਜਾਬ ਸਰਕਾਰ ਦਰਮਿਆਨ ਤਾਲਮੇਲ ਨੇ ਸਮੇਂ ਤੋਂ ਲਟਕ ਰਹੇ ਇਸ ਪ੍ਰੋਜੈਕਟ ਦੀ ਸਫਲਤਾ ਨੂੰ ਯਕੀਨੀ ਬਣਾਇਆ।

# ਮਹਿਲਾ ਕਮਿਸ਼ਨ ਵੱਲੋਂ ਗੂਗਲ ਫਾਰਮ ਰਾਹੀਂ ਆਨਲਾਈਨ ਸ਼ਿਕਾਇਤਾਂ/ਅਰਜ਼ੀਆਂ ਜਮ੍ਹਾਂ ਕਰਵਾਉਣ ਲਈ ਇੱਕ ਨਵੀਂ ਪਹਿਲਕਦਮੀ ਦੀ ਸ਼ੁਰੂਆਤ

ਚੰਡੀਗੜ੍ਹ, 31 ਜਨਵਰੀ (ਚ.ਨ.ਸ.): ਪੰਜਾਬ ਰਾਜ ਮਹਿਲਾ ਕਮਿਸ਼ਨ ਵੱਲੋਂ ਗੂਗਲ ਫਾਰਮ ਰਾਹੀਂ ਆਨਲਾਈਨ ਸ਼ਿਕਾਇਤਾਂ/ਅਰਜ਼ੀਆਂ ਜਮ੍ਹਾਂ ਕਰਵਾਉਣ ਲਈ ਇੱਕ ਨਵੀਂ ਪਹਿਲਕਦਮੀ ਸ਼ੁਰੂ ਕੀਤੀ ਗਈ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਰਾਜ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਰਾਜ ਲਾਲੀ ਗਿੱਲ ਨੇ ਦੱਸਿਆ ਕਿ ਕਮਿਸ਼ਨ ਨੇ ਗੂਗਲ ਫਾਰਮ ਰਾਹੀਂ ਸ਼ਿਕਾਇਤਾਂ ਜਮ੍ਹਾਂ ਕਰਾਉਣ ਲਈ ਇੱਕ ਆਨਲਾਈਨ ਪਹਿਲਕਦਮੀ ਸ਼ੁਰੂ ਕੀਤੀ ਹੈ, ਜਿਸ ਨਾਲ ਰਾਜ ਭਰ ਦੀਆਂ ਔਰਤਾਂ ਲਈ ਅਰਜ਼ੀਆਂ ਤੇ ਸ਼ਿਕਾਇਤਾਂ ਦੀ ਰਜਿਸਟ੍ਰੇਸ਼ਨ ਪ੍ਰਕਿਰਿਆ ਵਧੇਰੇ ਪਹੁੰਚਯੋਗ, ਪਾਰਦਰਸ਼ੀ ਅਤੇ ਸਮਾਂਬੱਧ ਹੋ ਜਾਵੇਗੀ।

ਉਨ੍ਹਾਂ ਦੱਸਿਆ ਕਿ ਇਸ ਆਨਲਾਈਨ ਸਹੂਲਤ ਰਾਹੀਂ ਬਿਨੈਕਾਰ ਨੂੰ ਦਫ਼ਤਰ ਦੇ ਚੱਕਰ ਲਗਾਉਣ ਦੀ ਲੋੜ ਨਹੀਂ ਪਵੇਗੀ ਅਤੇ ਉਹ ਆਪਣੀਆਂ ਸ਼ਿਕਾਇਤਾਂ/ਅਰਜ਼ੀਆਂ ਸਿੱਧੇ ਤੌਰ 'ਤੇ ਪੰਜਾਬ ਰਾਜ ਮਹਿਲਾ ਕਮਿਸ਼ਨ ਕੋਲ ਦਰਜ ਕਰਵਾ ਸਕਦੇ ਹਨ। ਇਸ ਪਹਿਲਕਦਮੀ ਦਾ ਉਦੇਸ਼ ਅਰਜ਼ੀਆਂ ਦੀ ਸਮੇਂ ਸਿਰ ਪ੍ਰਾਪਤੀ ਅਤੇ ਸ਼ਿਕਾਇਤਾਂ ਦੇ ਜਲਦ ਨਿਪਟਾਰੇ ਨੂੰ ਯਕੀਨੀ ਬਣਾਉਣਾ ਹੈ। ਬਿਨੈਕਾਰ https://docs.google.com/forms/d/e/1619pQLSc188PQrNtf6RJ39W3Z9R37tQd8RkLQK4yW56vLxW1xp5ogw/viewform?usp=dialog ਲਿੰਕ 'ਤੇ ਜਾ ਕੇ ਆਨਲਾਈਨ ਫਾਰਮ ਜਮ੍ਹਾਂ ਕਰ ਸਕਦੇ ਹਨ।

ਬਿਨੈਕਾਰਾਂ ਦੀ ਸਹੂਲਤ ਲਈ, ਇੱਕ ਕਿਊਆਰ ਕੋਡ (ਸਕੈਨਰ) ਵੀ ਮੁਹੱਈਆ ਕਰਵਾਇਆ ਗਿਆ ਹੈ, ਜਿਸ ਰਾਹੀਂ ਬਿਨੈਕਾਰ ਸਿੱਧੇ ਆਨਲਾਈਨ ਫਾਰਮ ਤੱਕ ਪਹੁੰਚ ਸਕਦੇ ਹਨ ਅਤੇ ਆਪਣੇ ਵੇਰਵੇ ਆਸਾਨੀ ਨਾਲ ਜਮ੍ਹਾਂ ਕਰ ਸਕਦੇ ਹਨ। ਚੇਅਰਪਰਸਨ ਨੇ ਸਾਰੀਆਂ ਔਰਤਾਂ ਨੂੰ ਅਪੀਲ ਕੀਤੀ ਕਿ ਉਹ ਕਿਸੇ ਵੀ ਤਰ੍ਹਾਂ ਦੀ ਬੇਇਨਸਾਫ਼ੀ, ਪਰੇਸ਼ਾਨੀ ਜਾਂ ਸ਼ਿਕਾਇਤ ਦੇ ਮਾਮਲੇ ਵਿੱਚ, ਇਸ ਆਨਲਾਈਨ ਸਹੂਲਤ ਦੀ ਵਰਤੋਂ ਕਰਨ ਅਤੇ ਬਿਨਾਂ ਕਿਸੇ ਝਿਜਕ ਦੇ ਪੰਜਾਬ ਰਾਜ ਮਹਿਲਾ ਕਮਿਸ਼ਨ ਨਾਲ ਸੰਪਰਕ ਕਰਨ। ਪੰਜਾਬ ਰਾਜ ਮਹਿਲਾ ਕਮਿਸ਼ਨ ਔਰਤਾਂ ਦੇ ਅਧਿਕਾਰਾਂ ਦੀ ਰੱਖਿਆ ਤੇ ਪੰਜਾਬ ਵਿੱਚ ਔਰਤਾਂ ਲਈ ਨਿਆਂ, ਸਨਮਾਨ ਅਤੇ ਉਨ੍ਹਾਂ ਦੇ ਸਸ਼ਕਤੀਕਰਨ ਨੂੰ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

# ਪ੍ਰਧਾਨ ਮੰਤਰੀ ਪੰਜਾਬੀਆਂ ਨੂੰ 'ਲਾਰੇ' ਨਹੀਂ, ਉਨ੍ਹਾਂ ਦਾ ਬਣਦਾ 'ਹੱਕ' ਤੇ ਰੋਕੇ ਫੰਡ ਦੇ ਕੇ ਜਾਣ : ਨੀਲ ਗਰਗ

ਚੰਡੀਗੜ੍ਹ, 31ਜਨਵਰੀ (ਅੰਮ੍ਰਿਤਪਾਲ ਸਿੰਘ): ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਸੀਨੀਅਰ ਆਗੂ ਨੀਲ ਗਰਗ ਨੇ ਪੰਜਾਬ ਭਾਜਪਾ ਪ੍ਰਧਾਨ ਸੁਨੀਲ ਜਾਖੜ ਤੇ ਕੇਂਦਰ ਦੀ ਮੋਦੀ ਸਰਕਾਰ 'ਤੇ ਤਿੱਖਾ ਨਿਸ਼ਾਨਾ ਸਾਧਿਆ ਹੈ। ਗਰਗ ਨੇ ਕਿਹਾ ਕਿ ਸੁਨੀਲ ਜਾਖੜ ਅਕਸਰ ਦਾਅਵਾ ਕਰਦੇ ਹਨ ਕਿ ਪ੍ਰਧਾਨ ਮੰਤਰੀ ਦੇ ਦਿਲ ਵਿੱਚ ਪੰਜਾਬੀਆਂ ਲਈ ਖ਼ਾਸ ਥਾਂ ਹੈ, ਪਰ ਹਕੀਕਤ ਵਿੱਚ ਇਹ 'ਪਿਆਰ' ਸਿਰਫ਼ ਖੋਖਲੇ ਸ਼ਬਦਾਂ ਤੱਕ ਸੀਮਤ ਹੈ। ਉਨ੍ਹਾਂ ਸਵਾਲ ਕੀਤਾ ਕਿ ਜੇਕਰ ਸੱਚਮੁੱਚ ਪੰਜਾਬ ਪ੍ਰਤੀ ਪਿਆਰ ਹੈ, ਤਾਂ ਕੇਂਦਰ ਸਰਕਾਰ ਪਿਛਲੇ ਕਈ ਸਾਲਾਂ ਤੋਂ ਰੋਕਿਆ ਹੋਇਆ ਪੰਜਾਬ ਦੇ ਹੱਕ ਦਾ 8000 ਕਰੋੜ ਰੁਪਏ ਦਾ ਰੂਰਲ ਡਿਵੈਲਪਮੈਂਟ ਫੰਡ ਅਤੇ ਹੋਰ ਕੇਂਦਰੀ ਫੰਡ ਤੁਰੰਤ ਜਾਰੀ ਕਿਉਂ ਨਹੀਂ ਕਰਦੀ?



ਨੀਲ ਗਰਗ ਨੇ ਕਿਹਾ ਕਿ 5-6 ਸਾਲ ਪਹਿਲਾਂ ਵੀ ਪ੍ਰਧਾਨ ਮੰਤਰੀ ਨੇ ਪੰਜਾਬ ਨੂੰ ਆਰਥਿਕ ਪੈਕੇਜ ਦੇਣ ਦਾ ਰਾਗ ਅਲਾਪਿਆ ਸੀ, ਪਰ ਉਹ ਪੈਕੇਜ ਅੱਜ ਤੱਕ ਕਿਤੇ ਨਜ਼ਰ ਨਹੀਂ ਆਇਆ। ਉਨ੍ਹਾਂ ਕਿਹਾ ਕਿ ਸੁਨੀਲ ਜਾਖੜ ਜੀ, ਪੰਜਾਬ ਦੇ ਲੋਕ ਹੁਣ ਲਿਫ਼ਾਫ਼ੇਬਾਜ਼ੀ ਤੋਂ ਅੱਕ ਚੁੱਕੇ ਹਨ। ਕੱਲ੍ਹ ਪ੍ਰਧਾਨ ਮੰਤਰੀ ਪੰਜਾਬ ਆ ਰਹੇ ਹਨ, ਇਹ ਉਨ੍ਹਾਂ ਕੋਲ ਆਪਣੀ ਗਲਤੀ ਸੁਧਾਰਨ ਦਾ ਚੰਗਾ ਮੌਕਾ ਹੈ। ਨਵੇਂ ਪੈਕੇਜਾਂ ਦੇ ਐਲਾਨ ਕਰਨ ਤੋਂ ਪਹਿਲਾਂ, ਘੱਟੋ-ਘੱਟ ਉਹ ਪੈਸਾ ਤਾਂ ਵਾਪਸ ਕਰਵਾਓ ਜੋ ਪੰਜਾਬ ਦਾ ਆਪਣਾ ਹੱਕ ਹੈ ਤੇ ਜਿਸ ਨੂੰ ਕੇਂਦਰ ਨੇ ਨਜਾਇਜ਼ ਰੋਕ ਕੇ ਰੱਖਿਆ ਹੋਇਆ ਹੈ।

ਕੇਂਦਰ ਦੀ ਦੋਹਰੀ ਨੀਤੀ 'ਤੇ ਸਵਾਲ ਚੁੱਕਦਿਆਂ ਗਰਗ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਸਾਡੇ ਗੁਆਂਢੀ ਸੂਬਿਆਂ ਨੂੰ ਉਦਯੋਗਿਕ ਵਿਕਾਸ ਲਈ ਵਿਸ਼ੇਸ਼ ਪੈਕੇਜ ਦਿੱਤੇ ਹਨ, ਪਰ ਪੰਜਾਬ ਨਾਲ ਹਮੇਸ਼ਾ ਮਤਰੇਈ ਮਾਂ ਵਾਲਾ ਸਲੂਕ ਕੀਤਾ ਜਾਂਦਾ ਹੈ। ਜਦਕਿ ਅੱਜ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਆਪ ਸਰਕਾਰ ਦਿਨ-ਰਾਤ ਮਿਹਨਤ ਕਰਕੇ ਪੰਜਾਬ ਵਿੱਚ ਵੱਡੀ ਇੰਡਸਟਰੀ ਲੈ ਕੇ ਆ ਰਹੀ ਹੈ ਤੇ ਸੂਬੇ ਨੂੰ ਵਿਕਾਸ ਦੀਆਂ ਲੀਹਾਂ 'ਤੇ ਪਾ ਰਹੀ ਹੈ। ਅਜਿਹੇ ਸਮੇਂ ਵਿੱਚ ਕੇਂਦਰ ਦਾ ਅੜੀਅਲ ਵਤੀਰਾ ਪੰਜਾਬ ਦੇ ਵਿਕਾਸ ਵਿੱਚ ਰੋੜਾ ਬਣ ਰਿਹਾ ਹੈ। ਨੀਲ ਗਰਗ ਨੇ ਸੁਨੀਲ ਜਾਖੜ ਨੂੰ ਸਵਾਲ ਕੀਤਾ ਕਿ ਉਹ ਪੰਜਾਬ ਦੇ ਹੱਕਾਂ ਦੀ ਲੜਾਈ ਲੜਨ ਦੀ ਬਜਾਏ ਕੇਂਦਰ ਦੀਆਂ ਲੋਕ-ਵਿਰੋਧੀ ਨੀਤੀਆਂ ਦਾ ਬਚਾਅ ਕਿਉਂ ਕਰ ਰਹੇ ਹਨ? ਉਨ੍ਹਾਂ ਕਿਹਾ ਕਿ ਜੇਕਰ ਭਾਜਪਾ ਲੀਡਰਸ਼ਿਪ ਸੱਚਮੁੱਚ ਪੰਜਾਬ ਦਾ ਭਲਾ ਚਾਹੁੰਦੀ ਹੈ, ਤਾਂ ਕੱਲ੍ਹ ਪ੍ਰਧਾਨ ਮੰਤਰੀ ਦੇ ਦੌਰੇ ਦੌਰਾਨ ਪੰਜਾਬ ਦੇ ਰੋਕੇ ਹੋਏ ਸਾਰੇ ਫੰਡ ਰਿਲੀਜ਼ ਕਰਵਾਉਣ। ਪੰਜਾਬ ਨੂੰ ਭੀਖ ਨਹੀਂ, ਆਪਣਾ ਹੱਕ ਚਾਹੀਦਾ ਹੈ।

# ਐਸ.ਸੀ. ਕਮਿਸ਼ਨ ਵੱਲੋਂ ਡੀ.ਐਸ.ਪੀ. ਤਲਬ

ਚੰਡੀਗੜ੍ਹ, 31 ਜਨਵਰੀ (ਚ.ਨ.ਸ.): ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਵੱਲੋਂ ਇਕ ਮਾਮਲੇ ਵਿੱਚ ਕਾਰਵਾਈ ਕਰਦਿਆਂ ਡੀ.ਐਸ.ਪੀ. ਨੂੰ ਤਲਬ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਐਸ.ਸੀ. ਕਮਿਸ਼ਨ ਦੇ ਚੇਅਰਮੈਨ ਜਸਬੀਰ ਸਿੰਘ ਗੜ੍ਹੀ ਨੇ ਦੱਸਿਆ ਕਿ ਬਲਜਿੰਦਰ ਸਿੰਘ ਸੋਨੀ ਪੁੱਤਰ ਮਾਧੋ ਰਾਮ ਵਾਸੀ ਸੋਹਾਣਾ ਤਹਿਸੀਲ ਮੋਹਾਲੀ ਜਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਵੱਲੋਂ ਦਾਇਰ ਇਕ ਸ਼ਿਕਾਇਤ ਸਬੰਧੀ ਕਮਿਸ਼ਨ ਵੱਲੋਂ ਸੁਣਵਾਈ ਕੀਤੀ ਜਾ ਰਹੀ ਹੈ। ਜਿਸ ਵਿੱਚ ਕਮਿਸ਼ਨ ਵੱਲੋਂ 03.02.2026 ਨੂੰ ਹਰਸਿਮਰਨ ਸਿੰਘ ਬੱਲ ਡੀ.ਐਸ.ਪੀ ਸੋਹਾਣਾ ਨੂੰ ਤਲਬ ਕੀਤਾ ਗਿਆ ਹੈ।

# ਬੈਂਸ ਤੇ ਸਿਸੋਦੀਆ ਨੇ ਵੈਦਿਕ ਸਿੱਖਿਆ ਨਾਲ ਬੱਚਿਆਂ ਦਾ ਭਵਿੱਖ ਸੰਵਾਰਨ ਦਾ ਦਿੱਤਾ ਸੱਦਾ

ਲੁਧਿਆਣਾ, 31 ਜਨਵਰੀ (ਚ.ਨ.ਸ.): ਸਨਾਤਨ ਸੇਵਾ ਸਮਿਤੀ ਪੰਜਾਬ ਤੇ ਵੇਦ ਪ੍ਰਚਾਰ ਮੰਡਲ ਪੰਜਾਬ ਨੇ ਸਾਂਝੇ ਤੌਰ 'ਤੇ ਬੀ.ਸੀ.ਐਮ ਸਕੂਲ, ਲੁਧਿਆਣਾ ਵਿਖੇ ਇੱਕ ਪੁਰਸਕਾਰ ਸਮਾਰੋਹ ਦਾ ਆਯੋਜਨ ਕੀਤਾ। ਜਿਸ ਵਿੱਚ ਸਿੱਖਿਆ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਅਤੇ ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਅਤੇ 'ਆਪ' ਦੇ ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਇਸ ਮੌਕੇ ਉਨ੍ਹਾਂ ਦੇ ਨਾਲ ਸਨਾਤਨ ਸੇਵਾ ਸਮਿਤੀ ਪੰਜਾਬ ਦੇ ਪ੍ਰਧਾਨ ਵਿਜੇ ਸ਼ਰਮਾ ਅਤੇ ਵੇਦ ਪ੍ਰਚਾਰ ਮੰਡਲ ਪੰਜਾਬ ਦੇ ਪ੍ਰਧਾਨ ਰੋਸ਼ਨ ਲਾਲ ਆਰੀਆ ਵੀ ਮੌਜੂਦ ਸਨ। ਸਿੱਖਿਆ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਨੇ ਸਮਾਗਮ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਿੱਖਿਆ ਮੰਤਰੀ ਪੰਜਾਬ ਹੋਣ ਦੇ ਨਾਤੇ ਮੇਰੇ ਮੋਢਿਆਂ ਉੱਤੇ ਬਹੁਤ ਵੱਡੀ ਜ਼ਿੰਮੇਵਾਰੀ ਹੈ। ਜਦੋਂ ਅਸੀਂ ਸਮਾਜ ਵਿੱਚ ਕੋਈ ਵੀ ਪਰਿਵਰਤਨ ਕਰਨਾ ਚਾਹੁੰਦੇ ਹਾਂ ਤਾਂ ਉਸ ਦਾ ਹੱਲ ਇੱਕੋ ਇੱਕ ਹੈ ਜਿਹੋ ਜਿਹਾ ਸੂਬਾ ਜਾਂ ਦੇਸ਼ ਅਸੀਂ ਬਣਾਉਣਾ ਚਾਹੁੰਦੇ ਹਾਂ ਉਹੋ ਜਿਹੇ ਸਿਧਾਂਤ ਅਸੀਂ ਆਪਣੇ ਬੱਚਿਆਂ ਨੂੰ ਸਿੱਖਿਆ ਦੇ ਰਾਹੀਂ ਦੇ ਸਕਦੇ ਹਾਂ। ਅਧਿਆਪਕਾਂ ਦੀ ਸ਼ਲਾਘਾ ਸਿੱਖਿਆ ਮੰਤਰੀ ਨੇ ਕਿਹਾ ਕਿ ਤੁਸੀਂ ਬਹੁਤ ਵਧੀਆ ਕੰਮ ਕਰ ਰਹੇ ਹੋ। ਇਸੇ ਤਰ੍ਹਾਂ ਆਪਣੇ ਵਿਦਿਆਰਥੀਆਂ ਨੂੰ ਆਪਣੇ ਵਿਰਸੇ ਅਤੇ ਸਹੀ ਸਿਧਾਂਤਾ ਨਾਲ ਜੋੜਨ ਦਾ ਕੰਮ ਬਾਖੂਬੀ ਕਰਦੇਅ ਰਹੀਏ।




ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਤੇ 'ਆਪ' ਦੇ ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ ਨੇ ਸਮਾਗਮ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅਸੀਂ ਸਾਰੇ ਮਿਲ ਕੇ ਇੱਕ ਅਲੱਗ ਕਿਸਮ ਦਾ ਪ੍ਰੋਗਰਾਮ ਉਲੀਕ ਰਹੇ ਹਾਂ। ਉਨ੍ਹਾਂ ਕਿਹਾ ਕਿ ਮੈਂ 10 ਸਾਲਾਂ ਤੋਂ ਸਿੱਖਿਆ ਪ੍ਰਣਾਲੀ ਤੇ ਰਾਜਨੀਤੀ ਦੇ ਨਾਲ ਜੁੜਿਆ ਹੋਇਆ ਹਾਂ। ਅਸਲ ਵਿੱਚ ਇਹੋ ਜਿਹੇ ਪ੍ਰੋਗਰਾਮ ਬਹੁਤ ਘੱਟ ਦੇਖਣ ਨੂੰ ਮਿਲਦੇ ਹਨ। ਇਸ ਦਾ ਸਿਹਰਾ ਸਨਾਤਨ ਸੇਵਾ ਸਮਿਤੀ ਪੰਜਾਬ ਅਤੇ ਵੇਦ ਪ੍ਰਚਾਰ ਮੰਡਲ ਪੰਜਾਬ, ਬੀ.ਸੀ.ਐਮ ਸਕੂਲ ਦੇ ਪ੍ਰਿੰਸੀਪਲ ਤੇ ਵਿਦਿਆਰਥੀਆਂ ਨੂੰ ਜਾਂਦਾ ਹੈ। ਉਨ੍ਹਾਂ ਕਿਹਾ ਕਿ ਰੋਸ਼ਨ ਲਾਲ, ਵਿਜੇ ਸ਼ਰਮਾ ਤੇ ਸਾਰੇ ਸਕੂਲਾਂ ਦੇ ਪ੍ਰਿੰਸੀਪਲਾਂ ਨੇ ਮਿਲ ਕੇ ਇੱਕ ਵੱਡੀ ਸੋਚ ਰੱਖੀ ਹੈ ਕਿ ਵੇਦ, ਉਪਨਿਸ਼ਦ, ਰਾਮਾਇਣ ਤੇ ਗੀਤਾ ਦਾ ਗਿਆਨ ਵਿਦਿਆਰਥੀਆਂ ਨੂੰ ਦਿੱਤਾ ਜਾਵੇ। ਉਨ੍ਹਾਂ ਸਭ ਨੂੰ ਵਧਾਈ ਦਿੰਦਿਆਂ ਕਿਹਾ ਕਿ ਤਿੰਨ ਵਿਦਿਆਰਥੀਆਂ ਨੇ ਇਸ ਸਮਾਗਮ ਦੌਰਾਨ ਵੇਦ ਦੇ ਬਾਰੇ ਵਿੱਚ ਆਪਣੇ ਵਿਚਾਰ ਰੱਖੇ। 25 ਸਕੂਲਾਂ ਦੇ 296 ਬੱਚਿਆਂ ਨੇ ਇਸ ਮੰਚ ਉੱਤੇ ਆ ਕੇ ਆਪਣੀ ਗੱਲ ਰੱਖਣ ਦੇ ਲਈ ਵੇਦ, ਉਪਨਿਸ਼ਦ, ਰਾਮਾਇਣ ਅਤੇ ਗੀਤਾ ਦੇ ਮਾਧਿਅਮ ਰਾਹੀਂ ਆਪਣੇ ਰਸਤੇ ਨਾਪੇ ਹੋਣਗੇ। ਉਨ੍ਹਾਂ ਨੇ ਇਸ ਲਈ ਯੂ-ਟਿਊਬ ਤੇ ਸਰਚ ਕੀਤੀ ਹੋਵੇ ਜਾਂ ਚੈਟ ਜੀ.ਟੀ.ਪੀ ਦੇ ਮਾਧਿਅਮ ਰਾਹੀਂ ਆਪਣੀ ਸਪੀਚ ਲਿਖੀ ਹੋਵੇ ਲੇਕਿਨ ਉਹਨਾਂ ਨੇ ਇਸ ਨੂੰ ਪੜ੍ਹਿਆ ਤਾਂ ਖੁਦ ਹੀ ਹੋਵੇਗਾ। ਇਹ ਇੱਕ ਸਾਰਥਿਕ ਕੰਮ ਹੈ। ਅੱਜ ਭਾਵੇਂ ਸਾਰੀ ਦੁਨੀਆ ਵਿਗਿਆਨਿਕ ਪ੍ਰਯੋਗਸ਼ਾਲਾਵਾਂ ਵਿੱਚ ਬੈਠ ਕੇ ਯੂਨੀਵਰਸ ਦੀ ਥਾਹ ਪਾਉਣ ਲਈ ਕੰਮ ਕਰ ਰਹੀਆਂ ਹਨ। ਇਸ ਤਹਿਤ ਚਾਹੇ ਉਹ ਇਲੈਕਟ੍ਰਾਨ, ਨਿਊਟਰਾਨ ਅਤੇ ਪ੍ਰੋਟਾਨ ਦੇ ਬਾਰੇ ਵਿੱਚ ਜਾਣਨਾ ਚਾਹੁੰਦੇ ਹਨ ਜਾਂ ਫਿਰ ਇਹ ਦੇਖਣਾ ਚਾਹੁੰਦੇ ਹਨ ਕਿ ਯੂਨੀਵਰਸ ਵਿੱਚ ਕੁਝ ਠੋਸ ਹੈ ਜਾਂ ਫਿਰ ਸਭ ਤਰੰਗਾਂ ਹੀ ਤਰੰਗਾਂ ਹਨ। ਮੁਨੀਸ਼ ਸਿਸੋਦੀਆ ਨੇ ਕਿਹਾ ਕਿ ਇਹ ਹਰ ਭਾਰਤੀ ਨੂੰ ਸਮਝਣਾ ਪਵੇਗਾ ਕਿ ਕਿਸੇ ਆਈਨ ਸਟਾਈਨ ਨੇ ਆ ਕੇ ਜੋ ਗੱਲ ਸਮਝਾਈ ਹੈ ਉਹ ਸਾਡੇ ਰਿਸ਼ੀਆਂ, ਗੁਰੂਆਂ ਨੇ ਹਜ਼ਾਰਾਂ ਸਾਲ ਪਹਿਲਾਂ ਸਮਝਾਈ ਹੈ। ਸਾਨੂੰ ਇਹ ਵੀ ਸਮਝਣਾ ਪਵੇਗਾ ਕਿ ਜੋ ਗਿਆਨ ਹਜ਼ਾਰਾਂ ਸਾਲਾਂ ਤੋਂ ਸਾਡੇ ਕੋਲ ਹੈ ਉਸ ਨੂੰ ਭੁਲਾ ਕੇ ਜਾਤੀਵਾਦ ਵਰਗੇ ਸੌੜੇ ਵਿਚਾਰਾਂ ਵਿੱਚ ਕਿਉਂ ਪਏ ਹਾਂ। ਸਾਡੇ ਬੱਚਿਆਂ ਨੂੰ ਵੇਦ ਸਿੱਖਿਆ ਅਤੇ ਵਿਗਿਆਨਕ ਸਿੱਖਿਆ ਦੇਣੀ ਬਹੁਤ ਜਰੂਰੀ ਹੈ। ਅੱਜ ਸੋਸ਼ਲ ਮੀਡੀਆ ਦੇ ਯੁੱਗ ਵਿੱਚ ਮਨੁੱਖ ਦੇ ਦਿਮਾਗ ਵਿੱਚ ਕੂੜਾ-ਕਬਾੜ ਭਰ ਦਿੱਤਾ ਹੈ, ਇਸ ਕੂੜੇ ਕਬਾੜ ਨੂੰ ਵੇਦ, ਉਪਨਿਸ਼ਦ, ਰਾਮਾਇਣ, ਗੀਤਾ ਅਤੇ ਗੁਰੂ ਸਾਹਿਤ ਦੇ ਰਾਹੀਂ ਧੋਇਆ ਜਾ ਸਕਦਾ ਹੈ। ਸਨਾਤਨ ਸੇਵਾ ਸਮਿਤੀ ਪੰਜਾਬ ਦੇ ਪ੍ਰਧਾਨ ਵਿਜੇ ਸ਼ਰਮਾ ਅਤੇ ਵੇਦ ਪ੍ਰਚਾਰ ਮੰਡਲ ਪੰਜਾਬ ਦੇ ਪ੍ਰਧਾਨ ਰੋਸ਼ਨ ਲਾਲ ਆਰੀਆ ਅਤੇ ਕੁਸੁਮ ਆਹੂਜਾ ਨੇ ਮੁੱਖ ਮਹਿਮਾਨ ਸਿੱਖਿਆ ਮੰਤਰੀ ਪੰਜਾਬ ਸ੍ਰੀ ਹਰਜੋਤ ਸਿੰਘ ਬੈਂਸ ਅਤੇ ਸਾਬਕਾ ਉਪ ਮੁੱਖ ਮੰਤਰੀ ਸ੍ਰੀ ਮੁਨੀਸ਼ ਸਿਸੋਦੀਆ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ। ਸਮਾਰੋਹ ਦੀ ਸਮਾਪਤੀ ਰਾਸ਼ਟਰੀ ਗੀਤ ਗਾਇਨ ਨਾਲ ਹੋਈ। ਬਾਅਦ ਵਿੱਚ ਸਿੱਖਿਆ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਨੇ ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਅਤੇ 'ਆਪ' ਦੇ ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਦਾ ਬਜਟ ਆ ਰਿਹਾ ਹੈ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬਹੁਤ ਹੀ ਬੁਲੰਦ ਆਵਾਜ਼ ਵਿੱਚ ਪੰਜਾਬ ਦੀਆਂ ਮੰਗਾਂ ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਮਿਲ ਕੇ ਰੱਖੀਆਂ ਹਨ।

# ਗੁਜਰਾਤ ਦੇ ਵਿਦਿਆਰਥੀਆਂ ਵੱਲੋਂ ਪੰਜਾਬ ਰਾਜ ਕਿਸਾਨ ਤੇ ਖੇਤ ਮਜ਼ਦੂਰ ਕਮਿਸ਼ਨ ਦਾ ਦੌਰਾ

ਚੰਡੀਗੜ੍ਹ, 31 ਜਨਵਰੀ (ਚ.ਨ.ਸ.): ਵਡੋਦਰਾ ਦੀ ਪਾਰੁਲ ਯੂਨੀਵਰਸਿਟੀ ਤੋਂ ਬੀ.ਐਸ.ਸੀ. ਐਗਰੀਕਲਚਰ (ਆਨਰਜ਼), ਐਮ.ਐਸ.ਸੀ. ਐਗਰੀਕਲਚਰ ਤੇ ਬੀ.ਐਸ.ਸੀ. (ਫੂਡ ਟੈਕ) ਦੇ ਵਿਦਿਆਰਥੀਆਂ ਦੀ ਇੱਕ ਟੀਮ ਨੇ ਪੰਜਾਬ ਦੇ ਖੇਤੀਬਾੜੀ ਸੈਕਟਰ ਅਤੇ ਖਾਸ ਕਰਕੇ ਪੰਜਾਬ ਰਾਜ ਖੇਤੀਬਾੜੀ ਨੀਤੀ, 2023 ਬਾਰੇ ਜਾਣਕਾਰੀ ਲੈਣ ਲਈ ਪੰਜਾਬ ਰਾਜ ਕਿਸਾਨ ਤੇ ਖੇਤ ਮਜ਼ਦੂਰ ਕਮਿਸ਼ਨ ਦਾ ਦੌਰਾ ਕੀਤਾ। ਇਸ ਟੀਮ ਦੀ ਅਗਵਾਈ ਕੋਆਰਡੀਨੇਟਰ ਐਲੇਕਸ ਰਾਜ, ਆਰਵ ਜੈਨ ਤੇ ਨਮਹਿਕ ਧਬਾਲੀਆ ਕਰ ਰਹੇ ਸਨ ਤੇ ਉਨ੍ਹਾਂ ਦੇ ਨਾਲ ਪਾਰੁਲ ਯੂਨੀਵਰਸਿਟੀ ਦੇ ਪ੍ਰੋਫੈਸਰ ਡਾ. ਵਿਕਰਮ ਪਰਮਾਰ ਵੀ ਸਨ। ਪ੍ਰਬੰਧਕੀ ਅਧਿਕਾਰੀ-ਕਮ-ਸਕੱਤਰ ਡਾ. ਰਣਜੋਧ ਸਿੰਘ ਬੈਂਸ ਅਤੇ ਸੀਆਰਆਈਡੀਡੀ ਦੇ ਸੇਵਾਮੁਕਤ ਪ੍ਰੋਫੈਸਰ ਡਾ. ਸੁਖਵਿੰਦਰ ਸਿੰਘ ਨੇ ਵੀ ਵਿਚਾਰ-ਚਰਚਾ ਵਿੱਚ ਹਿੱਸਾ ਲਿਆ ਅਤੇ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ।

ਇਸ ਵਿਚਾਰ-ਚਰਚਾ ਦੌਰਾਨ ਵਿਦਿਆਰਥੀਆਂ ਨੇ ਚੇਅਰਮੈਨ ਅਤੇ ਅਧਿਕਾਰੀਆਂ ਨਾਲ ਪੰਜਾਬ ਦੀ ਖੇਤੀਬਾੜੀ ਨੂੰ ਪ੍ਰਭਾਵਿਤ ਕਰਨ ਵਾਲੇ ਮੁੱਦਿਆਂ 'ਤੇ ਗੱਲਬਾਤ ਕੀਤੀ। ਇਸ ਮੌਕੇ ਘੱਟੋ-ਘੱਟ ਸਮਰਥਨ ਮੁੱਲ (ਐਮਐਸਪੀ), ਕਿਸਾਨੀ ਕਰਜ਼ਾ, ਕਿਸਾਨ ਵੱਲੋਂ ਖੁਦਕੁਸ਼ੀਆਂ, ਕਿਸਾਨਾਂ ਦੇ ਵਿਰੋਧ ਪ੍ਰਦਰਸ਼ਨਾਂ ਅਤੇ ਸੂਬੇ ਵਿੱਚ ਖੇਤੀਬਾੜੀ ਦੇ ਭਵਿੱਖ ਬਾਰੇ ਸਵਾਲ-ਜਵਾਬ ਕੀਤੇ ਗਏ। ਪ੍ਰੋ. ਡਾ. ਸੁਖਪਾਲ ਸਿੰਘ ਨੇ ਖੇਤੀਬਾੜੀ ਅਰਥਸ਼ਾਸਤਰ ਤੇ ਨੀਤੀ ਵਿੱਚ ਆਪਣੇ ਲੰਬੇ ਤਜ਼ਰਬੇ ਰਾਹੀਂ ਸਵਾਲਾਂ ਦੇ ਸਪਸ਼ਟ ਜਵਾਬ ਦਿੱਤੇ। ਪ੍ਰੋ. ਡਾ. ਸੁਖਪਾਲ ਸਿੰਘ ਨੇ ਸਹਿਕਾਰੀ ਸੰਸਥਾਵਾਂ ਨੂੰ ਮਜ਼ਬੂਤ ਕਰਨ, ਫਸਲੀ ਵਿਭਿੰਨਤਾ ਨੂੰ ਉਤਸ਼ਾਹਿਤ ਕਰਨ ਤੇ ਖੇਤੀਬਾੜੀ ਨੂੰ ਵਧੇਰੇ ਵਿਹਾਰਕ ਬਣਾਉਣ ਲਈ ਕਿਸਾਨਾਂ ਦੀ ਕਰਜ਼ੇ ਤੇ ਬਾਜ਼ਾਰਾਂ ਤੱਕ ਬਿਹਤਰ ਪਹੁੰਚ ਦੀ ਮਹੱਤਤਾ 'ਤੇ ਚਾਨਣਾ ਪਾਇਆ। ਉਨ੍ਹਾਂ ਇਹ ਵੀ ਦੱਸਿਆ ਕਿ ਕਿਵੇਂ ਕੁਝ ਫਸਲਾਂ 'ਤੇ ਬਹੁਤ ਜ਼ਿਆਦਾ ਨਿਰਭਰਤਾ ਕਾਰਨ ਆਰਥਿਕ ਅਤੇ ਵਾਤਾਵਰਣ ਨਾਲ ਸਬੰਧਤ ਮੁਸ਼ਕਲਾਂ ਪੈਦਾ ਹੁੰਦੀਆਂ ਹਨ। ਉਨ੍ਹਾਂ ਸੰਤੁਲਿਤ ਅਤੇ ਸਥਾਈ ਖੇਤੀ ਉਪਾਵਾਂ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ।



ਉਨ੍ਹਾਂ ਨੇ ਵਿਦਿਆਰਥੀਆਂ ਨਾਲ ਖੇਤੀਬਾੜੀ ਤੇ ਸਹਾਇਕ ਖੇਤਰਾਂ ਵਿੱਚ ਰੁਜ਼ਗਾਰ ਦੇ ਮੌਕਿਆਂ ਬਾਰੇ ਗੱਲਬਾਤ ਕੀਤੀ ਅਤੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਭਵਿੱਖ ਵਿੱਚ ਭੋਜਨ ਪਦਾਰਥਾਂ ਨਾਲ ਸਬੰਧਤ ਖੇਤਰ ਸਭ ਤੋਂ ਅਹਿਮ ਹੋਵੇਗਾ। ਇਸ ਵਿਚਾਰ ਚਰਚਾ ਦੌਰਾਨ ਵਿਦਿਆਰਥੀਆਂ ਨੂੰ ਖੁੱਲ੍ਹ ਕੇ ਆਪਣੇ ਵਿਚਾਰ ਪ੍ਰਗਟ ਕਰਨ ਤੇ ਆਪਣੇ ਸ਼ੰਕਿਆਂ ਨੂੰ ਦੂਰ ਕਰਨ ਦਾ ਮੌਕਾ ਮਿਲਿਆ। ਦੌਰਾ ਕਰਨ ਆਏ ਵਿਦਿਆਰਥੀਆਂ ਨੇ ਇਸ ਖੁੱਲ੍ਹੀ ਚਰਚਾ ਦੀ ਸ਼ਲਾਘਾ ਕੀਤੀ ਅਤੇ ਇਸ ਸੈਸ਼ਨ ਰਾਹੀਂ ਕਲਾਸਰੂਮ ਸਿੱਖਿਆ ਤੋਂ ਪਰੇ ਪੰਜਾਬ ਵਿੱਚ ਖੇਤੀਬਾੜੀ ਨਾਲ ਸਬੰਧਤ ਅਸਲ ਚੁਣੌਤੀਆਂ ਨੂੰ ਸਮਝਣ ਵਿੱਚ ਮਦਦ ਮਿਲੀ।

ਸੈਸ਼ਨ ਦੇ ਅੰਤ ਵਿੱਚ ਡਾ. ਰਣਜੋਧ ਸਿੰਘ ਬੈਂਸ ਨੇ ਹਾਜ਼ਰੀਨ ਦਾ ਧੰਨਵਾਦ ਕੀਤਾ। ਉਨ੍ਹਾਂ ਨੇ ਪ੍ਰੋ. ਡਾ. ਸੁਖਪਾਲ ਸਿੰਘ, ਡਾ. ਸੁਖਵਿੰਦਰ ਸਿੰਘ, ਐਲੇਕਸ ਰਾਜ, ਆਰਵ ਜੈਨ ਤੇ ਨਮਹਿਕ ਧਬਾਲੀਆ, ਡਾ. ਵਿਕਰਮ ਪਰਮਾਰ ਸਮੇਤ ਕਮਿਸ਼ਨ ਦੇ ਖੋਜ ਅਧਿਕਾਰੀ ਤੇ ਖੋਜ ਸਹਾਇਕਾਂ ਦਾ ਉਨ੍ਹਾਂ ਦੀ ਸਰਗਰਮ ਭਾਗੀਦਾਰੀ ਤੇ ਅਰਥਪੂਰਨ ਵਿਚਾਰ-ਚਰਚਾ ਲਈ ਧੰਨਵਾਦ ਕੀਤਾ।

# ਗੈਂਗਸਟਰਾਂ 'ਤੇ ਵਾਰ' ਦੇ 12ਵੇਂ ਦਿਨ 727 ਥਾਵਾਂ 'ਤੇ ਦੌਰਾਨ 5 ਹਥਿਆਰਾਂ ਸਮੇਤ 192 ਕਾਬੂ

ਚੰਡੀਗੜ੍ਹ, 31 ਜਨਵਰੀ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਹੇਠ ਸ਼ੁਰੂ ਕੀਤੀ ਗਈ ਫੈਸਲਾਕੁੰਨ 'ਗੈਂਗਸਟਰਾਂ 'ਤੇ ਵਾਰ' ਮੁਹਿੰਮ ਦੇ 12ਵੇਂ ਦਿਨ, ਪੰਜਾਬ ਪੁਲਿਸ ਨੇ ਸੂਬੇ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਨਾਲ ਸਬੰਧਤ ਪਛਾਣੇ ਗਏ ਅਤੇ ਮੈਪ ਕੀਤੇ ਟਿਕਾਣਿਆਂ 'ਤੇ 727 ਛਾਪੇਮਾਰੀਆਂ ਕੀਤੀਆਂ। ਜਾਣਕਾਰੀ ਅਨੁਸਾਰ, "ਗੈਂਗਸਟਰਾਂ 'ਤੇ ਵਾਰ" - ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਵਿੱਢੀ ਇੱਕ ਫੈਸਲਾਕੁੰਨ ਜੰਗ 20 ਜਨਵਰੀ ਨੂੰ ਡਾਇਰੈਕਟਰ ਜਨਰਲ ਆਫ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਵੱਲੋਂ ਸ਼ੁਰੂ ਕੀਤੀ ਗਈ ਸੀ। ਇਸ ਤਹਿਤ ਸਾਰੇ ਜ਼ਿਲ੍ਹਿਆਂ ਦੀਆਂ ਪੁਲਿਸ ਟੀਮਾਂ ਵੱਲੋਂ ਐਂਟੀ ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਦੇ ਤਾਲਮੇਲ ਨਾਲ ਸੂਬੇ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕੀਤੀਆਂ ਜਾ ਰਹੀਆਂ ਹਨ।

ਇਸ ਮੁਹਿੰਮ ਦੇ 12ਵੇਂ ਦਿਨ, ਪੁਲਿਸ ਟੀਮਾਂ ਨੇ 192 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 5 ਹਥਿਆਰ, 15 ਜ਼ਿੰਦਾ ਕਾਰਤੂਸ ਅਤੇ 6 ਮੈਗਜ਼ੀਨਾਂ ਬਰਾਮਦ ਕੀਤੀਆਂ। ਇਸ ਦੇ ਨਾਲ, ਮੁਹਿੰਮ ਦੀ ਸ਼ੁਰੂਆਤ ਤੋਂ ਹੁਣ ਤੱਕ ਗ੍ਰਿਫ਼ਤਾਰ ਕੀਤੇ ਵਿਅਕਤੀਆਂ ਦੀ ਗਿਣਤੀ 3913 ਹੋ ਗਈ ਹੈ। ਇਸ ਤੋਂ ਇਲਾਵਾ, 178 ਵਿਅਕਤੀਆਂ ਵਿਰੁੱਧ ਰੋਕਥਾਮ ਕਾਰਵਾਈ ਕੀਤੀ ਗਈ, ਜਦੋਂ ਕਿ 324 ਵਿਅਕਤੀਆਂ ਦੀ ਤਸਦੀਕ ਕੀਤੀ ਗਈ ਅਤੇ ਪੁੱਛਗਿੱਛ ਤੋਂ ਬਾਅਦ ਉਨ੍ਹਾਂ ਨੂੰ ਛੱਡ ਦਿੱਤਾ ਗਿਆ। ਪੁਲਿਸ ਟੀਮਾਂ ਵੱਲੋਂ ਕਾਰਵਾਈ ਦੌਰਾਨ 12 ਭਗੌੜੇ ਅਪਰਾਧੀਆਂ (ਪੀਓ) ਨੂੰ ਵੀ ਗ੍ਰਿਫ਼ਤਾਰ ਕੀਤਾ ਗਿਆ ਹੈ।

ਲੋੜੀਂਦੇ ਅਪਰਾਧੀਆਂ/ ਗੈਂਗਸਟਰਾਂ ਬਾਰੇ ਜਾਣਕਾਰੀ ਅਤੇ ਅਪਰਾਧ ਤੇ ਅਪਰਾਧਿਕ ਗਤੀਵਿਧੀਆਂ ਬਾਰੇ ਇਤਲਾਹ ਦੇਣ ਲਈ ਲੋਕ ਗੁਪਤ ਰੂਪ ਵਿੱਚ ਐਂਟੀ ਗੈਂਗਸਟਰ ਹੈਲਪਲਾਈਨ ਨੰਬਰ 93946-93946 ਰਾਹੀਂ ਸੰਪਰਕ ਕਰ ਸਕਦੇ ਹਨ। ਜ਼ਿਕਰਯੋਗ ਹੈ ਕਿ ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਨੂੰ 336ਵੇਂ ਦਿਨ ਵੀ ਜਾਰੀ ਰੱਖਦਿਆਂ ਅੱਜ 72 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 4 ਕਿਲੋਗ੍ਰਾਮ ਹੈਰੋਇਨ, 200 ਗ੍ਰਾਮ ਅਫੀਮ, 1253 ਨਸ਼ੀਲੀਆਂ ਗੋਲੀਆਂ/ਕੈਪਸੂਲ ਤੇ 1.01 ਲੱਖ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਹੈ। ਇਸ ਦੇ ਨਾਲ, 336 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 47,204 ਹੋ ਗਈ ਹੈ। 'ਡੀ-ਅਡਿਕਸ਼ਨ' ਦੇ ਹਿੱਸੇ ਵਜੋਂ, ਪੰਜਾਬ ਪੁਲਿਸ ਨੇ ਅੱਜ 30 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬੇ ਲਈ ਰਾਜ਼ੀ ਕੀਤਾ ਹੈ।

# ਸੂਬਾ ਸਰਕਾਰ ਨੇ ਨਸ਼ਿਆਂ ਦੀ ਸਮੱਸਿਆ ਦੇ ਟਾਕਰੇ ਲਈ 200 ਕਾਲਜਾਂ ਦੇ ਫੈਕਲਟੀ ਮੈਂਬਰਾਂ ਨੂੰ ਦਿੱਤੀ ਸਿਖਲਾਈ

ਚੰਡੀਗੜ੍ਹ, 31 ਜਨਵਰੀ (ਚ.ਨ.ਸ.): ਪੰਜਾਬ ਸਰਕਾਰ ਦੀ 'ਯੁੱਧ ਨਸ਼ਿਆਂ ਵਿਰੁੱਧ' ਪਹਿਲਕਦਮੀ ਤਹਿਤ ਸੂਬੇ ਭਰ ਦੇ 200 ਸਰਕਾਰੀ ਅਤੇ ਸਹਾਇਤਾ ਪ੍ਰਾਪਤ ਕਾਲਜਾਂ ਦੇ ਫੈਕਲਟੀ ਮੈਂਬਰਾਂ ਲਈ ਸਮਰੱਥਾ ਨਿਰਮਾਣ ਅਤੇ ਜਾਗਰੂਕਤਾ ਵਰਕਸ਼ਾਪਾਂ ਦਾ ਆਯੋਜਨ ਕੀਤਾ ਗਿਆ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਲਾਗੂ ਕੀਤੇ ਜਾ ਰਹੇ ਯੁੱਧ ਨਸ਼ਿਆਂ ਵਿਰੁੱਧ ਦੇ ਦੂਜੇ ਪੜਾਅ ਦੇ ਹਿੱਸੇ ਵਜੋਂ ਪੰਜਾਬ ਭਰ ਦੇ ਲਗਭਗ 200 ਕਾਲਜਾਂ ਦੇ ਨੋਡਲ ਪ੍ਰੋਫੈਸਰਾਂ ਨੇ 20 ਜਨਵਰੀ ਤੋਂ 30 ਜਨਵਰੀ ਤੱਕ ਚਾਰ ਜ਼ਿਲ੍ਹਿਆਂ ਵਿੱਚ ਆਯੋਜਿਤ ਇੱਕ-ਰੋਜ਼ਾ ਵਰਕਸ਼ਾਪਾਂ ਵਿੱਚ ਹਿੱਸਾ ਲਿਆ। ਇਹ ਵਰਕਸ਼ਾਪਾਂ ਉਚੇਰੀ ਸਿੱਖਿਆ ਵਿਭਾਗ, ਪੰਜਾਬ ਦੁਆਰਾ ਡਾ. ਬੀ.ਆਰ. ਅੰਬੇਡਕਰ ਸਟੇਟ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼ (ਏਮਜ਼) ਮੋਹਾਲੀ ਦੇ ਡੇਟਾ ਇੰਟੈਲੀਜੈਂਸ ਅਤੇ ਟੈਕਨੀਕਲ ਸਪੋਰਟ ਯੂਨਿਟ ਦੇ ਸਹਿਯੋਗ ਨਾਲ ਆਯੋਜਿਤ ਕੀਤੀਆਂ ਗਈਆਂ। ਇਹ ਵਰਕਸ਼ਾਪਾਂ ਸਤੀਸ਼ ਚੰਦਰ ਧਵਨ ਸਰਕਾਰੀ ਕਾਲਜ, ਲੁਧਿਆਣਾ; ਮਹਿੰਦਰਾ ਕਾਲਜ, ਪਟਿਆਲਾ; ਰਾਜਿੰਦਰਾ ਕਾਲਜ, ਬਠਿੰਡਾ ਤੇ ਜਲੰਧਰ ਕਾਲਜ ਆਫ਼ ਐਜੂਕੇਸ਼ਨ ਵਿਖੇ ਕਰਵਾਈਆਂ ਗਈਆਂ। ਮਹਿੰਦਰਾ ਕਾਲਜ, ਪਟਿਆਲਾ ਵਿਖੇ ਵਰਕਸ਼ਾਪ ਵਿੱਚ ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ, ਜਿੱਥੇ ਉਨ੍ਹਾਂ ਨੇ ਨੌਜਵਾਨਾਂ ਵਿੱਚ ਨਸ਼ਿਆਂ ਦੇ ਸੇਵਨ ਦੀ ਸਮੱਸਿਆ ਦੇ ਹੱਲ ਤੇ ਮਾਨਸਿਕ ਸਿਹਤ ਸਹਾਇਤਾ ਪ੍ਰਣਾਲੀਆਂ ਦੀ ਮਜ਼ਬੂਤੀ ਲਈ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਇਆ।

ਇਨ੍ਹਾਂ ਸੈਸ਼ਨਾਂ ਦੌਰਾਨ ਨੌਜਵਾਨਾਂ ਵਿੱਚ ਨਸ਼ਿਆਂ ਦੇ ਸੇਵਨ ਬਾਰੇ ਚਰਚਾ ਕਰਨ ਤੇ ਕੈਂਪਸ ਵਿੱਚ ਮਾਨਸਿਕ ਤੰਦਰੁਸਤੀ ਨੂੰ ਉਤਸ਼ਾਹਿਤ ਕਰਨ ਲਈ ਵੱਖ-ਵੱਖ ਰਣਨੀਤੀਆਂ 'ਤੇ ਸਹਿਯੋਗ ਵਾਸਤੇ ਮਨੋਰੋਗੀ ਮਾਹਿਰਾਂ ਤੇ ਮਾਨਸਿਕ ਸਿਹਤ ਪੇਸ਼ੇਵਰ ਵੱਲੋਂ ਨੋਡਲ ਪ੍ਰੋਫੈਸਰਾਂ ਨਾਲ ਚਰਚਾ ਕੀਤੀ ਗਈ। ਇਨ੍ਹਾਂ ਵਰਕਸ਼ਾਪਾਂ ਦੌਰਾਨ ਵਿਦਿਆਰਥੀਆਂ ਦੇ ਸਵੈ-ਨੁਕਸਾਨ ਅਤੇ ਨਸ਼ਿਆਂ ਦੇ ਸੇਵਨ ਨਾਲ ਸਬੰਧਤ ਸਮੱਸਿਆਵਾਂ ਨੂੰ ਉਜਾਗਰ ਕਰਦਿਆਂ ਅਧਿਆਪਕਾਂ ਅਤੇ ਪ੍ਰਸ਼ਾਸਕਾਂ ਨੂੰ ਇਨ੍ਹਾਂ ਦੀ ਸ਼ੁਰੂਆਤ 'ਚ ਹੀ ਪਛਾਣ ਕਰਨ, ਹਮਦਰਦੀ ਨਾਲ ਵਿਚਰਨ ਅਤੇ ਢੁਕਵੀਂਆਂ ਸਹਾਇਤਾ ਪ੍ਰਣਾਲੀਆਂ ਬਾਰੇ ਜਾਗਰੂਕ ਕੀਤਾ ਗਿਆ। ਇਨ੍ਹਾਂ ਸਿਖਲਾਈ ਸੈਸ਼ਨਾਂ ਦੌਰਾਨ ਮਾਨਸਿਕ ਸਿਹਤ ਮਾਹਿਰਾਂ ਅਤੇ ਪ੍ਰੋਫੈਸਰਾਂ ਨੇ ਨੌਜਵਾਨਾਂ ਨੂੰ ਦਰਪੇਸ਼ ਚੁਣੌਤੀਆਂ ਅਤੇ ਸੈਸ਼ਨ ਦੌਰਾਨ ਪੇਸ਼ ਵੱਖ-ਵੱਖ ਸਵਾਲਾਂ ਦੇ ਹੱਲ ਲਈ ਆਪਣੀ ਸੂਝ, ਅਨੁਭਵ ਅਤੇ ਵਿਹਾਰਕ ਗਿਆਨ ਨੂੰ ਸਾਂਝਾ ਕੀਤਾ। ਇਸਦੇ ਨਾਲ ਹੀ ਇਸ ਦੌਰਾਨ ਪਿਛਲੇ ਸਾਲ ਦਸੰਬਰ ਵਿੱਚ ਐਸ.ਐਮ.ਐਚ.ਐਸ. ਸਰਕਾਰੀ ਕਾਲਜ, ਮੋਹਾਲੀ ਵਿਖੇ ਹੋਏ ਰਾਜ-ਪੱਧਰੀ ਸਿਖਲਾਈ ਸੈਸ਼ਨ ਦੌਰਾਨ ਪੇਸ਼ ਕੀਤੇ ਗਏ ਨੁਕਤਿਆਂ ਤੇ ਹੱਲਾਂ 'ਤੇ ਵੀ ਮੁੜ ਵਿਚਾਰ ਕੀਤਾ ਗਿਆ। ਪੰਜਾਬ ਸਰਕਾਰ ਪਿਛਲੇ ਹਫ਼ਤੇ ਤੋਂ ਕਮਿਊਨਿਟੀ ਵਲੰਟੀਅਰਾਂ ਦੀ ਅਗਵਾਈ ਹੇਠ ਸੂਬੇ ਦੇ ਵੱਖ-ਵੱਖ ਹਲਕਿਆਂ ਅਤੇ ਪਿੰਡਾਂ ਵਿੱਚ ਜਾਗਰੂਕਤਾ ਪੈਦਲ ਮਾਰਚ ਵੀ ਕਰਵਾ ਰਹੀ ਹੈ ਤੇ ਇਨ੍ਹਾਂ ਪਹਿਲਕਦਮੀਆਂ ਨੂੰ ਲੋਕਾਂ ਵੱਲੋਂ ਵੱਡਾ ਹੁੰਗਾਰਾ ਵੀ ਮਿਲਿਆ ਹੈ। ਯੁੱਧ ਨਸ਼ਿਆਂ ਵਿਰੁੱਧ ਦੇ ਦੂਜੇ ਪੜਾਅ ਦੌਰਾਨ ਪੰਜਾਬ ਸਰਕਾਰ ਸੂਬੇ ਨੂੰ ਨਸ਼ਾ ਮੁਕਤ ਬਣਾਉਣ ਦੇ ਉਦੇਸ਼ ਨਾਲ ਵੱਖ-ਵੱਖ ਪਹਿਲਕਦਮੀਆਂ ਕਰ ਰਹੀ ਹੈ। ਇਸ ਲਈ ਅਜਿਹੇ ਵਿੱਚ ਅਜਿਹੀਆਂ ਸਮਰੱਥਾ ਨਿਰਮਾਣ ਸਿਖਲਾਈ ਵਰਕਸ਼ਾਪਾਂ ਜਾਂ ਸੈਸ਼ਨ ਨਸ਼ਿਆਂ ਦੀ ਮੰਗ ਨੂੰ ਘਟਾਉਣ, ਨੌਜਵਾਨਾਂ ਨੂੰ ਸਸ਼ਕਤ ਬਣਾਉਣ ਅਤੇ ਰੋਕਥਾਮ ਦੇ ਯਤਨਾਂ ਨੂੰ ਮਜ਼ਬੂਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ।

## ਭੱਠਲ ਦੇ ਬੰਬ ਧਮਾਕਿਆਂ ਸਬੰਧੀ ਬਿਆਨ ਦੀ ਪੜਤਾਲ ਹੋਵੇ : ਗਰਗ



ਭਵਾਨੀਗੜ੍ਹ, 31 ਜਨਵਰੀ (ਅਮਨਦੀਪ ਸਿੰਘ ਮਾਝਾ) : ਪਿਛਲੇ ਦਿਨੀਂ ਪੰਜਾਬ ਦੀ ਸਾਬਕਾ ਮੁੱਖ ਮੰਤਰੀ ਬੀਬੀ ਰਾਜਿੰਦਰ ਕੌਰ ਭੱਠਲ ਵੱਲੋਂ ਇੱਕ ਨਿੱਜੀ ਚੈਨਲ ਨੂੰ ਦਿੱਤੀ ਆਪਣੀ ਇੰਟਰਵਿਊ ਵਿੱਚ ਬੰਬ ਧਮਾਕਿਆਂ ਸਬੰਧੀ ਕੀਤੇ ਇੰਕਸਾਫ਼ ਤੇ ਸ਼ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਸੀਨੀਅਰ ਆਗੂ ਸ਼੍ਰੀ ਪ੍ਰਕਾਸ਼ ਚੰਦ ਗਰਗ ਸਾਬਕਾ ਮੁੱਖ ਸੰਸਦੀ ਸਕੱਤਰ ਨੇ ਡੂੰਘੀ ਪੜਤਾਲ ਦੀ ਮੰਗ ਕੀਤੀ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਦੇ ਸੀਨੀਅਰ ਆਗੂ ਸਾਬਕਾ ਮੁੱਖ ਮੰਤਰੀ ਬੀਬੀ ਭੱਠਲ ਵੱਲੋਂ ਇਹ ਪ੍ਰਗਟਾਵਾ ਕਰਦਿਆਂ ਕਿਹਾ ਉਸ ਦੇ ਮੁੱਖ ਮੰਤਰੀ ਕਾਰਜ ਕਾਲ ਸਮੇਂ ਪੰਜਾਬ ਵਿੱਚ ਹੋਣ ਵਾਲੀਆਂ ਅਸੈਂਬਲੀ ਦੀਆਂ ਜਨਰਲ ਚੋਣਾਂ ਵਿੱਚ ਦੁਬਾਰਾ ਵੱਡੀ ਜਿੱਤ ਪ੍ਰਾਪਤ ਕਰਨ ਲਈ ਕੁਝ ਅਧਿਕਾਰੀਆਂ ਤੇ ਪ੍ਰਭਾਵ ਸ਼ਾਲੀ ਅਥਾਰਟੀ ਵੱਲੋਂ ਸੁਝਾਅ ਦਿੱਤਾ ਗਿਆ ਸੀ ਕਿ ਪੰਜਾਬ ਅੰਦਰ ਜਗ੍ਹਾ-ਜਗ੍ਹਾ ਬੰਬ ਬਲਾਸਟ ਕਰਵਾ ਕੇ ਇੱਕ ਵਿਸ਼ੇਸ਼ ਫਿਰਕੇ ਵਿੱਚ ਦਹਿਸ਼ਤ ਫੈਲਾ ਕੇ ਕਾਂਗਰਸ ਦੇ ਹੱਕ ਵਿੱਚ ਮਾਹੌਲ ਬਣਾਇਆ ਜਾ ਸਕਦਾ ਅਤੇ ਦੁਬਾਰਾ ਸੱਤਾ ਹਾਸਲ ਕੀਤੀ ਜਾ ਸਕਦੀ ਹੈ।ਸ੍ਰੀ ਗਰਗ ਨੇ ਕਿਹਾ ਕਿ ਅਜਿਹੇ ਇੰਕਸਾਫ਼ ਕਰਨ ਨਾਲ ਸਮੁੱਚੇ ਪੰਜਾਬ ਦੇ ਲੋਕਾਂ ਵਿੱਚ ਦਹਿਸ਼ਤ ਦਾ ਮਾਹੌਲ ਬਣਿਆ ਹੋਇਆ ਅਤੇ ਇਸ ਬਿਆਨ ਨੇ ਅਮਨ ਪਸੰਦ ਲੋਕਾਂ ਨੂੰ ਝਿੰਜੋੜ ਕੇ ਰੱਖ ਦਿੱਤਾ ਹੈ। ਇਹ ਇੱਕ ਅਜਿਹਾ ਗੰਭੀਰ ਸਵਾਲ ਹੈ ਕਿ ਪਿਛਲੇ ਸਮੇਂ ਵਿੱਚ ਪੰਜਾਬ ਵਿੱਚ ਅੱਤਵਾਦ ਅਤੇ ਕਤਲੇਆਮ ਦਾ ਕਾਲਾ ਦੌਰ ਕੀ ਇਸੇ ਤਰ੍ਹਾਂ ਦੀ ਸਾਜਿਸ਼ ਦਾ ਨਤੀਜਾ ਹੀ ਸੀ। ਉਨ੍ਹਾਂ ਕਿਹਾ ਕਿ ਕੇਂਦਰ ਅਤੇ ਪੰਜਾਬ ਸਰਕਾਰ ਨੂੰ ਤੁਰੰਤ ਕਾਰਵਾਈ ਕਰਕੇ ਇਸ ਸੰਵੇਦਨਸ਼ੀਲ ਮੁੱਦੇ ਦੀ ਜਾਂਚ ਕਰਵਾਉਣ ਲਈ ਸੁਪਰੀਮ ਕੋਰਟ ਦੇ ਜੱਜ ਸਾਹਿਬ ਦੀ ਅਗਵਾਈ ਵਿੱਚ ਸਿੱਟ ਬਣਾ ਕੇ ਸੱਚ ਸਾਹਮਣੇ ਲਿਆਂਦਾ ਜਾਵੇ ਤਾਂ ਕਿ ਅਰਾਜਕਤਾ ਫੈਲਾਉਣ ਵਾਲੇ ਅਨਸਰਾਂ ਖਿਲਾਫ ਸਖਤ ਤੋਂ ਸਖਤ ਕਾਰਵਾਈ ਕਰੇ ਤਾਂ ਕਿ ਪੰਜਾਬ ਦੀ ਅਮਨ ਸ਼ਾਂਤੀ ਨੂੰ ਅੱਗ ਲਾਉਣ ਵਾਲਿਆਂ ਦੇ ਚਿਹਰੇ ਨੰਗੇ ਹੋ ਸਕਣ। ਉਨ੍ਹਾਂ ਮੰਗ ਕੀਤੀ ਕਿ ਪੰਜਾਬ ਸਰਕਾਰ ਇਸ ਗੰਭੀਰ ਪ੍ਰਗਟਾਵੇ ਦੀ ਸੰਜੀਦਗੀ ਨਾਲ ਜਾਂਚ ਕਰੇ।

## ਬਠਿੰਡਾ ਨਗਰ ਨਿਗਮ ਦੇ ਰਿਕਾਰਡ ਰੂਮ 'ਚ ਭਿਆਨਕ ਅੱਗ ਕਾਰਨ ਮਹੱਤਵਪੂਰਨ ਫਾਈਲਾਂ ਸੜੀਆਂ



ਬਠਿੰਡਾ:, 31 ਜਨਵਰੀ ( ਦੀਪਕ ਸ਼ਰਮਾ) :ਬਠਿੰਡਾ ਨਗਰ ਨਿਗਮ ਦੇ ਦਫ਼ਤਰ ਵਿੱਚ ਸ਼ੁੱਕਰਵਾਰ ਦੇਰ ਸ਼ਾਮ ਉਸ ਵੇਲੇ ਦਹਿਸ਼ਤ ਦਾ ਮਾਹੌਲ ਬਣ ਗਿਆ ਜਦੋਂ ਇੱਥੋਂ ਦੇ ਰਿਕਾਰਡ ਰੂਮ ਵਿੱਚ ਅਚਾਨਕ ਭਿਆਨਕ ਅੱਗ ਲੱਗ ਗਈ। ਅੱਗ ਦੀਆਂ ਲਪਟਾਂ ਇੰਨੀਆਂ ਤੇਜ਼ ਸਨ ਕਿ ਵੇਖਦੇ ਹੀ ਵੇਖਦੇ ਰਿਕਾਰਡ ਰੂਮ ਵਿੱਚ ਪਿਆ ਅਹਿਮ ਦਸਤਾਵੇਜ਼ਾਂ ਦਾ ਵੱਡਾ ਹਿੱਸਾ ਸੜ ਕੇ ਕੋਲਾ ਹੋ ਗਿਆ। ਇਸ ਘਟਨਾ ਕਾਰਨ ਨਿਗਮ ਦੇ ਅਧਿਕਾਰੀਆਂ ਅਤੇ ਮੁਲਾਜ਼ਮਾਂ ਵਿੱਚ ਹੜਕੰਪ ਮਚ ਗਿਆ।ਮਿਲੀ ਜਾਣਕਾਰੀ ਅਨੁਸਾਰ ਦੇਰ ਸ਼ਾਮ ਨਿਗਮ ਦਫ਼ਤਰ ਦੀ ਦੂਜੀ ਮੰਜ਼ਿਲ ਤੋਂ ਧੂੰਆਂ ਨਿਕਲਦਾ ਦੇਖਿਆ ਗਿਆ, ਜਿਸ ਤੋਂ ਤੁਰੰਤ ਬਾਅਦ ਫਾਇਰ ਬ੍ਰਿਗੇਡ ਨੂੰ ਸੂਚਿਤ ਕੀਤਾ ਗਿਆ। ਦਫ਼ਤਰ ਵਿੱਚ ਲਿਫ਼ਟ ਦੀ ਸਹੂਲਤ ਨਾ ਹੋਣ ਕਾਰਨ ਫਾਇਰ ਬ੍ਰਿਗੇਡ ਦੇ ਕਰਮਚਾਰੀਆਂ ਨੂੰ ਦੂਜੀ ਮੰਜ਼ਿਲ ਤੇ ਅੱਗ ਬੁਝਾਉਣ ਵਿੱਚ ਭਾਰੀ ਦਿੱਕਤਾਂ ਦਾ ਸਾਹਮਣਾ ਕਰਨਾ ਪਿਆ। ਫਾਇਰ ਬ੍ਰਿਗੇਡ ਦੀਆਂ ਤਿੰਨ ਗੱਡੀਆਂ ਨੇ ਮੌਕੇ ਤੇ ਪਹੁੰਚ ਕੇ ਕਰੀਬ 40 ਮਿੰਟ ਦੀ ਸਖ਼ਤ ਮਿਹਨਤ ਤੋਂ ਬਾਅਦ ਅੱਗ ਤੇ ਕਾਬੂ ਪਾਇਆ। ਅੱਗ ਕਾਰਨ ਇਲਾਕੇ ਵਿੱਚ ਧੂੰਏਂ ਦਾ ਗੁਬਾਰ ਫੈਲ ਗਿਆ ਸੀ, ਜਿਸ ਕਾਰਨ ਸੁਰੱਖਿਆ ਦੇ ਮੱਦੇਨਜ਼ਰ ਲੋਕਾਂ ਨੂੰ ਦੂਰ ਹਟਾ ਦਿੱਤਾ ਗਿਆ।ਹਾਲਾਂਕਿ ਅੱਗ ਲੱਗਣ ਦੇ ਅਸਲ ਕਾਰਨਾਂ ਦਾ ਅਜੇ ਅਧਿਕਾਰਤ ਖੁਲਾਸਾ ਨਹੀਂ ਹੋਇਆ ਹੈ, ਪਰ ਮੁੱਢਲੀ ਜਾਂਚ ਵਿੱਚ ਸ਼ਾਰਟ ਸਰਕਟ ਹੋਣ ਦਾ ਖਦਸ਼ਾ ਜਤਾਇਆ ਜਾ ਰਿਹਾ ਹੈ। ਘਟਨਾ ਦੀ ਸੂਚਨਾ ਮਿਲਦਿਆਂ ਹੀ ਨਿਗਮ ਦੇ ਸੀਨੀਅਰ ਅਧਿਕਾਰੀ ਮੌਕੇ ਤੇ ਪਹੁੰਚੇ ਅਤੇ ਨੁਕਸਾਨ ਦਾ ਜਾਇਜ਼ਾ ਲਿਆ। ਅਧਿਕਾਰੀਆਂ ਨੇ ਮੰਨਿਆ ਹੈ ਕਿ ਰਿਕਾਰਡ ਰੂਮ ਵਿੱਚ ਰੱਖੀਆਂ ਕਈ ਸਾਲਾਂ ਪੁਰਾਣੀਆਂ ਫਾਈਲਾਂ ਅਤੇ ਜ਼ਰੂਰੀ ਦਸਤਾਵੇਜ਼ ਅੱਗ ਦੀ ਭੇਟ ਚੜ੍ਹ ਗਏ ਹਨ। ਫਿਲਹਾਲ ਇਸ ਗੱਲ ਦਾ ਅੰਦਾਜ਼ਾ ਲਗਾਇਆ ਜਾ ਰਿਹਾ ਹੈ ਕਿ ਕਿੰਨੇ ਸਾਲਾਂ ਦਾ ਰਿਕਾਰਡ ਇਸ ਦੀ ਲਪੇਟ ਵਿੱਚ ਆਇਆ ਹੈ।ਨਗਰ ਨਿਗਮ ਦੇ ਮੇਅਰ ਪਦਮਜੀਤ ਮਹਿਤਾ ਨੇ ਘਟਨਾ ਦੀ ਪੁਸ਼ਟੀ ਕਰਦਿਆਂ ਦੱਸਿਆ ਕਿ ਅੱਗ ਰਿਕਾਰਡ ਰੂਮ ਵਿੱਚ ਲੱਗੀ ਸੀ, ਜਿਸ ਕਾਰਨ ਪੁਰਾਣਾ ਰਿਕਾਰਡ ਪ੍ਰਭਾਵਿਤ ਹੋਇਆ ਹੈ। ਉਨ੍ਹਾਂ ਸੁੱਖ ਦਾ ਸਾਹ ਲਿਆ ਕਿ ਇਸ ਹਾਦਸੇ ਵਿੱਚ ਕਿਸੇ ਜਾਨੀ ਨੁਕਸਾਨ ਤੋਂ ਬਚਾਅ ਰਿਹਾ। ਮੇਅਰ ਨੇ ਕਿਹਾ ਕਿ ਅੱਗ ਕਾਰਨ ਹੋਏ ਵਿੱਤੀ ਅਤੇ ਦਸਤਾਵੇਜ਼ੀ ਨੁਕਸਾਨ ਦਾ ਵੇਰਵਾ ਜਾਂਚ ਤੋਂ ਬਾਅਦ ਹੀ ਸਾਹਮਣੇ ਆਵੇਗਾ। ਨਿਗਮ ਪ੍ਰਸ਼ਾਸਨ ਨੇ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਸੁਰੱਖਿਆ ਪ੍ਰਬੰਧਾਂ ਦੀ ਸਮੀਖਿਆ ਕਰਨ ਅਤੇ ਸਾਰੇ ਰਿਕਾਰਡ ਨੂੰ ਡਿਜੀਟਲ ਰੂਪ ਵਿੱਚ ਸੁਰੱਖਿਅਤ ਕਰਨ ਦੀ ਗੱਲ ਵੀ ਕਹੀ ਹੈ।

## ਦੋ ਦਿਨਾਂ 'ਚ ਮੁੱਖ ਮੰਤਰੀ ਨੇ ਟੈਂਡਰ ਪ੍ਰਕਾਸ਼ਿਤ ਕਰਵਾਇਆ : ਢਿੱਲੋਂ

ਧੂਰੀ, 31 ਜਨਵਰੀ (ਰਾਜੇਸ਼ਵਰ ਪਿੰਟੂ)ਪੰਜਾਬ ਲਘੂ ਉਦਯੋਗ ਅਤੇ ਨਿਰਯਾਤ ਨਿਗਮ ਦੇ ਚੇਅਰਮੈਨ ਸ. ਦਲਵੀਰ ਸਿੰਘ ਢਿੱਲੋਂ ਨੇ ਗੱਲਬਾਤ ਕਰਦਿਆਂ ਕਿਹਾ ਕਿ ਦਹਾਕਿਆਂ ਤੋਂ ਲਟਕ ਰਹੀ ਧੂਰੀ ਰੇਲਵੇ ਓਵਰ ਬਰਿੱਜ ਦੀ ਮੰਗ ਨੂੰ ਪੂਰਾ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਰੇਲਵੇ ਵੱਲੋਂ ਓਵਰ ਬਰਿੱਜ ਦੀ ਡਰਾਇੰਗ ਮਨਜ਼ੂਰ ਹੋਣ ਦੇ ਕੇਵਲ ਦੋ ਦਿਨਾਂ ਅੰਦਰ ਹੀ ਟੈਂਡਰ ਪ੍ਰਕਾਸ਼ਿਤ ਕਰਵਾ ਕੇ ਇਹ ਸਾਬਤ ਕਰ ਦਿੱਤਾ ਹੈ ਕਿ ਪੰਜਾਬ ਸਰਕਾਰ ਲੋਕ ਹਿੱਤ ਦੇ ਪ੍ਰੋਜੈਕਟਾਂ ਨੂੰ ਲੈ ਕੇ ਪੂਰੀ ਤਰ੍ਹਾਂ ਤਿਆਰ ਅਤੇ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਭਾਵੇਂ ਵਿਰੋਧੀ ਧਿਰ ਵੱਲੋਂ ਇਸ ਪ੍ਰੋਜੈਕਟ ਵਿੱਚ ਰੁਕਾਵਟਾਂ ਪੈਦਾ ਕਰਨ ਦੀ ਕੋਸ਼ਿਸ਼ ਕੀਤੀ ਗਈ, ਪਰ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ੀ, ਮਜ਼ਬੂਤ ਇਰਾਦੇ ਅਤੇ ਅਣਥੱਕ ਯਤਨਾਂ ਸਦਕਾ ਅੱਜ ਧੂਰੀ ਵਾਸੀਆਂ ਦਾ ਸੁਪਨਾ ਸਾਕਾਰ ਹੋਣ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਰੇਲਵੇ ਓਵਰ ਬਰਿੱਜ ਲਈ ਸਾਰੀ ਤਿਆਰੀ ਪਹਿਲਾਂ ਹੀ ਮੁਕੰਮਲ ਕਰ ਲਈ ਗਈ ਸੀ, ਜਿਸ ਕਾਰਨ ਟੈਂਡਰ ਪ੍ਰਕਿਰਿਆ ਨੂੰ ਦਿਨਾਂ ਦੀ ਥਾਂ ਘੰਟਿਆਂ ਵਿੱਚ ਅਗਲੇ ਪੜਾਅ 'ਤੇ ਲਿਆਂਦਾ ਗਿਆ। ਉਨ੍ਹਾਂ ਕਿਹਾ ਕਿ ਪੰਜਾਬ ਇਨਫ਼ਰਾਸਟਰਕਚਰ ਡਿਵੈਲਪਮੈਂਟ ਬੋਰਡ ਵੱਲੋਂ ਇਸ ਮਹੱਤਵਪੂਰਨ ਪ੍ਰੋਜੈਕਟ ਲਈ 54.76 ਕਰੋੜ ਰੁਪਏ ਦੀ ਰਕਮ ਪਹਿਲਾਂ ਹੀ ਰਿਜ਼ਰਵ ਰੱਖੀ ਗਈ ਹੈ, ਜੋ ਸਰਕਾਰ ਦੀ ਗੰਭੀਰਤਾ ਅਤੇ ਸਮੇਂ-ਸਿਰ ਕੰਮ ਮੁਕੰਮਲ ਕਰਨ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ।ਚੇਅਰਮੈਨ ਨੇ ਹੋਰ ਦੱਸਿਆ ਕਿ ਜੰਗਲਾਤ ਵਿਭਾਗ, ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ ਅਤੇ ਜਲ ਸਰੋਤ ਵਿਭਾਗ ਸਮੇਤ ਸਾਰੇ ਸਬੰਧਤ ਵਿਭਾਗਾਂ ਤੋਂ ਲੋੜੀਂਦੀਆਂ ਮਨਜ਼ੂਰੀਆਂ ਪ੍ਰਾਪਤ ਕੀਤੀਆਂ ਜਾ ਚੁੱਕੀਆਂ ਹਨਇਸ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਵਿੱਚ ਜਮ੍ਹਾਂ ਕਰਵਾਈ ਜਾਣ ਵਾਲੀ ਰਕਮ ਅਤੇ ਜ਼ਮੀਨ ਤਬਦੀਲੀ ਦੀ ਪ੍ਰਕਿਰਿਆ ਵੀ ਪੂਰੀ ਕੀਤੀ ਜਾ ਚੁੱਕੀ ਹੈ।

## ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਪੁਲਿਸ ਵੱਲੋਂ ਜ਼ਿਲ੍ਹੇ ਭਰ ਵਿੱਚ ਵਿਆਪਕ ਕਾਸੋ ਆਪ੍ਰੇਸ਼ਨ



ਸੰਗਰੂਰ, 31 ਜਨਵਰੀ (ਹਰਕੰਵਲ ਸਿੰਘ ਹੈਪੀ) ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਪੂਰਨ ਖ਼ਾਤਮੇ ਅਤੇ ਅਪਰਾਧ ਰਹਿਤ ਸਮਾਜ ਦੀ ਸਿਰਜਣਾ ਲਈ ਚਲਾਈ ਜਾ ਰਹੀ ਮਹੱਤਵਪੂਰਨ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਦੇ ਤਹਿਤ ਜ਼ਿਲ੍ਹਾ ਪੁਲਿਸ ਸੰਗਰੂਰ ਵੱਲੋਂ ਸਮਾਜ ਵਿਰੋਧੀ ਅਨਸਰਾਂ ਖ਼ਿਲਾਫ਼ ਲਗਾਤਾਰ ਸਖ਼ਤ ਕਦਮ ਚੁੱਕੇ ਜਾ ਰਹੇ ਹਨ। ਇਸ ਸਬੰਧੀ ਜ਼ਿਲ੍ਹਾ ਪੁਲਿਸ ਮੁਖੀ ਸ਼੍ਰੀ ਸਰਤਾਜ ਸਿੰਘ ਚਾਹਲ ਦੇ ਸਪਸ਼ਟ ਦਿਸ਼ਾ-ਨਿਰਦੇਸ਼ਾਂ ਅਨੁਸਾਰ ਐੱਸ.ਪੀ. (ਹੈੱਡਕੁਆਰਟਰ) ਸ਼੍ਰੀ ਰਾਜੇਸ਼ ਛਿੱਬਰ ਦੀ ਅਗਵਾਈ ਹੇਠ ਜ਼ਿਲ੍ਹੇ ਦੇ ਵੱਖ-ਵੱਖ ਇਲਾਕਿਆਂ ਵਿੱਚ ਵਿਸ਼ੇਸ਼ ਕਾਸੋ ਅਪਰੇਸ਼ਨ ਚਲਾਏ ਗਏ।ਇਸ ਦੌਰਾਨ ਬੱਸ ਸਟੈਂਡ ਸੰਗਰੂਰ ਸਮੇਤ ਹੋਰ ਭੀੜ-ਭਾੜ ਵਾਲੇ ਸਥਾਨਾਂ, ਸੰਵੇਦਨਸ਼ੀਲ ਖੇਤਰਾਂ, ਮੁੱਖ ਸੜਕਾਂ ਅਤੇ ਆਵਾਜਾਈ ਕੇਂਦਰਾਂ ਤੇ ਪੁਲਿਸ ਨਾਕਾਬੰਦੀ ਅਤੇ ਚੈਕਿੰਗ ਅਭਿਆਨ ਕੀਤਾ ਗਿਆ। ਪੁਲਿਸ ਟੀਮਾਂ ਵੱਲੋਂ ਆਉਣ-ਜਾਣ ਵਾਲੇ ਵਿਅਕਤੀਆਂ ਦੀ ਗਹਿਰੀ ਜਾਂਚ ਕੀਤੀ ਗਈ, ਸ਼ੱਕੀ ਵਿਅਕਤੀਆਂ ਤੋਂ ਪੁੱਛਗਿੱਛ ਕੀਤੀ ਗਈ ਅਤੇ ਵਾਹਨਾਂ ਦੀ ਵਿਸਥਾਰ ਨਾਲ ਤਲਾਸ਼ੀ ਲਈ ਗਈ।ਕਾਸੋ ਅਪਰੇਸ਼ਨਾਂ ਦਾ ਮੁੱਖ ਉਦੇਸ਼ ਨਸ਼ਿਆਂ ਦੀ ਤਸਕਰੀ, ਗੈਰਕਾਨੂੰਨੀ ਸਰਗਰਮੀਆਂ, ਲੁੱਟ-ਖੋਹ, ਚੋਰੀਆਂ ਅਤੇ ਹੋਰ ਅਪਰਾਧਿਕ ਗਤਿਵਿਧੀਆਂ ਤੇ ਅੰਕੁਸ਼ ਲਗਾਉਣਾ ਸੀ।ਇਸ ਮੌਕੇ ਐੱਸ.ਪੀ. (ਐਚ) ਸ਼੍ਰੀ ਰਾਜੇਸ਼ ਛਿੱਬਰ ਨੇ ਦੱਸਿਆ ਕਿ ਜ਼ਿਲ੍ਹਾ ਪੁਲਿਸ ਵੱਲੋਂ ਨਸ਼ਿਆਂ ਖ਼ਿਲਾਫ਼ ਜ਼ੀਰੋ ਟੋਲਰੈਂਸ ਨੀਤੀ ਅਪਣਾਈ ਗਈ ਹੈ ਅਤੇ ਨਸ਼ਿਆਂ ਨਾਲ ਜੁੜੇ ਕਿਸੇ ਵੀ ਵਿਅਕਤੀ ਨੂੰ ਕਾਨੂੰਨ ਦੇ ਘੇਰੇ ਚ ਲਿਆਂਦਾ ਜਾਵੇਗਾ।

## ਨਸ਼ਿਆਂ ਵਿਰੁੱਧ ਹਰ ਪੰਜਾਬੀ ਦੀ ਸਾਂਝੀ ਜੰਗ : ਢਿੱਲੋਂ, ਭਸੌੜ



ਧੂਰੀ, 31 ਜਨਵਰੀ (ਰਾਜੇਸ਼ਵਰ ਪਿੰਟੂ)ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਨਸ਼ਾ ਮੁਕਤ ਕਰਨ ਦੇ ਲਏ ਗਏ ਅਹਿਦ ਨੂੰ ਅਮਲੀ ਜਾਮਾ ਪਹਿਨਾਉਂਦਿਆਂ, ਅੱਜ ਹਲਕਾ ਧੂਰੀ ਦੇ ਆਮ ਆਦਮੀ ਪਾਰਟੀ ਦੇ ਆਗੂਆਂ ਅਤੇ ਵਲੰਟੀਅਰਾਂ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਇੱਕ ਪ੍ਰਭਾਵਸ਼ਾਲੀ ਜਾਗਰੂਕਤਾ ਰੈਲੀ ਕੱਢੀ ਗਈ। ਸ਼ਹਿਰ ਦੇ ਪ੍ਰਮੁੱਖ ਬਾਜ਼ਾਰਾਂ ਅਤੇ ਚੌਕਾਂ ਵਿੱਚੋਂ ਗੁਜ਼ਰਦਿਆਂ ਇਸ ਰੈਲੀ ਨੇ ਲੋਕਾਂ ਨੂੰ ਨਸ਼ਿਆਂ ਦੀ ਲਾਹਣਤ ਵਿਰੁੱਧ ਇੱਕਜੁੱਟ ਹੋਣ ਦਾ ਸੱਦਾ ਦਿੱਤਾ। ਹੱਥਾਂ ਵਿੱਚ ਨਸ਼ਾ ਵਿਰੋਧੀ ਨਾਅਰਿਆਂ ਵਾਲੀਆਂ ਤਖ਼ਤੀਆਂ ਫੜੀ ਕਾਰਕੁੰਨਾਂ ਨੇ ਨੌਜਵਾਨੀ ਨੂੰ ਇਸ ਨਾਮੁਰਾਦ ਬਿਮਾਰੀ ਤੋਂ ਬਚਾਉਣ ਲਈ ਲੋਕ-ਲਹਿਰ ਸਿਰਜਣ ਦੀ ਅਪੀਲ ਕੀਤੀ।ਇਸ ਮੌਕੇ ਵਿਸ਼ੇਸ਼ ਤੌਰ ਤੇ ਪਹੁੰਚੇ ਪੰਜਾਬ ਲਘੂ ਉਦਯੋਗ ਵਿਕਾਸ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਅਤੇ ਪੰਜਾਬ ਵਕਫ਼ ਬੋਰਡ ਦੇ ਮੈਂਬਰ ਡਾ. ਅਨਵਰ ਭਸੌੜ ਨੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਪੰਜਾਬ ਦੀ ਪਵਿੱਤਰ ਧਰਤੀ ਤੋਂ ਨਸ਼ਿਆਂ ਦੇ ਮੁਕੰਮਲ ਖ਼ਾਤਮੇ ਲਈ ਵਚਨਬੱਧ ਹੈ। ਉਨ੍ਹਾਂ ਸਪੱਸ਼ਟ ਸ਼ਬਦਾਂ ਵਿੱਚ ਚੇਤਾਵਨੀ ਦਿੱਤੀ ਕਿ ਨਸ਼ਾ ਤਸਕਰਾਂ ਅਤੇ ਸਮਾਜ ਵਿਰੋਧੀ ਅਨਸਰਾਂ ਨੂੰ ਕਿਸੇ ਵੀ ਕੀਮਤ ਤੇ ਬਖ਼ਸ਼ਿਆ ਨਹੀਂ ਜਾਵੇਗਾ। ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਪਿੰਡ-ਪਿੰਡ ਅਤੇ ਮੁਹੱਲੇ-ਮੁਹੱਲੇ ਪਹਿਰੇਦਾਰ ਨਿਯੁਕਤ ਕਰਕੇ ਨਸ਼ੇ ਦੀ ਸਪਲਾਈ ਲਾਈਨ ਨੂੰ ਤੋੜਨ ਲਈ ਰਣਨੀਤਕ ਕਦਮ ਚੁੱਕੇ ਜਾ ਰਹੇ ਹਨ। ਬੁਲਾਰਿਆਂ ਨੇ ਅੱਗੇ ਕਿਹਾ ਕਿ ਨਸ਼ਿਆਂ ਵਿਰੁੱਧ ਇਹ ਜੰਗ ਸਿਰਫ਼ ਸਰਕਾਰ ਦੀ ਨਹੀਂ, ਸਗੋਂ ਹਰ ਪੰਜਾਬੀ ਦੀ ਸਾਂਝੀ ਜੰਗ ਹੈ। ਉਨ੍ਹਾਂ ਮਾਪਿਆਂ ਅਤੇ ਸਮਾਜ ਸੇਵੀ ਸੰਸਥਾਵਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਆਲੇ-ਦੁਆਲੇ ਨਜ਼ਰ ਰੱਖਣ ਅਤੇ ਨਸ਼ਾ ਮੁਕਤ ਪੰਜਾਬ ਸਿਰਜਣ ਵਿੱਚ ਪ੍ਰਸ਼ਾਸਨ ਦਾ ਸਹਿਯੋਗ ਦੇਣ। ਰੈਲੀ ਵਿੱਚ ਹੋਰਨਾਂ ਤੋਂ ਇਲਾਵਾ ਕੌਂਸਲਰ ਪੁਸ਼ਪਿੰਦਰ ਸ਼ਰਮਾ, ਐਡਵੋਕੇਟ ਹੈਪੀ ਗਰਗ, ਤਰਸੇਮ ਕਲਸੀ, ਅਨਿਲ ਮਿੱਤਲ, ਨਰੇਸ਼ ਸਿੰਗਲਾ, ਜਸਪਾਲ ਸਿੰਘ ਭੁੱਲਰ, ਅਤੇ ਪਰਮਿੰਦਰ ਸਿੰਘ ਭਿੰਦੀ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਅਤੇ ਸ਼ਹਿਰੀ ਪਤਵੰਤੇ ਹਾਜ਼ਰ ਸਨ।

## ਖ਼ਾਲਸਾ ਕਾਲਜ ਵਿਖੇ ਹੋਇਆ ਹ਼ਫਤਾਵਾਰੀ ਪੁਸਤਕ ਰਿਵਿਊ

ਭਗਤਾ ਭਾਈ ਕਾ31 ਜਨਵਰੀ (ਸਵਰਨ ਸਿੰਘ ਭਗਤਾ)ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸਕੱਤਰ ਵਿੱਦਿਆ ਸੁਖਮਿੰਦਰ ਸਿੰਘ ਅਤੇ ਸਿਕੰਦਰ ਸਿੰਘ ਮਲੂਕਾ (ਸਾਬਕਾ ਕੈਬਨਿਟ ਮੰਤਰੀ ਪੰਜਾਬ ਅਤੇ ਅਨਰੇਰੀ ਸਕੱਤਰ) ਕਾਲਜ ਦੀ ਰਹਿਨੁਮਾਈ ਅਤੇ ਦਿਸ਼ਾ ਨਿਰਦੇਸ਼ਾਂ ਦੇ ਅਨੁਸਾਰ ਇਲਾਕੇ ਦੇ ਨਾਮਵਰ ਸੰਸਥਾ ਗੁਰੂ ਗੋਬਿੰਦ ਸਿੰਘ ਖ਼ਾਲਸਾ ਕਾਲਜ ਭਗਤਾ ਭਾਈਕਾ ਵੱਲੋਂ ਕਾਲਜ ਪ੍ਰਿੰਸੀਪਲ ਡਾ. ਸਤਿੰਦਰ ਕੌਰ ਮਾਨ ਦੀ ਅਗਵਾਈ ਹੇਠ ਕਾਲਜ ਵਿਖੇ ਗਿਆਨੀ ਬਲਵੰਤ ਸਿੰਘ ਕੋਠਾ ਗੁਰੂ ਲਾਈਬਰੇਰੀ ਵਿੱਚ ਹਫਤਾਵਾਰੀ ਪੁਸਤਕ ਰਿਵਿਊ ਪੇਸ਼ ਕੀਤੇ ਗਏ। ਇਸ ਮੌਕੇ ਲਾਈਬਰੇਰੀਅਨ ਕਿਰਨਜੀਤ ਕੌਰ ਨੇ ਦੱਸਿਆ ਹਫ਼ਤਾਵਾਰੀ ਪੁਸਤਕ ਰਿਵਿਊ ਵਿੱਚ ਹਰ ਵਿਭਾਗ ਦੇ ਪ੍ਰੋਫੈਸਰ ਸਾਹਿਬਾਨਾਂ ਵੱਲੋਂ ਅਤੇ ਵਿਦਿਆਰਥੀਆਂ ਵੱਲੋਂ ਅਲੱਗ ਅਲੱਗ ਵਿਸ਼ਿਆਂ ਦੀਆਂ ਕਿਤਾਬਾਂ ਤੇ ਚਰਚਾ ਅਤੇ ਸਮੀਖਿਆ ਪੇਸ਼ ਕੀਤੀ ਜਾਂਦੀ ਹੈ॥ ਇਸ ਉਪਰੰਤ ਹਫ਼ਤਾਵਾਰੀ ਰਿਵਿਊ ਵਿੱਚ ਕੰਪਿਊਟਰ ਸਾਇੰਸ ਵਿਭਾਗ ਵੱਲੋਂ ਹਫਤਾਵਰੀ ਪੁਸਤਕ ਰਿਵਿਊ ਕੀਤਾ ਗਿਆ । ਜਿਸ ਵਿੱਚ ਕੰਪਿਊਟਰ ਵਿਭਾਗ ਪ੍ਰੋਫੈਸਰ ਰੁਪਿੰਦਰ ਕੌਰ ਵੱਲੋਂ ਪ੍ਰਿੰਸੀਪਲ ਸਤਬੀਰ ਸਿੰਘ ਦੁਆਰਾ ਲਿਖੀ ਕਿਤਾਬ 'ਨਿਰਭਉ ਨਿਰਵੈਰ ' ਤੇ ਚਰਚਾ ਕੀਤੀ। ਜਿਸ ਵਿੱਚ ਉਹਨਾਂ ਨੇ ਗੁਰੂ ਹਰਰਾਏ ਸਾਹਿਬ ਜੀ ਦੇ ਜੀਵਨ ਅਤੇ ਬਖਸ਼ਿਸ਼ਾਂ ਬਾਰੇ ਵਿਸਥਾਰ ਨਾਲ ਵਿਦਿਆਰਥੀਆਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ। ਇਸ ਤੋਂ ਇਲਾਵਾ ਪ੍ਰੋਫੈਸਰ ਵੀਰਪਾਲ ਦੁਆਰਾ ਰਾਮ ਸਰੂਪ ਅਣਖੀ ਦੁਆਰੈ ਲਿਖਿਆ ਨਾਵਲ ਪਰਦਾ ਤੇ ਰੋਸ਼ਨੀ ਦਾ ਰਿਵਿਊ ਪੇਸ਼ ਕੀਤਾ। ਇਹ ਨਾਵਲ ਮਨੁੱਖੀ ਅਨੁਭਵ ਅਤੇ ਸਮਾਜ ਵਿੱਚ ਗੁਪਤਤਾ (ਪਰਦਾ) ਅਤੇ ਗਿਆਨ (ਰੋਸ਼ਨੀ) ਦੇ ਗੁੰਝਲਦਾਰ ਆਪਸੀ ਤਾਲਮੇਲ ਦੀ ਪੜਚੋਲ ਕਰਦਾ ਹੈ. ਨਾਵਲ ਵਿੱਚ ਇਹ ਦਿਖਾਇਆ ਗਿਆ ਹੈ ਕਿ ਕਿਸ ਤਰ੍ਹਾਂ ਪਰੰਪਰਾਵਾਂ, ਸਮਾਜਿਕ ਨਿਯਮਾਂ ਅਤੇ ਲੁਕੇ ਹੋਏ ਸੱਚ ਦੇ ਪਰਦੇ ਨਿੱਜੀ ਆਜ਼ਾਦੀ, ਰਿਸ਼ਤਿਆਂ ਅਤੇ ਸਵੈ-ਸਾਕਾਰ ਦੀ ਖੋਜ ਨੂੰ ਪ੍ਰਭਾਵਤ ਕਰਦੇ ਹਨ।

## ਅੰਤਰਰਾਸ਼ਟਰੀ ਮੁਕਾਬਲੇ 'ਚ ਛਾਏ ਆਕਸਫੋਰਡ ਦੇ ਵਿਦਿਆਰਥੀ



ਭਗਤਾ ਭਾਈ ਕਾ 31ਜਨਵਰੀ (ਸਵਰਨ ਸਿੰਘ ਭਗਤਾ)'ਦਾ ਆਕਸਫੋਰਡ ਸਕੂਲ ਆਫ਼ ਐਜੂਕੇਸ਼ਨ ਭਗਤਾ ਭਾਈਕਾ' ਇੱਕ ਅਜਿਹੀ ਮਾਨਮੱਤੀ ਅਤੇ ਅਗਾਂਹ ਵਧੂ ਵਿੱਦਿਅਕ ਸੰਸਥਾ ਹੈ ਜਿਥੋਂ ਦੇ ਵਿਦਿਆਰਥੀ ਹਰ ਖੇਤਰ ਵਿੱਚ ਨਾਮਣਾ ਖੱਟ ਰਹੇ ਹਨ।ਅੰਤਰਰਾਸ਼ਟਰੀ ਪੱਧਰ ਤੇ ਹੋਏ ਵੱਖੋ-ਵੱਖਰੇ ਵਿਸ਼ਿਆਂ ਨਾਲ ਸੰਬੰਧਤ ਓਲੰਪੀਆਡ ਮੁਕਾਬਲਿਆਂ ਵਿੱਚ ਆਕਸਫ਼ੋਰਡ ਦੇ ਪਹਿਲੀ ਤੋਂ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਨੇ ਭਾਗ ਲਿਆ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸਾਹਿਬ ਰੂਪ ਲਾਲ ਬਾਂਸਲ ਨੇ ਇਸ ਸਫ਼ਲਤਾ ਤੇ ਖ਼ੁਸ਼ੀ ਜ਼ਾਹਰ ਕਰਦਿਆਂ ਵਿਦਿਆਰਥੀਆਂ ਅਤੇ ਸੰਬੰਧਤ ਅਧਿਆਪਕਾਂ ਨੂੰ ਵਧਾਈ ਦਿੱਤੀ।ਉਨ੍ਹਾਂ ਨੇ ਸਵੇਰ ਦੀ ਸਭਾ ਦੌਰਾਨ ਵਿਦਿਆਰਥੀਆਂ ਨੂੰ ਸੰਬੋਧਨ ਹੁੰਦੇ ਹੋਏ ਕਿਹਾ ਕਿ ਸਾਨੂੰ ਅਕਾਦਿਮਕ ਪੜ੍ਹਾਈ ਦੇ ਨਾਲ-ਨਾਲ ਇਹੋ-ਜਿਹੀਆਂ ਮੁਕਾਬਲੇ ਦੀਆਂ ਪਰੀਖਿਆਵਾਂ ਵਿੱਚ ਵੀ ਭਾਗ ਲੈਣਾ ਚਾਹੀਦਾ ਹੈ।ਅਜਿਹਾ ਕਰਨ ਨਾਲ ਅਸੀਂ ਮਾਨਸਿਕ ਤੌਰ ਤੇ ਮਜ਼ਬੂਤ ਬਣਦੇ ਹਾਂ।ਉਹਨਾਂ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਇਹੋ ਜਿਹੇ ਮੁਕਾਬਲਿਆਂ ਵਿੱਚ ਭਾਗ ਲੈਣਾ ਬਹੁਤ ਜ਼ਰੂਰੀ ਹੈ। ਸਕੂਲ ਦੀ ਪ੍ਰਬੰਧਕ ਕਮੇਟੀ ਦੇ ਸਰਪ੍ਰਸਤ ਮੈਂਬਰ ਹਰਦੇਵ ਸਿੰਘ ਬਰਾੜ (ਸਾਬਕਾ ਚੇਅਰਮੈਨ), ਹਰਗੁਰਪ੍ਰੀਤ ਸਿੰਘ ਗਗਨ ਬਰਾੜ (ਚੇਅਰਮੈਨ), ਗੁਰਮੀਤ ਸਿੰਘ ਗਿੱਲ (ਪ੍ਰਧਾਨ), ਪਰਮਪਾਲ ਸਿੰਘ 'ਸ਼ੈਰੀ ਢਿੱਲੋਂ'' (ਵਾਈਸ ਚੇਅਰਮੈਨ) ,ਗੁਰਮੀਤ ਸਿੰਘ ਗਿੱਲ ਸਰਪੰਚ (ਵਿੱਤ-ਸਕੱਤਰ) ਨੇ ਵੀ ਵਿਦਿਆਰਥੀਆਂ ਨੂੰ ਵਧਾਈ ਦਿੱਤੀ

## ਪੰਜਾਬ ਸਰਕਾਰ ਵੱਲੋਂ ਬਜਟ ਵਿੱਚ ਨੰਬਰਦਾਰਾਂ ਦਾ ਖਿਆਲ ਰੱਖਿਆ ਜਾਵੇ : ਨੰਗਲਾ



ਲਹਿਰਾਗਾਗਾ 31 ਜਨਵਰੀ (ਗੁਰਦੀਪ ਸਿੰਘ) ਅਗਲੇ ਦਿਨੀਂ ਪੰਜਾਬ ਸਰਕਾਰ ਵੱਲੋਂ ਪੇਸ਼ ਕੀਤੇ ਜਾ ਰਹੇ ਬਜਟ ਵਿੱਚ ਨੰਬਰਦਾਰਾਂ ਦਾ ਖਿਆਲ ਜਰੂਰ ਰੱਖਿਆ ਜਾਵੇ, ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਨੰਬਰਦਾਰ ਯੂਨੀਅਨ ਦੇ ਤਹਿਸੀਲ ਪ੍ਰਧਾਨ ਸਰਦਾਰ ਮਨਜੀਤ ਸਿੰਘ ਨੰਗਲਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕੀਤਾ, ਉਹਨਾਂ ਕਿਹਾ ਕਿ ਨੰਬਰਦਾਰਾਂ ਵੱਲੋਂ ਮਾਲੀਆ ਇਕੱਠਾ ਕਰਨ ਤੋਂ ਇਲਾਵਾ ਸਰਕਾਰ ਦੇ ਖਜ਼ਾਨੇ ਨੂੰ ਭਰਨ ਵਿੱਚ ਹਮੇਸ਼ਾ ਅਹਿਮ ਯੋਗਦਾਨ ਪਾਇਆ ਜਾਂਦਾ ਹੈ, ਅਤੇ ਡਿਪਟੀ ਕਮਿਸ਼ਨਰ ਸਾਹਿਬ, ਤਹਿਸੀਲਦਾਰ ਦਫਤਰ ਵੱਲੋਂ ਕਿਸੇ ਕਿਸਮ ਦੀ ਲਗਾਈ ਹੋਈ ਡਿਊਟੀ ਪ੍ਰਤੀ ਨੰਬਰਦਾਰ ਹਮੇਸ਼ਾ ਸਰਕਾਰ ਪ੍ਰਤੀ ਆਪਣੀ ਵਫਾਦਾਰੀ ਵਿਖਾਉਂਦੇ ਆਏ ਹਨ, ਪਰ ਸਰਕਾਰ ਬਣਨ ਤੋਂ ਪਹਿਲਾਂ ਆਮ ਆਦਮੀ ਪਾਰਟੀ ਨੇ ਜੋ ਆਪਣੇ ਚੋਣ ਮੈਨੀਫੈਸਟੋ ਵਿੱਚ ਨੰਬਰਦਾਰਾਂ ਨਾਲ ਵਾਅਦੇ ਕੀਤੇ ਸਨ,ਪਰ ਸਰਕਾਰ ਦੇ ਚਾਰ ਸਾਲ ਬੀਤ ਜਾਂਣ ਦੇ ਬਾਵਜੂਦ ਵੀ ਉਹ ਜਿਉਂ ਦੇ ਤਿਉਂ ਹੀ ਪਏ ਹਨ,ਇਸ ਤੋਂ ਲੱਗਦਾ ਹੈ ਕਿ ਸਰਕਾਰ ਬਣਾਉਣ ਤੋਂ ਬਾਅਦ ਸਾਂਨੂੰ ਉਹ ਭੁੱਲ ਗਏ ਹੋਣ, ਉਹਨਾਂ ਅਪੀਲ ਕਰਦੇ ਹੋਏ ਕਿਹਾ ਕਿ ਸਾਡੇ ਨਾਲ ਕੀਤੇ ਵਾਅਦਿਆਂ ਨੂੰ ਜਲਦ ਪੂਰਾ ਕੀਤਾ ਜਾਵੇ, ਉਹਨਾਂ ਕਿਹਾ ਕਿ ਜਿਵੇਂ ਨੰਬਰਦਾਰਾਂ ਦਾ ਮਾਣ ਭੱਤਾ ਜੋ ਸਿਰਫ 1500 ਰੁਪਏ ਮਹੀਨਾ ਮਿਲਦਾ ਹੈ ਉਸ ਨੂੰ ਵਧਾ ਕੇ 5000 ਰੁਪਏ ਕੀਤਾ ਜਾਵੇ, ਨੰਬਰਦਾਰੀ ਜੱਦੀ ਪੁਸ਼ਟੀ ਕੀਤੀ ਜਾਵੇ, ਟੋਲ ਟੈਕਸ ਫਰੀ ਕੀਤਾ ਜਾਵੇ, ਰਜਿਸਟਰੀ ਕਰਾਉਣ ਸਮੇਂ ਨੰਬਰਦਾਰਾਂ ਨੂੰ ਤਹਿਸੀਲ ਵਿੱਚ ਖੱਜਲ ਖੁਆਰ ਹੋਣਾ ਪੈਂਦਾ ਹੈ ਕਿਉਂਕਿ ਉੱਥੇ ਬੈਠਣ ਲਈ ਕੋਈ ਪੁਖਤਾ ਪ੍ਰਬੰਧ ਨਹੀਂ ਇਸ ਲਈ ਤਹਿਸੀਲ ਕੰਪਲੈਕਸ ਵਿੱਚ ਨੰਬਰਦਾਰਾਂ ਨੂੰ ਕਮਰਾ ਦਿੱਤਾ ਜਾਵੇ, ਇਸ ਤੋਂ ਇਲਾਵਾ ਸਰਕਾਰੀ ਦਫਤਰਾਂ ਵਿੱਚ ਬਣਦਾ ਮਾਣ ਸਨਮਾਨ ਦਿੱਤਾ ਜਾਵੇ,

## ਬਰਿੰਦਰ ਕੁਮਾਰ ਗੋਇਲ ਨੇ ਪੇਂਡੂ ਲਿੰਕ ਸੜਕਾਂ ਦੇ ਨੀਂਹ ਪੱਥਰ ਰੱਖੇ



ਮੂਨਕ/ਖਨੌਰੀ 31 ਜਨਵਰੀ (ਸਮਸ਼ੇਰ ਸਿੰਘ ਭੁਟਾਲ/ ਓਮ ਪ੍ਰਕਾਸ਼ ਮੁਆਲ)ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਸ਼੍ਰੀ ਬਰਿੰਦਰ ਕੁਮਾਰ ਗੋਇਲ ਵੱਲੋਂ ਅੱਜ ਹਲਕੇ ਦੇ ਪਿੰਡ ਗੋਬਿੰਦਗੜ੍ਹ ਪਾਪੜਾ, ਸਲੇਮਗੜ੍ਹ, ਸ਼ੇਰਗੜ੍ਹ ਸੀਹਾ ਸਿੰਘ ਵਾਲਾ, ਬੁਸ਼ਹਿਰਾ, ਬੰਗਾ, ਮੰਡਵੀ, ਸ਼ਾਹਪੁਰ ਥੇੜ੍ਹੀ, ਬੋਪੁਰ, ਬਨਾਰਸੀ, ਚੱਠਾ ਗੋਬਿੰਦਪੁਰਾ, ਬਿਸ਼ਨਪੁਰਾ ਖੋਖਰ ਅਤੇ ਗਨੋਟਾ ਵਿਖੇ ਵੱਖ-ਵੱਖ ਸੜਕੀ ਵਿਕਾਸ ਪ੍ਰੋਜੈਕਟਾਂ ਦੇ ਨੀਂਹ ਪੱਥਰ ਰੱਖੇ ਗਏ। ਇਨ੍ਹਾਂ ਪ੍ਰੋਜੈਕਟਾਂ ਤਹਿਤ ਕਰੀਬ 58 ਕਰੋੜ ਰੁਪਏ ਦੀ ਲਾਗਤ ਨਾਲ 50 ਕਿਲੋਮੀਟਰ ਤੋਂ ਵੱਧ ਲੰਬਾਈ ਵਾਲੀਆਂ ਪੇਂਡੂ ਲਿੰਕ ਸੜਕਾਂ ਦੀ ਮੁਰੰਮਤ, ਸੜਕਾਂ ਨੂੰ ਚੌੜਾ ਕਰਨ ਅਤੇ ਨਵੀਨੀਕਰਨ ਦੇ ਕੰਮ ਕੀਤੇ ਜਾਣਗੇ। ਇਨ੍ਹਾਂ ਸੜਕਾਂ ਦੇ ਤਿਆਰ ਹੋਣ ਨਾਲ ਪਿੰਡਾਂ ਦਾ ਆਪਸੀ ਰਾਬਤਾ ਮਜ਼ਬੂਤ ਹੋਵੇਗਾ ਅਤੇ ਲੋਕਾਂ ਨੂੰ ਸੁਰੱਖਿਅਤ, ਸੁਵਿਧਾਜਨਕ ਅਤੇ ਤੇਜ਼ ਆਵਾਜਾਈ ਦੀ ਸਹੂਲਤ ਮਿਲੇਗੀ। ਇਸ ਮੌਕੇ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਮੌਜੂਦਾ ਪੰਜਾਬ ਸਰਕਾਰ ਪੇਂਡੂ ਵਿਕਾਸ ਨੂੰ ਤਰਜੀਹ ਦੇ ਰਹੀ ਹੈ ਅਤੇ ਸੂਬੇ ਦੇ ਹਰ ਖੇਤਰ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਮਜ਼ਬੂਤ ਸੜਕੀ ਢਾਂਚਾ ਖੇਤੀਬਾੜੀ, ਵਪਾਰ ਅਤੇ ਉਦਯੋਗ ਲਈ ਰੀੜ੍ਹ ਦੀ ਹੱਡੀ ਹੈ। ਸ਼੍ਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਹਲਕਾ ਲਹਿਰਾ ਦੇ ਵਿਕਾਸ ਲਈ ਸਰਕਾਰ ਪੂਰੀ ਵਚਨਬੱਧਤਾ ਨਾਲ ਕੰਮ ਕਰ ਰਹੀ ਹੈ ਅਤੇ ਇਲਾਕੇ ਦੇ ਵਿਕਾਸ ਵਿੱਚ ਕੋਈ ਵੀ ਕਸਰ ਨਹੀਂ ਛੱਡੀ ਜਾ ਰਹੀ। ਉਨ੍ਹਾਂ ਕਿਹਾ ਕਿ ਸੜਕਾਂ, ਪੀਣ ਵਾਲੇ ਪਾਣੀ, ਸਿਹਤ, ਸਿੱਖਿਆ ਅਤੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਕਈ ਅਹਿਮ ਪ੍ਰੋਜੈਕਟ ਚੱਲ ਰਹੇ ਹਨ, ਜਿਨ੍ਹਾਂ ਨਾਲ ਆਉਣ ਵਾਲੇ ਸਮੇਂ ਵਿੱਚ ਹਲਕਾ ਲਹਿਰਾ ਦੀ ਤਸਵੀਰ ਪੂਰੀ ਤਰ੍ਹਾਂ ਬਦਲ ਜਾਵੇਗੀ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਲੋਕ-ਹਿਤੈਸ਼ੀ ਨੀਤੀਆਂ ਨੂੰ ਜ਼ਮੀਨੀ ਪੱਧਰ ਤੇ ਲਾਗੂ ਕੀਤਾ ਜਾ ਰਿਹਾ ਹੈ ਤਾਂ ਜੋ ਹਰ ਵਰਗ ਤੱਕ ਵਿਕਾਸ ਦੇ ਫ਼ਾਇਦੇ ਪਹੁੰਚ ਸਕਣ। ਕੈਬਨਿਟ ਮੰਤਰੀ ਗੋਇਲ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕਰਨ ਲਈ ਦ੍ਰਿੜ ਨਿਸ਼ਚੈ ਨਾਲ ਅੱਗੇ ਵਧ ਰਹੀ ਹੈ ਅਤੇ ਹਲਕਾ ਲਹਿਰਾ ਦੇ ਨਿਵਾਸੀਆਂ ਨੂੰ ਬਿਹਤਰ ਸੁਵਿਧਾਵਾਂ ਮੁਹੱਈਆ ਕਰਵਾਉਣਾ ਸਰਕਾਰ ਦੀ ਪ੍ਰਾਥਮਿਕਤਾ ਹੈ।

## ਜਮੀਨ ਦੀ ਬੋਲੀ ਕਰਨ ਆਇਆ ਪ੍ਰਸ਼ਾਸਨ ਖਾਲੀ ਹੱਥ ਪਰਤਿਆ



ਲਹਿਰਾਗਾਗਾ 31 ਜਨਵਰੀ (ਰਾਮੇਸ਼ਵਰ ਸ਼ਰਮਾ/ ਖੁਸਵਿੰਦਰ ਸ਼ਰਮਾ)ਪਿੰਡ ਆਲਮਪੁਰ ਵਿਖੇ ਲਹਿਰਾ ਗਾਗਾ ਦਾ ਪ੍ਰਸ਼ਾਸਨ ਆਬਾਦਕਾਰਾਂ ਦੀ ਜਮੀਨ ਦੀ ਬੋਲੀ ਕਰਨ ਆਇਆ ਪਰ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੀ ਆਲਮਪੁਰ ਦੀ ਇਕਾਈ ਨੇ ਬੋਲੀ ਦਾ ਪਿੰਡ ਦੇ ਕਿਸਾਨਾਂ ਨਾਲ ਮਿਲ ਕੇ ਵਿਰੋਧ ਕੀਤਾ ਗਿਆ ,ਇਸ ਮੌਕੇ ਬਲਾਕ ਲਹਿਰਾ ਦੇ ਆਗੂਆਂ ਨੇ ਪ੍ਰੈਸ ਨੂੰ ਦੱਸਿਆ ਕਿ ਪੀੜਤ ਕਿਸਾਨ ਪਿੱਛਲੇ 100 ਸਾਲ ਤੋਂ ਜ਼ਮੀਨ ਤੇ ਖੇਤੀ ਕਰ ਰਹੇ ਹੰਨ ਪਰ ਹੁਣ ਆਮ ਆਦਮੀ ਦੀ ਸਰਕਾਰ ਕਿਸਾਨਾਂ ਤੋਂ ਜ਼ਮੀਨ ਖੋਣ ਦੀ ਕੋਸਿਸ ਕਰ ਰਹੀ ਹੈ ਜਦਕਿ ਪੁਰਾਣੇ ਸਮੇਂ ਪੁਰਖਿਆਂ ਨੇ ਇਹ ਜੰਗਲੀ ਜ਼ਮੀਨ ਆਬਾਦ ਕੀਤੀ ਸੀ ਆਗੂਆਂ ਨੇ ਦੱਸਿਆ ਕਿ ਭਾਰਤੀ ਕਿਸਾਨ ਯੂਨਿਅਨ ਏਕਤਾ ਉਗਰਾਹਾਂ ਕਿਸੇ ਵੀ ਕਿਸਾਨ ਦੀ ਜ਼ਮੀਨ ਖੁਸਣ ਨਹੀਂ ਦੇਵੇਗੀ ਇਸ ਮੌਕੇ ਪ੍ਰਸਾਸਨ ਵਿਨਾ ਬੋਲੀ ਕਰੇ ਵਾਪਿਸ ਮੁੜ ਗਿਆ ਇਸ ਮੌਕੇ ਪਿੰਡ ਇਕਾਈ ਤੋਂ ਇਲਾਵਾ ਵੱਡੀ ਗਿਣਤੀ ਕਿਸਾਨ ਹਾਜਿਰ ਸਨ ਬਲਾਕ ਵੱਲੋਂ ਬਹੁਦਰ ਭੁਟਾਲ ਖੁਰਦ ,ਰਾਮਚੰਦ ਚੋਟੀਆਂ ,ਸ਼ਿਵਰਾਜ ਗੁਰਨੇ ,ਦਰਸ਼ਨ ਕੋਟੜਾ ਨੇ ਹਾਜਰੀ ਲਵਾਈ

## ਪੰਜਾਬ ਸਰਕਾਰ ਦੀਆਂ ਨੀਤੀਆਂ ਨੂੰ ਦੇਖਦਿਆਂ ਪੰਜਾਬੀਆਂ ਵੱਲੋਂ ਮੁੜ ਸਰਕਾਰ ਬਣਾਉਣ ਦੇ ਚਰਚੇ : ਅੱਕਾਂਵਾਲੀ



ਬੁਢਲਾਡਾ , 31 ਜਨਵਰੀ (ਜੀਵਨ ਕੁਮਾਰ)-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ 2022 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਪੰਜਾਬ ਦੇ ਲੋਕਾਂ ਨਾਲ ਕੀਤੇ ਵਾਅਦੇ ਅਤੇ ਗਰੰਟੀਆਂ ਨੂੰ ਲਗਾਤਾਰ ਪੂਰਾ ਕੀਤਾ ਜਾ ਰਿਹਾ ਹੈ। ਜਿਸਦੇ ਤਹਿਤ ਪੰਜਾਬ ਅੰਦਰ ਸੜਕੀ ਆਵਾਜਾਈ ਨੂੰ ਸੁਖਾਲਾ ਬਣਾਉਣ ਲਈ ਜਿੱਥੇ ਸੜਕਾਂ ਦੇ ਜਾਲ ਵਿਛਾਏ ਜਾਲ ਰਹੇ ਹਨ ਉੱਥੇ ਹੀ ਅੰਡਰ ਬ੍ਰਿਜ ਓਵਰ ਬ੍ਰਿਜਾਂ ਦਾ ਨਿਰਮਾਣ ਕੀਤਾ ਜਾ ਰਿਹਾ ਹੈ। ਇਸਦੇ ਨਾਲ ਹੀ ਪੰਜਾਬ ਦੇ ਲੋਕਾਂ ਦੀਆਂ ਬੁਨਿਆਦੀ ਸਹੂਲਤਾਂ ਦੇਣ ਲਈ ਲਗਾਤਾਰ ਯਤਨਸ਼ੀਲ ਹਨ। ਇੰਨਾਂ ਸ਼ਬਦਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਮਾਲਵਾ ਜੋਨ ਦੇ ਕਿਸਾਨ ਵਿੰਗ ਦੇ ਜਨਰਲ ਸਕੱਤਰ ਸਰਦਾਰ ਚਰਨਜੀਤ ਸਿੰਘ ਅੱਕਾਂਵਾਲੀ ਨੇ ਪ੍ਰੈਸ ਬਿਆਨ ਜਾਰੀ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਅੰਦਰ 1947 ਤੋਂ ਬਾਅਦ ਹੁਣ ਤੱਕ ਕਾਂਗਰਸ ਅਕਾਲੀ ਦਲ ਭਾਜਪਾ ਦੀਆਂ ਸਰਕਾਰਾਂ ਨੇ ਕਦੇ ਵੀ ਪੰਜਾਬੀਆਂ ਦੀਆਂ ਸਿਹਤ ਸਹੂਲਤਾਂ ਵੱਲ ਕਦੇ ਧਿਆਨ ਨਹੀਂ ਦਿੱਤਾ ਜਦੋਂਕਿ ਹੁਣ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਮਾਨ ਨੇ ਕ੍ਰਾਂਤੀਕਾਰੀ ਕਦਮ ਚੁੱਕਦਿਆਂ ਪੰਜਾਬ ਦੇ ਹਰ ਪਰਿਵਾਰਿਕ ਮੈਂਬਰ ਨੂੰ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਕਰਾਉਣ ਦਾ ਨਾਂ ਸਿਰਫ ਫੈਸਲਾ ਕੀਤਾ ਹੈ ਸਗੋਂ ਇਸ ਨੂੰ ਲਾਗੂ ਵੀ ਕਰ ਕਰਕੇ ਪੰਜਾਬੀਆਂ ਦਾ ਮਨ ਜਿੱਤ ਲਿਆ ਹੈ। ਜਿਸਦੇ ਤਹਿਤ ਹੁਣ ਪੰਜਾਬ ਦਾ ਕੋਈ ਵੀ ਵਿਅਕਤੀ ਇਲਾਜ ਤੋਂ ਬਿਨਾਂ ਨਹੀਂ ਰਹੇਗਾ ਉਸਦਾ ਜਿੰਨਾ ਵੀ ਇਲਾਜ ਦਾ ਖਰਚਾ ਹੋਵੇਗਾ ਉਸਦਾ ਸਾਰਾ ਭੁਗਤਾਨ ਪੰਜਾਬ ਸਰਕਾਰ ਕਰੇਗੀ। ਇੰਨਾਂ ਮੁਫ਼ਤ ਸਿਹਤ ਕਾਰਡਾਂ ਨੂੰ ਬਣਾਉਣ ਲਈ ਆਮ ਆਦਮੀ ਪਾਰਟੀ ਦੇ ਆਗੂਆਂ ਅਤੇ ਵਰਕਰਾਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ। ਜਿਸਦੇ ਤਹਿਤ ਪੰਜਾਬ ਦਾ ਆਮ ਆਦਮੀ ਪਾਰਟੀ ਦਾ ਕਿਸਾਨ ਵਿੰਗ ਵੀ ਪੂਰੇ ਪੰਜਾਬ ਅੰਦਰ ਸਿਹਤ ਕਾਰਡ ਬਣਾਉਣ ਵਿੱਚ ਅਹਿਮ ਯੋਗਦਾਨ ਪਾਵੇਗਾ। ਇੰਨਾਂ ਸਿਹਤ ਸਹੂਲਤਾਂ ਨੂੰ ਦੇਖਦਿਆਂ ਅਤੇ ਪੰਜਾਬ ਸਰਕਾਰ ਦੇ ਇਸ ਫੈਸਲੇ ਤੋਂ ਪੰਜਾਬੀ ਬਾਗ਼ੋਬਾਗ ਹਨ ਅਤੇ ਪਿੰਡਾਂ ਸੱਥਾਂ ਅਤੇ ਸ਼ਹਿਰਾਂ ਕਸਬਿਆਂ ਅਤੇ ਵਾਰਡਾਂ ਵਿੱਚ ਲੋਕਾਂ ਅੰਦਰ ਇਸ ਗੱਲ ਦੀ ਚਰਚਾ ਹੋਣੀ ਸ਼ੁਰੂ ਹੋ ਗਈ ਹੈ ਕਿ ਪੰਜਾਬ ਸਰਕਾਰ ਮੁੜ ਆਮ ਆਦਮੀ ਪਾਰਟੀ ਦੀ ਸਰਕਾਰ ਆਵੇਗੀ। ਉਨ੍ਹਾਂ ਅਖੀਰ ਵਿੱਚ ਕਿਹਾ ਕਿ ਪੰਜਾਬ ਅੰਦਰ ਹੁਣ ਤੱਕ ਜਿੰਨੀਆਂ ਵੀ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ ਉਹ ਸੱਭ ਮੈਰਿਟ ਦੇ ਅਧਾਰ ਤੇ ਬਿਨਾਂ ਸਿਫਾਰਸ਼ ਅਤੇ ਬਿਨਾਂ ਰਿਸ਼ਵਤ ਤੋਂ ਦਿੱਤੀਆਂ ਗਈਆਂ ਹਨ। ਕਿਸਾਨਾਂ ਨੂੰ ਨਹਿਰੀ ਪਾਣੀ ਦੀ ਕੋਈ ਘਾਟ ਨਹੀਂ ਆਉਣ ਦਿੱਤੀ। ਜਲਦੀ ਹੀ ਔਰਤਾਂ ਨੂੰ ਆਪਣੇ ਵਾਅਦਿਆਂ ਨੂੰ ਅੱਗੇ ਤੋਰਦਿਆਂ 1000-1000 ਰੁਪਏ ਦੇਣ ਦਾ ਵਾਅਦਾ ਵੀ ਪੂਰਾ ਕੀਤਾ ਜਾ ਰਿਹਾ ਹੈ।

## ਰਾਹੁਲਇੰਦਰ ਸਿੰਘ ਸਿੱਧੂ ਦੀ ਅਗਵਾਈ ਹੇਠ ਕਾਂਗਰਸ ਨੂੰ ਮਿਲੀ ਮਜ਼ਬੂਤੀ



ਧਰਮਗੜ੍ਹ 31 ਜਨਵਰੀ (ਗੁਰਪ੍ਰੀਤ ਸਿੰਘ ਲਿੱਟ):- ਰਾਹੁਲਇੰਦਰ ਸਿੰਘ ਸਿੱਧੂ ਭੱਠਲ ਦੀ ਅਗਵਾਈ ਹੇਠ ਕਾਂਗਰਸ ਪਾਰਟੀ ਨੂੰ ਉਸ ਵੇਲੇ ਵੱਡੀ ਮਜ਼ਬੂਤੀ ਮਿਲੀ, ਜਦੋਂ ਕਿਸਾਨ ਕਾਂਗਰਸ ਬਲਾਕ ਲਹਿਰਾ ਦੇ ਪ੍ਰਧਾਨ ਅਮਰੀਕ ਸਿੰਘ ਢੀਂਡਸਾ ਵੱਲੋਂ ਪਿੰਡ ਦੇ ਦਰਜਨਾਂ ਨੌਜਵਾਨਾਂ ਨੂੰ ਕਾਂਗਰਸ ਪਾਰਟੀ ਵਿੱਚ ਸ਼ਾਮਿਲ ਕਰਵਾਇਆ ਗਿਆ।ਇਸ ਮੌਕੇ ਨੌਜਵਾਨਾਂ ਵਿੱਚ ਕਾਂਗਰਸ ਪਾਰਟੀ ਪ੍ਰਤੀ ਭਾਰੀ ਉਤਸ਼ਾਹ ਅਤੇ ਜੋਸ਼ ਦੇਖਣ ਨੂੰ ਮਿਲਿਆ। ਇਸ ਮੌਕੇ ਸੰਬੋਧਨ ਕਰਦਿਆਂ ਅਮਰੀਕ ਸਿੰਘ ਢੀਂਡਸਾ ਨੇ ਕਿਹਾ ਕਿ ਕਾਂਗਰਸ ਪਾਰਟੀ ਨੇ ਹਮੇਸ਼ਾਂ ਨੌਜਵਾਨਾਂ ਦੀ ਸੋਚ, ਮਿਹਨਤ ਅਤੇ ਉਤਸ਼ਾਹ ਨੂੰ ਅੱਗੇ ਲਿਆਂਦਾ ਹੈ। ਉਨ੍ਹਾਂ ਕਿਹਾ ਕਿ ਨੌਜਵਾਨ ਦੇਸ਼ ਅਤੇ ਸੂਬੇ ਦਾ ਭਵਿੱਖ ਹਨ ਅਤੇ ਉਨ੍ਹਾਂ ਦੀ ਭੂਮਿਕਾ ਤੋਂ ਬਿਨਾਂ ਕਿਸੇ ਵੀ ਸਿਆਸੀ ਬਦਲਾਅ ਦੀ ਕਲਪਨਾ ਨਹੀਂ ਕੀਤੀ ਜਾ ਸਕਦੀ। ਉਨ੍ਹਾਂ ਦੱਸਿਆ ਕਿ ਨਵੀਂ ਸੋਚ ਅਤੇ ਨਵੀਂ ਊਰਜਾ ਨਾਲ ਕਾਂਗਰਸ ਪਾਰਟੀ ਨੂੰ ਪਿੰਡ ਪੱਧਰ 'ਤੇ ਹੋਰ ਮਜ਼ਬੂਤ ਕੀਤਾ ਜਾ ਰਿਹਾ ਹੈ। ਢੀਂਡਸਾ ਨੇ ਇਹ ਵੀ ਕਿਹਾ ਕਿ ਕਾਂਗਰਸ ਪਾਰਟੀ ਦੀਆਂ ਲੋਕ-ਹਿਤੈਸ਼ੀ ਨੀਤੀਆਂ, ਕਿਸਾਨਾਂ ਅਤੇ ਮਜ਼ਦੂਰਾਂ ਦੇ ਹੱਕਾਂ ਲਈ ਕੀਤੇ ਜਾ ਰਹੇ ਸੰਘਰਸ਼ ਅਤੇ ਨੌਜਵਾਨਾਂ ਨੂੰ ਅੱਗੇ ਵਧਣ ਦੇ ਮੌਕੇ ਮਿਲਣ ਕਰਕੇ ਅੱਜ ਨੌਜਵਾਨ ਵੱਡੀ ਗਿਣਤੀ ਵਿੱਚ ਪਾਰਟੀ ਨਾਲ ਜੁੜ ਰਹੇ ਹਨ। ਆਉਣ ਵਾਲੇ ਸਮੇਂ ਵਿੱਚ ਕਾਂਗਰਸ ਪਿੰਡਾਂ ਅਤੇ ਬਲਾਕ ਪੱਧਰ 'ਤੇ ਹੋਰ ਵੀ ਬਿਹਤਰ ਪ੍ਰਦਰਸ਼ਨ ਕਰੇਗੀ।ਇਸ ਮੌਕੇ ਕਾਂਗਰਸ ਪਾਰਟੀ ਵਿੱਚ ਸ਼ਾਮਿਲ ਹੋਏ ਨੌਜਵਾਨਾਂ ਵਿੱਚ ਰਾਮ ਫਲ ਸਿੰਘ,ਹੈਪੀ ਸਿੰਘ,ਦਲਪ੍ਰੀਤ ਸਿੰਘ, ਦੌਲਤ ਸਿੰਘ,ਮਨਦੀਪ ਸਿੰਘ, ਮੋਨੀ,ਕੁਲਬੀਰ ਸਿੰਘ,ਬਲਦੇਵ ਸਿੰਘ,ਜੱਗਾ ਸਿੰਘ,ਟੱਲੂ ਸਿੰਘ, ਜਗਤਾਰ ਸਿੰਘ ਮਿਸਤਰੀ, ਰਾਮ ਸਿੰਘ, ਗਗਨ ਸਿੰਘ, ਕਾਲਾ ਸਿੰਘ, ਮਨਦੀਪ ਸਿੰਘ, ਗੋਪੀ ਸਿੰਘ, ਜੱਗੀ ਸਿੰਘ, ਗੁਰਤੇਜ ਸਿੰਘ,ਤੇਜਾ ਸਿੰਘ, ਸੱਜੂ, ਮੱਖਣ ਸਿੰਘ ਅਤੇ ਗੁਰਪ੍ਰੀਤ ਸਿੰਘ ਆਦਿ ਸ਼ਾਮਿਲ ਹਨ।ਨਵੇਂ ਸ਼ਾਮਿਲ ਹੋਏ ਨੌਜਵਾਨਾਂ ਨੇ ਕਿਹਾ ਕਿ ਉਹ ਕਾਂਗਰਸ ਪਾਰਟੀ ਦੀਆਂ ਨੀਤੀਆਂ ਅਤੇ ਵਿਚਾਰਧਾਰਾਵਾਂ ਤੋਂ ਪ੍ਰਭਾਵਿਤ ਹੋ ਕੇ ਪਾਰਟੀ ਨਾਲ ਜੁੜੇ ਹਨ ਅਤੇ ਭਵਿੱਖ ਵਿੱਚ ਲੋਕਾਂ ਦੀ ਭਲਾਈ,ਕਿਸਾਨਾਂ ਦੇ ਹੱਕਾਂ ਅਤੇ ਇਲਾਕੇ ਦੇ ਵਿਕਾਸ਼ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ।

## ਕੇਂਦਰ ਸਰਕਾਰ ਨੂੰ ਬਜਟ ਪੇਸ਼ ਕਰਨ ਸਮੇਂ ਪੰਜਾਬ ਲਈ ਕੋਈ ਵਿਸ਼ੇਸ਼ ਐਲਾਨ ਕਰਨਾ ਚਾਹੀਦੈ :ਪਰਮਿੰਦਰ ਢੀਂਡਸਾ



ਲਹਿਰਾਗਾਗਾ 31 ਜਨਵਰੀ (ਗੁਰਦੀਪ ਸਿੰਘ) ਕੇਂਦਰੀ ਵਿੱਤ ਮੰਤਰੀ ਆਜ਼ਾਦੀ ਤੋਂ ਬਾਅਦ ਦੇਸ਼ ਦਾ 88ਵਾਂ ਬਜਟ ਪੇਸ਼ ਕਰਨ ਜਾ ਰਹੀ ਹੈ, ਇਸ ਸਮੇਂ ਕੇਂਦਰ ਸਰਕਾਰ ਨੂੰ ਫਰਾਖਦਿਲੀ ਦਿਖਾਉਂਦੇ ਹੋਏ ਬਜਟ ਵਿੱਚ ਪੰਜਾਬ ਲਈ ਕੋਈ ਵਿਸ਼ੇਸ਼ ਐਲਾਨ ਕਰਨਾ ਚਾਹੀਦਾ ਹੈ, ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਸਰਦਾਰ ਪਰਮਿੰਦਰ ਸਿੰਘ ਢੀਂਡਸਾ ਸਾਬਕਾ ਖਜ਼ਾਨਾ ਮੰਤਰੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕੀਤਾ, ਉਹਨਾਂ ਕਿਹਾ ਕਿ ਦੇਸ਼ ਜਦੋਂ ਵੀ ਕਿਸੇ ਮੁਸ਼ਕਿਲ ਹਾਲਾਤਾਂ ਦਾ ਸਾਹਮਣਾ ਕਰਦਾ ਹੈ ਤਾਂ ਪੰਜਾਬ ਨੇ ਉਸ ਮੁਸ਼ਕਿਲ ਵਿੱਚੋਂ ਦੇਸ਼ ਨੂੰ ਕੱਢਣ ਲਈ ਹਮੇਸ਼ਾ ਅੱਗੇ ਹੋ ਕੇ ਲੜਾਈ ਲੜੀ ਹੈ, ਚਾਹੇ ਦੇਸ਼ ਨੂੰ ਅਨਾਜ ਦੀ ਲੋੜ ਹੋਵੇ ਜਾਂ ਸਰਹੱਦਾਂ ਤੇ ਗੋਲੀਆਂ ਖਾਣ ਦੀ, ਤਾਂ ਉਸ ਸਮੇਂ ਅੱਗੇ ਹੋ ਕੇ ਦੇਸ਼ ਲਈ ਪੰਜਾਬ ਨੇ ਹਮੇਸ਼ਾ ਕੁਰਬਾਨੀ ਦੇਣ ਨੂੰ ਪਹਿਲ ਦਿੱਤੀ ਹੈ, ਸਰਦਾਰ ਢੀਂਡਸਾ ਨੇ ਅੱਗੇ ਕਿਹਾ ਇਸ ਸਮੇਂ ਪੰਜਾਬ ਦੀ ਮੌਜੂਦਾ ਆਰਥਿਕ ਹਾਲਤ ਨੂੰ ਧਿਆਨ ਵਿੱਚ ਰੱਖਦਿਆਂ ਪੇਸ਼ ਕੀਤੇ ਜਾ ਰਹੇ ਕੇਂਦਰੀ ਬਜਟ ਵਿੱਚ ਸੂਬੇ ਲਈ ਕੋਈ ਖਾਸ ਅਤੇ ਠੋਸ ਐਲਾਨ ਕੀਤੇ ਜਾਣ ਦੀ ਲੋੜ ਹੈ, ਉਹਨਾਂ ਕਿਹਾ ਕਿ ਦੇਸ਼ ਦਾ ਢਿੱਡ ਭਰਨ ਤੋਂ ਲੈ ਕੇ ਦੇਸ਼ ਦੀ ਸੁਰੱਖਿਆ ਲਈ ਆਪਣੀਆਂ ਛਾਤੀਆਂ ਵਿੱਚ ਗੋਲੀਆਂ ਖਾ ਕੇ ਜਾਨਾਂ ਵਾਰਨ ਤੱਕ ਪੰਜਾਬ ਦਾ ਹਰ ਇਕ ਵਰਗ ਸਭ ਤੋਂ ਅੱਗੇ ਖੜਦਾ ਰਿਹਾ ਹੈ, ਇਸ ਇਤਿਹਾਸਿਕ ਯੋਗਦਾਨ ਦੇ ਬਾਵਜੂਦ ਅੱਜ ਪੰਜਾਬ ਆਰਥਿਕ ਤੌਰ ਤੇ ਗੰਭੀਰ ਸਥਿਤੀ ਵਿੱਚੋਂ ਲੰਘਦਾ ਹੋਇਆ ਵੱਡੀ ਪੀੜਾ ਝੱਲ ਰਿਹਾ ਹੈ, ਪਰ ਸੋਨੇ ਦੀ ਚਿੜੀ ਕਹਾਉਣ ਵਾਲਾ ਪੰਜਾਬ ਅੱਜ ਲਗਭਗ 4 ਲੱਖ ਕਰੋੜ ਰੁਪਏ ਤੋਂ ਵੱਧ ਕਰਜੇ ਦਾ ਕਰਜਾਈ ਹੋ ਚੁੱਕਾ ਹੈ, ਜਿਸ ਕਰਕੇ ਸੂਬੇ ਦੀ ਆਰਥਿਕ ਹਾਲਤ ਬਹੁਤ ਹੀ ਗੰਭੀਰ ਅਤੇ ਚਿੰਤਾਜਨਕ ਬਣੀ ਪਈ ਹੈ ,ਸਰਦਾਰ ਢੀਂਡਸਾ ਨੇ ਅੱਗੇ ਕਿਹਾ ਕਿ ਕੱਲ ਇੱਕ ਫਰਵਰੀ ਨੂੰ ਕੇਂਦਰੀ ਵਿੱਤ ਮੰਤਰੀ ਵੱਲੋਂ ਬਜਟ ਪੇਸ਼ ਕੀਤਾ ਜਾ ਰਿਹਾ ਹੈ ਜਿਸ ਤੇ ਸਮੁੱਚੇ ਪੰਜਾਬੀਆਂ ਦੀਆਂ ਉਮੀਦ ਭਰੀਆਂ ਨਜ਼ਰਾਂ ਕੇਂਦਰ ਸਰਕਾਰ ਵੱਲ ਟਿੱਕੀਆਂ ਹੋਈਆਂ ਹਨ,ਉਨਾਂ ਕਿਹਾ ਉਦਯੋਗ ਖੇਤਰ ਲਗਾਤਾਰ ਮੰਦਹਾਲੀ ਦਾ ਸ਼ਿਕਾਰ ਹੋ ਰਿਹਾ ਹੈ, ਪੰਜਾਬ ਦੀ ਕਿਸਾਨੀ ਬੜੇ ਭਾਰੀ ਵਿੱਤੀ ਸੰਕਟ ਵਿੱਚ ਫਸੀ ਹੋਈ ਹੈ, ਸੂਬੇ ਦੀ ਜਵਾਨੀ ਬੇਰੁਜ਼ਗਾਰੀ ਨਾਲ ਜੂਝ ਰਹੀ ਹੈ, ਅਜਿਹੇ ਹਾਲਾਤਾਂ ਵਿੱਚ ਪੰਜਾਬ ਨੂੰ ਕੇਂਦਰ ਸਰਕਾਰ ਵੱਲੋਂ ਮਦਦ ਦੀ ਭਾਰੀ ਲੋੜ ਹੈ, ਇਸ ਦੌਰਾਨ ਢੀਂਡਸਾ ਨੇ ਕੇਂਦਰ ਸਰਕਾਰ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਆਉਣ ਵਾਲੇ ਬਜਟ ਵਿੱਚ ਪੰਜਾਬ ਲਈ ਵਿਸ਼ੇਸ਼ ਆਰਥਿਕ ਪੈਕੇਜ ਦੇ ਨਾਲ ਨਾਲ ਕਿਸਾਨਾਂ ਲਈ ਪ੍ਰਭਾਵਸ਼ਾਲੀ ਅਤੇ ਰਾਹਤਕਾਰੀ ਐਲਾਨ ਕੀਤੇ ਜਾਣ, ਤਾਂ ਕਿ ਸੂਬੇ ਦੀ ਆਰਥਿਕਤਾ ਨੂੰ ਮੁੜ ਪਟੜੀ ਤੇ ਲਿਆਂਦਾ ਜਾ ਸਕੇ, ਉਹਨਾਂ ਉਮੀਦ ਕਰਦੇ ਹੋਏ ਕਿਹਾ ਕਿ ਕੇਂਦਰ ਸਰਕਾਰ ਆਪਣੇਂ ਬਜਟ ਵਿੱਚ ਪੰਜਾਬ ਦੀ ਆਰਥਿਕ ਸਥਿਤੀ ਨੂੰ ਮੱਦੇ ਨਜ਼ਰ ਰੱਖਦਿਆਂ ਸੂਬੇ ਦੀਆਂ ਸਮੱਸਿਆਵਾਂ ਦਾ ਹੱਲ ਕੱਢਣ ਵਾਲੇ ਐਲਾਨ ਕਰੇਗੀ, ਜਿਸ ਨਾਲ ਮੁੜ ਪੰਜਾਬ ਤਰੱਕੀ ਦੀਆਂ ਲੀਹਾਂ ਤੇ ਆ ਸਕੇਗਾ, ਇਸ ਮੌਕੇ ਉਹਨਾਂ ਨਾਲ ਸੀਤਾ ਸਿੰਘ ਲੇਹਲ ਖੁਰਦ ਸਰਕਲ ਪ੍ਰਧਾਨ, ਜਗਦੀਪ ਸਿੰਘ ਜੱਗੀ ਨੰਗਲਾ ਸਾਬਕਾ ਸਰਪੰਚ, ਗੁਰਸੰਤ ਸਿੰਘ ਭੁਟਾਲ ਸਾਬਕਾ ਚੇਅਰਮੈਨ, ਸੁਖਪਾਲ ਸਿੰਘ ਫੌਜੀ ਜਵਾਹਰਵਾਲਾ, ਬਾਬਰਜੀਤ ਸਿੰਘ ਗਰੇਵਾਲ, ਆਸੂ ਜਿੰਦਲ, ਗੁਰਮੀਤ ਸਿੰਘ ਲਹਿਰਾ, ਕਾਬਲ ਸਿੰਘ ਸੇਖੋਂ, ਦਰਬਾਰਾ ਸਿੰਘ ਕੜੈਲ ਮੌਜੂਦ ਸਨ,

## ਹਰ ਪੰਜਾਬੀ ਨੂੰ ਮਿਲੇਗਾ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ : ਵਿਧਾਇਕ ਬਲਕਾਰ ਸਿੱਧੂ



ਰਾਮਪੁਰਾ ਫੂਲ, 31 ਜਨਵਰੀ (ਮਨਪ੍ਰੀਤ ਮਿੰਟੂ):-ਵਿਧਾਇਕ ਬਲਕਾਰ ਸਿੱਧੂ ਨੇ ਅੱਜ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਬਣ ਰਹੇ ਸਿਹਤ ਬੀਮਾ ਕਾਰਡਾਂ ਦੀ ਪ੍ਰਕਿਰਿਆ ਦਾ ਜਾਇਜ਼ਾ ਲੈਣ ਲਈ ਵੱਖ-ਵੱਖ ਸੈਂਟਰਾਂ ਦਾ ਦੌਰਾ ਕੀਤਾ। ਇਸ ਮੌਕੇ ਉਨ੍ਹਾਂ ਨੇ ਕਾਰਡ ਬਣਵਾਉਣ ਆਏ ਲੋਕਾਂ ਨਾਲ ਗੱਲਬਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਵੀ ਸੁਣੀਆਂ।ਵਿਧਾਇਕ ਬਲਕਾਰ ਸਿੱਧੂ ਨੇ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਦਾ ਲਾਭ ਹਰ ਇੱਕ ਪਰਿਵਾਰ ਨੂੰ ਰਾਜਨੀਤੀ ਤੋਂ ਉੱਪਰ ਉੱਠ ਕੇ ਦੇਣ ਦੀ ਨਿਵੇਕਲੀ ਪਹਿਲ ਦੀ ਵਿਰੋਧੀ ਵੀ ਪ੍ਰਸੰਸਾ ਕਰ ਰਹੇ ਹਨ। ਵਿਧਾਇਕ ਬਲਕਾਰ ਸਿੱਧੂ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਅਧੀਨ ਹਰ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦਾ ਮੁਫਤ ਇਲਾਜ ਮੁਹੱਈਆ ਕਰਵਾਇਆ ਜਾ ਰਿਹਾ ਹੈ। ਇਸ ਯੋਜਨਾ ਦਾ ਲਾਭ ਲੈਣ ਲਈ ਸਿਹਤ ਬੀਮਾ ਕਾਰਡ ਬਹੁਤ ਜਰੂਰੀ ਹੈ। ਉਨ੍ਹਾਂ ਕਿਹਾ ਕਿ ਇਹ ਸਿਹਤ ਬੀਮਾ ਕਾਰਡ ਰਾਜ ਦੇ ਸਰਕਾਰੀ ਅਤੇ ਪ੍ਰਾਈਵੇਟ ਦੋਹਾਂ ਤਰ੍ਹਾਂ ਦੇ ਹਸਪਤਾਲਾਂ ਵਿੱਚ ਮਾਨਤਾ ਪ੍ਰਾਪਤ ਹੈ, ਜਿਸ ਨਾਲ ਆਮ ਲੋਕਾਂ ਨੂੰ ਮਹਿੰਗੇ ਇਲਾਜ ਤੋਂ ਵੱਡੀ ਰਾਹਤ ਮਿਲੇਗੀ।ਉਨ੍ਹਾਂ ਨੇ ਦੱਸਿਆ ਕਿ ਇਸ ਯੋਜਨਾ ਦੇ ਦਾਇਰੇ ਵਿੱਚ 2000 ਹਜ਼ਾਰ ਤੋਂ ਵੱਧ ਸਿਹਤ ਸੇਵਾਵਾਂ ਨੂੰ ਸ਼ਾਮਿਲ ਕੀਤਾ ਗਿਆ ਹੈ ਜਿਸ ਵਿਚ ਛੋਟੀਆਂ ਬਿਮਾਰੀਆਂ ਤੋਂ ਲੈਕੇ ਵੱਡੇ ਆਪ੍ਰੇਸ਼ਨ ਵੀ ਕਵਰ ਕੀਤੇ ਜਾਣਗੇ ਅਤੇ ਇਹ ਕਦਮ ਪੰਜਾਬ ਦੇ ਸਿਹਤ ਢਾਂਚੇ ਵਿਚ ਇੱਕ ਵੱਡੀ ਕ੍ਰਾਂਤੀ ਸਾਬਿਤ ਹੋਵੇਗਾ। ਵਿਧਾਇਕ ਬਲਕਾਰ ਸਿੱਧੂ ਨੇ ਸਬੰਧਿਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਕਾਰਡ ਬਣਾਉਣ ਦੀ ਪ੍ਰਕਿਰਿਆ ਨੂੰ ਹੋਰ ਸਰਲ ਅਤੇ ਤੇਜ਼ ਬਣਾਇਆ ਜਾਵੇ ਤਾਂ ਜੋ ਕੋਈ ਵੀ ਯੋਗ ਪਰਿਵਾਰ ਇਸ ਯੋਜਨਾ ਤੋਂ ਵਾਂਝਾ ਨਾ ਰਹੇ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਵੱਧ ਤੋਂ ਵੱਧ ਗਿਣਤੀ ਵਿੱਚ ਆ ਕੇ ਆਪਣੇ ਸਿਹਤ ਬੀਮਾ ਕਾਰਡ ਬਣਵਾਉਣ ਅਤੇ ਸਰਕਾਰ ਦੀ ਇਸ ਲੋਕ-ਹਿਤੈਸ਼ੀ ਯੋਜਨਾ ਦਾ ਲਾਭ ਉਠਾਉਣ।

## ਮਨੁੱਖੀ ਅਧਿਕਾਰਾਂ ਦੀ ਰਾਖੀ ਲਈ ਸਰਗਰਮੀ ਨਾਲ ਕੰਮ ਕਰਨਗੇ ਕੋਰ ਗਰੁੱਪ : ਪਦਮਸ੍ਰੀ ਜਤਿੰਦਰ ਸਿੰਘ ਸ਼ੰਟੀ



ਬਰਨਾਲਾ, 31 ਜਨਵਰੀ (ਚ.ਨ.ਸ.) : ਮਨੁੱਖੀ ਅਧਿਕਾਰਾਂ ਦੀ ਰਾਖੀ ਅਤੇ ਪੀੜਤਾਂ ਨੂੰ ਨਿਆਂ ਦਿਵਾਉਣ ਲਈ ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਵਚਨਬੱਧ ਹੈ। ਇਸ ਵਾਸਤੇ ਸੂਬੇ ਦੇ ਸਾਰੇ ਜ਼ਿਲ੍ਹਿਆਂ ਵਿੱਚ ਕੋਰ ਗਰੁੱਪ ਬਣਾਏ ਜਾ ਰਹੇ ਹਨ ਜੋ ਕਿ ਜ਼ਿਲ੍ਹਾ ਪੱਧਰ 'ਤੇ ਸਰਗਰਮੀ ਨਾਲ ਕੰਮ ਕਰਨਗੇ। ਇਹ ਪ੍ਰਗਟਾਵਾ ਮਾਣਯੋਗ ਮੈਂਬਰ ਪੰਜਾਬ ਰਾਜ ਅਤੇ ਚੰਡੀਗੜ੍ਹ ਮਨੁੱਖੀ ਅਧਿਕਾਰ ਕਮਿਸ਼ਨ ਸ. ਜਤਿੰਦਰ ਸਿੰਘ ਸ਼ੰਟੀ (ਪਦਮਸ੍ਰੀ ਐਵਾਰਡੀ) ਨੇ ਸੰਘੇੜਾ ਵਿੱਚ ਮੀਡੀਆ ਨਾਲ ਗੱਲਬਾਤ ਕਰਦਿਆਂ ਕੀਤਾ। ਉਹ ਗੁਰੂ ਗੋਬਿੰਦ ਸਿੰਘ ਕਾਲਜ ਸੰਘੇੜਾ ਵਿੱਚ ਮਨੁੱਖੀ ਅਧਿਕਾਰਾਂ ਬਾਰੇ ਸੈਮੀਨਾਰ ਵਿੱਚ ਸ਼ਿਰਕਤ ਕਰਨ ਲਈ ਪੁੱਜੇ ਸਨ। ਇਸ ਮੌਕੇ ਉਨ੍ਹਾਂ ਕਿਹਾ ਕਿ ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਵਲੋਂ ਸਾਰੇ ਜ਼ਿਲ੍ਹਿਆਂ ਵਿੱਚ ਸਮਰਪਿਤ ਕੋਰ ਗਰੁੱਪ ਬਣਾਏ ਜਾ ਰਹੇ ਹਨ। ਇਨ੍ਹਾਂ ਕੋਰ ਗਰੁੱਪਾਂ ਵਿੱਚ 10-10 ਮੈਂਬਰ ਹੋਣਗੇ, ਜਿਨ੍ਹਾਂ ਵਿੱਚ ਮਨੁੱਖੀ ਅਧਿਕਾਰ ਕਾਰਕੁਨ, ਵਕੀਲ ਅਤੇ ਹੋਰ ਮਾਹਿਰ ਸ਼ਾਮਲ ਹੋਣਗੇ। ਉਨ੍ਹਾਂ ਦੱਸਿਆ ਕਿ ਕੋਰ ਗਰੁੱਪ ਦੇ ਮੈਂਬਰਾਂ ਲਈ ਅਰਜ਼ੀ ਦੇਣ ਦੀ ਆਖ਼ਰੀ ਮਿਤੀ 4 ਫਰਵਰੀ ਹੈ।ਇਹ ਸਮੂਹ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਨੂੰ ਹੱਲ ਕਰਨ ਵਿੱਚ ਨਾਗਰਿਕਾਂ ਦੀ ਸਹੂਲਤ ਲਈ ਜ਼ਮੀਨੀ ਪੱਧਰ ਤੇ ਕੰਮ ਕਰਨਗੇ ਅਤੇ ਤੁਰੰਤ ਕਾਰਵਾਈ ਲਈ ਮੁੱਦਿਆਂ ਨੂੰ ਸਿੱਧੇ ਕਮਿਸ਼ਨ ਕੋਲ ਭੇਜਣਗੇ , ਹਸਪਤਾਲਾਂ ਨੂੰ ਮ੍ਰਿਤਕ ਵਿਅਕਤੀਆਂ, ਖਾਸ ਕਰਕੇ ਲਾਵਾਰਿਸ ਜਾਂ ਆਰਥਿਕ ਤੌਰ ਤੇ ਕਮਜ਼ੋਰ ਮਾਮਲਿਆਂ, ਮੁਫ਼ਤ ਜਾਂ ਸਹਾਇਤਾ ਪ੍ਰਾਪਤ ਸਸਕਾਰ/ਦਫ਼ਨਾਉਣ ਲਈ ਸਹਾਇਤਾ ਦੇ ਪ੍ਰਬੰਧਾਂ ਦੇ ਨਾਲ ਸਨਮਾਨਜਨਕ ਪ੍ਰਬੰਧਨ ਨੂੰ ਯਕੀਨੀ ਬਣਾਉਣ ਲਈ ਵੀ ਆਦੇਸ਼ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸਫ਼ਾਈ ਕਰਮਚਾਰੀਆਂ ਦੇ ਹੱਕਾਂ ਦੀ ਰਾਖੀ ਵੀ ਯਕੀਨੀ ਬਣਾਈ ਜਾ ਰਹੀ ਹੈ, ਜਿਸ ਤਹਿਤ ਉਨ੍ਹਾਂ ਨੂੰ ਸੁਰੱਖਿਆ ਉਪਕਰਨ ਦੇਣੇ, ਬੀਮਾ ਕਰਵਾਉਣਾ ਆਦਿ ਲਾਜ਼ਮੀ ਹੈ, ਇਸ ਤੋਂ ਪਹਿਲਾਂ ਸੈਮੀਨਾਰ ਦੌਰਾਨ ਸੰਬੋਧਨ ਕਰਦੇ ਹੋਏ ਉਨ੍ਹਾਂ ਕਿਹਾ ਕਿ ਉਹ ਲਗਾਤਾਰ ਸਾਰੇ ਜ਼ਿਲ੍ਹਿਆਂ ਦਾ ਦੌਰਾ ਕਰਕੇ ਜ਼ਮੀਨੀ ਹਕੀਕਤ ਤੋਂ ਜਾਣੂੰ ਹੋ ਰਹੇ ਹਨ ਅਤੇ ਮਨੁੱਖੀ ਅਧਿਕਾਰਾਂ ਦੀ ਰਾਖੀ ਲਈ ਸ਼ਿੱਦਤ ਨਾਲ ਕੰਮ ਕਰ ਰਹੇ ਹਨ। ਸੈਮੀਨਾਰ ਦੌਰਾਨ ਸੰਬੋਧਨ ਕਰਦੇ ਹੋਏ ਗੁਰੂ ਗੋਬਿੰਦ ਸਿੰਘ ਕਾਲਜ ਸੰਘੇੜਾ ਦੀ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਸ. ਭੋਲਾ ਸਿੰਘ ਵਿਰਕ ਨੇ ਮੈਂਬਰ ਪੰਜਾਬ ਰਾਜ ਅਤੇ ਚੰਡੀਗੜ੍ਹ ਮਨੁੱਖੀ ਅਧਿਕਾਰ ਕਮਿਸ਼ਨ ਸ. ਜਤਿੰਦਰ ਸਿੰਘ ਸ਼ੰਟੀ (ਪਦਮਸ੍ਰੀ ਐਵਾਰਡੀ) ਨੂੰ ਜੀ ਆਇਆਂ ਕਿਹਾ ਅਤੇ ਕਿਹਾ ਕਿ ਕਮਿਸ਼ਨ ਮੈਂਬਰ ਦੇ ਜ਼ਿਲ੍ਹਿਆਂ ਦੇ ਦੌਰੇ ਨਾਲ ਮਨੁੱਖੀ ਅਧਿਕਾਰਾਂ ਦੀ ਰਾਖੀ ਲਈ ਗਤੀਵਿਧੀਆਂ ਵਿੱਚ ਸਰਗਰਮੀ ਆ ਰਹੀ ਹੈ ਅਤੇ ਲੋਕ ਆਪਣੇ ਮਨੁੱਖੀ ਅਧਿਕਾਰਾਂ ਤੋਂ ਜਾਣੂੰ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਸਭ ਤੋਂ ਵੱਡੀ ਸਮਾਜ ਸੇਵਾ ਹੈ। ਇਸ ਸੈਮੀਨਾਰ ਦੌਰਾਨ ਵੱਖ ਵੱਖ ਸੰਸਥਾਵਾਂ, ਕਲੱਬਾਂ ਅਤੇ ਪੰਚਾਇਤਾਂ ਵਲੋਂ ਪਦਮਸ੍ਰੀ ਸ. ਜਤਿੰਦਰ ਸਿੰਘ ਸ਼ੰਟੀ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਸ੍ਰੀ ਅਮਿਤ ਬੈਂਬੀ, ਏ ਆਈ ਜੀ (ਜੇਲ੍ਹਾਂ) ਸ਼ਿਵਰਾਜ ਸਿੰਘ ਨੰਦਗੜ੍ਹ, ਐੱਸਡੀਐੱਮ ਮਹਿਲ ਕਲਾਂ ਬੇਅੰਤ ਸਿੰਘ, ਡੀ ਐੱਸ ਪੀ ਕੁਲਵਿੰਦਰ ਸਿੰਘ, ਗੁਰੂ ਗੋਬਿੰਦ ਸਿੰਘ ਕਾਲਜ ਦੇ ਪ੍ਰਿੰਸੀਪਲ ਡਾ. ਸਰਬਜੀਤ ਸਿੰਘ ਕੁਲਾਰ, ਵਾਈਸ ਪ੍ਰਿੰਸੀਪਲ ਡਾ. ਮਨਦੀਪ ਕੌਰ, ਸੁਪਰਡੈਂਟ ਰੁਪਿੰਦਰ ਕੁਮਾਰ ਭਾਰਦਵਾਜ, ਸਕੂਲ ਪ੍ਰਿੰਸੀਪਲ ਅਰਵਿੰਦਰ ਕੌਰ ਜਵੰਧਾ ਅਤੇ ਵੱਖ ਵੱਖ ਸੰਸਥਾਵਾਂ ਦੇ ਅਹੁਦੇਦਾਰ, ਸਮਾਜਸੇਵੀ, ਇਲਾਕਾ ਵਾਸੀ ਤੇ ਵਿਦਿਆਰਥੀ ਮੌਜੂਦ ਸਨ।

## ਯੂ.ਜੀ.ਸੀ. ਅਤੇ ਐਨ.ਈ.ਪੀ. ਵਰਕਸ਼ਾਪ ਵਿੱਚ ਵਾਈ.ਐਸ. ਕਾਲਜ ਨੇ ਇਤਿਹਾਸ ਰਚਿਆ



ਬਰਨਾਲਾ, 31 ਜਨਵਰੀ (ਸੁਖਵਿੰਦਰ ਸਿੰਘ ਭੰਡਾਰੀ) : ਵਾਈ. ਐੱਸ ਕਾਲਜ, ਜੋ ਕਿ ਸਾਲ ਦੇ ਸਭ ਤੋਂ ਉਭਰਦੇ ਸਰਵਉਚ ਸੰਸਥਾਨ ਵਜੋਂ ਮਾਨਤਾ ਪ੍ਰਾਪਤ ਹੈ, ਨੇ ਰਾਜਸਥਾਨ ਕੇਂਦਰੀ ਯੂਨੀਵਰਸਿਟੀ ਵਿਖੇ ਮਲਵੀਯਾ ਮਿਸ਼ਨ ਟ੍ਰੇਨਿੰਗ ਪ੍ਰੋਗਰਾਮ (ਐੱਮ ਐੱਮ ਟੀ ਟੀ ਪੀ) ਅਧੀਨ ਟੀਚਰ ਕਨੈਕਟ ਪ੍ਰੋਗਰਾਮ ਵਿੱਚ ਹਿੱਸਾ ਲੈ ਕੇ ਫਿਰ ਤੋਂ ਰਾਸ਼ਟਰੀ ਅਕਾਦਮਿਕ ਮੰਜ਼ਿਲ ਨੂੰ ਚੁੱਕਿਆ। ਇਹ ਮਹੱਤਵਪੂਰਨ ਪ੍ਰੋਗਰਾਮ ਯੂਜੀਸੀ ਦੇ ਦ੍ਰਿਸ਼ਟੀਕੋਣ ਅਤੇ ਰਾਸ਼ਟਰੀ ਸਿੱਖਿਆ ਨੀਤੀ (ਐਨ ਈ ਪੀ) 2020 ਨਾਲ ਸਿੱਧਾ ਜੁੜਿਆ ਹੈ, ਜੋ ਉੱਚ ਸਿੱਖਿਆ ਵਿੱਚ ਗੁਣਵੱਤਾ, ਨਵੀਨਤਾ ਅਤੇ ਨੇਤ੍ਰਤਵ ਨੂੰ ਮਜ਼ਬੂਤ ਕਰਨ ਦਾ ਉਦੇਸ਼ ਰੱਖਦਾ ਹੈ। ਇੱਕ ਗਜ਼ਬ ਦਾ ਮਾਈਲਪੱਥ ਰਚਦਿਆਂ, ਵਾਈ ਐੱਸ ਕਾਲਜ ਇਕੱਲੀ ਅਜਿਹੀ ਸੰਸਥਾ ਬਣ ਗਈ ਜਿਸ ਨੇ ਐੱਨਈਪੀ 2020 ਉੱਤੇ ਯੂਜੀਸੀ ਅਧੀਨ ਰਾਸ਼ਟਰੀ ਪੱਧਰੀ ਵਰਕਸ਼ਾਪ ਵਿੱਚ ਇੱਕੋ ਸੰਸਥਾ ਤੋਂ ਤਿੰਨ ਹੈੱਡਜ਼ ਆਫ਼ ਡਿਪਾਰਟਮੈਂਟ ਭੇਜੇ, ਜੋ ਕਾਲਜ ਦੀ ਅਕਾਦਮਿਕ ਸੁਧਾਰਾਂ ਅਤੇ ਨੀਤੀ-ਚਾਲਿਤ ਰੂਪਾਂਤਰਣ ਪ੍ਰਤੀ ਮਜ਼ਬੂਤ ਵਚਨਬੱਧਤਾ ਨੂੰ ਦਰਸਾਉਂਦਾ ਹੈ। ਵਾਈ ਐੱਸ ਕਾਲਜ ਦਾ ਪ੍ਰਤੀਨਿਧਿਤਵ ਕਰਨ ਵਾਲੇ ਵਿਸ਼ਿਸ਼ਟ ਅਧਿਆਪਕ ਨੇਤਾ ਹਨ ਜਸਦੀਪ ਕੌਰ, ਐੱਚਓਡੀ, ਬੀਏਜੇਐੱਮਸੀ ਵਿਭਾਗ; ਹਰਮਨਪ੍ਰੀਤ ਕੌਰ, ਐੱਚਓਡੀ, ਬੀ.ਐੱਸਸੀ (ਆਈ ਟੀ) ਵਿਭਾਗ; ਅਮਰ ਜੋਤੀ, ਐੱਚਓਡੀ, ਬੀ.ਕਾਮ (ਐੱਚ) ਵਿਭਾਗ। ਉਨ੍ਹਾਂ ਦੀ ਭਾਗੀਦਾਰੀ ਨੇ ਵਾਈ ਐੱਸ ਕਾਲਜ ਨੂੰ ਨਵੀਨਤਾ, ਅੰਤਰਵਿਸ਼ੇਸ਼ੀ ਸਿੱਖਣ, ਡਿਜੀਟਲ ਰੂਪਾਂਤਰਣ ਅਤੇ ਹੁਨਰ-ਅਧਾਰਿਤ ਸਿੱਖਿਆ ਰਾਹੀਂ ਐੱਨਈਪੀ 2020 ਨੂੰ ਲਾਗੂ ਕਰਨ ਦੇ ਰਾਸ਼ਟਰੀ ਮਿਸ਼ਨ ਵਿੱਚ ਸਕਰੀਆ ਸੰਸਥਾ ਵਜੋਂ ਮਜ਼ਬੂਤ ਕੀਤਾ। ਡਾਇਰੈਕਟਰ ਵਰੁਣ ਭਾਰਤੀ ਨੇ ਇਸ ਪ੍ਰਾਪਤੀ ਉੱਤੇ ਮਾਣ ਦਾ ਪ੍ਰਗਟਾਵਾ ਕੀਤਾ ਅਤੇ ਕਿਹਾ ਕਿ ਵਾਈ ਐੱਸ ਕਾਲਜ ਰਾਸ਼ਟਰੀ ਸਿੱਖਿਆ ਸੁਧਾਰਾਂ ਨਾਲ ਸੰਸਥਾਗਤ ਵਿਕਾਸ ਨੂੰ ਜੋੜਨ ਅਤੇ ਪ੍ਰਗਤਿਸ਼ੀਲ ਅਕਾਦਮਿਕ ਨੇਤ੍ਰਤਵ ਰਾਹੀਂ ਭਵਿੱਖ-ਤਿਆਰ ਵਿਦਿਆਰਥੀ ਬਣਾਉਣ ਲਈ ਵਚਨਬੱਧ ਹੈ। ਪ੍ਰਿੰਸੀਪਲ ਡਾ. ਗੁਰਪਾਲ ਸਿੰਘ ਰਾਣਾ ਨੇ ਜ਼ੋਰ ਦਿੱਤਾ ਕਿ ਸੰਸਥਾ ਨੀਤੀ ਨੂੰ ਅਭਿਆਸ ਨਾਲ ਜੋੜਨ ਵਾਲੇ ਅਧਿਆਪਕ ਵਿਕਾਸ ਪ੍ਰੋਗਰਾਮਾਂ ਵਿੱਚ ਨਿਰੰਤਰ ਨਿਵੇਸ਼ ਕਰਦੀ ਹੈ, ਜੋ ਯਕੀਨੀ ਬਣਾਉਂਦੇ ਹਨ ਕਿ ਐੱਨਈਪੀ 2020 ਕਲਾਸਰੂਮਾਂ ਅਤੇ ਕੈਂਪਸਾਂ ਵਿੱਚ ਜੀਵੰਤ ਅਸਲੀਤਾ ਬਣ ਜਾਵੇ। ਵਾਈਸ-ਪ੍ਰਿੰਸੀਪਲ ਵੀ. ਪੀ. ਸਿੰਗਲਾ ਨੇ ਸਾਂਝਾ ਕੀਤਾ ਕਿ ਅਜਿਹੇ ਯੂਜੀਸੀ-ਅਧੀਨ ਰਾਸ਼ਟਰੀ ਪਲੇਟਫਾਰਮਾਂ ਵਿੱਚ ਭਾਗੀਦਾਰੀ ਅਕਾਦਮਿਕ ਸੱਤਾ, ਗੁਣਵੱਤਾ ਯਕੀਨੀ ਅਤੇ ਸੰਸਥਾਗਤ ਉੱਤਮਤਾ ਨੂੰ ਮਜ਼ਬੂਤ ਕਰਦੀ ਹੈ।ਐੱਮਐੱਮਟੀਟੀਪੀ ਟੀਚਰ ਕਨੈਕਟ ਪ੍ਰੋਗਰਾਮ ਵਿੱਚ ਭਾਗੀਦਾਰੀ ਵਾਈ ਐੱਸ ਕਾਲਜ ਦੇ ਯੂਜੀਸੀ ਅਤੇ ਐੱਨਈਪੀ ਫਰੇਮਵਰਕ ਅਧੀਨ ਰਾਸ਼ਟਰੀ ਮਾਡਲ ਸੰਸਥਾ ਬਣਨ ਦੇ ਦ੍ਰਿਸ਼ਟੀਕੋਣ ਨੂੰ ਦਰਸਾਉਂਦੀ ਹੈ, ਜੋ ਅਕਾਦਮਿਕ ਨੇਤ੍ਰਤਵ, ਸੰਸਥਾਗਤ ਸਹਿਯੋਗ ਅਤੇ ਸਿੱਖਿਆ ਨਵੀਨਤਾ ਵਿੱਚ ਮਾਪਦੰਡ ਸਥਾਪਤ ਕਰਦੀ ਹੈ।

## ਟ੍ਰੈਫ਼ਿਕ ਸਮੱਸਿਆ ਦੇ ਹੱਲ ਲਈ ਪ੍ਰਸ਼ਾਸਨ ਸਖ਼ਤ; ਨਾਜਾਇਜ਼ ਕਬਜ਼ੇ ਹਟਾਏ



ਤਪਾ, 31 ਜਨਵਰੀ (ਰਾਜੂ ਮਹਿਰਾ) : ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜ਼ਿਲ੍ਹੇ ਵਿੱਚ ਟ੍ਰੈਫਿਕ ਸਮੱਸਿਆ ਦੇ ਹੱਲ ਲਈ ਲਗਾਤਾਰ ਗਤੀਵਿਧੀਆਂ ਜਾਰੀ ਹਨ।

ਉਪ ਮੰਡਲ ਮਜਿਸਟਰੇਟ ਤਪਾ ਸ੍ਰੀ ਆਯੁਸ਼ ਗੋਇਲ ਨੇ ਦੱਸਿਆ ਕਿ ਸ਼ਹਿਰ ਤਪਾ ਅੰਦਰ ਵੱਧ ਰਹੀ ਟ੍ਰੈਫਿਕ ਦੀ ਸਮੱਸਿਆ ਦੇ ਸਥਾਈ ਹੱਲ ਲਈ ਨਗਰ ਕੌਂਸਲ ਤਪਾ ਅਤੇ ਪੁਲਿਸ ਪਾਰਟੀ ਦੀ ਟੀਮ ਵੱਲੋਂ ਤਪਾ ਦੇ ਮੁੱਖ ਬਾਜ਼ਾਰਾਂ ਦਾ ਦੌਰਾ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਚੈਕਿੰਗ ਦੌਰਾਨ ਪਾਇਆ ਗਿਆ ਕਿ ਕਈ ਦੁਕਾਨਦਾਰਾਂ ਨੇ ਮਿੱਥੀ ਹੱਦ ਤੋਂ ਬਾਹਰ ਸੜਕ ਉੱਪਰ ਸਮਾਨ ਰੱਖ ਕੇ ਨਾਜਾਇਜ਼ ਕਬਜ਼ੇ ਕੀਤੇ ਹੋਏ ਸਨ, ਜਿਸ ਕਾਰਨ ਆਮ ਰਾਹਗੀਰਾਂ ਅਤੇ ਵਾਹਨਾਂ ਨੂੰ ਲੰਘਣ ਵਿੱਚ ਭਾਰੀ ਮੁਸ਼ਕਿਲ ਪੇਸ਼ ਆ ਰਹੀ ਸੀ। ਮੌਕੇ ਤੇ ਕਾਰਵਾਈ ਕਰਦਿਆਂ ਜਿਨ੍ਹਾਂ ਦੁਕਾਨਦਾਰਾਂ ਦਾ ਸਮਾਨ ਸੜਕ ਤੇ ਪਿਆ ਸੀ, ਉਸਨੂੰ ਟੀਮ ਵੱਲੋਂ ਆਪਣੇ ਕਬਜ਼ੇ ਵਿੱਚ ਲੈ ਲਿਆ ਗਿਆ ਤਾਂ ਜੋ ਬਜ਼ਾਰ ਵਿੱਚ ਟ੍ਰੈਫਿਕ ਵਿਵਸਥਾ ਨੂੰ ਸੁਚਾਰੂ ਬਣਾਇਆ ਜਾ ਸਕੇ। ਇਸ ਦੌਰਾਨ ਪ੍ਰਸ਼ਾਸਨ ਦੀ ਟੀਮ ਵੱਲੋਂ ਸਮੂਹ ਦੁਕਾਨਦਾਰਾਂ ਨੂੰ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਗਈਆਂ ਕਿ ਉਹ ਅੱਗੇ ਤੋਂ ਸੜਕ ਉੱਪਰ ਸਮਾਨ ਰੱਖ ਕੇ ਨਾਜਾਇਜ਼ ਕਬਜ਼ਾ ਨਾ ਕਰਨ। ਟੀਮ ਨੇ ਚੇਤਾਵਨੀ ਦਿੱਤੀ ਕਿ ਜੇਕਰ ਭਵਿੱਖ ਵਿੱਚ ਕੋਈ ਵੀ ਦੁਕਾਨ ਮਾਲਕ ਇਨ੍ਹਾਂ ਹਦਾਇਤਾਂ ਦੀ ਉਲੰਘਣਾ ਕਰਦਾ ਪਾਇਆ ਗਿਆ ਤਾਂ ਨਿਯਮਾਂ ਅਧੀਨ ਸਖ਼ਤ ਕਾਰਵਾਈ ਕੀਤੀ ਜਾਵੇਗੀ ਅਤੇ ਸਮਾਨ ਵੀ ਜ਼ਬਤ ਕਰ ਲਿਆ ਜਾਵੇਗਾ।

## ਵਿਦਿਆਰਥੀਆਂ ਨੂੰ ਵੱਧ ਰਹੇ ਪ੍ਰਦੂਸ਼ਨ ਅਤੇ ਪਲਾਸਟਿਕ ਦੀ ਵਰਤੋਂ ਨਾ ਕਰਨ ਬਾਰੇ ਜਾਗਰੂਕ ਕੀਤਾ




ਲਹਿਰਾਗਾਗਾ, 31 ਜਨਵਰੀ ( ਰਾਮੇਸ਼ਵਰ ਸ਼ਰਮਾ/ ਖੁਸ਼ਵਿੰਦਰ ਸ਼ਰਮਾ): : ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨੋਲੋਜੀ ਵੱਲੋਂ ਚਲਾਏ ਜਾ ਰਹੇ ਵਾਤਾਵਰਣ ਐਜੂਕੇਸ਼ਨ ਪ੍ਰੋਗਰਾਮ ਤਹਿਤ , ਜਿਲਾ ਸਿੱਖਿਆ ਅਫ਼ਸਰ ਸੰਗਰੂਰ ਸ਼੍ਰੀਮਤੀ ਤਰਵਿੰਦਰ ਕੌਰ ਅਤੇ ਡਿਪਟੀ ਡੀ. ਈ. ਓ. ਮਨਜੀਤ ਕੌਰ ਦੀ ਅਗਵਾਈ 'ਚ ਸਰਕਾਰੀ ਹਾਈ ਸਕੂਲ ਅਲੀਸ਼ੇਰ ਵਿਖੇ ਕਲੋਥ ਬੈਗ ਮੇਕਿੰਗ ਫਰੋਮ ਵੇਸਟ ਕਲੋਥ ਗਤੀਵਿਧੀ ਕਰਵਾਈ ਗਈ।ਇਸ ਮੌਕੇ ਤੇ ਰੀਸੋਰਸ ਪਰਸਨ ਸ਼੍ਰੀਮਾਨ ਅਰੁਣ ਗਰਗ ਹੈਡਮਾਸਟਰ ਸਰਕਾਰੀ ਹਾਈ ਸਕੂਲ ਖੰਡੇਬਾਦ ਅਤੇ ਸ਼੍ਰੀਮਾਨ ਪ੍ਰੇਮਪਾਲ ਜੀ ਸੀਨੀਅਰ ਐਡਵੋਕੇਟ ਨੇ ਵਿਦਿਆਰਥੀਆਂ ਨੂੰ ਵੱਧ ਰਹੇ ਪ੍ਰਦੂਸ਼ਨ ਅਤੇ ਪਲਾਸਟਿਕ ਦੀ ਵਰਤੋਂ ਨਾ ਕਰਨ ਬਾਰੇ ਜਾਗਰੂਕ ਕੀਤਾ ਅਤੇ ਰੋਜ਼ਾਨਾ ਜੀਵਨ ਦੇ ਕੰਮਾਂ ਲਈ ਕੱਪੜੇ ਦੇ ਬੈਗ ਵਰਤਣ ਲਈ ਪ੍ਰੇਰਿਤ ਕੀਤਾ ਗਿਆ। ਇਸ ਗਤੀਵਿਧੀ ਵਿੱਚ ਵਿੱਚ ਵਿਦਿਆਰਥੀਆਂ ਨੇ ਪੁਰਾਣੇ ਕੱਪੜੇ ਦੀ ਵਰਤੋਂ ਕਰਕੇ ਪੁਰਾਣੇ ਬੈਗ ਤਿਆਰ ਕੀਤੇ।ਇਸ ਗਤੀਵਿਧੀ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਕੂਲ ਮੁਖੀ ਅਲੀਸ਼ੇਰ ਸ਼੍ਰੀ ਰਾਕੇਸ਼ ਕੁਮਾਰ ਮਿੱਤਲ , ਇਕੋ ਕਲੱਬ ਇੰਚਾਰਜ ਰਮਨਦੀਪ ਕੌਰ, ਸਰਪੰਚ ਪਿੰਡ ਅਲੀਸ਼ੇਰ ਸ਼੍ਰੀ ਮਨਜੀਤ ਸਿੰਘ, ਪਿੰਡ ਦੇ ਵਸਨੀਕ ਸ਼੍ਰੀ ਪਰਗਟ ਸਿੰਘ ਤੇ ਸਮੂਹ ਸਟਾਫ਼ ਸਰਕਾਰੀ ਹਾਈ ਸਕੂਲ ਅਲੀਸ਼ੇਰ ਹਾਜ਼ਰ ਸਨ।

## ਮਿਸ. ਅੰਸ਼ੁਲ ਬੇਰੀ ਜ਼ਿਲ੍ਹਾ ਅਤੇ ਸੈਸ਼ਨ ਜੱਜ-ਸਹਿਤ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਜ਼ਿਲ੍ਹਾ ਜੇਲ੍ਹ ਦਾ ਦੌਰਾ



ਬਰਨਾਲਾ, 31 ਜਨਵਰੀ (ਬਘੇਲ ਸਿੰਘ ਧਾਲੀਵਾਲ) : ਅੱਜ ਮਿਸ ਅੰਸ਼ੁਲ ਬੇਰੀ, ਮਾਣਯੋਗ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ–ਸਹਿਤ–ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਬਰਨਾਲਾ ਜੀ ਵੱਲੋਂ ਜ਼ਿਲ੍ਹਾ ਜੇਲ੍ਹ, ਬਰਨਾਲਾ ਦਾ ਦੌਰਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨਾਲ ਸ਼੍ਰੀ ਮਦਨ ਲਾਲ, ਮਾਨਯੋਗ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਬਰਨਾਲਾ, ਸ਼੍ਰੀ ਗੁਰਮੇਲ ਸਿੰਘ ਗਿੱਲ, ਚੀਫ਼ ਲੀਗਲ ਏਡ ਡਿਫੈਂਸ ਕਾਉਂਸਲ ਅਤੇ, ਅਸਿਸਟੈਂਟ ਲੀਗਲ ਏਡ ਡਿਫੈਂਸ ਕੌਂਸਲ ਬਰਨਾਲਾ ਹਾਜ਼ਰ ਸਨ। ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ—ਸਹਿਤ—ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਬਰਨਾਲਾ ਜੀ ਨੇ ਜੇਲ੍ਹ ਬੰਦੀਆਂ ਨੂੰ ਆ ਰਹੀਆਂ ਮੁਸ਼ਕਿਲਾਂ ਦਾ ਜਾਇਜ਼ਾ ਲਿਆ ਅਤੇ ਹਰ ਸੰਭਵ ਮਦਦ ਕਰਨ ਦਾ ਭਰੋਸਾ ਦਵਾਇਆ। ਉਨ੍ਹਾਂ ਵੱਲੋਂ ਜੇਲ੍ਹ ਬੈਰਕਾਂ ਅਤੇ ਰਸੋਈ ਘਰ ਦੀ ਚੈਕਿੰਗ ਕੀਤੀ ਗਈ ਅਤੇ ਸਾਫ਼—ਸਫ਼ਾਈ ਦਾ ਜਾਇਜ਼ਾ ਲਿਆ ਗਿਆ। ਇਸ ਤੋਂ ਇਲਾਵਾ ਉਨ੍ਹਾਂ ਨੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਬਰਨਾਲਾ ਵੱਲੋਂ ਕੈਦੀਆਂ ਅਤੇ ਹਵਾਲਾਤੀਆਂ ਨੂੰ ਦਿੱਤੀ ਜਾਣ ਵਾਲੀ ਮੁਫ਼ਤ ਕਾਨੂੰਨੀ ਸਹਾਇਤਾ ਸਕੀਮ ਬਾਰੇ ਵੀ ਜਾਣਕਾਰੀ ਦਿੱਤੀ ਅਤੇ ਮਾਨਯੋਗ ਹਾਈ ਕੋਰਟ ਅਤੇ ਮਾਨਯੋਗ ਸੁਪਰੀਮ ਕੋਰਟ ਵਿਚ ਅਪੀਲ ਕਰਨ ਦਾ ਤਰੀਕਾ ਅਤੇ ਲਿਮਿਟੇਸ਼ਨ ਪੀਰੀਅਡ ਬਾਰੇ ਵੀ ਜਾਗਰੂਕ ਕੀਤਾ। ਉਨ੍ਹਾਂ ਜੇਲ੍ਹ ਸੁਪਰਡੰਟ ਨੂੰ ਹਦਾਇਤ ਕੀਤੀ ਕਿ ਜੋ ਵੀ ਵਿਅਕਤੀ ਸਰਕਾਰੀ ਖਰਚੇ ਤੇ ਆਪਣੇ ਕੇਸ ਦੀ ਪੈਰਵਾਈ ਕਰਵਾਉਣਾ ਚਾਹੁੰਦਾ ਹੈ, ਉਸਦਾ ਫਾਰਮ ਭਰਕੇ ਦੋ ਦਿਨ ਦੇ ਵਿੱਚ—ਵਿੱਚ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਬਰਨਾਲਾ ਦੇ ਦਫ਼ਤਰ ਵਿਖੇ ਭੇਜਣਾ ਯਕੀਨੀ ਬਣਾਇਆ ਜਾਵੇ, ਤਾਂ ਜੋ ਅਗਲੇਰੀ ਕਾਰਵਾਈ ਕੀਤੀ ਜਾ ਸਕੇ। ਇਸ ਤੋਂ ਇਲਾਵਾ ਸ਼੍ਰੀ ਮਦਨ ਲਾਲ, ਮਾਨਯੋਗ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਬਰਨਾਲਾ ਨੇ ਦੱਸਿਆ ਕਿ ਜ਼ਿਲ੍ਹਾ ਜੇਲ੍ਹ, ਬਰਨਾਲਾ ਵਿਖੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਬਰਨਾਲਾ ਵੱਲੋਂ ਇੱਕ ਲੀਗਲ ਏਡ ਕਲੀਨਿਕ ਚੱਲ੍ਹ ਰਿਹਾ ਹੈ ਜਿੱਥੇ ਪੈਰਾ ਲੀਗਲ ਵਲੰਟੀਅਰ ਨਿਯੁਕਤ ਕੀਤਾ ਗਿਆ ਹੈ। ਬੰਦੀ ਆਪਣੇ ਕੇਸ ਬਾਰੇ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਇਸ ਕਲੀਨਿਕ ਤੋਂ ਲੈ ਸਕਦੇ ਹਨ।

## ਸੜਕ ਸੁਰੱਖਿਆ ਮਹੀਨੇ ਤਹਿਤ ਜਾਗਰੂਕਤਾ ਮੁਹਿੰਮ ਜਾਰੀ



ਬਰਨਾਲਾ, 31 ਜਨਵਰੀ (ਚਮਕੌਰ ਸਿੰਘ ਗੱਗੀ) : ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਹਰਪ੍ਰੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਤੇ ਆਰ.ਟੀ.ਓ ਬਰਨਾਲਾ ਸ੍ਰੀ ਹਰਪ੍ਰੀਤ ਸਿੰਘ ਅਟਵਾਲ ਦੀ ਅਗਵਾਈ ਹੇਠ ਮਨਾਏ ਜਾ ਰਹੇ ਸੜਕ ਸੁਰੱਖਿਆ ਮਹੀਨੇ ਦੌਰਾਨ ਸੜਕੀ ਹਾਦਸਿਆਂ ਨੂੰ ਘਟਾਉਣ ਦੇ ਮਕਸਦ ਨਾਲ ਜ਼ਿਲ੍ਹਾ ਬਰਨਾਲਾ ਵਿੱਚ ਵਿਸ਼ੇਸ਼ ਜਾਗਰੂਕਤਾ ਮੁਹਿੰਮ ਚਲਾਈ ਗਈ ਹੈ। ਇਸ ਮੁਹਿੰਮ ਸਬੰਧੀ ਸ੍ਰੀ ਅਟਵਾਲ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਆਪਣੀ ਟੀਮ ਸਮੇਤ ਸ਼ਹਿਰ ਦੇ ਵੱਖ-ਵੱਖ ਹਿੱਸਿਆਂ, ਭੀੜ-ਭੜੱਕੇ ਵਾਲੀਆਂ ਥਾਵਾਂ ਦਾ ਦੌਰਾ ਕੀਤਾ ਗਿਆ ਅਤੇ ਵਾਹਨ ਚਾਲਕਾਂ ਨੂੰ ਰੋਕ ਕੇ ਟ੍ਰੈਫਿਕ ਨਿਯਮਾਂ ਬਾਰੇ ਜਾਣਕਾਰੀ ਦਿੱਤੀ ਗਈ। ਇਸ ਮੌਕੇ ਉਨ੍ਹਾਂ ਦੋ ਪਹੀਆ ਵਾਹਨ ਚਾਲਕਾਂ ਨੂੰ ਹੈਲਮਟ ਪਾਉਣ ਅਤੇ ਕਾਰ ਚਾਲਕਾਂ ਨੂੰ ਸੀਟ ਬੈਲਟ ਲਗਾਉਣ ਦੀ ਹਦਾਇਤ ਕੀਤੀ। ਉਨ੍ਹਾਂ ਵਾਹਨ ਚਾਲਕਾਂ ਨੂੰ ਮੌਸਮ ਨੂੰ ਧਿਆਨ ਵਿੱਚ ਰੱਖਦੇ ਹੋਏ, ਵਾਹਨਾਂ ਤੇ ਰਿਫ਼ਲੈਕਟਰ ਲਗਾਉਣ ਅਤੇ ਧੁੰਦ ਦੌਰਾਨ ਲਾਈਟਾਂ ਜਗਾ ਕੇ ਹੌਲੀ ਗਤੀ 'ਤੇ ਵਾਹਨ ਚਲਾਉਣ, ਸ਼ਰਾਬ ਪੀ ਕੇ ਵਾਹਨ ਨਾ ਚਲਾਉਣ ਲਈ ਕਿਹਾ। ਇਸ ਦੌਰਾਨ ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਨਾਬਾਲਗ ਬੱਚਿਆਂ ਨੂੰ ਵਾਹਨ ਨਾ ਚਲਾਉਣ ਦੇਣ ਤਾਂ ਜੋ ਸੜਕੀ ਹਾਦਸਿਆਂ ਨੂੰ ਰੋਕਿਆ ਜਾ ਸਕੇ।

## ਸਾਲ 2026 ਦੇ ਸਮਾਗਮਾਂ ਦੀਆਂ ਮਿਤੀਆਂ ਦਾ ਲੇਖਕ-ਪਾਠਕ ਸਾਹਿਤ ਸਭਾ ਵੱਲੋਂ ਐਲਾਨ



ਬਰਨਾਲਾ, 31 ਜਨਵਰੀ (ਸੁਖਵਿੰਦਰ ਸਿੰਘ ਭੰਡਾਰੀ) : ਬੀਤੇ ਦਿਨੀਂ ਲੇਖਕ ਪਾਠਕ ਸਾਹਿਤ ਸਭਾ ਰਜਿ ਬਰਨਾਲਾ ਦੇ ਕਾਰਜਕਾਰੀ ਮੈਂਬਰਾਂ ਦੀ ਇਕੱਤਰਤਾ ਸਭਾ ਦੇ ਬਾਨੀ ਅਤੇ ਪ੍ਰਧਾਨ ਤੇਜਿੰਦਰ ਚੰਡਿਹੋਕ ਦੇ ਗ੍ਰਹਿ ਵਿਖੇ ਹੋਈ। ਸਭਾ ਦੇ ਪ੍ਰੈੱਸ ਸਕੱਤਰ ਮਨਦੀਪ ਕੁਮਾਰ ਦੇ ਪ੍ਰੈੱਸ ਨੋਟ ਜਾਰੀ ਕਰਦਿਆਂ ਦੱਸਿਆ ਕਿ ਸਭਾ ਵੱਲੋਂ ਸਾਲ 2026 ਦੌਰਾਨ ਕਰਵਾਏ ਜਾਣ ਵਾਲੇ ਸਾਹਿਤਕ ਸਮਾਗਮਾਂ ਦੀਆਂ ਮਿਤੀਆਂ ਦੀ ਘੋਸ਼ਣਾ ਕਰ ਦਿੱਤੀ ਗਈ ਹੈ। ਕਾਰਜਕਾਰਨੀ ਦੀ ਸਰਬਸੰਮਤੀ ਨਾਲ ਮਤਾ ਪਾਸ ਕੀਤਾ ਗਿਆ ਕਿ 19 ਅਪ੍ਰੈਲ ਨੂੰ ਸਾਲਾਨਾ ਸਵਰਗੀ ਮਨਜੀਤ ਕੌਰ ਅਤੇ ਤ੍ਰਿਲੋਚਨ ਸਿੰਘ ਯਾਦਗਾਰੀ ਸਮਾਗਮ, 5 ਜੁਲਾਈ ਨੂੰ ਸਾਹਿਤਕ ਸਮਾਗਮ ਅਤੇ 4 ਅਕਤੂਬਰ ਨੂੰ ਸਵਰਗੀ ਹਰਦੀਪ ਕੌਰ ਚੰਡਿਹੋਕ ਯਾਦਗਾਰੀ ਸਮਾਗਮ ਕਰਵਾਇਆ ਜਾਵੇਗਾ। ਇੱਥੇ ਦੱਸਿਆ ਜਾਂਦਾ ਹੈ ਕਿ ਅਪ੍ਰੈਲ ਵਿੱਚ ਲੇਖਕ ਦਾ ਸਨਮਾਨ ਅਤੇ ਅਕਤੂਬਰ ਮਹੀਨੇ ਵਿੱਚ ਪਾਠਕ ਦਾ ਸਨਮਾਨ ਕੀਤਾ ਜਾਂਦਾ ਹੈ। ਸੰਬੰਧਤ ਸਥਾਨਕ ਸਾਹਿਤਕ ਸਭਾਵਾਂ ਨੂੰ ਇਹਨਾਂ ਤਰੀਕਾਂ ਨੂੰ ਹੋਰ ਸਮਾਗਮ ਨਾ ਰੱਖਣ ਦੀ ਬੇਨਤੀ ਕੀਤੀ ਗਈ ਹੈ ਤਾਂ ਕਿ ਲੇਖਕਾਂ ਅਤੇ ਪਾਠਕਾਂ ਨੂੰ ਕੋਈ ਦਿੱਕਤ ਪੇਸ਼ ਨਾ ਆਵੇ। ਇਸ ਸਮੇਂ ਡਾਕਟਰ ਅਮਨਦੀਪ ਸਿੰਘ ਟੱਲਵਾਲੀਆ, ਚਤਿੰਦਰ ਰੁਪਾਲ, ਸਿਮਰਜੀਤ ਕੌਰ ਬਰਾੜ, ਜੈਸਮੀਨ ਕੌਰ, ਪਾਲ ਸਿੰਘ ਲਹਿਰੀ ਆਦਿ ਹਾਜ਼ਰ ਸਨ।

## ਐਸ. ਬੀ. ਐਸ. ਸਕੂਲ ਵਿਖੇ ਹੋਈ ਸਾਲਾਨਾ ਸਪੋਰਟਸ ਮੀਟ




ਬਰਨਾਲਾ, 31 ਜਨਵਰੀ (ਬਘੇਲ ਸਿੰਘ ਧਾਲੀਵਾਲ) : ਐੱਸ.ਬੀ.ਐੱਸ. ਪਬਲਿਕ ਸਕੂਲ, ਸੁਰਜੀਤਪੁਰਾ ਵਿੱਚ ਨਰਸਰੀ ਤੋਂ 9ਵੀਂ ਕਲਾਸ ਤੱਕ ਦੇ ਵਿਦਿਆਰਥੀਆਂ ਲਈ ਆਯੋਜਿਤ ਸਾਲਾਨਾ ਸਪੋਰਟਸ ਮੀਟ ਬੜੇ ਉਤਸ਼ਾਹ, ਅਨੁਸ਼ਾਸਨ ਅਤੇ ਖੇਡ ਜਜ਼ਬੇ ਨਾਲ ਸਫਲਤਾਪੂਰਕ ਸੰਪੰਨ ਹੋ ਗਈ। ਇਸ ਖੇਡ ਮੇਲੇ ਵਿੱਚ ਬੱਚਿਆਂ ਨੇ ਦੌੜਾਂ, ਰੀਲੇ ਰੇਸ, ਮਜ਼ੇਦਾਰ ਖੇਡਾਂ ਅਤੇ ਹੋਰ ਖੇਡ ਮੁਕਾਬਲਿਆਂ ਵਿੱਚ ਭਰਪੂਰ ਭਾਗੀਦਾਰੀ ਕੀਤੀ। ਪ੍ਰੋਗਰਾਮ ਦੀ ਸ਼ੁਰੂਆਤ ਮੂਲਮੰਤਰ ਅਤੇ ਸ਼ਬਦ ਗਾਇਨ ਨਾਲ ਕੀਤੀ ਗਈ ਇਸ ਤੋਂ ਬਾਅਦ ਸਕੂਲ ਦੇ ਚੇਅਰਮੈਨ ਅਤੇ ਆਏ ਹੋਏ ਮਹਿਮਾਨਾਂ ਦੁਆਰਾ ਗੁਬਾਰੇ ਉਡਾ ਕੇ ਪ੍ਰੋਗਰਾਮ ਦਾ ਉਦਘਾਟਨ ਕੀਤਾ।ਤਿੰਨਾਂ ਹਾਉਸ ਦੇ ਬੱਚਿਆਂ ਨੇ ਮਾਰਚ ਪਾਸਟ ਨਾਲ ਆਏ ਹੋਏ ਮੁੱਖ ਮਹਿਮਾਨਾਂ ਨੂੰ ਸਲਾਮੀ ਦਿੱਤੀ। ਇਸ ਤੋਂ ਬਾਅਦ ਛੋਟੇ ਬੱਚਿਆਂ ਨੇ ਮੁੱਖ ਮਹਿਮਾਨਾਂ ਦਾ ਡਾਂਸ ਨਾਲ ਸਵਾਗਤ ਕੀਤਾ।ਜੂਨੀਅਰ ਕਲਾਸਾਂ ਦੇ ਬੱਚਿਆ ਨੇ ਰੈਬਿਟਕੈਰਟ ਰੇਸ, ਜੈਲ੍ਹੀ ਫਿਸ ਰੇਸ, ਡੱਡੂ ਰੇਸ ਆਦਿ ਵਿੱਚ ਹਿੱਸਾ ਲਿਆ।ਸੀਨੀਅਰ ਕਲਾਸਾਂ ਦੇ ਬੱਚਿਆਂ ਦੇ ਲੰਬੀ ਛਾਲ, ਰੱਸਾਕਸੀ, ਹਰਡਲ ਦੌੜਾ, ਬੈਕ ਰੇਸ, ਖੋਖੋ ਆਦਿ ਦੇ ਮੁਕਾਬਲੇ ਕਰਵਾਏ ਗਏ। ਛੇਵੀ ਅਤੇ ਸੱਤਵੀਂ ਕਲਾਸ ਦੇ ਬੱਚਿਆਂ ਦੀ 200 ਮੀਟਰ,400 ਮੀਟਰ ਰੇਸ ਕਰਵਾਈ ਗਈ। ਸਪੋਰਟਸ ਮੀਟ ਵਿੱਚ ਅੱਠਵੀਂ ਕਲਾਸ ਦੀ ਲੜਕੀਆਂ ਦੀ ਮਟਕਾ ਰੇਸ ਅਤੇ ਨੌਂਵੀ ਕਲਾਸ ਦੇ ਬੱਚਿਆਂ ਦੇ ਰੱਸਾਕਸੀ ਮੁਕਾਬਲੇ ਖਿੱਚ ਦਾ ਕੇਂਦਰ ਰਹੇ।ਸਪੋਰਟਸ ਮੀਟ ਵਿਚ ਵਿਦਿਆਰਥੀਆਂ ਨੇ ਖੇਡਾਂ ਦੀ ਤੰਦਰੁਸਤੀ ਦੇ ਨਾਲਨਾਲ ਟੀਮ ਵਰਕ ਅਤੇ ਸਪੋਰਟਸਮੈਨਸ਼ਿਪ ਦਾ ਵੀ ਬਹੁਤ ਹੀ ਸੁੰਦਰ ਉਦਾਹਰਣ ਦਿੱਤਾ। ਅਧਿਆਪਕਾਂ ਨੇ ਵੀ ਬੱਚਿਆਂ ਨੂੰ ਉਤਸ਼ਾਹਿਤ ਕੀਤਾ ਖੇਡਾਂ ਵਿੱਚ ਜੇਤੂ ਰਹਿਣ ਵਾਲੇ ਬੱਚਿਆਂ ਨੂੰ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ। ਵਾਈਸ ਪ੍ਰਿੰਸੀਪਲ ਡਾ. ਸੰਜੇ ਕੁਮਾਰ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਖੇਡਾਂ ਬੱਚਿਆਂ ਦੇ ਸਰੀਰਕ ਵਿਕਾਸ ਦੇ ਨਾਲ-ਨਾਲ ਉਨ੍ਹਾਂ ਵਿੱਚ ਅਨੁਸ਼ਾਸਨ, ਆਤਮ ਵਿਸ਼ਵਾਸ ਅਤੇ ਟੀਮ ਭਾਵਨਾ ਪੈਦਾ ਕਰਦੀਆਂ ਹਨ। ਹਰੇਕ ਬੱਚੇ ਦੀ ਭਾਗੀਦਾਰੀ ਹੀ ਅਸਲ ਜਿੱਤ ਹੈ। ਸਕੂਲ ਪ੍ਰਿੰਸੀਪਲ ਮੈਡਮ ਕਮਲਜੀਤ ਕੌਰ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ਅਤੇ ਬੱਚਿਆਂ ਦੀ ਹੌਸਲਾ ਅਫਜਾਈ ਕਰਦੇ ਹੋਏ ਕਿਹਾ ਕਿ ਖੇਡਾਂ ਬੱਚਿਆਂ ਨੂੰ ਮਾਨਸਿਕ ਅਤੇ ਸਰੀਰਕ ਤੰਦਰੁਸਤੀ ਪ੍ਰਦਾਨ ਕਰਦੀਆਂ ਹਨ।ਇਸ ਲਈ ਖੇਡਾਂ ਵਿੱਚ ਬੱਚਿਆਂ ਨੂੰ ਖੇਡਾਂ ਵਿੱਚ ਵੱਧਚੜ੍ਹ ਕੇ ਹਿੱਸਾ ਲੈਣਾ ਚਾਹੀਦਾ ਹੈ। ਇਸ ਮੌਕੇ ਸਕੂਲ ਦਾ ਸਮੂਹ ਸਟਾਫ ਹਾਜ਼ਰ ਸੀ।

## ਛੋਟੇ ਬੱਚਿਆਂ ਨੇ ਗਊਸ਼ਾਲਾ ਵਿੱਚ ਜਨਮ ਦਿਨ ਮਨਾਇਆ



ਬਰਨਾਲਾ, 31 ਜਨਵਰੀ (ਇਸੇਨ ਕੰਗ) : ਮਦਰ ਟੀਚਰ ਕ੍ਰੈਚ ਅਤੇ ਪ੍ਰੀ ਸਕੂਲ ਬਰਨਾਲਾ ਵਿੱਚ 31.01.2026 ਨੂੰ ਜਨਵਰੀ ਮਹੀਨੇ ਵਿੱਚ ਹੋਏ ਬੱਚਿਆਂ ਦੇ ਜਨਮ ਦਿਵਸ ਦੇ ਮੌਕੇ ਬਰਨਾਲਾ ਦੀ ਗਊਸ਼ਾਲਾ ਵਿੱਚ ਲਿਜਾਇਆ ਗਿਆ ।ਬੱਚੇ ਆਪਣੇ - ਆਪਣੇ ਘਰਾਂ ਤੋਂ ਰੋਟੀਆਂ ਲੈ ਕੇ ਆਏ ।ਬੱਚਿਆਂ ਨੇ ਆਪਣੇ ਛੋਟੇ - ਛੋਟੇ ਹੱਥਾਂ ਨਾਲ ਗਾਵਾਂ ਨੂੰ ਰੋਟੀਆਂ ਖਵਾ ਕੇ ਖੁਸ਼ ਹੋਏ ।ਜਨਮ ਦਿਨ ਦੇ ਸ਼ੁਭ ਮੌਕੇ ਤੇ ਬੱਚਿਆਂ ਨੇ ਆਪਣੇ ਸਕੂਲ ਦੇ ਵਿਹੜੇ ਅਤੇ ਆਸ - ਪਾਸ ਖੁੱਲ੍ਹੀਆਂ ਥਾਵਾਂ ਤੇ ਪੌਦੇ ਵੀ ਲਗਾਏ । ਸਕੂਲ ਦੇ ਪ੍ਰਿੰਸੀਪਲ ਜੀ ਅਤੇ ਕੌਆਰਡੀਨੇਟਰ ਜੀ ਨੇ ਦੱਸਿਆ ਕਿ ਸਾਨੂੰ ਗਊ ਮਾਤਾ ਦੀ ਪੂਜਾ ਕਰਨੀ ਚਾਹੀਦੀ ਹੈ ।ਇਸ ਤਰ੍ਹਾਂ ਕਰਨ ਨਾਲ ਬੱਚਿਆਂ ਨੇ ਗਾਵਾਂ ਅਤੇ ਵਾਤਾਵਰਨ ਦੀ ਸੰਭਾਲ ਕਰਨ ਦਾ ਨੇਕ ਕੰਮ ਵੀ ਸਿੱਖਿਆ ।

## ਸੱਟਾਂ ਮਾਰਨ ਦੇ ਮਾਮਲੇ ਵਿੱਚੋਂ ਮਾਂ-ਪੁੱਤ ਬਰੀ



ਬਰਨਾਲਾ, 31 ਜਨਵਰੀ (ਸੁਖਵਿੰਦਰ ਸਿੰਘ ਭੰਡਾਰੀ) : ਜੁਡੀਸ਼ੀਅਲ ਮੈਜਿਸਟ੍ਰੇਟ ਫਸਟ ਕਲਾਸ ਬਰਨਾਲਾ ਮਿਸ. ਗਿਤਾਂਸੂ ਦੀ ਅਦਾਲਤ ਨੇ ਇੱਕ ਸੱਟਾਂ ਮਾਰਨ ਦੇ ਮਾਮਲੇ ਦਾ ਫੈਸਲਾ ਸੁਣਾਉਂਦਿਆਂ ਕੇਸ ਵਿੱਚ ਨਾਮਜ਼ਦ ਸੁਖਵਿੰਦਰ ਕੌਰ ਪਤਨੀ ਦਲਬਾਰਾ ਸਿੰਘ ਅਤੇ ਰਵੀ ਸਿੰਘ ਉਰਫ ਗੱਗੀ ਪੁੱਤਰ ਦਲਬਾਰਾ ਸਿੰਘ ਵਾਸੀਆਨ ਕਾਲੇਕੇ ਹਾਲ ਆਬਾਦ ਕ੍ਰਿਸਨਾ ਕਲੋਨੀ ਸੰਘੇੜਾ ਰੋਡ ਬਰਨਾਲਾ ਮਾਂ ਪੁੱਤ ਨੂੰ ਐਡਵੋਕੇਟ ਧਰਮਿੰਦਰ ਸਿੰਘ ਧਾਲੀਵਾਲ ਅਤੇ ਐਡਵੋਕੇਟ ਧਰਮਪਾਲ ਸਿੰਘ ਦੀਆਂ ਦਲੀਲਾਂ ਨਾਲ ਸਹਿਮਤ ਹੁੰਦਿਆਂ ਬਾ-ਇੱਜਤ ਬਰੀ ਕਰ ਦਿੱਤਾ । ਕੇਸ ਦੀ ਜਾਣਕਾਰੀ ਅਨੁਸਾਰ ਘੋਕਾ ਸਿੰਘ ਪੁੱਤਰ ਮੁਕੰਦ ਸਿੰਘ ਵਾਸੀ ਸੂਜਾ ਪੱਤੀ ਸੰਘੇੜਾ ਨੇ ਬਿਆਨ ਦਰਜ ਕਰਵਾਇਆ ਕਿ ਸਾਡੀ ਜਮੀਨ ਜਲੂਰ ਰੋਡ ਤੇ ਹੈ, ਜਿਸ ਤੇ ਮੇਰੀ ਮਾਤਾ ਹੱਕ ਜਤਾਉਂਦੀ ਹੈ ਪਰੰਤੂ ਇਹ ਜਮੀਨ ਮੇਰੇ ਭਤੀਜੇ ਵਾਹੁੰਦੇ ਹਨ ਅਤੇ ਇਸ ਜਮੀਨ ਦਾ ਕੇਸ ਮਾਨਯੋਗ ਅਦਾਲਤ ਵਿੱਚ ਚੱਲਦਾ ਹੈ, ਜਿਸ ਕਰਕੇ ਮੇਰੀ ਭੈਣ ਸੁਖਵਿੰਦਰ ਕੌਰ ਅਤੇ ਉਸਦਾ ਘਰਵਾਲਾ ਸਾਡੇ ਨਾਲ ਖਾਰ ਖਾਂਦੇ ਹਨ ਅਤੇ 13 ਅਪ੍ਰੈਲ 2019 ਨੂੰ ਮੇਰੀ ਭੈਣ ਸੁਖਵਿੰਦਰ ਕੌਰ ਅਤੇ ਇਸ ਦੇ ਘਰ ਵਾਲਾ ਦਰਬਾਰਾ ਸਿੰਘ ਅਤੇ ਭਾਣਜਾ ਰਵੀ ਸਿੰਘ ਉਰਫ ਗੱਗੀ ਰਸਤੇ ਵਿੱਚ ਟੱਕਰ ਅੱਗੇ ਅਤੇ ਸਾਡੀ ਆਪਸ ਵਿੱਚ ਤੂੰ ਤੂੰ ਮੈਂ ਮੈਂ ਹੋ ਗਈ ਤੇ ਮੇਰੀ ਭੈਣ ਸੁਖਵਿੰਦਰ ਕੌਰ ਕੋਲ ਕੁਹਾੜੀ ਸੀ, ਜਿਸ ਨੇ ਵਾਹੇ ਵਾਲਾ ਪਾਸਾ ਮੇਰੇ ਸਿਰ ਵਿੱਚ ਮਾਰਿਆ ਅਤੇ ਗੱਗੀ ਸਿੰਘ ਨੇ ਸੋਟੀਆਂ ਮੇਰੇ ਬਾਂਹ, ਲੱਤਾਂ ਤੇ ਛਾਤੀ ਵਿੱਚ ਮਾਰੀਆਂ ਜਿਸ ਕਾਰਨ ਮੇਰੇ ਸੱਟਾਂ ਵੱਜੀਆਂ ਜਦ ਮੈਂ ਬਚਾਓ ਲਈ ਰੌਲਾ ਪਾਇਆ ਤਾਂ ਲੋਕਾਂ ਦਾ ਇਕੱਠ ਦੇਖ ਕੇ ਇਹ ਆਪਣੇ ਹਥਿਆਰਾਂ ਸਮੇਤ ਮੌਕੇ ਤੋਂ ਭੱਜ ਗਏ ਜਿਸ ਤੋਂ ਬਾਅਦ ਮੈਨੂੰ ਸਰਕਾਰੀ ਹਸਪਤਾਲ ਬਰਨਾਲਾ ਵਿਖੇ ਦਾਖਲ ਕਰਵਾਇਆ। ਵਜ੍ਹਾ ਰੰਜਿਸ ਇਹ ਹੈ ਕਿ ਮੇਰੀ ਭੈਣ ਸੁਖਮਿੰਦਰ ਕੌਰ ਸਾਡੀ ਜਮੀਨ ਤੇ ਕਬਜਾ ਕਰਨਾ ਚਾਹੁੰਦੀ ਸੀ, ਜਿਸ ਕਾਰਨ ਮੇਰੇ ਸੱਟਾਂ ਮਾਰੀਆਂ ਹਨ । ਪੁਲਿਸ ਨੇ ਘੋਕਾ ਸਿੰਘ ਦੇ ਬਿਆਨਾਂ ਤੇ 24 ਅਪ੍ਰੈਲ 2019 ਨੂੰ ਆਈ.ਪੀ.ਸੀ ਦੀਆਂ ਵੱਖ-ਵੱਖ ਧਰਾਵਾਂ ਤਹਿਤ ਥਾਣਾ ਸਿਟੀ ਬਰਨਾਲਾ ਵਿਖੇ ਕੇਸ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਸੀ । ਸਥਾਨਕ ਅਦਾਲਤ ਵਿੱਚ ਚੱਲੀ ਅਦਾਲਤੀ ਕਾਰਵਾਈ ਦੌਰਾਨ ਐਡਵੋਕੇਟ ਧਰਮਿੰਦਰ ਸਿੰਘ ਧਾਲੀਵਾਲ ਅਤੇ ਧਰਮਪਾਲ ਸਿੰਘ ਦੀਆਂ ਦਲੀਲਾਂ ਨਾਲ ਸਹਿਮਤ ਹੁੰਦਿਆਂ ਜੁਡੀਸ਼ੀਅਲ ਮੈਜਿਸਟ੍ਰੇਟ ਫਸਟ ਕਲਾਸ ਬਰਨਾਲਾ ਮਿਸ. ਗਿਤਾਂਸੂ ਨੇ ਕੇਸ ਵਿੱਚ ਨਾਮਜਦ ਮਾਂ ਪੁੱਤ ਸੁਖਵਿੰਦਰ ਕੌਰ ਤੇ ਰਵੀ ਸਿੰਘ ਉਰਫ ਗੱਗੀ ਨੂੰ ਬਾ-ਇੱਜ਼ਤ ਬਰੀ ਕਰ ਦਿੱਤਾ।

## ਰਾਜ ਪੱਧਰੀ ਬਾਕਸਿੰਗ ਚੈਂਪੀਅਨਸ਼ਿਪ ਵਿੱਚ ਵਾਈ.ਐਸ. ਪਬਲਿਕ ਸਕੂਲ ਦੇ ਖਿਡਾਰੀ ਦਾ ਸ਼ਾਨਦਾਰ ਪ੍ਰਦਰਸ਼ਨ



ਬਰਨਾਲਾ, 31 ਜਨਵਰੀ (ਇਸ਼ੇਨ ਕੰਗ) : ਵਾਈਐਸ ਪਬਲਿਕ ਸਕੂਲ ਨੇ ਇੱਕ ਵਾਰ ਫਿਰ ਖੇਤਰ ਦਾ ਨਾਮ ਰੌਸ਼ਨ ਕੀਤਾ ਹੈ। ਸਕੂਲ ਦੇ ਇੱਕ ਹੋਣਹਾਰ ਵਿਦਿਆਰਥੀ ਨੇ ਸ੍ਰੀ ਸਾਹਿਬ ਵਿੱਚ ਆਯੋਜਿਤ ਜੂਨੀਅਰ ਰਾਜ ਪੱਧਰੀ ਬਾਕਸਿੰਗ ਚੈਂਪੀਅਨਸ਼ਿਪ ਵਿੱਚ ਸਿਲਵਰ ਤਮਗਾ ਜਿੱਤ ਕੇ ਸਕੂਲ ਨੂੰ ਮਾਨ ਦਿਵਾਇਆ। ਦੇਸ਼ ਦੇ ਟਾਪ 50 ਸਕੂਲਾਂ ਵਿੱਚ ਸ਼ਾਮਲ ਵਾਈਐਸ ਪਬਲਿਕ ਸਕੂਲ ਨੇ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਆਪਣੀ ਉੱਚਪੱਧਰੀ ਪਛਾਣ ਬਣਾਈ ਹੋਈ ਹੈ। ਵਾਈਐਸ ਪਬਲਿਕ ਸਕੂਲ ਦੇ ਉਭਰਦੇ ਹੋਏ ਮੁੱਕੇਬਾਜ਼ ਕਰਨਦੀਪ ਸਿੰਘ ਨੇ 50-52 ਕਿਲੋਗ੍ਰਾਮ ਭਾਰ ਵਰਗ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸਿਲਵਰ ਤਮਗਾ ਆਪਣੇ ਨਾਮ ਕੀਤਾ। ਆਪਣੀ ਕਾਬਲਿਅਤ, ਅਨੁਸ਼ਾਸਨ ਅਤੇ ਦ੍ਰਿੜ੍ਹ ਇਰਾਦੇ ਨਾਲ ਕਰਨਦੀਪ ਸਿੰਘ ਨੇ ਚੋਣਕਰਤਾਵਾਂ ਨੂੰ ਪ੍ਰਭਾਵਿਤ ਕੀਤਾ ਅਤੇ ਹੁਣ ਉਸ ਦੀ ਚੋਣ ਰਾਸ਼ਟਰੀ ਪੱਧਰ ਦੀ ਬਾਕਸਿੰਗ ਪ੍ਰਤੀਯੋਗਿਤਾ ਲਈ ਵੀ ਹੋ ਗਈ ਹੈ, ਜੋ ਉਸ ਦੇ ਖੇਡ ਜੀਵਨ ਦੀ ਇੱਕ ਵੱਡੀ ਉਪਲਬਧੀ ਹੈ। ਕਰਨਦੀਪ ਦੀ ਇਸ ਸਫਲਤਾ ਦੇ ਪਿੱਛੇ ਉਸ ਦੇ ਕੋਚ ਤੇਜਿੰਦਰ ਸਿੰਘ ਦੀ ਮਿਹਨਤ ਅਤੇ ਮਾਹਰ ਮਾਰਗਦਰਸ਼ਨ ਦਾ ਮਹੱਤਵਪੂਰਨ ਯੋਗਦਾਨ ਰਿਹਾ, ਜਿਸ ਨਾਲ ਨੌਜਵਾਨ ਖਿਡਾਰੀ ਦਾ ਪ੍ਰਦਰਸ਼ਨ ਨਿਖਰਿਆ। ਇਸ ਮੌਕੇ 'ਤੇ ਸਕੂਲ ਦੇ ਪ੍ਰਿੰਸੀਪਲ ਸ਼੍ਰੀ ਮੋਹਿਤ ਜਿੰਦਲ ਨੇ ਕਿਹਾ,ਸਾਨੂੰ ਕਰਨਦੀਪ ਸਿੰਘ ਦੀ ਇਸ ਸ਼ਾਨਦਾਰ ਉਪਲਬਧੀ 'ਤੇ ਬਹੁਤ ਮਾਣ ਹੈ। ਇਹ ਕਾਮਯਾਬੀ ਵਿਦਿਆਰਥੀ ਦੀ ਸਖ਼ਤ ਮਿਹਨਤ, ਕੋਚ ਦੀ ਨਿਸ਼ਠਾ ਅਤੇ ਵਾਈਐਸ ਪਬਲਿਕ ਸਕੂਲ ਦੀ ਮਜ਼ਬੂਤ ਖੇਡ ਸੰਸਕ੍ਰਿਤੀ ਨੂੰ ਦਰਸਾਉਂਦੀ ਹੈ। ਅਸੀਂ ਆਪਣੇ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਅੱਗੇ ਵਧਣ ਲਈ ਹਮੇਸ਼ਾ ਪ੍ਰੇਰਿਤ ਕਰਦੇ ਹਾਂ, ਕਿਉਂਕਿ ਖੇਡਾਂ ਨਾਲ ਚਰਿੱਤਰ, ਆਤਮ-ਵਿਸ਼ਵਾਸ ਅਤੇ ਅਗਵਾਈ ਵਾਲੇ ਗੁਣ ਵਿਕਸਿਤ ਹੁੰਦੇ ਹਨ। ਪ੍ਰਿੰਸੀਪਲ ਨੇ ਸਕੂਲ ਦੀਆਂ ਖੇਡ ਉਪਲਬਧੀਆਂ ਬਾਰੇ ਦੱਸਦੇ ਹੋਏ ਕਿਹਾ ਕਿ ਹੁਣ ਤੱਕ ਵਾਈਐਸ ਪਬਲਿਕ ਸਕੂਲ ਵੱਲੋਂ ਕੁੱਲ 6,695 ਤਮਗੇ ਜਿੱਤੇ ਜਾ ਚੁੱਕੇ ਹਨ, ਜਿਨ੍ਹਾਂ ਵਿੱਚ 127 ਰਾਸ਼ਟਰੀ ਪੱਧਰ ਦੇ ਤਮਗੇ ਸ਼ਾਮਲ ਹਨ। ਇਹ ਸਕੂਲ ਦੀ ਲਗਾਤਾਰ ਕਾਮਯਾਬੀ ਅਤੇ ਸੁਚੱਜੇ ਟ੍ਰੇਨਿੰਗ ਪ੍ਰੋਗਰਾਮਾਂ ਦਾ ਸਪੱਸ਼ਟ ਸਬੂਤ ਹੈ। ਵਾਈਐਸ ਪਬਲਿਕ ਸਕੂਲ ਪਰਿਵਾਰ ਨੇ ਕਰਨਦੀਪ ਸਿੰਘ ਨੂੰ ਇਸ ਉਪਲਬਧੀ ਲਈ ਵਧਾਈ ਦਿੱਤੀ ਅਤੇ ਰਾਸ਼ਟਰੀ ਪੱਧਰ 'ਤੇ ਸਕੂਲ ਅਤੇ ਰਾਜ ਦੀ ਨੁਮਾਇੰਦਗੀ ਕਰਨ ਲਈ ਉਸ ਨੂੰ ਚਮਕਦਾਰ ਭਵਿੱਖ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ, ਜੋ ਸਕੂਲ ਦੇ ਸਮੂਹਿਕ ਵਿਕਾਸ ਦੀ ਸੋਚ ਨੂੰ ਦੂਹਰਾਉਂਦੀਆਂ, ਪੜ੍ਹਾਈ ਵੀ, ਖੇਡਾਂ ਵੀ।

## ਕੌਮੀ ਕੌਸ਼ਲ ਨਿਪੁੰਨਤਾ ਫਰੇਮਵਰਕ ਸਕੀਮ ਤਹਿਤ ਇੱਕ ਰੋਜ਼ਾ ਵਿੱਦਿਅਕ ਟੂਰ



ਬਰਨਾਲਾ, 31 ਜਨਵਰੀ (ਸੁਖਵਿੰਦਰ ਸਿੰਘ ਭੰਡਾਰੀ) : ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੰਨਿਆ ਬਰਨਾਲਾ ਦੇ ਵਿਦਿਆਰਥੀਆਂ ਦਾ ਕੌਮੀ ਕੌਸ਼ਲ ਨਿਪੁੰਨਤਾ ਫਰੇਮ ਵਰਕ (ਐਨ ਐਸ ਕਿਊ ਐਫ) ਸਕੀਮ ਤਹਿਤ ਇੱਕ ਦਿਨਾਂ ਵਿੱਦਿਅਕ ਟੂਰ ਲਗਾਇਆ ਗਿਆ। ਪ੍ਰਿੰਸੀਪਲ ਵਿਨਸੀ ਜਿੰਦਲ , ਮੈਡਮ ਮਨਪ੍ਰੀਤ ਕੌਰ ਅਤੇ ਮੈਡਮ ਜਗਮੀਤ ਕੌਰ ਦੀ ਅਗਵਾਈ ਹੇਠ ਇਹ ਟੂਰ ਟਰਾਈਡੈਂਟ ਗਰੁੱਪ ਬਰਨਾਲਾ ਵਿਖੇ ਲਗਾਇਆ ਗਿਆ। ਇੰਸਟਰੱਕਟਰ ਮੈਡਮ ਜਗਮੀਤ ਕੌਰ ਨੇ ਦੱਸਿਆ ਕਿ ਇਹ ਟੂਰ ਪੰਜਾਬ ਸਰਕਾਰ ਅਤੇ ਸਿੱਖਿਆ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਲਗਾਇਆ ਗਿਆ ।ਜਿਸ ਵਿੱਚ ਪੂਰਾ ਟਾਵਲ ਪਲਾਂਟ ਦਿਖਾਇਆ ਗਿਆ ਜੋ ਵਿਦਿਆਰਥੀਆਂ ਲਈ ਲਾਹੇਵੰਦ ਰਿਹਾ ।ਮੌਕੇ ਤੇ ਸਰ ਅਮਰਿੰਦਰ ਸਿੰਘ ਮੰਡੇਰ ਸਕਿੱਲ ਕੋਆਰਡੀਨੇਟਰ ਅਤੇ ਪੁਸ਼ਪਾ ਹਾਜ਼ਰ ਸਨ।

## ਜੈ ਵਾਟਿਕਾ ਪਬਲਿਕ ਸਕੂਲ ਨੇ 21ਵੇਂ ਸਥਾਪਨਾ ਦਿਵਸ ਦੇ ਮੌਕੇ ਵਿਸ਼ੇਸ਼ ਪ੍ਰਾਰਥਨਾ ਸਭਾ ਕਰਵਾਈ



ਬਰਨਾਲਾ, 31 ਜਨਵਰੀ (ਇਸ਼ੇਨ ਕੰਗ) : ਜੈ ਵਾਟਿਕਾ ਪਬਲਿਕ ਸਕੂਲ, ਬਰਨਾਲਾ ਨੇ ਆਪਣੇ 21ਵੇਂ ਸਥਾਪਨਾ ਦਿਵਸ ਨੂੰ ਮਨਾਉਣ ਲਈ ਇੱਕ ਵਿਸ਼ੇਸ਼ ਪ੍ਰਾਰਥਨਾ ਸਭਾ ਦਾ ਆਯੋਜਨ ਕੀਤਾ। ਇਹ ਮੌਕਾ ਸਕੂਲ ਦੇ ਸ਼ਾਨਦਾਰ ਸਫ਼ਰ ਵਿੱਚ ਇੱਕ ਹੋਰ ਮਹੱਤਵਪੂਰਨ ਮੀਲ ਪੱਥਰ ਸੀ। ਪ੍ਰੋਗਰਾਮ ਦੀ ਸ਼ੁਰੂਆਤ ਸਵੇਰ ਦੀ ਪ੍ਰਾਰਥਨਾ ਨਾਲ ਹੋਈ। ਪ੍ਰੋਗਰਾਮ ਵਿੱਚ, ਸਾਰਿਆਂ ਨੇ ਸਕੂਲ ਦੀ ਨਿਰੰਤਰ ਤਰੱਕੀ ਅਤੇ ਸਫਲਤਾ ਲਈ ਪ੍ਰਮਾਤਮਾ ਦੇ ਆਸ਼ੀਰਵਾਦ ਲਈ ਪ੍ਰਾਰਥਨਾ ਕੀਤੀ। ਵਿਦਿਆਰਥੀਆਂ ਨੂੰ ਪ੍ਰੇਰਿਤ ਕਰਨ ਲਈ ਇੱਕ ਦਿਨ ਦਾ ਵਿਚਾਰ ਅਤੇ ਇੱਕ ਸ਼ਬਦਾਵਲੀ ਵੀ ਸਾਂਝੀ ਕੀਤੀ ਗਈ। ਇਸ ਤੋਂ ਬਾਅਦ, ਸਕੂਲ ਮੈਗਜ਼ੀਨ, ਪਿਨੈਕਲ, ਦਾ ਛੇਵਾਂ ਐਡੀਸ਼ਨ ਜਾਰੀ ਕੀਤਾ ਗਿਆ। ਇਸ ਮੌਕੇ ਤੇ ਵਿਦਿਆਰਥੀਆਂ ਨੇ ਆਤਮਵਿਸ਼ਵਾਸ ਅਤੇ ਸਿਰਜਣਾਤਮਕਤਾ ਦਾ ਪ੍ਰਦਰਸ਼ਨ ਕੀਤਾ, ਆਪਣੀਆਂ ਕਵਿਤਾਵਾਂ ਨੂੰ ਸੁੰਦਰ ਢੰਗ ਨਾਲ ਸੁਣਾਇਆ। ਇਸ ਤੋਂ ਬਾਅਦ ਇੱਕ ਰੰਗੀਨ ਨਾਚ ਪ੍ਰਦਰਸ਼ਨ ਕੀਤਾ ਗਿਆ, ਜਿਸ ਨੇ ਮਾਹੌਲ ਨੂੰ ਖੁਸ਼ੀ ਅਤੇ ਉਤਸ਼ਾਹ ਨਾਲ ਭਰ ਦਿੱਤਾ। ਸਕੂਲ ਅਧਿਆਪਕਾ ਪ੍ਰਦੀਪ ਕੌਰ ਵੱਲੋਂ ਪੇਸ਼ ਕੀਤੀ ਗਈ ਭਾਵੁਕ ਕਵਿਤਾ ਨੇ ਪ੍ਰੋਗਰਾਮ ਨੂੰ ਹੋਰ ਵੀ ਮਾਣ ਦਿੱਤਾ, ਜੋ ਅਧਿਆਪਕਾਂ ਦੇ ਸਮਰਪਣ ਅਤੇ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਪ੍ਰਤੀ ਉਨ੍ਹਾਂ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ। ਪ੍ਰੋਗਰਾਮ ਦਾ ਵਿਸ਼ੇਸ਼ ਆਕਰਸ਼ਣ ਜੋਸ਼ੀਲਾ ਭੰਗੜਾ ਪੇਸ਼ਕਾਰੀ ਸੀ, ਜਿਸਦੀ ਹਾਜ਼ਰ ਸਾਰੇ ਲੋਕਾਂ ਨੇ ਬਹੁਤ ਪ੍ਰਸ਼ੰਸਾ ਕੀਤੀ। ਕਿੰਡਰਗਾਰਟਨ ਦੇ ਬੱਚਿਆਂ ਲਈ ਇੱਕ ਖੇਡ ਕਾਰਨੀਵਲ ਨੇ ਜਸ਼ਨਾਂ ਵਿੱਚ ਵਾਧਾ ਕੀਤਾ। ਰੰਗੀਨ ਗਤੀਵਿਧੀਆਂ ਅਤੇ ਖੇਡਾਂ ਨੇ ਬੱਚਿਆਂ ਦੇ ਚਿਹਰਿਆਂ ਤੇ ਮੁਸਕਰਾਹਟ ਲਿਆਂਦੀ ਅਤੇ ਦਿਨ ਨੂੰ ਯਾਦਗਾਰੀ ਬਣਾ ਦਿੱਤਾ। ਇਸ ਮੌਕੇ ਸਕੂਲ ਡਾਇਰੈਕਟਰ ਸ਼੍ਰੀਮਤੀ ਵਨੀਸ਼ਾ ਬਾਂਸਲ ਨੇ ਆਪਣੇ ਪ੍ਰੇਰਨਾਦਾਇਕ ਸ਼ਬਦਾਂ ਵਿੱਚ ਵਿਦਿਆਰਥੀਆਂ ਨੂੰ ਆਪਣੇ ਫਰਜ਼ਾਂ ਨੂੰ ਚੰਗੀਆਂ ਕਦਰਾਂ-ਕੀਮਤਾਂ ਅਤੇ ਜ਼ਿੰਮੇਵਾਰੀ ਨਾਲ ਨਿਭਾਉਣ ਲਈ ਪ੍ਰੇਰਿਤ ਕੀਤਾ। ਅਤੇ ਆਪਣੀ ਸਖ਼ਤ ਮਿਹਨਤ, ਅਨੁਸ਼ਾਸਨ ਅਤੇ ਸਕਾਰਾਤਮਕ ਸੋਚ ਰਾਹੀਂ, ਵਿਦਿਆਰਥੀ ਸਫਲਤਾ ਪ੍ਰਾਪਤ ਕਰਦੇ ਹਨ। ਪ੍ਰੋਗਰਾਮ ਦਾ ਸਮਾਪਨ ਸਕੂਲ ਦੇ ਮਾਣਯੋਗ ਪ੍ਰਿੰਸੀਪਲ ਡਾ. ਪਰਵਿੰਦਰ ਕੌਰ ਦੇ ਪ੍ਰੇਰਨਾਦਾਇਕ ਭਾਸ਼ਣ ਨਾਲ ਹੋਇਆ। ਉਨ੍ਹਾਂ ਨੇ ਸੰਸਥਾਪਕਾਂ ਦੇ ਦ੍ਰਿਸ਼ਟੀਕੋਣ, ਸਾਲਾਂ ਦੌਰਾਨ ਸਕੂਲ ਦੀਆਂ ਪ੍ਰਾਪਤੀਆਂ, ਅਤੇ ਜੀਵਨ ਵਿੱਚ ਅਨੁਸ਼ਾਸਨ, ਸਮਰਪਣ ਅਤੇ ਵਚਨਬੱਧਤਾ ਦੀ ਮਹੱਤਤਾ ਬਾਰੇ ਦੱਸਿਆ। ਕਦਰਾਂ-ਕੀਮਤਾਂ ਦੀ ਮਹੱਤਤਾ ਨੂੰ ਉਜਾਗਰ ਕਰਦੇ ਹੋਏ, ਸਥਾਪਨਾ ਦਿਵਸ ਦੇ ਜਸ਼ਨ ਨੇ ਜੈ ਵਾਟਿਕਾ ਪਰਿਵਾਰ ਦੇ ਸਾਰੇ ਮੈਂਬਰਾਂ ਵਿੱਚ ਮਾਣ ਅਤੇ ਆਪਣਾਪਣ ਦੀ ਭਾਵਨਾ ਨੂੰ ਹੋਰ ਮਜ਼ਬੂਤ ਕੀਤਾ।



# ਪਟਿਆਲਾ-ਆਸ/ਪਾਸ



## ਡਾ. ਬਲਬੀਰ ਸਿੰਘ ਵੱਲੋਂ 'ਗੁਰੂ ਤੇਗ ਬਹਾਦਰ ਸਾਹਿਬ ਜੀ ਅਧਿਐਨ: ਸਰਵੇਖਣ ਤੇ ਮੁਲਾਂਕਣ' ਕਿਤਾਬ ਰਿਲੀਜ਼




ਪਟਿਆਲਾ, 31 ਜਨਵਰੀ (ਚ.ਨ.ਸ.): ਪੰਜਾਬੀ ਯੂਨੀਵਰਸਿਟੀ ਪਟਿਆਲਾ ਵਲੋਂ ਕਰਵਾਈ ਗਈ 37ਵੀਂ ਪੰਜਾਬੀ ਵਿਕਾਸ ਕਾਨਫਰੰਸ ਵਿਚ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਵਲੋਂ 'ਗੁਰੂ ਤੇਗ ਬਹਾਦਰ ਸਾਹਿਬ ਜੀ ਅਧਿਐਨ:ਸਰਵੇਖਣ ਅਤੇ ਮੁਲਾਂਕਣ ਕਿਤਾਬ ਰੀਲੀਜ਼ ਕੀਤੀ ਗਈ। ਇਸ ਮੌਕੇ ਉਨ੍ਹਾਂ ਕਿਹਾ ਪੰਜਾਬੀ ਯੂਨੀਵਰਸਿਟੀ ਪਟਿਆਲਾ ਪੰਜਾਬੀ ਵਿਕਾਸ ਅਤੇ ਧਰਮ ਅਧਿਐਨ ਦੇ ਖੇਤਰ ਵਿਚ ਲਗਾਤਰ ਯੋਗਦਾਨ ਪਾ ਰਹੀ ਹੈ। ਪੰਜਾਬੀ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਜਗਦੀਪ ਸਿੰਘ ਨੇ ਦਸਿਆ ਕਿ ਗੁਰੂ ਗੋਬਿੰਦ ਸਿੰਘ ਧਰਮ ਅਧਿਐਨ ਵਿਭਾਗ ਵਿਚ ਭਾਰਤ ਸਰਕਾਰ ਦੇ ਸਭਿਆਚਾਰਕ ਮੰਤਰਾਲੇ ਵਲੋਂ ਪ੍ਰਾਪਤ ਗ੍ਰਾਂਟ ਨਾਲ ਸਥਾਪਿਤ ਗੁਰੂ ਗੋਬਿੰਦ ਸਿੰਘ ਚੇਅਰ ਵਲੋਂ ਨਿਰੰਤਰ ਖੋਜ ਕਾਰਜ ਕੀਤੇ ਜਾ ਰਹੇ ਹਨ।

ਇਸ ਚੇਅਰ ਵਲੋਂ ਗੁਰੂ ਤੇਗ ਬਹਾਦਰ ਜੀ ਦੇ 400ਵੇਂ ਪਕਾਸ਼ ਪੁਰਬ ਮੌਕੇ ਗੁਰੂ ਤੇਗ ਬਹਾਦਰ ਜੀ ਸੰਬੰਧੀ ਹੋਏ ਅਧਿਐਨ ਦਾ ਸਰਵੇਖਣ ਅਤੇ ਮੁਲਾਂਕਣ ਕਰਨ ਲਈ ਖੋਜ ਕਾਰਜ ਆਰੰਭ ਕੀਤਾ ਗਿਆ ਸੀ। ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਦੇ 350ਵੇਂ ਵਰ੍ਹੇ ਵਿਚ ਇਸ ਦਾ ਪ੍ਰਾਜੈਕਟ ਦਾ ਦੂਜਾ ਭਾਗ ਸੰਪੂਰਨ ਹੋਇਆ ਹੈ। ਗੁਰੂ ਗੋਬਿੰਦ ਸਿੰਘ ਚੇਅਰ ਦੇ ਪ੍ਰੋ. ਇੰਚਾਰਜ ਡਾ. ਗੁਰਮੀਤ ਸਿੰਘ ਸਿੱਧੂ ਨੇ ਦਸਿਆ ਕਿ ਪਿਛਲੇ ਪੰਜ ਸਾਲ ਵੱਖ-ਵੱਖ ਲਾਇਬ੍ਰੇਰੀਆਂ ਤੋਂ ਜਾਣਕਾਰੀ ਇਕੱਠੀ ਕਰਨ ਉਪਰੰਤ ਗੁਰੂ ਤੇਗ ਬਹਾਦਰ ਜੀ ਨਾਲ ਸੰਬੰਧਤ ਹਰ ਪੁਸਤਕ ਦਾ ਅਧਿਐਨ ਕੀਤਾ ਗਿਆ ਹੈ। ਇਸ ਪੁਸਤਕ ਦੇ ਦੋ ਭਾਗਾਂ ਵਿਚ ਗੁਰੂ ਤੇਗ ਬਹਾਦਰ ਜੀ ਦੀ ਬਾਣੀ ਦੇ ਸੰਦੇਸ਼ ਅਤੇ ਗੁਰੂ ਤੇਗ ਬਹਾਦਰ ਜੀ ਵਲੋਂ ਮਨੁੱਖਤਾ ਦੀ ਭਲਾਈ ਲਈ ਕੀਤੇ ਕਾਰਜਾਂ ਅਤੇ ਇਨ੍ਹਾਂ ਦੀ ਸ਼ਹਾਦਤ ਦੇ ਵਿਭਿੰਨ ਪਾਸਾਰਾਂ ਸੰਬੰਧੀ ਹੋਏ ਅਧਿਐਨ ਦਾ ਸਰਵੇਖਣ, ਨਿਰੀਖਣ ਅਤੇ ਮੁਲਾਂਕਣ ਵਿਦਾਵਾਨਾਂ ਅਤੇ ਖੋਜੀਆਂ ਲਈ ਇਸ ਖੇਤਰ ਵਿਚ ਹੋਰ ਕਾਰਜ ਕਰਨ ਸਹਾਈ ਹੋਵੇਗਾ।

## ਭਗਤ ਰਵਿਦਾਸ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਨਗਰ ਕੀਰਤਨ ਸਜਾਇਆ



ਸਮਾਣਾ, 31 ਜਨਵਰੀ (ਵਿਜੇ ਕੁਮਾਰ) ਸ਼੍ਰੀ ਗੁਰੂ ਰਵਿਦਾਸ ਜੀ ਦੇ 649ਵੇਂ ਜਨਮ ਦਿਹਾੜੇ ਨੂੰ ਸਮਰਪਿਤ ਸਥਾਨਕ ਗੁਰਦੁਆਰਾ ਬਾਬਾ ਸੰਗਤ ਸਿੰਘ ਨਵੀ ਸਰਾਂਪੱਤੀ ਤੋਂ ਇਕ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਇਸ ਨਗਰ ਕੀਰਤਨ ਦੌਰਾਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਨੂੰ ਫੁੱਲਾਂ ਨਾਲ ਸਜੀ ਸੁੰਦਰ ਪਾਲਕੀ ਵਿਚ ਸੁਸ਼ੋਭਿਤ ਕੀਤਾ ਗਿਆ ਅਤੇ ਨਗਰ ਕੀਰਤਨ ਦੀ ਅਗਵਾਈ ਪੰਜ ਪਿਆਰੇ ਕਰ ਰਹੇ ਸਨ। ਨਗਰ ਕੀਰਤਨ ਸ਼ਹਿਰ ਦੇ ਵੱਖ-ਵੱਖ ਬਜ਼ਾਰਾ ਵਿਚੋਂ ਗੁਜਰਦਾ ਹੋਇਆ ਗੁਰਦੁਆਰਾ ਨਵੀਂ ਸਰਾਂਪਤੀ ਵਿਖੇ ਸੰਪੰਨ ਹੋਇਆ। ਇਸ ਮੌਕੇ ਸਕੂਲੀ ਬੱਚਿਆਂ, ਫੌਜੀ ਬੈਂਡ ਨੇ ਵੀ ਨਗਰ ਕੀਰਤਨ ਦੀ ਰੌਣਕ ਵਧਾਈ ਹੋਈ ਸੀ ਅਤੇ ਰਸਤੇ ਵਿਚ ਸਵਾਗਤੀ ਗੇਟ ਵੀ ਲਗਾਏ ਹੋਏ ਸਨ। ਨਗਰ ਕੀਰਤਨ 'ਚ ਵਿਧਾਇਕ ਰਾਜਿੰਦਰ ਸਿੰਘ, ਪਰਮਜੀਤ ਸਿੰਘ, ਕੌਂਸਲਰ ਹਰਪ੍ਰੀਤ ਸਿੰਘ ਕੁੱਕਾ, ਗੁਰਜੀਤ ਬੱਲੀ, ਰਮਨ ਕੁਮਾਰ, ਰਾਜਿੰਦਰ ਸਿੰਘ, ਨਰਿੰਦਰ ਸਿੰਘ, ਸੰਦੀਪ ਸਿੰਘ, ਮੇਲੋ ਮਾਤਾ, ਐਡਵੋਕੇਟ ਜਸਵੀਰ ਸਿੰਘ, ਧਰਮਪਾਲ, ਸਤੀਸ਼ ਅਨੇਜਾ, ਸੁਰੇਸ਼ ਕੁਮਾਰ, ਰਾਮ, ਜੱਸਾ ਚੱਕੀ ਵਾਲਾ, ਗੁਰਪ੍ਰੀਤ ਸਿੰਘ, ਲਖਵਿੰਦਰ ਸਿੰਘ ਬੱਗਾ, ਹੀਰਾ ਜੈਨ, ਦੀਪੂ ਬਾਲੀ ਆਦਿ ਵੀ ਸ਼ਾਮਲ ਸਨ। ਸ਼੍ਰੀ ਗੁਰੂ ਰਵਿਦਾਸ ਨੌਜਵਾਨ ਸੁਸਾਇਟੀ, ਲੁਹਾਰਾ ਬਜ਼ਾਰ ਵੱਲੋਂ ਪਾਲ ਚੰਦ ਭੱਟੀ, ਰਿੰਪਲ ਕੁਮਾਰ, ਪਰਮਿੰਦਰ ਬਿੱਟੂ, ਮਨਜੀਤ ਸਿੰਘ ਜੇ.ਈ., ਸੁਰੇਸ਼ ਕੁਮਾਰ, ਦੇਸ ਰਾਜ, ਹੀਰਾ ਲਾਲ, ਪ੍ਰਿੰਸ ਕੁਮਾਰ, ਰਿੰਕੂ ਕੁਮਾਰ ਤੇ ਗੋਪੀ ਵੱਲੋਂ ਜਿਥੇ ਨਗਰ ਕੀਰਤਨ ਦਾ ਨਿੱਘਾ ਸਵਾਗਤ ਕਰਦਿਆਂ ਫੱਲ ਫਰੂੱਟ ਵੰਡਿਆ, ਉਥੇ ਹੀ ਪੰਜ ਪਿਆਰਿਆਂ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਿਤ ਵੀ ਕੀਤਾ ਗਿਆ।

## ਨਗਰ ਨਿਗਮ ਦੇ ਸੰਯੁਕਤ ਕਮਿਸ਼ਨਰ ਵੱਲੋਂ ਤ੍ਰਿਪੜੀ ਇਲਾਕੇ ਵਿੱਚ ਸਾਫ਼-ਸਫ਼ਾਈ ਤੇ ਕੂੜਾ ਪ੍ਰਬੰਧਨ ਦੀ ਅਚਨਚੇਤ ਚੈਕਿੰਗ



ਪਟਿਆਲਾ, 31 ਜਨਵਰੀ (ਚ.ਨ.ਸ.): ਨਗਰ ਨਿਗਮ ਦੇ ਸੰਯੁਕਤ ਕਮਿਸ਼ਨਰ ਦੀਪਜੋਤ ਕੌਰ ਨੇ ਤ੍ਰਿਪੜੀ ਏਰੀਏ ਵਿੱਚ ਸਾਫ਼-ਸਫ਼ਾਈ ਤੇ ਕੂੜਾ ਪ੍ਰਬੰਧਨ ਦੀ ਅਚਨਚੇਤ ਚੈਕਿੰਗ ਕੀਤੀ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਮੇਅਰ ਕੁੰਦਨ ਗੋਗੀਆ ਤੇ ਨਗਰ ਨਿਗਮ ਕਮਿਸ਼ਨਰ ਪਰਮਜੀਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਮੁਤਾਬਕ ਇਸ ਨਿਰੀਖਣ ਦਾ ਮੁੱਖ ਉਦੇਸ਼ ਇਸ ਇਲਾਕੇ ਵਿੱਚ ਸਫਾਈ ਵਿਵਸਥਾ ਦੀ ਸਮੀਖਿਆ ਕਰਨਾ ਅਤੇ ਕੂੜਾ ਪ੍ਰਬੰਧਨ ਸਬੰਧੀ ਕੀਤੇ ਜਾ ਰਹੇ ਉਪਰਾਲਿਆਂ ਦੀ ਜਾਂਚ ਕਰਨਾ ਸੀ।

ਦੀਪਜੋਤ ਕੌਰ ਨੇ ਦੱਸਿਆ ਕਿ ਇਸ ਚੈਕਿੰਗ ਦੌਰਾਨ ਖਾਸ ਤੌਰ 'ਤੇ ਏਰੀਏ ਦੀ ਸਾਫ਼-ਸਫਾਈ, ਘਰਾਂ ਤੋਂ ਕੂੜਾ ਇਕੱਠਾ ਕਰਨ ਦੀ ਪ੍ਰਕਿਰਿਆ ਤੇ ਕੂੜੇ ਨੂੰ ਵੱਖੋ-ਵੱਖ ਕਰਨ 'ਤੇ ਧਿਆਨ ਦਿੱਤਾ ਗਿਆ। ਉਨ੍ਹਾਂ ਨੇ ਮੌਕੇ 'ਤੇ ਮੌਜੂਦ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਜ਼ਿੰਮੇਵਾਰੀ ਨੂੰ ਸਮਝਦੇ ਹੋਏ ਗਿੱਲਾ ਤੇ ਸੁੱਕਾ ਕੂੜਾ ਵੱਖ-ਵੱਖ ਕਰਕੇ ਹੀ ਕੂੜਾ ਦੀ ਰੇਹੜੀ ਵਾਲੇ ਨੂੰ ਸੌਂਪਣ। ਦੀਪਜੋਤ ਕੌਰ ਨੇ ਇਸ ਦੇ ਨਾਲ ਹੀ ਲੋਕਾਂ ਨੂੰ ਸਖ਼ਤ ਵੀ ਹਦਾਇਤ ਦਿੱਤੀ ਕਿ ਕੂੜੇ ਨੂੰ ਖੁੱਲ੍ਹੇ ਵਿੱਚ ਨਾ ਸੁੱਟਿਆ ਜਾਵੇ ਤੇ ਆਪਣੇ ਆਲੇ-ਦੁਆਲੇ ਸਾਫ਼-ਸੁਥਰਾ ਵਾਤਾਵਰਨ ਬਣਾਈ ਰੱਖਣ ਵਿੱਚ ਨਗਰ ਨਿਗਮ ਦਾ ਸਹਿਯੋਗ ਕੀਤਾ ਜਾਵੇ।ਸੰਯੁਕਤ ਕਮਿਸ਼ਨਰ ਨੇ ਕਿਹਾ ਕਿ ਨਗਰ ਨਿਗਮ ਪਟਿਆਲਾ ਵੱਲੋਂ ਸਾਫ਼-ਸਫਾਈ ਅਤੇ ਸੈਗਰੀਗੇਸ਼ਨ ਨੂੰ ਲਾਗੂ ਕਰਨ ਲਈ ਨਿਯਮਤ ਤੌਰ 'ਤੇ ਅਜਿਹੀਆਂ ਚੈਕਿੰਗਾਂ ਜਾਰੀ ਰਹਿਣਗੀਆਂ। ਉਨ੍ਹਾਂ ਦੱਸਿਆ ਕਿ ਨਗਰ ਨਿਗਮ ਦਾ ਮਕਸਦ ਸ਼ਹਿਰ ਨੂੰ ਸਾਫ਼, ਸੁੰਦਰ ਤੇ ਸਿਹਤਮੰਦ ਬਣਾਉਣਾ ਹੈ, ਜਿਸ ਲਈ ਨਾਗਰਿਕਾਂ ਦੀ ਸਹਿਯੋਗ ਬਹੁਤ ਜ਼ਰੂਰੀ ਹੈ।ਚੈਕਿੰਗ ਦੌਰਾਨ ਸੈਨੀਟੇਸ਼ਨ ਅਫ਼ਸਰ ਨਵਦੀਪ ਸ਼ਰਮਾ, ਏਰੀਏ ਦੇ ਸੈਨੇਟਰੀ ਇੰਸਪੈਕਟਰ ਹਰਵਿੰਦਰ ਸਿੰਘ, ਜਗਤਾਰ ਸਿੰਘ ਤੇ ਮੋਹਿਤ ਜਿੰਦਲ ਤੇ ਏਰੀਏ ਦੇ ਕੂੜਾ ਚੁੱਕਣ ਵਾਲੇ ਵੀ ਮੌਜੂਦ ਸਨ। ਟੀਮ ਨੇ ਸੜਕਾਂ, ਗਲੀਆਂ, ਸਰਵਜਨਕ ਥਾਵਾਂ ਤੇ ਕੂੜਾ ਇਕੱਠਾ ਕਰਨ ਦੇ ਪ੍ਰਬੰਧਾਂ ਦੀ ਗੰਭੀਰਤਾ ਨਾਲ ਜਾਂਚ ਕੀਤੀ।

## ਪਿੰਡ ਉਪਲੀ ਤੇ ਜਲਾਲਪੁਰ ਦੇ ਸੈਂਕੜੇ ਪਰਿਵਾਰ ਰਵਾਇਤੀ ਪਾਰਟੀਆਂ ਛੱਡ 'ਆਪ' ਵਿੱਚ ਸ਼ਾਮਲ



ਭੁਨਰਹੇੜੀ, 31 ਜਨਵਰੀ (ਗੁਰਜੀਤ ਸਿੰਘ ਢੋਟ) : ਹਲਕਾ ਸਨੌਰ ਵਿੱਚ ਆਮ ਆਦਮੀ ਪਾਰਟੀ ਨੂੰ ਉਸ ਸਮੇਂ ਵੱਡੀ ਮਜ਼ਬੂਤੀ ਮਿਲੀ ਜਦੋਂ ਪਿੰਡ ਉਪਲੀ ਅਤੇ ਜਲਾਲਪੁਰ ਵਿਖੇ ਕਰਵਾਏ ਗਏ ਪ੍ਰਭਾਵਸ਼ਾਲੀ ਸਮਾਗਮਾਂ ਦੌਰਾਨ ਸੈਂਕੜੇ ਲੋਕਾਂ ਨੇ ਰਵਾਇਤੀ ਪਾਰਟੀਆਂ ਦਾ ਪੱਲਾ ਛੱਡ ਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਆਂ ਲੋਕ-ਪੱਖੀ ਨੀਤੀਆਂ ਵਿੱਚ ਵਿਸ਼ਵਾਸ ਪ੍ਰਗਟਾਇਆ। ਹਲਕਾ ਇੰਚਾਰਜ ਸਨੌਰ ਰਣਜੋਧ ਸਿੰਘ ਹਡਾਨਾ ਨੇ ਨਵੇਂ ਸ਼ਾਮਲ ਹੋਏ ਮੈਂਬਰਾਂ ਦਾ ਪਾਰਟੀ ਵਿੱਚ ਸਵਾਗਤ ਕੀਤਾ। ਇਸ ਮੌਕੇ ਹਲਕੇ ਦੀ ਸਮੁੱਚੀ ਲੀਡਰਸ਼ਿਪ, ਬਲਾਕ ਪ੍ਰਧਾਨ, ਸਰਪੰਚ ਤੇ ਵੱਡੀ ਗਿਣਤੀ ਵਿੱਚ ਪਾਰਟੀ ਅਹੁਦੇਦਾਰ ਤੇ ਵਰਕਰ ਮੌਜੂਦ ਸਨ।

ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਰਣਜੋਧ ਸਿੰਘ ਹਡਾਨਾ ਨੇ ਕਿਹਾ ਕਿ ਪੰਜਾਬ ਦੀ ਮੌਜੂਦਾ ਸਰਕਾਰ ਨੇ ਪਿਛਲੇ ਕੁਝ ਸਮੇਂ ਵਿੱਚ ਜੋ ਇਤਿਹਾਸਕ ਫੈਸਲੇ ਲਏ ਹਨ, ਉਨ੍ਹਾਂ ਕਾਰਨ ਅੱਜ ਪੰਜਾਬ ਦਾ ਹਰ ਵਰਗ 'ਆਪ' ਨਾਲ ਜੁੜ ਰਿਹਾ ਹੈ। ਉਨ੍ਹਾਂ ਕਿਹਾ ਕਿ ਮੁਫ਼ਤ ਬਿਜਲੀ, ਮੁਹੱਲਾ ਕਲੀਨਿਕ, ਸਕੂਲ ਆਫ ਐਮੀਨੈਂਸ ਤੇ ਭ੍ਰਿਸ਼ਟਾਚਾਰ ਮੁਕਤ ਪ੍ਰਸ਼ਾਸਨ ਨੇ ਲੋਕਾਂ ਦੇ ਦਿਲ ਜਿੱਤ ਲਏ ਹਨ।

ਹਡਾਨਾ ਨੇ ਕਿਹਾ ਕਿ ਪਹਿਲਾਂ ਦੀਆਂ ਸਰਕਾਰਾਂ ਨੇ ਸਿਰਫ਼ ਵੋਟਾਂ ਵੇਲੇ ਹੀ ਲੋਕਾਂ ਨੂੰ ਯਾਦ ਕੀਤਾ ਸੀ, ਪਰ ਆਮ ਆਦਮੀ ਪਾਰਟੀ ਹਰ ਰੋਜ਼ ਲੋਕਾਂ ਦੇ ਦਰਵਾਜ਼ੇ 'ਤੇ ਸਰਕਾਰੀ ਸੇਵਾਵਾਂ ਮੁਹੱਈਆ ਕਰਵਾ ਰਹੀ ਹੈ। ਸਮਾਗਮ ਦੌਰਾਨ ਪਿੰਡ ਵਾਸੀਆਂ ਨੇ ਰਣਜੋਧ ਸਿੰਘ ਹਡਾਨਾ ਦਾ ਭਰਵਾਂ ਸਵਾਗਤ ਕੀਤਾ ਅਤੇ ਪਿੰਡ ਦੇ ਵਿਕਾਸ ਕਾਰਜਾਂ ਲਈ ਉਨ੍ਹਾਂ ਦੀ ਸ਼ਲਾਘਾ ਕੀਤੀ। ਸ਼ਾਮਲ ਹੋਣ ਵਾਲੇ ਲੋਕਾਂ ਨੇ ਕਿਹਾ ਕਿ ਉਹ ਸਰਕਾਰ ਦੇ ਲੋਕ ਪੱਖੀ ਕੰਮ ਤੇ ਹਡਾਨਾ ਜੀ ਦੀ ਕਾਰਜਸ਼ੈਲੀ ਤੋਂ ਪ੍ਰਭਾਵਿਤ ਹੋ ਕੇ ਪਾਰਟੀ ਨਾਲ ਜੁੜੇ ਹਨ।

## ਰਣਜੋਧ ਹਡਾਣਾ ਨੇ ਹਲਕਾ ਸਨੌਰ ਦੇ ਪਿੰਡ ਜਲਾਹਖੇੜੀ ਵਿਖੇ ਸਿਹਤ ਬੀਮਾ ਕਾਰਡ ਬਣਾਉਣ ਦੇ ਕੰਮਾਂ ਦਾ ਕੀਤਾ ਨਿਰੀਖਣ

### ਸਿਹਤ ਪੱਖੀ ਸੇਵਾਵਾਂ 'ਆਪ' ਦੀ ਪਹਿਲੀ ਤਰਜੀਹ: ਹਡਾਣਾ



ਦੇਵੀਗੜ੍ਹ, 31 ਜਨਵਰੀ (ਗੁਰਜੀਤ ਸਿੰਘ ਢੋਟ) : ਹਲਕੇ ਸਨੌਰ ਦੇ ਇੰਚਾਰਜ ਰਣਜੋਧ ਸਿੰਘ ਹਡਾਨਾ ਨੇ ਪਿੰਡ ਜਲਾਹਖੇੜੀ ਵਿਖੇ ਪੰਜਾਬ ਸਰਕਾਰ ਵੱਲੋਂ ਸਿਹਤ ਪੱਖੀ ਸੇਵਾਵਾਂ ਪ੍ਰਤੀ ਪਹਿਲਕਦਮੀ ਕਰਦਿਆਂ ਸਿਹਤ ਬੀਮਾ ਕਾਰਡ ਬਣਾਉਣ ਦੇ ਕੰਮਾਂ ਦਾ ਨਰੀਖਣ ਕੀਤਾ। ਇਸ ਦੌਰਾਨ ਉਨ੍ਹਾਂ ਨੇ ਸਬੰਧਤ ਅਧਿਕਾਰੀਆਂ ਅਤੇ ਕਰਮਚਾਰੀਆਂ ਨਾਲ ਗੱਲਬਾਤ ਕਰਕੇ ਕੰਮ ਦੀ ਪ੍ਰਗਤੀ ਬਾਰੇ ਜਾਣਕਾਰੀ ਹਾਸਲ ਕੀਤੀ ਅਤੇ ਲੋਕਾਂ ਨਾਲ ਗੱਲਬਾਤ ਕਰਕੇ ਫੀਡਬੈਕ ਲਿਆ। ਇਸ ਮੌਕੇ ਗੁਰਮੇਲ ਸਿੰਘ ਹਲਕਾ ਕੋਆਰਡੀਨੇਟਰ ਕਿਸਾਨ ਵਿੰਗ, ਗੁਰਮੀਤ ਸਿੰਘ ਸਰਪੰਚ, ਰਾਜਾ ਧੰਜੂ ਸੀਨੀਅਰ 'ਆਪ' ਆਗੂ, ਗੁਰਤੇਜ ਬਾਜਵਾ ਬਲਾਕ ਪ੍ਰਧਾਨ, ਹਰਪ੍ਰੀਤ ਘੁਮਾਣ ਬਲਾਕ ਪ੍ਰਧਾਨ, ਸੁਰਿੰਦਰ ਸਿੰਘ ਸ਼ਿੰਦਾ ਬਲਾਕ ਪ੍ਰਧਾਨ, ਅਮਰ ਸੰਘੇੜਾ ਪ੍ਰਧਾਨ ਯੂਥ ਵਿੰਗ, ਸਿਮਰਜੀਤ ਸਿੰਘ ਸੋਹਲ ਮੈਂਬਰ ਬਲਾਕ ਸਮਿਤੀ , ਓਂਕਾਰ ਸਿੰਘ, ਰੁਪਿੰਦਰ ਸਿੰਘ ਰੂਪੀ, ਲਾਲੀ ਰਹਿਲ ਪੀ ਏ, ਪੰਕਜ ਸ਼ਰਮਾ ਮੀਡੀਆ ਟੀਮ, ਜਗਪ੍ਰੀਤ ਅਤੇ ਪਿੰਡ ਵਾਸੀ ਵਿਸ਼ੇਸ਼ ਤੌਰ ਤੇ ਮੌਜੂਦ ਸਨ। ਰਣਜੋਧ ਸਿੰਘ ਹਡਾਨਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਪਹਿਲੀ ਅਤੇ ਸਭ ਤੋਂ ਵੱਡੀ ਤਰਜ਼ੀਹ ਲੋਕਾਂ ਨੂੰ ਬਿਹਤਰ, ਸਸਤੀ ਅਤੇ ਸੁਲਭ ਸਿਹਤ ਸੇਵਾਵਾਂ ਮੁਹੱਈਆ ਕਰਵਾਉਣਾ ਹੈ। ਉਨ੍ਹਾਂ ਦੱਸਿਆ ਕਿ ਸਿਹਤ ਬੀਮਾ ਕਾਰਡ ਰਾਹੀਂ ਆਮ ਲੋਕਾਂ ਨੂੰ ਮਹਿੰਗੇ ਇਲਾਜ ਤੋਂ ਵੱਡੀ ਰਾਹਤ ਮਿਲ ਰਹੀ ਹੈ ਅਤੇ ਇਹ ਕਾਰਡ ਹਰੇਕ ਯੋਗ ਪਰਿਵਾਰ ਤੱਕ ਪਹੁੰਚਾਉਣਾ ਸਰਕਾਰ ਦਾ ਮੁੱਖ ਲਕਸ਼ ਹੈ।

ਹਡਾਨਾ ਨੇ ਕਿਹਾ ਕਿ ਸਿਹਤ ਬੀਮਾ ਕਾਰਡ ਨਾਲ ਲੋਕ ਸਰਕਾਰੀ ਤੇ ਨਿੱਜੀ ਹਸਪਤਾਲਾਂ ਵਿੱਚ 10 ਲੱਖ ਤੱਕ ਮੁਫ਼ਤ ਦਾ ਇਲਾਜ ਕਰਵਾ ਸਕਦੇ ਹਨ, ਜਿਸ ਨਾਲ ਗਰੀਬ ਅਤੇ ਮੱਧ ਵਰਗ ਦੇ ਪਰਿਵਾਰਾਂ ਨੂੰ ਵੱਡਾ ਫਾਇਦਾ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਸਿਹਤ ਸੇਵਾਵਾਂ ਨੂੰ ਨਜ਼ਰਅੰਦਾਜ਼ ਕੀਤਾ, ਪਰ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸਿਹਤ ਨੂੰ ਮੂਲ ਅਧਿਕਾਰ ਵਜੋਂ ਲੈਂਦੇ ਹੋਏ ਕਈ ਇਤਿਹਾਸਕ ਕਦਮ ਚੁੱਕੇ ਹਨ। ਨਰੀਖਣ ਦੌਰਾਨ ਹਡਾਨਾ ਨੇ ਹਦਾਇਤ ਕੀਤੀ ਕਿ ਸਿਹਤ ਬੀਮਾ ਕਾਰਡ ਬਣਾਉਣ ਦੀ ਪ੍ਰਕਿਰਿਆ ਨੂੰ ਹੋਰ ਤੇਜ਼ ਅਤੇ ਪਾਰਦਰਸ਼ੀ ਬਣਾਇਆ ਜਾਵੇ, ਤਾਂ ਜੋ ਕਿਸੇ ਵੀ ਯੋਗ ਵਿਅਕਤੀ ਨੂੰ ਇਸ ਸਕੀਮ ਤੋਂ ਵਾਂਝਾ ਨਾ ਰਹਿਣਾ ਪਵੇ। ਉਨ੍ਹਾਂ ਨੇ ਕਿਹਾ ਕਿ ਪਿੰਡਾਂ ਵਿੱਚ ਖਾਸ ਕਰਕੇ ਬਜ਼ੁਰਗਾਂ ਅਤੇ ਗਰੀਬ ਵਰਗ ਦੇ ਲੋਕਾਂ ਨੂੰ ਫਾਰਮ ਭਰਨ ਅਤੇ ਦਸਤਾਵੇਜ਼ੀ ਕਾਰਵਾਈ ਵਿੱਚ ਪੂਰਾ ਸਹਿਯੋਗ ਦਿੱਤਾ ਜਾਵੇ।

ਹਡਾਨਾ ਨੇ ਲੋਕਾਂ ਨਾਲ ਸਿੱਧੀ ਗੱਲਬਾਤ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਸਿਰਫ਼ ਵਾਅਦੇ ਨਹੀਂ ਕਰਦੀ, ਸਗੋਂ ਜ਼ਮੀਨੀ ਪੱਧਰ 'ਤੇ ਕੰਮ ਕਰਕੇ ਨਤੀਜੇ ਦਿਖਾਉਂਦੀ ਹੈ। ਉਨ੍ਹਾਂ ਕਿਹਾ ਕਿ ਸਿਹਤ, ਸਿੱਖਿਆ, ਬਿਜਲੀ, ਪਾਣੀ ਅਤੇ ਰੁਜ਼ਗਾਰ ਵਰਗੇ ਮੁੱਦਿਆਂ 'ਤੇ ਸਰਕਾਰ ਲਗਾਤਾਰ ਕੰਮ ਕਰ ਰਹੀ ਹੈ ਅਤੇ ਇਸ ਦਾ ਸਿੱਧਾ ਲਾਭ ਆਮ ਲੋਕਾਂ ਤੱਕ ਪਹੁੰਚ ਰਿਹਾ ਹੈ।ਇਸ ਮੌਕੇ ਪਿੰਡ ਵਾਸੀਆਂ ਨੇ ਵੀ ਸਿਹਤ ਬੀਮਾ ਕਾਰਡ ਸਕੀਮ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਇਸ ਨਾਲ ਉਨ੍ਹਾਂ ਨੂੰ ਇਲਾਜ ਸਬੰਧੀ ਵੱਡੀ ਸਹੂਲਤ ਮਿਲੇਗੀ। ਉਨ੍ਹਾਂ ਨੇ ਰਣਜੋਧ ਸਿੰਘ ਹਡਾਨਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਹਮੇਸ਼ਾ ਹਲਕੇ ਦੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਗੰਭੀਰਤਾ ਨਾਲ ਲੈਂਦੇ ਹਨ ਅਤੇ ਹਕੀਕਤ ਵਿੱਚ ਕੰਮਾਂ ਦੀ ਨਿਗਰਾਨੀ ਕਰਦੇ ਹਨ। ਅੰਤ ਵਿੱਚ ਹਡਾਨਾ ਨੇ ਭਰੋਸਾ ਦਿਵਾਇਆ ਕਿ ਹਲਕਾ ਸਨੌਰ ਦੇ ਹਰ ਪਿੰਡ ਅਤੇ ਹਰ ਪਰਿਵਾਰ ਤੱਕ ਸਰਕਾਰੀ ਯੋਜਨਾਵਾਂ ਦਾ ਲਾਭ ਪਹੁੰਚਾਉਣ ਲਈ ਉਹ ਲਗਾਤਾਰ ਯਤਨ ਕਰਦੇ ਰਹਿਣਗੇ ਤਾਂ ਜੋਂ ਸਿਹਤ ਪੱਖੀ ਸੇਵਾਵਾਂ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ।

## ਜੀਵਨ ਸ਼ੈਲੀ ਦਾ ਅਨੰਦ ਲੈਣਾ ਚਾਹੁੰਦੇ ਹਾਂ ਤਾਂ ਸ਼੍ਰੀ ਕ੍ਰਿਸ਼ਨ ਭਗਵਾਨ ਦੀ ਸ਼ਰਨ 'ਚ ਆਓ : ਰਾਮ ਮ੍ਰਦੁਲ ਸ਼ਾਸਤਰੀ



ਸਮਾਣਾ, 31 ਜਨਵਰੀ (ਵਿਜੇ ਕੁਮਾਰ): ਸਥਾਨਕ ਸ਼੍ਰੀ ਅਗਰਵਾਲ ਧਰਮਸ਼ਾਲਾ ਅਤੇ ਸਕੂਲ ਪ੍ਰਬੰਧਕ ਕਮੇਟੀ ਸਮਾਣਾ ਵੱਲੋਂ ਸੰਸਥਾ ਪ੍ਰਧਾਨ ਮਦਨ ਮਿੱਤਲ ਅਤੇ ਸਮੂਹ ਮੈਂਬਰਾਂ ਦੀ ਅਗਵਾਈ 'ਚ 7 ਦਿਨਾਂ ਚੱਲ ਰਹੇ ਸ਼੍ਰੀ ਮਦ ਭਗਵਤ ਕਥਾ ਗਿਆਨ ਯੱਗ ਮੌਕੇ ਕਥਾ ਵਿਆਸ ਸ਼੍ਰੀ ਰਾਮ ਮ੍ਰਦੁਲ ਸਾਸ਼ਤਰੀ ਜੀ ਨੇ ਆਪਣੇ ਪ੍ਰਵਚਨਾਂ ਰਾਹੀ ਕਿਹਾ ਕਿ ਜੇਕਰ ਤੁਸੀ ਸੁੱਖੀ, ਸਰਲ ਅਤੇ ਟੈਨਸ਼ਨ ਫਰੀ ਜੀਵਨ ਸ਼ੈਲੀ ਦਾ ਅਨੰਦ ਲੈਣਾ ਚਾਹੁੰਦੇ ਹਾਂ, ਤਾਂ ਸ਼੍ਰੀ ਕ੍ਰਿਸ਼ਨ ਭਗਵਾਨ ਦੀ ਸ਼ਰਨ ਨੂੰ ਪੱਕੇ ਤੌਰ 'ਤੇ ਅਪਨਾ ਕੇ ਕਥਾ ਦਾ ਸਰਵਨ ਕਰੋ। ਸਤਿਸੰਗ ਅਤੇ ਸੰਕੀਰਤਨ 'ਚ ਸ਼ਿਰਕਤ ਕਰਨ ਨਾਲ ਇੱਧਰ-ਉਧਰ ਭਟਕਨ ਵਾਲਾ ਮੰਨ ਸਥਿਰ ਹੋ ਜਾਂਦਾ ਹੈ। ਕਥਾ ਦੌਰਾਨ ਸਾਸ਼ਤਰੀ ਮਧੁਰ ਭਜਨਾਂ ਨੇ ਸੰਗਤਾਂ ਨੂੰ ਝੂਮਨ ਲਈ ਮਜ਼ਬੂਰ ਕਰ ਦਿੱਤਾ। ਸਮਾਗਮ ਵਿਚ ਉਦਯੋਗਪਤੀ ਰਮੇਸ਼ ਗਰਗ, ਸੀਤਾ ਰਾਮ ਗੁਪਤਾ, ਪ੍ਰਦੀਪ ਮਿੰਕਾ, ਪ੍ਰਿੰਸੀਪਲ ਅਨਿਰੁਧ ਗਰਗ, ਪ੍ਰਿੰਸੀਪਲ ਸੁਨੀਤਾ ਗਰਗ, ਆੜ੍ਹਤੀ ਐਸੋਸੀਏਸ਼ਨ ਪ੍ਰਧਾਨ ਨਰਿੰਦਰ ਗਰਗ, ਕੈਸ਼ੀਅਰ ਪਵਨ ਗਰਗ,ਸ਼ਸ਼ੀ ਭੂਸ਼ਣ ਸਿੰਗਲਾ, ਸੋਨੀਆ ਮਿੱਤਲ, ਡੌਲੀ ਕਾਂਸਲ, ਰਾਧਾ ਰਾਣੀ, ਚਾਰੂ ਗਰਗ, ਰਮਨ ਗੁਪਤਾ, ਰਵੀ ਟਿੰਮਾ, ਭੂਸ਼ਣ ਮਿੱਤਲ, ਐਡਵੋਕੇਟ ਰਾਜੀਵ, ਪੰਕਜ ਬਾਂਗਰੂ, ਨੀਰਜ ਸਿੰਗਲਾ ਤੋਂ ਇਲਾਵਾ ਹੋਰ ਵੱਡੀ ਗਿਣਤੀ ਵਿਚ ਸ਼ਹਿਰ ਵਾਸੀਆਂ ਨੇ ਸ਼ਿਰਕਤ ਕੀਤੀ।

## ਪ੍ਰੋਜੈਕਟ ਜੀਵਨਜੋਤ 2.0 ਨਾਲ ਭੀਖ ਮੰਗਣ ਵਿਰੁੱਧ ਸਖ਼ਤ ਕਾਰਵਾਈ, 55 ਬੱਚੇ ਤੇ 8 ਮਹਿਲਾਵਾਂ ਰੈਸਕਿਊ



ਪਟਿਆਲਾ, 31 ਜਨਵਰੀ (ਚ.ਨ.ਸ.): ਪੰਜਾਬ ਸਰਕਾਰ ਦੇ ਮਾਣਯੋਗ ਸਮਾਜਿਕ ਨਿਆਂ, ਅਧਿਕਾਰਤਾ ਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪ੍ਰੋਜੈਕਟ ਜੀਵਨ ਜੋਤ 2.0 ਤਹਿਤ ਪਟਿਆਲਾ ਜ਼ਿਲ੍ਹੇ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਬੱਚਿਆਂ ਨੂੰ ਭੀਖ ਮੰਗਣ ਦੀ ਲਾਹਨਤ ਤੋਂ ਮੁਕਤ ਕਰਨ ਤੇ ਉਨ੍ਹਾਂ ਦੇ ਭਵਿੱਖ ਨੂੰ ਸੁਰੱਖਿਅਤ ਬਣਾਉਣ ਦੇ ਮੰਤਵ ਨੂੰ ਲਗਾਤਾਰ ਸਫਲਤਾ ਮਿਲ ਰਹੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆ ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਸ਼ਾਇਨਾ ਕਪੂਰ ਨੇ ਦੱਸਿਆ ਕਿ ਹੁਣ ਤੱਕ ਭੀਖ ਮੰਗਣ ਵਿਰੁੱਧ ਚਲਾਈਆਂ ਗਈਆਂ ਛਾਪੇਮਾਰ ਕਾਰਵਾਈਆਂ ਦੌਰਾਨ 55 ਬੱਚਿਆਂ ਤੇ ਨਾਬਾਲਗ ਬੱਚਿਆਂ ਸਮੇਤ 8 ਮਹਿਲਾਵਾਂ ਨੂੰ ਸੁਰੱਖਿਅਤ ਤਰੀਕੇ ਨਾਲ ਰੈਸਕਿਊ ਕੀਤਾ ਗਿਆ ਹੈ।ਸ਼ਾਇਨਾ ਕਪੂਰ ਨੇ ਕਿਹਾ ਕਿ ਰੈਸਕਿਊ ਕੀਤੇ ਗਏ ਬੱਚਿਆਂ ਵਿੱਚੋਂ 44 ਬੱਚਿਆਂ ਨੂੰ ਕੌਂਸਲਿੰਗ ਤੇ ਲੋੜੀਂਦੀ ਜਾਂਚ ਤੋਂ ਬਾਅਦ ਉਨ੍ਹਾਂ ਦੇ ਪਰਿਵਾਰਾਂ ਨਾਲ ਮੁੜ ਜੋੜ ਦਿੱਤਾ ਗਿਆ ਹੈ, ਜਦਕਿ 11 ਬੱਚੇ ਅਜੇ ਵੀ ਚਾਈਲਡ ਕੇਅਰ ਇੰਸਟੀਚਿਊਸ਼ਨਜ਼ ਵਿੱਚ ਰਹਿ ਰਹੇ ਹਨ।

ਸ਼ਾਇਨਾ ਕਪੂਰ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਜੇ ਕਿਤੇ ਵੀ ਬੱਚਿਆਂ ਤੋਂ ਭੀਖ ਮੰਗਵਾਈ ਜਾਂਦੀ ਦਿਖਾਈ ਦੇਵੇ ਤਾਂ ਤੁਰੰਤ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਜਾਂ ਸੰਬੰਧਿਤ ਵਿਭਾਗ ਨੂੰ ਸੂਚਿਤ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਨਾਲ ਹੀ ਅਸੀਂ ਬੱਚਿਆਂ ਨੂੰ ਇਸ ਸਮੱਸਿਆ ਤੋਂ ਬਚਾ ਸਕਦੇ ਹਾਂ। ਉਹਨਾਂ ਵੱਲੋਂ ਦੱਸਿਆ ਗਿਆ ਕਿ ਜ਼ਿਲਾ ਪ੍ਰਸ਼ਾਸਨ ਵੱਲੋਂ 1098 ਹੈਲਪਲਾਈਨ ਨੰਬਰ ਵੀ ਜਾਰੀ ਕੀਤਾ ਗਿਆ ਹੈ।

## ਮਹਾਨ ਕ੍ਰਾਂਤੀਕਾਰੀ ਮਹਾਂਪੁਰਸ਼ ਭਗਤ ਗੁਰੂ ਰਵਿਦਾਸ ਸਾਰਿਆਂ ਲਈ ਪ੍ਰੇਰਨਾ ਸਰੋਤ : ਪ੍ਰੋ. ਬਡੂੰਗਰ

ਪਟਿਆਲਾ 31 ਜਨਵਰੀ (ਚ.ਨ.ਸ.) : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਸ਼੍ਰੋਮਣੀ ਭਗਤ ਗੁਰੂ ਰਵਿਦਾਸ ਜੀ ਦੇ ਜਨਮ ਦਿਹਾੜੇ ਦੀਆਂ ਸਾਰਿਆਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਭਗਤ ਗੁਰੂ ਰਵਿਦਾਸ ਜੀ ਇਕ ਮਹਾਨ ਕ੍ਰਾਂਤੀਕਾਰੀ ਮਹਾਂਪੁਰਸ਼ ਸਨ, ਜਿਨ੍ਹਾਂ ਵੱਲੋਂ ਵਿਖਾਇਆ ਮਾਰਗ ਸਾਰਿਆਂ ਲਈ ਪ੍ਰੇਰਨਾ ਸਰੋਤ ਹੈ। ਪ੍ਰੋ. ਬਡੂੰਗਰ ਨੇ ਕਿਹਾ ਕਿ ਭਗਤ ਰਵਿਦਾਸ ਜੀ ਨੇ ਸਾਰੀ ਉਮਰ ਪੂਰੀ ਦ੍ਰਿੜਤਾ ਅਤੇ ਸਿਦਕਦਿਲੀ ਨਾਲ ਭਾਰਤੀਆਂ ਅੰਦਰ ਫੈਲੇ ਵਰਣਵੰਡ, ਜਾਤ ਪਾਤ ਦੇ ਸਿਸਟਮ, ਊਚ ਨੀਚ ਦੀ ਨਖਿਧ ਧਾਰਨਾ ਵਿਰੁੱਧ ਅਤੇ ਮਨੁੱਖੀ ਬਰਾਬਰੀ ਅਤੇ ਮਨੁੱਖੀ ਅਧਿਕਾਰਾਂ ਲਈ ਸੰਘਰਸ਼ ਕੀਤਾ।ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਭਗਤ ਰਵਿਦਾਸ ਜੀ ਵੱਲੋਂ ਰਚੀ ਬਾਣੀ ਨੂੰ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਸ਼ਾਮਲ ਕਰਕੇ ਵੱਡਾ ਮਾਣ-ਸਨਮਾਨ ਦਿੱਤਾ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸ਼ਬਦ ਨੂੰ ਗੁਰੂ ਦਾ ਦਰਜਾ ਦੇਕੇ ਭਗਤ ਜੀ ਦੀ ਬਾਣੀ ਨੂੰ ਵੀ ਗੁਰੂ ਦਾ ਦਰਜਾ ਦਿੱਤਾ।



ਪ੍ਰੋ. ਬਡੂੰਗਰ ਨੇ ਕਿਹਾ ਕਿ ਅਖੌਤੀ ਆਧੁਨਿਕ ਵਿਗਿਆਨਕ ਯੁਗ ਵਿਚ ਹਾਲਾਂ ਵੀ ਭਾਰਤੀ ਜਨਤਾ ਵਿਚ ਜਾਤ-ਪਾਤ ਦਾ ਕੋਹੜ, ਊਚ-ਨੀਚ ਦੀ ਭਾਵਨਾ, ਵਰਣਵੰਡ ਦੀ ਸੋਚ ਪ੍ਰਫੁਲਤ ਹੋ ਰਹੀ ਹੈ, ਜਿਸ ਨਾਲ ਦੇਸ਼ ਕਮਜ਼ੋਰ ਹੋ ਰਿਹਾ ਹੈ ਅਤੇ ਆਓ ਮਿਲਕੇ ਇਸ ਨਖਿਧ ਸੋਚ ਅਤੇ ਗੈਰ-ਕੁਦਰਤੀ ਵਰਤਾਰੇ ਦਾ ਡੱਟਕੇ ਵਿਰੋਧ ਕਰੀਏ।

## ਐੱਸ.ਆਰ.ਐੱਸ. ਵਿੱਦਿਆਪੀਠ ਵਿਖੇ ਵਿਦਿਆਰਥੀਆਂ ਲਈ ਕਰੀਅਰ ਮਾਰਗਦਰਸ਼ਨ ਕੌਂਸਲਿੰਗ ਕਰਵਾਈ

ਸਮਾਣਾ, 31 ਜਨਵਰੀ (ਹਰਜਿੰਦਰ ਸਿੰਘ) : ਐੱਸ.ਆਰ.ਐੱਸ. ਵਿੱਦਿਆਪੀਠ, ਸਮਾਣਾ ਵੱਲੋਂ ਅੱਠਵੀਂ ਤੋਂ ਗਿਆਰਵੀਂ ਜਮਾਤ ਦੇ ਵਿਦਿਆਰਥੀਆਂ ਲਈ ਇੱਕ ਕਰੀਅਰ ਮਾਰਗਦਰਸ਼ਨ ਕੌਂਸਲਿੰਗ ਸੈਸ਼ਨ ਦਾ ਆਯੋਜਨ ਕੀਤਾ ਗਿਆ। ਇਸ ਸੈਸ਼ਨ ਦੀ ਮੇਜ਼ਬਾਨੀ ਵਿਪਿਨ ਸ਼ਰਮਾ ਵੱਲੋਂ ਕੀਤੀ ਗਈ।ਸੈਸ਼ਨ ਦੌਰਾਨ ਵਿਪਿਨ ਸ਼ਰਮਾ ਨੇ ਵਿਦਿਆਰਥੀਆਂ ਨਾਲ ਕੀਮਤੀ ਜਾਣਕਾਰੀ ਅਤੇ ਮਾਰਗਦਰਸ਼ਨ ਸਾਂਝਾ ਕੀਤਾ, ਜਿਸ ਨਾਲ ਉਹਨਾਂ ਨੂੰ ਆਪਣੇ ਭਵਿੱਖੀ ਰੁਝਾਨ ਅਤੇ ਕਰੀਅਰ ਦੀ ਦਿਸ਼ਾ ਸਮਝਣ ਵਿੱਚ ਮਦਦ ਮਿਲੇਗੀ ।

ਸਕੂਲ ਚੇਅਰਮੈਨ ਅਮਿਤ ਸਿੰਗਲਾ ਅਤੇ ਸੈਕਟਰੀ ਲਲਿਤ ਸਿੰਗਲਾ ਨੇ ਵਿਦਿਆਰਥੀਆਂ ਨੂੰ ਆਪਣੇ ਰੁਝਾਨ ਅਤੇ ਜੋਸ਼ ਦੀ ਪਛਾਣ ਕਰਨ ਅਤੇ ਆਪਣੇ ਕਰੀਅਰ ਸਬੰਧੀ ਸੋਝੀ ਨਾਲ ਫੈਸਲੇ ਕਰਨ ਦੀ ਪ੍ਰੇਰਣਾ ਦਿੱਤੀ।ਸਕੂਲ ਦੀ ਵਾਈਸ ਚੇਅਰਮੈਨ ਮਿਸ ਸਮਿਧਾ ਸਿੰਗਲਾ ਤੇ ਪ੍ਰਿੰਸੀਪਲ ਮਿਸ ਮਿਲੀ ਬੋਸ ਨੇ ਪੂਰੀ ਟੀਮ ਦਾ ਸਨਮਾਨ ਕੀਤਾ ਅਤੇ ਵਿਦਿਆਰਥੀਆਂ ਦੇ ਭਵਿੱਖ ਨੂੰ ਬਣਾਉਣ ਵਿੱਚ ਕਰੀਅਰ ਮਾਰਗਦਰਸ਼ਨ ਦੀ ਮਹੱਤਤਾ ਉੱਤੇ ਜ਼ੋਰ ਦਿੱਤਾ।ਇਸ ਸੈਸ਼ਨ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਭਵਿੱਖੀ ਕਰੀਅਰ ਸੰਬੰਧੀ ਸੋਚ-ਵਿਚਾਰ ਅਤੇ- ਫੈਸਲਾ ਕਰਨ ਦੇ ਯੋਗ ਬਣਾਉਣਾ ਸੀ। ਵਿਦਿਆਰਥੀਆਂ ਨੇ ਇਸ ਕਰੀਅਰ ਕਾਉਂਸਲਿੰਗ ਸੈਸ਼ਨ ਤੋਂ ਕਾਫ਼ੀ ਲਾਭ ਪ੍ਰਾਪਤ ਕੀਤਾ ਅਤੇ ਇਹ ਸੈਸ਼ਨ ਬਹੁਤ ਹੀ ਸਫਲ ਰਿਹਾ।

## ਪੁਲਿਸ ਵੱਲੋਂ ਸੜਕ ਸੁਰੱਖਿਆ ਮਹੀਨੇ ਦੇ ਸਮਾਪਤੀ ਮੌਕੇ ਵਹੀਕਲਾਂ 'ਤੇ ਰਿਫ਼ਲੈਕਟਰ ਲਗਾਉਣਾ ਸ਼ਲਾਘਾਯੋਗ : ਐਸ.ਐਚ.ਓ.

ਪਟਿਆਲਾ, 31 ਜਨਵਰੀ (ਚ.ਨ.ਸ.) : ਸਾਂਝ ਕੇਂਦਰ ਸਦਰ ਪਟਿਆਲਾ ਪੁਲਿਸ ਵੱਲੋਂ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ, ਯੁਵਕ ਸੇਵਾਵਾਂ ਕਲੱਬ ਦੀਪ ਨਗਰ ਦੇ ਸਹਿਯੋਗ ਅਤੇ ਡਾਇਰੈਕਟਰ ਜਨਰਲ ਆਫ਼ ਪੁਲਿਸ ਗੌਰਵ ਯਾਦਵ, ਸਪੈਸ਼ਲ ਡਾਇਰੈਕਟਰ ਜਨਰਲ ਆਫ ਪੁਲਿਸ ਕਮਿਊਨਿਟੀ ਅਫੇਅਰ ਡਵੀਜ਼ਨ ਪੰਜਾਬ ਗੁਰਪ੍ਰੀਤ ਕੌਰ ਦਿਓ, ਡੀ ਆਈ ਜੀ ਪਟਿਆਲਾ ਰੇਂਜ ਕੁਲਦੀਪ ਸਿੰਘ ਚਾਹਲ, ਸੀਨੀਅਰ ਕਪਤਾਨ ਪੁਲਿਸ ਪਟਿਆਲਾ ਵਰੁਣ ਸ਼ਰਮਾ, ਐਸ ਪੀ ਹੈਡਕੁਆਰਟਰ-ਕਮ-ਜ਼ਿਲ੍ਹਾ ਕਮਿਊਨਿਟੀ ਅਫ਼ਸਰ ਵੈਭਵ ਚੌਧਰੀ, ਸੁਖਜਿੰਦਰ ਸਿੰਘ ਬਾਜਵਾ ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਦੀ ਸਰਪ੍ਰਸਤੀ ਹੇਠ ਰਾਜਪੁਰਾ ਰੋਡ ਵਿਖੇ ਸੜਕ ਸੁਰੱਖਿਆ ਮਹੀਨੇ ਦੇ ਸਮਾਪਤੀ ਤਹਿਤ ਵੱਖ -ਵੱਖ ਵਹੀਕਲਜ਼ ਉਪਰ ਰਿਫ਼ਲੈਕਟਰ ਲਗਾਉਣ ਲਈ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਮੁੱਖ ਮਹਿਮਨ ਐਸ ਐਚ ਓ ਥਾਣਾ ਸਦਰ ਪਟਿਆਲਾ ਗੁਰਮੀਤ ਸਿੰਘ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦਾ ਉਦਘਾਟਨ ਰਾਸ਼ਟਰਪਤੀ ਪੁਲਿਸ ਮੈਡਲ ਵਿਜੇਤਾ ਐਸ ਆਈ ਜਸਪਾਲ ਸਿੰਘ ਇੰਚਾਰਜ ਸਾਂਝ ਕੇਂਦਰ ਸਦਰ ਪਟਿਆਲਾ ਨੇ ਕੀਤਾ।ਪ੍ਰੋਗਰਾਮ ਦੀ ਪ੍ਰਧਾਨਗੀ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ, ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਸਾਂਝ ਕੇਂਦਰ ਨੇ ਕੀਤੀ।ਵਿਸ਼ੇਸ਼ ਤੌਰ ਤੇ ਉਪਕਾਰ ਸਿੰਘ, ਦਲਬੀਰ ਸਿੰਘ ਕਨੈਡਾ, ਰੁਦਰਪ੍ਰਤਾਪ ਸਿੰਘ ਬੀ ਸੀ ਏ ਵਿਦਿਆਰਥੀ ਗੌਰਮਿੰਟ ਬਿਕਰਮ ਕਾਲਜ ਆਫ ਕਾਮਰਸ, ਗੁਰਜੀਤ ਸਿੰਘ ਲੱਕੀ ਹਰਦਾਸਪੁਰ, ਬ੍ਰਹਮਜੋਤ ਸਿੰਘ ਵਿਦਿਆਰਥੀ ਓ ਪੀ ਜਿੰਦਲ ਗੋਲਬਲ ਲਾਅ ਯੂਨੀਵਰਸਿਟੀ ਸੋਨੀਪਤ, ਹਰਮਨਜੀਤ ਸਿੰਘ ਰੰਧਾਵਾ, ਕਰਮਜੀਤ ਸਿੰਘ ਨੇ ਭਰਪੂਰ ਸਹਿਯੋਗ ਦਿੱਤਾ। ਇਸ ਮੌਕੇ ਐਸ ਐਚ ਓ ਥਾਣਾ ਸਦਰ ਪਟਿਆਲਾ ਗੁਰਮੀਤ ਸਿੰਘ ਨੇ ਕਿਹਾ ਜ਼ਿਆਦਾ ਤਰ ਸੜਕੀ ਹਾਦਸੇ ਵ੍ਹਹੀਕਲਜ਼ ਉਪਰ ਰਿਫ਼ਲੈਕਟਰ ਨਾ ਲੱਗੇ ਹੋਣ ਕਾਰਨ ਵਾਪਰਦੇ ਹਨ। ਇਸ ਲਈ ਸਾਨੂੰ ਸਾਰਿਆਂ ਨੂੰ ਆਪਣੇ ਆਪ ਆਪਣੇ ਵ੍ਹਹੀਕਲਜ਼ ਉਪਰ ਰਿਫ਼ਲੈਕਟਰ ਲਗਾਉਣੇ ਚਾਹੀਦੇ ਹਨ। ਉਹਨਾਂ ਕਿਹਾ ਜ਼ਿਆਦਾ ਤਰ ਸੜਕੀ ਹਾਦਸੇ ਸਾਡੀ ਆਪਣੀ ਅਣਗਹਿਲੀ ਨਾਲ ਵਾਪਰਦੇ ਹਨ। ਉਹਨਾਂ ਪਬਲਿਕ ਨੂੰ ਅਪੀਲ ਕੀਤੀ ਕਿ ਉਹੋ ਸੜਕੀ ਆਵਾਜਾਈ ਨਿਯਮਾਂ ਦੀ ਪਾਲਣਾ ਜ਼ਰੂਰ ਕਰਨ ਦੋ ਪਹੀਆ ਵਾਹਨਾਂ ਨੂੰ ਚਲਾਉਣ ਵਾਲੇ ਹੈਲਮਟ ਅਤੇ ਚਾਰ ਪਹੀਆ ਵਾਹਨ ਚਾਲਕ ਸੀਟ ਬੈਲਟ ਜ਼ਰੂਰ ਪਹਿਨਣ ਅਤੇ ਆਪਣੇ ਗੱਡੀਆਂ ਦੇ ਕਾਗਜ਼ ਪੂਰੇ ਰੱਖਣ।ਇਸ ਮੌਕੇ ਪਰਮਿੰਦਰ ਭਲਵਾਨ ਭਲਵਾਨ ਅਤੇ ਜਤਵਿੰਦਰ ਗਰੇਵਾਲ ਨੇ ਕਿਹਾ ਕਿ ਅੱਗੇ ਤੋਂ ਵੀ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਅਤੇ ਜ਼ਿਲ੍ਹਾ ਟ੍ਰੈਫਿਕ ਪੁਲਿਸ ਪਟਿਆਲਾ ਦੇ ਸਹਿਯੋਗ ਨਾਲ ਰਿਫ਼ਲੈਕਟਰ ਲਗਾਉਣ ਦੀ ਮੁਹਿੰਮ ਜਾਰੀ ਰਹੇਗੀ ਇਸ ਮੌਕੇ 100 ਤੋਂ ਉਪਰ ਵੱਖ-ਵੱਖ ਵਹੀਕਲਜ਼ ਉਪਰ ਰਿਫ਼ਲੈਕਟਰ ਲਗਾਏ ਗਏ।




## ਸੈਂਟ ਥੇਰੇਸਾ ਸਕੂਲ 'ਚ ਇਨਾਮ ਵੰਡ ਸਮਾਰੋਹ



ਸਮਾਣਾ, 31 ਜਨਵਰੀ (ਹਰਜਿੰਦਰ ਸਿੰਘ) : ਸੈਂਟ ਥੇਰੇਸਾ ਸਕੂਲ ਸਮਾਣਾ 'ਚ ਕਲਚਰਲ ਐਕਸਟ੍ਰਾਵੈਗੇਂਜ਼ਾ 2025 ਦੇ ਤਹਿਤ ਆਯੋਜਿਤ ਵੱਖ-ਵੱਖ ਮੁਕਾਬਲਿਆਂ ਦੇ ਜੇਤੂਆਂ ਨੂੰ ਸਨਮਾਨਿਤ ਕਰਨ ਲਈ ਅੱਜ ਸਕੂਲ ਵਿਚ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ। ਇਸ ਕਾਰਜਕ੍ਰਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਦੀ ਰਚਨਾਤਮਕਤਾ, ਆਤਮ-ਵਿਸ਼ਵਾਸ ਅਤੇ ਬਹੁਪੱਖੀ ਪ੍ਰਤਿਭਾ ਨੂੰ ਉਤਸ਼ਾਹਿਤ ਕਰਨਾ ਸੀ।ਕਲਚਰਲ ਵੀਕ ਦੌਰਾਨ ਵਿਦਿਆਰਥੀਆਂ ਨੇ ਵੱਖ-ਵੱਖ ਗਤਿਵਿਧੀਆਂ ਜਿਵੇਂ ਕਿ ਪੋਸਟਰ ਮੇਕਿੰਗ, ਬੈਸਟ ਆਊਟ ਆਫ ਵੇਸਟ, ਸਟੋਰੀ ਨੈਰੇਸ਼ਨ, ਐਲੋਕਿਊਸ਼ਨ ਰਾਊਂਡ, ਐਕਸਟੈਂਪਰ ਰਾਊਂਡ, ਸੋਲੋ ਸਾਂਗ, ਸੋਲੋ ਡਾਂਸ, ਰੈਂਪ ਵਾਕ, ਰੋਲ ਮਾਡਲ, ਅੰਬਰੈਲਾ ਡੈਕੋਰੇਸ਼ਨ, ਨਿਬੰਧ ਲੇਖਨ, ਕੈਲੀਗ੍ਰਾਫੀ ਆਦਿ ਵਿੱਚ ਭਾਗ ਲਿਆ।

ਇਨ੍ਹਾਂ ਮੁਕਾਬਲਿਆਂ ਦੇ ਨਤੀਜਿਆਂ ਦੇ ਆਧਾਰ 'ਤੇ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਜੇਤੂਆਂ ਨੂੰ ਮੈਡਲ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਇਸਦੇ ਨਾਲ ਹੀ ਸੈਸ਼ਨ 2025-26 ਦੌਰਾਨ ਨਿਯਮਤ ਹਾਜ਼ਰੀ ਵਾਲੇ ਵਿਦਿਆਰਥੀਆਂ ਨੂੰ ਵੀ ਇਨਾਮ ਦਿੱਤੇ ਗਏ। ਇਸ ਮੌਕੇ 'ਤੇ ਸਾਰੇ ਵਿਦਿਆਰਥੀ ਅਤੇ ਅਧਿਆਪਕ ਬਹੁਤ ਉਤਸ਼ਾਹਿਤ ਅਤੇ ਖੁਸ਼ ਨਜ਼ਰ ਆਏ।

ਇਸ ਤੋਂ ਇਲਾਵਾ ਸਕੂਲ ਦੀ ਸਰਵੋਤਮ ਅਸੈਂਬਲੀ, ਸਭ ਤੋਂ ਵਧੀਆ ਬੁਲੇਟਿਨ ਬੋਰਡ ਅਤੇ ਬੈਸਟ ਹਾਊਸ ਲਈ ਸ਼ਾਰਕ ਹਾਊਸ ਨੂੰ ਵੀ ਇਨਾਮ ਦਿੱਤੇ ਗਏ, ਤਾਂ ਜੋ ਸਾਰੇ ਵਿਦਿਆਰਥੀਆਂ ਨੂੰ ਅੱਗੇ ਹੋਰ ਵਧੀਆ ਕਰਨ ਦੀ ਪ੍ਰੇਰਨਾ ਮਿਲੇ।

ਸਕੂਲ ਦੀ ਪ੍ਰਿੰਸੀਪਲ ਸਿਸਟਰ ਸਨੀਤਾ ਨੇ ਆਪਣੇ ਸੰਦੇਸ਼ ਵਿੱਚ ਸਾਰੇ ਜੇਤੂਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਆਯੋਜਨ ਬੱਚਿਆਂ ਦੇ ਸਮੂਹਿਕ ਵਿਕਾਸ ਅਤੇ ਤਰੱਕੀ ਵਿੱਚ ਇੱਕ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਸਾਡੇ ਵਿਦਿਆਰਥੀਆਂ ਨੇ ਆਪਣੀ ਮੇਹਨਤ ਅਤੇ ਲਗਾਤਾਰ ਕੋਸ਼ਿਸ਼ ਨਾਲ ਇਹ ਉਪਲਬਧੀਆਂ ਹਾਸਲ ਕੀਤੀਆਂ ਹਨ ਅਤੇ ਹੋਰ ਵਿਦਿਆਰਥੀਆਂ ਲਈ ਵੀ ਪ੍ਰੇਰਨਾ ਦਾ ਸਰੋਤ ਬਣੇ ਹਨ। ਉਨ੍ਹਾਂ ਨੂੰ ਆਸ ਹੈ ਕਿ ਅੱਗੇ ਵੀ ਸਕੂਲ ਦੇ ਬੱਚੇ ਦੇ ਪੜ੍ਹਾਈ ਦੇ ਨਾਲ-ਨਾਲ ਹੋਰ ਗਤਿਵਿਧੀਆਂ ਵਿੱਚ ਭਾਗ ਲੈਣਗੇ ਅਤੇ ਆਸ-ਪਾਸ ਦੇ ਖੇਤਰ ਵਿੱਚ ਸਕੂਲ ਦਾ ਨਾਮ ਰੌਸ਼ਨ ਕਰਦੇ ਰਹਿਣਗੇ ।

## ਮਿਲੇਨੀਅਮ ਵਰਲਡ ਸਕੂਲ ਵਿਖੇ ਬਾਰ੍ਹਵੀਂ ਦੇ ਵਿਦਿਆਰਥੀਆਂ ਲਈ ਵਿਦਾਈ ਸਮਾਰੋਹ ਦਾ ਕਰਵਾਇਆ



ਸਮਾਣਾ, 31 ਜਨਵਰੀ (ਹਰਜਿੰਦਰ ਸਿੰਘ): ਮਿਲੇਨੀਅਮ ਵਰਲਡ ਸਕੂਲ, ਸਮਾਣਾ ਵੱਲੋਂ ਕਲਾਸ ਬਾਰਹਵੀਂ ਦੇ ਸੈਸ਼ਨ 2025-26 ਦੇ ਵਿਦਿਆਰਥੀਆਂ ਲਈ ਇੱਕ ਸ਼ਾਨਦਾਰ ਅਤੇ ਯਾਦਗਾਰ ਵਿਦਾਈ ਸਮਾਰੋਹ ਸਕੂਲ ਕੈਂਪਸ 'ਚ ਕਰਵਾਇਆ ਗਿਆ। ਇਹ ਸਮਾਰੋਹ ਭਾਵਨਾਵਾਂ, ਖੁਸ਼ੀਆਂ ਤੇ ਯਾਦਗਾਰ ਪਲਾਂ ਨਾਲ ਭਰਪੂਰ ਰਿਹਾ, ਜਿੱਥੇ ਅਧਿਆਪਕਾਂ ਤੇ ਵਿਦਿਆਰਥੀਆਂ ਨੇ ਮਿਲ ਕੇ ਸੀਨੀਅਰ ਵਿਦਿਆਰਥੀਆਂ ਨੂੰ ਵਿਦਾਈ ਦਿੱਤੀ। ਕਾਰਜਕ੍ਰਮ ਦੀ ਸ਼ੁਰੂਆਤ ਸਵਾਗਤ ਨਾਲ ਹੋਈ, ਜਿਸ ਤੋਂ ਬਾਅਦ ਰੰਗਾ-ਰੰਗ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤੇ ਗਏ। ਵਿਦਿਆਰਥੀਆਂ ਨੇ ਸੁੰਦਰ ਨ੍ਰਿਤ ?ਯ ਪ੍ਰਸਤੁਤ ਕਰਕੇ ਸਮਾਰੋਹ ਨੂੰ ਰੌਣਕ ਭਰ ਦਿੱਤੀ। ਵਿਦਿਆਰਥੀਆਂ ਵੱਲੋਂ ਭਾਵੁਕ ਤੇ ਪ੍ਰਭਾਵਸ਼ਾਲੀ ਭਾਸ਼ਣ ਦਿੱਤੇ ਗਏ, ਜਿਨ੍ਹਾਂ 'ਚ ਉਨ੍ਹਾਂ ਨੇ ਆਪਣੇ ਅਧਿਆਪਕਾਂ ਦਾ ਧੰਨਵਾਦ ਕੀਤਾ ਅਤੇ ਸਕੂਲੀ ਯਾਦਾਂ ਸਾਂਝੀਆਂ ਕੀਤੀਆਂ। ਭਵਿੱਖ ਲਈ ਸ਼ੁਭਕਾਮਨਾਵਾਂ ਸੰਬੰਧੀ ਵਿਸ਼ੇਸ਼ ਭਾਸ਼ਣ ਰਾਹੀਂ ਵਿਦਿਆਰਥੀਆਂ ਨੂੰ ਉਤਸ਼ਾਹਿਤ ਕੀਤਾ ਗਿਆ।ਵੱਖ-ਵੱਖ ਮਨੋਰੰਜਕ ਖੇਡਾਂ ਤੇ ਗਤਿਵਿਧੀਆਂ ਕਰਵਾਈਆਂ ਗਈਆਂ, ਜਿਸ ਨਾਲ ਮਾਹੌਲ ਖੁਸ਼ਗਵਾਰ ਬਣ ਗਿਆ। ਸਕੂਲ ਪ੍ਰਬੰਧਨ ਵੱਲੋਂ ਵਿਦਿਆਰਥੀਆਂ ਨੂੰ ਅਨੁਸ਼ਾਸਨ, ਆਤਮਵਿਸ਼ਵਾਸ ਤੇ ਮਿਹਨਤ ਨਾਲ ਅੱਗੇ ਵਧਣ ਦੀ ਪ੍ਰੇਰਨਾ ਦਿੱਤੀ ਗਈ ਅਤੇ ਸਕੂਲ ਵਿੱਚ ਸਿੱਖਿਆ ਮੁੱਲਾਂ ਨੂੰ ਜੀਵਨ ਵਿੱਚ ਅਪਣਾਉਣ ਲਈ ਕਿਹਾ ਗਿਆ।ਵਿਦਿਆਰਥੀਆਂ ਤੇ ਸਟਾਫ ਲਈ ਸੁਆਦਿਸ਼ਟ ਨਾਸ਼ਤਾ ਤੇ ਦੁਪਹਿਰ ਦਾ ਭੋਜਨ ਵੀ ਰੱਖਿਆ ਗਿਆ।ਚੇਅਰਮੈਨ ਡਾ. ਕੇ. ਕੇ. ਜੌਹਰੀ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਹਨਾਂ ਦਾ ਭਵਿੱਖ ਉੱਜਵਲ ਹੋਵੇ ਤੇ ਉਹ ਸੱਚਾਈ, ਆਤਮਵਿਸ਼ਵਾਸ ਤੇ ਮਿਹਨਤ ਨਾਲ ਅੱਗੇ ਵਧਣ।ਪ੍ਰਿੰਸੀਪਲ ਸ਼ਾਲਿਨੀ ਕਾਜਲਾ ਨੇ ਵਿਦਿਆਰਥੀਆਂ ਨੂੰ ਆਸ਼ੀਰਵਾਦ ਦਿੰਦਿਆਂ ਕਿਹਾ ਕਿ ਉਹਨਾਂ ਨੂੰ ਪੂਰਾ ਵਿਸ਼ਵਾਸ ਹੈ ਕਿ ਵਿਦਿਆਰਥੀ ਜੀਵਨ ਵਿੱਚ ਸਫਲ ਹੋ ਕੇ ਸਕੂਲ ਦਾ ਨਾਮ ਰੌਸ਼ਨ ਕਰਨਗੇ।ਇਹ ਵਿਦਾਈ ਸਮਾਰੋਹ ਖੁਸ਼ੀਆਂ ਭਰੇ ਮਾਹੌਲ ਵਿੱਚ ਸਮਾਪਤ ਹੋਇਆ ਤੇ ਵਿਦਿਆਰਥੀਆਂ ਲਈ ਯਾਦਗਾਰ ਬਣ ਗਿਆ।

## ਅਕਾਲੀ ਆਗੂ ਵਿੰਦਾ ਗਰੋਵਰ ਵੱਲੋਂ ਜੱਥੇ. ਗਿ. ਹਰਪ੍ਰੀਤ ਸਿੰਘ ਦੀ ਪਟਿਆਲਾ ਆਮਦ ਮੌਕੇ ਵਿਸ਼ੇਸ਼ ਸਨਮਾਨ



ਪਟਿਆਲਾ, 31 ਜਨਵਰੀ (ਅਮਰਜੀਤ ਸਿੰਘ) : ਪਟਿਆਲਾ ਦੇ ਫੈਕਟਰੀ ਏਰੀਆ ਪੈਸੀਫਿਕ ਰਿਜ਼ੋਰਟ ਸਥਿਤ ਸੁਰਜੀਤ ਸਿੰਘ ਰੱਖੜਾ ਤੇ ਪੋ. ਪ੍ਰੇਮ ਸਿੰਘ ਚੰਦੂਮਾਜਰਾ ਦੀ ਰਹਿਨੁਮਾਈ ਹੇਠ ਤੇ ਜ਼ਿਲ੍ਹਾ ਪ੍ਰਧਾਨ ਰਣਧੀਰ ਸਿੰਘ ਰੱਖੜਾ ਦੀ ਅਗਵਾਈ ਹੇਠ ਹੋਈ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੀ ਪਹਿਲੀ ਜ਼ਿਲ੍ਹਾ ਪਟਿਆਲਾ ਦੀ ਮੀਟਿੰਗ ਦੌਰਾਨ ਪਹੁੰਚੇ ਪਾਰਟੀ ਪ੍ਰਧਾਨ ਜੱਥੇਦਾਰ ਗਿਆਨੀ ਹਰਪ੍ਰੀਤ ਸਿੰਘ ਦਾ ਅਕਾਲੀ ਆਗੂ ਰਵਿੰਦਰ ਸਿੰਘ ਵਿੰਦਾ ਗਰੋਵਰ ਨੇ ਸਮੁੱਚੀ ਸੀਨੀਅਰ ਲੀਡਰਸ਼ਿਪ ਦੀ ਹਾਜ਼ਰੀ ਵਿੱਚ ਸ਼ਹਿਰੀ ਇਕਾਈ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਦੌਰਾਨ ਮਹਿੰਦਰਪਾਲ ਸਿੰਘ ਸੋਢੀ, ਗੁਰਵਿੰਦਰ ਸਿੰਘ ਸ਼ਕਤੀਮਾਨ, ਐਡਵੋਕੇਟ ਸੁਖਮਿੰਦਰ ਸਿੰਘ ਬੌਬੀ, ਸਤਿੰਦਰ ਸਿੰਘ ਸ਼ੁੱਕੂ ਗਰੋਵਰ, ਮਨਮੋਹਨ ਸਿੰਘ ਕੁੱਕੂ, ਜਸਵਿੰਦਰਪਾਲ ਸਿੰਘ ਚੱਢਾ, ਸੁਖਬੀਰ ਸਿੰਘ ਅਬਲੋਵਾਲ, ਜਸਵਿੰਦਰ ਸਿੰਘ ਚੀਮਾ, ਪ੍ਰੀਤਮ ਸਿੰਘ, ਸ਼ਮਸ਼ੇਰ ਸਿੰਘ, ਚੰਦਰਭਾਨ ਗਾਬਾ, ਮਨਸਿਮਰ ਸਿੰਘ, ਹਰਮਨਜੋਤ ਸਿੰਘ, ਨਵਦੀਪ ਸਿੰਘ ਬੱਬਲੂ, ਸੁਰਿੰਦਰ ਸਿੰਘ, ਪ੍ਰਹਿਲਾਦ ਕੁਮਾਰ, ਸੁਖਦੇਵ ਸਿੰਘ, ਸਾਹਿਬ ਸਿੰਘ, ਜਗਜੀਤ ਸਿੰਘ ਸੋਨੂੰ, ਮੁਕੇਸ਼ ਕੁਮਾਰ, ਰੋਹਿਤ, ਲਖਵਿੰਦਰ ਸਿੰਘ ਆਦਿ ਤੋਂ ਇਲਾਵਾ ਸ਼ਹਿਰ ਦੇ ਕਈ ਸਰਕਲ ਡੈਲੀਗੇਟਸ ਤੋਂ ਹੋਰ ਪਾਰਟੀ ਵਰਕਰਾ ਨੇ ਹਾਜ਼ਰੀ ਲਗਵਾਈ।



# ਪਟਿਆਲਾ-ਆਸ/ਪਾਸ



## ਹਰਪਾਲ ਜੁਨੇਜਾ ਨੇ ਪੀ.ਆਰ.ਟੀ.ਸੀ ਦੇ ਚੇਅਰਮੈਨ ਵਜੋਂ ਸੰਭਾਲਿਆ ਅਹੁਦਾ

### 'ਆਪ' ਸੂਬਾ ਪ੍ਰਧਾਨ ਸਮੇਤ ਹੋਰ ਸ਼ਖਸੀਅਤਾਂ ਨੇ ਹਰਪਾਲ ਜੁਨੇਜਾ ਨੂੰ ਦਿੱਤੀ ਵਧਾਈ



ਪਟਿਆਲਾ, 31 ਜਨਵਰੀ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਆਦੇਸ਼ਾਂ 'ਤੇ ਪੰਜਾਬ ਸਰਕਾਰ ਵੱਲੋਂ ਪੀ.ਆਰ.ਟੀ.ਸੀ. ਦੇ ਨਵੇਂ ਨਿਯੁਕਤ ਕੀਤੇ ਗਏ ਚੇਅਰਮੈਨ ਹਰਪਾਲ ਜੁਨੇਜਾ ਨੇ ਅੱਜ ਇੱਥੇ ਪੀ.ਆਰ.ਟੀ.ਸੀ. ਦੇ ਮੁੱਖ ਦਫ਼ਤਰ ਵਿਖੇ ਪਾਠ, ਕੀਰਤਨ, ਅਰਦਾਸ ਅਤੇ ਪਰਮਾਤਮਾ ਦੇ ਸ਼ੁਕਰਾਨੇ ਬਾਅਦ ਆਪਣਾ ਅਹੁਦਾ ਸੰਭਾਲ ਲਿਆ ਹੈ। ਇਸ ਦੌਰਾਨ ਵਿਸ਼ੇਸ਼ ਤੌਰ 'ਤੇ ਪੁੱਜੇ ਆਮ ਆਦਮੀ ਪਾਰਟੀ ਦੇ ਸੂਬਾ ਪ੍ਰਧਾਨ ਤੇ ਕੈਬਨਿਟ ਮੰਤਰੀ ਅਮਨ ਅਰੋੜਾ ਅਤੇ ਸੂਬਾ ਜਨਰਲ ਸਕੱਤਰ ਤੇ ਬੁਲਾਰੇ ਬਲਤੇਜ ਪੰਨੂ ਨੇ ਹਰਪਾਲ ਜੁਨੇਜਾ ਨੂੰ ਵਧਾਈ ਦਿੱਤੀ ਹੈ। ਉਨ੍ਹਾਂ ਨੇ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ, ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਹਰਪਾਲ ਜੁਨੇਜਾ ਨੂੰ ਪਾਰਟੀ ਦਾ ਜੁਝਾਰੂ ਆਗੂ ਦਸਦਿਆਂ ਵਧਾਈ ਦਿੱਤੀ ਅਤੇ ਕਿਹਾ ਕਿ ਪੀ.ਆਰ.ਟੀ.ਸੀ. ਅਦਾਰਾ ਹੁਣ ਹੋਰ ਵੀ ਬਲੁੰਦੀਆਂ ਨੂੰ ਛੂਹੇਗਾ। ਅਮਨ ਅਰੋੜਾ ਅਤੇ ਬਲਤੇਜ ਪੰਨੂ ਨੇ ਅੱਗੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਹਰੇਕ ਆਗੂ ਤੇ ਵਰਕਰ ਦੇ ਕੰਮ ਦੀ ਕਦਰ ਕਰਦੇ ਹਨ ਤੇ ਲੋਕਾਂ ਦੀ ਸੇਵਾ ਕਰਨ ਵਾਲਿਆਂ ਨੂੰ ਅਹੁਦੇ ਦੇ ਕੇ ਨਿਵਾਜਿਆ ਗਿਆ ਹੈ।

ਸਮਾਰੋਹ ਦੌਰਾਨ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਸਿਹਤ ਮੰਤਰੀ ਡਾ. ਬਲਬੀਰ ਸਿੰਘ, ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ, ਮੁੱਖ ਮੰਤਰੀ ਦੇ ਭੈਣ ਬੀਬਾ ਮਨਪ੍ਰੀਤ ਕੌਰ, ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ, ਵਿਧਾਇਕ ਚੇਤਨ ਸਿੰਘ ਜੌੜਾਮਾਜਰਾ, ਗੁਰਦੇਵ ਦੇਵ ਮਾਨ, ਹਰਦੀਪ ਸਿੰਘ ਡਿੰਪੀ ਢਿੱਲੋਂ, ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਸਮੇਤ ਵੱਡੀ ਗਿਣਤੀ ਹੋਰ ਅਹਿਮ ਸ਼ਖ਼ਸੀਅਤਾਂ ਮੌਜੂਦ ਸਨ। ਇਸ ਮੌਕੇ ਮੀਡੀਆ ਨਾਲ ਗੱਲਬਾਤ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਹਰਪਾਲ ਜੁਨੇਜਾ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇੱਕ ਮਿਹਨਤੀ ਆਗੂ ਨੂੰ ਨਵੀਂ ਜਿੰਮੇਵਾਰੀ ਦਿੱਤੀ ਹੈ ਅਤੇ ਉਨ੍ਹਾਂ ਨੂੰ ਉਮੀਦ ਹੈ ਕਿ ਸ੍ਰੀ ਜੁਨੇਜਾ ਮਿਹਨਤ, ਇਮਾਨਦਾਰੀ ਤੇ ਪਾਰਦਰਸ਼ਤਾ ਨਾਲ ਬਿਨ੍ਹਾਂ ਪੱਖਪਾਤ ਲੋਕਾਂ ਤੇ ਪਾਰਟੀ ਦੀ ਸੇਵਾ ਕਰਨਗੇ। ਚੀਮਾ ਨੇ ਜੁਨੇਜਾ ਦੇ ਪਿਤਾ ਭਗਵਾਨ ਦਾਸ ਜੁਨੇਜਾ ਦੀ ਸਮਾਜ ਸੇਵਾ ਦਾ ਵਿਸ਼ੇਸ਼ ਜਿਕਰ ਕਰਦਿਆਂ ਕਿਹਾ ਕਿ ਹੁਣ ਹਰਪਾਲ ਜੁਨੇਜਾ ਅਦਾਰੇ ਨੂੰ ਹੋਰ ਸਿਖ਼ਰਾਂ 'ਤੇ ਲਿਜਾਣਗੇ।

ਇੱਕ ਸਵਾਲ ਦੇ ਜਵਾਬ ਵਿੱਚ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਕੇਂਦਰੀ ਬਜਟ ਤੋਂ ਪੰਜਾਬ ਨੂੰ ਵੱਡੀਆਂ ਆਸਾਂ ਹਨ, ਕਿਉਂਕਿ ਪਿਛਲੇ ਚਾਰ ਸਾਲਾਂ ਤੋਂ ਕੇਂਦਰ ਨੇ ਪੰਜਾਬ ਨਾਲ ਮਤਰੇਈ ਮਾਂ ਵਾਲਾ ਸਲੂਕ ਹੀ ਕੀਤਾ ਹੈ। ਉਨ੍ਹਾਂ ਉਮੀਦ ਜਤਾਈ ਕਿ ਦੇਸ਼ ਦੇ ਪ੍ਰਧਾਨ ਮੰਤਰੀ ਪੰਜਾਬ ਨਾਲ ਇਨਸਾਫ਼ ਕਰਦਿਆਂ ਪੰਜਾਬ ਦਾ ਰੁਕਿਆ ਹੋਇਆ 8500 ਕਰੋੜ ਰੁਪਏ ਦਾ ਫੰਡ ਇਸ ਬਜਟ ਵਿੱਚ ਜਾਰੀ ਕਰਨਗੇ ਅਤੇ ਹੜ੍ਹਾਂ ਲਈ ਮੁਆਵਜ਼ੇ ਵਜੋਂ ਐਲਾਨੇ 1600 ਕਰੋੜ ਰੁਪਏ ਵੀ ਦੇਣ ਸਮੇਤ ਪੰਜਾਬ ਵੱਲੋਂ ਹੜ੍ਹਾਂ ਦੇ ਨੁਕਸਾਨ ਦੀ ਭਰਪਾਈ ਲਈ ਭੇਜੀ ਤਜਵੀਜ ਦੇ 20,000 ਕਰੋੜ ਰੁਪਏ ਦਿੱਤਾ ਜਾਵੇਗਾ। ਵਿੱਤ ਮੰਤਰੀ ਨੇ ਅੱਗੇ ਕਿਹਾ ਕਿ ਇਸ ਤੋਂ ਇਲਾਵਾ ਭਾਰਤ-ਪਾਕਿਸਤਾਨ ਸਬੰਧਾਂ 'ਚ ਖਟਾਸ ਆਉਣ ਸਮੇਂ ਉਪਰੇਸ਼ਨ ਸਿੰਧੂਰ ਸਮੇਂ ਪੰਜਾਬ ਦੇ ਸਰਹੱਦੀ ਜ਼ਿਲ੍ਹਿਆਂ ਦਾ ਜੋ ਨੁਕਸਾਨ ਹੋਇਆ ਉਸ ਦਾ ਮੁਆਵਜਾ ਦੇਣ ਲਈ ਕੇਂਦਰੀ ਵਿੱਤ ਮੰਤਰੀ ਦੇ ਸਨਮੁੱਖ 1000 ਕਰੋੜ ਰੁਪਏ ਦੀ ਰੱਖੀ ਗਈ ਮੰਗ ਪੂਰੀ ਕੀਤੀ ਜਾਵੇ ਤਾਂ ਕਿ ਪੰਜਾਬ ਦੀ ਡਿਫੈਂਸ ਲਾਈਨ ਨੂੰ ਮਜ਼ਬੂਤ ਕੀਤਾ ਜਾਵੇ। ਇਸ ਤੋਂ ਬਿਨ੍ਹਾਂ ਦਿਹਾਤੀ ਮਜ਼ਦੂਰਾਂ ਲਈ ਮਗਨਰੇਗਾ ਸਕੀਮ ਨੂੰ ਵੀ ਦੁਬਾਰਾ ਬਹਾਲ ਕੀਤਾ ਜਾਵੇ।

ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਕਿਹਾ ਕਿ ਪੰਜਾਬ ਵਿੱਚ 1300 ਹੋਰ ਨਵੀਆਂ ਬੱਸਾਂ ਲੋਕਾਂ ਦੀ ਸੇਵਾ ਲਈ ਪਾਈਆਂ ਜਾਣਗੀਆਂ। ਉਨ੍ਹਾਂ ਇੱਕ ਸਵਾਲ ਦੇ ਜਵਾਬ 'ਚ ਕਿਹਾ ਕਿ ਪੀ.ਆਰ.ਟੀ.ਸੀ. ਦੇ ਮੁਲਾਜਮ ਵੀ ਉਨ੍ਹਾਂ ਦਾ ਪਰਿਵਾਰ ਹੈ, ਇਸ ਲਈ ਪੰਜਾਬ ਸਰਕਾਰ ਮੁਲਾਜਮਾਂ ਦੀਆਂ ਜਾਇਜ਼ ਮੰਗਾਂ ਮੰਨਕੇ ਮੁਲਾਜਮਾਂ ਨੂੰ ਰਾਹਤ ਦੇ ਰਹੀ ਹੈ। ਉਨ੍ਹਾਂ ਹਰਪਾਲ ਜੁਨੇਜਾ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਨੂੰ ਉਮੀਦ ਹੈ ਕਿ ਉਹ ਅਦਾਰੇ ਨੂੰ ਤਰੱਕੀ ਦੀਆਂ ਲੀਹਾਂ 'ਤੇ ਲਿਜਾਣਗੇ। ਲਾਲਜੀਤ ਸਿੰਘ ਭੁੱਲਰ ਨੇ ਅੱਗੇ ਕਿਹਾ ਕਿ ਸੂਬੇ ਵਿੱਚ ਹੁਣ ਪ੍ਰਾਈਵੇਟ ਤੋਂ ਜਿਆਦਾ ਸਰਕਾਰੀ ਬੱਸਾਂ ਚੱਲ ਰਹੀਆਂ ਹਨ ਤੇ ਸਾਰੀਆਂ ਨਜਾਇਜ਼ ਤੇ ਬਿਨ੍ਹਾਂ ਪਰਮਿਟ ਤੋਂ ਚਲਦੀਆਂ ਬੱਸਾਂ ਬੰਦ ਕਰਵਾ ਦਿੱਤੀਆਂ ਗਈਆਂ ਹਨ।

ਨਵਨਿਯੁਕਤ ਚੇਅਰਮੈਨ ਹਰਪਾਲ ਜੁਨੇਜਾ ਨੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਭਗਵੰਤ ਮਾਨ, ਪੰਜਾਬ ਪ੍ਰਭਾਰੀ ਮਨੀਸ਼ ਸਿਸੋਦੀਆ ਅਤੇ ਪੰਜਾਬ ਦੇ ਪ੍ਰਧਾਨ ਤੇ ਕੈਬਨਿਟ ਮੰਤਰੀ ਅਮਨ ਅਰੋੜਾ ਅਤੇ ਬਲਤੇਜ ਪੰਨੂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਉਪਰ ਪ੍ਰਗਟਾਏ ਭਰੋਸੇ 'ਤੇ ਉਹ ਹਰ ਹਾਲ ਖਰ੍ਹਾ ਉਤਰਨਗੇ।

ਪਾਰਟੀ ਵੱਲੋਂ ਦਿੱਤੀ ਵੱਡੀ ਜਿੰਮੇਵਾਰੀ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਉਣ ਦਾ ਵਾਅਦਾ ਕਰਦਿਆਂ ਚੇਅਰਮੈਨ ਹਰਪਾਲ ਜੁਨੇਜਾ ਨੇ ਕਿਹਾ ਕਿ ਉਹ ਪੀ.ਆਰ.ਟੀ.ਸੀ. ਨੂੰ ਤਰੱਕੀ ਦੀਆਂ ਲੀਹਾਂ 'ਤੇ ਲਿਜਾਣ ਤੇ ਪੰਜਾਬ ਨੂੰ ਰੰਗਲਾ ਪੰਜਾਬ ਬਣਾਉਣ ਦੀ ਕੋਈ ਕਸਰ ਬਾਕੀ ਨਹੀਂ ਛੱਡਣਗੇ। ਉਨ੍ਹਾਂ ਕਿਹਾ ਕਿ ਪੀ.ਆਰ.ਟੀ.ਸੀ. ਵੱਲੋਂ ਵੀ ਜਲਦੀ ਹੀ 254 ਕਿਲੋਮੀਟਰ ਸਕੀਮ, 100 ਮਿੰਡੀ ਬੱਸਾਂ ਅਤੇ 309 ਵੱਡੀਆਂ ਨਵੀਂਆਂ ਬੱਸਾਂ ਪਾਈਆਂ ਜਾਣਗੀਆਂ। ਪੀ.ਆਰ.ਟੀ.ਸੀ. ਦੇ ਐਮ.ਡੀ. ਬਿਕਰਮਜੀਤ ਸਿੰਘ ਸ਼ੇਰਗਿੱਲ ਨੇ ਨਵੇਂ ਚੇਅਰਮੈਨ ਦਾ ਸਵਾਗਤ ਕਰਦਿਆਂ ਭਰੋਸਾ ਦਿੱਤਾ ਕਿ ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਮੁਤਾਬਕ ਅਦਾਰੇ ਨੂੰ ਤਰੱਕੀ ਦੀਆਂ ਲੀਹਾਂ 'ਤੇ ਲਿਜਾਣ ਲਈ ਅਦਾਰੇ ਵੱਲੋਂ ਪੂਰੀ ਮਿਹਨਤ ਕੀਤੀ ਜਾਵੇਗੀ। ਉਨ੍ਹਾਂ ਦੇ ਨਾਲ ਪੀ.ਆਰ.ਟੀ.ਸੀ. ਦੇ ਸਾਰੇ ਜਨਰਲ ਮੈਨੇਜਰ ਵੀ ਮੌਜੂਦ ਸਨ।

ਸਮਾਰੋਹ ਮੌਕੇ ਨਗਰ ਨਿਗਮ ਦੇ ਮੇਅਰ ਕੁੰਦਨ ਗੋਗੀਆ, ਸੀਨੀਅਰ ਡਿਪਟੀ ਮੇਅਰ ਹਰਿੰਦਰ ਕੋਹਲੀ, ਡਿਪਟੀ ਮੇਅਰ ਜਗਦੀਪ ਸਿੰਘ ਜੱਗਾ, ਆਪ ਦੇ ਦਿਹਾਤੀ ਪ੍ਰਧਾਨ ਤੇ ਚੇਅਰਮੈਨ ਇੰਪਰੂਵਮੈਂਟ ਟਰਸਟ ਹਰਪਾਲ ਸਿੰਘ ਵਿਰਕ, ਮੇਘ ਚੰਦ ਸ਼ੇਰਮਾਜਰਾ, ਜ਼ਿਲ੍ਹਾ ਯੋਜਨਾ ਕਮੇਟੀ ਚੇਅਰਮੈਨ ਤੇਜਿੰਦਰ ਮਹਿਤਾ, ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ, ਚੇਅਰਮੈਨ ਜੱਸੀ ਸੋਹੀਆਂ ਵਾਲਾ, ਵੀਰਪਾਲ ਕੌਰ ਚਹਿਲ, ਵਾਈਸ ਚੇਅਰਮੈਨ ਬਲਵਿੰਦਰ ਸਿੰਘ ਝਾੜਵਾਂ, ਡਾਇਰੈਕਟਰ ਚਰਨਜੀਤ ਸਿੰਘ ਧਾਲੀਵਾਲ ਤੇ ਗੁਰਪ੍ਰੀਤ ਸਿੰਘ ਵਿਰਕ, ਇੰਦਰਜੀਤ ਸਿੰਘ ਸੰਧੂ, ਗੁਰਵਿੰਦਰ ਸਿੰਘ, ਸਿਮਰਨ ਗਰੇਵਾਲ, ਅਮਰੀਕ ਸਿੰਘ ਬੰਗੜ, ਹਿੰਦੂ ਤਖ਼ਤ ਤੋਂ ਬ੍ਰਹਮਾਨੰਦ ਗਿਰੀ, ਸ਼ਿਵ ਸੈਨਾ ਹਿੰਦੁਸਤਾਨ ਦੇ ਕੌਮੀ ਪ੍ਰਧਾਨ ਪਵਨ ਗੁਪਤਾ, ਸ਼ਿਵ ਸੈਨਾ ਆਗੂ ਹਰੀਸ਼ ਸਿੰਗਲਾ, ਅੰਗਰੇਜ ਸਿੰਘ, ਵਿਨੋਦ ਸਿੰਗਲਾ, ਗੁਰਪ੍ਰੀਤ ਧਮੋਲੀ, ਭਗਵਾਨ ਦਾਸ ਜੁਨੇਜਾ ਤੇ ਪਰਿਵਾਰਕ ਮੈਂਬਰਾਂ ਸਮੇਤ ਵੱਡੀ ਗਿਣਤੀ 'ਚ ਪੀ.ਆਰ.ਟੀ.ਸੀ. ਦੇ ਮੁਲਾਜਮ, ਆਪ ਪਾਰਟੀ ਆਗੂ, ਵਰਕਰ ਤੇ ਪਟਿਆਲਾ ਸ਼ਹਿਰ ਦੇ ਸਮਾਜਿਕ, ਧਾਰਮਿਕ ਹੋਰ ਵਰਗਾਂ ਦੇ ਪਤਵੰਤੇ ਮੌਜੂਦ ਸਨ।

## ਖੇਤੀਬਾੜੀ ਦੇ ਸਹਾਇਕ ਧੰਦਿਆਂ ਨੂੰ ਪ੍ਰਫੁੱਲਿਤ ਕਰਨਾ ਤੇ ਉਸ ਬਾਰੇ ਵਿਗਿਆਨਕ ਜਾਣਕਾਰੀ ਦੇਣਾ ਸਮੇਂ ਦੀ ਲੋੜ : ਡਾ. ਜਗਦੀਪ ਸਿੰਘ

### ਪੰਜਾਬੀ ਯੂਨੀਵਰਸਿਟੀ ਵਿਖੇ 'ਮੱਛੀ ਪਾਲਣ ਅਤੇ ਉੱਦਮੀ ਵਿਕਾਸ' ਵਿਸ਼ੇ 'ਤੇ ਕਰਵਾਈ ਜਾ ਰਹੀ ਪੰਜ ਰੋਜ਼ਾ ਵਰਕਸ਼ਾਪ ਜਾਰੀ



ਪਟਿਆਲਾ, 31 ਜਨਵਰੀ (ਚ.ਨ.ਸ.): ਪੰਜਾਬੀ ਯੂਨੀਵਰਸਿਟੀ ਦੇ ਜੀਵ ਵਿਗਿਆਨ ਤੇ ਵਾਤਾਵਰਣ ਵਿਗਿਆਨ ਵਿਭਾਗ ਵੱਲੋਂ 'ਐਂਟਰਪ੍ਰੀਨਿਓਰਸ਼ਿਪ, ਇਨੋਵੇਸ਼ਨ ਐਂਡ ਕਰੀਅਰ ਹੱਬ' (ਈ. ਆਈ. ਸੀ.ਐਚ.) ਦੇ ਸਹਿਯੋਗ ਨਾਲ਼ ਮੱਛੀ ਪਾਲਣ ਅਤੇ ਉੱਦਮੀ ਵਿਕਾਸ' ਵਿਸ਼ੇ 'ਤੇ ਪੰਜ ਰੋਜ਼ਾ ਵਰਕਸ਼ਾਪ ਕਰਵਾਈ ਜਾ ਰਹੀ ਹੈ। 29 ਜਨਵਰੀ ਨੂੰ ਸ਼ੁਰੂ ਹੋਈ ਇਹ ਵਰਕਸ਼ਾਪ 2 ਫਰਵਰੀ 2026 ਤੱਕ ਚੱਲੇਗੀ। ਉਪ-ਕੁਲਪਤੀ ਡਾ. ਜਗਦੀਪ ਸਿੰਘ ਨੇ ਵਰਕਸ਼ਾਪ ਦੇ ਉਦਘਾਟਨੀ ਸੈਸ਼ਨ ਦੌਰਾਨ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਕਿਹਾ ਕਿ ਖੇਤੀਬਾੜੀ ਨਾਲ਼ ਜੁੜੇ ਸਹਾਇਕ ਧੰਦਿਆਂ ਨੂੰ ਪ੍ਰਫੁੱਲਿਤ ਕਰਨਾ ਅਤੇ ਉਸ ਬਾਰੇ ਵਿਗਿਆਨਕ ਜਾਣਕਾਰੀ ਦੇਣਾ ਸਮੇਂ ਦੀ ਲੋੜ ਹੈ। ਅਜਿਹਾ ਹੋਣ ਨਾਲ਼ ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਹੁੰਦੇ ਹਨ ਅਤੇ ਖੇਤੀਬਾੜੀ ਅਧਾਰਿਤ ਆਰਥਿਕਤਾ ਵਾਲ਼ੇ ਸਾਡੇ ਸੂਬੇ ਲਈ ਆਮਦਨ ਦੇ ਨਵੇਂ ਵਸੀਲੇ ਵੀ ਪੈਦਾ ਹੁੰਦੇ ਹਨ। ਉਨ੍ਹਾਂ ਕਿਹਾ ਕਿ ਸਾਨੂੰ ਅਜਿਹੀਆਂ ਵਰਕਸ਼ਾਪਾਂ ਜ਼ਰੀਏ ਸਿੱਖਿਆ ਅਤੇ ਉੱਦਮ ਦੇ ਖੇਤਰਾਂ ਦਰਮਿਆਨ ਪਾੜੇ ਨੂੰ ਖ਼ਤਮ ਕਰਕੇ ਰੁਜ਼ਗਾਰ ਦੇ ਨਵੇਂ ਰਾਹ ਖੋਲ੍ਹਣ ਵੱਲ ਤੁਰਨਾ ਚਾਹੀਦਾ ਹੈ।

ਵਰਕਸ਼ਾਪ ਦੇ ਕਨਵੀਨਰ ਅਤੇ ਵਿਭਾਗ ਮੁਖੀ ਡਾ. ਉਂਕਾਰ ਸਿੰਘ ਬੜੈਚ ਨੇ ਦੱਸਿਆ ਕਿ ਇਹ ਪ੍ਰੋਗਰਾਮ ਵਿਦਿਆਰਥੀਆਂ ਨੂੰ ਮੱਛੀ ਪਾਲਣ ਦੇ ਖੇਤਰ ਵਿੱਚ ਵਿਗਿਆਨਕ ਗਿਆਨ ਅਤੇ ਪੇਸ਼ੇਵਰ ਹੁਨਰ ਪ੍ਰਦਾਨ ਕਰੇਗਾ। ਉਨ੍ਹਾਂ ਦੱਸਿਆ ਕਿ ਵਿਦਿਆਰਥੀ ਇਸ ਵਰਕਸ਼ਾਪ ਦੌਰਾਨ ਮੱਛੀ ਪਾਲਣ ਦੇ ਵੱਖ-ਵੱਖ ਪਹਿਲੂਆਂ ਅਤੇ ਪਾਣੀ ਦੀ ਗੁਣਵੱਤਾ ਦੇ ਪ੍ਰਬੰਧਨ ਵਰਗੇ ਅਹਿਮ ਨੁਕਤਿਆਂ ਬਾਰੇ ਸਿੱਖਣਗੇ। ਈ. ਆਈ. ਸੀ.ਐਚ. ਦੇ ਡਾਇਰੈਕਟਰ ਪ੍ਰੋ. ਹਿਮੇਂਦਰ ਭਾਰਤੀ ਨੇ ਆਪਣੇ ਵਿਸ਼ੇਸ਼ ਭਾਸ਼ਣ ਵਿੱਚ ਕਿਹਾ ਕਿ ਮੱਛੀ ਪਾਲਣ ਨਾਲ ਨਾ ਸਿਰਫ਼ ਆਰਥਿਕ ਲਾਭ ਹੁੰਦਾ ਹੈ, ਸਗੋਂ ਇਹ ਪੇਂਡੂ ਭਾਈਚਾਰਿਆਂ, ਔਰਤਾਂ ਅਤੇ ਨੌਜਵਾਨਾਂ ਨੂੰ ਸਮਰੱਥ ਬਣਾ ਕੇ ਪਰਵਾਸ ਨੂੰ ਰੋਕਣ ਵਿੱਚ ਵੀ ਸਹਾਈ ਹੋ ਸਕਦਾ ਹੈ। ਵਿਸ਼ੇਸ਼ ਮਹਿਮਾਨ ਵਜੋਂ ਪੁੱਜੇ ਪੰਜਾਬ ਸਰਕਾਰ ਦੇ ਮੱਛੀ ਪਾਲਣ ਵਿਭਾਗ ਦੇ ਡਾਇਰੈਕਟਰ ਸ. ਕਰਮਜੀਤ ਸਿੰਘ ਨੇ ਮੱਛੀ ਪਾਲਣ ਦਾ ਕਾਰੋਬਾਰ ਸ਼ੁਰੂ ਕਰਨ ਲਈ ਸਰਕਾਰ ਵੱਲੋਂ ਦਿੱਤੀਆਂ ਜਾਂਦੀਆਂ ਸਬਸਿਡੀਆਂ ਅਤੇ ਸਕੀਮਾਂ ਬਾਰੇ ਵਿਸਥਾਰ ਵਿੱਚ ਦੱਸਿਆ।ਗੁਰੂ ਅੰਗਦ ਦੇਵ ਵੈਟਰਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ ਪੁੱਜੇ ਤੋਂ ਮੁੱਖ ਬੁਲਾਰੇ ਡਾ. ਵਿਨੀਤ ਇੰਦਰ ਕੌਰ ਨੇ ਬਾਇਓਫਲੌਕ ਸਿਸਟਮ, ਸਜਾਵਟੀ ਮੱਛੀਆਂ ਦੇ ਪਾਲਣ ਅਤੇ ਡਿਜੀਟਲ ਮਾਰਕੀਟਿੰਗ ਵਰਗੀਆਂ ਨਵੀਆਂ ਤਕਨੀਕਾਂ ਬਾਰੇ ਜਾਣਕਾਰੀ ਸਾਂਝੀ ਕੀਤੀ। ਉਦਘਾਟਨੀ ਸੈਸ਼ਨ ਦੇ ਅੰਤ ਵਿੱਚ ਡਾ. ਮੀਨਾਕਸ਼ੀ ਭਾਰਤੀ ਨੇ ਸਾਰਿਆਂ ਦਾ ਧੰਨਵਾਦ ਕੀਤਾ। ਵਰਕਸ਼ਾਪ ਦੇ ਪਹਿਲੇ ਦਿਨ ਸ਼ਾਮ ਵੇਲੇ ਪ੍ਰਤੀਭਾਗੀਆਂ ਨੂੰ ਸਨੌਰ ਸਥਿਤ ਸ. ਮਨਦੀਪ ਸਿੰਘ ਢੀਂਡਸਾ ਦੇ 'ਫਿਸ਼-ਫਾਰਮ' ਦਾ ਦੌਰਾ ਕਰਵਾਇਆ ਗਿਆ ਤਾਂ ਕਿ ਉਹ ਅਮਲੀ ਰੂਪ ਵਿੱਚ ਜਾਣਕਾਰੀ ਹਾਸਿਲ ਕਰ ਸਕਣ।

## 'ਆਪ' ਦੀ 10 ਲੱਖ ਦੀ ਕੈਸ਼ਲੈਸ ਸਿਹਤ ਬੀਮਾ ਯੋਜਨਾ ਤੋਂ ਪੰਜਾਬ ਦੇ ਲੋਕ ਖੁਸ਼ : ਬਰਸਟ



ਪਟਿਆਲਾ, 31 ਜਨਵਰੀ (ਚ.ਨ.ਸ.): ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਵੱਲੋਂ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਹਰ ਹਫ਼ਤੇ ਦੀ ਤਰ੍ਹਾਂ ਅੱਜ ਵੀ ਪਟਿਆਲਾ ਦਫ਼ਤਰ ਵਿਖੇ ਲੋਕ ਮਿਲਣੀ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਦੌਰਾਨ ਹਲਕਾ ਸਮਾਣਾ ਦੇ ਵੱਖ-ਵੱਖ ਪਿੰਡਾਂ ਦੀਆਂ ਪੰਚਾਇਤਾਂ ਸਮੇਤ ਹੋਰ ਲੋਕ ਵੀ ਪਹੁੰਚੇ, ਜਿਨ੍ਹਾਂ ਵੱਲੋਂ ਬਰਸਟ ਨੂੰ ਆਪਣੀਆਂ ਸਮੱਸਿਆਵਾਂ ਤੋਂ ਜਾਣੂ ਕਰਵਾਇਆ ਗਿਆ। ਹਰਚੰਦ ਸਿੰਘ ਬਰਸਟ ਨੇ ਸਾਰਿਆਂ ਦੀਆਂ ਸਮੱਸਿਆਵਾਂ ਨੂੰ ਬੜੇ ਧਿਆਨ ਨਾਲ ਸੁਣਿਆ ਤੇ ਮੌਕੇ ਤੇ ਹੀ ਸਮੱਸਿਆਵਾਂ ਦਾ ਨਿਪਟਾਰਾ ਕੀਤਾ।ਇਸ ਮੌਕੇ ਪਹੁੰਚਿਆਂ ਕਿਸਾਨ ਯੂਨਿਅਨਾਂ ਅਤੇ ਵੱਖ-ਵੱਖ ਪਿੰਡਾਂ ਦੀਆਂ ਪੰਚਾਇਤਾਂ ਨੇ ਇੱਕਜੁਟ ਹੋ ਕੇ ਮਹਿਮਦਪੁਰ ਅਨਾਜ ਤੇ ਸਬਜੀ ਮੰਡੀ ਬਣਾਉਣ ਲਈ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ ਤੇ ਹਰਚੰਦ ਸਿੰਘ ਬਰਸਟ ਤੋਂ ਮਹਿਮਦਪੁਰ ਮੰਡੀ ਨੂੰ ਜਲਦ ਤੋਂ ਜਲਦ ਸ਼ੁਰੂ ਕਰਵਾਉਣ ਦੀ ਮੰਗ ਕੀਤੀ ਗਈ। ਇਸ ਮੰਡੀ ਦੇ ਸ਼ੁਰੂ ਹੋਣ ਨਾਲ ਜਿੱਥੇ ਇਲਾਕਾ ਨਿਵਾਸੀਆਂ ਨੂੰ ਬਹੁਤ ਸਹੂਲਤ ਹੋਵੇਗੀ, ਉੱਥੇ ਹੀ ਫਸਲਾਂ ਵੇਚਨ ਵਿੱਚ ਵੀ ਆਸਾਨੀ ਹੋਵੇਗੀ ਅਤੇ ਰੋਜ਼ਗਾਰ ਦੇ ਮੌਕੇ ਵਧਣਗੇ।

ਇਸ ਦੌਰਾਨ ਬਰਸਟ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਪੂਰੀ ਇਮਾਨਦਾਰੀ ਅਤੇ ਪਾਰਦਰਸ਼ਿਤਾ ਨਾਲ ਲੋਕਾਂ ਦੀ ਸੇਵਾ ਕਰ ਰਹੀ ਹੈ। ਸਰਕਾਰ ਦਾ ਮੁੱਖ ਉਦੇਸ਼ ਲੋਕਾਂ ਦੀਆਂ ਜ਼ਰੂਰਤਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕਰਨਾ ਅਤੇ ਪੰਜਾਬ ਨੂੰ ਵਿਕਾਸ ਦੀ ਰਾਹ 'ਤੇ ਅੱਗੇ ਵਧਾਉਣਾ ਹੈ। ਆਮ ਆਦਮੀ ਪਾਰਟੀ ਦੀ ਸਰਕਾਰ ਸੂਬੇ ਦੇ ਚਹੁੰਪੱਖੀ ਵਿਕਾਸ ਤੇ ਤਰੱਕੀ ਲਈ ਵਚਨਬੱਧ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਸਿਹਤ ਯੋਜਨਾ ਸ਼ੁਰੂ ਕਰ ਦਿੱਤੀ ਗਈ ਹੈ, ਜਿਸਦੇ ਤਹਿਤ ਸੂਬੇ ਦੇ 65 ਲੱਖ ਪਰਿਵਾਰਾਂ ਨੂੰ ਸਾਲਾਨਾ 10 ਲੱਖ ਰੁਪਏ ਤੱਕ ਦਾ ਕੈਸ਼ਲੈਸ ਇਲਾਜ ਮਿਲੇਗਾ। ਇਹ ਸਹੂਲਤ ਸਿਰਫ਼ ਸਰਕਾਰੀ ਹਸਪਤਾਲਾਂ ਤੱਕ ਸੀਮਤ ਨਹੀਂ ਹੈ, ਸਗੋਂ ਇਸ ਵਿੱਚ ਨਿੱਜੀ ਹਸਪਤਾਲਾਂ ਨੂੰ ਵੀ ਸੂਚੀਬੱਧ ਕੀਤਾ ਗਿਆ ਹੈ। ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਆਪਣੇ ਵਾਅਦੇ ਪੂਰੇ ਕਰਦਿਆਂ ਹੋਇਆ ਲੋਕਾਂ ਨੂੰ 600 ਯੂਨਿਟ ਮੁਫ਼ਤ ਬਿਜਲੀ ਦਿੱਤੀ ਜਾ ਰਹੀ ਹੈ।

ਇਸ ਮੌਕੇ ਤੇ ਮਨਿੰਦਰ ਸਿੰਘ ਵਿੱਕੀ ਘਨੌਰ ਵਾਇਸ ਚੇਅਰਮੈਨ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ, ਦਰਸ਼ਨ ਸਿੰਘ ਗਿਤੀ ਮਾਨ ਚੇਅਰਮੈਨ ਮਾਰਕਿਟ ਕਮੇਟੀ ਚੀਮਾ, ਸਤਵੰਤ ਸਿੰਘ ਬਲਾਕ ਪ੍ਰਧਾਨ ਡਕੌਂਦਾ ਯੂਨਿਅਨ, ਕ੍ਰਿਸ਼ਨ ਸਿੰਘ ਸਰਪੰਚ ਮਵੀ ਸੱਪਾ, ਸਤਗੁਰ ਸਿੰਘ ਸਰਪੰਚ ਤਰੌੜਾ ਕਲਾਂ, ਸੁਖਚੈਨ ਸਿੰਘ ਸਰਪੰਚ ਨਿਜਾਮਨੀਵਾਲਾ, ਨਿਸ਼ਾਨ ਸਿੰਘ ਸਰਪੰਚ ਲਾਲਗੜ੍ਹ, ਸੁਰਿੰਦਰ ਸਿੰਘ ਸਰਪੰਚ ਆਲਮਪੁਰ, ਜਤਿੰਦਰ ਸਿੰਘ ਸਰਪੰਚ ਗੁਰੂ ਨਾਨਕ ਨਗਰ, ਮਨਪ੍ਰੀਤ ਸਿੰਘ ਸਰਪੰਚ ਵਜੀਦਪੁਰ, ਪਰਗਟ ਸਿੰਘ ਸਰਪੰਚ ਢਕੜੱਬਾ, ਜਗਦੀਪ ਸਿੰਘ ਸਰਪੰਚ ਛੰਨਾ, ਗੁਰਵਿੰਦਰ ਸਿੰਘ ਸਰਪੰਚ ਸੈਣੀਮਾਜਰਾ, ਜਰਨੈਲ ਸਿੰਘ ਸਰਪੰਚ ਰੰਘੜਿਆਲ, ਸ਼ਾਮ ਲਾਲ ਦੱਤ, ਗੁਲਜਾਰ ਸਿੰਘ ਦੁਘਾਟ, ਹਰਪਿੰਦਰ ਸਿੰਘ ਰਾਠੀ, ਜਗਰੂਪ ਸਿੰਘ ਸਾਬਕਾ ਸਰਪੰਚ ਫਤਿਹਪੁਰ, ਰਣਜੀਤ ਸਿੰਘ ਸਾਬਕਾ ਸਰਪੰਚ ਕਰਹਾਲੀ, ਗੁਰਧਿਆਨ ਸਿੰਘ, ਹਰਨੇਕ ਸਿੰਘ ਸੈਣੀਮਾਜਰਾ, ਬਲਵੰਤ ਸਿੰਘ ਚੁਹੜਪੁਰ ਖੁਰਦ, ਪਰਵਿੰਦਰ ਸਿੰਘ ਢਕੜੱਬਾ, ਰਾਏ ਸਿੰਘ, ਲਖਵੀਰ ਸਿੰਘ ਸਰਪੰਚ ਸਰਾਨਾ, ਹਰਪ੍ਰੀਤ ਸਿੰਘ ਚੌਂਠ, ਮਨਜਿੰਦਰ ਸਿੰਘ ਗਾਜੇਵਾਸ, ਗੁਰਜੀਤ ਸਿੰਘ ਗਾਜੇਵਾਸ, ਮਨਿੰਦਰ ਸਿੰਘ ਛੰਨਾ ਸਮੇਤ ਹੋਰ ਲੋਕ ਵੀ ਮੌਜੂਦ ਰਹੇ।

## ਮਿਸ਼ਨ ਸਮਰੱਥ 4.0 ਸਬੰਧੀ ਸੈਮੀਨਾਰ ਕਰਵਾਇਆ



ਪਟਿਆਲਾ, 31 ਜਨਵਰੀ (ਚ.ਨ.ਸ.): ਸਕੂਲੀ ਸਿੱਖਿਆ ਵਿਭਾਗ ਪੰਜਾਬ ਵੱਲੋਂ ਨਵੇਂ ਸੈਸ਼ਨ ਨੂੰ ਮੁੱਖ ਰੱਖਦੇ ਹੋਏ ਮਿਸ਼ਨ ਸਮਰੱਥ 4.0 ਦੇ ਚੱਲਦਿਆਂ ਵੱਖ-ਵੱਖ ਬਲਾਕਾਂ ਵਿੱਚ ਸੈਮੀਨਾਰ ਆਯੋਜਿਤ ਕੀਤੇ ਜਾ ਰਹੇ ਹਨ। ਇਸੇ ਤਹਿਤ ਬਲਾਕ ਪਟਿਆਲਾ-2 ਦੇ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਪ੍ਰਿਥੀ ਸਿੰਘ ਦੀ ਅਗਵਾਈ ਹੇਠ ਸੈਮੀਨਾਰ ਆਯੋਜਿਤ ਕੀਤੇ ਜਾ ਰਹੇ ਹਨ। ਜਿਸ ਵਿੱਚ ਰੋਜ਼ਾਨਾ ਵੱਡੀ ਗਿਣਤੀ ਵਿੱਚ ਅਧਿਆਪਕ ਹਿੱਸਾ ਲੈ ਕੇ ਮਿਸ਼ਨ ਸਮਰੱਥ ਬਾਰੇ ਜਾਣਕਾਰੀ ਹਾਸਿਲ ਕਰ ਰਹੇ ਹਨ। ਸੈਮੀਨਾਰ ਮੌਕੇ ਸੰਬੋਧਨ ਕਰਦੇ ਹੋਏ ਬੀਪੀਈਓ ਪ੍ਰਿਥੀ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਸਕੂਲੀ ਸਿੱਖਿਆ ਦੇ ਢਾਂਚੇ ਨੂੰ ਮਜ਼ਬੂਤ ਕਰਨ ਲਈ ਵੱਖ-ਵੱਖ ਤਰ੍ਹਾਂ ਦੇ ਉਪਰਾਲੇ ਕਰ ਰਹੀ ਹੈ। ਜਿਸ ਦੇ ਤਹਿਤ ਹੀ ਸਕੂਲਾਂ ਵਿੱਚ ਵਿਦਿਆਰਥੀਆਂ ਦੀ ਪੜ੍ਹਾਈ ਨੂੰ ਉੱਤਮ ਬਣਾਉਣ ਲਈ ਮਿਸ਼ਨ ਸਮਰੱਥ ਦੀ ਸ਼ੁਰੂਆਤ ਕੀਤੀ ਗਈ ਹੈ। ਉਹਨਾਂ ਕਿਹਾ ਕਿ ਨਵੇਂ ਸੈਸ਼ਨ ਦੌਰਾਨ ਸਕੂਲਾਂ ਵਿੱਚ ਦਾਖਲ ਹੋਣ ਵਾਲੇ ਨਵੇਂ ਵਿਦਿਆਰਥੀਆਂ ਨੂੰ ਵਧੀਆ ਢੰਗ ਨਾਲ ਵੱਖ-ਵੱਖ ਵਿਸ਼ਿਆਂ ਬਾਰੇ ਡੂੰਘਾਈ ਨਾਲ ਪੜ੍ਹਾਉਣ ਲਈ ਇਹ ਸੈਮੀਨਾਰ ਲਗਾਏ ਜਾ ਰਹੇ ਹਨ। ਉਹਨਾਂ ਕਿਹਾ ਕਿ ਰੋਜ਼ਾਨਾ ਹੀ ਸੈਮੀਨਾਰ ਵਿੱਚ ਭਾਗ ਲੈਣ ਵਾਲੇ ਅਧਿਆਪਕਾਂ ਨੂੰ ਵੱਖ ਵੱਖ ਰਿਸੋਰਸ ਪਰਸਨ ਸਿਖਲਾਈ ਦੇ ਰਹੇ ਹਨ ਜਿਨਾਂ ਵਿੱਚ ਹਰਪ੍ਰੀਤ ਸਿੰਘ, ਭਾਵਨਾ ਸ਼ਰਮਾ, ਅਮਰਿੰਦਰ ਸਿੰਘ ਅਤੇ ਏਮਨਦੀਪ ਕੌਰ ਸ਼ਾਮਲ ਹਨ।

## ਸ੍ਰੀ ਗੁਰੂ ਹਰਿਰਾਏ ਸਾਹਿਬ ਜੀ ਦੇ ਪ੍ਰਕਾਸ਼ ਦਿਹਾੜੇ ਮੌਕੇ ਧਾਰਮਕ ਸਮਾਗਮ



ਪਟਿਆਲਾ 31 ਜਨਵਰੀ (ਚ.ਨ.ਸ.): ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ ਚਰਨਛੋਹ ਅਸਥਾਨ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਸੱਤਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਰਾਇ ਸਾਹਿਬ ਜੀ ਦਾ ਪ੍ਰਕਾਸ਼ ਦਿਹਾੜਾ ਸੰਗਤਾਂ ਵੱਲੋਂ ਗੁਰੂ ਘਰ ਨਤਮਸਤਕ ਹੋ ਕੇ ਸ਼ਰਧਾ ਭਾਵਨਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਦੌਰਾਨ ਉਚੇਚੇ ਤੌਰ 'ਤੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ, ਜਥੇਦਾਰ ਜਸਮੇਰ ਸਿੰਘ ਲਾਛੜੂ ਵੀ ਪੁੱਜੇ ਹੋਏ ਸਨ। ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਸਾਹਿਬ ਵਿਖੇ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਤੇ ਹਜ਼ੂਰੀ ਰਾਗੀ ਕੀਰਤਨੀ ਜੱਥਿਆਂ ਵੱਲੋਂ ਗੁਰਬਾਣੀ ਕੀਰਤਨ ਨਾਲ ਸਾਰਿਆਂ ਨੂੰ ਨਿਹਾਲ ਕੀਤਾ ਗਿਆ। ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਦੇ ਦੀਵਾਨ ਹਾਲ ਵਿਖੇ ਧਾਰਮਕ ਸਮਾਗਮ ਆਯੋਜਤ ਕੀਤਾ ਗਿਆ ਇਸ ਦੌਰਾਨ ਹੈਡ ਗ੍ਰੰਥੀ ਭਾਈ ਪ੍ਰਨਾਮ ਸਿੰਘ ਨੇ ਸਰਬੱਤ ਦੇ ਭਲੇ ਦੀ ਅਰਦਾਸ ਕਰਦਿਆਂ ਸੰਗਤਾਂ ਨੂੰ ਪ੍ਰਕਾਸ਼ ਪੁਰਬ ਦੀ ਵਧਾਈ ਦਿੱਤੀ ਅਤੇ ਕਿਹਾ ਕਿ ਗੁਰੂ ਸਾਹਿਬ ਵਾਤਾਵਰਣ ਪ੍ਰੇਮੀ ਸਨ, ਜਿਨ੍ਹਾਂ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਵੱਲੋਂ ਰਚਿਤ ਬਾਣੀ, ਜਿਨ੍ਹਾਂ ਪਵਨ ਗੁਰੂ, ਪਾਣੀ ਪਿਤਾ ਮਾਤਾ ਧਰਤਿ ਮਹੱਤ ਨੂੰ ਬਚਾਉਣ 'ਤੇ ਹਮੇਸ਼ਾ ਜ਼ੋਰ ਦਿੱਤਾ।

ਹੈਡ ਗ੍ਰੰਥੀ ਭਾਈ ਪ੍ਰਨਾਮ ਸਿੰਘ ਨੇ ਚਿੰਤਾ ਜ਼ਾਹਿਰ ਕਰਦਿਆਂ ਕਿਹਾ ਕਿ ਅੱਜ ਲੋੜ ਹੈ ਕਿ ਗੁਰਬਾਣੀ ਫਲਸਫੇ ਅਨੁਸਾਰ ਹਵਾ, ਪਾਣੀ ਅਤੇ ਉਪਜਾਊ ਧਰਤ ਨੂੰ ਬਚਾਈਏ। ਉਨ੍ਹਾਂ ਕਿਹਾ ਕਿ ਵਾਤਾਵਰਣ ਨੂੰ ਬਚਾਉਣ ਲਈ ਵੱਧ ਤੋਂ ਵੱਧ ਅਜਿਹੇ ਬੂਟੇ, ਦਰਖਤ ਲਗਾਏ ਜਾਣ ਤਾਂ ਜੋ ਗੰਧਲੇ ਹੋ ਰਹੇ ਵਾਤਾਵਰਣ ਨੂੰ ਬਚਾਇਆ ਜਾ ਸਕੇ ਅਤੇ ਦਿਨ ਬ ਦਿਨ ਧਰਤੀ ਹੇਠਲੇ ਪਾਣੀ ਦੇ ਪੱਧਰ ਦਾ ਡਿੱਗਣਾ ਇਸ ਗੱਲ ਵੱਲ ਸੈਕਤ ਦਿੰਦਾ ਹੈ ਕਿ ਪਾਣੀ ਦੀ ਦੁਰਵਰਤੋਂ ਨੂੰ ਰੋਕਿਆ ਜਾਵੇ। ਇਸ ਮੌਕੇ ਮੈਨੇਜਰ ਭਾਗ ਸਿੰਘ ਰਾਜਪੁਰਾ, ਐਡੀਸ਼ਨਲ ਮੈਨੇਜਰ ਮਨਦੀਪ ਸਿੰਘ ਭਲਵਾਨ, ਸੁਪਰਵਾਈਜ਼ਰ ਕਰਨੈਲ ਸਿੰਘ ਵਿਰਕ, ਵਰਿੰਦਰ ਸਿੰਘ ਗੋਲਡੀ, ਅਕਾਊਂਟੈਂਟ ਗੁਰਮੀਤ ਸਿੰਘ, ਸਰਬਜੀਤ ਸਿੰਘ, ਸੁਖਦੇਵ ਸਿੰਘ ਕਾਹਲਵਾਂ, ਰਜਨੀਸ਼ ਸਿੰਘ, ਹਰਵਿੰਦਰ ਸਿੰਘ ਕਾਹਲਵਾਂ, ਭਾਈ ਹਜ਼ੂਰ ਸਿੰਘ ਆਦਿ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਅਧਿਕਾਰੀ ਤੇ ਸਮੂਹ ਸਟਾਫ ਮੈਂਬਰ ਅਤੇ ਸੰਗਤਾਂ ਹਾਜ਼ਰ ਸਨ।

## ਕਰਹਾਲੀ ਸਾਹਿਬ ਕਾਲਜ 'ਚ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ

ਡਕਾਲਾ/ਬਲਬੇੜ੍ਹਾ, 31 ਜਨਵਰੀ (ਗੁਰਸੇਵਕ ਸਿੰਘ ਕਰਹਾਲੀ ਸਾਹਿਬ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਸੁਯੋਗ ਅਗਵਾਈ ਅਧੀਨ ਚੱਲ ਰਹੇ ਗੁਰੂ ਹਰਗੋਬਿੰਦ ਸਾਹਿਬ ਖਾਲਸਾ ਗਰਲਜ ਕਾਲਜ ਕਰਹਾਲੀ ਸਾਹਿਬ ਵਿੱਚ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਦੀ ਯਾਦ ਵਿੱਚ ਸੁੱਖ-ਸ਼ਾਂਤੀ ਤੇ ਸਰਬੱਤ ਦੇ ਭਲੇ ਲਈ ਸ੍ਰੀ ਅਖੰਡ ਪਾਠ ਸਾਹਿਬ ਕਰਵਾਏ ਗਏ। ਭੋਗ ਉਪਰੰਤ ਕਾਲਜ ਦੇ ਮਿਊਜ਼ਕ ਵਿਭਾਗ ਦੇ ਵਿਦਿਆਰਥੀਆਂ ਨੇ ਪ੍ਰੋ. ਰੋਹਿਤ ਸਿੰਘ ਦੀ ਅਗਵਾਈ ਵਿੱਚ ਗੁਰਬਾਣੀ ਦਾ ਰਸਭਿੰਨਾ ਕੀਰਤਨ ਕੀਤਾ।ਜਗਮੀਤ ਸਿੰਘ ਹਰਿਆਊ ਜਿਲ੍ਹਾ ਇੰਚਾਰਜ ਸ਼੍ਰੋਮਣੀ ਅਕਾਲੀ ਨੇ ਇਸ ਮੌਕੇ ਬੋਲਦਿਆਂ ਕਿਹਾ ਕਿ ਵਿੱਦਿਆ ਮਨੁੱਖ ਨੂੰ ਜ਼ਿੰਦਗੀ ਪ੍ਰਤੀ ਨਵਾਂ ਦ੍ਰਿਸ਼ਟੀਕੋਣ ਪ੍ਰਦਾਨ ਕਰਦੀ ਹੈ। ਮਨੁੱਖ ਨੂੰ ਟੀਚਾ ਮਿਥ ਕੇ ਮੰਜ਼ਲ ਵੱਲ ਵਧਦੇ ਰਹਿਣਾ ਚਾਹੀਦਾ ਹੈ ਇੱਕ ਦਿਨ ਮੰਜ਼ਲ ਹਾਸਿਲ ਹੋ ਹੀ ਜਾਂਦੀ ਹੈ।ਇਸ ਸਮਾਗਮ ਵਿੱਚ ਕਰਮਜੀਤ ਸਿੰਘ ਪ੍ਰਧਾਨ ਆੜ੍ਹਤੀ ਐਸੋਸੀਏਸ਼ਨ ਬਲਬੇੜ੍ਹਾ,ਕਰਨੈਲ ਸਿੰਘ ਨੰਨਾਨਸੂ,ਤਜਿੰਦਰ ਸਿੰਘ ਅਰਨੌਲੀ, ਰਮਨਦੀਪ ਸਿੰਘ ਅਰਨੌਲੀ, ਜਗਦੀਪ ਸਿੰਘ ਖੇੜਕੀ, ਸੀਮਾ ਪ੍ਰਿੰਸੀਪਲ, ਮਨਿੰਦਰ ਕੌਰ ਸਰਪੰਚ ਚੂਹੜਪੁਰ, ਗੁਰਦੀਪ ਸਿੰਘ ਦੇਵੀਨਗਰ, ਸੁਖਵੀਰ ਸਿੰਘ ਦੇਵੀਨਗਰ, ਸਰਪੰਚ ਕ੍ਰਿਸ਼ਨ ਸਿੰਘ ਮਵੀ ਸੱਪਾਂ, ਅਮਰਜੀਤ ਸਿੰਘ ਕਰਹਾਲੀ, ਗੁਰਵਿੰਦਰ ਸਿੰਘ ਕਰਹਾਲੀ, ਅਮਰਜੀਤ ਸਿੰਘ ਐਕਸ ਚੇਅਰਮੈਨ, ਗੁਰਮੇਲ ਸਿੰਘ ਘੁੰਮਣ ਆੜ੍ਹਤੀ ਬਲਬੇੜ੍ਹਾ, ਗੁਲਾਬ ਸਿੰਘ ਵਿਰਕ, ਜਥੇ. ਭੁਪਿੰਦਰ ਸਿੰਘ ਘਿਓਰਾ, ਅਮਰਜੀਤ ਸਿੰਘ ਪ੍ਰਿੰਸੀਪਲ, ਰਵਿੰਦਰ ਸਿੰਘ ਕਰਹਾਲੀ, ਚਰਨਜੀਤ ਸਿੰਘ ਕਰਹਾਲੀ, ਹਰਜਿੰਦਰ ਸਿੰਘ ਕਰਹਾਲੀ, ਜਸਬੀਰ ਸਿੰਘ ਪ੍ਰਿੰਸੀਪਲ, ਹਰਸਿਮਰਨ ਸਿੰਘ ਸਰਪੰਚ ਕਮਾਲਪੁਰ, ਅਮਿੱਤ ਕੁਮਾਰ ਹੈੱਡ ਮਾਸਟਰ, ਕਮਲਦੀਪ ਸਿੰਘ ਨੰਬਰਦਾਰ ਨੰਨਾਨਸੂ, ਕਰਮਜੀਤ ਸਿੰਘ ਨੰਨਾਨਸੂ, ਸ਼ੇਰੂ ਰਾਮ ਕਰਹਾਲੀ, ਬਲਜੀਤ ਸਿੰਘ, ਕੁਲਦੀਪ ਸਿੰਘ ਸਰਪੰਚ ਨੌਗਾਵਾਂ, ਸਰਬਜੀਤ ਸਿੰਘ, ਗੁਰਪ੍ਰੀਤ ਸਿੰਘ ਨਿਜ਼ਾਮਨੀਵਾਲਾ, ਗੁਰਮੀਤ ਸਿੰਘ ਵਾਈਸ ਪ੍ਰਧਾਨ ਆੜ੍ਹਤੀ ਐਸੋਸੀਏਸ਼ਨ, ਪੱਤ੍ਰਕਾਰ ਦੇਵ ਮਾਨ, ਇਲਾਕੇ ਦੇ ਪੰਚਾਂ ਸਰਪੰਚਾਂ ਅਤੇ ਮੁਹਤਬਰ ਸੱਜਣਾਂ ਨੇ ਹਾਜ਼ਰੀ ਭਰੀ।

## 480ਵੇਂ ਦਿਨ ਟਾਵਰ ਮੋਰਚੇ ਵੱਲੋਂ ਬੱਸ ਅੱਡਾ ਟੀ-ਪੁਆਇੰਟ 'ਤੇ ਲਗਾਇਆ ਧਰਨਾ

ਸਮਾਣਾ, 31 ਜਨਵਰੀ (ਵਿਜੇ ਕੁਮਾਰ): ਸਰਕਾਰਾਂ ਤੋਂ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਕਰਨ ਵਾਲੇ ਦੋਸ਼ੀਆਂ ਖਿਲਾਫ ਸਖਤ ਕਾਨੂੰਨ ਬਣਾਉਣ ਦੀ ਮੰਗ ਨੂੰ ਲੈ ਕੇ ਸਰਬ ਧਰਮ ਬੇਅਦਬੀ ਰੋਕੂ ਕਾਨੂੰਨ ਮੋਰਚਾ ਦੇ ਆਗੂਆਂ ਦੀ ਅਗਵਾਈ ਹੇਠ ਚੱਲ ਰਹੇ ਟਾਵਰ ਮੋਰਚੇ ਦੇ 480ਵੇਂ ਦਿਨ ਰੱਖੀ ਮਹਾਂਰੈਲੀ 'ਚ ਵੱਖ-ਵੱਖ ਕਿਸਾਨ ਜਥੇਬੰਦੀਆਂ ਦੇ ਸੈਂਕੜੇ ਆਗੂਆਂ ਤੇ ਹੋਰਨਾਂ ਨੇ ਸ਼ਾਮਲ ਹੋ ਕੇ ਬੱਸ ਸਟੈਂਡ ਟੀ-ਪੁਆਇੰਟ ਤੇ ਧਰਨਾ ਲਗਾ ਕੇ ਟ੍ਰੈਫਿਕ ਜਾਮ ਕਰਕੇ ਸਰਕਾਰਾਂ ਤੋਂ ਕਾਨੂੰਨ ਜਲਦੀ ਬਨਾਉਣ ਦੀ ਮੰਗ ਕੀਤੀ।

ਇਸ ਮੌਕੇ ਬੁਲਾਰਿਆਂ ਕਾਕਾ ਸਿੰਘ ਕੌਂਟੜਾ, ਮਨਜੀਤ ਸਿੰਘ ਨਿਆਲ, ਅਮਿਤੋਜ ਸਿੰਘ ਮਾਨ, ਬਲਜਿੰਦਰ ਸਿੰਘ, ਹਰਜੀਤ ਸਿੰਘ ਤੇਈਪੁਰ, ਭਾਈ ਗੁਰਪ੍ਰੀਤ ਸਿੰਘ, ਤਲਵਿੰਦਰ ਸਿੰਘ ਔਲਖ ਆਦਿ ਨੇ ਸਰਕਾਰਾਂ ਵੱਲੋਂ ਬੇਅਦਬੀ ਕਰਨ ਵਾਲਿਆਂ ਖਿਲਾਫ ਸਖਤ ਕਾਨੂੰਨ ਬਨਾਉਣ 'ਚ ਕੀਤੀ ਜਾ ਰਹੀ ਦੇਰੀ ਦੀ ਕਰੜੇ ਸ਼ਬਦਾ 'ਚ ਅਲੋਚਨਾ ਕਰਦਿਆਂ ਕਿਹਾ ਕਿ 480 ਦਿਨਾਂ ਤੋਂ ਟਾਵਰ ਤੇ ਮੋਰਚਾ ਲਗਾਈ ਬੈਠੇ ਭਾਈ ਗੁਰਜੀਤ ਸਿੰਘ ਖੇੜੀ ਨਗਾਈਆ, ਜੋ ਉੱਕਤ ਕਾਨੂੰਨ ਬਨਾਉਣ ਦੀ ਮੰਗ ਨੂੰ ਲੈ ਕੇ ਬਜਿੱਦ ਹਨ। ਤਾਂ ਕਿ ਧਾਰਮਿਕ ਗ੍ਰੰਥਾਂ ਦਾ ਮਾਣ ਸਤਿਕਾਰ ਬਹਾਲ ਰਹਿ ਸਕੇ।

ਇਸ ਮੌਕੇ ਅਮਰਜੀਤ ਸਿੰਘ ਮਰਿਆਦਾ, ਲਖਵੀਰ ਸਿੰਘ ਮਲਕੀਤ ਸਿੰਘ, ਭਾਈ ਜਸਵਿੰਦਰ ਸਿੰਘ, ਮਨਦੀਪ ਸਿੰਘ ਸਿੱਧੂ, ਭਾਨਾ ਸਿੱਧੂ, ਬੀਬੀ ਸਤਵੰਤ ਕੌਰ, ਜੈ ਸਿੰਘ, ਜਗਮੀਤ ਸਿੰਘ ਹਰਿਆਉ, ਰਾਮ ਸਿੰਘ ਰਾਣਾ, ਰਮੀ ਸਹਿਗਲ, ਭਾਈ ਹਰਿੰਦਰ ਸਿੰਘ ਚੇਅਰਮੈਨ, ਭਾਈ ਸੁਖਜਿੰਦਰ ਸਿੰਘ, ਭਾਈ ਬਲਕਾਰ ਸਿੰਘ, ਜਗਦੀਪ ਸਿੰਘ ਥਲੀ ਤੋਂ ਇਲਾਵਾ ਵੱਡੀ ਗਿਣਤੀ ਸੰਗਤਾਂ ਸ਼ਾਮਲ ਸਨ।

## ਬਲਾਕ ਬਾਬਰਪੁਰ ਐਟ ਨਾਭਾ-1 ਵੱਲੋਂ ਦਾਖ਼ਲਾ ਮੁਹਿੰਮ ਦਾ ਆਗਾਜ਼



ਨਾਭਾ, 31 ਜਨਵਰੀ (ਬਲਜਿੰਦਰ ਮਾਨ): ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀ) ਪਟਿਆਲਾ ਸ਼ਾਲੂ ਮਹਿਰਾ ਤੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀ) ਮਨਵਿੰਦਰ ਕੌਰ ਭੁੱਲਰ ਦੀ ਅਗਵਾਈ ਵਿੱਚ ਪਹੁੰਚੀ ਦਾਖਲਾ ਵੈਨ ਦਾ ਸਿੱਖਿਆ ਬਲਾਕ: ਬਾਬਰਪੁਰ ਐਟ ਨਾਭਾ, ਭਾਦਸੋਂ-1 ਦੇ ਪਟਿਆਲਾ ਗੇਟ ਨਾਭਾ ਬਸ ਸਟੈਂਡ ਵਿੱਚ ਨਿੱਘਾ ਸਵਾਗਤ ਕੀਤਾ ਗਿਆ। ਪ੍ਰੋਗਰਾਮ ਸਮੇਂ ਵੱਖੋ ਵੱਖਰੇ ਸਕੂਲਾਂ ਦੇ ਬੱਚਿਆਂ ਦੁਆਰਾ ਬਹੁਤ ਦਿਲ ਖਿਚਵੀਆਂ ਪੇਸ਼ਕਾਰੀਆਂ ਕੀਤੀਆਂ ਗਈਆਂ । ਇਸ ਸਮੇਂ ਲੋਕਾਂ ਨੂੰ ਸੰਬੋਧਨ ਕਰਦਿਆਂ ਹੋਇਆ ਬੀਪੀਈਓ ਭਾਦਸੋਂ-1 ਅਖਤਰ ਸਲੀਮ ਨੇ ਕਿਹਾ ਕਿ ਆਪਣੇ ਬੱਚਿਆਂ ਨੂੰ ਵੱਧ ਤੋਂ ਵੱਧ ਸਰਕਾਰੀ ਸਕੂਲਾਂ 'ਚ ਦਾਖਲ ਕਰਵਾਉਣ ਤੇ ਸਰਕਾਰੀ ਸਕੂਲਾਂ 'ਚ ਬੱਚਿਆਂ ਨੂੰ ਮੁਹੱਈਆ ਕਰਵਾਈਆਂ ਜਾ ਰਹੀਆਂ ਸਹੂਲਤਾਂ ਸਬੰਧੀ ਦੱਸਿਆ ਗਿਆ। ਪ੍ਰੋਗਰਾਮ ਦੌਰਾਨ ਉਪ-ਜਿਲ੍ਹਾ ਸਿੱਖਿਆ ਅਫ਼ਸਰ ਪਟਿਆਲਾ ਮਨਵਿੰਦਰ ਕੌਰ ਭੁੱਲਰ ਨੇ ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ 'ਚ ਦਿੱਤੀਆਂ ਜਾ ਰਹੀਆਂ ਸਹੂਲਤਾਂ ਜਿਵੇਂ ਮੁਫ਼ਤ ਕਿਤਾਬਾਂ, ਮਿੱਡ ਡੇ ਮੀਲ, ਵਰਦੀਆਂ, ਵਜੀਫੇ ਆਦਿ ਇਸ ਤੋਂ ਇਲਾਵਾ ਸਕੂਲਾਂ ਲਈ ਟੱਚ-ਪੈਨਲ, ਪ੍ਰੋਜੈਕਟਰ, ਲਿਸਨਿੰਗ ਲੈਬ, ਸਮਾਰਟ ਰੂਮ ਕਮਰੇ, ਸਕੂਲ ਆਫ ਹੈਪੀਨੈਸ, ਸਕੂਲ ਆਫ਼ ਐਮੀਨੈਂਸ ਸਬੰਧੀ ਲੋਕਾਂ ਨੂੰ ਜਾਣੂੰ ਕਰਵਾਇਆ ਤੇ ਗੁਬਾਰੇ ਛੱਡ ਕੇ ਦਾਖਲਾ ਮੁਹਿੰਮ ਦਾ ਆਗਾਜ਼ ਕੀਤਾ ਗਿਆ। ਇਸ ਸਮੇਂ ਜਗਜੀਤ ਸਿੰਘ ਵਾਲੀਆ, ਲਖਵਿੰਦਰ ਸਿੰਘ ਕੌਲੀ, ਡਾ. ਨਰਿੰਦਰ ਸਿੰਘ, ਕੁਲਦੀਪ ਸਿੰਘ, ਪਰਵਿੰਦਰ ਸਰਾਓ, ਬੀਪੀਈਓ ਜਗਜੀਤ ਸਿੰਘ ਨੌਹਰਾ, ਸੀ.ਐਚ.ਟੀ. ਗੁਰਮੇਲ ਸਿੰਘ, ਗੁਰਪ੍ਰੀਤ ਸਿੰਘ ਬਿਕਰਮਜੀਤ ਸਿੰਘ, ਦਿਲਪ੍ਰੀਤ ਕੌਰ, ਮਨਜੀਤ ਕੌਰ, ਅੰਮ੍ਰਿਤ ਬਾਲਾ, ਗੁਰਮੇਲ ਸਿੰਘ, ਭੁਪਿੰਦਰ ਸਿੰਘ, ਗੁਰਤੇਜ ਸਿੰਘ, ਅਨਿਲ ਕੁਮਾਰ, ਨਰੰਗ ਸਿੰਘ, ਹਰਜਿੰਦਰ ਸਿੰਘ, ਰਾਜਵੰਤ ਕੌਰ, ਰਮਨ ਕੁਮਾਰ, ਆਂਚਲ ਸਿੰਗਲਾ, ਪਰਦੀਪ ਕੁਮਾਰ ਤੇ ਵੱਖ-ਵੱਖ ਸਕੂਲਾਂ ਦੇ ਅਧਿਆਪਕ ਤੇ ਪਤਵੰਤੇ ਸੱਜਣ ਹਾਜ਼ਰ ਸਨ।

## ਭਗਤ ਰਵਿਦਾਸ ਸੇਵਾ ਸੁਸਾਇਟੀ ਨੇ ਲਗਾਇਆ ਖ਼ੂਨਦਾਨ ਕੈਂਪ



ਨਾਭਾ, 31 ਜਨਵਰੀ (ਬਲਜਿੰਦਰ ਮਾਨ): ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 649ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ੍ਰੀ ਗੁਰੂ ਰਵਿਦਾਸ ਸੇਵਾ ਸੁਸਾਇਟੀ (ਰਜਿ.) ਨਾਭਾ ਵੱਲੋਂ ਮਾਨਵ ਸੇਵਾ ਉੱਤਮ ਸੇਵਾ (ਰਜਿ.) ਨਾਭਾ ਦੇ ਸਹਿਯੋਗ ਨਾਲ ਖ਼ੂਨਦਾਨ ਕੈਂਪ ਲਗਾਇਆ ਗਿਆ। ਇਸ ਦੀ ਜਾਣਕਾਰੀ ਦਿੰਦਿਆਂ ਸੰਸਥਾ ਦੇ ਜਨਰਲ ਸਕੱਤਰ ਮਾਸਟਰ ਅਮਰ ਸਿੰਘ ਟੌਡਰਵਾਲ ਅਤੇ ਮੁੱਖ ਸੇਵਾਦਾਰ ਵਿਕਾਸ ਮਿੱਤਲ ਨੇ ਦੱਸਿਆ ਕਿ ਇਸ ਖ਼ੂਨਦਾਨ ਕੈਂਪ ਵਿੱਚ ਸਿਵਲ ਹਸਪਤਾਲ ਨਾਭਾ ਦੇ ਡਾਕਟਰ ਹੀਨਾ ਸਿੰਗਲਾ ਦੀ ਟੀਮ ਵੱਲੋਂ 40 ਖ਼ੂਨਦਾਨੀਆਂ ਤੋਂ ਖ਼ੂਨ ਇਕੱਤਰ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਕੈਂਪ ਗੁਰਦੁਆਰਾ ਡੇਰਾ ਸ੍ਰੀ ਗੁਰੂ ਰਵਿਦਾਸ ਜੀ, ਸਾਹਮਣੇ ਨਵੀਂ ਅਨਾਜ ਮੰਡੀ, ਬੌੜਾ ਗੇਟ, ਵਿਖੇ ਲਗਾਇਆ ਗਿਆ ਹੈ। ਇਸ ਮੌਕੇ ਜਨਰਲ ਸਕੱਤਰ ਅਮਰ ਸਿੰਘ ਟੌਡਰਵਾਲ ਅਤੇ ਮੁੱਖ ਸੇਵਾਦਾਰ ਵਿਕਾਸ ਮਿਤਲ ਅਤੇ ਸਮੂਹ ਮੈਂਬਰਾਂ ਵੱਲੋਂ ਖ਼ੂਨਦਾਨੀਆਂ ਨੂੰ ਸਨਮਾਨ ਚਿੰਨ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਕੈਂਪ ਵਿੱਚ ਐਸ ਐਮ ਓ ਡਾਕਟਰ ਵੀਨੂੰ ਗੋਇਲ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ, ਉਨ੍ਹਾਂ ਨੇ ਕਿਹਾ ਕਿ ਅਜਿਹੇ ਕੈਂਪ ਹਰ ਸੰਸਥਾਵਾਂ ਨੂੰ ਲਗਾਉਣੇ ਚਾਹੀਦੇ ਹਨ ਤਾਂ ਕਿ ਲੋੜਵੰਦ ਦੀ ਮਦਦ ਕੀਤੀ ਜਾ ਸਕੇ ਕਿਉਂਕਿ ਖ਼ੂਨਦਾਨ ਮਹਾ ਦਾਨ ਹੈ।

ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਹਲਕਾ ਇੰਚਾਰਜ ਮੱਖਣ ਸਿੰਘ ਲਾਲਕਾ, ਪ੍ਰਧਾਨ ਰਾਮ ਸਿੰਘ, ਜਨ ਸਕੱਤਰ ਅਮਰ ਸਿੰਘ ਟੌਡਰਵਾਲ, ਕੈਸ਼ੀਅਰ ਰਵਿੰਦਰ ਸਿੰਘ ਅਤੇ ਗੁਰਮੁਖ ਸਿੰਘ, ਸਟੇਜ ਸਕੱਤਰ ਦਲਵੀਰ ਸਿੰਘ, ਮੈਂਬਰ ਹੰਸਰਾਜ ਮਹਿਮੀ, ਰਾਮਧਨ ਸਿੰਘ, ਬਲਵਿੰਦਰ ਸਿੰਘ ਰਵੀ, ਹਰਜਿੰਦਰ ਸਿੰਘ, ਦਰਸ਼ਨ ਸਿੰਘ, ਰਾਜਵਿੰਦਰ ਸਿੰਘ ਰਾਜੂ, ਮਨਮੋਹਨ ਸਿੰਘ, ਗੁਰਜੰਟ ਸਿੰਘ, ਮਨਪ੍ਰੀਤ ਸਿੰਘ, ਵਿਕਾਸ ਮਿੱਤਲ, ਅੰਕੁਰ ਸਿੰਗਲਾ, ਰਵਿੰਦਰ ਸਿੰਘ, ਸੁਨੀਲ ਗੁਪਤਾ, ਨਰਿੰਦਰ ਮੋਹਨ ਸ਼ਰਮਾ, ਦੀਪਕ ਕੁਮਾਰ, ਵਰੁਣ ਸਿੰਗਲਾ, ਬਲਦੇਵ ਕੁਮਾਰ, ਸਹਿਲ ਗੁਪਤਾ, ਕਰਨ ਸਿੰਗਲਾ, ਲਲਿਤ ਸ਼ਰਮਾ, ਨਰਿੰਦਰ ਵਰਮਾ, ਅਸ਼ਵਨੀ ਮਦਾਨ, ਵਿਨੋਦ ਗੁਪਤਾ, ਸੰਜੇ ਢੀਂਗਰਾ, ਵਰਿੰਦਰ ਸਿੰਘ, ਨਵਜੋਤ ਸਿੰਘ, ਗੁਰਮੀਤ ਸਿੰਘ, ਬੀਰਦਵਿੰਦਰ ਸਿੰਘ, ਮਨਪ੍ਰੀਤ ਸਿੰਘ, ਕਰਨ ਸਿੰਘ ਰਾਓ ਆਦਿ ਹਾਜ਼ਰ ਸਨ।

## ਅੰਤਰ-ਰਾਸ਼ਟਰੀ ਪੰਜਾਬੀ ਵਿਕਾਸ ਕਾਨਫ਼ਰੰਸ ਦੀ ਅੰਤਲੀ ਸ਼ਾਮ ਤਿੰਨ ਭਾਸ਼ਾਵਾਂ ਦੇ ਕਵੀਆਂ ਨੇ ਬੰਨ੍ਹਿਆ ਰੰਗ



ਪਟਿਆਲਾ, 31 ਜਨਵਰੀ (ਚ.ਨ.ਸ.): ਪੰਜਾਬੀ ਯੂਨੀਵਰਸਿਟੀ ਵਿਖੇ ਪੰਜਾਬੀ ਭਾਸ਼ਾ ਵਿਕਾਸ ਵਿਭਾਗ ਵੱਲੋਂ ਕਰਵਾਈ ਗਈ ਤਿੰਨ ਰੋਜ਼ਾ 37ਵੀਂ ਅੰਤਰਰਾਸ਼ਟਰੀ ਪੰਜਾਬੀ ਵਿਕਾਸ ਕਾਨਫ਼ਰੰਸ ਦੀ ਅੰਤਲੀ ਸ਼ਾਮ ਨੂੰ ਭਾਸ਼ਾ ਵਿਭਾਗ ਪੰਜਾਬ ਦੇ ਸਹਿਯੋਗ ਨਾਲ ਤ੍ਰੈਭਾਸ਼ੀ ਕਵੀ ਦਰਬਾਰ ਕਰਵਾਇਆ ਗਿਆ। ਕਵੀ ਦਰਬਾਰ ਵਿੱਚ ਗੁਰਤੇਜ ਕੋਹਾਰਵਾਲਾ, ਮੁਸੱਵਰ ਫਿਰੋਜ਼ਪੁਰੀ, ਜਗਜੀਤ ਕਾਫ਼ਰ, ਰੁਬੀਨਾ ਸ਼ਬਨਮ, ਦੀਪ ਇੰਦਰ, ਜਸਪ੍ਰੀਤ ਕੌਰ ਫ਼ਲਕ, ਅਮਰਦੀਪ ਸਿੰਘ, ਅੰਮ੍ਰਿਤ ਪਾਲ ਸਿੰਘ ਸ਼ੈਦਾ, ਜਤਿੰਦਰ ਪਰਵਾਜ਼, ਪਰਵਿੰਦਰ ਸ਼ੋਖ਼, ਰਮਨ ਸੰਧੂ, ਜਸਵੰਤ ਜ਼ਫ਼ਰ, ਗੁਰਸੇਵਕ ਲੰਬੀ, ਜੋਗਿੰਦਰ ਨੂਰਮੀਤ, ਹਰਮੀਤ ਵਿਦਿਆਰਥੀ ਨੇ ਆਪਣੀ ਸ਼ਾਇਰੀ ਪੇਸ਼ ਕੀਤੀ।

ਪੰਜਾਬੀ ਭਾਸ਼ਾ ਵਿਕਾਸ ਵਿਭਾਗ ਦੇ ਮੁਖੀ ਡਾ. ਗੁਰਸੇਵਕ ਸਿੰਘ ਲੰਬੀ ਨੇ ਆਰੰਭ ਵਿੱਚ ਆਪਣੇ ਸ਼ਬਦ ਸਾਂਝੇ ਕਰਦਿਆਂ ਕਿਹਾ ਕਿ ਇਸ ਕਾਨਫ਼ਰੰਸ ਦੀ ਵਿਲੱਖਣਤਾ ਰਹੀ ਹੈ ਕਿ ਇਸ ਵਿੱਚ ਤਿੰਨ ਦਿਨ ਅਕਾਦਮਿਕ ਬੈਠਕਾਂ ਤੋਂ ਇਲਾਵਾ ਰੋਜ਼ਾਨਾ ਸੱਭਿਆਚਾਰਕ ਸ਼ਾਮਾਂ ਕਰਵਾਈਆਂ ਗਈਆਂ ਜਿਸ ਵਿੱਚ ਸੰਗੀਤ, ਨਾਟਕ ਅਤੇ ਸ਼ਾਇਰੀ ਨੂੰ ਸ਼ਾਮਿਲ ਕੀਤਾ ਗਿਆ। ਇਸ ਦਾ ਮਕਸਦ ਇਹ ਸੀ ਕਿ ਪੰਜਾਬੀ ਭਾਸ਼ਾ ਦੇ ਸਮੁੱਚੇ ਵਿਕਾਸ ਦੀ ਗੱਲ ਕੀਤੀ ਜਾ ਸਕੇ। ਭਾਸ਼ਾ ਵਿਭਾਗ ਪੰਜਾਬ ਦਾ ਵਿਸ਼ੇਸ਼ ਸਹਿਯੋਗ ਦੇਣ ਲਈ ਡਾ. ਲੰਬੀ ਨੇ ਉਹਨਾਂ ਦਾ ਧੰਨਵਾਦ ਕੀਤਾ।ਭਾਸ਼ਾ ਵਿਭਾਗ ਪੰਜਾਬ ਦੇ ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਨੇ ਧੰਨਵਾਦੀ ਸ਼ਬਦ ਸਾਂਝੇ ਕਰਦਿਆਂ ਕਿਹਾ ਕਿ ਭਾਸ਼ਾ ਵਿਭਾਗ ਦਾ ਮੁੱਖ ਕਾਰਜ ਦਾ ਪੰਜਾਬ ਦੀਆਂ ਸਥਾਨਕ ਭਾਸ਼ਾਵਾਂ ਲਈ ਕੰਮ ਕਰਨਾ ਹੈ। ਇਸੇ ਮਕਸਦ ਨਾਲ ਹੀ ਅੱਜ ਤਾਂ ਇਹ ਤ੍ਰੈਭਾਸ਼ੀ ਕਵੀ ਦਰਬਾਰ ਆਯੋਜਨ ਕੀਤਾ ਗਿਆ ਹੈ। ਵਿਭਾਗ ਪੰਜਾਬੀ ਦੇ ਨਾਲ ਨਾਲ ਹਰ ਭਾਸ਼ਾ ਲਈ ਨਿੱਠ ਕੇ ਕੰਮ ਕਰਦਾ ਹੈ। ਇਸ ਸਮੇਂ ਡਾ. ਸਤੀਸ਼ ਕੁਮਾਰ ਵਰਮਾ, ਡਾ. ਰਵੇਲ ਸਿੰਘ ਦਿੱਲੀ, ਪ੍ਰੋ. ਸੁਰਜੀਤ ਸਿੰਘ. ਡਾ. ਬਲਦੇਵ ਸਿੰਘ ਧਾਲੀਵਾਲ. ਕਿਰਪਾਲ ਕਜ਼ਾਕ, ਅਮਰਿੰਦਰ ਸਿੰਘ, ਸਹਾਇਕ ਡਾਇਰੈਕਟਰ ਭਾਸ਼ਾ ਵਿਭਾਗ ਆਦਿ ਹਾਜ਼ਰ ਸਨ।